add jacket front page.qxd 5/16/2025 8:34 PM Page 1

ਸ਼ਨੀਵਾਰ, 17 ਮਈ, 2025

4 ਜੇਠ { ਨਾਨਕਸ਼ਾਹੀ 557
ਬਿਕਰਮੀ 2082

ਜਿਲਦ/VOL. : 73
ਅੰਕ/NO. : 346

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 17 MAY, 2025

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

ਯੁੱਧ ਨਸ਼ਿਆਂ ਵਿਰੁੱਧ

ਨਸ਼ਾ ਮੁਕਤੀ
— ਯਾਤਰਾ —

ਹੁਣ ਹਰ ਪਿੰਡ, ਹਰ ਸ਼ਹਿਰ ਹੋਵੇਗਾ ਨਸ਼ਾ ਮੁਕਤ

"ਪਿਛਲੀਆਂ ਸਰਕਾਰਾਂ ਨੇ ਨਸ਼ਾ ਤਸਕਰਾਂ ਨਾਲ ਮਿਲ ਕੇ ਪੰਜਾਬ ਨੂੰ ਬਰਬਾਦ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਪਰ ਹੁਣ ਤੁਹਾਡੀ ਆਪਣੀ ਸਰਕਾਰ ਨੇ ਨਸ਼ਿਆਂ ਵਿਰੁੱਧ ਯੁੱਧ ਛੇੜ ਦਿੱਤਾ ਹੈ। ਅਸੀਂ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਕੇ ਹੀ ਦਮ ਲਵਾਂਗੇ। ਤੁਸੀਂ ਵੀ ਆਪਣੇ ਪਿੰਡ ਵਿੱਚ ਨਸ਼ਾ ਮੁਕਤੀ ਯਾਤਰਾ ਵਿੱਚ ਸ਼ਾਮਲ ਹੋ ਕੇ ਆਪਣਾ ਫਰਜ਼ ਜ਼ਰੂਰ ਨਿਭਾਓ ਅਤੇ ਨਸ਼ਾ ਮੁਕਤ ਪੰਜਾਬ ਬਣਾਓ।"

**ਸ. ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ



ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

17-MAY-PAGE-10.qxd 5/16/2025 11:08 PM Page 1



## ਰਜਿੰਦਰ ਸਿੰਘ ਚੋਪੜਾ ਨੇ ਜਨਮ ਦਿਨ ਮੌਕੇ ਕੀਤਾ ਖ਼ੂਨ ਦਾਨ



ਨਾਭਾ (ਵਰਿੰਦਰ ਵਰਮਾ)-ਸਮੇਂ ਸਮੇਂ ਅਨੁਸਾਰ ਹਰ ਇਨਸਾਨ ਨੂੰ ਅਤੇ ਨੌਜਵਾਨ ਪੀੜ੍ਹੀ ਨੂੰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਕਿ ਲੋੜਵੰਦ ਇਨਸਾਨ ਦੀ ਮਦਦ ਕੀਤੀ ਜਾ ਸਕੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬਲੱਡ ਬੈਂਕ ਨਾਭਾ ਦੇ ਮੁਲਾਜ਼ਮ ਰਜਿੰਦਰ ਸਿੰਘ ਚੋਪੜਾ ਨੇ ਆਪਣੇ ਜਨਮ ਦਿਨ ਮੌਕੇ ਖ਼ੂਨਦਾਨ ਕਰਨ ਉਪਰੰਤ ਕੀਤਾ । ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਮ ਲੋਕ ਇਸ ਕਰਕੇ ਖ਼ੂਨਦਾਨ ਨਹੀਂ ਕਰਦੇ ਕਿਉਂਕਿ ਉਨ੍ਹਾਂ ਵਿਚ ਖ਼ੂਨ ਬਾਰੇ ਅਤੇ ਖ਼ੂਨਦਾਨ ਦੀ ਅਹਿਮੀਅਤ ਬਾਰੇ ਜਾਣਕਾਰੀ ਦੀ ਘਾਟ ਹੈ। ਉਨ੍ਹਾਂ ਕਿਹਾ ਕਿ ਸਕੂਲੀ ਸਿੱਖਿਆ ਵਿੱਚ ਖ਼ੂਨਦਾਨ ਦੀ ਅਹਿਮੀਅਤ ਬਾਰੇ ਸਿਲੇਬਸ ਦੀ ਘਾਟ ਹੈ, ਸਰਕਾਰਾਂ ਨੂੰ ਚਾਹੀਦਾ ਹੈ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਵੀ ਬੱਚਿਆਂ ਨੂੰ ਪ੍ਰੇਰਿਤ ਕੀਤਾ ਜਾਵੇ। ਰਜਿੰਦਰ ਸਿੰਘ ਚੋਪੜਾ ਨੇ ਕਿਹਾ ਕਿ ਮਾਂ ਬੋਲੀ ਪੰਜਾਬੀ ਵਿੱਚ ਖ਼ੂਨਦਾਨ, ਨੇਤਰਦਾਨ ਅਤੇ ਅੰਗਦਾਨ ਕਰਨ ਬਾਰੇ ਕਿਤਾਬਾਂ ਨਹੀਂ ਹਨ ਅਤੇ ਸਕੂਲੀ ਸਲੇਬਸ ਵਿੱਚ ਇਨ੍ਹਾਂ ਵਿਸ਼ਿਆਂ ਬਾਰੇ ਕੋਈ ਠੋਸ ਜਾਣਕਾਰੀ ਨਹੀ ਹੈ। ਉਨ੍ਹਾਂ ਕਿਹਾ ਕਿ ਇਕ ਜੀਵਤ ਵਿਅਕਤੀ ਖ਼ੂਨ, ਖ਼ੂਨ ਦੇ ਤੱਤ, ਬੋਨ ਮੈਰੋ, ਗੁਰਦਾ, ਜਿਗਰ, ਪੈਨਕਰੀਆਜ, ਫੇਫੜੇ, ਅੰਤੜੀਆਂ, ਟਿਸ਼ੂ, ਚਮੜੀ, ਸਟੈਮ ਸੈੱਲ ਆਦਿ ਦਾਨ ਕਰ ਸਕਦਾ ਹੈ ਅਤੇ ਲੋੜਵੰਦ ਮਰੀਜ਼ਾਂ ਨੂੰ ਜੀਵਨ ਦਾਨ ਦੇ ਸਕਦਾ ਹੈ। ਇਸ ਮੌਕੇ ਡਾਕਟਰ ਹੀਨਾ ਸਿੰਗਲਾ ਅਤੇ ਮਾਨਵ ਸੇਵਾ ਉਤਮ ਸੇਵਾ ਖ਼ੂਨਦਾਨ ਸਟੇਟ ਅਵਾਰਡੀ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਕਿਹਾ ਕਿ ਹਰੇਕ ਵਿਅਕਤੀ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਜਨਮ ਦਿਨ ਮੌਕੇ ਅਤੇ ਵਿਆਹ ਦੀ ਵਰ੍ਹੇਗੰਢ ਮੌਕੇ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਕਿ ਜ਼ਰੂਰਤਮੰਦ ਵਿਅਕਤੀ ਦੀ ਜ਼ਿੰਦਗੀ ਬਚਾਈ ਜਾ ਸਕੇ। ਇਸ ਮੌਕੇ ਮੇਵਾ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਛੇਵੇ ਤਨਖਾਹ ਕਮਿਸਨ ਨਾਲ ਸੰਬੰਧਤ ਰਹਿੰਦੇ ਮਸਲੇ ਸਰਕਾਰ ਤੁਰੰਤ ਹੱਲ ਕਰੇ : ਮੰਗਵਾਲ, ਢਿੱਲੋਂ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਦੇ ਸਵਾ ਤਿੰਨ ਲੱਖ ਰੈਗੂਲਰ ਮੁਲਾਜ਼ਮ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਕੰਟਰੈਕਟ 'ਤੇ ਕੰਮ ਕਰਦੇ ਮੁਲਾਜ਼ਮਾਂ ਦੇ ਛੇਵੇਂ ਤਨਖ਼ਾਹ ਕਮਿਸ਼ਨ ਨਾਲ ਸਬੰਧਤ ਮਸਲੇ ਫੌਰੀ ਹੱਲ ਕਰੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਸੁਬਾਈ ਸੀਨੀਅਰ ਮੀਤ ਪ੍ਰਧਾਨ ਅਤੇ ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ ਫੀਮੇਲ ਯੂਨੀਅਨ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਕਨਵੀਨਰ ਗੁਰਦੇਵ ਸਿੰਘ ਢਿਲੋਂ, ਮਨਜੀਤ ਕੌਰ ਫਰੀਦਕੋਟ, ਵਿਰਸਾ ਸਿੰਘ ਪੰਨੂੰ, ਰਣਦੀਪ ਸਿੰਘ, ਗੁਰਪ੍ਰੀਤ ਸਿੰਘ ਸੰਧੂ ਬਲਜੀਤ ਸਿੰਘ, ਸੁਖਜਿੰਦਰ ਸਿੰਘ ਫਾਜ਼ਿਲਕਾ ਨਰਿੰਦਰ ਸਰਮਾ, ਸੁਖਜੀਤ ਸਿੰਘ ਸੇਖੋਂ, ਹਰਜੀਤ ਪੋਹਵਿੰਡ, ਮਨਜੀਤ ਕੌਰ ਗੁਰਦਾਸਪੁਰ ਬਲਜਿੰਦਰ ਬਰਨਾਲਾ, ਜਸਵਿੰਦਰ ਪੰਧੇਰ, ਅਵਤਾਰ ਗੰਢੂਆ, ਜਗਤਾਰ ਪਟਿਆਲਾ, ਨਿਗਾਹੀ ਰਾਮ ਮਲੇਰਕੋਟਲਾ, ਦਲਜੀਤ ਢਿਲੋਂ, ਰਾਜਦੀਪ ਸਿੰਘ ਹੁਸ਼ਿਆਰਪੁਰ, ਰਾਵਿੰਦਰ ਸ਼ਰਮਾ ਅਤੇ ਹੋਰ ਆਗੂਆਂ ਨੇ ਕੀਤਾ। ਆਗੂਆਂ ਨੇ ਕਿਹਾ ਕਿ ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ 2016 ਵਾਲੀ ਜੁਲਾਈ 2021 ਤੋਂ ਕਾਂਗਰਸ ਸਰਕਾਰ ਲਾਗੂ ਕਰ ਗਈ ਸੀ, ਉਸ ਰਿਪੋਰਟ ਵਿੱਚ ਏ ਸੀ ਪੀ ਸਕੀਮ, ਇੰਸ਼ੋਰੈਂਸ ਸਕੀਮ ਸਮੇਤ ਵੱਖ ਵੱਖ ਭੱਤਿਆਂ ਦੀ ਰੈਸ਼ਨੇਲਾਈਜੇਸ਼ਨ ਦੀ ਰਿਪੋਰਟ ਰਹਿ ਗਈ ਸੀ, ਉਹ ਰਿਪੋਰਟ ਕੁਝ ਦਿਨ ਪਹਿਲਾ ਸਰਕਾਰ ਕੋਲ ਪਹੁੰਚ ਚੁੱਕੀ ਹੈ। ਉਸ ਰਿਪੋਰਟ ਨੂੰ ਸਰਕਾਰ ਜਲਦੀ ਜਾਰੀ ਕਰਕੇ ਮੁਲਾਜ਼ਮ ਵਰਗ ਨੂੰ ਕੋਈ ਰਾਹਤ ਦੇਵੇ। ਇਸ ਟਾਈਮ ਪੰਜਾਬ ਵਿੱਚ ਸੀਨੀਅਰ, ਜੂਨੀਅਰ ਦੇ ਹਜ਼ਾਰਾਂ ਕੇਸ ਲਟਕੇ ਪਏ ਹਨ। ਇਸੇ ਤਰ੍ਹਾ ਬਾਕੀ ਮੰਗਾਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਕੰਟਰੈਕਟ ਮੁਲਾਜ਼ਮਾਂ ਨੂੰ ਰੈਗੂਲਰ ਕਰਨ, ਕੇਂਦਰੀ ਸਕੇਲ ਵਾਪਸ ਲੈਣ ਸਮੇਤ ਪਰਖ ਅਧੀਨ ਸਮੇ ਪੂਰੀਆਂ ਤਨਖਾਹਾਂ ਦੇਣ ਦੀਆਂ ਮੰਗਾਂ ਦਾ ਹੱਲ ਸਰਕਾਰ ਕਰੇ। ਇਹ ਮੰਗਾਂ ਮਨਵਾਉਣ ਲਈ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਵਲੋਂ 1 ਜੂਨ ਨੂੰ ਮੋਗਾ ਵਿਖੇ ਵਿਸ਼ਾਲ ਕਨਵੈਨਸ਼ਨ ਕਰਕੇ ਸਰਕਾਰ ਨੂੰ ਨੀਂਦੋ ਜਗਾਉਣ ਲਈ ਢੁਕਵੇਂ ਐਕਸ਼ਨ ਦੇ ਐਲਾਨ ਕੀਤੇ ਜਾਣਗੇ। ਉਸ ਕਨਵੈਨਸ਼ਨ ਵਿੱਚ ਸਿਹਤ ਵਿਭਾਗ ਵਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਹੋਰ ਆਗੂ ਵੀ ਹਾਜ਼ਰ ਸਨ।

## 2364 ਤੇ 5994 ਸਿਲੈਕਟ ਕੱਚੇ ਅਧਿਆਪਕਾਂ ਦੀ ਤਨਖਾਹ ਕਟੌਤੀ ਨਿੰਦਣਯੋਗ : ਬਿਲਗਾ/ਅਲੀਸ਼ੇਰ



ਮਾਨਸਾ (ਆਤਮਾ ਸਿੰਘ ਪਮਾਰ)-ਬੀ ਐੱਡ ਅਧਿਆਪਕ ਫਰੰਟ ਪੰਜਾਬ ਨੇ ਕੱਚੇ ਅਧਿਆਪਕਾਂ ਨੂੰ ਵਿਭਾਗ ਦੀਆਂ ਪੋਸਟਾਂ 2364 ਅਤੇ 5994 ਵਿੱਚ ਸਿਲੈਕਟ ਹੋਣ ਤੇ ਆਪਣੀ ਕੱਚੀ ਪੋਸਟ ਤੋਂ ਅਸਤੀਫਾ ਦੇਣ ਉਪਰੰਤ ਤਨਖ਼ਾਹ ਜਮ੍ਹਾਂ ਕਰਵਾਉਣ ਦੇ ਹੁਕਮਾਂ ਦੀ ਕਰੜੇ ਸ਼ਬਦਾਂ ਵਿੱਚ ਨਿੰਦਿਆ ਕੀਤੀ ਹੈ। ਪ੍ਰਧਾਨ ਹਰਵਿੰਦਰ ਸਿੰਘ ਬਿਲਗਾ, ਦਰਸ਼ਨ ਸਿੰਘ ਅਲੀਸ਼ੇਰ, ਸੁਰਜੀਤ ਰਾਜਾ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਲੰਬਾ ਸਮਾਂ ਸ਼ੋਸ਼ਣ ਕਰਨ ਤੋਂ ਬਾਅਦ ਇਹਨਾਂ ਅਧਿਆਪਕਾਂ ਦਾ ਸਰਕਾਰ ਨੇ ਤਨਖ਼ਾਹ ਵਾਧਾ ਕੀਤਾ ਸੀ ਤੇ ਹੁਣ ਜਦੋਂ ਇਹਨਾਂ ਅਧਿਆਪਕਾਂ ਨੇ ਪੂਰੀ ਮਿਹਨਤ ਨਾਲ ਪੱਕੀਆਂ ਪੋਸਟਾਂ ਵਿੱਚ ਜੁਆਇੰਨ ਕਰ ਲਿਆ ਹੈ ਤਾਂ ਇਹਨਾਂ ਨੂੰ ਇੱਕ ਮਹੀਨੇ ਦੀ ਤਨਖ਼ਾਹ ਕਟੌਤੀ ਦੇ ਹੁਕਮ ਕਰਕੇ ਤਨਖ਼ਾਹ ਕੱਟੀ ਜਾ ਰਹੀ ਹੈ ਜੋ ਕਿ ਅਤਿ ਨਿੰਦਣਯੋਗ ਹੈ। ਆਗੂਆਂ ਬਿਕਰਮਜੀਤ ਕੱਦੋਂ, ਸੰਤਸੇਵਕ ਸਿੰਘ ਸਰਕਾਰੀਆ ਅਤੇ ਪਰਮਿੰਦਰ ਬਠਨਾਲਾ ਨੇ ਕਿਹਾ ਕਿ ਇੱਕੋ ਵਿਭਾਗ 'ਚ ਜੁਆਇਨ ਕਰਨ 'ਤੇ ਤਨਖ਼ਾਹ ਕੱਟਣ ਦਾ ਇਹ ਪਹਿਲਾ ਮਾਮਲਾ ਹੈ। ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਤੋਂ ਪਹਿਲਾਂ ਵੀ 2018 ਵਿੱਚ ਐਸ. ਐਸ. ਏ. ਅਧਿਆਪਕਾਂ ਨੂੰ ਉਸੇ ਵਿਭਾਗ ਵਿੱਚ ਜੁਆਇਨ ਕਰਨ 'ਤੇ ਤਨਖ਼ਾਹ ਜਮ੍ਹਾਂ ਕਰਵਾਉਣ ਤੋਂ ਛੋਟ ਮਿਲ ਚੁੱਕੀ ਹੈ। ਇਹਨਾਂ ਅਧਿਆਪਕਾਂ ਨੂੰ ਉਸੇ ਨਿਯਮਾਂ ਤਹਿਤ ਛੋਟ ਦੇ ਕੇ ਇਹਨਾਂ ਦੀ ਤਨਖ਼ਾਹ ਵਾਪਸ ਕੀਤੀ ਜਾਵੇ। ਜੇਕਰ ਅਜਿਹਾ ਨਾ ਹੋਇਆ ਤਾਂ ਅਧਿਆਪਕਾਂ ਨੂੰ ਸੰਘਰਸ਼ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਬਿਕਰਮ ਗੁਰਦੀਪ ਚੀਮਾ, ਨਿਤਿਨ ਸੋਢੀ, ਹਰਪ੍ਰੀਤ ਬਰਾੜ, ਗੁਰਿੰਦਰ ਪਾਲ ਖੇੜੀ, ਜਨਕ ਮਾਨਾਂ, ਜਤਿੰਦਰਪਾਲ ਭੀਖੀ, ਬੇਅੰਤ ਰਣ, ਜਸਵਿੰਦਰ ਜੋਗਾ, ਸ਼ਮਸ਼ੇਰ ਬਰੇਟਾ, ਵਿਨੋਦ ਬਰੇਟਾ, ਸੁਰਜਾਗਮ ਭੀਖੀ, ਹਰਦੀਪ ਮੱਤੀ, ਗੁਰਜੰਟ ਸਿੰਘ, ਵਿਕਾਸ ਹੀਰੋਂ, ਗੁਰਸੇਵਕ ਭੀਖੀ, ਸੁਖਪਾਲ ਬਰਨ, ਰਾਜ ਕੁਮਾਰ, ਭਿੰਦਰ, ਅੰਮ੍ਰਿਤਪਾਲ ਸਿੰਘ, ਗੁਰਚਰਨ ਬੇਦੀ ਆਦਿ ਆਗੂ ਵੀ ਹਾਜ਼ਰ ਸਨ।

## ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



ਪਾਤੜਾਂ (ਨਿਸ਼ਾਨ ਸਿੰਘ ਝਣਵਾਲ)-ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸੀ ਬੀ ਐੱਸ ਈ ਵੱਲੋਂ ਐਲਾਨੇ ਦਸਵੀਂ ਅਤੇ ਬਾਰ੍ਹਵੀਂ ਦੇ ਨਤੀਜੇ ਵਿੱਚ ਵਧੀਆ ਕਾਰਗੁਜ਼ਾਰੀ ਵਿਖਾ ਕੇ ਸਕੂਲ ਦੇ ਨਾਂਅ ਨੂੰ ਚਾਰ ਚੰਨ ਲਾਏ, ਜਿਨ੍ਹਾਂ ਵਿੱਚ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸਹਿਜ ਪ੍ਰੀਤ ਸਿੰਘ ਨੇ 97.2 ਪ੍ਰਤੀਸ਼ਤ, ਜਸਪ੍ਰੀਤ ਕੌਰ ਨੇ 94.2 ਪ੍ਰਤੀਸ਼ਤ, ਸੁਖਮਨ ਸਿੰਘ ਨੇ 93.2 ਫੀਸਦੀ, ਸੀਰਤ ਸ਼ਰਮਾ ਨੇ 93.2 ਪ੍ਰਤੀਸ਼ਤ, ਪਰਨੀਤ ਕੌਰ ਨੇ 91. 4 ਪ੍ਰਤੀਸ਼ਤ, ਕੀਰਤ ਕੌਰ ਨੇ 91.2 ਫੀਸਦੀ, ਗੁਰਲੀਨ ਕੌਰ ਨੇ 91.2 ਫੀਸਦੀ, ਸਿਮਰਨ ਪਾਤੜ, ਹੇਹਨ ਗਰਗ, ਬਲਰਾਮ ਸਿੰਘ ਤੇ ਜਸਕਰਨ ਸਿੰਘ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਦਸਵੀਂ ਜਮਾਤ ਦੇ ਵਿਦਿਆਰਥੀ ਉਜਲ ਗਰਗ ਨੇ 95 ਪ੍ਰਤੀਸ਼ਤ, ਗੁਰਦਿਤ ਸਿੰਘ ਨੇ 94.6 ਪ੍ਰਤੀਸ਼ਤ, ਹਿਮਾਨੀ ਨੇ 93 ਪ੍ਰਤੀਸ਼ਤ, ਗਗਵ ਸਿੰਗਲਾ ਨੇ 92 ਪ੍ਰਤੀਸ਼ਤ, ਰਵਨੀਤ ਕੌਰ, ਸੁਖਜੋਤ ਕੌਰ ਤੇ ਰੀਤੂ ਨੇ 90.2 ਪ੍ਰਤੀਸ਼ਤ, ਗੁਰਨੂਰ ਕੌਰ, ਅਰਸ਼ਪ੍ਰੀਤ ਕੌਰ ਤੇ ਦਿਸ਼ਾ ਰਾਣੀ ਨੇ 90 ਪ੍ਰਤੀਸ਼ਤ ਅੰਕ ਹਾਸਲ ਕੀਤੇ। ਸਕੂਲ ਵਿਦਿਆਰਥੀਆਂ ਦੀਆਂ ਇਨ੍ਹਾਂ ਉਪਲਬਧੀਆਂ ਨੂੰ ਲੈ ਕੇ ਸਕੂਲ ਦੇ ਚੇਅਰਮੈਨ ਸਰਦਾਰ ਸੁਖਜੀਤ ਸਿੰਘ ਕਾਲੇਕਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਤੇ ਇਸ ਤੋਂ ਇਲਾਵਾ ਜਿਨ੍ਹਾਂ ਵਿਦਿਆਰਥੀਆਂ ਨੇ ਅਲੱਗ-ਅਲੱਗ ਵਿਸ਼ਿਆਂ ਵਿੱਚੋਂ ਚੰਗੇ ਅੰਕ ਹਾਸਲ ਕੀਤੇ ਸਨ। ਉਨ੍ਹਾਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਚੰਗੀ ਕਾਰਗੁਜ਼ਾਰੀ ਤੇ ਵਧਾਈ ਦਿੱਤੀ।

## ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਦਾ ਕਾਰਡ ਜਾਰੀ



ਸੰਗਰੂਰ (ਪ੍ਰਵੀਨ ਸਿੰਘ)-ਤਹਿਸੀਲ ਕੰਪਲੈਕਸ ਵਿਖੇ ਸੰਗਰੂਰ ਸੋਸ਼ਲ ਵੈ ਲ ਫ ਅ ਰ ਐਸੋਸੀਏਸ਼ਨ (ਰਜਿ.) ਵੱਲੋਂ ਲਗਾਏ ਜਾਣ ਵਾਲੇ ਨੱਕ, ਕੰਨ, ਗਲੇ ਤੇ ਹੱਡੀਆਂ ਦੇ ਰੋਗਾਂ ਦਾ ਮੁਫ਼ਤ ਮੈਡੀਕਲ ਚੈਕਅੱਪ ਕੈਂਪ, ਜੋ 18 ਮਈ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 02:00 ਵਜੇ ਤੱਕ ਅਗਰਵਾਲ ਭਵਨ ਸੁਨਾਮੀ ਗੇਟ ਵਿਖੇ ਲਾਇਆ ਜਾਵੇਗਾ। ਚਰਨਜੀਤ ਸਿੰਘ ਵਾਲੀਆ. ਪੀ.ਸੀ.ਐਸ. ਐਸ.ਡੀ.ਐਮ. ਸੰਗਰੂਰ ਵੱਲੋਂ ਵਿਸ਼ੇਸ਼ ਤੌਰ 'ਤੇ ਕਾਰਡ ਜਾਰੀ ਕਰਦੇ ਹੋਏ ਐਸੋਸੀਏਸ਼ਨ ਦੀ ਮਨੁੱਖਤਾ ਦੀ ਸੇਵਾ ਲਈ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ, ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਸੇਖੋਂ, ਓ.ਪੀ. ਖਿੱਪਲ, ਮੁੱਖ ਸਲਾਹਕਾਰ ਆਰ.ਐਲ.ਪਾਂਧੀ, ਵਿੱਤ ਸਕੱਤਰ ਗੁਰਦਿਆਲ ਸਿੰਘ ਸੋਢੀ, ਆਰਗੇਨਾਈਜ਼ਰ ਸਕੱਤਰ ਰਾਜ ਕੁਮਾਰ ਬਾਂਸਲ, ਸਕੱਤਰ ਜਨਰਲ ਤਿਲਕ ਰਾਜ ਸਤੀਜਾ, ਮੀਤ ਪ੍ਰਧਾਨ ਰਜਿੰਦਰ ਗੋਇਲ, ਮਹੇਸ਼ ਜੋਹਰ, ਅਸ਼ੋਕ ਡੱਲਾ, ਵੈਦ ਹਾਕਮ ਸਿੰਘ, ਸੁਰਿੰਦਰ ਸ਼ੋਰੀ ਆਦਿ ਮੌਜੂਦ ਸਨ। ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਬਹੁਤ ਹੀ ਯੋਗ ਤੇ ਤਜਰਬੇਕਾਰ ਡਾ. ਐਚ.ਐਸ.ਬਾਲੀ. ਐਨ.ਐਮ.ਡੀ. ਐਸ.ਓ.ਟੀ. ਸੇਵਾਮੁਕਤ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ, ਡਾ. ਕੁਲਦੀਪ ਸਿੰਘ ਰੇਖੀ (ਐਮ.ਐਸ.ਆਰਥੋ), ਚੇਅਰਮੈਨ ਰੇਖੀ ਨਰਸਿੰਗ ਹੋਮ, ਡਾ. ਚਮਨਜੀਤ ਸਿੰਘ ਰੇਖੀ (ਐਮ.ਐਸ ਆਰਥੋ), ਡਾ. ਹਰਸਿਮਰਨ ਕੌਰ(ਬੀ.ਪੀ.ਟੀ. ਐਮ.ਪੀ.ਟੀ.) ਮਰੀਜ਼ਾਂ ਦਾ ਚੈੱਕਅਪ ਕਰਨਗੇ।ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਿੱਤੀਆਂ ਜਾਣਗੀਆਂ। ਕੈਲਸ਼ੀਅਮ ਦੇ ਟੈੱਸਟ ਲਈ ਬੀ.ਐਮ.ਡੀ. ਮਸ਼ੀਨ ਨਾਲ ਹੱਡੀਆਂ ਵਿੱਚ ਕੈਲਸ਼ੀਅਮ ਦੀ ਮਾਤਰਾ ਦੀ ਜਾਂਚ ਵੀ ਮੁਫ਼ਤ ਕੀਤੀ ਜਾਵੇਗੀ।

# ਪਹਿਲਗਾਮ ਦੋਸ਼ੀਆਂ ਦੀ ਸ਼ਨਾਖ਼ਤ ਕਰਕੇ ਦਿੱਤੀਆਂ ਜਾਣ ਸਖ਼ਤ ਸਜ਼ਾਵਾਂ : ਸੰਯੁਕਤ ਕਿਸਾਨ ਮੋਰਚਾ



ਮਾਨਸਾ (ਆਤਮਾ ਸਿੰਘ ਪਮਾਰ)
ਭਾਰਤ ਦੇ ਕੇਂਦਰੀ ਹੁਕਮਰਾਨਾਂ ਵੱਲੋਂ ਅਮਰੀਕਾ ਦੀ ਥਾਣੇਦਾਰੀ ਕਬੂਲ ਕੇ ਜੰਗਬੰਦੀ ਕਰਨਾ ਵਿਕਸਤ ਦੇਸ਼ਾਂ ਨਾਲ ਟੈਕਸ ਮੁਕਤ ਵਪਾਰਕ ਸਮਝੌਤਿਆਂ ਦੀ ਉਪਜ ਮੰਨਿਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅਮਨ ਮਾਰਚ ਲਈ ਇਕੱਤਰ ਹੋਈ ਜਨਤਾ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਮੋਰਚੇ ਦੇ ਆਗੂਆਂ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਰਤ ਵੱਲੋਂ ਆਪਣੇ ਅੰਦਰੂਨੀ ਮਸਲੇ ਹੱਲ ਕਰਕੇ ਭਾਰਤ ਨੂੰ 'ਵਿਸ਼ਵ ਗੁਰੂ' ਬਣਾਉਣ ਦੇ ਟੀਚੇ ਆਮ ਜਨਤਾ ਨਾਲ ਤਾਲਮੇਲ ਕਰਕੇ ਮਿੱਥੇ ਜਾਣੇ ਚਾਹੀਦੇ ਹਨ। ਆਗੂਆਂ ਨੇ ਕਿਹਾ ਕਿ ਦੇਸ਼ ਭਰ ਦੇ ਲੋਕ ਸਰਕਾਰਾਂ ਨੂੰ ਆਪਣੀ ਮਿਹਨਤ ਦੀ ਕਮਾਈ ਵਿੱਚੋਂ ਅਨੇਕਾਂ ਪ੍ਰਕਾਰ ਦੇ ਟੈਕਸ ਅਦਾ ਕਰਦੇ ਹਨ। ਅੱਗੋਂ ਸਰਕਾਰਾਂ ਨੇ ਇਸਦੀ ਸੁਚੱਜੀ ਵਰਤੋਂ ਸਿੱਖਿਆ, ਸੁਰੱਖਿਆ ਤੇ ਸਿਹਤ ਦੀ ਕਾਨੂੰਨੀ ਗਾਰੰਟੀ ਦੇ ਕੇ ਕਰਨੀ ਹੁੰਦੀ ਹੈ। ਅਜਿਹਾ ਕਰਨ ਦੀ ਬਜਾਏ ਦੇਸ਼ ਭਰ ਵਿੱਚ ਕੇਂਦਰ ਸਰਕਾਰ ਦੀ ਨੱਕ ਹੇਠ ਧਰਮ, ਜਾਤ-ਪਾਤ, ਲਿੰਗ, ਨਸਲ ਭੇਦਭਾਵ ਦੇ ਨਾਂਅ 'ਤੇ ਅਰਾਜਕਤਾ ਫੈਲਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਪਾਉ ਮੀਡੀਆ ਦੀ ਲਗਾਮ ਕੱਸ ਕੇ, ਆਮ ਲੋਕਾਂ ਦੇ ਰੁਜ਼ਗਾਰ, ਸਮਾਜਿਕ ਤੇ ਆਰਥਿਕ ਮਸਲਿਆਂ ਤੋਂ ਟਾਲਾ ਵੱਟਣ ਦੀ ਬਜਾਏ ਸਿਆਸੀ ਦੂਰਅੰਦੇਸ਼ੀ ਨਾਲ ਹੱਲ ਕਰਕੇ ਦੁਨੀਆ ਭਰ ਵਿੱਚ 'ਭਾਰਤ ਨੂੰ ਵਿਸ਼ਵ ਗੁਰੂ' ਬਣਾਉਣ ਵਿੱਚ ਸਾਰਥਿਕ ਭੂਮਿਕਾ ਅਦਾ ਕਰੇ। ਉਨ੍ਹਾਂ ਕਿਹਾ ਕਿ ਭਾਰਤੀ ਲੋਕ ਅਮਨ ਚਾਹੁੰਦੇ ਹਨ ਤੇ ਜੰਗਬੰਦੀ ਕਰਾਉਣ ਦੇ ਨਾਂਅ ਉੱਤੇ ਅਮਰੀਕਾ ਆਪਣੇ ਰਾਜਨੀਤਕ, ਰਣਨੀਤਕ ਅਤੇ ਆਰਥਿਕ ਹਿੱਤਾਂ ਨੂੰ ਪੱਠੇ ਪਾ ਰਿਹਾ ਹੈ। ਸੰਯੁਕਤ ਕਿਸਾਨ ਮੋਰਚੇ ਵੱਲੋਂ ਪਹਿਲਗਾਮ ਘਟਨਾ ਦੀ ਨਿਰਪੱਖ ਜਾਂਚ ਰਾਹੀਂ ਅਸਲੀ ਦੋਸ਼ੀਆਂ ਦੀ ਬਰੀਕੀ ਨਾਲ ਛਾਣਬੀਣ ਕਰਕੇ ਸਖ਼ਤ ਸਜਾਵਾਂ ਦੇਣ, ਲੋਕਾਂ ਨੂੰ ਭੜਕਾਉਣ ਤੇ ਗ਼ਲਤ ਅਤੇ ਭੜਕਾਊ ਖ਼ਬਰਾਂ ਦੇਣ ਵਾਲੇ ਚੈਨਲਾਂ ਤੇ ਪਾਬੰਦੀ ਮੰਗੀ ਹੈ।

## ਸੱਟਾਂ ਮਾਰਨ ਦੇ ਦੋਸ਼ 'ਚ ਇੱਕ ਵਿਰੁੱਧ ਪਰਚਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਪੰਚਾਇਤ ਬਸਤੀ ਮੋਹਕਮ ਅਰਾਈਆਂ ਵਿਖੇ ਕੁੱਟਮਾਰ ਕਰਕੇ ਸੱਟਾਂ ਮਾਰਨ ਦੇ ਦੋਸ਼ ਵਿੱਚ ਇਕ ਵਿਅਕਤੀ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਜਲ ਕੁਮਾਰ ਪੁੱਤਰ ਸੁਰਜੀਤ ਸਿੰਘ ਵਾਸੀ ਪੰਚਾਇਤ ਬਸਤੀ ਦਾਖਲੀ ਮੋਹਕਮ ਅਰਾਈਆਂ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਮਿਤੀ 14-03-2025 ਨੂੰ ਦੇਰ ਸ਼ਾਮ ਕਰੀਬ 7 ਵਜੇ ਉਹ ਜੰਡੀ ਤੋਂ ਮੱਥਾ ਟੇਕ ਕੇ ਘਰ ਨੂੰ ਆ ਰਿਹਾ ਸੀ ਤਾਂ ਵੀਰੂ ਸਿੰਘ ਨੇ ਉਸਦੇ ਕੁੱਟਮਾਰ ਕਰਕੇ ਸੱਟਾਂ ਮਾਰੀਆਂ, ਜਿਸ 'ਤੇ ਉਹ ਇਲਾਜ ਲਈ ਦਾਖਲ ਹੋਇਆ ਸੀ। ਐਕਸਰੇ ਰਿਪੋਰਟ ਨੰਬਰ ਐ.ਐਲ.ਐਕਸ ਏ ਮਿਤੀ 17-03-2025 ਦੀ ਰਿਪੋਰਟ ਹੁਣ ਥਾਣੇ ਵਿੱਚ ਆਉਣ ਉਪਰੰਤ ਪੁਲਿਸ ਵੱਲੋਂ ਮੁਦੱਈ ਸੁਜਲ ਕੁਮਾਰ ਦੇ ਬਿਆਨਾਂ ਦੇ ਅਧਾਰ ਤੇ ਵੀਰੂ ਸਿੰਘ ਪੁੱਤਰ ਨਾਜਰ ਸਿੰਘ ਵਾਸੀ ਪੰਚਾਇਤ ਬਸਤੀ ਦਾਖਲੀ ਮੋਹਕਮ ਅਰਾਈਆਂ ਦੇ ਵਿਰੁੱਧ ਮੁਕੱਦਮਾ ਨੰਬਰ 51 ਮਿਤੀ 14-05-2025 ਨੂੰ ਧਾਰਾ 117(2), 115(2) ਬੀ.ਐਨ.ਐਸ. ਤਹਿਤ ਥਾਣਾ ਸਦਰ ਜਲਾਲਾਬਾਦ ਵਿਖੇ ਦਾਖਲ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਨਜਾਇਜ਼ ਅਸਲੇ ਸਮੇਤ 2 ਕਾਬੂ



ਸ੍ਰੀ ਮੁਕਤਸਰ ਸਾਹਿਬ (ਕੁਲ ਭੂਸ਼ਨ ਚਾਵਲਾ)-ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਪੁਲਸ ਨੇ ਡਾ. ਅਖਿਲ ਚੌਧਰੀ ਦੀ ਅਗਵਾਈ ਹੇਠ ਗੁਪਤ ਸੂਚਨਾ ਦੇ ਅਧਾਰ 'ਤੇ ਚਲਾਈ ਗਈ ਕਾਰਵਾਈ ਦੌਰਾਨ ਪਿੰਡ ਆਧਣੀਆਂ (ਥਾਣਾ ਲੰਬੀ) ਨੇੜੇ ਨਜਾਇਜ਼ ਹਥਿਆਰਾਂ ਸਮੇਤ 2 ਸ਼ੱਕੀ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ। ਇਹ ਗ੍ਰਿਫਤਾਰੀ ਇੱਕ ਛੋਟੀ ਕਾਰ ਚੇਜ ਤੋਂ ਬਾਅਦ ਕੀਤੀ ਗਈ। ਸ਼ੁਰੂਆਤੀ ਜਾਂਚ ਦੌਰਾਨ ਇਹ ਪਤਾ ਲੱਗਾ ਹੈ ਕਿ ਦੋਸ਼ੀ 13 ਮਈ ਨੂੰ ਥਾਣਾ ਸਿਟੀ ਮਲੋਟ ਦੀ ਹੱਦ ਵਿੱਚ ਹੋਈ ਦੋ ਪਾਰਟੀਆਂ ਵਿਚਾਲੇ ਲੜਾਈ ਵਿੱਚ ਸ਼ਾਮਲ ਸਨ, ਜਿਸ ਦੌਰਾਨ ਇਨ੍ਹਾਂ ਵਲੋਂ ਗੋਲੀਬਾਰੀ ਵੀ ਕੀਤੀ ਗਈ ਸੀ। ਉਕਤ ਹਥਿਆਰ ਵੀ ਇਸੇ ਘਟਨਾ ਵਿੱਚ ਵਰਤੇ ਜਾਣ ਦੀ ਸੰਭਾਵਨਾ ਹੈ। ਦੋਸ਼ੀਆਂ ਦੀ ਗ੍ਰਿਫਤਾਰੀ ਨਾਲ ਸੰਭਾਵਿਤ ਤੌਰ 'ਤੇ ਇੱਕ ਯੋਜਨਾਬੱਧ ਕਤਲ ਨੂੰ ਰੋਕ ਲਿਆ ਗਿਆ ਹੈ ਜੋ ਕਿ ਥਾਣਾ ਮਲੋਟ ਖੇਤਰ ਵਿੱਚ ਕੀਤਾ ਜਾਣਾ ਸੀ। ਮਾਮਲੇ 'ਚ ਰਾਜਨਬੀਰ ਸਿੰਘ ਪੁੱਤਰ ਗੁਰਮੀਤ ਸਿੰਘ, ਨਿਵਾਸੀ ਫਤਿਹਪੁਰ ਮਣੀਆਵਾਲਾ, ਥਾਣਾ ਲੰਬੀ, ਸੁਖਬੀਰ ਸਿੰਘ ਉਰਫ ਸੁੱਖਾ ਪੁੱਤਰ ਦਲਬੀਰ ਸਿੰਘ, ਨਿਵਾਸੀ ਕੱਖਾਂਵਾਲੀ, ਥਾਣਾ ਕਿਲਿਆਂਵਾਲੀ ਦੇ ਨਾਂਅ ਸ਼ਾਮਲ ਹਨ, ਜਿਨ੍ਹਾਂ ਤੋਂ 1 ਦੇਸੀ ਪਿਸਤੌਲ (.32 ਬੋਰ) ਸਮੇਤ 4 ਜ਼ਿੰਦਾ ਰੌਂਦ, 1 ਦੇਸੀ ਕੱਟਾ (.315 ਬੋਰ), 1 ਵ੍ਹਾਈਟ ਹੌਂਡਾ ਸਿਟੀ ਕਾਰ, ਨੰਬਰ 107999 ਦੀ ਬਰਾਮਦੀ ਹੋਈ। ਅੱਗੇ ਜਾਂਚ ਜਾਰੀ ਹੈ।

## ਬਾਬਾ ਹਰਦੇਵ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸੰਤ ਨਿਰੰਕਾਰੀ ਮਿਸ਼ਨ ਪਟਿਆਲਾ ਜ਼ੋਨ ਦੇ ਜ਼ੋਨਲ ਇੰਚਾਰਜ ਸ੍ਰੀ ਰਾਧੇ ਸ਼ਾਮ ਨੇ ਦੱਸਿਆ ਕਿ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਦੀ ਪਾਵਨ ਯਾਦ ਵਿੱਚ ਇੱਕ ਵਰਚੁਅਲ ਸੰਤ ਸਮਾਗਮ ਦਾ ਆਯੋਜਨ ਕੀਤਾ ਗਿਆ।ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਜੀ ਦੀ ਪਾਵਨ ਰਹਿਨੁਮਾਈ ਵਿੱਚ ਆਯੋਜਤ ਇਸ ਸਮਾਗਮ ਵਿੱਚ ਦੇਸ਼-ਵਿਦੇਸ਼ ਤੋਂ ਲੱਖਾਂ ਸ਼ਰਧਾਲੂਆਂ ਨੇ ਆਨਲਾਈਨ ਹਿੱਸਾ ਲਿਆ।ਸਮਰਪਣ ਦਿਵਸ ਦੇ ਮੌਕੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਵਰਚੂਅਲ ਸਤਿਸੰਗ ਵਿੱਚ ਸ਼ਰਧਾਲੂਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਤਿਗੁਰੂ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਦਾ ਜੀਵਨ ਹਰ ਪਲ ਪਿਆਰ, ਤਿਆਗ, ਸੇਵਾ ਅਤੇ ਸਿੱਖਿਆਵਾਂ ਨਾਲ ਭਰਪੂਰ ਸੀ।ਅਜਿਹਾ ਹੀ ਭਗਤੀ ਸਮਰਪਣ ਵਾਲਾ ਜੀਵਨ ਸਾਡੇ ਸਭ ਦਾ ਹੋਵੇ।ਇਹ ਸਮਰਪਣ ਸਿਰਫ਼ ਸ਼ਬਦਾਂ ਤੱਕ ਸੀਮਿਤ ਨਾ ਰਹੇ, ਸਗੋਂ ਜੀਵਨ ਦੇ ਵਿਵਹਾਰ ਵਿੱਚ ਉਤਰੇ। ਸਤਿਗੁਰੂ ਮਾਤਾ ਜੀ ਨੇ ਸਪੱਸ਼ਟ ਕੀਤਾ ਕਿ ਸੱਚਾ ਸਤਿਕਾਰ ਤੇ ਪਿਆਰ ਸਿਰਫ਼ ਬੋਲਾਂ ਨਾਲ ਨਹੀਂ, ਸਗੋਂ ਕਰਮਾਂ ਨਾਲ ਪ੍ਰਗਟ ਹੁੰਦਾ ਹੈ।ਜੇ ਅਸੀਂ ਬਾਬਾ ਜੀ ਦੀਆਂ ਸਿੱਖਿਆਵਾਂ ਨੂੰ ਸਿਰਫ਼ ਸੋਸ਼ਲ ਮੀਡੀਆ ਤੱਕ ਸੀਮਿਤ ਰੱਖਦੇ ਹਾਂ, ਤਾਂ ਇਹ ਸੱਚਾ ਸਮਰਪਣ ਨਹੀਂ।ਸਮਰਪਣ ਦਾ ਅਸਲ ਰੂਪ ਉਦੋਂ ਪ੍ਰਗਟ ਹੁੰਦਾ ਹੈ, ਜਦੋਂ ਅਸੀਂ ਅੰਦਰ ਝਾਤ ਮਾਰੀਏ ਤੇ ਆਤਮ ਮੰਥਣ ਕਰੀਏ ਕਿ ਕੀ ਅਸੀਂ ਸੱਚਮੁੱਚ ਨਿਮਰਤਾ, ਮੁਆਫੀ ਅਤੇ ਪਿਆਰ ਵਰਗੇ ਗੁਣਾਂ ਨੂੰ ਜੀ ਰਹੇ ਹਾਂ ? ਉਨ੍ਹਾਂ ਨੇ ਸਾਧ ਸੰਗਤ ਨੂੰ ਜੀਵਨ ਦੇ ਹਰ ਪਹਿਲੂ 'ਤੇ ਮਹੱਤਤਾ ਦਿੱਤੀ।

## ਚੰਗਾ ਗਾਉਣਾ ਮੇਰਾ ਮਕਸਦ : ਕੈਰੀ ਗਿੱਲ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)
ਗਾਇਕ ਕਰਨਦੀਪ ਗਿੱਲ ਉਰਫ਼ ਕੈਰੀ ਗਿੱਲ, ਜੋ ਆਪਣੀ ਸੁਰੀਲੀ ਅਵਾਜ਼ ਨਾਲ ਆਪਣੀ ਮਸਤ ਚਾਲ ਦੇ ਨਾਲ ਚੱਲਦਾ-ਚੱਲਦਾ ਗਾਇਕੀ ਖੇਤਰ ਵਿਚ ਮੱਲਾਂ ਮਾਰ ਰਿਹਾ ਹੈ।ਗਾਇਕ ਕੈਰੀ ਗਿੱਲ ਦਾ ਜਨਮ ਪਿਤਾ ਲੋਕ ਗਾਇਕ ਚਰਨਜੀਤ ਚੰਨੀ ਦੇ ਘਰੇ ਪਿੰਡ ਈਦਾ ਤਹਿ ਨਕੋਦਰ ਜ਼ਿਲ੍ਹਾ ਜਲੰਧਰ ਵਿਖੇ ਹੋਇਆ।ਗਾਇਕ ਕੈਰੀ ਗਿੱਲ ਨੂੰ ਗਾਉਣ ਦੀ ਚੇਟਕ ਬਚਪਨ ਤੋਂ ਹੀ ਸੀ, ਕਿਉਂਕਿ ਕੈਰੀ ਗਿੱਲ ਦੇ ਪਿਤਾ ਚਰਨਜੀਤ ਚੰਨੀ ਨੇ ਵੀ ਗਾਇਕੀ ਖੇਤਰ ਵਿਚ ਬਹੁਤ ਮੱਲਾਂ ਮਾਰੀਆਂ ਅਨੇਕਾਂ ਸੁਪਰਹਿੱਟ ਗੀਤ ਸਰੋਤਿਆਂ ਦੀ ਝੋਲੀ ਪਾਏ, ਇਸ ਕਰਕੇ ਘਰ ਵਿਚ ਸੰਗੀਤਕ ਮਹੌਲ ਬਣਿਆ ਰਹਿੰਦਾ ਸੀ।ਪਿਤਾ ਵੱਲ ਦੇਖ-ਦੇਖ ਕੇ ਕੈਰੀ ਗਿੱਲ ਨੇ ਵੀ ਗਾਉਣਾ ਸ਼ੁਰੂ ਕਰ ਦਿੱਤਾ ਤੇ ਸੰਗੀਤ ਸਿੱਖਣਾ ਸੁਰੂ ਕੀਤਾ।ਕੈਰੀ ਗਿੱਲ ਗਾਇਕੀ ਦੇ ਨਾਲ ਨਾਲ ਬਹੁਤ ਵਧੀਆ ਗੀਤਕਾਰ ਵੀ ਹੈ, ਉਸ ਦੇ ਲਿਖੇ ਅਨੇਕਾਂ ਗੀਤ ਵੱਖ-ਵੱਖ ਕਲਾਕਾਰਾਂ ਵੱਲੋਂ ਰਿਕਾਰਡ ਕਰਾਏ ਗਏ ਹਨ।



# ਉਤਸ਼ਾਹ ਨਾਲ ਮਨਾਇਆ ਅਮਰ ਸ਼ਹੀਦ ਸੁਖਦੇਵ ਥਾਪਰ ਦਾ 118ਵਾਂ ਜਨਮ ਦਿਹਾੜਾ




ਮੋਗਾ (ਇਕਬਾਲ ਸਿੰਘ ਖਹਿਰਾ)-ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਦੇ ਮਹਾਨਾਇਕ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਦੇ ਤੀਸਰੇ ਸਾਥੀ ਅਮਰ ਸ਼ਹੀਦ ਸੁਖਦੇਵ ਥਾਪਰ ਦਾ 118ਵਾਂ ਜਨਮ ਦਿਹਾੜਾ ਖੱਤਰੀ ਸਭਾ ਨੇ ਅੱਜ ਇੱਥੇ ਖੱਤਰੀ ਭਵਨ ਵਿੱਚ ਖੱਤਰੀ ਸਭਾ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਦੀ ਅਗਵਾਈ ਵਿੱਚ ਬੜੇ ਜੋਸ਼ੋ ਖਰੋਸ਼ ਨਾਲ ਮਨਾਇਆ। ਇਸ ਮੌਕੇ ਭਾਰੀ ਗਿਣਤੀ ਵਿੱਚ ਹਾਜ਼ਰ ਮੈਂਬਰਾਂ ਨੇ ਅਮਰ ਸ਼ਹੀਦ ਸੁਖਦੇਵ ਥਾਪਰ ਦੇ ਚਿੱਤਰ 'ਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ। ਮੈਂਬਰਾਂ ਨੇ ਅਮਰ ਸਹੀਦ ਸੁਖਦੇਵ ਥਾਪਰ ਦੀ ਸ਼ਹਾਦਤ ਨੂੰ ਸਲਾਮੀ ਦਿੱਤੀ ਅਤੇ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਸਲਾਮਤੀ ਲਈ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਜਨਰਲ ਸਕੱਤਰ ਬਲਜਿੰਦਰ ਸਿੰਘ ਸਹਿਗਲ ਨੇ ਅਮਰ ਸਹੀਦ ਸੁਖਦੇਵ ਥਾਪਰ ਦੀ ਜੀਵਨੀ 'ਤੇ ਵਿਸਤਾਰ ਵਿੱਚ ਚਾਨਣਾ ਪਾਇਆ। ਇਸ ਮੌਕੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਨੇ ਕਿਹਾ ਕਿ ਅਮਰ ਸ਼ਹੀਦ ਸੁਖਦੇਵ ਥਾਪਰ ਦੇ ਲੁਧਿਆਣਾ ਦੇ ਨੌਘਰਾ ਮੁਹੱਲਾ ਵਿੱਚ ਸਥਿਤ ਜਨਮ ਸਥਾਨ ਨੂੰ ਚੌੜਾ ਬਾਜ਼ਾਰ ਤੋਂ ਸਿੱਧਾ ਰਸਤਾ ਕੱਢਣ ਦੀ ਮੰਗ ਬੀਤੇ 12 ਸਾਲਾਂ ਤੋਂ ਅਮਰ ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰੱਸਟ ਵੱਲੋਂ ਟਰੱਸਟ ਤੇ ਰਾਸ਼ਟਰੀ ਪ੍ਰਧਾਨ ਅਸ਼ੋਕ ਥਾਪਰ ਅਤੇ ਖੱਤਰੀ ਮਹਾਂਸਭਾ ਪੰਜਾਬ ਵੱਲੋਂ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਕੀਤੀ ਜਾ ਰਹੀ ਹੈ। ਪ੍ਰੰਤੂ ਪੰਜਾਬ ਸਰਕਾਰ ਪੰਜਾਬ ਦੇ 34 ਲੱਖ ਖੱਤਰੀਆਂ ਦੀ ਇਹ ਮੰਗ ਮੰਨਣ ਤੋਂ ਫੇਲ੍ਹ ਹੋ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ ਅਹੁਦੇਦਾਰ ਐਮ ਐਲ ਮੋਲੜੀ, ਮਹਿਲਾ ਖੱਤਰੀ ਸਭਾ ਦੇ ਕਾਰਜਕਾਰੀ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ, ਯੁਵਾ ਖੱਤਰੀ ਸਭਾ ਚੇਅਰਮੈਨ ਜਗਜੀਵ ਧੀਰ, ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ, ਸਾਬਕਾ ਤਹਿਸੀਲਦਾਰ ਜਸਵੰਤ ਦਾਨੀ, ਮੈਡੀਕਲ ਪ੍ਰੈਕਟੀਸਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਜਸਵੀਰ ਸਿੰਘ ਸਹਿਗਲ, ਪ੍ਰਦੀਪ ਭੰਡਾਰੀ, ਰਕੇਸ਼ ਸਿਤਾਰਾ, ਨਿਸ਼ੀ ਰਕੇਸ਼ ਵਿਜ, ਸੁਮਨ ਕਾਂਤ ਵਿਜ, ਸਾਬਕਾ ਐਮ ਸੀ ਕ੍ਰਿਸ਼ਨ ਸੂਦ, ਸੰਜੀਵ ਕੌੜਾ, ਸੁਰਿੰਦਰ ਪੁਰੀ ਮਾਣੂੰਕੇ, ਸੁਸੀਲ ਸਿਆਲ, ਸੁਭਾਸ ਉਪਲ, ਸੰਨੀ ਭੰਡਾਰੀ, ਅਮੀਸ ਭੰਡਾਰੀ, ਅਜੇ ਸੱਚਰ, ਅਸ਼ੋਕ ਕਾਲੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਪੀੜਤ ਪਰਵਾਰ ਨੂੰ ਪੰਜ ਲੱਖ ਦੀ ਮਦਦ ਦਾ ਐਲਾਨ



ਫ਼ਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)-ਸ਼੍ਰੋਮਣੀ ਅਕਾਲੀ ਦਲ ਦਾ ਇੱਕ ਵਫ਼ਦ ਪਿੰਡ ਖਾਈ ਫ਼ੇਮੇ ਕੀ ਵਿੱਚ ਸੁਖਵਿੰਦਰ ਕੌਰ ਦੇ ਘਰ ਪੁੱਜਾ, ਜਿਸ ਦੀ ਪਾਕਿਸਤਾਨੀ ਡਰੋਨ ਹਮਲੇ ਵਿੱਚ ਬੀਤੇ ਦਿਨ ਮੌਤ ਹੋ ਗਈ ਸੀ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੀੜਤ ਪਰਿਵਾਰ ਨੂੰ ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ।ਵਫ਼ਦ ਵਿੱਚ ਐੱਸਜੀਪੀਸੀ ਮੈਂਬਰ ਦਰਸ਼ਨ ਸਿੰਘ ਸ਼ੇਰਖਾਂ, ਸਤਪਾਲ ਸਿੰਘ ਤਲਵੰਡੀ ਭਾਈ, ਪ੍ਰੀਤਮ ਸਿੰਘ ਮਲਸੀਆਂ ਤੇ ਫ਼ਰੀਦਕੋਟ ਤੋਂ ਬੀਬੀ ਹਰਜੀਤ ਕੌਰ ਭੋਲੂਵਾਲਾ ਸ਼ਾਮਲ ਸਨ।ਵਫ਼ਦ ਨੇ ਸੁਖਵਿੰਦਰ ਕੌਰ ਦੇ ਲੜਕੇ ਜਸਵੰਤ ਸਿੰਘ ਨਾਲ ਵੀ ਮੁਲਾਕਾਤ ਕੀਤੀ, ਜੋ ਇਸ ਹਮਲੇ ਵਿੱਚ ਜ਼ਖ਼ਮੀ ਹੋ ਗਿਆ ਹੈ।ਵਫ਼ਦ ਦੇ ਮੈਂਬਰਾਂ ਨੇ ਕਿਹਾ ਕਿ ਉਹ ਪੀੜਤ ਪਰਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਨਾਲ ਖੜ੍ਹੇ ਹਨ ਤੇ ਜੋ ਹੋਰ ਵੀ ਕਿਸੇ ਤਰ੍ਹਾਂ ਦੀ ਮਦਦ ਦੀ ਲੋੜ ਹੋਵੇਗੀ ਤਾਂ ਉਹ ਪਿੱਛੇ ਨਹੀਂ ਹਟਣਗੇ।

# ਜਪੁਜੀ ਸਾਹਿਬ ਕੰਠ ਮੁਕਾਬਲੇ ਕਰਾਏ



ਜਲਾਲਾਬਾਦ (ਜੀਤ ਕੁਮਾਰ)-ਗੁਰਬਾਣੀ ਚੇਤਨਾ ਮਿਸ਼ਨ ਵੱਲੋਂ ਤੀਜੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਅਮਰ ਦਾਸ ਜੀ ਦੇ ਪਵਿੱਤਰ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਜਪੁਜੀ ਸਾਹਿਬ ਕੰਠ ਮੁਕਾਬਲੇ ਕਰਾਏ ਗਏ। ਇਹ ਮੁਕਾਬਲੇ ਗੁਰਦੁਆਰਾ ਨਾਨਕ ਮਤਾ, ਟਿਵਾਣਾ ਰੋਡ, ਜਲਾਲਾਬਾਦ ਵਿਖੇ ਕਰਾਏ ਗਏ। ਜਿਸ ਵਿੱਚ ਕੁਲ 20 ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਸਬੰਧੀ ਡਾ. ਜਸਵਿੰਦਰ ਪਾਲ ਸਿੰਘ ਸਾਬਕਾ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅਮ੍ਰਿਤਸਰ ਸਾਹਿਬ ਨੇ ਦੱਸਿਆ ਕਿ ਇਹ ਮੁਕਾਬਲੇ ਪ੍ਰਾਇਮਰੀ, ਡਿਲ ਤੇ ਸੀਨੀਅਰ ਗਰੁੱਪਾਂ ਵਿੱਚ ਵੰਡ ਕੇ ਕਰਵਾਏ ਗਏ। ਪ੍ਰਾਇਮਰੀ ਗਰੁੱਪ ਜਪੁਜੀ ਸਾਹਿਬ ਪਹਿਲੀਆਂ 10 ਪਾਉੜੀਆਂ, ਮਿਡਲ ਗਰੁੱਪ 20 ਪਾਉੜੀਆਂ ਤੱਕ ਤੇ ਸੀਨੀਅਰ ਗਰੁੱਪ ਸੰਪੂਰਨ ਜਪੁਜੀ ਸਾਹਿਬ ਵਿਲੇਸ਼ਨ ਪੁਸਤਕ ਮੁਕਾਬਲੇ ਕਰਾਏ ਗਏ। ਪ੍ਰਾਇਮਰੀ ਗਰੁੱਪ ਜਬਾਨੀ ਅਤੇ ਬਾਕੀ ਗਰੁੱਪਾਂ ਵਿੱਚ ਲਿਖਤੀ ਮੁਕਾਬਲੇ ਕਰਾਏ ਗਏ। ਪ੍ਰਾਇਮਰੀ ਗਰੁੱਪ ਵਿੱਚੋਂ ਨੇਹਾ ਤੇ ਪਰਮਜੀਤ ਕੌਰ ਨੇ ਕ੍ਰਮਵਾਰ ਪਹਿਲਾਂ ਤੇ ਦੂਜਾ ਸਥਾਨ, ਮਿਡਲ ਗਰੁੱਪ ਵਿੱਚ ਗੁਰਨੂਰ ਸਿੰਘ ਤੇ ਗੁਰ ਰਮੇਸ਼ਪ੍ਰੀਤ ਸਿੰਘ ਨੇ ਕ੍ਰਮਵਾਰ ਪਹਿਲਾਂ ਤੇ ਦੂਜਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਗਰੁੱਪ ਵਿੱਚ ਕੁਲਵਿੰਦਰ ਕੌਰ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਪਹਿਲਾਂ ਅਤੇ ਦੂਜਾ ਸਥਾਨ ਹਾਸਿਲ ਕਰਨ ਵਾਲਿਆਂ ਨੂੰ ਗੁਰਬਾਣੀ ਚੇਤਨਾ ਮਿਸ਼ਨ ਵੱਲੋਂ ਨਕਦ ਇਨਾਮ ਤੇ ਬਾਕੀ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਕਾਪੀਆਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਸੇਵਾ ਡਾ.ਜਸਵਿੰਦਰ ਪਾਲ ਸਿੰਘ ਨੇ ਨਿਭਾਈ। ਇਸ ਮੌਕੇ ਭਾਈ ਅਮਰਜੀਤ ਸਿੰਘ ਜੀ ਹੈੱਡ ਗ੍ਰੰਥੀ ਗੁਰਦੁਆਰਾ ਨਾਨਕ ਮਤਾ, ਭਾਈ ਜੋਗਿੰਦਰ ਪਾ ਸਿੰਘ ਹਾਂਡਾ, ਭਾਈ ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ ਕਾਲੜਾ ਹਾਜਰ ਸਨ। ਇਸ ਮੁਕਾਬਲੇ ਨੂੰ ਸਫਲ ਬਣਾਉਣ ਵਿੱਚ ਰਛਪਾਲ ਸਿੰਘ ਡੋਲਾ ਐਮ.ਸੀ. ਤੇ ਮਾ. ਗੁਰਸ਼ਰਨ ਸਿੰਘ ਰਿਟਾਇਰਡ ਪ੍ਰਿੰਸੀਪਲ ਦਾ ਵਿਸ਼ੇਸ਼ ਯੋਗਦਾਨ ਰਿਹਾ।

## ਨਰਮਾ ਬੀਜਣ ਵਾਲੇ ਕਿਸਾਨਾਂ ਲਈ ਸਰਕਾਰ ਵੱਲੋਂ ਵਿਸ਼ੇਸ਼ ਸਹਾਇਤਾ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਆਖਿਆ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਤੇ ਫ਼ਸਲੀ ਵਿਭਿੰਨਤਾ ਅਧੀਨ ਨਰਮਾ ਪੱਟੀ ਵਾਲੇ ਜ਼ਿਲ੍ਹਿਆਂ ਵਿੱਚ ਨਰਮੇ ਦੀ ਫਸਲ ਨੂੰ ਮੁੜ ਸੁਰਜੀਤ ਕਰਨ ਲਈ ਅਤੇ ਕਿਸਾਨਾਂ ਨੂੰ ਨਰਮੇ ਹੇਠ ਵੱਧ ਤੋਂ ਵੱਧ ਰਕਬਾ ਲਿਆਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਹਿਮ ਕਦਮ ਚੁੱਕਦਿਆਂ ਇਸ ਵਾਰ ਨਰਮੇਂ ਦੇ ਬੀ.ਟੀ. ਬੀਜ ਤੇ ਬੀਜ ਦੀ ਕੁੱਲ ਕੀਮਤ ਦਾ 33 ਪ੍ਰਤੀਸ਼ਤ ਹਿੱਸਾ ਸਬਸਿਡੀ ਦਿੱਤੀ ਜਾ ਰਹੀ ਹੈ।ਇੱਕ ਕਿਸਾਨ ਨੂੰ ਵੱਧ ਤੋਂ ਵੱਧ 5 ਏਕੜ ਲਈ ਜਾਂ 10 ਬੀ.ਟੀ. ਬੀਜ ਦੇ ਪੈਕੇਟਾਂ 'ਤੇ ਹੀ ਸਬਸਿਡੀ ਮਿਲੇਗੀ।ਇਹ ਸਬਸਿਡੀ ਕੇਵਲ ਪੀ.ਏ.ਯੂ. ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਤੇ ਹੀ ਮਿਲੇਗੀ।ਉਨ੍ਹਾਂ ਕਿਹਾ ਕਿ ਨਰਮੇ ਦੀ ਬਿਜਾਈ ਕਰਨ ਵਾਲੇ ਕਿਸਾਨ ਸਬਸਿਡੀ ਪ੍ਰਾਪਤ ਕਰਨ ਲਈ ਪੋਰਟਲ ਉਪਰ 31 ਮਈ ਤੱਕ ਅਪਲਾਈ ਕਰ ਸਕਦੇ ਹਨ।ਸਬਸਿਡੀ ਲਈ ਅਪਲਾਈ ਕਰਨ ਸਮੇਂ ਜੇਕਰ ਕਿਸੇ ਕਿਸਾਨ ਨੂੰ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਸਬੰਧਤ ਬਲਾਕ ਖੇਤੀਬਾੜੀ ਅਫ਼ਸਰ, ਖੇਤੀਬਾੜੀ ਵਿਕਾਸ/ਵਿਸਥਾਰ ਅਫ਼ਸਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਸਰਕਾਰੀ ਸਕੂਲ ਦਾ ਬਾਰ੍ਹਵੀਂ ਕਲਾਸ ਦਾ ਨਤੀਜਾ ਸ਼ਾਨਦਾਰ



ਜਗਰਾਉਂ (ਅਮਿਤ ਖੰਨਾ)-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦਾ ਬਾਰ੍ਹਵੀਂ ਕਲਾਸ ਦਾ ਨਤੀਜਾ ਸਾਲ 24 -25 ਲਈ ਸ਼ਾਨਦਾਰ ਤੇ 100% ਰਿਹਾ। ਵੱਖ-ਵੱਖ ਵਿਸ਼ਿਆਂ ਦੀਆਂ ਵਿਦਿਆਰਥਣਾਂ ਨੇ ਆਪਣੀ-ਆਪਣੀ ਕਲਾਸ ਵਿੱਚੋਂ ਚੰਗੇ ਨੰਬਰ ਪ੍ਰਾਪਤ ਨੰਬਰ ਪ੍ਰਾਪਤ ਕਰਕੇ ਮੱਲਾਂ ਮਾਰੀਆਂ। ਨਾਲ ਹੀ ਨਾਲ ਆਪਣੇ ਸਕੂਲ, ਆਪਣੇ ਮਾਪੇ ਤੇ ਆਪਣੇ ਇਲਾਕੇ ਦਾ ਨਾਂਅ ਉੱਚਾ ਕੀਤਾ, ਜਿਸ ਵਿੱਚ ਬਾਰ੍ਹਵੀਂ ਜਮਾਤ ਵਿਸ਼ਾ ਕਾਮਰਸ ਦੀ ਵਿਦਿਆਰਥਣ ਰਾਜਪ੍ਰੀਤ ਕੌਰ ਸਪੁੱਤਰੀ ਅਮਰਜੀਤ ਸਿੰਘ ਨੇ 479 /500 ਨੰਬਰ ਲੈ ਕੇ 95.8% ਹਾਸਲ ਕੀਤੇ ਅਤੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਪਾਇਲ ਸਪੁੱਤਰੀ ਰਮਨ ਕੁਮਾਰ ਨੇ 478/500 (95.6%) ਨੰਬਰ ਪ੍ਰਾਪਤ ਕੀਤੇ। ਇਹ ਦੂਸਰੇ ਨੰਬਰ 'ਤੇ ਰਹੀ ਤੇ ਗਗਨਦੀਪ ਕੌਰ ਸਪੁੱਤਰੀ ਸਵਰਨ ਸਿੰਘ 500 ਵਿੱਚੋਂ 469, 93.8% ਨੰਬਰ ਲੈ ਕੇ ਤੀਜੇ ਸਥਾਨ 'ਤੇ ਰਹੀ। ਆਰਟਸ ਗਰੁੱਪ ਵਿੱਚ ਬਾਰ੍ਹਵੀਂ ਜਮਾਤ ਵਿੱਚੋਂ 465 ਨੰਬਰ 500 ਵਿੱਚੋਂ ਲੈ ਕੇ 91.2% ਹਾਸਲ ਕੀਤੇ ਪ੍ਰੀਆ ਕੌਰ ਸਪੁੱਤਰੀ ਰਾਜਾ ਨੇ। ਇਹ ਸਭ ਸਕੂਲ ਦੇ ਅਣਥੱਕ ਤੇ ਹੋਣਹਾਰ ਅਧਿਆਪਕਾਂ ਅਤੇ ਪ੍ਰਿੰਸੀਪਲ ਰੁਪਿੰਦਰ ਕੌਰ ਗਿੱਲ ਦੀ ਰਹਿਨੁਮਾਈ ਹੇਠ ਹੋਇਆ।

## ਡੋਰਸਟੈਪ ਡਲਿਵਰੀ ਸੇਵਾ ਫ਼ੀਸ ਨੂੰ ਘਟਾਇਆ

ਸੰਗਰੂਰ (ਪ੍ਰਵੀਨ ਸਿੰਘ)-ਨਾਗਰਿਕ ਕੇਂਦਰਿਤ ਸੇਵਾਵਾਂ ਨੂੰ ਸਾਰੇ ਨਾਗਰਿਕਾਂ ਲਈ ਵਧੇਰੇ ਪਹੁੰਚਯੋਗ ਬਣਾਉਂਦਿਆਂ ਪੰਜਾਬ ਸਰਕਾਰ ਨੇ ਡੋਰਸਟੈਪ ਡਿਲੀਵਰੀ ਫੀਸ 120 ਰੁਪਏ ਤੋਂ ਘਟਾ ਕੇ 50 ਰੁਪਏ ਕਰ ਦਿੱਤੀ ਹੈ।ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਦੱਸਿਆ ਕਿ ਇਸ ਕਦਮ ਤਹਿਤ ਸੂਬੇ ਦੇ ਵਸਨੀਕ ਹੈਲਪਲਾਈਨ ਨੰਬਰ-1076 'ਤੇ ਕਾਲ ਕਰਕੇ ਘਰ ਬੈਠੇ 406 ਸੇਵਾਵਾਂ ਦਾ ਲਾਹਾ ਲੈ ਸਕਦੇ ਹਨ। ਡਿਲੀਵਰੀ ਫੀਸ ਵਿੱਚ ਕਟੌਤੀ ਕਰਨ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕਮਜ਼ੋਰ ਵਿੱਤੀ ਹਾਲਾਤ ਵਾਲੇ ਨਾਗਰਿਕ ਵੀ ਇਨ੍ਹਾਂ ਸੇਵਾਵਾਂ ਦਾ ਲਾਭ ਉਠਾ ਸਕਣ।ਉਨ੍ਹਾਂ ਦੱਸਿਆ ਕਿ 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਸਕੀਮ ਤਹਿਤ ਦਰ ਉਤੇ ਜਾ ਕੇ ਸੇਵਾਵਾਂ ਪ੍ਰਦਾਨ ਕਰਨ (ਡੋਰ ਸਟੈਪ ਡਲਿਵਰੀ) ਦੀ ਸ਼ੁਰੂਆਤ ਕੀਤੀ ਹੋਈ ਹੈ, ਜਿਸ ਨਾਲ ਸਰਕਾਰ ਤੋਂ ਨਾਗਰਿਕ ਤੱਕ ਸੇਵਾਵਾਂ (ਗਵਰਮੈਂਟ-ਟੂ-ਸਿਟੀਜ਼ਨ) ਨਿਰਵਿਘਨ ਮੁਹੱਈਆ ਹੋ ਰਹੀਆਂ ਹਨ।ਇਹ ਪਹਿਲਕਦਮੀ ਸੂਬੇ ਦੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ ਉਤੇ ਮਹੱਤਵਪੂਰਨ ਜੀ2ਸੀ ਸੇਵਾਵਾਂ-ਜਿਵੇਂ ਜਨਮ ਤੇ ਮੌਤ ਦੇ ਸਰਟੀਫਿਕੇਟ, ਆਮਦਨ, ਰਿਹਾਇਸ਼, ਜਾਤੀ, ਪੈਨਸ਼ਨ, ਬਿਜਲੀ ਬਿੱਲ ਭੁਗਤਾਨ ਅਤੇ ਹੋਰ ਸੇਵਾਵਾਂ ਪ੍ਰਦਾਨ ਕਰਦੀ ਹੈ।ਸੂਬੇ ਦੇ ਨਾਗਰਿਕ ਇੱਕ ਸਮਰਪਿਤ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ ਆਪਣੀ ਸਹੂਲਤ ਅਨੁਸਾਰ ਪੂਰਵ-ਮੁਲਾਕਾਤ ਦਾ ਸਮਾਂ ਤੈਅ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ।ਇਕ ਵੇਲੇ ਇਕ ਸਿਟੀਜਨ ਵੱਧ ਤੋਂ ਵੱਧ ਚਾਰ ਸੇਵਾਵਾਂ ਹਾਸਲ ਕਰ ਸਕਦਾ ਹੈ।

## 650 ਲੀਟਰ ਲਾਹਣ ਤੇ ਸਵਾ 9 ਬੋਤਲਾਂ ਨਾਜਾਇਜ਼ ਸ਼ਰਾਬ ਸਣੇ ਇੱਕ ਔਰਤ ਕਾਬੂ, ਦੋ ਫਰਾਰ, ਪਰਚਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਿਸ ਵੱਲੋਂ ਪਿੰਡ ਮਹਾਲਮ ਤੇ ਢਾਬ ਖੁਸ਼ਹਾਲ ਜੋਈਆ ਵਿਖੇ ਗਸ਼ਤ ਦੌਰਾਨ ਮਿਲੀ ਸੂਚਨਾ ਦੇ ਅਧਾਰ ਤੇ ਛਾਪੇਮਾਰੀ ਕਰਕੇ ਚਲਾਏ ਗਏ ਸਰਚ ਅਪ੍ਰੇਸ਼ਨ ਅਭਿਆਨ ਦੇ ਦੌਰਾਨ ਵੱਖ-ਵੱਖ ਥਾਂਵਾਂ ਤੋਂ 650 ਲੀਟਰ ਲਾਹਣ ਅਤੇ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇੱਕ ਔਰਤ ਨੂੰ ਕਾਬੂ ਕੀਤਾ ਗਿਆ ਹੈ, ਜਦੋਂਕਿ 2 ਵਿਅਕਤੀ ਮੌਕੇ ਤੋਂ ਫਰਾਰ ਹੋ ਗਏ। ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਦੇਵ ਰਾਜ ਨੇ ਦੱਸਿਆ ਕਿ ਉਹ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਬਾਹਮਣੀ ਵਾਲਾ ਦੇ ਕੋਲ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਦੋਸ਼ੀ ਸੰਦੀਪ ਸਿੰਘ ਉਰਫ ਸ਼ੀਪੂ ਪੁੱਤਰ ਗੁਰਨਾਮ ਸਿੰਘ ਵਾਸੀ ਮਹਾਲਮ ਆਪਣੇ ਘਰ ਵਿੱਚ ਸ਼ਰਾਬ ਨਜਾਇਜ਼ ਕਸੀਦ ਕਰਨ ਅਤੇ ਅੱਗੇ ਵੇਚਣ ਦਾ ਆਦੀ ਹੈ, ਜੋ ਹੁਣੇ ਹੀ ਰੇਡ ਕੀਤਾ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਰੇਡ ਕਰਨ ਤੋਂ ਪਹਿਲਾਂ ਹੀ ਮੌਕੇ ਤੋਂ ਸੰਦੀਪ ਸਿੰਘ ਉਰਫ ਸ਼ੀਪੂ ਫਰਾਰ ਹੋ ਗਿਆ, ਪਰ ਪੁਲਸ ਵੱਲੋਂ ਕੀਤੇ ਗਏ ਸਰਚ ਦੇ ਦੌਰਾਨ 250 ਲੀਟਰ ਲਾਹਣ ਬਰਾਮਦ ਹੋਈ। ਇਕ ਹੋਰ ਮੁਕੱਦਮੇ ਦੇ ਜਾਂਚ ਅਧਿਕਾਰੀ-ਕਮ-ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਦੌਰਾਨ ਗਸ਼ਤ ਦੌਰਾਨ ਪਿੰਡ ਮਹਾਲਮ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਲਜੀਤ ਸਿੰਘ ਪੁੱਤਰ ਚੰਨ ਸਿੰਘ ਵਾਸੀ ਮਹਾਲਮ ਆਪਣੇ ਘਰ ਵਿੱਚ ਸ਼ਰਾਬ ਨਜਾਇਜ਼ ਕਸੀਦ ਕਰਕੇ ਅੱਗੇ ਵੇਚਣ ਦਾ ਆਦੀ ਹੈ ਤੇ ਹੁਣੇ ਰੇਡ ਕਰਨ 'ਤੇ ਕਾਬੂ ਆ ਸਕਦਾ ਹੈ, ਜਿਸ ਤੇ ਪੁਲਸ ਪਾਰਟੀ ਨੇ ਰੇਡ ਕਰਕੇ 400 ਲੀਟਰ ਲਾਹਣ ਬਰਾਮਦ ਕੀਤੀ ਗਈ, ਜਦੋਂਕਿ ਮੌਕੇ ਤੋਂ ਕਥਿਤ ਦੋਸ਼ੀ ਬਲਜੀਤ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਇਸੇ ਤਰ੍ਹਾਂ ਇੱਕ ਹੋਰ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਚੰਦਰ ਸ਼ੇਖਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਪਿੰਡ ਢਾਬ ਖੁਸ਼ਹਾਲ ਜੋਈਆ ਵਿਖੇ ਮੌਜੂਦ ਸੀ ਤਾਂ ਪੁਲਸ ਪਾਰਟੀ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਨਿਹਾਲੋ ਬਾਈ ਪਤਨੀ ਗੁਰਦੀਪ ਸਿੰਘ ਵਾਸੀ ਮੋਜਾ (ਅਰਨੀਵਾਲਾ) ਆਪਣੇ ਵਿੱਚ ਨਜਾਇਜ਼ ਸ਼ਰਾਬ ਕਸੀਦ ਕਰਨ ਅਤੇ ਅੱਗੇ ਵੇਚਣ ਦੀ ਆਦੀ ਹੈ, ਜੇਕਰ ਹੁਣੇ ਹੀ ਰੇਡ ਕੀਤਾ ਜਾਵੇ ਤਾਂ ਰੰਗੇ ਹੱਥੇ ਕਾਬੂ ਆ ਸਕਦੀ ਹੈ। ਜਿਸ 'ਤੇ ਪੁਲਸ ਪਾਰਟੀ ਵੱਲੋਂ ਪਿੰਡ ਢਾਬ ਖੁਸ਼ਹਾਲ ਜੋਈਆ ਵਿਖੇ ਰੇਡ ਕਰਕੇ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਔਰਤ ਨਿਹਾਲੋ ਬਾਈ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਥਾਣਾ ਵੈਰੋਕੇ ਦੀ ਪੁਲਿਸ ਵੱਲੋਂ ਵੱਖ-ਵੱਖ ਮੁਕੱਦਮਿਆਂ ਵਿੱਚ ਆਬਕਾਰੀ ਐਕਟ ਦੇ ਤਹਿਤ ਨਿਹਾਲੋ ਬਾਈ ਪੱਤਨੀ ਗੁਰਦੀਪ ਸਿੰਘ ਵਾਸੀ ਮੋਜਾ ਅਰਨੀਵਾਲਾ, ਬਲਜੀਤ ਸਿੰਘ ਪੁੱਤਰ ਚੰਨ ਸਿੰਘ ਵਾਸੀ ਮਹਾਲਮ ਅਤੇ ਸੰਦੀਪ ਸਿੰਘ ਉਰਫ ਸ਼ੀਪੂ ਪੁੱਤਰ ਗੁਰਨਾਮ ਸਿੰਘ ਵਾਸੀ ਮਹਾਲਮ ਦੇ ਖਿਲਾਫ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਕਾਂਗਰਸੀ ਨੇਤਾ ਬਲਤੇਜ ਬਰਾੜ ਨੇ ਸਰਹੱਦੀ ਪਿੰਡਾਂ ਦਾ ਕੀਤਾ ਦੌਰਾ



ਜਲਾਲਾਬਾਦ (ਜੀਤ ਕੁਮਾਰ)-ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਬਲਤੇਜ ਸਿੰਘ ਬਰਾੜ ਵੱਲੋਂ ਪਿੰਡ ਚੱਕ ਟਾਹਲੀ ਵਾਲਾ ਅਤੇ ਚੱਕ ਖੀਵਾ ਵਿਖੇ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਮੌਜੂਦਾ ਹਲਾਤਾ ਬਾਰੇ ਵਿਚਾਰ ਚਰਚਾ ਕੀਤੀ ਗਈ। ਬਲਤੇਜ ਸਿੰਘ ਬਰਾੜ ਨੇ ਕਿਹਾ ਕਿ ਕਾਂਗਰਸ ਪਾਰਟੀ ਇਸ ਸਰਹੱਦੀ ਖੇਤਰ ਵਿੱਚ ਵੱਸੇ ਲੋਕਾਂ ਦੇ ਨਾਲ ਹੈ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ ਲੋਕਾਂ ਨੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਾਗੇ ਤੇ ਹੋਰ ਲੋਕਾਂ ਨੂੰ ਵੀ ਜੋੜਾਂਗੇ। ਇਸ ਮੌਕੇ ਬਲਤੇਜ ਸਿੰਘ ਬਰਾੜ ਨੇ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਅਗਵਾਈ ਵਾਲਾ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੇ ਚੱਲਦੇ ਹਰੇਕ ਵਰਗ ਤੰਗ ਤੇ ਪ੍ਰੇਸ਼ਾਨ ਹੋ ਗਿਆ ਹੈ। ਆਪਣੇ ਹੱਕ ਲੈਣ ਲਈ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਨੂੰ ਸੜਕਾਂ 'ਤੇ ਨਿਕਲਣਾ ਪੈ ਰਿਹਾ ਹੈ, ਜਿਨ੍ਹਾਂ ਨੂੰ ਆਪਣੇ ਡੰਡੇ ਦੇ ਜ਼ੋਰ ਨਾਲ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਸ 'ਤੇ ਸਾਫ ਹੋ ਗਿਆ ਹੈ ਕਿ ਇਸ ਮੌਜੂਦਾ ਸਰਕਾਰ ਤੋਂ ਹਰੇਕ ਵਰਗ ਤੰਗ ਪ੍ਰੇਸ਼ਾਨ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਰੁਝਾਨ ਕਾਂਗਰਸ ਪਾਰਟੀ ਪ੍ਰਤੀ ਦਿਨ ਪ੍ਰਤੀ ਦਿਨ ਵਧਦਾ ਜਾ ਰਿਹਾ ਹੈ।

# ਖੇਤੀਬਾੜੀ 'ਚ ਆਧੁਨਿਕਤਾ ਅੱਜ ਦੇ ਸਮੇਂ ਦੀ ਮੁੱਖ ਲੋੜ : ਡੀ ਸੀ




ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਖੇਤੀਬਾੜੀ ਪ੍ਰਧਾਨ ਸੂਬਾ ਹੈ ਅਤੇ ਖੇਤੀਬਾੜੀ ਵਿੱਚ ਆਧੁਨਿਕਤਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਪੰਜਾਬ ਸਰਕਾਰ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ ਜਿਵੇਂ ਕਿ ਖੇਤੀਬਾੜੀ ਸੰਦ ਭਾਰੀ ਸਬਸਿਡੀ ਉਪਰ ਮੁਹੱਈਆ ਕਰਵਾਉਣਾ, ਕਿਸਾਨ ਸਿਖਲਾਈ ਕੈਂਪਾਂ ਜ਼ਰੀਏ ਕਿਸਾਨਾਂ ਤੱਕ ਆਧੁਨਿਕ ਜਾਣਕਾਰੀ ਭੇਜਣੀ ਆਦਿ। ਆਧੁਨਿਕ ਵਿਧੀ ਨਾਲ ਕੀਤੀ ਖੇਤੀ ਖਰਚੇ ਘਟਾਉਣ ਦੇ ਨਾਲ ਨਾਲ ਆਮਦਨੀ ਵਧਾਉਣ ਦਾ ਸਰੋਤ ਵੀ ਬਣਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਮੋਗਾ ਵਿਖੇ ਆਮ ਕਿਸਾਨਾਂ ਲਈ ਡਿਪਲੋਮਾ ਇਨ ਐਗਰੀਕਲਚਰਲ ਐਕਸਟੈਨਸ਼ਨ ਸਰਵਿਸਜ਼ ਫਾਰ ਇਨਪੁਟਸ ਡੀਲਰਜ਼ ਦੀ ਰਸਮੀ ਸ਼ੁਰੂਆਤ ਕਰਨ ਮੌਕੇ ਕੀਤਾ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਜ਼ਿਲ੍ਹਾ ਮੋਗਾ ਅਤੇ ਪੰਜਾਬ ਐਗਰੀਕਲਚਰ ਮੈਨੇਜਮੈਂਟ ਐਂਡ ਐਕਸਟੈਨਸ਼ਨ ਟ੍ਰੇਨਿੰਗ ਇੰਸਟੀਚਿਊਟ (ਪੀ.ਏ.ਯੂ ਲੁਧਿਆਣਾ) ਵੱਲੋਂ ਵਿਖੇ ਆਤਮਾ ਸਕੀਮ ਤਹਿਤ ਇਸ ਡਿਪਲੋਮੇ ਦੀ ਸ਼ੁਰੂਆਤ ਕੀਤੀ ਗਈ ਹੈ। ਸਿਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਦੱਸਿਆ ਕਿ ਇਸ ਡਿਪਲੋਮੇ ਨਾਲ ਸਿਖਿਆਰਥੀ ਆਪਣੀ ਮਿੱਟੀ ਅਤੇ ਕਿਸਾਨਾਂ ਨਾਲ ਜੁੜ ਕੇ ਵਾਤਾਵਰਨ ਨੂੰ ਸਵੱਛ ਰੱਖਣ ਅਤੇ ਕਿਸਾਨਾਂ ਦੀ ਖੁਸ਼ਹਾਲੀ ਵਿੱਚ ਆਪਣੀ ਅਹਿਮ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਕਿਹਾ ਕਿ 40 ਸਿਖਿਆਰਥੀਆਂ ਨੂੰ 48 ਹਫਤਿਆਂ ਦੀ ਮਿਆਦ ਦਾ (ਇੱਕ ਕਲਾਸ ਪ੍ਰਤੀ ਹਫਤਾ) ਦਾ ਇਹ ਡਿਪਲੋਮਾ ਕਰਵਾਇਆ ਜਾ ਰਿਹਾ ਹੈ। ਡਿਪਲੋਮਾ ਕਰਨ ਉਪਰੰਤ ਸਿਖਿਆਰਥੀ ਖੁਦ ਬੀਜ ਅਤੇ ਦਵਾਈਆਂ ਦਾ ਆਪਣਾ ਕਾਰੋਬਾਰ ਸ਼ੁਰੂ ਕਰ ਸਕਦੇ ਹਨ। ਸਿਖਿਆਰਥੀਆਂ ਨੂੰ ਖੇਤੀ ਇਨਪੁਟਸ ਤੋਂ ਲੈ ਕੇ ਵਾਤਾਵਰਨ ਬਚਾਉਣ ਲਈ ਸੰਤੁਲਿਤ ਖਾਦਾਂ, ਕੀੜੇਮਾਰ ਦਵਾਈਆਂ ਦੀ ਸੁਚੱਜੀ ਵਰਤੋਂ ਅਤੇ ਖੇਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਬਰੀਕੀ ਨਾਲ ਸਮਝਾਈ ਜਾਵੇਗੀ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਮੋਗਾ ਨੇ ਡਿਪਟੀ ਕਮਿਸ਼ਨਰ ਮੋਗਾ ਹਾਜ਼ਰ ਅਧਿਕਾਰੀਆਂ ਅਤੇ ਸਿਖਿਆਰਥੀਆਂ ਨੂੰ ਜੀ ਆਇਆਂ ਕਿਹਾ। ਡਾ. ਰੁਪਿੰਦਰ ਕੌਰ ਡਿਪਟੀ ਡਾਇਰੈਕਟਰ ਪਾਮੇਤੀ ਲੁਧਿਆਣਾ ਨੇ ਇਸ ਡਿਪਲੋਮੇ ਦਾ ਮੰਤਵ ਅਤੇ ਇਸ ਸਬੰਧੀ ਸਾਰੀ ਜਾਣਕਾਰੀ ਉਪਰ ਚਾਨਣਾ ਪਾਇਆ। ਡਾ: ਕੰਵਲਬੀਰ ਸਿੰਘ ਡਾਇਰੈਕਟਰ ਪਾਮੇਤੀ ਨੇ ਸਿਖਿਆਰਥੀਆਂ ਨੂੰ ਖੇਤੀ ਸਬੰਧੀ ਅਤੇ ਖੇਤੀ ਸਮੱਗਰੀ, ਵਾਤਾਵਰਨ ਦੀ ਸਵੱਛਤਾ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਹੱਲ ਅਤੇ ਤਕਨੀਕੀ ਜਾਣਕਾਰੀ ਸਾਂਝੀ ਕੀਤੀ। ਡਾ. ਬਲਵਿੰਦਰ ਸਿੰਘ ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਆਤਮਾ ਸਕੀਮ ਅਧੀਨ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਸਬੰਧੀ ਦੱਸਿਆ। ਡਾ. ਸੁਖਰਾਜ ਕੌਰ ਦਿਓਲ ਖੇਤੀਬਾੜੀ ਅਫਸਰ ਮੋਗਾ ਨੇ ਮਿੱਟੀ ਅਤੇ ਪਾਣੀ ਪਰਖ ਦੀ ਮਹੱਤਤਾ ਸਬੰਧੀ ਅਤੇ ਹੋਰ ਖੇਤੀ ਸਕੀਮਾਂ ਸਬੰਧੀ ਦੱਸਿਆ। ਸਟੇਜ ਦਾ ਸੰਚਾਲਨ ਡਾ. ਨਵਦੀਪ ਸਿੰਘ ਜੌੜਾ ਬਲਾਕ ਖੇਤੀਬਾੜੀ ਅਫਸਰ ਬਾਘਾ ਪੁਰਾਣਾ ਨੇ ਬਾਖੂਬੀ ਨਿਭਾਇਆ।

## ਸੰਗਰਾਂਦ ਦਾ ਸ਼ੁੱਭ ਦਿਹਾੜਾ ਧੂਮਧਾਮ ਨਾਲ ਮਨਾਇਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਗੁਰਦੁਆਰਾ ਬਾਬਾ ਨਰੈਣ ਦਾਸ ਪੱਤੀ ਜੈਦ ਵਿਖੇ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਸੰਗਰਾਂਦ ਦਾ ਸ਼ੁਭ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ ਤੇ ਸਵੇਰ ਸਮੇਂ ਸ਼੍ਰੀ ਸੁਖਮਨੀ ਸਾਹਿਬ ਤੇ ਜਪੁਜੀ ਸਾਹਿਬ ਦਾ ਪਾਠ ਕੀਤਾ ਗਿਆ ਤੇ ਗੁਰੂਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਪਵਿੱਤਰ ਸਿੰਘ ਸਾਹੋਕੇ ਵਾਲਿਆਂ ਨੇ ਸੰਗਤਾਂ ਨੂੰ ਸੰਗਰਾਂਦ ਮੌਕੇ ਕਥਾ ਸੁਣਾ ਕੇ ਨਿਹਾਲ ਕੀਤਾ।ਇਸ ਦੌਰਾਨ ਹਾਜ਼ਰ ਸਮੂਹ ਸੰਗਤ ਅਤੇ ਛੋਟੇ-ਛੋਟੇ ਬੱਚਿਆਂ ਨੇ ਸਤਿਨਾਮ-ਵਾਹਿਗੁਰੂ ਜੀ ਦਾ ਜਾਪ ਕੀਤਾ ਤੇ ਪਾਠਾਂ ਦੇ ਭੋਗ ਵੀ ਪਾਏ ਗਏ।ਭੋਗ ਉਪਰੰਤ ਸੰਗਤਾਂ ਲਈ ਚਾਹ-ਪਾਣੀ ਦੇ ਲੰਗਰ ਵੀ ਲਗਾਏ ਗਏ ਅਤੇ ਸੰਗਤ ਨੇ ਬਰਤਨਾਂ ਦੀ ਸੇਵਾ ਕਰਕੇ ਆਨੰਦ ਮਾਣਿਆ। ਇਸ ਤੋਂ ਇਲਾਵਾ ਸਲਾਈਟ ਲੌਂਗੋਵਾਲ ਦੇ ਗੁਰੂਦਆਰਾ ਭਾਈ ਕੀ ਸਮਾਧ ਤੇ ਗੁਰਦੁਆਰਾ ਚੁੱਲੇ ਬਾਬਾ ਆਲਾ ਸਿੰਘ ਲੌਂਗੋਵਾਲ ਵਿਖੇ ਵੀ ਸੰਗਰਾਂਦ ਦਾ ਸ਼ੁਭ ਦਿਹਾੜਾ ਮਨਾਇਆ ਗਿਆ।ਇਸ ਸਮੇਂ ਹੈੱਡ ਗ੍ਰੰਥੀ ਭਾਈ ਧਨਵੰਤ ਸਿੰਘ ਅਤੇ ਭਾਈ ਗੁਰਪ੍ਰੀਤ ਸਿੰਘ ਨੇ ਵੀ ਸੰਗਤਾਂ ਨੂੰ ਕਥਾ ਸੁਣਾ ਕੇ ਨਿਹਾਲ ਕੀਤਾ ਤੇ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ।

## ਸਪਰਿੰਗ ਫੀਲਡ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਾਰ ਸੰਸਥਾ ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਦਾ ਸੀ.ਬੀ.ਐਸ.ਈ ਦਾ ਦਸਵੀਂ ਕਲਾਸ ਦਾ ਰਿਜ਼ਲਟ ਬਹੁਤ ਹੀ ਸ਼ਾਨਦਾਰ ਰਿਹਾ। ਹਰ ਸਾਲ ਦੀ ਤਰ੍ਹਾਂ ਬੱਚੇ ਵਧੀਆ ਨੰਬਰ ਲੈ ਕੇ ਪਾਸ ਹੋਏ। ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਅਧਿਆਪਕ ਬਹੁਤ ਹੀ ਲਗਨ ਅਤੇ ਮਿਹਨਤ ਨਾਲ ਸਾਰਾ ਸਾਲ ਪੜ੍ਹਾਈ ਕਰਵਾਉਂਦੇ ਹਨ, ਇਸ ਤੋਂ ਇਲਾਵਾ ਬੱਚੇ ਖੇਡਾਂ ਵਿਚ ਵੀ ਜ਼ਿਲ੍ਹਾ ਲੈਵਲ ਅਤੇ ਸਟੇਟ ਲੈਵਲ ਦੇ ਮੈਡਲ ਜਿੱਤਦੇ ਹਨ ਅਤੇ ਗੀਤ-ਸੰਗੀਤ ਅਤੇ ਕਲਚਰਲ ਗਤੀਵਿਧੀਆਂ ਵਿਚ ਬੱਚਿਆਂ ਨੂੰ ਨਿਪੁੰਨ ਕੀਤਾ ਜਾਂਦਾ ਹੈ, ਜਿਸ ਨਾਲ ਬੱਚਿਆਂ ਦਾ ਸਰਵਪੱਖੀ ਵਿਕਾਸ ਹੁੰਦਾ ਹੈ। ਬਹੁਤੇ ਬੱਚਿਆਂ ਨੇ 80 ਫੀਸਦੀ ਤੋਂ ਵੱਧ ਨੰਬਰ ਲਏ, ਜਿਨ੍ਹਾਂ ਵਿਚ ਪ੍ਰੀਤਮ ਕੁਮਾਰ ਕੁਸ਼ਵਾਹਾ 96 ਫੀਸਦੀ, ਹਰਸਿਤਾ 91 ਫੀਸਦੀ, ਲਾਵੀਨਾ 91 ਫੀਸਦੀ,ਸਰਬਜੀਤ ਸ਼ਰਮਾ 91 ਫੀਸਦੀ, ਨਮਨੀਤ ਕੌਰ 91 ਫੀਸਦੀ, ਰਮਨੀਤ ਕੌਰ 91 ਫੀਸਦੀ, ਮੰਨਤ 90 ਫੀਸਦੀ, ਸ਼ਿਵਨੀਤ ਕੌਰ 90 ਫੀਸਦੀ, ਪਲਕ 89 ਫੀਸਦੀ, ਨਵਰਾਜ ਸਿੰਘ ਗਿੱਲ 88 ਫੀਸਦੀ, ਜਗਰੀਤ ਗੁਲਾਟੀ 88 ਫੀਸਦੀ, ਜ਼ਸਨਜੋਤ ਕੌਰ ਬਰਾੜ 87 ਫੀਸਦੀ, ਜਸਪਿੰਦਰ ਕੌਰ ਭੁਪਾਲ 87 ਫੀਸਦੀ, ਭਵਪ੍ਰੀਤ ਕੌਰ 86 ਫੀਸਦੀ, ਮੋਨਿਕ ਤਲਵਾਰ 86 ਫੀਸਦੀ, ਜੀਆ ਅਰੋੜਾ 85 ਫੀਸਦੀ, ਤਰੁਨਾ ਸ਼ਰਮਾ 85 ਫੀਸਦੀ, ਡੇਜੀ ਬਠਲਾ 83 ਫੀਸਦੀ, ਮਹਿਕਦੀਪ ਕੌਰ 82 ਫੀਸਦੀ, ਹਰਜੋਤ ਕੌਰ 80 ਫੀਸਦੀ ਨੰਬਰ ਲੈ ਕੇ ਵਧੀਆ ਪੁਜੀਸ਼ਨਾਂ ਹਾਸਲ ਕੀਤੀਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਵਿਚ ਬਹੁਤ ਹੀ ਖੁਸ਼ੀ ਦਾ ਮਹੌਲ ਬਣਿਆ। ਸਕੂਲ ਚੇਅਰਮੈਨ ਨਰ ਸਿੰਘ ਬਰਾੜ, ਪ੍ਰਿੰਸੀਪਲ ਬਾਇਜੂ ਵਿਜੇ ਅਤੇ ਕੋਆਰਡੀਨੇਟਰ ਮੈਡਮ ਸੰਗੀਤਾ ਨੇ ਬੱਚਿਆਂ ਨੂੰ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸਕੂਲ ਸਟਾਫ਼ ਦਾ ਸਖਤ ਮਿਹਨਤ ਕਰਵਾਉਣ 'ਤੇ ਧੰਨਵਾਦ ਕੀਤਾ।

17-MAY-PAGE-1.qxd 5/16/2025 8:35 PM Page 1

ਸ਼ਨੀਵਾਰ, 17 ਮਈ, 2025
4 ਜੇਠ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 73
ਅੰਕ/NO. : 346

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 17 MAY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 14

## ਜਵਾਨੀ ਨੂੰ ਸੰਵਿਧਾਨ ਬਚਾਉਣ ਲਈ ਏ ਆਈ ਵਾਈ ਐੱਫ ਦੇ ਝੰਡੇ ਥੱਲੇ ਇਕੱਠਾ ਹੋਣਾ ਪਵੇਗਾ : ਜਸਟਿਸ ਚਲੇਮੇਸ਼ਵਰ





**ਕਾਮਰੇਡ ਕਨਮ ਰਾਜਿੰਦਰਾ ਹਾਲ ਤਿਰੂਪਤੀ (ਚਰਨਜੀਤ ਛਾਂਗਾ ਰਾਏ)**

ਤਿਰੂਪਤੀ ਦੇ ਇੰਦਰਾ ਮੈਦਾਨ ਨੇੜੇ ਸਥਿਤ ਕਾਮਰੇਡ ਕਨਮ ਰਾਜਿੰਦਰਨ ਕਾਨਫਰੰਸ ਹਾਲ ਵਿਖੇ ਸਰਬ ਭਾਰਤ ਨੌਜਵਾਨ ਸਭਾ ਦੇ 17ਵੇਂ ਕੌਮੀ ਡੈਲੀਗੇਟ ਇਜਲਾਸ ਦੇ ਦੂਜੇ ਦਿਨ ਸ਼ੁੱਕਰਵਾਰ ਸਵੇਰੇ ਕੌਮੀ ਪ੍ਰਧਾਨ ਸੁਖਜਿੰਦਰ ਮਹੇਸਰੀ ਵੱਲੋਂ ਜਥੇਬੰਦੀ ਦਾ ਝੰਡਾ ਲਹਿਰਾ ਕੇ ਡੈਲੀਗੇਟ ਸ਼ੈਸਨ ਦੀ ਸ਼ੁਰੂਆਤ ਕੀਤੀ ਗਈ। ਦੇਸ਼ ਭਰ ਦੇ ਵੱਖ ਵੱਖ ਰਾਜਾਂ ਵਿੱਚੋਂ 700 ਦੇ ਲਗਪਗ ਚੁਣੇ ਹੋਏ ਡੈਲੀਗੇਟਾਂ ਨੇ ਜੋਸ਼ ਭਰਪੂਰ ਇਨਕਲਾਬੀ ਨਾਅਰਿਆਂ ਨਾਲ ਅਸਮਾਨ ਗੂੰਜਣ ਲਾ ਦਿੱਤਾ।

ਪਹਿਲੇ ਡੈਲੀਗੇਟ ਸੈਸ਼ਨ ਦੀ ਪ੍ਰਧਾਨਗੀ ਸੁਖਜਿੰਦਰ ਮਹੇਸਰੀ, ਵਲੀ ਉੱਲਾਹ ਕਾਦਰੀ, ਰੋਸ਼ਨ ਸਿਨ੍ਹਾ, ਕੇ ਅਰੁਣ ਕੇਰਲਾ ਅਤੇ ਆਰਤੀ ਰੀਡੇਕਰ ਮਹਾਰਾਸ਼ਟਰਾ ਨੇ ਕੀਤੀ। ਇਸ ਮੌਕੇ ਤਿਰੂਪਤੀ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਅਤੇ ਤਿਆਰੀ ਕਮੇਟੀ ਦੇ ਚੇਅਰਮੈਨ ਕਾਮਰੇਡ ਕੇ ਨਰਾਇਣਾ ਨੇ ਆਏ ਹੋਏ ਡੈਲੀਗੇਟਾਂ ਨੂੰ ਜੀਅ ਆਇਆਂ ਆਖਿਆ। ਇਸ ਮੌਕੇ ਕਾਨਫਰੰਸ ਦਾ ਮੁੱਖ ਰੂਪ ਵਿੱਚ ਉਦਘਾਟਨ ਸੁਪਰੀਮ ਕੋਰਟ ਦੇ ਸਾਬਕਾ ਜੱਜ ਜਸਟਿਸ ਚਲੇਮੇਸ਼ਵਰ ਨੇ ਕੀਤਾ। ਇਸ ਮੌਕੇ ਹਾਜ਼ਰੀਨ ਡੈਲੀਗੇਟ ਸਾਥੀਆਂ ਨੂੰ ਸੰਬੋਧਨ ਕਰਦਿਆਂ ਜਸਟਿਸ ਚਲੇਮੇਸ਼ਵਰ ਨੇ ਮੁਬਾਰਕਬਾਦ ਪੇਸ਼ ਕੀਤੀ ਅਤੇ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਵਧਾਈ ਦੀ ਪਾਤਰ ਹੈ, ਜਿਸ ਨੇ 1959 ਤੋਂ ਸ਼ੰਘਰਸ਼ਾਂ ਅਤੇ ਜਿੱਤਾਂ ਦੀ ਲਗਾਤਾਰਤਾ ਜਾਰੀ ਰੱਖੀ ਹੋਈ ਹੈ ਜੋ ਦੇਸ਼ ਦੀ ਜਵਾਨੀ ਨੂੰ ਰਾਹ ਦਿਖਾ ਰਹੀ ਹੈ। ਜਸਟਿਸ ਚਲੇਮੇਸ਼ਵਰ ਨੇ ਅੱਗੇ ਕਿਹਾ ਕਿ ਦੇਸ਼ ਦੇ ਮੌਜੂਦਾ ਹਾਲਾਤ ਬਹੁਤ ਚਿੰਤਾਜਨਕ ਹਨ ਕਿਉਂਕਿ ਮੌਜੂਦਾ ਸਰਕਾਰ ਲੋਕਾਂ ਨੂੰ ਅੱਖੋਂ ਪਰੋਖੇ ਕਰਕੇ ਸਿਰਫ ਤੇ ਸਿਰਫ ਕਾਰਪੋਰੇਟਾਂ ਦੇ ਮੁਨਾਫ਼ੇ ਵਧਾਉਣ ਵਾਲੇ ਕਾਨੂੰਨ ਬਣਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਜ਼ਾਦੀ ਦੇ 75 ਸਾਲਾਂ ਤੋਂ ਵੀ ਵੱਧ ਸਮੇਂ ਵਿੱਚ ਆਮ ਲੋਕਾਂ ਦੀ ਖ਼ੁਸ਼ਹਾਲੀ ਕਿਥੇ ਹੈ? ਉਹਨਾਂ ਦੀਆਂ ਬੁਨਿਆਦੀ ਲੋੜਾਂ ਦੀ ਅਜੇ ਤੱਕ ਪੂਰਤੀ ਕਿਉਂ ਨਹੀਂ? ਵਰਗੇ ਸਵਾਲ ਮੂੰਹ ਅੱਡੀ ਖੜ੍ਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇੱਕ ਪਾਸੇ ਦੇਸ਼ ਦੀ ਜਨਤਾ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੀ ਹੈ ਪਰ ਦੂਜੇ ਪਾਸੇ ਮੌਜੂਦਾ ਸਰਕਾਰ ਵੱਲੋਂ ਲੋਕਾਂ ਨੂੰ ਸੰਘਰਸ਼ ਕਰਨ ਦੇ ਮਿਲੇ ਅਧਿਕਾਰਾਂ ਨੂੰ ਦਬਾਉਣ ਲਈ ਸੰਵਿਧਾਨ ਨੂੰ ਵੀ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਸਾਬਕਾ ਜੱਜ ਨੇ ਦੇਸ਼ ਦੀ ਜਵਾਨੀ ਨੂੰ ਸੱਦਾ ਦਿੰਦਿਆਂ ਕਿਹਾ ਕਿ ਸੰਵਿਧਾਨ ਨੂੰ ਬਚਾਉਣ ਲਈ ਉਨ੍ਹਾਂ ਨੂੰ ਏ ਆਈ ਵਾਈ ਐੱਫ ਦੇ ਝੰਡੇ ਥੱਲੇ ਇਕੱਠਾ ਹੋਣਾ ਪਵੇਗਾ।

ਡੈਲੀਗੇਟ ਇਜਲਾਸ ਦੇ ਦੂਜੇ ਸੈਸ਼ਨ ਵਿੱਚ ਵੱਖ ਵੱਖ ਭਰਾਤਰੀ ਜਥੇਬੰਦੀਆਂ ਜਿਸ ਵਿੱਚ ਡੇਮੋਕ੍ਰੇਟਿਕ ਯੂਥ ਫਰੰਟ ਆਫ਼ ਇੰਡੀਆ ਦੇ ਏ ਆਈ ਰਹੀਮ, ਆਲ ਇੰਡੀਆ ਯੂਥ ਲੀਗ ਦੇ ਜਗਦੀਸ਼ਰ, ਇਨਕਲਾਬੀ ਨੌਜਵਾਨ ਸਭਾ ਦੇ ਸੁੰਦਰ ਰਾਜਨ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਸਕੱਤਰ ਦਿਨੇਸ਼, ਕੌਮੀ ਪ੍ਰਧਾਨ ਵਿਰਾਜ ਦਿਵਾਂਗ, ਆਲ ਇੰਡੀਆ ਕਿਸਾਨ ਸਭਾ ਦੇ ਵੈਣਕਾਇਆ, ਐਨ ਐਫ ਆਈ ਡਬਲਯੂ ਦੇ ਨਿਸ਼ਾ ਸਿੱਧੂ ਅਤੇ ਏਟਕ ਦੇ ਡੀ ਵੀ ਵੀ ਕੁੰਡਲ ਰਾਓ ਸ਼ਾਮਲ ਸਨ। ਇਸ ਮੌਕੇ ਭਰਾਤਰੀ ਜਥੇਬੰਦੀਆਂ ਦੇ ਉਕਤ ਆਗੂਆਂ ਨੇ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਡੈਲੀਗੇਟ ਇਜਲਾਸ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ। ਆਗੂਆਂ ਨੇ ਕਿਹਾ ਕਿ ਦੇਸ਼ ਵਿੱਚ ਲਗਾਤਾਰ ਵਧ ਰਹੇ ਫਾਸ਼ੀਵਾਦ, ਬੇਲਗਾਮ ਬੇਰੁਜ਼ਗਾਰੀ ਅਤੇ ਫਿਰਕਾਪ੍ਰਸਤੀ ਨੂੰ ਠੱਲ੍ਹ ਪਾਉਣ ਲਈ ਦੇਸ਼ ਵਿੱਚ ਵੱਖ-ਵੱਖ ਨੌਜਵਾਨ ਜਥੇਬੰਦੀਆਂ ਨੂੰ ਸਾਂਝੇ ਫਰੰਟ ਦੇ ਝੰਡੇ ਥੱਲੇ ਸੰਘਰਸ਼ ਤੇਜ਼ ਕਰਨੇ ਚਾਹੀਦੇ ਹਨ ਤਾਂ ਹੀ ਇਸ ਮਾੜੇ ਹਾਲਾਤ ਨੂੰ ਬਦਲਿਆ ਜਾਂ ਸਕਦਾ ਹੈ। ਇਸ ਮੌਕੇ ਪੰਜਾਬ ਡੈਲੀਗੇਸ਼ਨ ਦੇ ਸਾਥੀਆਂ ਵੱਲੋਂ ਸੁਖਵਿੰਦਰ ਕੁਮਾਰ ਮਲੋਟ, ਗੁਰਜੀਤ ਕੌਰ ਸਰਦੂਲਗੜ੍ਹ ਅਤੇ ਹਰਭਜਨ ਛੱਪੜੀ ਵਾਲਾ ਦੀ ਅਗਵਾਈ ਹੇਠ ਪੰਜਾਬ ਦੀਆਂ ਸਰਗਰਮੀਆਂ ਨੂੰ ਦਰਸਾਉਂਦੀ ਫੋਟੋ ਪ੍ਰਦਰਸ਼ਨੀ ਅਤੇ ਬਨੇਗਾ ਟੀ ਸ਼ਰਟਾਂ ਅਤੇ ਕਿਤਾਬਾਂ ਦੀ

• ਬਾਕੀ ਸਫਾ 10 'ਤੇ

## ਕੇਜਰੀਵਾਲ ਤੇ ਮਾਨ ਨੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜੰਗ 'ਚ ਯੋਧੇ ਬਣਨ ਲਈ ਸਹੁੰ ਚੁਕਾਈ



**ਲੰਗੜੋਆ (ਐੱਸ ਬੀ ਐੱਸ ਨਗਰ)**

ਆਮ ਆਦਮੀ ਨੂੰ ਨਸ਼ਿਆਂ ਵਿਰੁੱਧ ਜੰਗ ਦਾ ਅਨਿੱਖੜਵਾਂ ਅੰਗ ਬਣਾਉਣ ਦੀ ਕੋਸ਼ਿਸ਼ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸ਼ੁੱਕਰਵਾਰ ਨੂੰ ਸੂਬੇ ਦੇ ਵਸਨੀਕਾਂ ਨੂੰ ਨਸ਼ਿਆਂ ਵਿਰੁੱਧ ਲੜਾਈ ਵਿੱਚ ਯੋਧੇ ਬਣਨ ਦੀ ਸਹੁੰ ਚੁਕਾਈ।ਇੱਥੇ ਇਕ ਸਮਾਗਮ ਵਿੱਚ ਮੁੱਖ ਮੰਤਰੀ ਨੇ ਸਹੁੰ ਚੁਕਾਉਂਦੇ ਹੋਏ ਨਸ਼ਿਆਂ ਵਿਰੁੱਧ ਜੰਗ ਵਿੱਚ ਲੋਕਾਂ ਦੇ ਪੂਰਨ ਸਮਰਥਨ ਅਤੇ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲਾਹਨਤ ਸੂਬੇ ਦੇ ਚਿਹਰੇ 'ਤੇ ਇਕ ਧੱਬਾ ਹੈ ਅਤੇ ਇਸ ਲਾਹਨਤ ਨੂੰ ਮਿਟਾਉਣ ਲਈ ਸੂਬਾ ਸਰਕਾਰ ਨੂੰ ਰਣਨੀਤੀ ਬਣਾਉਣ ਵਿੱਚ ਦੋ ਸਾਲਾਂ ਤੋਂ ਵੱਧ ਸਮਾਂ ਲੱਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਗਈ ਹੈ ਅਤੇ ਅਜਿਹੇ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਡੱਕ ਦਿੱਤਾ ਗਿਆ, ਨਸ਼ਾ ਪੀੜਤਾਂ ਦਾ ਮੁੜ-ਵਸੇਬਾ ਯਕੀਨੀ ਬਣਾਇਆ ਗਿਆ ਅਤੇ ਇੱਥੋਂ ਤੱਕ ਕਿ ਨਸ਼ਾ ਤਸਕਰਾਂ ਦੀ ਜਾਇਦਾਦ ਵੀ ਜ਼ਬਤ ਕਰ ਕੇ ਨਸ਼ਟ ਕੀਤੀ ਗਈ।

ਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਇਸ ਪਿੰਡ ਨੇ ਪੁਲਸ ਨੂੰ ਪੂਰਾ ਸਹਿਯੋਗ ਦੇਣ ਤੋਂ ਬਾਅਦ ਆਪਣੇ ਆਪ ਨੂੰ ਨਸ਼ਾ ਮੁਕਤ ਐਲਾਨਿਆ ਹੈ, ਉਸੇ ਤਰ੍ਹਾਂ ਇਸ ਨੂੰ ਸੂਬੇ ਦੇ ਹੋਰ ਹਿੱਸਿਆਂ ਵਿੱਚ ਵੀ ਦੁਹਰਾਇਆ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਦੇਖ ਕੇ ਖ਼ੁਸ਼ੀ ਹੁੰਦੀ ਹੈ ਕਿ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਹਿੱਸਾ ਲੈ ਰਹੀਆਂ ਹਨ, ਜੋ ਚੰਗਾ ਸੰਕੇਤ ਹੈ। ਉਨ੍ਹਾ ਕਿਹਾ ਕਿ ਜੇ ਔਰਤਾਂ ਕਿਸੇ ਵੀ ਖ਼ਤਰੇ ਨੂੰ ਖ਼ਤਮ ਕਰਨ ਲਈ ਇੰਨੀ ਵੱਡੀ ਪੱਧਰ 'ਤੇ ਲਾਮਬੰਦ ਹੁੰਦੀਆਂ ਹਨ ਤਾਂ ਇਹ ਬਹੁਤ ਜਲਦੀ ਖ਼ਤਮ ਹੋ ਜਾਵੇਗਾ।

ਕੇਜਰੀਵਾਲ ਨੇ ਲੋਕਾਂ ਦੇ ਸਰਗਰਮ ਸਮਰਥਨ ਨਾਲ ਨਸ਼ਿਆਂ ਵਿਰੁੱਧ ਜੰਗ ਨੂੰ ਪਿੰਡ ਅਤੇ ਗਲੀ ਪੱਧਰ 'ਤੇ ਲੈ ਜਾਣ ਦਾ ਐਲਾਨ ਕੀਤਾ।ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ ਅਤੇ ਹੁਣ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਵਿੱਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਹੋ ਜਾਵੇਗਾ।ਉਨ੍ਹਾ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਤਹਿਤ ਸੂਬੇ ਦੇ ਹਰ ਪਿੰਡ ਅਤੇ ਕਸਬੇ ਤੱਕ ਪਹੁੰਚ ਕੀਤੀ ਜਾਵੇਗੀ ਤਾਂ ਜੋ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਾਮਲ ਕਰ ਕੇ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਇਆ ਜਾ ਸਕੇ। ਉਨ੍ਹਾ ਸਪੱਸ਼ਟ ਤੌਰ 'ਤੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਪੰਜਾਬ ਨਾ ਸਿਰਫ਼ ਨਸ਼ਾ ਮੁਕਤ ਹੋਵੇਗਾ, ਸਗੋਂ ਹਰ ਪੱਖ ਤੋਂ ਦੇਸ਼ ਦਾ ਮੋਹਰੀ ਸੂਬਾ ਵੀ ਬਣੇਗਾ।ਉਨ੍ਹਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੂੰ ਯੁੱਧ ਨਸ਼ਿਆਂ ਵਿਰੁੱਧ ਦੀ ਸ਼ਾਨਦਾਰ ਸਫ਼ਲਤਾ ਲਈ ਵਧਾਈ ਦਿੱਤੀ। ਉਨ੍ਹਾ ਕਿਹਾ ਕਿ ਇਹ ਬਹੁਤ ਖ਼ੁਸ਼ੀ ਦੀ ਗੱਲ ਹੈ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਜਿਹੜੇ ਪਿੰਡ ਨਸ਼ੇ ਦੇ ਕੇਂਦਰ ਸਨ, ਹੁਣ ਨਸ਼ਿਆਂ ਤੋਂ ਮੁਕਤ ਹੋ ਰਹੇ ਹਨ। ਕੇਜਰੀਵਾਲ ਨੇ ਕਿਹਾ ਕਿ ਪਹਿਲਾਂ ਬਾਲੀਵੁੱਡ ਫਿਲਮਾਂ ਨਸ਼ਿਆਂ ਦੀ ਦਲਦਲ ਦੇ ਹਾਲਾਤ 'ਤੇ ਬਣਨ ਲੱਗ ਗਈਆਂ ਸਨ, ਹੁਣ ਸਮਾਂ ਬਦਲ ਗਿਆ ਹੈ ਅਤੇ ਸੂਬੇ ਦੇ ਨੌਜਵਾਨ ਖੇਡਾਂ ਦੇ ਖੇਤਰ ਵਿੱਚ ਨਾਮਣਾ ਖੱਟ ਰਹੇ ਹਨ।ਉਨ੍ਹਾ ਕਿਹਾ ਕਿ ਪਹਿਲਾਂ ਪਿਛਲੀਆਂ ਸਰਕਾਰਾਂ ਦੇ ਮੰਤਰੀ ਨਸ਼ੇ ਦੇ ਸੌਦਾਗਰਾਂ ਦੀ ਸਰਪ੍ਰਸਤੀ ਕਰਦੇ ਸਨ ਅਤੇ ਇੱਥੋਂ ਤੱਕ ਕਿ ਆਪਣੀਆਂ ਸਰਕਾਰੀ ਗੱਡੀਆਂ ਵਿੱਚ ਨਸ਼ੇ ਵੇਚਦੇ/ਸਪਲਾਈ ਕਰਦੇ ਸਨ। ਹੁਣ ਪੁਲਸ ਵੱਲੋਂ ਕੁਇੰਟਲਾਂ ਦੀ ਮਾਤਰਾ ਵਿੱਚ ਨਸ਼ੇ ਜ਼ਬਤ ਕੀਤੇ ਜਾ ਰਹੇ ਹਨ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਤਾਂ ਜੋ ਹੋਰ ਅਪਰਾਧੀਆਂ ਲਈ ਮਿਸਾਲ ਕਾਇਮ ਕੀਤੀ ਜਾ ਸਕੇ। ਉਨ੍ਹਾ ਕਿਹਾ ਕਿ ਪਹਿਲਾਂ ਦੇ ਸਮੇਂ ਦੇ ਉਲਟ ਜਦੋਂ ਨਸ਼ੇ ਦੇ ਸੌਦਾਗਰਾਂ ਨੂੰ ਸਰਕਾਰ ਵੱਲੋਂ ਬਚਾਇਆ ਜਾਂਦਾ ਸੀ, ਹੁਣ 'ਆਪ' ਸਰਕਾਰ ਵੱਲੋਂ 10,000 ਨਸ਼ਾ ਤਸਕਰ, ਜਿਨ੍ਹਾਂ ਵਿੱਚ 8500 ਵੱਡੀਆਂ ਮੱਛੀਆਂ ਹਨ, ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾ ਕਿਹਾ ਕਿ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਾਉਣ ਲਈ ਸੂਬਾ ਸਰਕਾਰ ਸੂਬੇ ਦੇ ਹਰ ਪਿੰਡ ਵਿੱਚ ਇਕ ਸਟੇਡੀਅਮ ਬਣਾਏਗੀ। ਉਨ੍ਹਾ ਕਿਹਾ ਕਿ ਸੂਬੇ ਵਿੱਚ ਖੇਡਾਂ ਨੂੰ ਵੱਡੇ ਪੱਧਰ 'ਤੇ ਉਤਸ਼ਾਹਤ ਕਰਨ ਲਈ ਸੂਬੇ ਦੇ 3000 ਵੱਡੇ ਪਿੰਡਾਂ ਵਿੱਚ 3000 ਜਿੰਮ ਬਣਾਏ ਜਾਣਗੇ। ਕੇਜਰੀਵਾਲ ਨੇ ਕਿਹਾ ਕਿ ਸੂਬੇ ਨੇ ਪਹਿਲਾਂ ਹੀ ਨੌਜਵਾਨਾਂ ਨੂੰ ਲਗਪਗ 54000 ਨੌਕਰੀਆਂ ਦਿੱਤੀਆਂ ਹਨ ਅਤੇ ਸਰਕਾਰ ਨੇ ਹਰ ਪਿੰਡ ਦੇ ਨੌਜਵਾਨਾਂ ਲਈ ਰੋਜ਼ਗਾਰ ਨੂੰ ਯਕੀਨੀ ਬਣਾਉਣ ਲਈ ਵੱਡੇ ਪੱਧਰ 'ਤੇ ਯੋਜਨਾ ਉਲੀਕੀ ਹੈ।

### ਇਜ਼ਰਾਈਲ ਨੇ 64 ਹੋਰ ਫਲਸਤੀਨੀ ਮਾਰੇ

**ਦੀਰ ਅਲ-ਬਲਾਹ (ਗਾਜ਼ਾ) :** ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਦੇ ਪੱਛਮੀ ਏਸ਼ੀਆ ਦੌਰੇ ਦੇ ਖਾਤਮੇ ਦੌਰਾਨ ਇਜ਼ਰਾਈਲ ਵੱਲੋਂ ਕੀਤੇ ਗਏ ਹਮਲਿਆਂ ਵਿੱਚ ਗਾਜ਼ਾ 'ਚ ਘੱਟੋ-ਘੱਟ 64 ਲੋਕਾਂ ਦੀ ਮੌਤ ਹੋ ਗਈ। ਦੀਰ ਅਲ-ਬਲਾਹ ਦੇ ਬਾਹਰੀ ਇਲਾਕਿਆਂ ਅਤੇ ਖਾਨ ਯੂਨਿਸ ਸ਼ਹਿਰ ਵਿੱਚ ਰਾਤ ਭਰ ਤੋਂ ਲੈ ਕੇ ਸ਼ੁੱਕਰਵਾਰ ਸਵੇਰੇ ਤੱਕ ਹਮਲੇ ਕੀਤੇ ਗਏ। ਗਾਜ਼ਾ ਦੇ ਸਿਹਤ ਮੰਤਰਾਲੇ ਦੇ ਅਨੁਸਾਰ ਪਿਛਲੇ ਕੁਝ ਦਿਨਾਂ ਤੋਂ ਜਾਰੀ ਹਮਲਿਆਂ ਵਿਚ 130 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ।

### ਬਾਲੜੀ ਨਾਲ ਛੇੜਛਾੜ ਦੇ ਦੋਸ਼ 'ਚ ਬਜ਼ੁਰਗ ਗ੍ਰਿਫ਼ਤਾਰ

**ਵੈਨਕੂਵਰ :** ਪੀਲ ਪੁਲਸ ਨੇ 78 ਸਾਲਾ ਹਰਮੋਹਿੰਦਰ ਸਿੰਘ ਨੂੰ 12 ਸਾਲ ਤੋਂ ਘੱਟ ਉਮਰ ਦੀ ਬਾਲੜੀ ਨਾਲ ਸਰੀਰਕ ਛੇੜਛਾੜ ਕਰਨ ਦੇ ਦੋਸ਼ਾਂ ਹੇਠ ਗ੍ਰਿਫਤਾਰ ਕੀਤਾ ਹੈ। ਪੁਲਸ ਨੇ ਖਦਸ਼ਾ ਪ੍ਰਗਟਾਇਆ ਹੈ ਕਿ ਹੋਰ ਬਾਲੜੀਆਂ ਵੀ ਉਸ ਤੋਂ ਪੀੜਤ ਹੋ ਸਕਦੀਆਂ ਹਨ, ਜਿਨ੍ਹਾਂ ਨੂੰ ਸ਼ਿਕਾਇਤ ਕਰਨ ਦੀ ਅਪੀਲ ਕੀਤੀ ਗਈ ਹੈ। ਪੁਲਸ ਅਨੁਸਾਰ ਘਟਨਾ ਬਰੈਂਪਟਨ ਦੇ ਬਰੈਮਲੀ ਅਤੇ ਲਾਰਕਪੁਰ ਚੌਂਕ ਨੇੜਲੇ ਗਿਰਫਿਨ ਫੈਮਿਲੀ ਪਾਰਕ ਦੀ ਹੈ, ਜਿੱਥੇ ਉਕਤ ਬਜ਼ੁਰਗ ਨੇ ਤਿੰਨ ਮੌਕਿਆਂ 'ਤੇ ਬਾਲੜੀ ਨਾਲ ਸਰੀਰਕ ਛੇੜਛਾੜ ਕੀਤੀ। ਉਸ ਵਿਰੁੱਧ ਅੱਲ੍ਹੜ ਉਮਰ ਦੀ ਬੱਚੀ ਨਾਲ ਗੈਰਮਨੁੱਖੀ ਛੇੜਛਾੜ ਦੇ ਤਿੰਨ ਦੋਸ਼ ਆਇਦ ਕੀਤੇ ਗਏ ਹਨ। ਅਗਲੇ ਦਿਨਾਂ ਵਿੱਚ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਏਗਾ।

### ਪੁੰਛ ਦੇ ਲੜਾਈ ਪੀੜਤ ਚਾਰ ਸਿੱਖ ਪਰਵਾਰਾਂ ਦੀ ਮਦਦ

**ਅੰਮ੍ਰਿਤਸਰ :** ਭਾਰਤ-ਪਾਕਿਸਤਾਨ ਲੜਾਈ ਦੌਰਾਨ ਜੰਮੂ-ਕਸ਼ਮੀਰ ਦੇ ਪੁੰਛ ਵਿੱਚ ਹੋਏ ਹਮਲੇ 'ਚ ਮਾਰੇ ਗਏ ਚਾਰ ਸਿੱਖਾਂ ਦੇ ਪਰਵਾਰਾਂ ਨੂੰ ਸ਼ੁੱਕਰਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ 5-5 ਲੱਖ ਰੁਪਏ ਦੀ ਮਾਲੀ ਸਹਾਇਤਾ ਦੇ ਚੈੱਕ ਦਿੱਤੇ ਗਏ ਹਨ। ਐਡਵੋਕੇਟ ਧਾਮੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰਾਂ ਦਾ ਇੱਕ ਵਫਦ ਪੁੰਛ ਵਿਖੇ ਰਾਗੀ ਭਾਈ ਅਮਰੀਕ ਸਿੰਘ ਨਮਿਤ ਭੋਗ ਤੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਪੁੱਜਾ ਸੀ। ਪਾਕਿਸਤਾਨੀ ਹਮਲੇ ਸਮੇਂ ਰਣਜੀਤ ਸਿੰਘ, ਰਾਗੀ ਭਾਈ ਅਮਰੀਕ ਸਿੰਘ, ਸਾਬਕਾ ਫੌਜੀ ਅਮਰਜੀਤ ਸਿੰਘ ਅਤੇ ਬੀਬੀ ਬਲਵਿੰਦਰ ਕੌਰ (ਚਾਰੇ ਵਾਸੀ ਪੁਣਛ) ਦੀ ਮੌਤ ਹੋ ਗਈ ਸੀ। ਜ਼ਖਮੀ ਹੋਣ ਵਾਲੇ ਗੁਰਮੀਤ ਸਿੰਘ ਅਤੇ ਉਸ ਦਾ ਪੁੱਤਰ ਅੰਮ੍ਰਿਤਸਰ ਵਿੱਚ ਇੱਕ ਨਿੱਜੀ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ ਅਤੇ ਉਨ੍ਹਾਂ ਨੂੰ ਵੀ ਸ਼੍ਰੋਮਣੀ ਕਮੇਟੀ ਵੱਲੋਂ ਹਰ ਸੰਭਵ ਸਹਾਇਤਾ ਦੀ ਪੇਸ਼ਕਸ਼ ਕੀਤੀ ਗਈ ਹੈ।

## ਗੁਜਰਾਤ ਸਮਾਚਾਰ ਦਾ ਮਾਲਕ ਗ੍ਰਿਫਤਾਰ



**ਅਹਿਮਦਾਬਾਦ :** ਈ ਡੀ ਸਰਕਰਦਾ ਗੁਜਰਾਤੀ ਅਖਬਾਰ 'ਗੁਜਰਾਤ ਸਮਾਚਾਰ' ਦੇ ਮਾਲਕਾਂ ਵਿੱਚੋਂ ਇਕ ਬਾਹੂਬਲੀ ਸ਼ਾਹ ਨੂੰ ਮਾਲਕਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਦੌਰਾਨ ਹਿਰਾਸਤ ਵਿੱਚ ਲਿਆ ਹੈ।

ਬਾਹੂਬਲੀ ਸ਼ਾਹ ਲੋਕ ਪ੍ਰਕਾਸ਼ਨ ਲਿਮਟਿਡ ਦੇ ਡਾਇਰੈਕਟਰਾਂ ਵਿੱਚੋਂ ਇਕ ਹੈ, ਜਿਸ ਕੋਲ ਗੁਜਰਾਤ ਸਮਾਚਾਰ ਦੀ ਮਾਲਕੀ ਹੈ। ਸ਼ਾਹ ਦਾ ਵੱਡਾ ਭਰਾ ਸ਼੍ਰੇਯਾਂਸ ਸ਼ਾਹ ਰੋਜ਼ਨਮਾਚੇ ਦਾ ਮੈਨੇਜਿੰਗ ਐਡੀਟਰ ਹੈ। ਗੁਜਰਾਤ ਸਮਾਚਾਰ ਟੀ ਵੀ (ਜੀ ਐੱਸ ਟੀ ਵੀ) ਦੀਆਂ ਡਿਜੀਟਲ ਸੇਵਾਵਾਂ ਦੇ ਮੁਖੀ ਤੁਸ਼ਾਰ ਦਵੇ ਨੇ ਕਿਹਾ ਕਿ ਈ ਡੀ ਨੇ ਬਾਹੂਬਲੀ ਸ਼ਾਹ ਨੂੰ ਸ਼ੁੱਕਰਵਾਰ ਵੱਡੇ ਤੜਕੇ ਹਿਰਾਸਤ ਵਿੱਚ ਲਿਆ ਹੈ। ਜੀ ਐੱਸ ਟੀ ਵੀ ਗੁਜਰਾਤੀ ਨਿਊਜ਼ ਚੈਨਲ ਹੈ, ਜਿਸ ਨੂੰ ਸ਼੍ਰੇਯਾਂਸ ਸ਼ਾਹ ਚਲਾਉਂਦਾ ਹੈ। ਦਵੇ ਨੇ ਇੱਕ ਫੇਸਬੁੱਕ ਪੋਸਟ ਵਿੱਚ ਕਿਹਾ ਕਿ ਈ ਡੀ ਸ਼ਾਹ ਨੂੰ ਪਹਿਲਾਂ ਵੀ ਐੱਸ ਹਸਪਤਾਲ ਲੈ ਕੇ ਗਈ ਤੇ ਮਗਰੋਂ ਸਿਹਤ ਵਿਗੜਨ 'ਤੇ ਸ਼ਹਿਰ ਦੇ ਜ਼ਾਇਡਸ ਹਸਪਤਾਲ ਤਬਦੀਲ ਕੀਤਾ ਗਿਆ। ਈ ਡੀ ਨੇ ਅਜੇ ਤੱਕ ਆਪਣੀ ਇਸ ਕਾਰਵਾਈ ਪਿਛਲੇ ਕਾਰਨਾਂ ਬਾਰੇ ਕੋਈ ਬਿਆਨ ਨਹੀਂ ਦਿੱਤਾ ਹੈ। ਗੁਜਰਾਤ ਕਾਂਗਰਸ ਦੇ ਪ੍ਰਧਾਨ ਜਿਗਨੇਸ਼ ਮੇਵਾਨੀ ਨੇ ਈ ਡੀ ਨੂੰ ਭੰਡਦੇ ਹੋਏ ਕਿਹਾ ਕਿ ਗੁਜਰਾਤ ਸਮਾਚਾਰ ਤੇ ਇਸ ਦੇ ਮਾਲਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਕਿਉਂਕਿ ਇਹ ਅਖਬਾਰ ਪਿਛਲੇ 25 ਸਾਲਾਂ ਤੋਂ ਕੇਂਦਰ ਸਰਕਾਰ ਬਾਰੇ ਅਹਿਮ ਰਿਪੋਰਟਾਂ ਪ੍ਰਕਾਸ਼ਤ ਕਰ ਰਿਹਾ ਹੈ।

## ਪਹਿਲੀਆਂ ਤਿੰਨੇ ਪੁਜ਼ੀਸ਼ਨਾਂ ਕੁੜੀਆਂ ਦੀਆਂ ਤੇ 100/100 ਨਾਲ!



ਅਕਸ਼ਨੂਰ   ਰਤਿੰਦਰਦੀਪ ਕੌਰ   ਅਰਸ਼ਦੀਪ ਕੌਰ

**ਮੁਹਾਲੀ (ਗੁਰਜੀਤ ਬਿੱਲਾ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸ਼ੁੱਕਰਵਾਰ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚ ਇਸ ਵਾਰ ਵੀ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਕੁੜੀਆਂ ਨੇ ਹਾਸਲ ਕੀਤੀਆਂ ਹਨ ਅਤੇ ਤਿੰਨਾਂ ਵਿਦਿਆਰਥਣਾਂ ਨੇ 100 ਫੀਸਦੀ ਅੰਕ ਲੈ ਕੇ ਇਤਿਹਾਸ ਰਚਿਆ ਹੈ। ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਕੋਟ ਸੁਖੀਆ (ਫਰੀਦਕੋਟ) ਦੀ ਵਿਦਿਆਰਥਣ ਅਕਸ਼ਨੂਰ ਪੁੱਤਰੀ ਪਰਜੀਤ ਸਿੰਘ ਨੇ (650/650)100 ਫੀਸਦੀ ਅੰਕ ਲੈ ਕੇ ਪੰਜਾਬ ਭਰ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ, ਜਦੋਂਕਿ ਬਾਬਾ ਫਰੀਦ ਪਬਲਿਕ ਛੱਤਿਆਣਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ (ਸ੍ਰੀ ਮੁਕਤਸਰ ਸਾਹਿਬ) ਦੀ ਰਤਿੰਦਰਦੀਪ ਕੌਰ ਪੁੱਤਰੀ ਨਿਰਮਲ ਸਿੰਘ ਨੇ (650/650)100 ਫੀਸਦੀ ਅੰਕਾਂ ਨਾਲ ਦੂਜਾ ਅਤੇ ਰਾਮ ਸਰੂਪ ਮੈਮੋਰੀਅਲ ਸੈਕੰਡਰੀ ਸਕੂਲ ਚੌਂਦਾ (ਮਾਲੇਰਕੋਟਲਾ) ਦੀ ਅਰਸ਼ਦੀਪ ਕੌਰ ਪੁੱਤਰੀ ਕੁਲਵਿੰਦਰ ਸਿੰਘ ਨੇ ਵੀ (650/650)100 ਫੀਸਦੀ ਨਾਲ ਤੀਜਾ ਸਥਾਨ ਹਾਸਲ ਕੀਤਾ ਹੈ।

## 85 ਕਿੱਲੋ ਹੈਰੋਇਨ ਬਰਾਮਦ

**ਤਰਨਤਾਰਨ :** ਪੰਜਾਬ ਪੁਲਸ ਨੇ ਪਾਕਿਸਤਾਨ ਅਧਾਰਤ ਤੇ ਆਈ ਐੱਸ ਆਈ ਦੀ ਸਰਪ੍ਰਸਤੀ ਵਾਲੇ ਨਸ਼ਾ ਤਸਕਰੀ ਗਰੋਹ ਦਾ ਪਰਦਾਫਾਸ਼ ਕਰਦਿਆਂ ਇਸ ਦੇ ਇੱਕ ਭਾਰਤੀ ਅਪਰੇਟਰ ਨੂੰ ਕਾਬੂ ਕਰਕੇ 85 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ। ਐੱਸ ਐੱਸ ਪੀ ਅਭਿਮੰਨਿਊ ਰਾਣਾ ਨੇ ਦੱਸਿਆ ਕਿ ਫੜਿਆ ਗਿਆ ਤਸਕਰ ਅਮਰਜੋਤ ਸਿੰਘ ਜੋਤਾ ਸੰਧੂ ਹੈ। ਇਸ ਗਰੋਹ ਦਾ ਸਰਗਨਾ ਇੰਗਲੈਂਡ ਬੈਠਾ ਲਾਲੀ ਹੈ, ਜਿਹੜਾ ਪਾਕਿਸਤਾਨ ਸਥਿਤ ਆਪਣੇ ਸਾਥੀਆਂ ਨਾਲ ਮਿਲ ਕੇ ਨਸ਼ਿਆਂ ਦਾ ਕਾਰੋਬਾਰ ਚਲਾ ਰਿਹਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਆਪਣੇ ਸੋਸ਼ਲ ਮੀਡੀਆ ਖਾਤੇ ਐਕਸ 'ਤੇ ਇਕ ਪੋਸਟ ਵਿਚ ਦੱਸਿਆ ਜੋਤਾ ਸੰਧੂ ਅੰਮ੍ਰਿਤਸਰ ਜ਼ਿਲ੍ਹੇ ਦੇ ਭਿੱਟੇਵੱਢ ਪਿੰਡ ਦਾ ਰਹਿਣ ਵਾਲਾ ਹੈ। ਉਸਨੇ ਹਾਲ ਹੀ ਵਿੱਚ ਸਰਹੱਦ ਪਾਰੋਂ ਤਸਕਰੀ ਰਾਹੀਂ ਨਸ਼ੀਲੇ ਪਦਾਰਥ ਦੀ ਵੱਡੀ ਖੇਪ ਬਰਾਮਦ ਕੀਤੀ ਸੀ, ਜਿਸ ਨੂੰ ਅਗਾਂਹ ਵੱਖ-ਵੱਖ ਥਾਵਾਂ 'ਤੇ ਸਪਲਾਈ ਕੀਤਾ ਜਾਣਾ ਸੀ। ਉਨ੍ਹਾ ਦੱਸਿਆ ਕਿ ਵੀਰਵਾਰ ਉਸ ਕੋਲੋਂ ਪੰਜ ਕਿੱਲੋ ਹੈਰੋਇਨ ਬਰਾਮਦ ਹੋਈ ਸੀ ਅਤੇ ਬਾਅਦ ਵਿੱਚ ਉਸਦੇ ਘਰੋਂ ਵਾਸ਼ਿੰਗ ਮਸ਼ੀਨ ਵਿੱਚੋਂ 40 ਕਿੱਲੋ ਹੋਰ ਹੈਰੋਇਨ ਬਰਾਮਦ ਹੋਈ। ਉਸ ਕੋਲੋਂ ਕੀਤੀ ਹੋਰ ਪੁੱਛਗਿਛ ਦੇ ਅਧਾਰ 'ਤੇ ਪਿੰਡ ਸਰਾਏ ਅਮਾਨਤ ਖਾਨ ਨੇੜੇ ਰੱਖ ਸਰਾਏ ਤੋਂ 40 ਕਿੱਲੋ ਹੋਰ ਹੈਰੋਇਨ ਬਰਾਮਦ ਹੋਈ ਹੈ।

## ਅਰਸ਼ੀ ਪਰਵਾਰ ਵੱਲੋਂ ਪਾਰਟੀ ਕਾਂਗਰਸ ਲਈ ਇੱਕ ਲੱਖ ਰੁਪਏ ਦਾ ਚੈੱਕ ਭੇਟ

**ਬਠਿੰਡਾ :** ਭਾਰਤੀ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਅਤੇ ਸਾਬਕਾ ਵਿਦਿਆਰਥੀ ਤੇ ਇਸਤਰੀ ਸਭਾ ਆਗੂ ਦਲਜੀਤ ਕੌਰ ਅਰਸ਼ੀ ਨੇ ਸਮੁੱਚੇ ਅਰਸ਼ੀ ਪਰਵਾਰ ਵੱਲੋਂ ਸਤੰਬਰ ਮਹੀਨੇ ਵਿੱਚ ਚੰਡੀਗੜ੍ਹ ਵਿਖੇ ਹੋ ਰਹੀ 25ਵੀਂ ਪਾਰਟੀ ਕਾਂਗਰਸ ਦੇ ਪ੍ਰਬੰਧਾਂ ਲਈ ਇੱਕ ਲੱਖ ਰੁਪਏ ਦਾ ਚੈੱਕ ਸੂਬਾ ਪਾਰਟੀ ਬੈਂਕ ਖਾਤੇ ਵਿੱਚ ਜਮ੍ਹਾਂ ਕਰਵਾ ਦਿੱਤਾ ਹੈ।ਸਾਥੀ ਅਰਸ਼ੀ ਜੋ ਇੱਕ ਵੱਡੇ ਉਪਰੇਸ਼ਨ ਉਪਰੰਤ ਤੇਜ਼ੀ ਨਾਲ ਸਿਹਤਯਾਬ ਹੋ ਰਹੇ ਹਨ, ਨੇ ਸਾਡੇ ਬਠਿੰਡਾ ਵਾਲੇ ਪੱਤਰਕਾਰ ਬਖਤੌਰ ਸਿੰਘ ਢਿੱਲੋਂ ਨੂੰ ਦੱਸਿਆ ਕਿ ਪੰਜਾਬ ਪਾਰਟੀ ਲਈ ਇਹ ਮਾਣ ਵਾਲੀ ਤੇ ਗੌਰਵਸ਼ਾਲੀ ਗੱਲ ਹੈ ਕਿ ਉਸ ਨੂੰ ਚੌਥੀ ਵਾਰ ਪਾਰਟੀ ਕਾਂਗਰਸ ਦੀ ਮਹਿਮਾਨ-ਨਿਵਾਜ਼ੀ ਕਰਨ ਦਾ ਅਵਸਰ ਪ੍ਰਾਪਤ ਹੋ ਰਿਹਾ ਹੈ।

ਪੰਜਾਬ ਦੀ ਸਮੁੱਚੀ ਪਾਰਟੀ ਇਸ ਨੂੰ ਇੱਕ ਬਹੁਤ ਵੱਡੇ ਤਿਉਹਾਰ ਵਜੋਂ ਲੈ ਕੇ

• ਬਾਕੀ ਸਫਾ 10 'ਤੇ



### ਪਾਕਿਸਤਾਨ ਵੱਲੋਂ ਸੰਯੁਕਤ ਗੱਲਬਾਤ ਦੀ ਮੰਗ

**ਇਸਲਾਮਾਬਾਦ :** ਪਾਕਿਸਤਾਨ ਦੇ ਵਿਦੇਸ਼ ਮੰਤਰੀ ਇਸਹਾਕ ਡਾਰ ਨੇ ਵਿਵਾਦਪੂਰਨ ਮੁੱਦਿਆਂ ਨੂੰ ਹੱਲ ਕਰਨ ਲਈ ਭਾਰਤ ਨਾਲ 'ਸੰਯੁਕਤ ਗੱਲਬਾਤ' ਦੀ ਮੰਗ ਕੀਤੀ ਹੈ। ਹਾਲਾਂਕਿ ਭਾਰਤ ਸਪੱਸ਼ਟ ਕਰ ਚੁੱਕਾ ਹੈ ਕਿ ਉਹ ਪਾਕਿਸਤਾਨ ਨਾਲ ਸਿਰਫ ਮਕਬੂਜ਼ਾ ਕਸ਼ਮੀਰ ਦੀ ਵਾਪਸੀ ਅਤੇ ਦਹਿਸ਼ਤਗਰਦੀ ਦੇ ਮੁੱਦੇ 'ਤੇ ਗੱਲਬਾਤ ਕਰੇਗਾ।

ਸੈਨੇਟ ਨੂੰ ਸੰਬੋਧਨ ਕਰਦੇ ਹੋਏ ਡਾਰ ਨੇ ਕਿਹਾ ਕਿ ਭਾਰਤ ਨਾਲ ਗੋਲੀਬੰਦੀ 18 ਮਈ ਤੱਕ ਵਧਾ ਦਿੱਤੀ ਗਈ ਹੈ, ਪਰ ਦੋਵਾਂ ਦੇਸ਼ਾਂ ਵਿਚਕਾਰ ਸਮੱਸਿਆਵਾਂ ਨੂੰ ਹੱਲ ਕਰਨ ਲਈ ਠੋਕ ਇੱਕ ਸਿਆਸੀ ਗੱਲਬਾਤ ਕਰਨੀ ਪਵੇਗੀ। ਡਾਰ ਨੇ ਇਹ ਵੀ ਚੇਤਾਵਨੀ ਦਿੱਤੀ ਕਿ ਸਿੰਧੂ ਜਲ ਸੰਧੀ ਨੂੰ ਗੈਰ-ਕਾਨੂੰਨੀ ਤੌਰ 'ਤੇ ਮੁਅੱਤਲ ਕਰਕੇ ਪਾਕਿਸਤਾਨ ਦੇ ਪਾਣੀ ਨੂੰ ਰੋਕਣ ਦੀ ਕਿਸੇ ਵੀ ਕੋਸ਼ਿਸ਼ ਨੂੰ ਜੰਗ ਦੀ ਕਾਰਵਾਈ ਮੰਨਿਆ ਜਾਵੇਗਾ।

## ਕੁੱਤਿਆਂ ਤੋਂ ਬਚਦਾ ਤੇਂਦੂਆ ਦਰੱਖਤ 'ਤੇ ਚੜ੍ਹਿਆ



**ਨੰਗਲ :** ਭਾਖੜਾ ਰੋਡ 'ਤੇ ਸ਼ੁੱਕਰਵਾਰ ਸਵੇਰੇ ਤੇਂਦੂਆ ਦਰੱਖਤ 'ਤੇ ਫਸਿਆ ਮਿਲਿਆ, ਜਿਸ ਕਾਰਨ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ। ਤੇਂਦੂਆ ਵੀਰਵਾਰ ਰਾਤ ਨੂੰ ਆਵਾਰਾ ਕੁੱਤਿਆਂ ਦੇ ਹਮਲੇ ਤੋਂ ਬਚਣ ਲਈ ਦਰੱਖਤ 'ਤੇ ਚੜ੍ਹ ਗਿਆ ਸੀ, ਪਰ ਹੇਠਾਂ ਨਹੀਂ ਉੱਤਰ ਸਕਿਆ। ਤੇਂਦੂਏ ਨੇ ਬੀਤੀ ਰਾਤ ਇਲਾਕੇ ਵਿੱਚ ਇਕ ਕੁੱਤੇ ਨੂੰ ਮਾਰ ਦਿੱਤਾ ਸੀ, ਜਿਸ ਤੋਂ ਬਾਅਦ ਆਵਾਰਾ ਕੁੱਤਿਆਂ ਨੇ ਉਸ 'ਤੇ ਹਮਲਾ ਕਰ ਦਿੱਤਾ। ਜਾਨ ਬਚਾਉਣ ਲਈ ਤੇਂਦੂਆ ਭੱਜ ਕੇ ਨੇੜਲੇ ਦਰੱਖਤ 'ਤੇ ਚੜ੍ਹ ਗਿਆ। ਜਾਨਵਰਾਂ ਦੀ ਸੁਰੱਖਿਆ ਨਾਲ ਜੁੜੇ ਕਾਰਕੁੰਨ ਪ੍ਰਭਾਤ ਭੱਟੀ ਨੇ ਦੱਸਿਆ ਕਿ ਇਹ ਲਗਭਗ ਡੇਢ ਸਾਲ ਦਾ ਤੇਂਦੂਆ ਹੈ ਅਤੇ ਤਣਾਅ ਵਿੱਚ ਹੈ, ਮੌਕੇ 'ਤੇ ਇਕੱਠੀ ਹੋਈ ਭੀੜ ਕਾਰਨ ਉਸ ਦੀ ਹਾਲਤ ਹੋਰ ਖਰਾਬ ਹੋ ਰਹੀ ਹੈ। ਜੰਗਲਾਤ ਵਿਭਾਗ ਨੇ ਉਸਨੂੰ ਸੁਰੱਖਿਅਤ ਬਚਾਉਣ ਲਈ ਉਸ ਨੂੰ ਬੇਹੋਸ਼ ਕਰਕੇ ਜੰਗਲ 'ਚ ਛੱਡਣ ਦਾ ਫੈਸਲਾ ਕੀਤਾ।

## ਅੱਜ-ਨਾਮਾ

ਸਖਤ ਕੁਝ ਲੱਗਦਾ ਹੈ ਰੁਖ ਅਦਾਲਤਾਂ ਦਾ,
ਮਿਲਦੀ ਦੋਸ਼ੀਆਂ ਨੂੰ ਨਹੀਂ ਜੀ ਢਿੱਲ ਬੇਲੀ।
ਟਾਲਣਾ ਚਾਹੁੰਦੀ ਹੈ ਕੇਸ ਸਰਕਾਰ ਜਿਹੜਾ,
ਲੱਥਦੀ ਉਹਦੀ ਫਿਰ ਵਾਲ ਦੀ ਛਿੱਲ ਬੇਲੀ।
ਮਿਲਦੀ ਕੇਸਾਂ ਦੀ ਰਾਹਤ ਨਹੀਂ ਖਾਸ ਕੋਈ,
ਲਾਉਂਦੇ ਈ ਬੜਾ ਵਕੀਲ ਜਦ ਟਿੱਲ ਬੇਲੀ।
ਕਈ ਤਾਂ ਏਦਾਂ ਦੇ ਹੁਕਮ ਹਨ ਆਈ ਜਾਂਦੇ,
ਜਾਂਦੀ ਸਰਕਾਰ ਹੈ ਬੁਰੀ ਤਰ੍ਹਾਂ ਹਿੱਲ ਬੇਲੀ।
ਫਿਰ ਵੀ ਖਾਸ ਨਹੀਂ ਕਦੇ ਸੁਧਾਰ ਦੀਂਹਦਾ,
ਲੀਡਰ ਬੇਸ਼ਰਮ ਆ ਕੋਈ ਕੀ ਕਹੇ ਬੇਲੀ।
ਹੁਕਮ ਕੋਰਟ ਦਾ ਕਹਿੰਦੇ ਹਨ ਸਿਰ-ਮੱਥੇ,
ਪਰਨਾਲਾ ਓਦਾਂ ਦਾ ਓਦਾਂ ਬੱਸ ਰਹੇ ਬੇਲੀ।

-ਤੀਸ ਮਾਰ ਖਾਂ

## ਟਰੇਲਰ ਦਿਖਾਇਆ, ਪਿਕਚਰ ਵੀ ਦਿਖਾ ਦੇਵਾਂਗੇ : ਰਾਜਨਾਥ



**ਭੁੱਜ (ਗੁਜਰਾਤ) :** ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸ਼ੁੱਕਰਵਾਰ ਭੁੱਜ ਏਅਰ ਫੋਰਸ ਸਟੇਸ਼ਨ ਦਾ ਦੌਰਾ ਕਰਕੇ ਭਾਰਤੀ ਹਥਿਆਰਬੰਦ ਬਲਾਂ ਦੀ ਭੂਮਿਕਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾ ਕਿਹਾ ਕਿ ਭਾਰਤੀ ਫੌਜ ਵੱਲੋਂ 'ਅਪ੍ਰੇਸ਼ਨ ਸਿੰਧੂਰ' ਦੌਰਾਨ ਨਿਭਾਈ ਅਸਰਦਾਰ ਭੂਮਿਕਾ ਨੂੰ ਨਾ ਸਿਰਫ ਭਾਰਤ ਵਿੱਚ, ਬਲਕਿ ਵਿਦੇਸ਼ ਵਿਚ ਵੀ ਸਲਾਹਿਆ ਗਿਆ ਹੈ। ਉਨ੍ਹਾ ਕਿਹਾ, "ਅਪ੍ਰੇਸ਼ਨ ਸਿੰਧੂਰ ਅਜੇ ਖਤਮ ਨਹੀਂ ਹੋਇਆ। ਜੋ ਕੁਝ ਵੀ ਹੁਣ ਤੱਕ ਹੋਇਆ, ਉਹ ਮਹਿਜ਼ ਟਰੇਲਰ ਸੀ। ਜਦੋਂ ਸਹੀ ਸਮਾਂ ਆਇਆ, ਅਸੀਂ ਕੁੱਲ ਆਲਮ ਨੂੰ ਪੂਰੀ ਪਿਕਚਰ ਵੀ ਦਿਖਾ ਦੇਵਾਂਗੇ।"

ਰੱਖਿਆ ਮੰਤਰੀ ਨੇ ਕਿਹਾ ਕਿ ਪਾਕਿਸਤਾਨ ਨੂੰ ਕੌਮਾਂਤਰੀ ਮੁਦਰਾ ਫੰਡ ਤੋਂ ਮਿਲਣ ਵਾਲੀ ਰਾਸ਼ੀ ਦਹਿਸ਼ਤੀ ਜਥੇਬੰਦੀਆਂ ਦੀ ਪੁਸ਼ਤਪਨਾਹੀ ਲਈ ਖਰਚੀ ਜਾਵੇਗੀ। ਉਨ੍ਹਾ ਕਿਹਾ, "ਪਾਕਿਸਤਾਨ ਨੂੰ ਇਹ ਵਿੱਤੀ ਮਦਦ ਨਹੀਂ ਦਿੱਤੀ ਜਾਣੀ ਚਾਹੀਦੀ। ਅਸੀਂ ਚਾਹੁੰਦੇ ਹਾਂ ਕਿ ਕੌਮਾਂਤਰੀ ਮੁਦਰਾ ਫੰਡ ਇਸ ਬਾਰੇ ਇੱਕ ਵਾਰ ਫਿਰ ਸੋਚ ਵਿਚਾਰ ਕਰੇ।"

ਏਅਰ ਫੋਰਸ ਸਟੇਸ਼ਨ 'ਤੇ ਭਾਰਤੀ ਹਵਾਈ ਸੈਨਾ ਦੇ ਅਧਿਕਾਰੀਆਂ ਤੇ ਜਵਾਨਾਂ ਨੂੰ ਸੰਬੋਧਨ ਕਰਦਿਆਂ ਰਾਜਨਾਥ ਸਿੰਘ ਨੇ ਕਿਹਾ ਕਿ ਹਥਿਆਰਬੰਦ ਫੌਜਾਂ ਨੇ ਨਾ ਸਿਰਫ ਦੁਸ਼ਮਣ 'ਤੇ ਕਾਬੂ ਪਾਇਆ, ਬਲਕਿ ਉਸ ਨੂੰ ਤਬਾਹ ਕਰਨ ਵਿੱਚ ਵੀ ਸਫਲਤਾ ਪ੍ਰਾਪਤ ਕੀਤੀ। ਉਨ੍ਹਾ ਕਿਹਾ, "ਸਾਡੀ ਹਵਾਈ ਫੌਜ ਨੇ ਦਹਿਸ਼ਤਗਰਦੀ ਵਿਰੁੱਧ ਮੁਹਿੰਮ ਦੀ ਪ੍ਰਭਾਵਸ਼ਾਲੀ ਢੰਗ ਨਾਲ ਅਗਵਾਈ ਕੀਤੀ। ਸਾਡੀ ਹਵਾਈ ਫੌਜ ਨੇ ਆਪਣੀ ਬਹਾਦਰੀ, ਹਿੰਮਤ ਅਤੇ ਸ਼ਾਨ ਨਾਲ ਨਵੀਆਂ ਅਤੇ ਵੱਡੀਆਂ ਉਚਾਈਆਂ ਨੂੰ ਛੂਹਿਆ ਹੈ।"

ਉਨ੍ਹਾ ਕਿਹਾ, "ਇਹ ਛੋਟੀ ਗੱਲ ਨਹੀਂ ਹੈ ਕਿ ਸਾਡੀ ਹਵਾਈ ਫੌਜ ਪਾਕਿਸਤਾਨ ਦੇ ਹਰ ਕੋਨੇ ਤੱਕ ਪਹੁੰਚਣ ਦੀ ਸਮਰੱਥਾ ਰੱਖਦੀ ਹੈ ਤੇ ਉਸ ਨੇ ਇਹ ਸਾਬਤ ਵੀ ਕੀਤਾ ਹੈ। ਪੂਰੀ ਦੁਨੀਆ ਨੇ ਦੇਖਿਆ ਹੈ ਕਿ ਕਿਵੇਂ ਸਾਡੀ ਫੌਜ ਨੇ ਪਾਕਿਸਤਾਨੀ ਧਰਤੀ 'ਤੇ ਨੌਂ ਦਹਿਸ਼ਤੀ ਟਿਕਾਣਿਆਂ ਨੂੰ ਤਬਾਹ ਕੀਤਾ। ਉਨ੍ਹਾਂ ਦੇ (ਪਾਕਿਸਤਾਨ) ਬਹੁਤ ਸਾਰੇ ਹਵਾਈ ਅੱਡੇ ਅਸੀਂ ਤਬਾਹ ਕਰ ਦਿੱਤੇ। ਪਾਕਿਸਤਾਨ ਨੇ ਖੁਦ ਬ੍ਰਹਮੋਸ ਮਿਜ਼ਾਈਲ ਦੀ ਸ਼ਕਤੀ ਨੂੰ ਸਵੀਕਾਰ ਕੀਤਾ ਹੈ।"

ਕਾਬਿਲੇਗੌਰ ਹੈ ਕਿ ਗੁਜਰਾਤ ਦਾ ਭੁੱਜ ਏਅਰ ਫੋਰਸ ਸਟੇਸ਼ਨ ਉਨ੍ਹਾਂ ਕੁਝ ਟਿਕਾਣਿਆਂ ਵਿਚ ਸ਼ੁਮਾਰ ਸੀ, ਜਿਸ ਨੂੰ ਪਾਕਿਸਤਾਨੀ ਫੌਜ ਨੇ ਪਿਛਲੇ ਹਫਤੇ ਨਿਸ਼ਾਨਾ ਬਣਾਇਆ ਸੀ। ਇਸ ਤੋਂ ਪਹਿਲਾਂ ਰਾਜਨਾਥ ਸਿੰਘ ਨੇ ਜੰਮੂ ਕਸ਼ਮੀਰ ਵਿੱਚ ਕੰਟਰੋਲ ਰੇਖਾ ਤੇ ਕੌਮਾਂਤਰੀ ਸਰਹੱਦ ਦਾ ਦੌਰਾ ਕੀਤਾ ਸੀ।

## ਮਾਊਂਟ ਐਵਰੈਸਟ 'ਤੇ ਭਾਰਤੀ ਪਰਬਤਰੋਹੀ ਦੀ ਮੌਤ



**ਕਾਠਮੰਡੂ :** ਦੁਨੀਆ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ 'ਤੇ ਮੌਜੂਦਾ ਮਾਰਚ-ਮਈ ਪਰਬਤਰੋਹੀ ਸੀਜ਼ਨ ਦੌਰਾਨ ਦੋ ਪਰਬਤਰੋਹੀਆਂ ਦੀ ਮੌਤ ਹੋ ਗਈ ਹੈ। ਇਨ੍ਹਾਂ ਮ੍ਰਿਤਕਾਂ 'ਚੋਂ ਇੱਕ ਭਾਰਤ ਅਤੇ ਦੂਜਾ ਫਿਲਪੀਨਜ਼ ਤੋਂ ਹੈ। ਇਹ ਜਾਣਕਾਰੀ ਸ਼ੁੱਕਰਵਾਰ ਨੇਪਾਲ ਦੇ ਪਰਬਤਰੋਹੀ ਅਧਿਕਾਰੀਆਂ ਨੇ ਦਿੱਤੀ। 45 ਸਾਲਾ ਭਾਰਤੀ ਪਰਬਤਰੋਹੀ ਸੁਬਰਤ ਘੋਸ਼ ਨੇ ਐਵਰੈਸਟ ਦੇ 8,849 (ਮੀਟਰ) ਉੱਚੇ ਸਿਖਰ ਨੂੰ ਸਫ਼ਲਤਾਪੂਰਵਕ ਫਤਿਹ ਤਾਂ ਕਰ ਲਿਆ, ਪਰ ਵੀਰਵਾਰ ਨੂੰ ਹਿਲੇਰੀ ਸਟੈਪ ਤੋਂ ਥੱਲੇ ਆਉਂਦੇ ਸਮੇਂ ਉਨ੍ਹਾ ਦੀ ਮੌਤ ਹੋ ਗਈ। ਨੇਪਾਲ ਦੇ ਸਨੋਈ ਹੋਰਾਇਜਨ ਟ੍ਰੈਕਰਸ ਐਂਡ ਐਸੋਸੀਏਸ਼ਨ ਕੰਪਨੀ ਦੇ ਅਧਿਕਾਰੀ ਬੋਧਰਾਜ ਭੰਡਾਰੀ ਨੇ ਦੱਸਿਆ ਕਿ ਘੋਸ਼ ਹਿਲੇਰੀ ਸਟੈਪ ਤੋਂ ਥੱਲੇ ਆਉਣ ਲਈ ਤਿਆਰ ਨਹੀਂ ਸਨ, ਉੱਥੇ ਹੀ ਉਨ੍ਹਾ ਦੀ ਮੌਤ ਹੋ ਗਈ। ਉਨ੍ਹਾ ਦੀ ਲਾਸ਼ ਨੂੰ ਬੇਸ ਕੈਂਪ ਤੱਕ ਲਿਆਂਦਾ ਜਾ ਰਿਹਾ ਹੈ। ਮੌਤ ਦਾ ਕਾਰਨ ਪੋਸਟਮਾਰਟਮ ਤੋਂ ਬਾਅਦ ਸਪੱਸ਼ਟ ਹੋਵੇਗਾ। ਹਿਲੇਰੀ ਸਟੈਪ ਨੂੰ 'ਡੈਥ ਜ਼ੋਨ' ਵੀ ਕਿਹਾ ਜਾਂਦਾ ਹੈ। ਇਹ 8,000 ਮੀਟਰ (26,250 ਫੁੱਟ) ਤੋਂ ਉਪਰ ਵਾਲਾ ਇਲਾਕਾ ਹੈ। ਇੱਥੇ ਕੁਦਰਤੀ ਆਕਸੀਜਨ ਦਾ ਪੱਧਰ ਇਨਸਾਨ ਦੇ ਜਿਊਂਦੇ ਰਹਿਣ ਲਈ ਪੂਰਾ ਨਹੀਂ ਹੁੰਦਾ।

ਇਸ ਦੇ ਨਾਲ ਹੀ ਫਿਲਪੀਨਜ਼ ਦੇ 45 ਸਾਲਾ ਪਰਬਤਰੋਹੀ ਫਿਲੀਪ-2 ਸੈਂਟੀਯਾਗੋ ਦੀ ਮੌਤ ਬੁੱਧਵਾਰ ਦੇਰ ਰਾਤ ਸਾਊਥ ਕੋਲ 'ਚ ਹੋਈ। ਨੇਪਾਲ ਸੈਰ ਸਪਾਟੀ ਵਿਭਾਗ ਦੇ ਅਧਿਕਾਰੀ

• ਬਾਕੀ ਸਫਾ 10 'ਤੇ

17-May-PAGE-4.qxd 5/16/2025 9:19 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 17 ਮਈ 2025

# ਮੀਡੀਆ 'ਤੇ ਇੱਕ ਹੋਰ ਹਮਲਾ

*ਭਾਰਤ ਵਿੱਚ ਮੀਡੀਆ 'ਤੇ ਮੰਡਰਾਅ ਰਹੇ ਜ਼ਬਰਦਸਤ ਸੰਕਟ ਦੀ ਇੱਕ ਹੋਰ ਮਿਸਾਲ ਅਖਬਾਰ 'ਗੁਜਰਾਤ ਸਮਾਚਾਰ' ਦੇ ਮਾਲਕ ਬਾਹੂਬਲੀ ਸ਼ਾਹ ਦੀ ਈ ਡੀ ਵੱਲੋਂ ਗ੍ਰਿਫਤਾਰੀ ਨਾਲ ਸਾਹਮਣੇ ਆਈ ਹੈ। 1932 ਵਿੱਚ ਸਥਾਪਤ ਗੁਜਰਾਤ ਸਮਾਚਾਰ ਸੂਬੇ ਦਾ ਸਭ ਤੋਂ ਪੁਰਾਣਾ ਤੇ ਸਰਕਰਦਾ ਅਖਬਾਰ ਹੈ ਅਤੇ ਸਰਕਾਰ ਕਿਸੇ ਵੀ ਪਾਰਟੀ ਦੀ ਹੋਵੇ, ਉਸ ਦੀਆਂ ਖਾਮੀਆਂ ਨੂੰ ਬੇਝਿਜਕ ਉਜਾਗਰ ਕਰਨ ਲਈ ਜਾਣਿਆ ਜਾਂਦਾ ਹੈ। ਦੁਨੀਆ-ਭਰ ਵਿੱਚ ਵਸਦੇ ਗੁਜਰਾਤੀ ਇਸ ਦੇ ਪਾਠਕ ਹਨ। ਬਾਹੂਬਲੀ ਸ਼ਾਹ ਦੇ ਭਰਾ ਤੇ ਅਖਬਾਰ ਦੇ ਚੀਫ ਐਡੀਟਰ ਸ਼੍ਰੇਯਾਂਸ ਸ਼ਾਹ ਮੁਤਾਬਕ ਅਖਬਾਰ ਤੇ ਉਨ੍ਹਾਂ ਦੇ ਟੀ ਵੀ ਨਿਊਜ਼ ਚੈਨਲ ਜੀ ਐੱਸ ਟੀ ਵੀ ਤੇ ਹੋਰ ਅਦਾਰਿਆਂ 'ਤੇ ਇਨਕਮ ਟੈਕਸ ਤੇ ਈ ਡੀ ਵੱਲੋਂ 24 ਥਾਂਵਾਂ 'ਤੇ 36 ਘੰਟੇ ਛਾਪੇਮਾਰੀ ਕਰਨ ਉਪਰੰਤ ਉਨ੍ਹਾ ਦੇ ਭਰਾ ਨੂੰ ਵੀਰਵਾਰ ਦੇਰ ਰਾਤ ਗ੍ਰਿਫਤਾਰ ਕੀਤਾ ਗਿਆ। ਉਨ੍ਹਾ ਨੂੰ ਬ੍ਰੇਨ ਸਟਰੋਕ ਵੀ ਹੋਇਆ ਸੀ ਤੇ ਦਿਲ ਦਾ ਦੌਰਾ ਵੀ ਪੈ ਚੁੱਕਾ ਹੈ ਤੇ ਤਬੀਅਤ ਠੀਕ ਨਹੀਂ ਚੱਲ ਰਹੀ। ਫਿਰ ਵੀ ਕੁਝ ਗੱਲਾਂ ਕਬੂਲ ਕਰਨ ਲਈ ਉਨ੍ਹਾ 'ਤੇ ਦਬਾਅ ਪਾਇਆ ਗਿਆ।*

*ਰਾਹੁਲ ਗਾਂਧੀ ਨੇ ਕਿਹਾ ਹੈ ਕਿ ਗੁਜਰਾਤ ਸਮਾਚਾਰ ਨੂੰ ਖਾਮੋਸ਼ ਕਰਨ ਦੀ ਕੋਸ਼ਿਸ਼ ਵਿਕੋਲਿਤਰੀ ਘਟਨਾ ਨਹੀਂ, ਇਹ ਪੂਰੀ ਜਮਹੂਰੀਅਤ ਦੀ ਆਵਾਜ਼ ਦਬਾਉਣ ਦੀ ਇੱਕ ਹੋਰ ਸਾਜ਼ਿਸ਼ ਹੈ। ਜਦੋਂ ਸੱਤਾ ਨੂੰ ਸ਼ੀਸ਼ਾ ਦਿਖਾਉਣ ਵਾਲੇ ਅਖਬਾਰਾਂ ਨੂੰ ਤਾਲੇ ਲਾਏ ਜਾਂਦੇ ਹਨ ਤਾਂ ਸਮਝ ਲਓ ਜਮਹੂਰੀਅਤ ਖਤਰੇ ਵਿੱਚ ਹੈ। ਬਾਹੂਬਲੀ ਸ਼ਾਹ ਦੀ ਗ੍ਰਿਫਤਾਰੀ ਡਰਾਉਣ ਦੀ ਉਸੇ ਸਿਆਸਤ ਦਾ ਹਿੱਸਾ ਹੈ, ਜੋ ਮੋਦੀ ਸਰਕਾਰ ਦੀ ਪਛਾਣ ਬਣ ਚੁੱਕੀ ਹੈ। ਦੇਸ਼ ਨਾ ਡੰਡੇ ਨਾਲ ਚੱਲੇਗਾ, ਨਾ ਡਰ ਨਾਲ—ਭਾਰਤ ਚੱਲੇਗਾ ਸੱਚ ਤੇ ਸੰਵਿਧਾਨ ਨਾਲ।*

*ਗੁਜਰਾਤ ਸਮਾਚਾਰ ਲੰਬੇ ਸਮੇਂ ਤੋਂ ਸੱਤਾ ਦੇ ਖਿਲਾਫ ਨਿਰਪੱਖ ਤੇ ਨਿਡਰ ਪੱਤਰਕਾਰਤਾ ਦਾ ਪ੍ਰਤੀਕ ਰਿਹਾ ਹੈ। ਹਾਲ ਹੀ ਵਿੱਚ ਉਸ ਨੇ ਭਾਰਤ ਤੇ ਪਾਕਿਸਤਾਨ ਦੀ ਲੜਾਈ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ 'ਤੇ ਸਵਾਲ ਉਠਾਏ ਸਨ। ਮੋਦੀ ਸਰਕਾਰ ਦਾ ਇਹ ਰਵੱਈਆ ਕੋਈ ਨਵਾਂ ਨਹੀਂ ਹੈ। 2014 ਵਿੱਚ ਸੱਤਾ 'ਚ ਆਉਣ ਦੇ ਬਾਅਦ ਤੋਂ ਹੀ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ ਵਿਸ਼ਵ ਰੈਂਕਿੰਗ 'ਚ 140 ਤੋਂ ਡਿਗ ਕੇ 161 'ਤੇ ਪੁੱਜ ਗਈ ਹੈ। ਬੀ ਬੀ ਸੀ, ਨਿਊਜ਼ਕਲਿੱਕ ਅਤੇ ਨਿਊਜ਼ਲਾਂਡਰੀ ਵਰਗੇ ਆਜ਼ਾਦ ਮੀਡੀਆ ਅਦਾਰਿਆਂ 'ਤੇ ਈ ਡੀ, ਸੀ ਬੀ ਆਈ ਤੇ ਇਨਕਮ ਟੈਕਸ ਦੀ ਛਾਪੇਮਾਰੀ ਆਮ ਹੋ ਗਈ ਹੈ। ਪੱਤਰਕਾਰਾਂ ਨੂੰ ਦਹਿਸ਼ਤਗਰਦੀ ਤੇ ਦੇਸ਼ਧ੍ਰੋਹ ਵਰਗੇ ਝੂਠੇ ਦੋਸ਼ਾਂ ਵਿੱਚ ਗ੍ਰਿਫਤਾਰ ਕੀਤਾ ਜਾ ਰਿਹਾ ਹੈ। ਸੋਸ਼ਲ ਮੀਡੀਆ 'ਤੇ ਅਲੋਚਨਾਤਮਕ ਸਮੱਗਰੀ ਨੂੰ ਹਟਾਉਣ ਲਈ ਹੰਗਾਮੀ ਕਾਨੂੰਨਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਰਿਪੋਰਟਰਜ਼ ਵਿਦਾਉਟ ਬਾਰਡਰਜ਼, ਐਮਨੈਸਟੀ ਇੰਟਰਨੈਸ਼ਨਲ ਤੇ ਕਮੇਟੀ ਟੂ ਪ੍ਰੋਟੈਕਟ ਜਰਨਲਿਸਟਸ ਵਰਗੀਆਂ ਕੌਮਾਂਤਰੀ ਜਥੇਬੰਦੀਆਂ ਨੇ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ 'ਤੇ ਹਮਲਿਆਂ ਦੀ ਨਿੰਦਾ ਕੀਤੀ ਹੈ। ਗੁਜਰਾਤ ਸਮਾਚਾਰ ਨੇ ਕੋਵਿਡ-19 ਤੇ ਕਿਸਾਨ ਅੰਦੋਲਨ ਦੌਰਾਨ ਵੀ ਸਰਕਾਰ ਦੀਆਂ ਕਮੀਆਂ ਨੂੰ ਖੁੱਲ੍ਹ ਕੇ ਉਜਾਗਰ ਕੀਤਾ ਸੀ। ਗੁਜਰਾਤ ਸਮਾਚਾਰ ਨੇ ਸਰਕਾਰੀ ਹਮਲਿਆਂ ਦੀ ਕਦੇ ਪਰਵਾਹ ਨਹੀਂ ਕੀਤੀ। ਵੇਲਾ ਹੈ ਕਿ ਪੱਤਰਕਾਰ ਬਰਾਦਰੀ ਦੇ ਨਾਲ-ਨਾਲ ਆਮ ਲੋਕ ਵੀ ਇਸ ਬੇਇਨਸਾਫੀ ਦੇ ਖਿਲਾਫ ਆਵਾਜ਼ ਉਠਾਉਣ ਤਾਂ ਕਿ ਭਾਰਤ ਵਿੱਚ ਜਮਹੂਰੀਅਤ ਤੇ ਪ੍ਰੈੱਸ ਦੀ ਆਜ਼ਾਦੀ ਨੂੰ ਬਚਾਇਆ ਜਾ ਸਕੇ।*

# ਸੰਵੇਦਨਸ਼ੀਲ ਸਮਿਆਂ 'ਚ ਮੀਡੀਆ ਦੀ ਜ਼ਿੰਮੇਵਾਰੀ

**ਡਾ. ਪ੍ਰਗਿਆ ਸ਼ਰਮਾ**

ਇਸ ਸਵਾਗਤਯੋਗ ਜੰਗਬੰਦੀ ਦੇ ਐਲਾਨ ਤੋਂ ਬਾਅਦ ਮੇਰੇ ਮਨ ਵਿੱਚ ਇੱਕ ਸਵਾਲ ਲਗਾਤਾਰ ਗੂੰਜ ਰਿਹਾ ਹੈ। ਮੈਨੂੰ ਇਹ ਦੇਖ ਕੇ ਹੈਰਾਨੀ ਹੋਈ ਕਿ ਭਾਰਤ ਦੇ ਮੁੱਖਧਾਰਾ ਮੀਡੀਆ ਨੇ ਇਸ ਐਮਰਜੈਂਸੀ ਵਰਗੀ ਸਥਿਤੀ ਵਿੱਚ ਕਿਹੋ ਜਿਹੀ ਭੂਮਿਕਾ ਨਿਭਾਈ। ਜਿੱਥੇ ਉਨ੍ਹਾਂ ਦੀ ਮੁੱਖ ਭੂਮਿਕਾ ਜਾਣਕਾਰੀ ਦੇਣਾ ਅਤੇ ਲੋਕਾਂ ਨੂੰ ਸੁਚੇਤ ਕਰਨਾ ਹੋਣਾ ਚਾਹੀਦਾ ਸੀ, ਉਥੇ ਉਹ ਟੀ ਆਰ ਪੀ ਦੀ ਭੁੱਖ ਨਾਲ ਭਰੇ ਕਾਰਪੋਰੇਟ ਹਾਊਸ ਬਣ ਗਏ, ਜੋ ਕੁਝ ਵੀ ਵੇਚਣ ਲਈ ਤਿਆਰ ਹਨ ਤੇ ਜਿਨ੍ਹਾਂ ਲਈ ਕੇਵਲ ਮੁਨਾਫਾ ਹੀ ਇੱਕ ਚੀਜ਼ ਹੈ। ਮੇਰਾ ਸਿਰ ਸ਼ਰਮ ਨਾਲ ਝੁਕ ਜਾਂਦਾ ਹੈ ਜਦੋਂ ਮੈਂ ਇਹ ਮਸਖਰੀ ਵੇਖਦੀ ਹਾਂ—ਜੰਗੀ ਮਿਜ਼ਾਈਲਾਂ ਦੇ ਵਿਸ਼ੇਸ਼ ਪ੍ਰਭਾਵ, ਨਕਲੀ ਹੈਲੀਕਾਪਟਰ ਵਿੱਚ ਬੈਠੇ ਐਂਕਰ ਅਤੇ ਹੋਰ ਵੀ ਬਹੁਤ ਕੁਝ। ਉਨ੍ਹਾਂ ਦਾ ਇੱਕੋ ਹੀ ਬਹਾਨਾ ਹੋ ਸਕਦਾ ਹੈ ਕਿ ਪਾਕਿਸਤਾਨੀ ਮੀਡੀਆ ਵੀ ਅਜਿਹਾ ਝੂਠ ਫੈਲਾ ਰਿਹਾ ਸੀ, ਪਰ ਉਸ ਦੇ ਕੋਲ ਤਾਂ ਪਹਿਲਾਂ ਤੋਂ ਹੀ ਅੰਤਰਰਾਸ਼ਟਰੀ ਪੱਧਰ 'ਤੇ ਮਸਖਰੀ ਕਰਨ ਦੀ ਇਮੇਜ ਹੈ—ਸਭ ਤੋਂ ਵੱਡਾ ਉਦਾਹਰਣ, ਉਨ੍ਹਾਂ ਦੇ ਰੱਖਿਆ ਮੰਤਰੀ ਨੇ ਹਾਲ ਹੀ ਵਿੱਚ ਸੋਸ਼ਲ ਮੀਡੀਆ ਨੂੰ ਜਾਣਕਾਰੀ ਦਾ ਸਰੋਤ ਦੱਸ ਦਿੱਤਾ।

ਇਹ ਮੀਡੀਆ ਹਾਊਸਾਂ ਨੂੰ ਸਮਝਣਾ ਚਾਹੀਦਾ ਹੈ ਕਿ ਬੱਚੇ ਵੀ ਇਹ ਸਭ ਕੁਝ ਦੇਖ ਰਹੇ ਹਨ। ਉਹ ਕੀ ਸਿੱਖਣਗੇ ? ਕੀ ਜੰਗ ਵੀ ਕਿਸੇ ਆਈ.ਪੀ.ਐੱਲ. ਮੈਚ ਜਾਂ ਮੈਟਗਾਲਾ ਵਰਗੀ ਮਨੋਰੰਜਨ ਦੀ ਚੀਜ਼ ਹੈ ? ਬੇਕਸੂਰ ਲੋਕ ਇਹ ਹਾਈਪਰ-ਸੈਂਸੇਸ਼ਨਲ ਕੂੜ ਵੇਖ ਰਹੇ ਹਨ, ਜਿਸ ਕਾਰਨ ਸਰਹੱਦੀ ਰਾਜਾਂ ਤੋਂ ਮਜ਼ਦੂਰਾਂ ਦਾ ਵੱਡੇ ਪੱਧਰ 'ਤੇ ਪ੍ਰਵਾਸ ਹੋਇਆ। ਦਿਲ ਦੀ ਬਿਮਾਰੀ ਅਤੇ ਚਿੰਤਾ ਵਾਲੇ ਲੋਕ ਇਹ ਸਭ ਦੇਖ ਰਹੇ ਹਨ, ਜਿਸ ਨਾਲ ਉਨ੍ਹਾਂ ਦੀ ਮਾਨਸਿਕ ਅਤੇ ਸਰੀਰਕ ਸਿਹਤ 'ਤੇ ਵੀ ਬੁਰਾ ਪ੍ਰਭਾਵ ਪੈ ਸਕਦਾ ਹੈ।

ਇੰਡੀਅਨ ਡਾਕਟਰਸ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਦੇ ਆਮ ਮੈਂਬਰ ਵਜੋਂ ਅਸੀਂ ਮੰਨਦੇ ਹਾਂ ਕਿ ਜੰਗ ਇਕ ਗੰਭੀਰ ਸਥਿਤੀ ਹੁੰਦੀ ਹੈ, ਜਿੱਥੇ ਬੇਕਸੂਰ ਜਾਨਾਂ ਜਾਂਦੀਆਂ ਹਨ—ਚਾਹੇ ਉਹ ਫੌਜੀਆਂ ਦੀਆਂ ਹੋਣ ਜਾਂ ਨਾਗਰਿਕਾਂ ਦੀਆਂ। ਇਹ ਕੋਈ ਤਿਉਹਾਰ ਨਹੀਂ, ਜੋ ਮੀਡੀਆ ਨੇ ਬਣਾਇਆ। ਇਹ ਮੀਡੀਆ ਜੋ ਵੇਚ ਸਕਦਾ ਹੈ, ਉਹੀ ਦਿਖਾਉਂਦਾ ਹੈ।

ਅਸੀਂ ਕਿਸੇ ਵੀ ਹਿੰਸਾ ਦੀ ਖੁਸ਼ੀ ਕਿਉਂ ਮਨਾ ਰਹੇ ਹਾਂ ਉਸ ਦੇਸ਼ ਵਿੱਚ, ਜੋ ਅਹਿੰਸਾ ਦਾ ਉਪਦੇਸ਼ ਦਿੰਦਾ ਹੈ ? ਦੋ ਨਿਊਕਲੀਅਰ ਤਾਕਤਾਂ ਦੀ ਝੜਪ ਕੋਈ ਹਾਸੇ ਦੀ ਗੱਲ ਨਹੀਂ। ਰਾਸ਼ਟਰਵਾਦ ਚੰਗੀ ਗੱਲ ਹੈ, ਪਰ ਹਿੰਸਾਤਮਕ ਡਰ ਫੈਲਾਉਣਾ ਨਹੀਂ। ਜੇਕਰ ਕਿਸੇ ਨੂੰ ਸੱਚੀ ਦੇਸ਼ਭਗਤੀ ਹੈ ਤਾਂ ਉਹ ਅੱਗੇ ਆ ਕੇ ਖੂਨਦਾਨ ਵਾਂਗ ਸੇਵਾ ਕਰੇ ਜਾਂ ਘੱਟੋ-ਘੱਟ ਇੱਕ ਜ਼ਿੰਮੇਵਾਰ ਨਾਗਰਿਕ ਬਣੇ, ਜੋ ਉਹਨਾਂ ਨੌਜਵਾਨ ਫੌਜੀਆਂ ਦੀ ਕੁਰਬਾਨੀ ਦੇ ਲਾਇਕ ਹੋਣ।

ਕੀ ਹੁਣ ਜਵਾਬਦੇਹੀ ਸਿਰਫ਼ ਡਾਕਟਰਾਂ ਅਤੇ ਸਰਕਾਰੀ ਅਧਿਕਾਰੀਆਂ ਤੱਕ ਸੀਮਿਤ ਰਹਿ ਗਈ ਹੈ ? ਇਨ੍ਹਾਂ ਪੜ੍ਹੇ-ਲਿਖੇ ਪੇਸ਼ੇਵਰ ਪੱਤਰਕਾਰਾਂ ਨੂੰ ਕੌਣ ਜਵਾਬਦੇਹ ਠਹਿਰਾਵੇਗਾ ? ਅਸੀਂ ਪਹਿਲਾਂ ਹੀ 26/11 ਦੇ ਦੌਰਾਨ ਗੈਰ-ਜਵਾਬਦੇਹ ਪੱਤਰਕਾਰਤਾ ਦੇ ਨਤੀਜੇ ਦੇਖ ਚੁੱਕੇ ਹਾਂ, ਜਦੋਂ ਇਕ ਸੀਨੀਅਰ ਪੱਤਰਕਾਰ ਨੇ ਸੁਰੱਖਿਆ ਅਤੇ ਬੰਦੀ ਬਣੇ ਲੋਕਾਂ ਦੇ ਵੇਰਵੇ ਲਾਈਵ ਦੱਸ ਦਿੱਤੇ। ਇਹ ਮੇਰੀ ਅਪੀਲ ਹੈ ਕਿ ਸੰਬੰਧਤ ਅਧਿਕਾਰੀਆਂ ਵੱਲੋਂ ਮੀਡੀਆ ਅਤੇ ਜਾਣਕਾਰੀ ਸੰਸਥਾਵਾਂ ਨੂੰ ਸਖਤ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਉਹ ਗੈਰ-ਪੁਸ਼ਟੀ ਅਤੇ ਅਸੰਪਾਦਿਤ ਖ਼ਬਰਾਂ ਨਾ ਚਲਾਉਣ।

ਦੁੱਖ ਦੀ ਗੱਲ ਤਾਂ ਇਹ ਹੈ ਕਿ ਜ਼ਿਆਦਾਤਰ ਚੈਨਲ ਧਰੁਵੀਕਰਨ ਦੀਆਂ ਗੱਲਾਂ ਨੂੰ ਵਾਰ-ਵਾਰ ਦੁਹਰਾਉਂਦੇ ਹਨ । ਬਿਨਾਂ ਪੁਸ਼ਟੀ ਦੇਖ ਅਖਬਰਾਂ ਨੂੰ ਪ੍ਰਸਾਰਦੇ ਹਨ ਅਤੇ ਗੈਰ ਜ਼ਿੰਮੇਵਾਰਾਨਾ ਵਿਹਾਰ ਕਰਦੇ ਹਨ । ਅੱਜ ਇੰਜ ਦੇ ਸਵਾਲ ਪੁੱਛਣ ਦੀ ਲੋੜ ਹੈ ਕਿ ਪਹਿਲਗਾਮ ਜਾਂ ਹੋਰ ਥਾਵਾਂ 'ਤੇ ਸੁਰੱਖਿਆ ਦੀਆਂ ਕਮਜ਼ੋਰੀਆਂ ਕਿਉਂ ਹੁੰਦੀਆਂ ਹਨ । ਆਈ ਐੱਮ ਐੱਫ ਵੱਲੋਂ ਇਹਨਾਂ ਹਾਲਤਾਂ ਵਿੱਚ ਪਾਕਿਸਤਾਨ ਨੂੰ ਕਰਜ਼ੇ ਕਿਵੇਂ ਦਿੱਤੇ ਗਏ ਅਤੇ ਅੱਤਵਾਦ ਕਦੋਂ ਤੇ ਕਿਵੇਂ ਸਮਾਪਤ ਹੋ ਸਕਦਾ ਹੈ।

**# ਸੰਪਰਕ : 87896-24083**

# ਭਾਰਤ 'ਚ ਵਧਦੀ ਆਰਥਿਕ ਨਾਬਰਾਬਰੀ



**ਦਲਜੀਤ ਰਾਏ ਕਾਲੀਆ**

ਸਾਡੇ ਦੇਸ਼ ਵਿੱਚ ਜਿੱਥੇ ਇੱਕ ਪਾਸੇ ਸਰਮਾਏਦਾਰ ਲੋਕਾਂ ਦਾ ਵਿਕਾਸ ਹੋ ਰਿਹਾ ਹੈ ਅਤੇ ਅਰਬਪਤੀਆਂ ਦੀ ਗਿਣਤੀ ਲਗਾਤਾਰ ਵਧਦੀ ਜਾ ਰਹੀ ਹੈ, ਉਥੇ ਹੀ ਦੂਜੇ ਪਾਸੇ ਕਰੋੜਾਂ ਦੀ ਗਿਣਤੀ ਵਿੱਚ ਲੋਕ ਘੋਰ ਗੁਰਬਤ ਦੀ ਮਾਰ ਹੇਠ ਜ਼ਿੰਦਗੀ ਬਸ਼ਰ ਕਰਨ ਲਈ ਮਜਬੂਰ ਹਨ। ਅਖੌਤੀ ਆਜ਼ਾਦੀ ਦੀ ਪੌਣੀ ਸਦੀ ਤੋਂ ਵੱਧ ਦਾ ਸਮਾਂ ਬੀਤਣ 'ਤੇ ਵੀ ਗਰੀਬ-ਅਮੀਰ ਵਿੱਚ ਪਾੜਾ ਨਹੀਂ ਘਟਿਆ। 1991 ਵਿੱਚ ਭਾਰਤ ਵਿੱਚ ਇੱਕ ਅਰਬਪਤੀ ਸੀ, 2015 ਵਿੱਚ ਇਹ ਗਿਣਤੀ ਵਧ ਕੇ 83 ਹੋਈ ਅਤੇ 2022 ਵਿੱਚ ਅਰਬਪਤੀਆਂ ਦੀ ਗਿਣਤੀ ਵਧ ਕੇ 161 ਤੱਕ ਪੁੱਜ ਗਈ।

ਦੁਨੀਆ ਭਰ ਦੇ ਅਮੀਰਾਂ ਦੀ ਸੂਚੀ ਤਿਆਰ ਕਰਨ ਵਾਲੀ ਅਮਰੀਕਨ ਏਜੰਸੀ ਫੋਰਬਸ ਦੇ ਮੁਤਾਬਕ ਅਰਬਪਤੀਆਂ ਦੀ ਗਿਣਤੀ ਦੇ ਹਿਸਾਬ ਨਾਲ ਅਮਰੀਕਾ ਪਹਿਲੇ ਨੰਬਰ 'ਤੇ ਹੈ, ਜਿੱਥੇ 813 ਅਰਬਪਤੀ ਹਨ। ਦੂਜੇ ਸਥਾਨ 'ਤੇ ਚੀਨ ਹੈ, ਜਿੱਥੇ 473 ਅਰਬਪਤੀ ਹਨ। 200 ਅਰਬ ਪਤੀਆਂ ਦੀ ਗਿਣਤੀ ਨਾਲ ਭਾਰਤ ਦਾ ਸੂਚੀ ਵਿੱਚ ਤੀਸਰਾ ਸਥਾਨ ਹੈ। ਦੇਸ ਦੇ ਸਿਖਰਲੇ ਦਸ ਘਰਾਣਿਆਂ ਦੇ ਨਾਂਅ ਇਸ ਪ੍ਰਕਾਰ ਹਨ; ਅੰਬਾਨੀ ਪਰਵਾਰ, ਬਜਾਜ ਪਰਵਾਰ, ਕੁਮਾਰ ਮੰਗਲਮ ਬਿਰਲਾ ਪਰਵਾਰ, ਜਿੰਦਲ ਪਰਵਾਰ, ਨਾਦਰ ਪਰਵਾਰ, ਮਹਿੰਦਰਾ ਪਰਵਾਰ, 'ਦਾਨੀ ਚੌਕਸੀ ਅਤੇ ਵਕੀਲ ਪਰਵਾਰ', ਪ੍ਰੇਮ ਜੀ ਪਰਿਵਾਰ, ਰਾਜੀਵ ਸਿੰਘ ਪਰਵਾਰ ਤੇ ਮੂਰੂ ਗੱਪਾ ਪਰਿਵਾਰ।

ਸ਼ਾਇਰ ਨੇ ਆਪਣੀ ਕਵਿਤਾ ਵਿੱਚ ਕੁਝ ਇਸ ਤਰ੍ਹਾਂ ਲਿਖਿਆ ਹੈ:

*ਭਾਵੇਂ ਇੱਥੇ ਟਾਟੇ ਬਿਰਲੇ ਅੰਬਾਨੀ ਅਤੇ ਅਡਾਨੀ ਵੱਸਣ,*
*ਝੌਂਪੜੀਆਂ ਤੇ ਕੁੱਲੀਆਂ ਵਾਲੇ ਫਿਰਦੇ ਮਾਰੇ-ਮਾਰੇ ਲੋਕ।*

ਭਾਰਤ 'ਚ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਕਈ ਕਲਿਆਣਕਾਰੀ ਯੋਜਨਾਵਾਂ ਸ਼ੁਰੂ ਕਰਨ ਦੇ ਢੌਂਗ ਰਚਾਏ ਗਏ। ਇਹਨਾਂ ਯੋਜਨਾਵਾਂ ਨਾਲ ਗਰੀਬ ਲੋਕਾਂ ਦੀ ਤਰਸਯੋਗ ਹਾਲਤ ਵਿੱਚ ਕੋਈ ਖਾਸ ਸੁਧਾਰ ਨਹੀਂ ਹੋਇਆ। ਇਹ ਯੋਜਨਾਵਾਂ ਕੇਵਲ ਊਠ ਦੇ ਮੂੰਹ ਵਿੱਚ ਜ਼ੀਰਾ ਦੇਣ ਵਾਲੀ ਕਹਾਵਤ ਹੀ ਬਣੀਆਂ। ਡਾਕਟਰ ਮਨਮੋਹਨ ਸਿੰਘ ਦੀ ਕੇਂਦਰ ਸਰਕਾਰ ਵੱਲੋਂ 23 ਅਗਸਤ 2005 ਨੂੰ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ 2005 ਪਾਸ ਕੀਤਾ ਗਿਆ ਸੀ। ਇਸ ਦਾ ਉਦੇਸ਼ ਦੇਸ਼ ਦੇ ਪੇਂਡੂ ਖੇਤਰਾਂ ਵਿੱਚ ਪਰਵਾਰਾਂ ਦੀ ਰੋਜ਼ੀ-ਰੋਟੀ ਦੀ ਸੁਰੱਖਿਆ ਲਈ ਇੱਕ ਨਿਸਚਿਤ ਉਜਰਤ ਉੱਤੇ ਹਰ ਪਰਵਾਰ ਦੇ ਘੱਟੋ-ਘੱਟ ਇੱਕ ਬਾਲਗ ਵਿਅਕਤੀ ਨੂੰ 100 ਦਿਨ ਦੇ ਰੁਜ਼ਗਾਰ ਦੀ ਗਰੰਟੀ ਦਿੱਤੀ ਗਈ ਸੀ, ਇਸ ਵਿੱਚ ਤੀਜਾ ਹਿੱਸਾ ਔਰਤਾਂ ਲਈ ਰਾਖਵਾਂ ਸੀ। 2023-24 ਦੇ ਬਜਟ ਵਿੱਚ ਮੋਦੀ ਸਰਕਾਰ ਨੇ ਇਸ ਯੋਜਨਾ ਲਈ ਇੱਕ ਲੱਖ ਪੰਜ ਹਜ਼ਾਰ ਕਰੋੜ ਰੁਪਏ ਰੱਖੇ ਸਨ । ਪਰ ਮੋਦੀ ਸਰਕਾਰ ਨੇ 2024-25 ਦੇ ਬਜਟ ਵਿੱਚ 11.5 ਪ੍ਰਤੀਸਤ ਰਾਸ਼ੀ ਘਟਾ ਕੇ ਇਹ ਰਕਮ 86 ਹਜ਼ਾਰ ਕਰੋੜ ਰੁਪਏ ਕਰ ਦਿੱਤੀ। ਅਸਲ ਵਿੱਚ ਸਰਕਾਰ ਦੀ ਮਨਸਾ ਇਸ ਪੇਂਡੂ ਰੁਜ਼ਗਾਰ ਗਰੰਟੀ ਸਕੀਮ ਨੂੰ ਖਤਮ ਕਰਨ ਦੀ ਜਾਪਦੀ ਹੈ।

2016 ਵਿੱਚ ਭਾਰਤ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਦਾ ਉਦੇਸ਼ ਗਰੀਬਾਂ ਦਾ ਕਲਿਆਣ ਅਤੇ ਉਹਨਾਂ ਲਈ ਐਮਰਜੈਂਸੀ ਸਹੂਲਤਾਂ ਦੇਣੀਆਂ ਅਤੇ ਉਹਨਾਂ ਨੂੰ ਬੀਮਾ ਕਵਰ ਅਧੀਨ ਲਿਆਉਣਾ ਆਦਿ ਸ਼ਾਮਲ ਸੀ। ਭੋਜਨ ਸੁਰੱਖਿਆ ਤਹਿਤ ਗਰੀਬਾਂ ਨੂੰ ਹਰ ਮਹੀਨੇ ਪ੍ਰਤੀ ਵਿਅਕਤੀ ਪੰਜ ਕਿਲੋ ਮੁਫਤ ਅਨਾਜ ਦੇਣ ਦੀ ਸ਼ੁਰੂਆਤ ਵੀ ਕੀਤੀ ਗਈ ਸੀ, ਜਿਸ ਦੀ ਮਿਆਦ ਹੁਣ 2029 ਤੱਕ ਵਧਾ ਦਿੱਤੀ ਗਈ ਹੈ। ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਅਨੁਸਾਰ ਗਰੀਬੀ ਦੀ ਜੋ ਪਰਿਭਾਸ਼ਾ ਨਿਰਧਾਰਿਤ ਕੀਤੀ ਗਈ ਹੈ, ਉਸ ਅਨੁਸਾਰ ਸ਼ਹਿਰਾਂ ਵਿੱਚ ਪ੍ਰਤੀ ਦਿਨ 32 ਰੁਪਏ ਆਮਦਨ ਵਾਲਾ ਅਤੇ ਪਿੰਡਾਂ ਵਿੱਚ 27 ਰੁਪਏ ਪ੍ਰਤੀ ਦਿਨ ਦੀ ਆਮਦਨ ਵਾਲੇ ਵਿਅਕਤੀ ਨੂੰ ਗਰੀਬੀ ਰੇਖਾ ਤੋਂ ਉੱਪਰ ਮੰਨਿਆ ਗਿਆ ਹੈ। ਵੇਖਣ ਵਾਲੀ ਗੱਲ ਇਹ ਹੈ ਕਿ ਇਸ ਆਮਦਨੀ ਨਾਲ ਪਰਵਾਰ ਦਾ ਗੁਜਾਰਾ ਕਿਵੇਂ ਚੱਲੇਗਾ । ਇਹ ਇੱਕ ਵੱਖਰੀ ਚਰਚਾ ਦਾ ਵਿਸ਼ਾ ਹੈ । ਵਰਤਮਾਨ ਸਮੇਂ ਦੇਸ਼ ਦੀ 30 ਕਰੋੜ ਆਬਾਦੀ ਗਰੀਬੀ ਰੇਖਾ ਤੋਂ ਥੱਲੇ ਜੀਵਨ ਬਸ਼ਰ ਕਰ ਰਹੀ ਹੈ। ਭਾਰਤ ਵਿੱਚ ਆਏ ਦਿਨ ਗਰੀਬ ਹੋਰ ਗਰੀਬ ਹੋ ਰਿਹਾ ਹੈ, ਜਦ ਕਿ ਅਮੀਰ ਹੋਰ ਅਮੀਰ ਹੋ ਰਿਹਾ ਹੈ। ਸਾਲ 2017 ਵਿੱਚ ਭਾਰਤ ਦੀ ਆਬਾਦੀ ਦੇ ਸਿਰਫ ਇੱਕ ਫੀਸਦੀ ਅਮੀਰ ਲੋਕਾਂ ਦੀ ਜਾਇਦਾਦ ਵਿੱਚ 20.9 ਲੱਖ ਕਰੋੜ ਦਾ ਵਾਧਾ ਹੋਇਆ ਸੀ, ਜੋ ਕਿ ਕੇਂਦਰ ਸਰਕਾਰ ਦੇ 2017-18 ਦੇ ਬਜਟ ਤੋਂ ਵੀ ਵੱਧ ਬਣਦਾ ਸੀ। ਧਨ-ਕੁਬੇਰਾਂ ਦੀ ਜਾਇਦਾਦ ਵਿੱਚ ਵਾਧਾ ਹੋਣਾ ਲਗਾਤਾਰ ਜਾਰੀ ਹੈ। ਕੋਵਿਡ ਕਾਲ ਦੌਰਾਨ ਦੁਨੀਆ ਭਰ ਵਿੱਚ ਜਿੱਥੇ 46 ਕਰੋੜ ਲੋਕ ਗਰੀਬੀ ਰੇਖਾ ਤੋਂ ਹੇਠਾਂ ਚਲੇ ਗਏ, ਉੱਥੇ ਕੋਵਿਡ ਵੈਕਸੀਨ ਬਣਾਉਣ ਵਾਲੀਆਂ ਕੰਪਨੀਆਂ ਨੇ ਨੌਂ ਨਵੇਂ ਅਰਬਪਤੀ ਪੈਦਾ ਕਰ ਦਿੱਤੇ। ਇਸ ਅਰਸੇ ਦੌਰਾਨ ਦੁਨੀਆਂ ਭਰ ਦੇ ਸਭ ਤੋਂ ਅਮੀਰ ਦਸ ਲੋਕਾਂ ਦੀ ਸੰਪਤੀ ਵਿੱਚ 413 ਅਰਬ ਦਾ ਵਾਧਾ ਹੋਇਆ। ਦੂਜੇ ਪਾਸੇ ਆਕਸਫੋਰਮ ਦੀ ਰਿਪੋਰਟ ਅਨੁਸਾਰ ਹਰ ਮਿੰਟ ਵਿੱਚ 10 ਲੋਕ ਭੁੱਖਮਰੀ ਨਾਲ ਮਰ ਰਹੇ ਹਨ। ਆਰਥਿਕ ਅਸਮਾਨਤਾ ਬਾਰੇ ਆਕਸਫੌਮ ਦੀ ਰਿਪੋਰਟ 2025 ਅਨੁਸਾਰ ਭਾਰਤ ਵਿੱਚ ਸਭ ਤੋਂ ਅਮੀਰ ਇੱਕ ਪ੍ਰਤੀਸ਼ਤ ਲੋਕਾਂ ਕੋਲ ਸੰਪਤੀ ਦਾ 40 ਪ੍ਰਤੀਸ਼ਤ ਤੋਂ ਵੀ ਵੱਧ ਹਿੱਸਾ ਹੈ, ਜਦੋਂ ਕਿ ਹੇਠਲੇ 50 ਫੀਸਦੀ ਲੋਕਾਂ ਕੋਲ ਕੇਵਲ ਤਿੰਨ ਪ੍ਰਤੀਸ਼ਤ ਸੰਪਤੀ ਹੀ ਹੈ। 2022 ਵਿੱਚ ਕੇਂਦਰ ਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਦੇ10.72 ਲੱਖ ਕਰੋੜ ਰੁਪਏ ਦੇ ਕਰਜ਼ਿਆਂ ਉੱਪਰ ਲੀਕ ਮਾਰ ਦਿੱਤੀ ਅਤੇ ਪੂੰਜੀਪਤੀਆਂ ਤੇ ਲਗਾਏ ਟੈਕਸਾਂ ਵਿੱਚ ਭਾਰੀ ਛੋਟਾਂ ਦਿੱਤੀਆਂ। ਆਕਸਫੌਮ ਦੀ ਰਿਪੋਰਟ ਦੁਨੀਆ 'ਚ ਵਧ ਰਹੀ ਆਰਥਿਕ ਨਾ-ਬਰਾਬਰੀ ਬਾਰੇ ਚਾਨਣਾ ਪਾਉਂਦੀ ਹੈ। ਦੁਨੀਆਂ ਭਰ ਦੇ ਅਰਬਪਤੀਆਂ ਦੀ ਆਮਦਨੀ ਵਿੱਚ 2024 ਵਿੱਚ ਦੋ ਖਰਬ ਅਮਰੀਕੀ ਡਾਲਰ ਦਾ ਵਾਧਾ ਹੋਇਆ ਹੈ, ਜੋ 2023 ਵਿੱਚ ਹੋਏ ਵਾਧੇ ਤੋਂ ਤਿੰਨ ਗੁਣਾ ਜ਼ਿਆਦਾ ਹੈ। ਆਕਸਫੌਮ ਪ੍ਰਸਿੱਧ ਗੈਰ-ਸਰਕਾਰੀ ਸੰਸਥਾ ਹੈ, ਜੋ ਹਰ ਸਾਲ ਦੁਨੀਆਂ ਭਰ ਵਿੱਚ ਗਰੀਬੀ, ਭੁੱਖਮਰੀ ਆਦਿ ਦੇ ਅੰਕੜੇ ਇਕੱਠੇ ਕਰਕੇ ਰਿਪੋਰਟ ਤਿਆਰ ਕਰਦੀ ਹੈ।

ਰਾਜਾਂ ਦੀਆਂ ਵਿਧਾਨ ਸਭਾਵਾਂ ਅਤੇ ਕੇਂਦਰ ਦੀ ਲੋਕ ਸਭਾ ਅਤੇ ਰਾਜ ਸਭਾ ਵਿੱਚ ਵੀ ਵੱਡੀ ਗਿਣਤੀ ਵਿੱਚ ਸਰਮਾਏਦਾਰ ਲੋਕ ਹੀ ਪੁੱਜਦੇ ਹਨ। 2009 ਵਿੱਚ ਸੰਸਦ ਵਿੱਚ ਕਰੋੜਪਤੀਆਂ ਦੀ ਗਿਣਤੀ 58 ਪ੍ਰਤੀਸ਼ਤ ਸੀ ਅਤੇ 2014 ਵਿੱਚ ਇਹ ਵਧ ਕੇ 82 ਫੀਸਦੀ ਤੱਕ ਪਹੁੰਚ ਗਈ ਸੀ। ਪਿਛਲੇ ਦਿਨੀਂ ਬਲੂਮ ਸੰਸਥਾ ਵੱਲੋਂ ਜਾਰੀ ਕੀਤੀ ਗਈ 'ਇੰਡਸ ਵੈਲੀ ਐਨੂਅਲ ਰਿਪੋਰਟ 2025' ਖੁਲਾਸਾ ਕਰਦੀ ਹੈ ਕਿ ਭਾਰਤ ਵਿੱਚ 1990 ਦੇ ਸਮੇਂ ਸਭ ਤੋਂ ਅਮੀਰ 10 ਫੀਸਦੀ ਲੋਕਾਂ ਕੋਲ ਦੇਸ਼ ਦੀ ਕੁੱਲ ਆਮਦਨ ਦਾ 34 ਫੀਸਦੀ ਹਿੱਸਾ ਸੀ, ਜਿਹੜਾ ਕਿ ਹੁਣ ਵਧ ਕੇ 58 ਫੀਸਦੀ ਹੋ ਗਿਆ ਹੈ ਅਤੇ ਹੇਠਲੇ 50 ਫੀਸਦੀ ਲੋਕਾਂ ਕੋਲ ਦੇਸ਼ ਦੀ ਕੁੱਲ ਆਮਦਨ ਵਿੱਚ ਹਿੱਸੇਦਾਰੀ 22 ਫੀਸਦੀ ਤੋਂ ਘਟ ਕੇ 15 ਫੀਸਦੀ ਰਹਿ ਗਈ ਹੈ।

ਭਾਰਤ ਦੇ ਮਰਹੂਮ ਪ੍ਰਧਾਨ ਮੰਤਰੀ ਨਰਸਿਮਹਾ ਰਾਓ ਤੇ ਡਾਕਟਰ ਮਨਮੋਹਨ ਸਿੰਘ ਦੀ ਜੋੜੀ ਨੇ 1991 ਵਿੱਚ ਭਾਰਤ ਵਿੱਚ ਉਦਾਰਾਰੀਕਰਨ, ਨਿੱਜੀਕਰਨ ਅਤੇ ਸੰਸਾਰੀਕਰਨ ਦੀਆਂ ਨੀਤੀਆਂ ਦੀ ਸ਼ੁਰੂਆਤ ਕੀਤੀ, ਜਿਸ ਸਦਕਾ ਸਰਕਾਰੀ ਅਤੇ ਜਨਤਕ ਖੇਤਰ ਦੇ ਵਿੱਚ ਕਰਮਚਾਰੀਆਂ ਦੀ ਗਿਣਤੀ ਲਗਾਤਾਰ ਘਟਾਈ ਜਾ ਰਹੀ ਹੈ। ਦੇਸ਼ ਦੀਆਂ ਨੀਤੀਆਂ ਵਿਸ਼ਵ ਬੈਂਕ, ਕੌਮਾਂਤਰੀ ਮੁਦਰਾ ਕੋਸ਼ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਬਣਾਈਆਂ ਜਾ ਰਹੀਆਂ ਹਨ । ਸਰਕਾਰਾਂ ਪੂੰਜੀਪਤੀਆਂ ਅਤੇ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਮਿਹਨਤਕਸ਼ ਅਤੇ ਮਜ਼ਦੂਰ ਵਿਰੋਧੀ ਕਾਨੂੰਨ ਬਣਾ ਰਹੀਆਂ ਹਨ। ਜਿਸ ਸਦਕਾ ਗਰੀਬਾਂ-ਅਮੀਰਾਂ ਵਿੱਚ ਪਾੜਾ ਨਿਰੰਤਰ ਵਧ ਰਿਹਾ ਹੈ। 1991 ਵਿਚ ਨਵ-ਉਦਾਰਵਾਦੀ ਨੀਤੀਆਂ ਅਪਣਾਉਣ ਤੋਂ ਬਾਅਦ ਪੰਜਾਬ ਦੀ ਆਰਥਿਕਤਾ ਵਿੱਚ ਲਗਾਤਾਰ ਗਿਰਾਵਟ ਦਰਜ ਕੀਤੀ ਗਈ।

ਅਸੀਂ ਜਦੋਂ ਸਭ ਤੋਂ ਛੋਟੀ ਇਕਾਈ ਪਿੰਡਾਂ ਵੱਲ ਹੀ ਧਿਆਨ ਮਾਰਦੇ ਹਾਂ ਤਾਂ ਉੱਥੇ ਵੀ 8-10 ਪ੍ਰਤੀਸ਼ਤ ਲੋਕ 70- 80 ਫੀਸਦੀ ਜਮੀਨ 'ਤੇ ਕਾਬਜ਼ ਹੁੰਦੇ ਹਨ। ਪਿੰਡਾਂ ਦੇ ਬਹੁਤ ਸਾਰੇ ਲੋਕ ਬੇਜ਼ਮੀਨੇ ਜਾਂ ਫਿਰ ਇੱਕ-ਇੱਕ, ਦੋ-ਦੋ ਕਿੱਲਿਆਂ ਦੀ ਵਾਹੀ ਤੱਕ ਹੀ ਸੀਮਿਤ ਹੁੰਦੇ ਹਨ। ਦੇਸ਼ ਦੀ 80 ਕਰੋੜ ਤੋਂ ਵੱਧ ਆਬਾਦੀ ਪੰਜ ਕਿਲੋ ਅਨਾਜ ਜਨਤਕ ਵੰਡ ਪ੍ਰਣਾਲੀ ਰਾਹੀਂ ਲੈਣ ਲਈ ਮਜਬੂਰ ਹੈ। ਅਸੀਂ ਅੱਜ ਵੀ ਵੇਖਦੇ ਹਾਂ ਕਿ ਦੁਕਾਨਾਂ, ਕਾਰਖਾਨਿਆਂ, ਢਾਬਿਆਂ ਵਿੱਚ ਵੱਡੀ ਗਿਣਤੀ ਵਿੱਚ ਛੋਟੇ-ਛੋਟੇ ਬਾਲ ਮਜ਼ਦੂਰੀ ਕਰਨ ਲਈ ਮਜਬੂਰ ਹਨ। ਭਾਵੇਂ ਕਾਨੂੰਨ ਅਨੁਸਾਰ ਬਾਲ ਮਜ਼ਦੂਰੀ ਨੂੰ ਅਪਰਾਧ ਐਲਾਨਿਆ ਗਿਆ ਹੈ। ਬਾਲਾਂ ਦੀ ਮਜਦੂਰੀ ਕਰਨ ਦਾ ਕਾਰਨ ਵੀ ਘੋਰ ਗਰੀਬੀ ਹੀ ਹੈ। ਗਰੀਬੀ ਇੱਕ ਬਹੁਤ ਵੱਡਾ ਸਰਾਪ ਹੈ। ਗਰੀਬ ਲੋਕ ਇਲਾਜ ਖੁਣੋਂ ਹੀ ਦਮ ਤੋੜ ਜਾਂਦੇ ਹਨ। ਗਰੀਬ ਲੋਕ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਵੀ ਨਹੀਂ ਦੁਆ ਸਕਦੇ। ਬੜੇ ਦੁੱਖ ਦੀ ਗੱਲ ਹੈ ਕਿ ਦੇਸ਼ ਦੇ ਕਰੋੜਾਂ ਲੋਕ ਗਰੀਬੀ, ਭੁੱਖਮਰੀ ਅਤੇ ਬੇਰੁਜ਼ਗਾਰੀ ਦਾ ਸੰਤਾਪ ਭੋਗ ਰਹੇ ਹਨ। ਗਰੀਬ ਲੋਕਾਂ ਦੀ ਮੰਦਹਾਲੀ ਦਾ ਕਾਰਨ ਦ੍ਰਿੜ੍ਹ ਰਾਜਸੀ ਇੱਛਾ-ਸ਼ਕਤੀ ਦੀ ਘਾਟ, ਆਮ ਜਨਤਾ ਦੀ ਅਨਪੜ੍ਹਤਾ ਅਤੇ ਧਰਮਾਂ, ਜਾਤਾਂ ਦੇ ਆਧਾਰ 'ਤੇ ਵੰਡੇ ਹੋਣਾ ਅਤੇ ਦੇਸ਼ ਦੇ ਸਿਸਟਮ ਦਾ ਭ੍ਰਿਸ਼ਟਾਚਾਰ ਵਿੱਚ ਜਕੜਿਆ ਹੋਣਾ ਹੈ। ਸਰਕਾਰ ਨੂੰ ਗਰੀਬੀ-ਅਮੀਰੀ ਦੀ ਅਸਮਾਨਤਾ ਨੂੰ ਖਤਮ ਕਰਨ ਲਈ ਢੁਕਵੇਂ ਯਤਨ ਕਰਨੇ ਚਾਹੀਦੇ ਹਨ।

**# ਸੰਪਰਕ : 97812-00168**

# ਦੰਤ ਕਥਾਵਾਂ, ਅਖੌਤੀ ਸਾਇੰਸ ਤੇ ਇਸ਼ਤਿਹਾਰ

**ਪ੍ਰਿੰ.ਹਰੀ ਕ੍ਰਿਸ਼ਨ ਮਾਇਰ**

ਲੰਮੇ ਸਮੇਂ ਤੋਂ ਕਈ ਦਿਲਚਸਪ ਕਹਾਣੀਆਂ ਵੱਡੇ ਪੱਧਰ 'ਤੇ ਸੁਣਦੇ ਆ ਰਹੇ ਹਾਂ ।ਅਕਸਰ ਇਨ੍ਹਾਂ ਕਹਾਣੀਆਂ ਨੂੰ ਲੋਕ ਸੱਚੀਆਂ ਮੰਨ ਲੈਂਦੇ ਹਨ । ਇਨ੍ਹਾ ਨੂੰ ਦੰਤ ਕਥਾਵਾਂ ਵੀ ਕਹਿੰਦੇ ਹਨ।ਕਈ ਵਾਰ ਇਨ੍ਹਾਂ ਨੂੰ ਵਿਗਿਆਨਕ ਕਹਿ ਕੇ ਪੇਸ਼ ਕੀਤਾ ਜਾਂਦਾ ਹੈ।ਲੋਕ ਉਨ੍ਹਾਂ ਦੀ ਵੈਧਤਾ (Validity) ਬਾਰੇ ਭੋਰਾ ਕਿੰਤੂ-ਪ੍ਰੰਤੂ ਨਹੀਂ ਕਰਦੇ।ਦੰਤ ਕਥਾਵਾਂ ਦੀ ਸਮੱਸਿਆ ਇਹ ਹੈ ਕਿ ਇਹ ਕਾਲਪਨਿਕ, ਅਣਹੋਣੀਆਂ, ਹਕੀਕਤ ਤੋਂ ਕੋਰੀਆਂ ਅਤੇ ਅਕਸਰ ਝੂਠੀਆਂ ਹੀ ਹੁੰਦੀਆਂ ਹਨ।ਕੁਝ ਅਸਲ ਵਿੱਚ ਸੱਚੀਆਂ ਵੀ ਹੋਣਗੀਆਂ, ਪਰ ਇਹ ਪਤਾ ਲਗਾਉਣਾ ਭਾਵੇਂ ਔਖਾ ਹੀ ਹੋਵੇ ਕਿ ਇਹ ਸੱਚੀਆਂ ਨੇ ਜਾਂ ਝੂਠੀਆਂ ।ਲਓ, ਤੁਸੀਂ ਵੀ ਦਿਮਾਗ ਲੜਾਓ। ਪਰਖੋ ਇਨ੍ਹਾਂ ਮੂੰਹੋਂ-ਮੂੰਹ ਤੁਰੀਆਂ ਆ ਰਹੀਆਂ ਕਹਾਣੀਆਂ ਦਾ ਝੂਠ ਤੇ ਸੱਚ ।

* ਰੇਲਵੇ ਲਾਈਨ 'ਤੇ ਜੇ ਰੁਪਈਏ ਦਾ ਸਿੱਕਾ ਰੱਖ ਦੇਈਏ, ਇਸ ਨਾਲ ਰੇਲ ਗੱਡੀ ਪਟੜੀ ਤੋਂ ਥੱਲੇ ਉੱਤਰ ਸਕਦੀ ਹੈ।
* ਸ਼ਾਰਕ ਮੱਛੀਆਂ ਨੂੰ ਕੈਂਸਰ ਨਹੀਂ ਹੁੰਦਾ, ਸ਼ਾਰਕ ਦੀ ਕੁਰਕਰੀ ਹੱਡੀ ਖਾਣ ਨਾਲ ਮਨੁੱਖ ਲਾਇਲਾਜ ਕੈਂਸਰ ਤੋਂ ਬਚ ਸਕਦਾ ਹੈ।
* ਇਕ ਮਨੁੱਖ ਸਾਲ ਭਰ ਵਿੱਚ ਸੰਯੋਗਵਸ ਔਸਤਨ ਅੱਠ ਮੱਕੜੀਆਂ ਨਿਗਲ ਜਾਂਦਾ ਹੈ।
* ਮਾਇਕਰੋਵੇਵ ਵਿੱਚ ਉਬਾਲਿਆ ਪਾਣੀ ਫਟ ਸਕਦਾ ਹੈ।
* ਚੂਹਾ ਪਹਾੜੀ ਤੋਂ ਛਾਲ ਲੱਗਾ ਕੇ ਖੁਦਕੁਸ਼ੀ ਕਰਦਾ ਹੈ।
* ਕੱਟਣ ਨਾਲ ਵਾਲ ਮੋਟੇ ਅਤੇ ਲੰਮੇ ਹੋ ਜਾਂਦੇ ਹਨ।
* ਖਾਣਾ ਖਾ ਕੇ ਤੈਰਨ ਨਾਲ ਪੱਠਿਆਂ ਵਿੱਚ ਦਰਦ ਹੋਣ ਲੱਗਦਾ ਹੈ ਅਤੇ ਇਹੀ ਦਰਦ ਤੈਰਨ ਵਾਲੇ ਦੇ ਡੁੱਬਣ ਦਾ ਕਾਰਨ ਬਣਦਾ ਹੈ।

ਕਈ ਵਾਰ ਜਾਣ ਬੁੱਝ ਕੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਅਜਿਹਾ ਝੂਠ-ਫ਼ਰੇਬ ਬੋਲਿਆ ਜਾਂਦਾ ਹੈ, ਝੂਠੇ ਦਾਅਵੇ ਕੀਤੇ ਜਾਂਦੇ ਹਨ, ਸੂਚਨਾਵਾਂ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ।ਇਨ੍ਹਾਂ ਦਾ ਅਸਰ ਘੱਟ ਸਮਝ ਵਾਲੇ ਲੋਕਾਂ ਉਪਰ ਜ਼ਿਆਦਾ ਹੁੰਦਾ ਹੈ।ਧੋਖਾਧੜੀ ਲਈ ਕਈ ਵਾਰ ਚੁਟਕਲੇ ਜਾਂ ਲਤੀਫ਼ੇ ਸੁਣਾ ਕੇ ਲੋਕਾਂ ਨੂੰ ਤਿਆਰ ਕੀਤਾ ਜਾਂਦਾ।ਇਸ ਪਿੱਛੇ ਸੁਣਾਉਣ ਵਾਲੇ ਦਾ ਕੋਈ ਲਾਲਚ, ਖਾਹਿਸ਼ ਜਾਂ ਕਿਸੇ ਖਾਸ ਖੋਜ ਖਬਰ ਨੂੰ ਲੋਕਾਂ ਤੀਕ ਪਹੁੰਚਾਉਣ ਦਾ ਦਬਾਅ ਹੁੰਦਾ ਹੈ।ਜ਼ਿਆਦਾਤਰ ਝੂਠ, ਫ਼ਰੇਬ ਲੋਕਾਂ ਨੂੰ ਆਪਣੇ ਮਗਰ ਲਾਉਣ ਅਤੇ ਧੋਖਾ ਜਾਂ ਹੇਰਾ-ਫੇਰੀ ਕਰਨ ਲਈ ਕੀਤੇ ਜਾਂਦੇ ਹਨ।

ਸੂਡੋ ( Pseudo) ਦਾ ਅਰਥ ਹੈ ਝੂਠਾ, ਜੋ ਵਸਤਾਂ , ਵਰਤਾਰੇ ਵਿਗਿਆਨਕ ਜਾਪਦੇ ਹਨ, ਭਾਵੇਂ ਉਹ ਵਿਗਿਆਨਕ ਤੌਰ ·:ਤੇ ਪਰਖੇ ਵੀ ਨਹੀਂ ਗਏ ਹੁੰਦੇ, ਨ੍ਹ ਹੀ ਕੋਈ ਵਿਗਿਆਨਕ ਸਬੂਤ ਉਨ੍ਹਾਂ ਦੀ ਗਵਾਹੀ ਦਿੰਦੇ ਹਨ, ਸੂਡੋ ਸਾਇੰਸ (Pseudo Science) ਦੇ ਦਾਇਰੇ ਵਿੱਚ ਆਉਂਦੇ ਹਨ।ਮਿਸਾਲ ਦੇ ਤੌਰ 'ਤੇ ਚੁੰਬਕੀ ਇਲਾਜ (magnetic healing) ਇਹ ਵਿਗਿਆਨ ਦੇ ਚੁੰਬਕੀ ਖੇਤਰ ਨਾਲ ਜੁੜਿਆ ਇਲਾਜ ਹੈ ।ਇਸ ਦੇ ਪ੍ਰਚਾਰਕ ਦਾਅਵਾ ਕਰਦੇ ਹਨ ਚੁੰਬਕੀ ਖੇਤਰ ਹੱਡੀਆਂ ਦਾ ਇਲਾਜ ਕਰਦਾ ਹੈ ਅਤੇ ਖ਼ੂਨ ਦੇ ਗੇੜ ਨੂੰ ਸੁਧਾਰਦਾ ਹੈ, ਪਰ ਇਸ ਉਪਰ ਗੰਭੀਰ ਨਜ਼ਰਸਾਨੀ ਕਰਨ 'ਤੇ ਸਿੱਟਾ ਨਿਕਲਦਾ ਹੈ ਕਿ ਅਜੇਹੇ ਇਲਾਜ ਹੋਣ ਦਾ ਕੋਈ ਸਬੂਤ ਨਹੀਂ ਮਿਲਦਾ ।

ਦਸ, ਇਕ ਸੌ ਜਾਂ ਇਸ ਨਾਲ਼ੋਂ ਵੀ ਜ਼ਿਆਦਾ ? ਕੀ ਤੁਸੀਂ ਕਦੀ ਸੋਚਿਆ ਹੈ ਕਿ ਕੰਪਨੀਆਂ ਇਸ਼ਤਿਹਾਰਬਾਜ਼ੀ ਕਿਉਂ ਕਰਦੀਆਂ ਹਨ ? ਕੀ ਇਸ ਦਾ ਲੋਕਾਂ ਉੱਪਰ ਕੋਈ ਅਸਰ ਵੀ ਪੈਂਦਾ ਹੈ ? ਇਸ਼ਤਿਹਾਰਬਾਜੀ ਪਿੱਛੇ ਕੰਪਨੀਆਂ ਦੀ ਕੀ ਮਨਸ਼ਾ ਹੁੰਦੀ ਹੈ ? ਕਿਵੇਂ ਉਹ ਸਾਡੇ ਧਿਆਨ ਨੂੰ ਆਪਣੇ ਵੱਲ ਖਿੱਚਦੇ ਹਨ ? ਕਿਵੇਂ ਉਹ ਆਪਣਾ ਉਤਪਾਦ ਖਰੀਦਣ ਲਈ ਸਾਨੂੰ ਸਹਿਮਤ ਕਰ ਲੈਂਦੇ ਹਨ ?

ਕੋਈ ਕੰਪਨੀ ਆਮ ਰਣਨੀਤੀ ਜਾਂ ਕਪਟ ਨੀਤੀ ਰਾਹੀਂ ਇਹ ਦਾਅਵਾ ਕਰਦੀ ਹੈ ਕਿ ਉਸ ਦੇ ਉਤਪਾਦ ਨੂੰ ਵਿਗਿਆਨਕ ਲੀਹਾਂ 'ਤੇ ਵਿਕਸਤ ਕੀਤਾ ਗਿਆ ਹੈ।ਮਿਸਾਲ ਦੇ ਤੌਰ 'ਤੇ ਇਸ ਵਿੱਚ ਵਿਗਿਆਨਕ ਤੌਰ ਕੇ ਤਿਆਰ ਕੀਤੇ ਚਿਹਰੇ ਨੂੰ ਸਾਫ ਕਰਨ ਵਾਲੇ ਜਾਂ ਰਸਾਇਣਕ ਤੌਰ ਕੇ ਸਿੱਧ ਕੀਤੇ ਸਪਲੀਮੈਂਟ ਪਾਏ ਗਏ ਹਨ।ਵਿਗਿਆਪਨ ਕਰਨ ਵਾਲਿਆਂ ਨੂੰ ਯਕੀਨ ਹੁੰਦਾ ਹੈ ਕਿ ਲੋਕਾਂ ਵਿੱਚ ਵਿਗਿਆਨ ਦੀ ਹਾਂ-ਪੱਖੀ ਮਾਨਤਾ ਹੋਣ ਕਰਕੇ ਇਸ਼ਤਿਹਾਰ ਦੀ ਭਾਸ਼ਾ ਲੋਕ ਮਨਾਂ ਨੂੰ ਟੁੰਬੇਗੀ ਕਿ ਉਨ੍ਹਾਂ ਦਾ ਉਤਪਾਦ ਬੜਾ ਭਰੋਸੇਯੋਗ, ਚੰਗੀ ਗੁਣਵੱਤਾ ਵਾਲਾ ਅਤੇ ਸੁਰੱਖਿਅਤ ਹੈ।

ਕਈ ਵਾਰ ਉਤਪਾਦ ਦੇ ਲਿਫਾਫੇ ਜਾਂ ਡੱਬੇ ਉੱਪਰ ਪ੍ਰਯੋਗਸ਼ਾਲਾ ਵਿੱਚ ਪ੍ਰਯੋਗ ਕਰ ਰਹੇ ਚਿੱਟੇ ਕੋਟ ਪਾਈ ਖੋਜੀਆਂ ਦੀ ਫੋਟੋ ਵੀ ਛਪੀ ਹੁੰਦੀ ਹੈ।ਇਹ ਫੋਟੋ ਲੋਕਾਂ ਦੇ ਮਨ ਬਦਲਣ ਲਈ ਜਾਦੂ ਦੀ ਛੜੀ ਦਾ ਕੰਮ ਕਰਦੀ ਹੈ।ਲੋਕ ਮੰਨ ਜਾਂਦੇ ਹਨ ਕਿ ਇਹ ਉਤਪਾਦ ਖੋਜੀਆਂ ਦੇ ਪ੍ਰਯੋਗਸ਼ਾਲਾ ਵਿੱਚ ਪਰਖਣ ਉਪਰੰਤ ਕੰਪਨੀ ਨੇ ਮਾਰਕਿਟ ਵਿੱਚ ਵੇਚਣ ਲਈ ਭੇਜਿਆ ਹੈ।ਕਿਹੜਾ ਦੇਖਦਾ ਕਿ ਇਹ ਫੋਟੋ ਅਸਲੀ ਹੈ ਕਿ ਨਕਲੀ।

ਕੰਪਨੀਆਂ ਵਾਲੇ ਇਸ਼ਤਿਹਾਰਾਂ ਵਿੱਚ ਆਪਣੇ ਉਤਪਾਦ ਨੂੰ ਪ੍ਰਮਾਣਿਕ ਬਣਾਉਣ ਲਈ ਵਿਗਿਆਨਕ ਭਾਸ਼ਾ ਵੀ ਵਰਤ ਲੈਂਦੇ ਹਨ।ਤੁਸੀਂ ਦੇਖਿਆ ਹੋਣਾ ਅੱਜ-ਕੱਲ੍ਹ ਇਸ਼ਤਿਹਾਰਾਂ ਵਿੱਚ ਲਿਖਿਆ ਹੁੰਦਾ- Chemical free cleaning products ਯਾਨਿ ਕਿ ਰਸਾਇਣਾਂ ਤੋਂ ਮੁਕਤ ਸਫਾਈ ਕਰਨ ਵਾਲੇ ਉਤਪਾਦ।ਦੇਖਣ ਨੂੰ ਚਾਹੇ ਸਹੀ ਲੱਗੇ, ਪਰ ਥੋੜ੍ਹਾ ਸੋਚਣ ਪਿਛੋਂ ਮਨ ਵਿੱਚੋਂ ਆਵਾਜ਼ ਜ਼ਰੂਰ ਆ ਜਾਂਦੀ ਹੈ ਕਿ ਕੋਈ ਵੀ ਉਤਪਾਦ ਰਸਾਇਣਾਂ ਤੋਂ ਮੁਕਤ ਹੋ ਹੀ ਨਹੀਂ ਸਕਦਾ।ਸਾਰੇ ਉਤਪਾਦ ਮਾਦੇ ਦੇ ਬਣੇ ਹਨ ਅਤੇ ਮਾਦਾ ਰਸਾਇਣਾਂ ਤੋਂ ਬਣਦਾ ਹੈ।ਸੋ ਕੈਮੀਕਲ ਫਰੀ ਹੋਣ ਦੇ ਦਾਅਵੇ ਦੀ ਫੂਕ ਨਿਕਲ ਜਾਂਦੀ ਹੈ।ਕਿਉਂ ਨਾ ਆਪਾਂ ਸੂਡੋ ਸਾਇੰਸ ਰਾਹੀਂ ਅਤੇ ਵਿਗਿਆਨ ਨੂੰ ਢਾਲ ਬਣਾ ਕੇ ਕੰਪਨੀਆਂ ਵੱਲੋਂ ਕੀਤੀ ਜਾਂਦੀ ਅੰਨ੍ਹੀ ਲੁੱਟ ਬਾਰੇ ਆਮ ਲੋਕਾਂ ਨੂੰ ਸੁਚੇਤ ਕਰੀਏ।

**ਮੇਲ- mayer_hk@yahoo.com**

# ਇੱਕ ਚੁਟਕੀ ਸਿੰਧੂਰ ਕੀ ਕੀਮਤ ਤੁਮ ਕਿਆ ਜਾਨੋ...



**ਨਰਿੰਦਰ ਸੋਹਲ**

ਕਸ਼ਮੀਰ ਦਾ ਪਹਿਲਗਾਮ, ਜਿਸ ਨੂੰ ਮਿੰਨੀ ਸਵਿਟਜ਼ਰਲੈਂਡ ਵੀ ਕਿਹਾ ਜਾਂਦਾ ਹੈ । ਸੈਲਾਨੀਆਂ ਲਈ ਹਮੇਸ਼ਾ ਖਿੱਚ ਦਾ ਕੇਂਦਰ ਰਿਹਾ ਹੈ । ਨਵੇਂ ਵਿਆਹੇ ਜੋੜਿਆਂ ਦੀ ਮਨ-ਪਸੰਦ ਸੈਰਗਾਹ ਹੈ । ਇਸ ਦੀ ਖੂਬਸੂਰਤੀ ਹਰ ਦਿਲ ਨੂੰ ਟੁੰਬਦੀ ਹੈ, ਪਰ ਅਚਾਨਕ 22 ਅਪ੍ਰੈਲ ਨੂੰ ਸਾਰੀ ਵਾਦੀ ਚੀਕਾਂ ਨਾਲ ਗੂੰਜ ਉੱਠੀ । ਇਹ ਕੀ ਭਾਣਾ ਵਾਪਰ ਗਿਆ ? ਕਿਸ ਦੀ ਨਜ਼ਰ ਲੱਗ ਗਈ ਕਿ ਮਿੰਟਾਂ ਵਿੱਚ ਸਜ-ਵਿਆਹੀਆਂ ਦੇ ਸੰਦੂਰ ਮਿਟ ਗਏ, ਜਿਨ੍ਹਾਂ ਦੇ ਹੱਥਾਂ ਦੀ ਮਹਿੰਦੀ ਵੀ ਨਹੀਂ ਮਿਟੀ ਸੀ । ਇਸ ਕਤਲੇਆਮ ਨੇ ਸਾਰੇ ਦੇਸ਼ ਨੂੰ ਝੰਜੋੜਾ ਕੇ ਰੱਖ ਦਿੱਤਾ। ਕੇਂਦਰ ਸਰਕਾਰ ਦੇ ਦਾਅਵੇ ਹਵਾ ਹੋ ਗਏ, ਜੋ ਲਗਾਤਾਰ ਇਹੀ ਕਹਿੰਦੀ ਰਹਿੰਦੀ ਸੀ ਕਿ ਨੋਟਬੰਦੀ ਤੋਂ ਬਾਅਦ ਅੱਤਵਾਦ ਦਾ ਲੱਕ ਟੁੱਟ ਗਿਆ ਹੈ। ਫਿਰ ਇਹ ਅੱਤਵਾਦੀ ਕਿੱਥੋਂ ਆ ਗਏ ? ਹੈਰਾਨੀ ਇਸ ਗੱਲ ਦੀ ਵੀ ਹੋਈ ਕਿ ਸਰੇਆਮ ਅੱਤਵਾਦੀਆਂ ਨੇ ਹਮਲਾ ਬੋਲਿਆ ਤੇ ਆਰਾਮ ਨਾਲ ਵਾਪਸ ਵੀ ਚਲੇ ਗਏ । ਕਸ਼ਮੀਰ ਜਿਸ ਦੇ ਚੱਪੇ-ਚੱਪੇ 'ਤੇ ਫੌਜ ਮੌਜੂਦ ਹੁੰਦੀ, ਉਹ ਉੱਥੇ ਨਜ਼ਰ ਹੀ ਨਹੀਂ ਆਈ। ਜਾਣਕਾਰੀ ਅਨੁਸਾਰ ਤਿੰਨ ਮਹੀਨੇ ਪਹਿਲਾਂ ਇੱਥੋਂ ਫੌਜ ਨੂੰ ਹਟਾ ਦਿੱਤਾ ਗਿਆ ਸੀ, ਜਦਕਿ ਸੰਵੇਦਨਸ਼ੀਲ ਥਾਵਾਂ 'ਤੇ ਫੌਜੀ ਟੁਕੜੀ ਦਾ ਹੋਣਾ ਬਹੁਤ ਜ਼ਰੂਰੀ ਹੁੰਦਾ ਹੈ।

ਇਸ ਹਮਲੇ ਵਿਚ ਆਪਣਿਆਂ ਨੂੰ ਗੁਆਉਣ ਵਾਲੇ ਪਰਵਾਰਾਂ ਨੇ ਕਈ ਸਵਾਲ ਖੜ੍ਹੇ ਕੀਤੇ। ਉਹਨਾ ਕਿਹਾ ਕਿ ਨੇਤਾ ਤਾਂ ਆਪਣੇ ਅੱਗੇ-ਪਿੱਛੇ ਸੁਰੱਖਿਆ ਲੈ ਕੇ ਚੱਲਦੇ ਹਨ, ਫਿਰ ਲੋਕਾਂ ਨੂੰ ਉਥੇ ਅਨਾਥ ਕਿਉਂ ਛੱਡ ਦਿੱਤਾ ਗਿਆ ? ਅੱਧਾ ਘੰਟਾ ਗੋਲੀ ਚੱਲਦੀ ਰਹੀ, ਫੌਜ ਕਿਥੇ ਸੀ ? ਆਦਿ ਪਰ ਗੋਦੀ ਮੀਡੀਆ ਨੇ ਅਸਲ ਸਵਾਲਾਂ ਵੱਲ ਆਉਣ ਦੀ ਬਜਾਏ ਹਿੰਦੂ, ਮੁਸਲਮਾਨ ਕਰਨਾ ਹੀ ਜਾਰੀ ਰੱਖਿਆ। ਇਸ ਸਭ ਤੋਂ ਨਿਰਾਸ਼ ਹੋਈ ਸ਼ਹੀਦ ਨਰਵਾਲ ਦੀ ਪਤਨੀ ਹਿਮਾਂਸ਼ੀ ਨੂੰ ਇਹ ਅਪੀਲ ਕਰਨੀ ਪਈ ਕਿ ਸਾਰੇ ਮੁਸਲਮਾਨ ਜਾਂ ਕਸ਼ਮੀਰੀਆਂ ਨੂੰ ਦੋਸ਼ੀ ਨਾ ਠਹਿਰਾਇਆ ਜਾਵੇ। ਅਸੀਂ ਸ਼ਾਂਤੀ ਚਾਹੁੰਦੇ ਹਾਂ । ਉਸ ਦਾ ਏਨਾ ਕਹਿਣ ਦੀ ਦੇਰ ਸੀ ਕਿ ਵੰਡ-ਪਾਊ ਟੋਲੇ ਨੂੰ ਸੱਤੀਂ ਕੱਪੜੀ ਅੱਗ ਲੱਗ ਗਈ ਤੇ ਉਨ੍ਹਾਂ ਹਿਮਾਂਸ਼ੀ ਨੂੰ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਉਹ ਇਹ ਵੀ ਭੁੱਲ ਗਏ ਕਿ ਹਿਮਾਂਸ਼ੀ ਪਹਿਲਗਾਮ ਹਮਲੇ 'ਚ ਆਪਣਾ ਪਤੀ ਗੁਆਕੇ ਆਈ ਹੈ, ਜਿਸ ਦਾ ਹਫਤਾ ਪਹਿਲਾਂ ਹੀ ਵਿਆਹ ਹੋਇਆ ਸੀ । ਹਮਲੇ ਨੇ ਉਸ ਦਾ ਸੰਦੂਰ ਉਜਾੜ ਦਿੱਤਾ ਸੀ ਤੇ ਉਹ ਗਹਿਰੇ ਸਦਮੇ ਵਿਚੋਂ ਗੁਜ਼ਰ ਰਹੀ ਸੀ । ਕੀ ਤੁਹਾਡੀ ਨਜ਼ਰ ਵਿਚ ਉਸ ਦੇ ਸੰਦੂਰ ਦੀ ਕੋਈ ਕੀਮਤ ਨਹੀਂ ਸੀ ? ਦੁੱਖਦਾਈ ਹੈ ਕਿ ਸਾਡੇ ਪ੍ਰਧਾਨ ਮੰਤਰੀ ਜਾਂ ਹੋਰ ਜ਼ੁੰਮੇਵਾਰ ਅਧਿਕਾਰੀਆਂ ਨੇ ਇਸ ਦਾ ਨੋਟਿਸ ਨਹੀਂ ਲਿਆ। ਪ੍ਰਧਾਨ ਮੰਤਰੀ ਤਾਂ ਪਹਿਲਗਾਮ ਜਾਣ ਦੀ ਥਾਂ ਬਿਹਾਰ ਵਿਚ ਚੋਣ ਪ੍ਰਚਾਰ ਕਰਨ ਚਲੇ ਗਏ । ਸ਼ਾਇਦ ਸਿੰਧੂਰ ਨਾਲੋਂ ਵੋਟਾਂ ਵੱਧ ਕੀਮਤੀ ਹਨ।

ਹਰ ਪਾਸੇ ਸਰਕਾਰ ਦੀ ਫੇਲੀਅਰ ਦੀ ਗੱਲ ਹੋਣ ਲੱਗੀ। ਵਿਰੋਧੀ ਪਾਰਟੀਆਂ ਤੇ ਆਮ ਲੋਕ ਸਰਕਾਰ ਨੂੰ ਸਵਾਲ ਕਰਨ ਲੱਗੇ ਕਿ ਇੰਟੈਲੀਜੈਂਸੀ ਦੀ ਰਿਪੋਰਟ ਮਿਲਣ ਦੇ ਬਾਵਜੂਦ ਸੁਰੱਖਿਆ ਕਿਉਂ ਹਟਾਈ ਗਈ ? ਗ਼ੌਰ ਕਰਨ ਵਾਲੀ ਗੱਲ ਹੈ ਕਿ ਉਸੇ ਖੁਫ਼ੀਆ ਰਿਪੋਰਟ ਦੇ ਅਧਾਰ 'ਤੇ ਹੀ ਦੋ ਦਿਨ ਪਹਿਲਾਂ ਪ੍ਰਧਾਨ ਮੰਤਰੀ ਦੀ ਜੰਮੂ ਫ਼ੇਰੀ ਨੂੰ ਰੱਦ ਕੀਤਾ ਗਿਆ ਸੀ। ਇਹ ਵੀ ਧਿਆਨ ਕਰਨਯੋਗ ਹੈ ਕਿ LOC ਤੋਂ ਕਰੀਬ 70 ਕਿਲੋਮੀਟਰ ਦੂਰ ਪਹਿਲਗਾਮ ਘਾਟੀ ਤੱਕ ਹਮਲਾਵਰ ਪਹੁੰਚਣ ਚ ਕਿਵੇਂ ਕਾਮਯਾਬ ਹੋਏ ? ਹਮਲਾਵਰ ਲੰਬੇ ਸਮੇਂ ਤੱਕ ਨਾਮ ਪੁੱਛ-ਪੁੱਛ ਕੇ ਫ਼ਾਇਰਿੰਗ ਕਰਦੇ ਰਹੇ ਤੇ ਇੰਨੇ ਸਮੇਂ ਵਿੱਚ ਸੁਰੱਖਿਆ ਦਸਤੇ ਘਟਨਾ ਸਥਾਨ ਤੱਕ ਪਹੁੰਚਣ 'ਚ ਨਾਕਾਮ ਕਿਉਂ ਰਹੇ ? ਹਮਲਾਵਰ ਸੁਰੱਖਿਅਤ ਭੱਜਣ ਵਿੱਚ ਕਾਮਯਾਬ ਕਿਵੇਂ ਹੋ ਗਏ ? ਅਜੇ ਤੱਕ ਹਮਲਾਵਰਾਂ ਦੀ ਗਿਣਤੀ ਤੇ ਪਹਿਚਾਣ ਸਾਹਮਣੇ ਕਿਉਂ ਨਹੀਂ ਆਈ ?

ਜਦੋਂ ਸਵਾਲਾਂ ਦੀ ਲਾਈਨ ਲੰਮੀ ਹੋਣ ਲੱਗੀ ਤਾਂ ਗੋਂਗਲੂਆਂ ਤੋਂ ਮਿੱਟੀ ਝਾੜਨ ਵਾਂਗ ਭਾਰਤ-ਪਾਕਿਸਤਾਨ ਵਿੱਚ ਜੰਗ ਦਾ ਮਾਹੌਲ ਸਿਰਜ ਦਿੱਤਾ ਗਿਆ। ਜੰਗ ਭਾਰਤ ਵੱਲੋਂ ਅਪ੍ਰੇਸ਼ਨ ਸੰਦੂਰ ਹੇਠ ਸ਼ੁਰੂ ਕੀਤੀ ਗਈ, ਬੇਸ਼ੱਕ ਇਸ ਨੂੰ ਅਧਿਕਾਰਿਤ ਤੌਰ 'ਤੇ ਅੱਤਵਾਦੀ ਟਿਕਾਣਿਆਂ 'ਤੇ ਹਮਲਾ ਕਰਾਰ ਦਿੱਤਾ ਗਿਆ, ਪਰ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਸਿਰਜਣ ਵਿੱਚ ਕੋਈ ਕਮੀ ਨਹੀਂ ਛੱਡੀ ਗਈ। ਗੋਦੀ ਮੀਡੀਆ ਨੇ ਬੇਸ਼ਰਮੀ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ। ਜਿਸ ਤਰੀਕੇ ਦਾ ਰੋਲ ਗੋਦੀ ਮੀਡੀਆ ਨੇ ਨਿਭਾਇਆ, ਸਰਹੱਦਾਂ 'ਤੇ ਵੱਸਣ ਵਾਲੇ ਲੋਕਾਂ ਨੇ ਇਸ ਦੀ ਭਾਰੀ ਨਿੰਦਾ ਕੀਤੀ ਅਤੇ ਕਿਹਾ ਕਿ ਸਾਨੂੰ ਪੁੱਛ ਕੇ ਵੇਖੋ ਜੰਗ ਕੀ ਹੁੰਦੀ। ਤੁਸੀਂ ਏ ਸੀ ਕਮਰਿਆਂ ਵਿਚ ਬੈਠ ਕੇ ਜੋ ਬੋਲ ਰਹੇ ਓ, ਹਾਰਟ ਅਟੈਕ ਆਉਣ ਵਿੱਚ ਕਸਰ ਨਹੀਂ ਛੱਡਦੇ। ਅਸੀਂ ਪਤਾ ਨਹੀਂ ਕਿੰਨੀ ਵਾਰ ਉੱਜੜੇ ਤੇ ਕਿੰਨੀ ਵਾਰ ਵੱਸੇ ਹਾਂ । ਸਾਨੂੰ ਸ਼ਾਂਤੀ ਨਾਲ ਜੀਣ ਦਿਓ। ਸੱਚਮੁੱਚ ਗੋਦੀ ਮੀਡੀਆ ਨੇ ਤਾਂ ਵੀਡੀਓ ਗੇਮਾਂ ਦਿਖਾ-ਦਿਖਾ ਕੋਈ ਕਸਰ ਨਹੀਂ ਛੱਡੀ, ਜੰਗ ਭੜਕਾਉਣ ਦੀ । ਉਹਨਾ ਤਾਂ ਅੱਧੇ ਪਾਕਿਸਤਾਨ 'ਤੇ ਕਬਜ਼ਾ ਵੀ ਕਰਵਾ ਦਿੱਤਾ ਸੀ। ਜੇ ਜੰਗ ਖਤਰਨਾਕ ਰੂਪ ਧਾਰਨ ਕਰ ਜਾਂਦੀ ਤਾਂ ਪਤਾ ਨਹੀਂ ਕਿੰਨੇ ਜਵਾਨ ਤੇ ਆਮ ਲੋਕ ਸ਼ਹੀਦ ਹੁੰਦੇ ਤੇ ਕਿੰਨੀਆਂ ਭੈਣਾਂ ਦੇ ਸੰਧੂਰ ਮਿਟ ਜਾਂਦੇ ਅਤੇ ਆਰਥਿਕ ਨੁਕਸਾਨ ਵੱਖਰਾ ਹੁੰਦਾ । ਮੀਡੀਆ ਕਰਕੇ ਸਾਰੀ ਦੁਨੀਆ ਵਿੱਚ ਹੀ ਭਾਰਤ ਦੀ ਬਹੁਤ ਕਿਰਕਿਰੀ ਹੋਈ ਹੈ । ਸਰਕਾਰ ਵੱਲੋਂ ਇਹਨਾਂ ਨੂੰ ਕੋਈ ਲਗਾਮ ਨਹੀਂ ਪਾਈ ਗਈ ਅਤੇ ਨਾ ਹੀ ਉਨ੍ਹਾਂ ਵਿਰੁੱਧ ਕੋਈ ਕਾਰਵਾਈ ਕੀਤੀ ਗਈ ਹੈ। ਅਸਲ ਵਿੱਚ ਜਿਨ੍ਹਾਂ ਨੇ ਜ਼ੁੰਮੇਵਾਰੀ ਨਿਭਾਉਣੀ ਸੀ, ਉਹ ਤਾਂ ਲੋਕਾਂ ਨੂੰ ਅੱਗ ਵਿਚ ਸੁੱਟ ਕੇ ਪਾਸਾ ਵੱਟਦੇ ਹੀ ਨਜ਼ਰ ਆਏ। ਇਸ ਮਹੌਲ ਦੌਰਾਨ ਕੀਤੀਆਂ ਗਈਆਂ ਆਲ ਪਾਰਟੀ ਮੀਟਿੰਗਾਂ ਵਿੱਚੋਂ ਪ੍ਰਧਾਨ ਮੰਤਰੀ ਗੈਰ-ਹਾਜ਼ਰ ਹੀ ਰਹੇ।

ਸੀਜ਼ਫਾਇਰ ਦੀ ਸੂਚਨਾ ਵੀ ਦੋਵਾਂ ਦੇਸ਼ਾਂ ਵੱਲੋਂ ਨਹੀਂ, ਸਗੋਂ ਤੀਜੀ ਧਿਰ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਵੱਲੋਂ ਦਿੱਤੀ ਗਈ।ਹੈਰਾਨੀਜਨਕ ਹੈ ਕਿ ਅਮਰੀਕੀ ਰਾਸ਼ਟਰਪਤੀ ਨੇ ਭਾਰਤੀ ਅਧਿਕਾਰੀਆਂ ਦੇ ਐਲਾਨ ਤੋਂ ਪਹਿਲਾਂ ਜੰਗਬੰਦੀ ਦਾ ਐਲਾਨ ਕਿਵੇਂ ਕਰ ਦਿੱਤਾ ? ਟਰੰਪ ਨੇ ਇਹ ਦਾਅਵਾ ਵੀ ਕੀਤਾ ਕਿ ਵਪਾਰ ਬੰਦ ਕਰਨ ਦੀ ਧਮਕੀ ਦੇ ਕੇ ਦੋਵਾਂ ਦੇਸ਼ਾਂ ਵਿਚਕਾਰ ਜੰਗਬੰਦੀ ਨੂੰ ਮਜਬੂਰ ਕੀਤਾ ਹੈ, ਪਰ ਪ੍ਰਧਾਨ ਮੰਤਰੀ ਹੋਰ ਹੀ ਬੜ੍ਹਕਾਂ ਮਾਰੀ ਗਏ। ਜੇ ਇਹ ਝੂਠ ਸੀ, ਫਿਰ ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਟਰੰਪ ਦੇ ਬਿਆਨ ਦਾ ਖੰਡਨ ਕਿਉਂ ਨਹੀਂ ਕੀਤਾ ? ਅਚਾਨਕ ਜੰਗਬੰਦੀ ਕਿਵੇਂ ਹੋ ਗਈ ? ਜਦੋਂ ਭਾਰਤੀ ਫੌਜ ਲੜਾਈ ਵਿੱਚ ਪਾਕਿਸਤਾਨ ਨਾਲੋਂ ਜ਼ਿਆਦਾ ਮਜ਼ਬੂਤ ਸਥਿਤੀ ਵਿੱਚ ਸੀ, ਫਿਰ ਪਹਿਲਗਾਮ ਹਮਲੇ ਦੇ ਦੋਸ਼ੀ ਅੱਤਵਾਦੀਆਂ ਨੂੰ ਭਾਰਤ ਦੇ ਹਵਾਲੇ ਕਰਨ ਲਈ ਕਿਉਂ ਨਹੀਂ ਕਿਹਾ ਗਿਆ ? ਜੇ ਉਨ੍ਹਾਂ ਨੂੰ ਫੜਿਆ ਹੀ ਨਹੀਂ ਗਿਆ ਤਾਂ ਹਮਲੇ ਦੀਆਂ ਪੀੜਤ ਔਰਤਾਂ ਨੂੰ ਉਨ੍ਹਾਂ ਦੇ ਮਿਟੇ ਸੰਧੂਰ ਦਾ ਇਨਸਾਫ ਕਿਵੇਂ ਮਿਲੇਗਾ ? ਕੀ ਇਹ ਸਾਰੀ ਖੇਡ ਸਿਰਫ ਲੋਕਾਂ ਦਾ ਧਿਆਨ ਪਾਸੇ ਕਰਨ ਲਈ ਤਾਂ ਨਹੀਂ ਸੀ ? ਕਿਉਂਕਿ ਪਾਕਿਸਤਾਨ ਇਸ ਜੰਗ ਦੀ ਆੜ ਵਿੱਚ 2.3 ਅਰਬ ਡਾਲਰ ਦਾ ਆਈ.ਐੱਮ.ਐੱਫ. ਅੰਤਰ-ਰਾਸ਼ਟਰੀ ਕਰਜ਼ਾ ਪ੍ਰਾਪਤ ਕਰ ਗਿਆ ਹੈ ਅਤੇ ਸਾਡੇ ਹਾਕਮ 'ਬਿਹਾਰ' ਦੀ ਚੋਣ ਜਿੱਤਣ ਵਿੱਚ ਇਸ ਦਾ ਸਿਹਰਾ ਲੈ ਰਹੇ ਹਨ । ਅਸਲੀਅਤ ਕੀ ਹੈ ਲੋਕਾਂ ਸਾਹਮਣੇ ਆਉਣੀ ਚਾਹੀਦੀ ਹੈ। ਪੀੜਤਾਂ ਨੂੰ ਇੰਝ ਮਹਿਸੂਸ ਨਾ ਹੋਵੇ ਕਿ ਉਹਨਾਂ ਦੇ ਸੰਦੂਰ ਦਾ ਮਜ਼ਾਕ ਬਣਾਇਆ ਗਿਆ ।

**# ਸੰਪਰਕ : 94641-13255**

# ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਨੇ ਸਿਵਲ ਹਸਪਤਾਲ 'ਚ ਕੀਤਾ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)** ਕਿਰਨਦੀਪ ਕੌਰ ਪੰਜਗਰਾਈਂ ਸੂਬਾ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਗਾ ਦੀ ਪ੍ਰਧਾਨ ਮਨਦੀਪ ਕੌਰ ਦੀ ਅਗਵਾਈ ਵਿੱਚ ਜ਼ਿਲ੍ਹਾ ਮੋਗਾ ਦੀਆਂ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵੱਲੋਂ ਆਪਣੇ ਬਣਦੇ ਭੱਤੇ ਲੈਣ ਲਈ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਿਆ, ਕਿਉਂਕਿ ਜ਼ਿਲ੍ਹਾ ਕਮੇਟੀ ਵਰਕਰਾਂ ਦੇ ਹੱਕਾਂ ਲਈ ਵਾਰ ਵਾਰ ਉਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੰਦੇ ਰਹੇ, ਪ੍ਰੰਤੂ ਕੋਈ ਹੱਲ ਨਾ ਹੋਣ ਕਰਕੇ ਸਮੂਹ ਵਰਕਰਾਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ। ਵਰਕਰਾਂ ਨੇ ਐਮ.ਐਨ.ਐਸ ਬਜ਼ੁਰਗਾਂ, ਮੈਟਲੀ ਦੀ ਕੇਅਰ ਟਰੇਨਿੰਗ ਮਾਰਚ 2024, ਲੈਣ ਤੋਂ ਬਾਅਦ ਘਰ ਘਰ ਜਾ ਕੇ ਸਰਵੇਖਣ ਕੀਤਾ, ਗਾਈਡ ਲਾਇਨ ਮੁਤਾਬਿਕ ਕੇਅਰ ਕੀਤੀ ਅਤੇ ਇਹ ਕੇਅਰ ਇਕ ਸਾਲ ਤੋਂ ਲਗਾਤਾਰ ਚੱਲ ਰਹੀ ਹੈ, ਸਰਕਾਰ ਦੀਆਂ ਗਾਈਡ ਲਾਇਨਾਂ ਮੁਤਾਬਕ ਹਰੇਕ ਆਸ਼ਾ ਵਰਕਰ ਦਾ 1000 ਪ੍ਰਤੀ ਮਹੀਨਾ ਦਿੱਤਾ ਜਾਣਾ ਸੀ, ਜੋ ਹੁਣ ਤੱਕ ਜ਼ਿਲ੍ਹੇ ਵਿੱਚ ਨਹੀਂ ਦਿੱਤਾ ਗਿਆ। ਪ੍ਰੰਤੂ ਅਫਸੋਸ ਬਹੁਤ ਦੁੱਖ ਨਾਲ ਕਹਿਣਾ ਪੈ ਰਿਹਾ ਕਿ ਵਰਕਰਾਂ ਦੀ ਬਣਦੀ ਪੇਮੈਂਟ ਨਹੀਂ ਪਾਈ ਜਾ ਰਹੀ, ਜਿਸ ਕਰਕੇ ਅੱਤ ਦੀ ਗਰਮੀ ਵਿੱਚ ਰੋਸ ਮੁਜ਼ਾਹਰੇ ਕਰਨ ਲਈ ਮਜਬੂਰ ਹੋਈਆਂ ਹਨ। ਜੇਕਰ ਫਿਰ ਵੀ ਪੇਮੈਂਟ ਨਾ ਪਾਈ ਗਈ ਤਾਂ ਇਹ ਪ੍ਰਦਰਸ਼ਨ ਤਿੱਖਾ ਰੂਪ ਧਾਰ ਸਕਦਾ ਹੈ। ਸਿਖ਼ਰ ਦੁਪਹਿਰ ਗਰਮੀ ਕਾਰਨ ਵਰਕਰਾਂ ਸਿਹਤ ਵਿਗੜਨ ਦਾ ਵੀ ਖ਼ਤਰਾ ਹੈ, ਜਿਸ ਦੀ ਜ਼ਿੰਮੇਵਾਰੀ ਸਬੰਧਤ ਜ਼ਿਲ੍ਹਾ ਉਚ ਅਧਿਕਾਰੀਆਂ ਦੀ ਹੋਵੇਗੀ। ਇਸ ਧਰਨੇ ਵਿੱਚ ਮੀਤ ਪ੍ਰਧਾਨ ਸੁਖਵਿੰਦਰ ਕੌਰ, ਮੀਤ ਪ੍ਰਧਾਨ ਵਿਦਿਆ ਕੌਰ ਸਮਾਧ ਭਾਈ, ਬਲਜੀਤ ਕੌਰ ਕੋਟ ਈਸੇ ਖਾਂ, ਮਨਪ੍ਰੀਤ ਕੌਰ, ਸਰਬਜੀਤ ਕੌਰ ਚੜਿਕ, ਸਿਕੰਦਰ ਕੌਰ, ਹਰਮੰਦਰ ਕੌਰ, ਮਹਿੰਦਰ ਕੌਰ, ਆਸ਼ਾ ਰਾਣੀ, ਕੋਮਲ, ਕਮਲਜੀਤ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਗੁਰਮੀਤ ਕੌਰ, ਹਰਵਿੰਦਰ ਕੌਰ ਆਦਿ ਸ਼ਾਮਲ ਸਨ।

# ਸ਼ਹੀਦ ਸੁਖਦੇਵ ਦਾ ਜਨਮ ਦਿਨ ਪਿੰਡ ਸੁਨੇਤ 'ਚ ਮਨਾਇਆ




**ਲੁਧਿਆਣਾ (ਰੈਕਟਰ ਕਥੂਰੀਆ)** ਲੁਧਿਆਣਾ ਵਿੱਚ ਬਹੁਤ ਕੁਝ ਤੇਜ਼ੀ ਨਾਲ ਬਦਲ ਰਿਹਾ ਹੈ, ਪਰ ਇਸਦੇ ਬਾਵਜੂਦ ਬਹੁਤ ਕੁਝ ਸਥਾਈ ਵੀ ਹੈ, ਜਿਹੜਾ ਵਰਾਸਤਾਂ ਨੂੰ ਅੱਗੇ ਤੋਰ ਰਿਹਾ ਹੈ।ਇਸ ਸਿਲਸਿਲੇ ਵਿੱਚ ਹੀ ਅਮਰ ਸ਼ਹੀਦ ਸੁਖਦੇਵ ਦਾ ਜਨਮ ਦਿਨ ਨੂੰ ਮਨਾਉਣ ਦਾ ਸਿਲਸਿਲਾ ਵੀ ਹੈ।ਇਸ ਮਕਸਦ ਲਈ ਜਿਹੜੇ ਸਮਾਗਮ ਹੁੰਦੇ ਹਨ, ਉਨ੍ਹਾਂ ਵਿੱਚ ਇੱਕ ਸਮਾਗਮ ਨੌਘਰਾ ਦਾ ਵੀ ਹੈ ਤੇ ਇੱਕ ਸਮਾਗਮ ਪਿੰਡ ਸੁਨੇਤ ਵਿਚਲੇ ਸ਼ਹੀਦੀ ਸਮਾਰਕ ਦਾ ਵੀ।

ਸ਼ਹਿਰ ਦੇ ਜੰਮਪਲ ਸ਼ਹੀਦ ਸੁਖਦੇਵ ਦੇ ਜਨਮ ਦਿਨ ਮੌਕੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ, ਸੁਨੇਤ ਵਿਖੇ ਮਹਾਂ ਸਭਾ ਲੁਧਿਆਣਾ ਤੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਦੇ ਕਾਰਕੁੰਨਾਂ ਵੱਲੋਂ ਸ਼ਹੀਦ ਸੁਖਦੇਵ ਦੇ ਬੁੱਤ ਨੂੰ ਹਾਰ ਪਾ ਕੇ ਤੇ ਆਕਾਸ਼ ਗੁੰਜਾਊ ਨਾਅਰਿਆਂ ਨਾਲ ਸ਼ਰਧਾਂਜਲੀ ਭੇਟ ਕੀਤੀ ਗਈ।

ਮਹਾਂ ਸਭਾ ਦੇ ਜਨਰਲ ਸਕੱਤਰ ਜਸਵੰਤ ਜੀਰਖ ਤੇ ਨੌਜਵਾਨ ਸਭਾ ਦੇ ਸਕੱਤਰ ਰਾਕੇਸ਼ ਆਜ਼ਾਦ ਨੇ ਕਿਹਾ ਕਿ ਸ਼ਹੀਦ ਸੁਖਦੇਵ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਇੱਕ ਲੁੱਟ ਰਹਿਤ ਸਮਾਜ ਦਾ ਸੁਪਨਾ ਵੇਖਿਆ ਸੀ ਤੇ ਉਸੇ ਸੁਪਨੇ ਨੂੰ ਸਾਕਾਰ ਕਰਨ ਲਈ ਸ਼ਹੀਦ ਭਗਤ ਸਿੰਘ ਅਤੇ ਰਾਜਗੁਰੂ ਨਾਲ ਹੱਸਦੇ ਹੱਸਦੇ ਫਾਂਸੀ ਤੇ ਚੜ੍ਹ ਗਏ।

ਇਸ ਸਮਾਗਮ ਰਾਹੀਂ ਯਾਦ ਕਰਾਇਆ ਗਿਆ ਕਿ ਉਨ੍ਹਾਂ ਨੇ ਆਪਣੀ ਜ਼ਿੰਦਗੀ ਦੇ ਛੋਟੇ ਜਿਹੇ ਵਕਫ਼ੇ ਦੌਰਾਨ ਦੇਸ਼ ਦੀ ਆਜ਼ਾਦੀ ਲਈ ਅਤੇ ਲੋਕਾਂ ਵਿੱਚ ਫਿਰਕੂ ਸਦਭਾਵਨਾ ਕਾਇਮ ਰੱਖਣ ਲਈ ਬਹੁਤ ਕੰਮ ਕੀਤੇ।ਉਨ੍ਹਾਂ ਨੇ ਹਰ ਵਰਗ ਦੇ ਨੌਜਵਾਨਾਂ ਨੂੰ ਚੇਤਨ ਕਰਨ ਲਈ ਨੌਜਵਾਨ ਭਾਰਤ ਸਭਾ ਵਰਗੀ ਜਥੇਬੰਦੀ ਬਣਾਉਣ ਵਿੱਚ ਅਹਿਮ ਰੋਲ ਅਦਾ ਕੀਤਾ।ਅੱਜ ਦੇ ਦੌਰ ਵਿੱਚ ਸਮੇਂ-ਸਮੇਂ ਦੀਆਂ ਸਰਕਾਰਾਂ ਜਿਨ੍ਹਾਂ ਸ਼ਹੀਦਾਂ ਦੀਆਂ ਤਸਵੀਰਾਂ 'ਤੇ ਹਾਰ ਪਾਉਣ ਤੋਂ ਇਲਾਵਾ ਹੋਰ ਕੁਝ ਨਹੀਂ ਕੀਤਾ, ਸਗੋਂ ਲੋਕਾਂ ਨੂੰ ਇਨ੍ਹਾਂ ਦੇ ਵਿਚਾਰਾਂ ਦੇ ਉਲਟ ਧਰਮਾਂ-ਜਾਤਾਂ ਦੇ ਨਾਂਅ 'ਤੇ ਲੜਾ ਕੇ ਵੱਡੇ ਕਾਰਪੋਰੇਟ ਘਰਾਣਿਆਂ ਅਤੇ ਸਾਮਰਾਜੀ ਮੁਲਕਾਂ ਦੀ ਸੇਵਾ ਕਰ ਰਹੀਆਂ ਹਨ।ਕਰਨਲ ਸੋਫੀਆ ਕੁਰੈਸ਼ੀ ਖਿਲਾਫ ਭਾਜਪਾ ਲੀਡਰ ਦੀ ਟਿੱਪਣੀ ਦਾ ਮਾਮਲਾ ਵਿੱਚ ਗਰਮਾਉਣ ਨਾਲ ਮਹਾਂਸਭਾ ਨੇ ਦੇਸ਼ ਵਿੱਚ ਗੰਭੀਰ ਹੁੰਦੀ ਜਾ ਰਹੀ ਫਿਰਕਾਪ੍ਰਸਤੀ ਦੀ ਸਮੱਸਿਆ ਨੂੰ ਲੋਕਾਂ ਦੇ ਸਾਹਮਣੇ ਲਿਆਂਦਾ ਹੈ।ਸਭਾ ਨੇ ਕਿਹਾ ਕਿ ਸ਼ਹੀਦਾਂ ਅਤੇ ਦੇਸ਼ ਪ੍ਰੇਮੀਆਂ ਨੂੰ ਜਾਤਾਂ ਪਾਤਾਂ ਤੇ ਧਰਮਾਂ ਵਿੱਚ ਵੰਡਣ ਵਾਲੇ ਅਨਸਰ ਦੇਸ਼ ਅਤੇ ਦੁਨੀਆ ਦੇ ਦੁਸ਼ਮਣ ਹਨ।

# ਕੱਕੜਵਾਲ ਚੌਂਕ ਬਣਿਆ ਲੋਕਾਂ ਦੀ ਜਾਨ ਦਾ ਖੌਅ

**ਧੂਰੀ (ਮਹਿਤ ਗਰਗ, ਬਿੰਨੀ ਗਰਗ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕਾ ਧੂਰੀ ਵਿੱਚੋਂ ਲੰਘਦੇ ਸੰਗਰੂਰ-ਲੁਧਿਆਣਾ ਮੁੱਖ ਮਾਰਗ 'ਤੇ ਸਥਿਤ ਕੱਕੜਵਾਲ ਚੌਂਕ ਲੰਘਣ ਵਾਲੇ ਲੋਕਾਂ ਦੀ ਜਾਨ ਦਾ ਖੌਅ ਬਣਿਆ ਹੋਇਆ ਹੈ ਤੇ ਇਸ ਚੌਂਕ ਵਿਚ ਸਵੇਰੇ, ਦੁਪਹਿਰ ਤੇ ਸ਼ਾਮ ਵੇਲੇ ਲੰਘਦੇ ਜਾਮ ਲੋਕਾਂ ਦੀਆਂ ਮੁਸ਼ਕਲਾਂ ਦਾ ਸਬੱਬ ਸਾਬਤ ਹੋ ਰਹੇ ਹਨ।ਇਸ ਚੌਕ ਵਿਚ ਬਰਨਾਲਾ, ਮਾਲੇਰਕੋਟਲਾ, ਧੂਰੀ ਸ਼ਹਿਰ ਤੇ ਸੰਗਰੂਰ ਵੱਲੋਂ ਟ੍ਰੈਫਿਕ ਹੋਣ ਕਾਰਨ ਇੱਥੋਂ ਲੰਘਣਾ ਅਸੰਭਵ ਹੀ ਜਾਪਦਾ ਹੈ ਤੇ ਇਸ ਚੌਂਕ ਨੂੰ ਕਰਾਸ ਕਰਦੇ ਵੇਲੇ ਕੀਤੀ ਗਈ ਥੋੜ੍ਹੀ ਜਿਹੀ ਲਾਪ੍ਰਵਾਹੀ ਜਾਨਲੇਵਾ ਸਾਬਤ ਹੋ ਸਕਦੀ ਹੈ ਤੇ ਇਸ ਚੌਕ ਵਿੱਚ ਕਈਆਂ ਨੂੰ ਆਪਣੀ ਜਾਨ ਹੱਥ ਧੋਣੇ ਵੀ ਪਏ ਹਨ। ਇਸ ਚੌਕ ਵਿੱਚ ਭਾਵੇਂ ਟ੍ਰੈਫਿਕ ਨੂੰ ਕੰਟਰੋਲ ਕਰਨ ਲਈ ਟ੍ਰੈਫਿਕ ਲਾਇਟਾਂ ਵੀ ਲਾਈਆਂ ਹੋਈਆਂ ਹਨ, ਪਰ ਇਹ ਲਾਇਟਾਂ ਵੀ ਚਿੱਟਾ ਹਾਥੀ ਹੀ ਸਾਬਿਤ ਹੋ ਰਹੀਆਂ ਹਨ ਤੇ ਸ਼ਹਿਰ ਵਾਸੀਆਂ ਲਈ ਮਹਿਜ਼ ਸ਼ੋਅ ਪੀਸ ਬਣੀਆਂ ਹੋਈਆਂ ਹਨ।ਸਵੇਰੇ ਸਕੂਲ ਲੱਗਣ ਵੇਲੇ ਤੇ ਦੁਪਹਿਰ ਸਮੇਂ ਸਕੂਲਾਂ ਨੂੰ ਛੁੱਟੀ ਹੋਣ ਕਾਰਨ ਇਸ ਚੌਂਕ ਵਿੱਚ ਕਈ ਕਿਲੋਮੀਟਰ ਲੰਮਾ ਜਾਮ ਲੱਗ ਜਾਂਦਾ ਹੈ, ਜਿਸ ਕਾਰਨ ਬੱਚੇ ਆਪਣੇ ਘਰਾਂ ਵਿੱਚ ਸਮੇਂ ਸਿਰ ਨਹੀਂ ਪਹੁੰਚ ਪਾਉਂਦੇ।

ਭਾਵੇਂ ਇਸ ਸੜਕ ਤੇ ਟਰੈਫਿਕ ਨੂੰ ਕੰਟਰੋਲ ਕਰਨ ਲਈ 'ਡਿਵਾਇਡਰ' ਲੱਗ ਚੁੱਕਾ ਹੈ, ਪਰ



ਟ੍ਰੈਫਿਕ ਦੀ ਸਮੱਸਿਆ ਜਿਉਂ ਦੀ ਤਿਉਂ ਮੂੰਹ ਅੱਡੀ ਖੜੀ ਹੈ।ਬੱਚਿਆਂ ਤੇ ਬਜ਼ੁਰਗਾਂ ਲਈ ਜਾਨ ਦਾ ਖੌਅ ਬਣੇ ਇਸ ਚੌਕ ਨੂੰ ਲੈ ਕੇ ਸ਼ਹਿਰ ਵਾਸੀਆਂ ਵੱਲੋਂ ਜਿੱਥੇ ਸ਼ਹਿਰ ਦੇ ਰਾਮ ਬਾਗ ਤੋਂ ਲੈ ਕੇ ਸੰਗਰੂਰ ਬਾਈਪਾਸ ਤੱਕ ਨਵਾਂ ਓਵਰ ਬਰਿਜ ਬਣਾਉਣ ਦੀ ਮੰਗ ਕੀਤੀ ਜਾ ਰਹੀ ਹੈ, ਉਥੇ ਹਾਲ ਦੀ ਘੜੀ ਇਸ ਚੌਕ ਵਿੱਚ ਲੋਕੀਆਂ ਟ੍ਰੈਫਿਕ ਲਾਇਟਾਂ ਨੂੰ ਚਲਾਉਣ ਦੀ ਮੰਗ ਕੀਤੀ ਜਾ ਰਹੀ ਹੈ।ਇਨਕਲਾਬੀ ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਨੂੰ ਜਿੱਥੇ ਵੱਡੇ ਸਕੂਲਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਛੁੱਟੀ ਦੇ ਸਮੇਂ ਵਿੱਚ ਥੋੜਾ ਫ਼ਰਕ ਪੁਆ ਕੇ ਟ੍ਰੈਫਿਕ ਨੂੰ ਸੰਚਾਰੂ ਰੂਪ ਨਾਲ ਚਲਾਉਣ ਲਈ ਉਪਰਾਲਾ ਕਰਨਾ ਚਾਹੀਦਾ ਹੈ, ਉਥੇ ਇਸ ਗੰਭੀਰ ਸਮੱਸਿਆ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਕੇ ਕੀਮਤੀ ਜਾਨਾਂ ਬਚਾਉਣ ਲਈ ਪਹਿਲਕਦਮੀ ਕਰਨ ਦੀ ਲੋੜ ਹੈ।

## ਕਾਤਰਾਂ

### ਅਗਨੀਵੀਰ ਦੀ ਕਰਾਈ ਜਾ ਰਹੀ ਮੁਫ਼ਤ ਤਿਆਰੀ

**ਮਾਨਸਾ (ਆਤਮਾ ਸਿੰਘ ਪਮਾਰ)**-ਪਲੇਸਮੈਂਟ ਅਫ਼ਸਰ ਗੌਰਵ ਗੋਇਲ, ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਮਾਨਸਾ ਨੇ ਦੱਸਿਆ ਕਿ ਆਰਮੀ ਅਗਨੀਵੀਰ ਦੀ ਲਿਖਤੀ ਪ੍ਰੀਖਿਆ ਅਤੇ ਫਿਜ਼ੀਕਲ ਅਭਿਆਸ ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਮੁਫ਼ਤ ਤਿਆਰੀ ਕਰਾਈ ਜਾ ਰਹੀ ਹੈ।ਜ਼ਿਲ੍ਹਾ ਮਾਨਸਾ ਦੇ ਰਜਿਸਟਰਡ ਪ੍ਰਾਰਥੀਆ ਦੀ ਮੁਫ਼ਤ ਕੋਚਿੰਗ ਸਰਕਾਰੀ ਨਹਿਰੂ ਮੈਮੋਰੀਅਲ ਕਾਲਜ ਵਿਖੇ ਕਰਾਈ ਜਾ ਰਹੀ ਹੈ।ਜਾਣਕਾਰੀ ਲਈ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ ਜਾਂ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਮਾਨਸਾ ਵਿਖੇ ਜਾ ਕੇ ਜਾਂ ਹੈਲਪ ਲਾਇਨ ਨੰਬਰ 94641-78030 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

### ਸ਼ੇਅਰਾਂ ਦੀ ਵੈਲਿਊ ਵਧਣ ਦੇ ਬਾਵਜੂਦ ਖਾਤੇ 'ਚ ਘੱਟ ਰਕਮ ਵਿਖਾ ਕੇ ਧੋਖਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ੇਅਰਾਂ ਦੀ ਕੀਮਤ ਵਧਣ ਬਾਵਜੂਦ ਆਨਲਾਈਨ ਖਾਤੇ ਵਿੱਚ ਘੱਟ ਰਕਮ ਵਿਖਾ ਕੇ ਇਕ ਵਿਅਕਤੀ ਨਾਲ ਧੋਖਾਧੜੀ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਸਿਟੀ ਫ਼ਿਰੋਜ਼ਪੁਰ ਪੁਲਿਸ ਨੇ ਤਿੰਨ ਦੋਸ਼ੀਆਂ ਖਿਲਾਫ ਭਾਰਤੀ ਨਿਆਇਕ ਸੰਹਿਤਾ ਦੀ ਧਾਰਾ 318 (4), 61(2) ਬੀਐਨਐਸ ਅਧੀਨ ਕੇਸ ਦਰਜ ਕਰ ਲਿਆ ਹੈ। ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਗੌਰਵ ਮਾਣਿਕ ਵਾਸੀ ਮੋਰੀ ਗੇਟ, ਫ਼ਿਰੋਜ਼ਪੁਰ ਨੇ ਆਪਣੀ ਫਰਮ ਇੰਡਮੋਨੀ ਰਾਹੀਂ ਵੱਖ-ਵੱਖ ਤਰੀਕਾਂ 'ਤੇ ਨਿਫਟੀ ਅਤੇ ਸੈਂਸਕਸ ਦੇ ਅਨੇਕ ਫਿਊਚਰ ਅਤੇ ਕਾਲ/ਪੁੱਟ ਸ਼ੇਅਰ ਖਰੀਦੇ ਸਨ। ਗੌਰਵ ਮਾਣਿਕ ਦਾ ਦੋਸ਼ ਹੈ ਕਿ ਆਸ਼ੀਸ਼ ਕਸ਼ਯਪ, ਧਰੁਵ ਪਾਠਕ ਤੇ ਨਿਖਿਲ ਸਨਸਿਟੀ ਸਕਸੈਸ ਟਾਵਰ, ਸੈਕਟਰ 65, ਗੁਰੂਗ੍ਰਾਮ ਵੱਲੋਂ ਉਨ੍ਹਾਂ ਦੇ ਸ਼ੇਅਰਾਂ ਦੀ ਵੈਲਿਊ ਵਧਣ ਦੇ ਬਾਵਜੂਦ, ਆਨਲਾਈਨ ਖਾਤੇ ਵਿੱਚ ਘੱਟ ਰਕਮ ਵਿਖਾ ਕੇ ਉਸ ਨਾਲ ਧੋਖਾ ਕੀਤਾ ਗਿਆ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ ਤੇ ਅੱਗੇ ਦੀ ਕਾਰਵਾਈ ਜਾਰੀ ਹੈ।

### ਪੰਜ ਹਜ਼ਾਰ ਲੀਟਰ ਲਾਹਣ ਤੇ 100 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਸ਼ਰਾਬ ਮਾਫੀਆ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੁਲਸ ਨੇ ਵੱਖ ਵੱਖ ਥਾਵਾਂ 'ਤੇ ਛਾਪੇਮਾਰੀ ਕਰਕੇ 5000 ਲੀਟਰ ਲਾਹਣ ਤੇ 100 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ ਹੈ। ਇਸ ਸਬੰਧੀ 7 ਵਿਅਕਤੀਆਂ ਵਿਰੁੱਧ ਆਬਕਾਰੀ ਐਕਟ ਤਹਿਤ ਮਾਮਲੇ ਦਰਜ ਕੀਤੇ ਗਏ ਹਨ। ਥਾਣਾ ਸਦਰ ਫ਼ਿਰੋਜ਼ਪੁਰ ਦੇ ਥਾਣੇਦਾਰਾਂ ਨੇ ਮਲਕੀਤ ਸਿੰਘ ਉਰਫ ਦਰਜੀ ਦੇ ਘਰੋਂ 500 ਲੀਟਰ, ਇੰਟੂ ਪੁੱਤਰ ਬਲਵੰਤ ਸਿੰਘ ਕੋਲੋਂ 2000 ਲੀਟਰ, ਗੁਰਮੇਜ ਸਿੰਘ ਉਰਫ ਗੇਜੀ ਕੋਲੋਂ 1000 ਲੀਟਰ, ਗੁਰਮੀਤੋ ਪਤਨੀ ਸ਼ਾਮਾ ਦੇ ਘਰੋਂ 1500 ਲੀਟਰ ਲਾਹਣ ਬਰਾਮਦ ਹੋਇਆ। ਇਸ ਤੋਂ ਇਲਾਵਾ, ਪੁਲਿਸ ਨੇ ਮੁਖਬਰੀ ਦੇ ਆਧਾਰ 'ਤੇ ਪ੍ਰੀਤ ਸਿੰਘ ਉਰਫ ਬਿੱਟੂ, ਅਨੂਪਾ, ਮਲਕੀਤ ਉਰਫ ਕੀਤੂ, ਆਦਿ ਵਿਅਕਤੀਆਂ ਦੇ ਖੇਤਾਂ ਤੋਂ 100 ਬੋਤਲਾਂ ਨਾਜਾਇਜ਼ ਸ਼ਰਾਬ ਵੀ ਕਬਜ਼ੇ 'ਚ ਲੈ ਲਈ। ਸਾਰੇ ਦੋਸ਼ੀਆਂ ਵਿਰੁੱਧ ਕੇਸ ਦਰਜ ਕਰ ਲਏ ਗਏ ਹਨ ਤੇ ਉਨ੍ਹਾਂ ਦੀ ਗ੍ਰਿਫਤਾਰੀ ਲਈ ਕਾਰਵਾਈ ਜਾਰੀ ਹੈ।

# ਸ਼ੰਕਰ ਦਾਸ ਸਰਕਾਰੀ ਸਕੂਲ ਬਾਰ੍ਹਵੀਂ ਦੇ ਨਤੀਜਿਆਂ 'ਚ ਛਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਸ਼੍ਰੇਣੀ ਦੇ ਐਲਾਨੇ ਨਤੀਜਿਆਂ ਵਿੱਚ ਐੱਸ.ਐੱਸ.ਡੀ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਮੱਲਾਂ ਮਾਰੀਆਂ। ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਦੱਸਿਆ ਕਿ ਬਾਰ੍ਹਵੀਂ ਸ਼੍ਰੇਣੀ ਦਾ ਨਤੀਜਾ 100 ਫੀਸਦੀ ਰਿਹਾ। ਸਾਇੰਸ, ਕਾਮਰਸ ਤੇ ਹਿਊਮੈਨੀਟੀਜ਼ ਗਰੁੱਪ ਦੇ ਕੁੱਲ 159 ਵਿਦਿਆਰਥੀ ਸ਼ਾਨਦਾਰ ਅੰਕਾਂ ਨਾਲ ਪਾਸ ਹੋਏ। ਕਾਮਰਸ ਗਰੁੱਪ 'ਚ ਅਕਸ਼ਿਤ ਗਰੋਵਰ ਨੇ 93.6 ਪ੍ਰਤੀਸ਼ਤ, ਕਿਰਨਜੀਤ ਕੌਰ ਨੇ 92.2 ਪ੍ਰਤੀਸ਼ਤ ਅਤੇ ਅਕਾਸ਼ਦੀਪ ਸਿੰਘ ਨੇ 91 ਪ੍ਰਤੀਸ਼ਤ ਅੰਕ ਹਾਸਲ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਸਾਇੰਸ ਗਰੁੱਪ ਦੀ ਨੰਦਿਨੀ ਸਿੰਦਵਾਨੀ 92.4 ਪ੍ਰਤੀਸ਼ਤ, ਇਕਜੋਤ ਕੌਰ 89.4 ਪ੍ਰਤੀਸ਼ਤ ਅਤੇ ਪ੍ਰੀਆ 89.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹੇ। ਹਿਊਮੈਨੀਟੀਜ਼ ਗਰੁੱਪ ਦੇ ਚੰਦਰਪਾਲ ਨੇ 80 ਪ੍ਰਤੀਸ਼ਤ, ਮਨਿੰਦਰ ਸਿੰਘ ਨੇ 77 ਪ੍ਰਤੀਸ਼ਤ ਅਤੇ ਇਰਫਾਨ ਅੰਸਾਰੀ 75 ਪ੍ਰਤੀਸ਼ਤ ਨਾਲ ਕ੍ਰਮਵਾਰ ਪਹਿਲੇ ਦੂਜੇ ਤੇ ਤੀਜੇ ਸਥਾਨ 'ਤੇ ਰਹੇ। ਸਵੇਰ ਦੀ ਸਭਾ ਵਿੱਚ ਇਨ੍ਹਾਂ ਸਾਰੇ ਜੇਤੂ ਵਿਦਿਆਰਥੀਆਂ ਨੂੰ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਤੇ ਸਟਾਫ਼ ਨੇ ਮੂੰਹ ਮਿੱਠਾ ਕਰਾ ਕੇ ਮੈਡਲਾਂ ਨਾਲ ਸਨਮਾਨਤ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜਿੱਥੇ ਸਕੂਲ ਮੁਖੀ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਉੱਥੇ ਸਕੂਲ ਦੇ ਮਿਹਨਤੀ ਸਟਾਫ਼ ਤੇ ਸ਼੍ਰੇਣੀ ਇੰਚਾਰਜ ਪ੍ਰਦੀਪ ਕਪੂਰ, ਗੀਨਾ ਸ਼ਰਮਾ, ਮਨਪ੍ਰੀਤ ਬਖਸ਼ੀ, ਅਮਰਜੀਤ ਕੌਰ, ਸੰਦੀਪ ਕੌਰ, ਗੁਰਪ੍ਰੀਤ ਕੌਰ, ਨਵਨੀਤ ਕੌਰ, ਮਨੋਜ ਜੋਸ਼ੀ, ਕੰਵਲਜੀਤ ਵਰਮਾ, ਕੰਵਲਜੀਤ ਕੌਰ, ਚਰਨਜੀਤ ਕੌਰ, ਕੁਲਦੀਪ ਸਿੰਘ, ਅਮਰਜੀਤ ਸਿੰਘ, ਰੇਨੂ ਸ਼ਰਮਾ ਅਤੇ ਚਰਨਜੀਤ ਕੌਰ ਨੂੰ ਖਾਸ ਤੌਰ 'ਤੇ ਮੁਬਾਰਕਬਾਦ ਪੇਸ਼ ਕੀਤੀ। ਐਨ.ਐਸ. ਕਿਊ. ਐੱਫ਼ ਗਰੁੱਪ ਦਾ ਨਤੀਜਾ ਵੀ ਸ਼ਤ ਪ੍ਰਤੀਸ਼ਤ ਰਿਹਾ, ਜਿਸ ਦੇ ਇੰਚਾਰਜ ਅਰਮਾਨ ਖਾਨ ਹਨ। ਸਨਮਾਨ ਦੀ ਰਸਮ ਮੌਕੇ ਸਕੂਲ ਦੇ ਕੈਂਪਸ ਮੈਨੇਜਰ ਸੁਰਿੰਦਰ ਸਿੰਘ, ਨਿਰਮਲ ਸਿੰਘ, ਸੁਖਵੀਰ ਕੌਰ, ਕੁਲਦੀਪ ਸਿੰਘ, ਰਾਕੇਸ਼ ਕੁਮਾਰ, ਮੀਨਾਕਸ਼ੀ ਸ਼ਰਮਾ, ਸੰਦੀਪ ਸਿੰਘ, ਰਾਜਵੰਤ ਕੌਰ, ਕਮਲਜੀਤ ਕੌਰ, ਸੁਮਰਜੀਤ ਕੌਰ, ਹਰਦੀਪ ਕੌਰ, ਸਿਮਰਨਜੀਤ ਸਿੰਘ ਤੇ ਅਮਨਪ੍ਰੀਤ ਕੌਰ ਹਾਜ਼ਰ ਸਨ।

# ਆਲ ਇੰਡੀਆ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਏਟਕ ਵੱਲੋਂ ਸੀ ਡੀ ਪੀ ਓ ਮੋਗਾ ਨੂੰ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਏਟਕ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਧਾਨ ਸ਼ਿੰਦਰ ਕੌਰ ਦੁਨੇਕੇ ਅਤੇ ਹੋਰ ਆਗੂਆਂ ਵੱਲੋਂ ਸੀ.ਡੀ.ਪੀ.ਓ ਮੋਗਾ ਨੂੰ ਮੰਗ ਪੱਤਰ ਸੌਂਪਦਿਆਂ ਆਗੂਆਂ ਨੇ ਕਿਹਾ ਕਿ ਸਾਡਾ ਮੰਗ ਪੱਤਰ ਕੇਂਦਰੀ ਮੰਤਰੀ ਸਮਾਜਿਕ ਸੁਰੱਖਿਆ ਇਸਤਰੀ ਬਾਲ ਵਿਕਾਸ ਵਿਭਾਗ ਦਿੱਲੀ ਨੂੰ ਮੰਤਰੀ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਡਾਇਰੈਕਟਰ ਅਤੇ ਸਕੱਤਰ ਨੂੰ ਭੇਜਿਆ ਜਾਵੇ। ਆਂਗਣਵਾੜੀ ਵਰਕਰਾਂ ਲਾਭਪਾਤਰੀਆਂ ਨਾਲ ਸੰਬੰਧਤ ਓ.ਟੀ.ਪੀ ਵਾਲੇ ਕੰਮ ਨਾ ਕਰਵਾਏ ਜਾਣ ਕਿਉਂਕਿ ਕੁਝ ਗਰੀਬ ਲੋਕਾਂ ਕੋਲ ਮੋਬਾਈਲ ਫੋਨ ਨਹੀਂ ਹਨ ਅਤੇ ਕੁਝ ਲੋਕ ਓ.ਟੀ.ਪੀ ਨਹੀਂ ਦਿੰਦੇ। ਜਿਸ ਦੇ ਚਲਦਿਆਂ ਆਂਗਣਵਾੜੀ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਮੋਬਾਇਲ ਵੈਰੀਫਿਕੇਸ਼ਨ 'ਤੇ ਰੋਕ ਲਗਾਈ ਜਾਵੇ ਅਤੇ 2017 ਤੋਂ ਪੀ.ਐਮ.ਵੀ 'ਤੇ ਕੋਈ ਵੀ ਪੈਸਾ ਅਜੇ ਤੱਕ ਨਹੀਂ ਦਿੱਤਾ ਜੋ ਕਿ 100 ਰੁਪਏ ਵਰਕਰ ਅਤੇ 50 ਰੁਪਏ ਹੈਲਪਰ ਦੇ ਪ੍ਰਤੀ ਫਾਰਮ ਦੇ ਬਣਦੇ ਹਨ। ਜੋ ਕਿ ਜਲਦੀ ਤੋਂ ਜਲਦੀ ਦਿੱਤਾ ਜਾਵੇ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਸੈਂਟਰ ਸਰਕਾਰ ਤੋਂ ਮਿਲਣ ਵਾਲਾ ਮਾਣਭੱਤਾ ਹਰ ਮਹੀਨੇ ਇਕੱਠਾ ਤੇ ਸੱਤ ਤਰੀਕ ਤੱਕ ਦੇਣਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਪਹੁੰਚੇ ਆਗੂਆਂ ਅਤੇ ਵਰਕਰਾਂ ਜ਼ਿਲ੍ਹਾ ਪ੍ਰਧਾਨ ਸ਼ਿੰਦਰ ਕੌਰ ਦੁਨੇਕੇ ਸੂਬਾ ਵਿੱਤ ਸਕੱਤਰ ਗੁਰਚਰਨ ਕੌਰ ਮੋਗਾ, ਸੂਬਾ ਮੀਤ ਪ੍ਰਧਾਨ ਗੁਰਪ੍ਰੀਤ ਕੌਰ ਚਗਾਵਾਂ, ਸਰਬਜੀਤ ਕੌਰ ਤਤਾਰੀਏ ਵਾਲਾ, ਸੁਖਦੀਪ ਕੌਰ, ਰਾਜਵੰਤ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਬਿੰਦਰ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹੋਰ ਵੀ ਵਰਕਰ ਹਾਜ਼ਰ ਸਨ।

# ਫ਼ਿਰੋਜ਼ਪੁਰ ਤੋਂ ਨਾਂਦੇੜ ਸਾਹਿਬ ਵਾਇਆ ਫ਼ਰੀਦਕੋਟ ਤੇ ਫ਼ਿਰੋਜ਼ਪੁਰ ਤੋਂ ਹਰਿਦੁਆਰ ਵਾਇਆ ਬਠਿੰਡਾ ਰੇਲਾਂ ਜਲਦ ਸ਼ੁਰੂ ਹੋਣਗੀਆਂ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਭਾਰਤੀ ਰੇਲਵੇ ਵੱਲੋਂ ਦੋ ਟ੍ਰੇਨਾਂ ਜਿਨ੍ਹਾਂ ਵਿੱਚ ਫ਼ਿਰੋਜ਼ਪੁਰ ਤੋਂ ਨਾਂਦੇੜ ਸਾਹਿਬ ਵਾਇਆ ਫ਼ਰੀਦਕੋਟ ਤੇ ਫ਼ਿਰੋਜ਼ਪੁਰ ਤੋਂ ਹਰਿਦੁਆਰ ਵਾਇਆ ਬਠਿੰਡਾ ਹਫ਼ਤਾਵਾਰੀ ਟ੍ਰੇਨਾਂ ਜਲਦੀ ਸ਼ੁਰੂ ਹੋਣਗੀਆਂ।

ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪੱਤਰ ਨੰ.717, ਮਿਤੀ 22 ਜੁਲਾਈ 2024 ਨੂੰ ਰਵਨੀਤ ਸਿੰਘ ਬਿੱਟੂ ਮੰਤਰੀ ਰੇਲਵੇ ਵਿਭਾਗ ਭਾਰਤ ਸਰਕਾਰ ਨੂੰ ਫ਼ਰੀਦਕੋਟ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਸਬੰਧ ਵਿੱਚ ਇੱਕ ਪੱਤਰ ਲਿਖਿਆ ਗਿਆ ਸੀ, ਜਿਸ ਵਿੱਚ ਉਨ੍ਹਾਂ ਵੱਲੋਂ ਬਠਿੰਡਾ-ਫ਼ਿਰੋਜ਼ਪੁਰ ਰੇਲਵੇ ਟਰੈਕ ਨੂੰ ਡਬਲ ਕਰਨ, ਤਿੰਨ ਨਵੀਆਂ ਰੇਲ ਗੱਡੀਆਂ, ਫ਼ਿਰੋਜ਼ਪੁਰ ਤੋਂ ਨਾਂਦੇੜ ਸਾਹਿਬ ਵਾਇਆ ਫ਼ਰੀਦਕੋਟ, ਫ਼ਿਰੋਜ਼ਪੁਰ ਤੋਂ ਹਰਿਦੁਆਰ ਵਾਇਆ ਬਠਿੰਡਾ, ਫਿਰੋਜ਼ਪੁਰ ਤੋਂ ਅੰਬਾਲਾ ਕੈਂਟ ਵਾਇਆ ਬਠਿੰਡਾ (ਇੰਟਰਸਿਟੀ ਐਕਸਪ੍ਰੈਸ), 02 ਰੇਲਗੱਡੀਆਂ ਦੀ ਐਕਟੈਨਸ਼ਨ ਜਿਨ੍ਹਾਂ ਵਿੱਚ ਫ਼ਿਰੋਜ਼ਪੁਰ-ਚੰਡੀਗੜ੍ਹ ਐਕਸਪ੍ਰੈਸ ਟ੍ਰੇਨ ਨੰਬਰ-14613/14 ਨੂੰ ਬਠਿੰਡਾ ਤੱਕ ਵਧਾਉਣ, ਦਿੱਲੀ-ਬਠਿੰਡਾ ਸੁਪਰਫਾਸਟ ਟ੍ਰੇਨ ਨੰ.20409/10 ਨੂੰ ਫ਼ਿਰੋਜ਼ਪੁਰ ਤੱਕ ਵਧਾਉਣ ਤੋਂ ਇਲਾਵਾ ਜਨਤਾ ਐਕਸਪ੍ਰੈਸ (ਮੁੰਬਈ-ਫਿਰੋਜ਼ਪੁਰ) ਟ੍ਰੇਨ ਨੰ.19023/24, ਸ਼ਤਾਬਦੀ ਐਕਸਪ੍ਰੈਸ (ਫ਼ਿਰੋਜ਼ਪੁਰ-ਨਵੀਂ ਦਿੱਲੀ) ਟ੍ਰੇਨ ਨੰ.12046/47 ਅੰਨਤੋਦਿਆ ਸੁਪਰਫਾਸਟ (ਦੁਰਗ-ਫ਼ਿਰੋਜ਼ਪੁਰ) ਟ੍ਰੇਨ ਨੰ.22855/56 ਨੂੰ ਬਹਾਲ ਕਰਨ ਦੀ ਮੰਗ ਕੀਤੀ ਗਈ ਸੀ।ਉਨ੍ਹਾਂ ਕਿਹਾ ਕਿ ਉਪਰੋਕਤ ਤੋਂ ਇਲਾਵਾ ਅਜਮੇਰ-ਸ੍ਰੀ ਅੰਮ੍ਰਿਤਸਰ ਸਾਹਿਬ ਐਕਸਪ੍ਰੈਸ ਟ੍ਰੇਨ ਨੰ.19611/12 ਨੂੰ ਜੋ ਹਫ਼ਤੇ ਵਿੱਚ ਦੋ ਦਿਨ ਚਲਦੀ ਹੈ, ਨੂੰ ਰੋਜ਼ਾਨਾ ਚਲਾਉਣ ਦੀ ਮੰਗ ਕੀਤੀ ਗਈ ਸੀ।ਇਸ ਤੋਂ ਇਲਾਵਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਰਵਨੀਤ ਸਿੰਘ ਬਿੱਟੂ ਪਾਸੋਂ ਇਹ ਮੰਗ ਕੀਤੀ ਸੀ ਫ਼ਰੀਦਕੋਟ ਰੇਲਵੇ ਸਟੇਸ਼ਨ ਦੇ ਪਲੇਟਫਾਰਮ ਨੰ.02 ਦੀ ਲੰਬਾਈ ਟ੍ਰੇਨਾਂ ਦੀ ਲੰਬਾਈ ਦੇ ਮੁਕਾਬਲੇ ਵਿੱਚ ਘੱਟ ਹੈ।ਉਨ੍ਹਾਂ ਇਸ ਪਲੇਟਫਾਰਮ ਨੂੰ ਟ੍ਰੇਨਾਂ ਦੀ ਲੰਬਾਈ ਦੇ ਮੁਤਾਬਕ ਲੰਬਾ ਕਰਨ ਦੀ ਮੰਗ ਕੀਤੀ ਸੀ।ਇਸ ਤੋਂ ਇਲਾਵਾ ਸ਼ਹਿਰ ਵਿੱਚ ਟ੍ਰੈਫ਼ਿਕ ਦੀ ਸਮੱਸਿਆ ਨੂੰ ਦੇਖਦੇ ਹੋਏ ਹਲਕਾ ਵਿਧਾਇਕ ਫ਼ਰੀਦਕੋਟ ਵੱਲੋਂ ਫ਼ਰੀਦਕੋਟ-ਬੀੜ ਚਹਿਲ ਰੋਡ, ਕੋਟਕਪੂਰਾ ਬਾਈਪਾਸ, ਪੱਖੀ-ਪਹਿਲੂਵਾਲਾ ਰੋਡ, ਭੋਲੂਵਾਲਾ ਰੋਡ ਉੱਪਰ ਪੁੱਲ ਬਣਾਉਣ ਦੀ ਮੰਗ ਵੀ ਕੀਤੀ ਗਈ ਸੀ।ਸੇਖੋਂ ਵੱਲੋਂ ਰਵਨੀਤ ਸਿੰਘ ਬਿੱਟੂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਦੱਸਿਆ ਕਿ ਰੇਲਵੇ ਵੱਲੋਂ ਦੋ ਟ੍ਰੇਨਾਂ ਜਿਨ੍ਹਾਂ ਵਿੱਚ ਫ਼ਿਰੋਜ਼ਪੁਰ ਤੋਂ ਨਾਂਦੇੜ ਸਾਹਿਬ ਵਾਇਆ ਫ਼ਰੀਦਕੋਟ ਤੇ ਫ਼ਿਰੋਜ਼ਪੁਰ ਤੋਂ ਹਰਿਦੁਆਰ ਵਾਇਆ ਬਠਿੰਡਾ ਹਫ਼ਤਾਵਾਰੀ ਜਲਦੀ ਸ਼ੁਰੂ ਹੋਣਗੀਆਂ।

# ਪਾਵਰਕਾਮ ਪੈਨਸ਼ਨਰਜ਼ ਯੂਨੀਅਨ ਵੱਲੋਂ ਸਰਕਾਰ ਖਿਲਾਫ਼ ਰੋਸ ਮੁਜ਼ਾਹਰੇ 5 ਨੂੰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੀ ਮੀਟਿੰਗ ਕਾਰਜਕਾਰੀ ਪ੍ਰਧਾਨ ਚਮਕੌਰ ਸਿੰਘ ਬਰਮੀ ਦੀ ਅਗਵਾਈ ਵਿੱਚ ਹੋਈ।ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਪੇ ਕਮਿਸ਼ਨ ਦੇ ਬਕਾਏ ਦੀਆਂ ਕਿਸ਼ਤਾਂ ਅਪ੍ਰੈਲ ਮਹੀਨੇ ਤੋਂ ਜਾਰੀ ਨਾ ਕਰਨ 'ਤੇ ਰੋਸ ਪ੍ਰਗਟਾਉਂਦਿਆਂ ਸਰਬ ਸਾਂਝਾ ਫੈਸਲਾ ਕਰਦਿਆਂ ਮੰਡਲ ਪੱਧਰੀ ਧਰਨੇ ਮਾਰ ਕੇ ਅਧਿਕਾਰੀਆਂ ਦਾ ਵਿਰੋਧ ਕੀਤਾ ਜਾਵੇਗਾ, ਜਿਹੜੇ ਇਸ ਕੰਮ ਲਈ ਟਾਲ ਮਟੋਲ ਦੀ ਨੀਤੀ ਅਪਣਾ ਕੇ ਪੈਨਸ਼ਨਰਾਂ ਨਾਲ ਧ੍ਰੋਹ ਕਮਾ ਰਹੇ ਹਨ।ਇਸ ਮੌਕੇ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ ਨੇ ਕਿਹਾ ਪਾਵਰਕੌਮ ਦੀ ਮੈਨੇਜਮੈਂਟ ਨੂੰ ਦਿੱਤੇ ਮੰਗ ਪੱਤਰ ਅਨੁਸਾਰ ਮੀਟਿੰਗ ਜਾਰੀ ਕਰਕੇ ਮਸਲੇ ਹੱਲ ਕਰਨ ਲਈ ਕਿਹਾ ਗਿਆ ਹੈ, ਪ੍ਰੰਤੂ ਇੱਕ ਮਈ ਨੂੰ ਸਮਾਂ ਸੀਮਾ ਖ਼ਤਮ ਹੋਣ ਤੇ ਵੀ ਮੈਨੇਜਮੈਂਟ ਨੇ ਨਾ ਤਾਂ ਕੋਈ ਮੀਟਿੰਗ ਤਹਿ ਕੀਤੀ ਹੈ, ਨਾ ਬਕਾਇਆ ਮੰਗਾਂ ਸਬੰਧੀ ਕੋਈ ਆਪਸੀ ਸਹਿਮਤੀ ਕੀਤੀ ਹੈ, ਜਿਸ ਤੋਂ ਸਾਫ਼ ਜ਼ਾਹਰ ਹੈ ਕਿ ਪਾਵਰਕਾਮ ਦੀ ਮੈਨੇਜਮੈਂਟ ਸਾਡੇ ਮਸਲਿਆਂ ਬਾਰੇ ਸੁਹਿਰਦ ਨਹੀਂ ਹੈ।ਸਰਬਸੰਮਤੀ ਨਾਲ ਫੈਸਲਾ ਕਰਦਿਆਂ ਉਨ੍ਹਾਂ ਦੱਸਿਆ ਕਿ ਪੈਨਸ਼ਨਰਜ਼ ਸਾਥੀਆਂ ਦੀਆਂ ਮੰਗਾਂ ਪ੍ਰਤੀ ਦਿੱਤੇ ਮੰਗ ਦੀ ਲਗਾਤਾਰਤਾ ਵਿੱਚ ਸੰਘਰਸ਼ ਦਾ ਨੋਟਿਸ ਦਿੱਤਾ ਜਾਵੇਗਾ, ਜੇਕਰ ਫੇਰ ਵੀ ਮੈਨੇਜਮੈਂਟ ਕੁੰਭਕਰਨੀ ਨੀਂਦ ਤੋਂ ਨਾ ਜਾਗੀ ਤਾਂ 5 ਜੂਨ ਨੂੰ ਮੁੱਖ ਦਫ਼ਤਰ ਪਟਿਆਲੇ ਸਾਹਮਣੇ ਪੰਜਾਬ ਪੱਧਰੀ ਮਾਰ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ ਤੇ ਸਹਾਇਕ ਜਨਰਲ ਸਕੱਤਰ ਨਰਿੰਦਰ ਕੁਮਾਰ ਬੱਲ ਨੇ ਕਿਹਾ ਕਿ ਜਿਨ੍ਹਾਂ ਕਾਰਨਾਂ ਕਰਕੇ ਪਹਿਲਾਂ ਚੱਲਦੀਆਂ ਸਰਕਾਰਾਂ ਨੂੰ ਪੰਜਾਬ ਦੇ ਲੋਕਾਂ ਨੇ ਲਾਮਬੰਦ ਹੋ ਕੇ ਸੱਤਾ ਤੋਂ ਲਾਂਭੇ ਕੀਤਾ ਸੀ, ਉਹੀ ਕਾਰਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਕਰ ਰਹੀ ਹੈ। ਪੈਨਸ਼ਨਰਾਂ ਦੀਆਂ ਬਕਾਇਆ ਮੰਗਾਂ, ਜੇਕਰ ਤੁਰੰਤ ਸਹਿਮਤੀ ਦੇ ਕੇ ਹੱਲ ਨਾਂ ਕੀਤੀਆਂ ਤਾਂ ਪੰਜਾਬ ਦੇ ਪੈਨਸ਼ਨਰਜ਼ ਸੰਘਰਸ਼ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪਾਵਰਕਾਮ ਦੀ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਚੰਦ ਸਿੰਘ ਡੋਡ, ਮਦਨ ਗੋਪਾਲ, ਦਵਿੰਦਰ ਸੈਣੀ, ਰਾਮ ਆਸਰਾ, ਗੁਰਮੇਲ ਸਿੰਘ ਨਾਹਰ, ਜਗਦੇਵ ਸਿੰਘ ਬਾਹੀਆ, ਬਲਬੀਰ ਸਿੰਘ ਮਾਨ, ਰਾਮ ਕੁਮਾਰ, ਨਰਿੰਦਰ ਕੁਮਾਰ ਸੈਣੀ, ਅਜਮੀਲ ਖ਼ਾਨ ਆਦਿ ਨੇ ਜਥੇਬੰਦੀ ਦੁਆਰਾ ਵਿੱਢੇ ਸੰਘਰਸ਼ ਦੀ ਹਮਾਇਤ ਕਰਦਿਆਂ ਪਾਵਰਕਾਮ ਦੇ ਸਾਰੇ ਪੈਨਸ਼ਨਰਜ਼ ਸਾਥੀਆਂ ਨੂੰ 5 ਜੂਨ ਦੇ ਮੁੱਖ ਦਫ਼ਤਰੀ ਪਟਿਆਲੇ ਦੇ ਧਰਨੇ ਨੂੰ ਕਾਮਯਾਬ ਕਰਨ ਲਈ ਲਾਮਬੰਦੀ ਸ਼ੁਰੂ ਕਰਨ ਲਈ ਕਿਹਾ।

# ਮੰਗਾਂ ਲਾਗੂ ਕਰਨ ਦੀ ਦੇਰੀ ਕਾਰਨ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਵੱਲੋਂ ਚੱਕਾ ਜਾਮ ਦਾ ਐਲਾਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਰੋਡਵੇਜ਼, ਪਨਬੱਸ, ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵਲੋਂ ਸੂਬਾ ਪ੍ਰਧਾਨ ਰੇਸ਼ਮ ਸਿੰਘ ਨੇ ਕਿ ਸਮੇਂ-ਸਮੇਂ 'ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਵਲੋਂ ਸੰਘਰਸ਼ ਕਰਕੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਦੱਸਿਆ ਜਾਂਦਾ ਹੈ, ਪਰ ਸਰਕਾਰ ਵੱਲੋਂ ਹਰ ਸਮੇਂ ਮੰਗਾਂ ਮੰਨ ਕੇ ਅਫ਼ਸਰਸ਼ਾਹੀ ਵੱਲੋਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਜਾਂ ਫਿਰ ਟਾਲਮਟੋਲ ਕਰ ਦਿੱਤਾ ਜਾਂਦਾ ਹੈ ਅਤੇ ਮੰਗਾਂ ਜਿਉਂ ਦੀਆਂ ਤਿਉਂ ਹੀ ਰਹਿੰਦੀਆਂ ਹਨ, ਪਰ ਜਦੋਂ ਵੀ ਪੰਜਾਬ ਜਾਂ ਭਾਰਤ ਉਪਰ ਕੋਈ ਸੰਕਟ ਦੀ ਘੜੀ ਆਉਂਦੀ ਹੈ, ਜਿਸ ਵਿੱਚ ਭਾਵੇਂ ਦੰਗੇ, ਹੜ੍ਹ, ਕੋਰੋਨਾ ਜਾਂ ਫਿਰ ਹੁਣ ਜੰਗ ਦਾ ਮਾਹੌਲ ਹੋਵੇ ਪਨਬੱਸ ਅਤੇ ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਨੂੰ ਫਰੰਟ ਲਾਈਨ ਦੀਆਂ ਡਿਊਟੀਆਂ ਤੇ ਵਰਤਿਆ ਜਾਂਦਾ ਹੈ ਅਤੇ ਮੁਲਾਜ਼ਮਾਂ ਵੱਲੋਂ ਵੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਸਰਕਾਰ ਦਾ ਸਹਿਯੋਗ ਕੀਤਾ ਜਾਂਦਾ ਹੈ, ਪਰ ਸਰਕਾਰ ਵੱਲੋਂ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਨ ਤੇ ਵੀ ਕੱਚੇ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਜਾਂਦੀ।

ਕੋਰੋਨਾ ਵਿੱਚ ਐਂਬੂਲੈਂਸ ਚਲਾਉਣ ਵਾਲੇ ਸਾਥੀ ਦੀ ਮੌਤ ਹੋਣ ਤੇ ਮੁਲਾਜ਼ਮਾਂ ਨੂੰ ਕੁਝ ਵੀ ਨਹੀਂ ਦਿੱਤਾ ਗਿਆ, ਪਰ ਫਿਰ ਵੀ ਪਨਬੱਸ ਤੇ ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਇਸ ਮੁਸ਼ਕਿਲ ਘੜੀ ਵਿੱਚ ਦੇਸ਼ ਦੇ ਨਾਲ ਖੜੇ ਹਨ। ਪੰਜਾਬ



ਸਰਕਾਰ ਅਤੇ ਵਿਭਾਗ ਮੁਲਾਜ਼ਮਾਂ ਦੀ ਅਣਦੇਖੀ ਕਰਨਾ ਬੰਦ ਕਰੇ ।

ਡਿਪੂ ਪ੍ਰਧਾਨ ਜਤਿੰਦਰ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਦੱਸਿਆ ਕਿ ਪਿਛਲੇ ਸਮੇਂ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ 1 ਜੁਲਾਈ 2024 ਨੂੰ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਸੀ ਕਿ ਕਮੇਟੀ ਬਣਾ ਕੇ ਇੱਕ ਮਹੀਨੇ ਵਿੱਚ ਮੰਗਾਂ ਦੇ ਹੱਲ ਲਈ ਟਰਾਂਸਪੋਰਟ ਵਿਭਾਗ ਦੀ ਵੱਖਰੀ ਪਾਲਸੀ ਬਣਾਈ ਜਾਵੇ, ਪ੍ਰੰਤੂ ਹੁਣ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ ਉਲਟਾ ਠੇਕੇਦਾਰਾਂ ਸਕਿਊਰਟੀਆਂ ਈਪੀਐੱਫ, ਈਐੱਸਆਈ ਗਰੁੱਪ ਇਨਸੋਰਸ਼ ਆਦਿ ਦੇ ਲਾਭ ਦੇਣ ਦੀ ਬਜਾਏ 11-12 ਕਰੋੜ ਰੁਪਏ ਮੁਲਾਜ਼ਮਾਂ ਦੀ ਲੁੱਟ ਕੀਤੀ ਗਈ ਹੈ ਤੇ ਸਮੇਂ ਸਮੇਂ 'ਤੇ ਹੋਈਆਂ ਮੀਟਿੰਗਾਂ ਵਿੱਚ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਮੰਗਾਂ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਜਾਂਦਾ ਰਿਹਾ। ਸੈਕਟਰੀ ਮੁਖਪਾਲ ਸਿੰਘ ਤੇ ਮੀਤ ਪ੍ਰਧਾਨ ਸੌਰਵ ਮੈਣੀ ਬੋਲਦਿਆਂ ਕਿਹਾ ਕਿਹਾ ਕਿ ਜੇਕਰ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਕੋਈ ਵੀ ਧੱਕੇਸ਼ਾਹੀ ਕੀਤੀ, ਜਿਸ ਵਿੱਚ ਨਜਾਇਜ਼ ਆਊਟਸੋਰਸ ਭਰਤੀ ਜਾਂ ਕਿਲੋਮੀਟਰ ਸਕੀਮ ਬੱਸਾਂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤਰੁੰਤ ਸੰਘਰਸ਼ ਕੀਤਾ ਜਾਵੇਗਾ। ਜੇਕਰ 19 ਮਈ ਤੱਕ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 20-21-22 ਮਈ ਨੂੰ ਤਿੰਨ ਰੋਜ਼ਾ ਹੜਤਾਲ ਕੀਤੀ ਜਾਵੇਗੀ ਤੇ 21 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ।

ਜੇਕਰ ਫਿਰ ਵੀ ਮੰਗਾਂ ਦਾ ਹੱਲ ਨਾ ਕੱਢਿਆ ਗਿਆ ਤਾਂ ਹੜਤਾਲ ਅਣਮਿੱਥੇ ਸਮੇਂ ਦੀ ਕਰਨ ਜਾਂ ਰੂਲਾ ਅਨੁਸਾਰ ਸਵਾਰੀਆਂ ਬੈਠਾਉਣ ਵਰਗੇ ਸੰਘਰਸ਼ ਕਰਨ ਲਈ ਮਜ਼ਬੂਰ ਹੋਵਾਂਗੇ, ਜਿਸ ਦੀ ਨਿੱਜੀ ਜ਼ੁੰਮੇਵਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਸਰਕਾਰ ਦੀ ਹੋਵੇਗੀ।

### ਸੋਨੇ-ਚਾਂਦੀ ਦੇ ਗਹਿਣੇ, ਨਕਦੀ ਤੇ ਸਮਾਨ ਚੋਰੀ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ ਮੋਗਾ ਰੋਡ ਸਥਿਤ ਗੋਬਿੰਦ ਇਨਕਲੇਵ ਕਾਲੋਨੀ ਵਿੱਚ ਇੱਕ ਔਰਤ ਦੇ ਘਰ 'ਚ ਚੋਰੀ ਦੀ ਵੱਡੀ ਘਟਨਾ ਸਾਹਮਣੇ ਆਈ ਹੈ। ਘਰ ਦੀ ਖਿੜਕੀ ਤੇ ਅਲਮਾਰੀਆਂ ਦੇ ਤਾਲੇ ਤੋੜ ਕੇ ਚੋਰਾਂ ਨੇ ਸੋਨੇ-ਚਾਂਦੀ ਦੇ ਗਹਿਣੇ, ਨਕਦੀ ਅਤੇ ਇਲੈਕਟ੍ਰਾਨਿਕ ਸਾਮਾਨ ਚੋਰੀ ਕਰ ਲਿਆ। ਥਾਣਾ ਕੁੱਲਗੜ੍ਹੀ ਪੁਲਿਸ ਨੇ ਦੋ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਸ਼ਿਕਾਇਤਕਰਤਾ ਕਵਿਤਾ ਪਤਨੀ ਸਵ. ਹਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਸੱਸ ਨਾਲ ਰਹਿੰਦੀ ਹੈ ਤੇ 10 ਮਈ ਨੂੰ ਰਿਸ਼ਤੇਦਾਰੀ ਲੁਧਿਆਣਾ ਗਈ ਹੋਈ ਸੀ। 13 ਮਈ ਨੂੰ ਜਦੋਂ ਘਰ ਵਾਪਸ ਆਈ ਤਾਂ ਘਰ ਦੀ ਖਿੜਕੀ ਟੁੱਟੀ ਹੋਈ ਸੀ ਤੇ ਅਲਮਾਰੀਆਂ ਦੇ ਤਾਲੇ ਖੁੱਲ੍ਹੇ ਹੋਏ ਸਨ। ਘਰ ਵਿੱਚੋਂ 5 ਜੋੜੇ ਪੰਜੇਬਾ (ਚਾਂਦੀ), 15 ਜੋੜੇ ਪੈਰਾ ਵਾਲੇ ਸਗਲੇ (ਚਾਂਦੀ), 2 ਚਾਂਦੀ ਦੇ ਸਿੱਕੇ, 1 ਚਾਂਦੀ ਦੀ ਥਾਲ, 4 ਕੋਕੇ ਛੋਟੇ (ਸੋਨਾ), 1 ਜੋੜਾ ਵਾਲੀਆਂ, 1 ਜੋੜਾ ਟੋਪਸ (ਸੋਨਾ), 20 ਹਜ਼ਾਰ ਰੁਪਏ ਨਗਦ, 2 ਐੱਲਈਡੀ ਤੇ ਕੱਪੜੇ ਚੋਰੀ ਪਾਇਆ ਗਿਆ। ਕਵਿਤਾ ਨੇ ਦੱਸਿਆ ਕਿ ਆਪਣੀ ਤਫਤੀਸ਼ ਦੌਰਾਨ ਉਸ ਨੂੰ ਕਾਲੂ ਪੁੱਤਰ ਰਾਜੂ ਤੇ ਰਿਸ਼ੀ ਪੁੱਤਰ ਰਾਕੇਸ਼, ਦੋਨਾਂ ਵਾਸੀ ਗੋਲਬਾਗ, ਫਿਰੋਜ਼ਪੁਰ ਸ਼ਹਿਰ, ਉੱਤੇ ਸ਼ੱਕ ਗਿਆ। ਮਾਮਲੇ ਦੀ ਜਾਂਚ ਕਰ ਰਹੇ ਐੱਚਸੀ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਦੋਸ਼ੀਆਂ ਖਿਲਾਫ਼ ਭਾਰਤੀ ਨਿਆਂਇਕ ਸੰਹਿਤਾ ਦੀਆਂ ਧਾਰਾਵਾਂ 331(4), 305 ਬੀਐੱਨਐੱਸ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਤੇ ਜਾਂਚ ਜਾਰੀ ਹੈ।

# ਕਰਨਲ ਕੁਰੈਸ਼ੀ ਨੂੰ ਅੱਤਵਾਦੀਆਂ ਦੀ ਭੈਣ ਕਹਿਣ ਵਾਲੇ ਮੰਤਰੀ ਨੂੰ ਜੇਲ੍ਹ ਵਿੱਚ ਸੁੱਟਿਆ ਜਾਏ : ਗੁਰਸ਼ਰਨ ਕੌਰ ਰੰਧਾਵਾ



ਆਲ ਇੰਡੀਆ ਮਹਿਲਾ ਕਾਂਗਰਸ ਦੀ ਪ੍ਰਧਾਨ ਅਲਕਾ ਲਾਬਾ ਜੀ ਦੇ ਦਿਸ਼ਾ-ਨਿਰਦੇਸ਼ ਤੇ ਪੰਜਾਬ ਮਹਿਲਾ ਕਾਂਗਰਸ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਪੰਜਾਬ ਮਹਿਲਾ ਕਾਂਗਰਸ ਵਾਲੋਂ ਭਾਜਪਾ ਮੰਤਰੀ ਦੀ ਸ਼ਰਮਨਾਕ ਕਾਰਵਾਈ ਉਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰਦਰਸ਼ਨ ਕਰਕੇ ਉਸ ਤੋਂ ਅਸਤੀਫ਼ੇ ਦੀ ਮੰਗ ਕੀਤੀ ਗਈ।ਮਹਿਲਾ ਕਾਂਗਰਸ ਨੇ ਮੰਤਰੀ ਨੂੰ ਤੁਰੰਤ ਜੇਲ੍ਹ ਵਿੱਚ ਸੁੱਟਣ ਦੀ ਮੰਗ ਰੱਖੀ।

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਮਹਿਲਾ ਕਾਂਗਰਸ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਕਰਨਲ ਸੋਫੀਆ ਕੁਰੈਸ਼ੀ ਨੂੰ ਅੱਤਵਾਦੀਆਂ ਦੀ ਭੈਣ ਕਹਿਣ ਵਾਲੇ ਮੱਧ ਪ੍ਰਦੇਸ਼ ਭਾਜਪਾ ਦੇ ਮੰਤਰੀ ਵਿਜੈ ਸ਼ਾਹ ਤੋਂ ਤੁਰੰਤ ਅਸਤੀਫ਼ਾ ਲੈ ਕੇ ਉਨ੍ਹਾਂ ਨੂੰ ਜੇਲ੍ਹ ਵਿੱਚ ਸੁੱਟਣ ਦੀ ਮੰਗ ਕੀਤੀ ਹੈ।ਬੀਬੀ ਰੰਧਾਵਾ ਨੇ ਕਿਹਾ ਕਿ ਬੜੀ ਸ਼ਰਮਨਾਕ ਗੱਲ ਹੈ ਕਿ ਦੇਸ਼ ਲਈ ਲੜਾਈ ਲੜਨ ਵਾਲੀ ਭਾਰਤੀ ਫੌਜ ਦੀ ਬਹਾਦਰ ਅਫ਼ਸਰ ਕਰਨਲ ਸੋਫੀਆ ਕੁਰੈਸ਼ੀ ਦਾ ਸਨਮਾਨ ਕਰਨ ਦੀ ਜਗ੍ਹਾ ਇਸ ਭਾਜਪਾਈ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਅੱਤਵਾਦੀਆਂ ਨੇ ਸਾਡੇ ਸਿੰਧੂਰ ਉਜਾੜੇ ਸੀ, ਅਸੀਂ ਉਨ੍ਹਾਂ ਦੀ ਹੀ ਭੈਣ ਨੂੰ ਉਨ੍ਹਾਂ ਦੇ ਸੰਦੂਰ ਉਜਾੜਨ ਪਾਕਿਸਤਾਨ ਭੇਜਿਆ ਸੀ।

ਉਨ੍ਹਾਂ ਕਿਹਾ ਕਿ ਖੁਸ਼ੀ ਦੀ ਗੱਲ ਇਹ ਹੈ ਕਿ ਮੱਧ ਪ੍ਰਦੇਸ਼ ਦੀ ਮਾਣਯੋਗ ਹਾਈਕੋਰਟ ਨੇ ਇਸ ਦਾ ਸਖਤ ਨੋਟਿਸ ਲਿਆ ਤੇ ਸਰਕਾਰ ਨੂੰ ਮੰਤਰੀ 'ਤੇ ਤੁਰੰਤ ਕਾਰਵਾਈ ਕਰਨ ਨੂੰ ਕਿਹਾ, ਜਿਸ ਕਰਕੇ ਹੁਣ ਮੰਤਰੀ ਤੇ ਧ੍ਰੋਹ ਦਾ ਪਰਚਾ ਦਰਜ ਕਰ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਹਾਈਕੋਰਟ ਦੀ ਇਸ ਸਖਤ ਕਾਰਵਾਈ ਦਾ ਸਵਾਗਤ ਕਰਦੇ ਹਨ,, ਜਿਸ ਤੋਂ ਭਾਜਪਾ ਦੀ ਧਰਮ ਅਧਾਰਿਤ ਰਾਜਨੀਤੀ ਤੇ ਦੇਸ਼ ਵਿੱਚ ਵੰਡੀਆਂ ਪਾ ਕੇ ਰਾਜ ਕਰਨ ਦੀ ਸੋਚ ਇੱਕ ਵਾਰ ਫੇਰ ਲੋਕਾਂ ਦੇ ਸਾਹਮਣੇ ਆਈ ਹੈ।

ਇਸ ਮੌਕੇ ਪੰਜਾਬ ਮਹਿਲਾ ਕਾਂਗਰਸ ਦੀ ਮੀਤ ਪ੍ਰਧਾਨ ਕਿਰਨ ਗਰੇਵਾਲ, ਸੰਤੋਸ਼ ਰਾਣੀ, ਹਰਸਿਮਰਤ ਧਾਲੀਵਾਲ ਤੇ ਭੁਪਿੰਦਰ ਕੌਰ ਕੌਰਜੀਵਾਲਾ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਨੇ ਭਾਰਤ ਜੋੜੋ ਯਾਤਰਾ ਕੱਢ ਕੇ ਦੇਸ਼ ਵਿੱਚ ਨਫ਼ਰਤ ਦੀ ਰਾਜਨੀਤੀ ਬੰਦ ਕਰਨ ਅਤੇ ਮੁਹੱਬਤ ਦੀ ਦੁਕਾਨ ਖੋਲਣ ਦਾ ਦੇਸ਼ ਦੇਸ਼ ਵਾਸੀਆਂ ਨੂੰ ਸੁਨੇਹਾ ਦਿੱਤਾ ਸੀ, ਪਰ ਭਾਜਪਾ ਉਸ ਦੇ ਉਲਟ ਚੱਲ ਰਹੀ ਹੈ।

### ਪੰਜ ਸਾਲਾ ਬੀ ਏ-ਐੱਮ ਏ (ਯੂ ਜੀ-ਪੀ ਜੀ) ਦੀ ਨਵੀਂ ਡਿਗਰੀ ਸ਼ੁਰੂ

**ਪਟਿਆਲਾ (ਅਵਤਾਰ ਜਟਾਣਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ ਵਿਖੇ ਪੰਜ ਸਾਲਾ ਬੀ.ਏ-ਐੱਮ.ਏ (ਯੂ ਜੀ-ਪੀ ਜੀ) ਦੀ ਨਵੀਂ ਡਿਗਰੀ ਸ਼ੁਰੂ ਕੀਤੀ ਗਈ ਹੈ।ਵਿਭਾਗ ਦੇ ਮੁਖੀ ਡਾ. ਹਰਵਿੰਦਰ ਪਾਲ ਕੌਰ ਨੇ ਦੱਸਿਆ ਕਿ ਯੂਨੀਵਰਸਿਟੀ ਦਾ ਇਹ ਵਿਭਾਗ ਪੰਜਾਬ ਦਾ ਇਕਲੌਤਾ ਵਿਭਾਗ ਹੈ, ਜਿੱਥੇ ਭਾਸ਼ਾ ਵਿਗਿਆਨ ਪੜ੍ਹਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸ਼ੁਰੂ ਕੀਤਾ ਇਹ 5 ਸਾਲਾ ਕੋਰਸ ਸਰਕਾਰੀ ਨੌਕਰੀਆਂ ਦੇ ਨਾਲ-ਨਾਲ ਪ੍ਰਾਈਵੇਟ ਖੇਤਰ ਵਿੱਚ ਰੁਜ਼ਗਾਰ ਹਾਸਲ ਕਰ ਲਈ ਵੀ ਸਹਾਈ ਸਿੱਧ ਹੋਵੇਗਾ।ਉਨ੍ਹਾਂ ਕਿਹਾ ਕਿ ਮਸ਼ੀਨੀ ਬੁੱਧੀ (19), ਮਨੁੱਖੀ ਭਾਸ਼ਾ ਪ੍ਰਕਿਰਿਆ, ਡੀਪ ਲਰਨਿੰਗ, ਕੰਪੁਟੇਸ਼ਨਲ ਲਿੰਗੁਇਸਟਿਕ, ਭਾਸ਼ਾ ਤਕਨਾਲੋਜੀ, ਮਸ਼ੀਨੀ ਅਨੁਵਾਦ, ਮਸ਼ੀਨੀ ਲਿਪੀਅੰਤਰਨ, ਸਪੀਚ ਪਛਾਣ, ਪਾਠ ਸੰਖੇਪਕਾਰ, ਭਾਵਨਾ ਵਿਸ਼ਲੇਸ਼ਣ, ਭਾਸ਼ਾ (ਪੰਜਾਬੀ) ਅਧਿਐਨ-ਅਧਿਆਪਨ ਨਾਲ ਸਬੰਧਿਤ ਸਾਫ਼ਟਵੇਅਰ ਬਣਾਉਣ ਵਿੱਚ ਕੰਪਿਊਟਰ ਪ੍ਰੋਗਰਾਮਰ ਦੇ ਨਾਲ-ਨਾਲ ਭਾਸ਼ਾ ਵਿਗਿਆਨੀ ਦੀ ਲੋੜ ਪੈਂਦੀ ਹੈ।ਭਵਿੱਖ ਵਿੱਚ ਭਾਸ਼ਾ ਵਿਗਿਆਨੀਆਂ ਦੀ ਮੰਗ ਭਾਰਤ ਸਰਕਾਰ ਦੇ ਭਾਸ਼ਿਣੀ ਅਤੇ ਏਆਈ ਫ਼ਾਰ ਇੰਡੀਆ, ਭਾਰਤੀ ਭਾਸ਼ਾਵਾਂ ਦੇ ਕੇਂਦਰੀ ਸੰਸਥਾਨ ਮੈਸੂਰ, ਭਾਰਤ ਸਰਕਾਰ ਦੇ ਸੀ-ਡੈੱਕ ਮਹਿਕਮੇ, ਕੌਮੀ ਤਕਨਾਲੋਜੀ ਸੰਸਥਾਨਾਂ, ਕੰਪਿਊਟਰ ਖੋਜ ਕੇਂਦਰਾਂ, ਏਆਈ ਚੈਟਬੋਟ ਵਿਕਾਸਕਾਰ ਕੰਪਨੀਆਂ, ਭਾਸ਼ਾ ਪ੍ਰਯੋਗਸ਼ਾਲਾਵਾਂ ਵਿਚ ਹੋਰ ਵੱਧਣ ਦੇ ਅਸਾਰ ਹਨ।ਭਾਸ਼ਾ ਵਿਗਿਆਨੀ ਬਣਨ ਦੇ ਨਾਲ-ਨਾਲ ਵਿਦਿਆਰਥੀ ਧੁਨੀ ਵਿਗਿਆਨ, ਰੂਪ ਵਿਗਿਆਨ, ਵਾਕ ਵਿਗਿਆਨ, ਅਰਥ ਵਿਗਿਆਨ, ਸਮਾਜ ਭਾਸ਼ਾ ਵਿਗਿਆਨ, ਮਨੋਭਾਸ਼ਾ ਵਿਗਿਆਨ, ਇਤਿਹਾਸਕ ਭਾਸ਼ਾ ਵਿਗਿਆਨ, ਕੋਸ਼ਕਾਰੀ ਆਦਿ ਵਿਸ਼ਿਆਂ 'ਤੇ ਅਧਿਆਪਨ ਦੇ ਨਾਲ-ਨਾਲ ਖੋਜ-ਕਾਰਜ ਵੀ ਕਰ ਸਕਦੇ ਹਨ। ਵਿਭਾਗ ਵਿੱਚ ਐੱਮ.ਏ, ਪੀ.ਐੱਚ.ਡੀ ਤੇ ਪੰਜਾਬੀ ਭਾਸ਼ਾ ਦੀ ਸਿਖਲਾਈ ਲਈ ਕਰੈਸ਼-ਡਿਪਲੋਮਾ ਕੋਰਸ ਪਹਿਲਾਂ ਤੋਂ ਹੀ ਚੱਲਦੇ ਆ ਰਹੇ ਹਨ।

# ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਵੱਲੋਂ ਚੱਕਾ ਜਾਮ ਦਾ ਐਲਾਨ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਪੰਜਾਬ ਰੋਡਵੇਜ਼/ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਬਠਿੰਡਾ ਡਿਪੂ ਦੇ ਗੇਟ ਤੋਂ ਸੂਬਾ ਆਗੂ ਕੁਲਵੰਤ ਸਿੰਘ ਮਨੇਸ ਨੇ ਕਿਹਾ ਕਿ ਸਮੇਂ-ਸਮੇਂ 'ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਵੱਲੋਂ ਸੰਘਰਸ਼ ਕਰਕੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਦੱਸਿਆ ਜਾਂਦਾ ਹੈ, ਪਰ ਸਰਕਾਰ ਵੱਲੋਂ ਹਰ ਸਮੇਂ ਮੰਗਾਂ ਮੰਨ ਕੇ ਅਫ਼ਸਰਸ਼ਾਹੀ ਵੱਲੋਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਜਾਂ ਫੇਰ ਟਾਲਮਟੋਲ ਕਰ ਦਿੱਤਾ ਜਾਂਦਾ ਹੈ ਤੇ ਮੰਗਾਂ ਜਿਉਂ ਦੀਆਂ ਤਿਉਂ ਹੀ ਰਹਿੰਦੀਆਂ ਹਨ, ਪਰ ਜਦੋਂ ਵੀ ਪੰਜਾਬ ਜਾਂ ਭਾਰਤ ਉਪਰ ਕੋਈ ਸੰਕਟ ਦੀ ਘੜੀ ਆਉਂਦੀ ਹੈ, ਜਿਸ ਵਿੱਚ ਭਾਵੇਂ ਦੰਗੇ, ਹੜ੍ਹ, ਕਰੋਨਾ ਜਾਂ ਫੇਰ ਹੁਣ ਜੰਗ ਦਾ ਮਾਹੌਲ ਹੋਵੇ, ਪਨਬੱਸ ਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਨੂੰ ਫਰੰਟ ਲਾਈਨ ਦੀਆਂ ਡਿਊਟੀਆਂ 'ਤੇ ਵਰਤਿਆ ਜਾਂਦਾ ਹੈ ਤੇ ਮੁਲਾਜ਼ਮਾਂ ਵੱਲੋਂ ਵੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਸਰਕਾਰ ਦਾ ਸਹਿਯੋਗ ਕੀਤਾ ਜਾਂਦਾ ਹੈ, ਪਰ ਸਰਕਾਰ ਵੱਲੋਂ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਨ ਤੇ ਵੀ ਕੱਚੇ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਜਾਂਦੀ। ਬਠਿੰਡਾ ਡਿਪੂ ਦੇ ਪ੍ਰਧਾਨ ਰਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ 1/07/2024 ਨੂੰ ਮੀਟਿੰਗ ਕਰਕੇ ਫ਼ੈਸਲਾ ਕੀਤਾ ਗਿਆ ਸੀ ਕਿ ਕਮੇਟੀ ਬਣਾ ਕੇ ਇੱਕ ਮਹੀਨੇ ਵਿੱਚ ਮੰਗਾਂ ਦੇ ਹੱਲ ਲਈ ਟਰਾਂਸਪੋਰਟ ਵਿਭਾਗ ਦੀ ਵੱਖਰੀ ਪਾਲਿਸੀ ਬਣਾਈ ਜਾਵੇ, ਪ੍ਰੰਤੂ ਹੁਣ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ। ਉਲਟਾ ਠੇਕੇਦਾਰਾਂ




ਸਕਿਊਰਟੀ ਗਰੁੱਪ ਇੰਸ਼ੋਰੈਂਸ ਦੇ ਲਾਭ ਦੇਣ ਦੀ ਬਜਾਏ 11-12 ਕਰੋੜ ਰੁਪਏ ਮੁਲਾਜ਼ਮਾਂ ਦੀ ਲੁੱਟ ਕੀਤੀ ਗਈ ਹੈ ਤੇ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਵਿੱਚ ਟਰਾਂਸਪੋਰਟ ਮੰਤਰੀ ਵੱਲੋਂ ਮੰਗਾਂ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਜਾਂਦਾ ਰਿਹਾ ਤੇ ਹੁਣ 9 ਅਪ੍ਰੈਲ ਨੂੰ ਟਰਾਂਸਪੋਰਟ ਮੰਤਰੀ ਪੰਜਾਬ, ਐਡਵੋਕੇਟ ਜਨਰਲ ਪੰਜਾਬ ਤੇ ਵਿੱਤ ਮੰਤਰੀ ਪੰਜਾਬ ਵੱਲੋਂ ਵੀ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ ਤੇ ਕਰਨ ਠੇਕੇਦਾਰ ਬਾਹਰ ਕੱਢਣ ਲਈ 15 ਦਿਨਾਂ ਵਿੱਚ ਕੈਬਨਿਟ ਵਿੱਚ ਪਾਲਿਸੀ ਲਿਆਉਣ ਲਈ ਕਿਹਾ ਗਿਆ ਤੇ ਆਊਟ ਸੋਰਸ ਭਰਤੀ ਬੰਦ ਕਰਨ ਦੇ ਆਦੇਸ਼ ਦਿੱਤੇ ਗਏ ਹਨ ਤੇ ਸਰਕਾਰੀ ਬੱਸਾਂ ਪਾਉਣ ਲਈ ਕਿਹਾ ਗਿਆ ਹੈ, ਪ੍ਰੰਤੂ ਠੇਕੇਦਾਰ ਵੱਲੋਂ ਬਿਨਾਂ ਐਗਰੀਮੈਂਟ ਦੇ ਕੰਮ ਚਲਾਈਆਂ ਜਾ ਰਿਹਾ ਹੈ, ਹਰ ਮਹੀਨੇ ਤਨਖਾਹਾਂ ਵਿੱਚ ਨਜਾਇਜ਼ ਕਟੌਤੀ ਤੇ ਹੁਣ ਰਿਸ਼ਵਤਖੋਰੀ ਰਾਹੀਂ ਐਗਰੀਮੈਂਟ ਬਿਨਾਂ ਭਰਤੀ ਕੀਤੀ ਜਾਂ ਰਹੀ ਹੈ ਤੇ ਸਰਕਾਰੀ ਬੱਸਾਂ ਪਾਉਣ ਦੀ ਥਾਂ 'ਤੇ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਲੋਮੀਟਰ ਸਕੀਮ ਤਹਿਤ ਪ੍ਰਾਈਵੇਟ ਮਾਲਕਾਂ ਦੀਆਂ ਬੱਸਾਂ ਪਾ ਕੇ ਵਿਭਾਗਾਂ ਦੀ ਕਰੋੜਾਂ ਰੁਪਏ ਲੁੱਟ ਕਰਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ, ਜਿਸ ਦਾ ਯੂਨੀਅਨ ਵਲੋਂ ਸਖ਼ਤ ਵਿਰੋਧ ਕੀਤਾ ਜਾਂਦਾ ਹੈ, ਜੇਕਰ ਧੱਕੇਸ਼ਾਹੀ ਕੀਤੀ ਤਾਂ ਤਰੁੰਤ ਸੰਘਰਸ਼ ਕੀਤਾ ਜਾਵੇਗਾ।

ਚੇਅਰਮੈਨ ਸਰਬਜੀਤ ਭੁੱਲਰ ਅਤੇ ਸੈਕਟਰੀ ਹਰਤਾਰ ਸ਼ਰਮਾ ਨੇ ਬੋਲਦਿਆਂ ਕਿਹਾ ਕਿਹਾ ਕਿ ਜੇਕਰ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਕੋਈ ਵੀ ਧੱਕੇਸ਼ਾਹੀ ਕੀਤੀ, ਜਿਸ ਵਿੱਚ ਨਜਾਇਜ਼ ਆਊਟ ਸੋਰਸ ਭਰਤੀ ਜਾਂ ਕਿਲੋਮੀਟਰ ਸਕੀਮ ਬੱਸਾਂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤਰੁੰਤ ਸੰਘਰਸ਼ ਕੀਤਾ ਜਾਵੇਗਾ। ਜੇਕਰ 19 ਮਈ ਤੱਕ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 20-21-22 ਮਈ ਨੂੰ ਤਿੰਨ ਰੋਜ਼ਾ ਹੜਤਾਲ ਕੀਤੀ ਜਾਵੇਗੀ ਤੇ 21 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ। ਜੇਕਰ ਫੇਰ ਵੀ ਮੰਗਾਂ ਦਾ ਹੱਲ ਨਾ ਕੱਢਿਆ ਗਿਆ ਤਾਂ ਹੜਤਾਲ ਅਣਮਿੱਥੇ ਸਮੇਂ ਦੀ ਕਰਨ ਜਾ ਰੂਲਾ ਅਨੁਸਾਰ ਸਵਾਰੀਆਂ ਬੈਠਾਉਣ ਵਰਗੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ, ਜਿਸ ਦੀ ਨਿੱਜੀ ਜ਼ਿੰਮੇਵਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਤੇ ਸਰਕਾਰ ਦੀ ਹੋਵੇਗੀ।ਮੌਕੇ 'ਤੇ ਹੀ ਬਲਕਾਰ ਸਿੰਘ ਨੇ ਦੱਸਿਆ ਕਿ ਅੱਜ ਕਿਸੇ ਹੋਰ ਭਰਾਤਰੀ ਜਥੇਬੰਦੀ ਦੇ ਪ੍ਰਧਾਨ ਸੁਖਪਾਲ ਸਿੰਘ ਖਾਲਸਾ ਜਥੇਬੰਦੀ ਦੇ ਚੰਗੇ ਕੰਮਾਂ ਨੂੰ ਦੇਖਦੇ ਹੋਏ 25/11 ਜਥੇਬੰਦੀ ਵਿੱਚ ਸ਼ਾਮਲ ਹੋਏ।

17- May - Page - 6.qxd 5/16/2025 9:12 PM Page 1



# ਸੀ ਏ ਬਣਨਾ ਚਾਹੁੰਦੀ ਹੈ ਤਮੰਨਾ



**ਦੋਰਾਹਾ, (ਹਰਮਿੰਦਰ ਸੇਠ)**- ਸ੍ਰੀਮਤੀ ਜੋਤੀ ਦੇਵੀ ਦੀ ਪੁੱਤਰੀ ਤਮੰਨਾ ਤਿਆਗੀ ਪੰਜਾਬ ਬੋਰਡ +2 ਕਲਾਸ ਕਾਮਰਸ ਗਰੁੱਪ ਵਿੱਚੋਂ 96.6% ਨੰਬਰ ਪ੍ਰਾਪਤ ਕਰਕੇ ਦਸਮੇਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦੀ ਵਿਦਿਆਰਥਣ ਵਜੋਂ ਦੂਜੇ ਸਥਾਨ ’ਤੇ ਰਹੀ। ਤਮੰਨਾ ਤਿਆਗੀ ਨੇ ਸਕੂਲ, ਸ਼ਹਿਰ ਤੇ ਪਰਵਾਰ ਦਾ ਨਾਂ ਰੌਸ਼ਨ ਕੀਤਾ। ਅੱਜ ਤਮੰਨਾ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਇਕੱਠ ਲੱਗਿਆ ਰਿਹਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਮੰਨਾ ਦੇ ਮਾਤਾ ਨੇ ਕਿਹਾ ਕਿ ਤਮੰਨਾ ਦੀ ਕਾਮਯਾਬੀ ਦੇ ਪਿੱਛੇ ਸਕੂਲ ਦੇ ਅਧਿਆਪਕਾਂ ਦਾ ਬਹੁਤ ਵੱਡਾ ਹੱਥ ਹੈ ਅਤੇ ਅੱਗੇ ਜਾ ਕੇ ਤਮੰਨਾ ਸੀ ਏ ਬਣਨਾ ਚਾਹੁੰਦੀ ਹੈ। ਅਧਿਆਪਕਾਂ ਦੀ ਬਦੌਲਤ ਹੀ ਇਹ ਇੰਨੇ ਵਧੀਆ ਅੰਕ ਪ੍ਰਾਪਤ ਕਰਨ ਵਿੱਚ ਕਾਮਯਾਬ ਹੋਈ ਹੈ।

## ਨੋਟਿਸ

ਦੀ ਫੱਤੇਵਾਲ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਪਿੰਡ ਫੱਤੇਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵਿਚ ਸੇਲਜ਼ਮੈਨ ਦੀ ਅਸਾਮੀ ਦੀ ਨਿਯੁਕਤੀ ਲਈ ਮਿਤੀ 03.06.2025 ਨੂੰ ਸਵੇਰੇ 11.00 ਵਜੇ ਸਭਾ ਦੇ ਦਫ਼ਤਰ ਵਿਚ ਇੰਟਰਵਿਊ ਰੱਖੀ ਗਈ ਹੈ। ਯੋਗ ਉਮੀਦਵਾਰ ਮਿਤੀ 02.06.2025 ਤੱਕ ਸਭਾ ਦੇ ਦਫ਼ਤਰ ਪਿੰਡ ਫੱਤੇਵਾਲ ਵਿਖੇ ਹਾਜ਼ਰ ਹੋ ਕੇ ਸਭਾ ਦੇ ਪ੍ਰਧਾਨ ਨੂੰ ਦਰਖਾਸਤ ਸਮੇਤ ਯੋਗਤਾ ਸਰਟੀਫਿਕੇਟ ਦੀ ਕਾਪੀ ਦੇ ਸਕਦੇ ਹਨ। ਸੇਲਜ਼ਮੈਨ ਦੀ ਵਿੱਦਿਅਕ ਯੋਗਤਾ ਬੀ. ਏ. ਪਾਸ ਅਤੇ ਛੇ ਮਹੀਨੇ ਦਾ ਕੰਪਿਊਟਰ ਕੋਰਸ ਕੀਤਾ ਹੋਵੇ। ਸੇਲਜ਼ਮੈਨ ਪੇਂਡੂ ਪਿਛੋਕੜ ਵਾਲਾ ਭਰਤੀ ਕੀਤਾ ਜਾਣਾ ਹੈ। ਸੇਲਜ਼ਮੈਨ ਕਿਸੇ ਹੋਰ ਸੰਸਥਾ ਤੋਂ ਅਯੋਗ ਕਰਾਰ ਨਾ ਦਿੱਤਾ ਹੋਵੇ। ਇੰਟਰਵਿਊ ਸਮੇਂ ਅਸਲ ਸਰਟੀਫਿਕੇਟ ਨਾਲ ਲਿਆਂਦੇ ਜਾਣ।

ਸਹੀ/- ਪ੍ਰਧਾਨ, ਦੀ ਫੱਤੇਵਾਲ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਫੱਤੇਵਾਲ।

## COURT NOTICE

(U/o 5 Rule 20 CPC)
In The Court of
**Taranjeet Singh**
Civil Judge (Junior Division), Phillaur
CNR No. PBJLB0-000258-2025
Next Date:- 04-07-2025
Jaswinder Singh
Vs.
Narinderjit Kaur
Publication Issued To:
Ninderjit Kaur Widow of Hans Raj @ Hans Raj Singh D/o Babu Ram R/o Vill. Alipur Teh. Phillaur, Distt. Jalandhar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 04-07-2025 at 10:00 a.m.
For details logon to https://highcourtchd.gov.in/?mod-district notice&district=Jalandhar
Civil Judge (Junior Division), Phillaur
Dated, this day of 16-05-2025

## COURT NOTICE

(U/o 5 Rule 20 CPC)
In The Court of Amit Malhan
Additional Principal Judge Family Court, Amritsar
CNR No. PBAS01-021750-2023
Next Date:- 02-07-2025
Manjinder Singh
Vs.
Karamjit Kaur
Publication Issued To:
Karamjit Kaur W/O Manjinder Singh R/O Village Baddowal, Batala, Gurdaspur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 02-07-2025 at 10:00 a.m.
For details logon to https://highcourtchd.gov.in/?trs=district_notice&district=Amritsar
Additional Principal Judge Family Court Amritsar
Dated, this day of 15-05-2025

## COURT NOTICE

(U/o 5 Rule 20 CPC)
In The Court of Amit Malhan
Additional Principal Judge Family Court, Amritsar
CNR No. PBAS01-021444-2024
Next Date:- 16-07-2025
Minakshi Alias Maninder
Vs.
Rajinder Singh
Publication Issued To:
Rajinder Singh Alias Raju S/o Sh. Amrik Singh Fouji R/o Village Bujrak, Tehsil Samana, Distt. Patiala.

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 16-07-2025 at 10:00 a.m.
For details logon to https://highcourtchd.gov.in/?trs=district_notice&district=Amritsar
Additional Principal Judge Family Court, Amritsar
Dated, this day of 15-05-2025

## COURT NOTICE

(U/o 5 Rule 20 CPC)
In The Court of
**Shri. Manoj Kumar**
Principal Judge, Family Court, Patti
HMA-61-2023
CNR No. PBTTF2-000123-2024
Next Date:- 28-05-2025
Gagandeep Kaur
Vs.
Gurlal Singh
Publication Issued To:
Gurlal Singh S/o Iqbal Singh, R/o Kot Khalsa, Amritsar District Amritsar.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-05-2025 at 10:00 a.m.
For details logon to https://highcourtchd.gov.in/?mo d=district_notice&district=Tarn Taran
Principal Judge, Family Court, Patti
Dated, this day of 12-5-2025

## ਪਬਲਿਕ ਨੋਟਿਸ

ਆਦਰਸ਼ ਪਬਲਿਕ ਸਕੂਲ ਹਰਦੋਛੰਨੀ, ਜ਼ਿਲ੍ਹਾ ਗੁਰਦਾਸਪੁਰ ਦਾ ਨਾਂਅ ਹੁਣ ਬਦਲ ਕੇ ਸੰਤ ਜੋਸਫ ਕੇਰਲਾ ਸਕੂਲ ਹੋ ਗਿਆ ਹੈ। ਜੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਹੇਠ ਲਿਖੇ ਨੰਬਰ ’ਤੇ ਸੰਪਰਕ ਕਰੋ ਜੀ, 98764-40112

## COURT NOTICE

(U/o 5 Rule 20 CPC)
In The Court of
**Aman Sharma**
Additional Principal Judge Family Court, Amritsar
CNR No. PBAS01-020831-2023
Next Date:- 03-07-2025
Neha Wife of Sukhdev Singh D/o Pappu R/o Mohan Nagar, Verka, Tehsil and District Amritsar.
Vs.
Sukdev Singh
Publication Issued To:
Sukdev Singh
Father : Salwinder Singh alias Billa R/o Nanak Nagar, Near Mehta Chowk, Batala Road, Distt. Amritsar.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03-07-2025 at 10:00 a.m.
For details logon to https://highcourtchd.gov.in/?trs=district_notice&district=Amritsar
Additional Principal Judge Family Court Amritsar
Dated, this day of 15-05-2025

## TENDER NOTICE

Sealed Quotations are invited within 5 working Days for Auction sale of TATA Buses (PB-08-BQ-9105), (PB-08-BQ-9106) 38+2 Seater, 2010 Model in Excellent running condition & with complete documents in Montgomery Guru Nanak Public School, Adarsh Nagar, Jalandhar. Ph. 0181-2254463-64.
(PRINCIPAL)

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਰੇਸ਼ਮ ਸਿੰਘ ਸਿੱਧੂ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਗੁਰਦਾਸਪੁਰ।
ਕੇਸ ਨੰਬਰ : 52/ਐੱਨ.ਟੀ. ਰਜੂਆ ਮਿਤੀ : 21-07-2023
ਕਿਸਮ ਕੇਸ : ਤਕਸੀਮ ਤਾਰੀਖ ਪੇਸ਼ੀ : 05-06-2025
ਵਾਕਿਆ ਪਿੰਡ : ਔਜਲਾ /ਹ: ਬ: ਨੰਬਰ/340
ਸ੍ਰੀ ਜਰਨੈਲ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਵਜੀਰ ਸਿੰਘ ਵਾਸੀ ਪਿੰਡ ਔਜਲਾ ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ। --ਸਾਇਲ ਧਿਰ

ਬਨਾਮ

1. ਸ੍ਰੀ ਮੁਨੀਸ਼ ਮਹੰਤ ਪੁੱਤਰ ਕੇਸ਼ਵ ਨਾਥ 2. ਪੰਕਜ ਮਹੰਤ ਪੁੱਤਰ ਵਿਸ਼ਵਾ ਨਾਥ 3. ਗੋਲਡੀ ਮਹੰਤ ਪੁੱਤਰ ਉਂਕਾਰ ਨਾਥ ਪੁੱਤਰ ਆਦਿਆ ਨਾਥ 4. ਪਸੰਤ ਨਾਥ ਪੁੱਤਰ ਚੇਤਨ ਨਾਥ 5. ਰਾਮੇਸ਼ਵਰ ਮਹੰਤ ਪੁੱਤਰ ਪਰਾਨ ਨਾਥ 6. ਧਰਮਿੰਦਰ ਨਾਥ ਪੁੱਤਰ ਹਰਬੰਸ ਨਾਥ 7. ਉਮੇਸ਼ਵਰ ਨਾਥ ਪੁੱਤਰ ਪਰਾਨ ਨਾਥ ਵਾਸੀਆਨ ਪਿੰਡ ਝੂਲਣਾ ਮਹਿਲ ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ 8. ਸ਼ਿਵ ਲਾਲ ਰਾਹੀਂ ਵਾਰਸ ਸ੍ਰੀ ਰਾਕੇਸ਼ ਕੁਮਾਰ, ਸੁਰੇਸ਼ ਕੁਮਾਰ ਪੁੱਤਰਾਨ ਸ਼ਿਵ ਲਾਲ 9. ਹਰੀ ਕ੍ਰਿਸ਼ਨ 10. ਗਣਪਤ ਰਾਏ 11. ਸਤੀਸ਼ ਕੁਮਾਰ ਪੁੱਤਰਾਨ ਹਰਚਰਨ ਦਾਸ ਪੁੱਤਰ ਪੂਰਨ ਚੰਦ 12. ਕ੍ਰਿਸ਼ਨਾ ਦੇਵੀ ਪੁੱਤਰੀ ਹਰਚਰਨ ਦਾਸ ਰਾਹੀਂ ਵਾਰਸ ਅੰਜੂ ਬਾਲਾ, ਵਿਮਲ, ਸਿੰਮੀ, ਮੰਜੂ ਪੁੱਤਰੀਆਂ ਕ੍ਰਿਸ਼ਨਾ ਦੇਵੀ ਵਾਸੀਆਨ ਜੀ.ਟੀ. ਰੋਡ ਨੇੜੇ ਪੈਟਰੋਲ ਪੰਪ ਕਾਹਨੂੰਵਾਨ ਰੋਡ ਗੁਰਦਾਸਪੁਰ 13. ਕੁਲਵੰਤ ਸਿੰਘ 14. ਹਰਜੀਤ ਸਿੰਘ 15. ਸੁਖਵਿੰਦਰ ਸਿੰਘ ਪੁੱਤਰਾਨ ਸੰਤੋਖ ਸਿੰਘ ਪੁੱਤਰ ਲਹਿਣਾ ਸਿੰਘ 16. ਹਰਪ੍ਰੀਤ ਸਿੰਘ ਪੁੱਤਰ ਦਲਜੀਤ ਸਿੰਘ ਪੁੱਤਰ ਸੰਤੋਖ ਸਿੰਘ ਵਾਸੀਆਨ ਪਿੰਡ ਔਜਲਾ ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ। --ਉੱਤਰਵਾਦੀ ਧਿਰਾਂ

ਨੋਟਿਸ

ਉਪਰੋਕਤ ਅਨੁਵਾਨ ਤਕਸੀਮ ਕੇਸ ਵਿੱਚ ਇਸ ਅਦਾਲਤ ਨੂੰ ਪੂਰਾ ਯਕੀਨ ਹੋ ਗਿਆ ਹੈ ਕਿ ਉੱਤਰਵਾਦੀ ਧਿਰਾਂ ਦੀ ਮਾਮੂਲੀ ਤਰੀਕੇ ਨਾਲ ਤਾਮੀਲ ਨਹੀਂ ਹੋ ਸਕਦੀ।ਇਸ ਲਈ ਮਿਤੀ 05-06-2025 ਨੂੰ ਸਵੇਰੇ 10:00 ਵਜੇ ਦੀ ਤਾਰੀਖ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਉੱਤਰਵਾਦੀ ਧਿਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਤਕਸੀਮ ਕੇਸ ਵਿੱਚ ਕਿਸੇ ਧਿਰ ਜਾਂ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਮਿਤੀ 05-06-2025 ਨੂੰ ਆਪ ਖੁਦ ਜਾਂ ਆਪਣੇ ਵਕੀਲ ਰਾਹੀਂ ਇਸ ਅਦਾਲਤ ਵਿੱਚ ਹਾਜ਼ਰ ਆਉਣ।ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮਿਤੀ 08-05-2025 ਨੂੰ ਮੇਰੇ ਹਸਤਾਖਰਾਂ ਤੇ ਦਫਤਰੀ ਮੋਹਰ ਨਾਲ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਗੁਰਦਾਸਪੁਰ।

ਨੰਬਰ 239 /ਰੀਡਰ ਮਿਤੀ 08-05-2025

## St. Soldier College (Co-Education)

**St. Soldier College (Co-Education)** Invites online applications, Performa available on College website **www.stsoldierdegreecollege.com** for the post of **Assistant Professor in Computer Science - 2, Sociology - 1, English - 2, Cosmetology - 1, Physiotherapy - 2 , Commerce - 2** on regular basis. Qualification and Grade as per UGC/NCTE/Punjab Govt./GNDU norms. Reservation Policy will beas per Punjab Govt. rules. Candidates must submit online, application within 15 days from the date of publication of advertisement. Candidates must fill up the Score Card Performa (as per Annexure-IV) available in CDC Portal on University Website **(www.gndu.ac.in)** and submit it along with the application and all testimonials. **Director**

**Mobile No. 98554-04206**

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਏਟੀ ਟੈਂਡਰ ਸੂਚਨਾ ਨੰਬਰ **433_Tele_JAT_3_25_26** ਪੂਰਾ ਕਰਨ ਦਾ ਸਮਾਂ 06.06.2025 15:00 ਵਜੇ ਦੇ ਵਿਰੁਧ **https://www.ireps.gov.in** ਉਤੇ ਈ-ਟੈਂਡਰਾ ਮੰਗ ਕਰਦੇ ਹਨ । ਬੋਲੀਦਾਤਾ ਅਪਣੀ ਮੂਲ/ਸੰਸ਼ੋਧਿਤ ਬੋਲੀਆਂ ਆਖਰੀ ਮਿਤੀ ਅਤੇ ਸਮੇਂ ਤਕ ਜਮਾਂ ਕਰ ਸਕਣਗੇ । ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਅਨੁਮਤੀ ਨਹੀਂ ਹੈ, ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਅਣਦੇਖਿਆ ਕਰ ਦਿਤਾ ਜਾਵੇਗਾ । ਠੇਕੇਦਾਰਾਂ ਨੂੰ ਇਸ ਟੈਂਡਰ ਦੇ ਲਈ ਟੈਂਡਰ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਉਤੇ ਉਪਲਬਧ ਆਨਲਈਨ ਭੁਗਤਾਨ ਮੋਡ ਜਿਸਤਰ੍ਹਾ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੇ ਦੁਵਾਰਾ ਤੋਂ ਕਰਨ ਦੀ ਅਨੁਮਤੀ ਹੈ । ਡਿਮਾਂਡ ਡਰਾਫਟ, ਬੈਂਕਰ ਚੇਕ, ਜਮਾਂ ਰਸੀਦਾਂ, ਐਫਡੀਆਰ ਆਦਿ ਦੇ ਦੁਵਾਰਾ ਤੋਂ ਮੈਨੂੰਅਲ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਕਰਾਰ ਦਾ ਪ੍ਰਕਾਰ | ਕੰਮ | | |
|---|---|---|---|
| ਕੰਮ ਦਾ ਨਾਮ | ਡੀਆਰਐਮ ਦਫਤਰ ਜੰਮੂ ਵਿਚ ਕਾਨਫ੍ਰੇਂਸ ਸਿਸਟਮ ਦਾ ਪ੍ਰਾਵਧਾਨ । | | |
| ਟੈਂਡਰ ਪੂਰਾ ਕਰਨ ਦੀ ਮਿਤੀ ਸਮਾਂ | 06.06.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 15.05.2025 19:39 |
| ਵਿਗਿਆਪਿਤ ਮੂਲ (ਰੁ:) | 6335564.42 | ਆਈ.ਆਰ.ਈ.ਪੀ.ਐਸ. ਦੇ ਅਨੁਸਾਰ ਬੋਲੀ ਸ਼ੁਰੂ ਕਰਨ ਦੀ ਮਿਤੀ | 23.05.2025 |
| ਬਿਆਨਾ ਰਾਸ਼ੀ (ਰੁ:) | 126700.00 | ਕੰਮ ਪੂਰਾ ਕਰਨ ਦਾ ਸਮਾਂ | 03 Months |

ਟੈਂਡਰ ਸੂਚਨਾ ਨੰ: 433_Tele_JAT_3_25_26  ਮਿਤੀ : 15.05.2025  1446/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

**ਨੀਲਾਮੀ ਸੂਚੀ ਨੰ. : EAFZR-SLR25-70**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ:29/05/2025 को 11:00 Hrs.**
**ਕੰਮ ਦਾ ਨਾਮ:** ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ / ਐਸਐਲਆਰ ਕੰਪਾਰਟਮੈਂਟ): 13006/F1 & 14720/F1

**ਨੀਲਾਮੀ ਸੂਚੀ ਨੰ.: EAFZR-SLR25-71**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ: 30/05/2025 को 11:00 Hrs.**
**ਕੰਮ ਦਾ ਨਾਮ:** ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ / ਐਸਐਲਆਰ ਕੰਪਾਰਟਮੈਂਟ): 14682/F1, 11906/R1, 15708/F1, 22446/F1, 14680/F1, 12030/F1, 14505/F1 & 14542/F1.

**ਨੀਲਾਮੀ ਸੂਚੀ ਨੰ.: EAFZR-SLR25-72**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ:02/06/2025 को 11:00 Hrs.**
**ਕੰਮ ਦਾ ਨਾਮ:** ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ / ਐਸਐਲਆਰ ਕੰਪਾਰਟਮੈਂਟ): 14730/R1, 15015/F1, 11906/F1, 20424/F1, 14630/F1, 14730/F2, 14730/F1 & 04652/F1.

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in ’ਤੇ ਜਾਓ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ  1441/2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।
ਨੋਟਿਸ ਮਨਾਦੀ ਅਖ਼ਬਾਰ ਇਸ਼ਤਿਹਾਰ
ਤਕਸੀਮ ਕੇਸ

1. ਬਲਵਿੰਦਰ ਸਿੰਘ ਪੁੱਤਰ ਬੰਤਾ ਸਿੰਘ 2. ਨਵਨੀਤ ਕੌਰ ਪਤਨੀ ਗੁਰਵਿੰਦਰ ਸਿੰਘ ਪੁੱਤਰ ਬਲਵਿੰਦਰ ਸਿੰਘ 3. ਪ੍ਰਕਾਸ਼ ਕੌਰ ਪਤਨੀ ਬਲਵਿੰਦਰ ਸਿੰਘ ਵਾਸੀਆਨ ਪਿੰਡ ਫੱਗੂਵਾਲਾ ਖੇਵਟਦਾਰ ਪਿੰਡ ਬਲਿਆਲ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ। ਸਾਇਲ

ਬਨਾਮ

1. ਹਰਪਾਲ ਸਿੰਘ ਪੁੱਤਰ ਜੰਗ ਸਿੰਘ 2. ਜਗਸੀਰ ਸਿੰਘ ਪੁੱਤਰ ਜਗਮੇਲ ਸਿੰਘ 3. ਭਰਪੂਰ ਸਿੰਘ ਪੁੱਤਰ ਜੰਗ ਸਿੰਘ 4. ਧੀਰ ਸਿੰਘ ਪੁੱਤਰ ਮੁਖਤਿਆਰ ਸਿੰਘ 5. ਮੱਲ ਸਿੰਘ ਪੁੱਤਰ ਮੁਖਤਿਆਰ ਸਿੰਘ 6. ਭਰਪੂਰ ਸਿੰਘ ਪੁੱਤਰ ਜੰਗੀਰ ਸਿੰਘ 7. ਦਰਬਾਰਾ ਸਿੰਘ ਪੁੱਤਰ ਜੋਗਿੰਦਰ ਸਿੰਘ 8. ਹੁਸ਼ਿਆਰ ਸਿੰਘ ਪੁੱਤਰ ਜੋਗਿੰਦਰ ਸਿੰਘ 9. ਅਵਤਾਰ ਸਿੰਘ ਪੁੱਤਰ ਜੋਗਿੰਦਰ ਸਿੰਘ 10. ਜਗਵਿੰਦਰ ਸਿੰਘ ਪੁੱਤਰ ਪ੍ਰਿਤਪਾਲ ਸਿੰਘ 11. ਗੁਰਮੱਤ ਸਿੰਘ ਪੁੱਤਰ ਜਾਗਰ ਸਿੰਘ 12. ਸੁੱਚਾ ਸਿੰਘ ਪੁੱਤਰ ਮਲਾਗਰ ਸਿੰਘ 13. ਦਰਸ਼ਨਜੀਤ ਕੌਰ ਪਤਨੀ ਮਲਾਗਰ ਸਿੰਘ 14. ਜਗਸੀਰ ਸਿੰਘ ਪੁੱਤਰ ਮਲਾਗਰ ਸਿੰਘ 15. ਕਮਲੇਸ਼ ਰਾਣੀ ਪਤਨੀ ਸੁਰੇਸ਼ ਕੁਮਾਰ 16. ਮੁਖਤਿਆਰ ਸਿੰਘ ਪੁੱਤਰ ਸਾਧੂ ਸਿੰਘ 17. ਪਿਆਰਾ ਸਿੰਘ ਪੁੱਤਰ ਸਾਧੂ ਸਿੰਘ 18. ਕਰਮਜੀਤ ਸਿੰਘ ਪੁੱਤਰ ਗੁਰਮੇਲ ਸਿੰਘ 19. ਕੁਲਦੀਪ ਸਿੰਘ ਪੁੱਤਰ ਗੁਰਮੇਲ ਸਿੰਘ 20. ਗੁਰਮੀਤ ਸਿੰਘ ਪੁੱਤਰ ਸ਼ਮਸ਼ੇਰ ਸਿੰਘ 21. ਬੱਗਾ ਸਿੰਘ ਪੁੱਤਰ ਛੋਟਾ ਸਿੰਘ 22. ਸੋਨਾ ਪਤਨੀ ਮਹਿੰਦਰ ਸਿੰਘ 23. ਗੁਰਦੀਪ ਸਿੰਘ ਪੁੱਤਰ ਜਸਵੀਰ ਸਿੰਘ 24. ਜਸ਼ਨਦੀਪ ਸਿੰਘ ਪੁੱਤਰ ਜਸਵੀਰ ਸਿੰਘ ਵਾਸੀਆਨ ਪਿੰਡ ਬਲਿਆਲ ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ 25. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਬਲਿਆਲ ਰਾਹੀਂ ਮੈਨੇਜਰ 26. ਪੀ.ਐ.ਡੀ.ਬੀ. ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 27. ਸੀ.ਐ.ਐੱਸ.ਐੱਸ. ਲਿਮ: ਬਲਿਆਲ ਰਾਹੀਂ ਮੈਨੇਜਰ 28. ਓ.ਬੀ.ਸੀ. ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 29. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 30. ਐੱਸ.ਬੀ.ਆਈ ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 31. ਦੀ ਰਾਮਪੁਰਾ ਖੇਤੀਬਾੜੀ ਬਹੁਮੰਤਵੀ ਸਹਿਕਾਰੀ ਸਭਾ ਲਿਮ: ਬਲਿਆਲ ਰਾਹੀਂ ਮੈਨੇਜਰ 32. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਫੱਗੂਵਾਲਾ (ਮਿਸਲ ਨੰ: 475) ਜਗਦੇਵ ਸਿੰਘ ਪੁੱਤਰ ਈਸ਼ਰ ਸਿੰਘ 2. ਗੁਰਪ੍ਰੀਤ ਸਿੰਘ ਪੁੱਤਰ ਜਰਨੈਲ ਸਿੰਘ 3. ਜਰਨੈਲ ਸਿੰਘ ਪੁੱਤਰ ਜੋਰਾ ਸਿੰਘ 4. ਨਿਰਮਲ ਸਿੰਘ ਪੁੱਤਰ ਜੋਰਾ ਸਿੰਘ 5. ਜੰਗ ਸਿੰਘ ਪੁੱਤਰ ਗਰਜਾ ਸਿੰਘ 6. ਅਮਰੀਕ ਸਿੰਘ ਪੁੱਤਰ ਜੋਰਾ ਸਿੰਘ 7. ਗੁਰਮੀਤ ਕੌਰ ਪਤਨੀ ਜਰਨੈਲ ਸਿੰਘ 8. ਨਾਜਰ ਸਿੰਘ ਪੁੱਤਰ ਹਰੀ ਸਿੰਘ 9. ਗੁਰਤੇਜ ਸਿੰਘ ਪੁੱਤਰ ਹਰੀ ਸਿੰਘ 10. ਸਰਦਾਰਾ ਸਿੰਘ ਪੁੱਤਰ ਈਸ਼ਰ ਸਿੰਘ 11. ਮਲਕੀਤ ਸਿੰਘ ਪੁੱਤਰ ਭੂਰਾ ਸਿੰਘ 12. ਹਰੀ ਸਿੰਘ ਪੁੱਤਰ ਈਸ਼ਰ ਸਿੰਘ 13. ਬਲਦੇਵ ਸਿੰਘ ਪੁੱਤਰ ਈਸ਼ਰ ਸਿੰਘ 14. ਮੁਖਤਿਆਰ ਸਿੰਘ ਪੁੱਤਰ ਸਾਧੂ ਸਿੰਘ 15. ਪਿਆਰਾ ਸਿੰਘ ਪੁੱਤਰ ਸਾਧੂ ਸਿੰਘ 16. ਜਗਸੀਰ ਸਿੰਘ ਪੁੱਤਰ ਜਗਦੇਵ ਸਿੰਘ 17. ਰਾਜਪਾਲ ਕੌਰ ਪਤਨੀ ਲਖਵੀਰ ਸਿੰਘ 18. ਜਗਸੀਰ ਸਿੰਘ ਪੁੱਤਰ ਜਗਦੇਵ ਸਿੰਘ 19. ਅਮਰਜੀਤ ਕੌਰ ਪਤਨੀ ਅਜੈਬ ਸਿੰਘ 20. ਦਿਆਲ ਸਿੰਘ ਪੁੱਤਰ ਜੋਰਾ ਸਿੰਘ 21. ਪਰਮਜੀਤ ਕੌਰ ਪਤਨੀ ਜਗਦੇਵ ਸਿੰਘ ਵਾਸੀਆਨ ਪਿੰਡ ਬਲਿਆਲ ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ 22. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਬਲਿਆਲ ਰਾਹੀਂ ਮੈਨੇਜਰ 23. ਪੀ.ਐ.ਡੀ.ਬੀ. ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 24. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਫੱਗੂਵਾਲਾ ਰਾਹੀਂ ਮੈਨੇਜਰ 25. ਐੱਸ.ਬੀ.ਆਈ. ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ (ਮਿਸਲ ਨੰ: 476) 1. ਮਾਲਵਿੰਦਰ ਕੌਰ ਪਤਨੀ ਸਤਪਾਲ ਸਿੰਘ 2. ਜਗਸੀਰ ਸਿੰਘ ਪੁੱਤਰ ਜਗਮੇਲ ਸਿੰਘ 3. ਭਰਭੂਰ ਸਿੰਘ ਪੁੱਤਰ ਜੰਗ ਸਿੰਘ 4. ਜਗਵਿੰਦਰ ਸਿੰਘ ਪੁੱਤਰ ਪ੍ਰਿਤਪਾਲ ਸਿੰਘ 5. ਹਰਪਾਲ ਸਿੰਘ ਪੁੱਤਰ ਜੰਗ ਸਿੰਘ 6. ਦਲਵਾਰਾ ਸਿੰਘ ਪੁੱਤਰ ਜੋਗਿੰਦਰ ਸਿੰਘ 7. ਹੁਸ਼ਿਆਰ ਸਿੰਘ ਪੁੱਤਰ ਜੋਗਿੰਦਰ ਸਿੰਘ 8. ਅਵਤਾਰ ਸਿੰਘ ਪੁੱਤਰ ਜੋਗਿੰਦਰ ਸਿੰਘ 9. ਧੀਰ ਸਿੰਘ ਪੁੱਤਰ ਮੁਖਤਿਆਰ ਸਿੰਘ 10. ਮੱਲ ਸਿੰਘ ਪੁੱਤਰ ਮੁਖਤਿਆਰ ਸਿੰਘ 11. ਭਰਪੂਰ ਸਿੰਘ ਪੁੱਤਰ ਜੰਗੀਰ ਸਿੰਘ 12. ਦਰਸ਼ਨਾ ਦੇਵੀ ਪਤਨੀ ਸਾਲਗ ਰਾਮ 13. ਕ੍ਰਿਸ਼ਨਾ ਦੇਵੀ ਪਤਨੀ ਕਰਮਜੀਤ ਸਿੰਘ 14. ਹਰਬੰਸ ਕੌਰ ਮਾਤਾ ਗੁਰਵਿੰਦਰ ਸਿੰਘ ਪੁੱਤਰ ਗੁਰਮੱਤ ਸਿੰਘ 15. ਹਰਪ੍ਰੀਤ ਕੌਰ ਵਿਧਵਾ ਗੁਰਵਿੰਦਰ ਸਿੰਘ 16. ਜਸ਼ਨਦੀਪ ਸਿੰਘ ਪੁੱਤਰ ਗੁਰਵਿੰਦਰ ਸਿੰਘ 17. ਮਨਪ੍ਰੀਤ ਸਿੰਘ ਪੁੱਤਰ ਗੁਰਮੱਤ ਸਿੰਘ 18. ਲਾਭ ਸਿੰਘ ਪੁੱਤਰ ਜਗਵੰਤ ਸਿੰਘ 19. ਲਾਭ ਸਿੰਘ ਪੁੱਤਰ ਹਰੀ ਸਿੰਘ 20. ਗੁਰਸੇਵਕ ਸਿੰਘ ਪੁੱਤਰ ਹਰੀ ਸਿੰਘ 21. ਮੁਖਤਿਆਰ ਸਿੰਘ ਪੁੱਤਰ ਸਾਧੂ ਸਿੰਘ 22. ਪਿਆਰਾ ਸਿੰਘ ਪੁੱਤਰ ਸਾਧੂ ਸਿੰਘ, 23. ਕਰਮਜੀਤ ਸਿੰਘ ਪੁੱਤਰ ਗੁਰਮੇਲ ਸਿੰਘ 24. ਜਗਸੀਰ ਸਿੰਘ ਪੁੱਤਰ ਜਗਦੇਵ ਸਿੰਘ 25. ਗੁਰਮੀਤ ਸਿੰਘ ਪੁੱਤਰ ਸਮਸ਼ੇਰ ਸਿੰਘ 26. ਰਾਮ ਸਿੰਘ ਪੁੱਤਰ ਮੱਲ ਸਿੰਘ 27. ਧੰਨਾ ਸਿੰਘ ਪੁੱਤਰ ਸਾਉਣ ਸਿੰਘ 28. ਤੇਜਿੰਦਰਪਾਲ ਸਿੰਘ ਪੁੱਤਰ ਸੁਖਮਿੰਦਰ ਸਿੰਘ 29. ਜੰਗ ਸਿੰਘ ਪੁੱਤਰ ਸੁਰਜਨ ਸਿੰਘ 29 ਏ. ਰੇਨੂੰ ਸਿੰਗਲਾ ਪਤਨੀ ਰਾਜਿੰਦਰ ਕੁਮਾਰ 30. ਅਵਤਾਰ ਸਿੰਘ ਪੁੱਤਰ ਜੋਗਿੰਦਰ ਸਿੰਘ 31. ਗੁਰਦੀਪ ਸਿੰਘ ਪੁੱਤਰ ਜਸਵੀਰ ਸਿੰਘ 32. ਜਸ਼ਨਦੀਪ ਸਿੰਘ ਪੁੱਤਰ ਜਸਵੀਰ ਸਿੰਘ ਵਾਸੀਆਨ ਪਿੰਡ ਬਲਿਆਲ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ 33. ਦੀ ਸੰਗਰੂਰ ਸੈਂਟਰਲ ਕੋਅ: ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 34. ਪੰਜਾਬ ਸਿੰਧ ਬੈਂਕ ਬ੍ਰਾਂਚ ਬਲਿਆਲ ਰਾਹੀਂ ਮੈਨੇਜਰ 35. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ 36. ਸਟੇਟ ਬੈਂਕ ਆਫ ਇੰਡੀਆ ਬ੍ਰਾਂਚ ਭਵਾਨੀਗੜ੍ਹ ਰਾਹੀਂ ਮੈਨੇਜਰ। ਮਸੂਲਇਲਮ

ਦਰਖਾਸਤ ਜ਼ੇਰ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ 1887 ਅਧੀਨ ਕੀਤੇ ਜਾਣੇ ਤਕਸੀਮ ਬਾਬਤ ਖੇਵਟ ਨੰਬਰ 4, 437/414,453/428 ਪਿੰਡ ਬਲਿਆਲ ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।

ਇਸ ਨੋਟਿਸ ਅਖ਼ਬਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਵਿਚ ਉਕਤ ਖੇਵਟ ਆਦਿ ਵਿਚ ਜੋ ਵੀ ਹਿੱਸੇਦਾਰ ਹਨ। ਜਿਨ੍ਹਾਂ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਤਕਸੀਮ ਕੇਸ ਵਿਚ ਉਕਤ ਉੱਤਰਵਾਦੀ/ਉੱਤਰਵਾਦੀਆਨ/ਉਨ੍ਹਾਂ ਦਾ ਵਾਰਸ ਜਾਂ ਉਨ੍ਹਾਂ ਦਾ ਕੋਈ ਵਕੀਲ ਪੈਰਵੀ ਕਰਨਾ ਚਾਹੁੰਦਾ ਹੈ ਤਾਂ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖਰ ਦੀ ਅਦਾਲਤ ਵਿਚ ਹਾਜ਼ਰ ਹੋ ਕਰ ਕੇਸ ਦੀ ਪੈਰਵੀ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ।ਇਹ ਨੋਟਿਸ ਮੇਰੇ ਹਸਤਾਖਰਾਂ/ਮੋਹਰ ਹੇਠ ਜਾਰੀ ਕੀਤਾ ਗਿਆ ਹੈ।
ਨੰਬਰ 72 ਰੀਡਰ/-1 ਮਿਤੀ : 15/05/25

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ -ਕਮ ਤਹਿਸੀਲਦਾਰ ਭਵਾਨੀਗੜ੍ਹ।




## Change of Name

I, Om Parkash S/o Kansi Ram R/o Chand Avenue, Daya Nand Nagar, Kothi No.37, Amritsar, Punjab have changed my name from Om Parkash to Om Parkash Khanna. Concerned note.

I, Avtar Singh S/o Pritam Singh R/o Village Bathwala Berian Gurdaspur, PO. Gurdaspur, Pin code 143521, Punjab, India declare that my given name as Avtar and my surname as Singh.

I, Satnam Singh S/o Ratan Singh R/o Village Sherpur Sadha, Tehsil Sultanpur Lodhi, Distt. Kapurthala, Punjab declare that in my wife Kuljit Kaur's all documents her name has spelled as Kuljit Kaur but in my Passport my wife Kuljit Kaur's name has spelled as Kuljeet Kaur. Please Note.

I Mamta Sharma W/o Laxmi Kant Sharma, R/o H.No. ED-276, Dhan Mohalla, Jalandhar P.O. Jalandhar, Pb-144001 Declare that Mamta Sharma and Mamta Rani is one and the Same Person. All Concerned may note.

I Laxmi Kant Sharma S/o Sh. Hari Dev Sharma, R/o H.No. ED-276, Dhan Mohalla, Jalandhar, P.O. Jalandhar Pb-144001 Declare that Laxmi Kant Sharma and Laxmi Kant is one and the Same Person. All Concerned May Note.

I, Sarabjit Kaur W/o Amarjit Singh R/o Village and Post Office Devi Dasspura, Amritsar have changed my name from Sarabjit Kaur to Sarabjeet Kaur. All Concerned Please Note.

I Anil Gupta S/o Satpal Gupta R/o H.No.74 Basant Avenue Amritsar have changed my name from Anil Gupta to Anil Kumar Gupta.

I, Heena Mahajan W/o Munish Kumar R/o 254 Swiss City Near Holy City Gumtala Mahal Bye Pass Amritsar have changed my name after Marriage to Heena Mehta. Please Note It

I, Vijay Sanan S/o Kaushal Dev Sanan R/o 36-D, Hukam Singh Road, Amritsar have changed my name from Vijay Sanan to Vijay Kumar Sanan

I, Dewan Singh S/o Rola Singh R/o Vill Kaler Mangat District Amritsar have changed my name from Dewan Singh to Diwan Singh

I, Guraman Singh S/o Sukhdev Singh R/o 117, Shivala Bhayian-Colony, Near Shivala Mandir, Amritsar have changed my name from Guraman Singh to Guraman Singh Madaan.

I Lovepreet Singh S/O Hardev Singh R/O H.No.7 Akalsar Nagar Near Baba Darshan Singh Kuli Wale Ghanupur Chheharta Amritsar Have Changed My Name From Lovepreet Singh To Given Name Lovepreet Surname Singh.

I Surta Singh Hundal S/o Gurdial Singh R/o Village Thathian PO Bundala Distt Amritsar have changed my name from Surta Singh Hundal to Surta Singh.

I Paramjit Kaur Hundal W/o Surta Singh R/o Village Thathian PO Bundala Distt Amritsar have changed my name from Paramjit Kaur Hundal to Paramjit Kaur.

I Harinder pal Singh S/o Narinder pal Singh R/o Village Amarkot Rakh Devi Dasspura Distt Amritsar have changed my name form Harinder Pal singh to Harinderpal Singh.

I, Jagdish Singh S/o Manjit Singh R/o H.No. 4312, Kot Ghanaia Lal, Sultanwind Road, Amritsar, Punjab have changed my name from Jagdish Singh to Singh is my surname and Jagdish is my given name.

I, Swati Attri W/o Naman Thakur R/o VPO Chawinda Devi, Tehsil Majitha, Distt. Amritsar, Punjab have changed my name from Swati Attri to Swati Thakur.

I, Rajlata Devi W/O Mahender Singh , , R/o 173/23, Employees Colony, Gohana Road, Jind, Haryana-126102. have changed my name and shall hereafter be Known as Bimla.

I, Payal W/O Yashpal , , R/o Ward No-02, Gandhi Nagar, Charkhi Dadri, Haryana-127306. have changed my name and shall hereafter be Known as Kumari Payal Yadav.

I, Manish Kumar Sharma alias Manish Sharma S/O Anand Mani Sharma, R/o 5/34, Shivaji Nagar, Gurgaon, Farrukhnagar, Haryana-122001, have changed my name and shall hereafter be Known as Manish Kumar.

I, Sunitha Wife of Shri Parshad Resident of Village Semi, PO. Khajurla, Distt. Jalandhar, Punjab-144024, India have changed my name from Sunitha to Sunita Kumari. All concerned please note.

I, Naresh S/o Nittar R/o Radhey Krishana Hari Mandir Thakur Singh Colony, Jalandhar have changed my name from Naresh to Naresh Kumar. All Please Note.

I, Sahil S/o Des Raj R/o H.No. B-23/252, Aslamabad, Hoshiarpur have changed my name from Sahil to Sahil Kumar. All Please Note.

I, Vijay Kumar S/o Mulakh Raj R/o H.No. 1291, Urban Estate, Phase-2, Jalandhar have changed my name from Vijay Kumar to Vijay Kumar Bhagat. All Please Note.

I, Raja Nand S/o Sagar Mal R/o EC 54, Kazi Mohalla, Attari Bazar, Jalandhar City have changed my name from Raja Nand to Gajanand. All Please Note.

I, Amarjeet Singh s/o Balwant Singh r/o H.No.1209, Garha, Jalandhar have changed my name from Amarjit Singh to Amarjeet Singh. All Please Note.

I, Ghar Singh s/o Sansar Singh r/o Vill. Papina, Po. Tanda, Ram Sahai, Teh. Mukerian, Hoshiarpur have changed my name from Gar Singh to Ghar Singh. All Please Note.

I, Guru Pratap Singh s/o Hari Singh r/o H.No. 967, Urban Estate, Phagwara, Distt. Kapurthala have changed my name to Given name as Guru Pratap & Surname as Singh. All Please Note.

I, Pradeep Kaur w/o Sukhpal Singh r/o Vill. Rampur, Po. Bhandal Himmat, Tehsil Phillaur, Distt. Jalandhar have changed my spelling name to Pardeep Kaur. All Please Note.

I, Rohit Kumar s/o Lakhveer Chand r/o Kangniwal, Distt. Jalandhar, Punjab-144025 have changed my name from Rohit to Rohit Kumar (Surname as Kumar). All Please Note.

## Change of Name

I, Satpaul Singh s/o Pritam Singh r/o VPO. Ghuman, Distt. Shaheed Bhagat Singh Nagar have changed my name from Satpaul Singh to Satpal Singh. All Please Note.

I, Kuldeep Kaur w/o Jarnail Singh r/o H.No.909, Guru Arjan Nagar, Basti Mithu, Jalandhar have changed my name from Kuldip Kaur to Kuldeep Kaur. All Please Note.

I, Rozy W/o Rakesh Khosla R/o B-15/204, Doula Nangal, Near Nehru Gate, Batala, Gurdaspur, Punjab-143505 have changed my name and shall hereafter be known as Rozi Khosla.

I, Manoj Kumar Mom S/o Sardara Ram R/o VPO. Karimpur, Distt. SBS Nagar, Punjab have delete my surname from Manoj Kumar Mom to Manoj Kumar. All Please Note.

I, Kulwinder Kaur Mom W/o Manoj Kumar R/o VPO. Karimpur, Distt. SBS Nagar, Punjab have delete my surname from Kulwinder Kaur Mom to Kulwinder Kaur. All Please Note.

I, Sukhwinder Devi W/o Kuldip R/o H.No. 15, Surjeet Nagar, Basti Danishmanda, Jalandhar, Punjab have changed my name from Sukhwinder Devi to Sukhvinder Kaur. All Please Note.

## PUBLIC NOTICE

It is for general Information that, I Balbir Singh S/O Basdev Singh R/O H. No. 362, Near Gurudwara Kadianwali, Jalandhar Jamsher - 144020, Punjab declare that Name of My Father has been Wrongly Written as Vasdev in my Passport No. (A761077). Actual Name of my father is Late. Basdev Singh, Which may be amended accordingly.

## ਆਮ ਸੂਚਨਾ

ਮੈਂ, ਬਲਵਿੰਦਰ ਕੌਰ ਪਤਨੀ ਸ੍ਰੀ ਪ੍ਰੇਮ ਦਾਸ ਵਾਸੀ ਪਿੰਡ ਨੰਗਲ ਫੀਦਾ ਡਾਕਖਾਨਾ ਸਲਾਲਾ ਜ਼ਿਲ੍ਹਾ ਜਲੰਧਰ, ਪੰਜਾਬ, ਬਿਆਨੀ ਹਾਂ ਕਿ ਮੈਂ ਰੋਜ਼ਾਨਾਂ ਅਖਵਾਰ ਰਾਹੀਂ ਆਪਣੀ ਲੜਕੀ ਗਗਨਦੀਪ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖ਼ਲ ਕਰ ਦਿੱਤਾ ਸੀ। ਇਹ ਕਿ ਹੁਣ ਮੇਰੀ ਲੜਕੀ ਗਗਨਦੀਪ ਕੌਰ ਮੇਰੇ ਕਹਿਣੇ ਵਿੱਚ ਹੋਣ ਕਾਰਨ ਮੈਂ ਇਹ ਬੇਦਖਲੀ ਖਾਰਜ ਕਰਦੀ ਹਾਂ ਅਤੇ ਹੁਣ ਮੇਰੀ ਲੜਕੀ ਗਗਨਦੀਪ ਕੌਰ ਮੇਰੀ ਵਰਾਸਤ ਦੇ ਆਪਣੇ ਹਿੱਸੇ ਮੁਤਾਬਕ ਵਾਰਿਸ ਰਹੇਗੀ।

ਮੈਂ ਹਰਦੇਵ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਮਕਾਨ ਨੰ. 20, ਨਿਊ ਸ਼ਹੀਦ ਊਧਮ ਸਿੰਘ ਨਗਰ ਮੰਦਰ ਵਾਲਾ ਬਜ਼ਾਰ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਜਿੰਦਰ ਸਿੰਘ ਅਤੇ ਉਸਦੀ ਪਤਨੀ ਗੀਤਾ ਨੂੰ ਕਹਿਣੇ ਤੋਂ ਬਾਹਰ ਹੋ ਕੇ ਆਪਨੀ ਚਲ ਅਚਲ ਜੈਦਾਦ ਤੋਂ ਬੇਦਖਲ ਕੀਤਾ ਸੀ ਪਰ ਉਹ ਮੇਰੇ ਕਹਨੇ ਵਿੱਚ ਹਨ ਮੈਂ ਆਪਣੀ ਦਿੱਤੀ ਹੋਈ ਬੇਦਖਲੀ ਵਾਪਸ ਲੈਂਦਾ ਹੈ।

ਮੈਂ, ਨਿਸ਼ਾਨ ਸਿੰਘ ਪੁੱਤਰ ਸ੍ਰ ਮੇਵਾ ਸਿੰਘ ਵਾਸੀ ਪਿੰਡ ਮੰਜ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਹਰਜੀਤ ਸਿੰਘ ਅਤੇ ਨੂੰਹ ਅਮਨਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਇਹ ਦੋਵੇਂ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਬੇਦਖਲੀ ਵਾਪਿਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

ਮੈਂ ਲਾਲ ਕੌਰ ਪੁੱਤਰੀ ਰੇਸ਼ਮ ਸਿੰਘ ਵਾਸੀ ਮੁੰਡੀ ਚੋਹਲੀਆਂ, ਡਾਕਖਾਨਾ ਨਾਹਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ ਪਿੰਨ ਕੋਡ 144629 ਹੈ। ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਲਾਲ ਕੌਰ ਤੋਂ ਜਸਮੀਤ ਕੌਰ ਰੱਖ ਲਿਆ ਹੈ।ਕਿਰਪਾ ਕਰਕੇ ਮੈਨੂੰ ਜਸਮੀਤ ਕੌਰ ਦੇ ਨਾਮ ਨਾਲ ਹੀ ਜਾਣਿਆ ਜਾਵੇ।

ਮੈਂ, ਸਰਬਜੀਤ ਕੌਰ ਪਤਨੀ ਵਾਸਦੇਵ ਵਾਸੀ ਪਿੰਡ ਕਬੂਲਪੁਰ, ਡਾਕਖਾਨਾ ਜੰਡੂ ਸਿੰਘਾ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਨਾਬਾਲਗ ਲੜਕੀ ਇੰਦਰਜੀਤ ਅਤੇ ਇੰਦਰਜੀਤ ਕੌਰ ਦੋਨੋਂ ਨਾਮ ਇੱਕ ਵਿਅਕਤੀ ਦੇ ਹਨ, ਮੇਰੀ ਲੜਕੀ ਦੇ ਸਾਰੇ ਕਾਗਜ਼ਾਤ ਇੰਦਰਜੀਤ ਕੌਰ ਦੇ ਨਾਮ ਦੇ ਬਣੇ ਹੋਏ ਹਨ ਭਵਿੱਖ ਵਿੱਚ ਇਸ ਨੂੰ ਇੰਦਰਜੀਤ ਕੌਰ ਦੇ ਨਾਮ ਨਾਲ ਜਾਣਿਆ ਜਾਵੇ।

ਮੈਂ, ਇੰਦਰਜੀਤ ਸਿੰਘ ਪੁੱਤਰ ਮੇਹਰ ਸਿੰਘ ਪੁੱਤਰ ਸਾਉਣ ਸਿੰਘ ਵਾਸੀ ਰੌਤਾ, ਤਹਿਸੀਲ ਨਿਹਾਲ ਸਿੰਘਵਾਲਾ, ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਇੰਦਰਜੀਤ ਸਿੰਘ, ਸਕੱਤਰ ਸਿੰਘ, ਅਕੱਤਰ ਸਿੰਘ, ਇਕੱਤਰ ਸਿੰਘ, ਨਛੱਤਰ ਸਿੰਘ ਸਾਰੇ ਨਾਂਅ ਮੇਰੇ ਅਤੇ ਇਕੋ ਬੰਦੇ ਦੇ ਹਨ। ਸੰਬੰਧਤ ਨੋਟ ਕਰਨ।

ਹਰਭੇ ਸਿੰਘ ਪੁੱਤਰ ਹਰਚੰਦ ਸਿੰਘ ਰਾਜਲੇਹੜੀ ਏਆਰ-280 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਬਲਵਿੰਦਰ ਸਿੰਘ ਪੁੱਤਰ ਦਲਜੀਤ ਸਿੰਘ ਰਾਜਲੇਹੜੀ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਇਸ ਦਫਤਰ ਅਧੀਨ ਗੁਰਬਚਨ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮੌੜ ਕਲਾਂ ਜਿਲਾ ਬਠਿੰਡਾ ਦੇ ਨਾਮ ਤੇ ਟਿਊਬਵੈਲ ਕੁਨੈਕਸ਼ਨ ਚਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ.ਪੀ 01/409 ਹੈ। ਜਿਸ ਨੂੰ ਯਾਦਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਮੌੜ ਮੰਡੀ ਜਿਲਾ ਬਠਿੰਡਾ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦਾ ਹਾਂ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਬਿਜਲੀ ਦਫਤਰ ਮੌੜ ਵਿਖੇ ਇਤਰਾਜ ਕਰ ਸਕਦਾ ਹੈ।

ਇਸ ਦਫਤਰ ਅਧੀਨ ਸੂਰਤ ਸਿੰਘ ਪੁੱਤਰ ਸ੍ਰੀ ਬੱਤਾ ਸਿੰਘ ਵਾਸੀ ਪਿੰਡ ਤਲਵੰਡੀ ਨਿਪਾਲਾਂ , ਤਹਿ. ਜੀਰਾ, ਜਿਲਾ ਫਿਰੋਜਪੁਰ ਦੇ ਨਾਮ ਤੇ ਰਕਬਾ ਪਿੰਡ ਮਲਕੋਂ ਵਿਖੇ ਟਿਊਬਵੈਲ ਕੁਨੈਕਸ਼ਨ ਚੱਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ.ਪੀ 19/100 ਹੈ। ਜਿਸ ਨੂੰ ਲਖਵਿੰਦਰ ਸਿੰਘ ਪੁੱਤਰ ਸੂਰਤ ਸਿੰਘ ਵਾਸੀ ਪਿੰਡ ਤਲਵੰਡੀ ਨਿਪਾਲਾਂ , ਤਹਿਸੀਲ ਜੀਰਾ, ਜ਼ਿਲ੍ਹਾ ਫਿਰੋਜਪੁਰ ਆਪਣੇ ਨਾਮ ’ਤੇ ਤਬਦੀਲ ਕਰਵਾਉਣਾ ਚਾਹੁੰਦਾ ਹਾਂ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ ਕਰ ਸਕਦਾ ਹੈ।

ਇਸ ਦਫਤਰ ਅਧੀਨ ਬਗੀਚਾ ਸਿੰਘ ਪੁੱਤਰ ਸ੍ਰੀ ਬੰਤਾ ਸਿੰਘ ਵਾਸੀ ਪਿੰਡ ਤਲਵੰਡੀ ਨਿਪਾਲਾਂ , ਤਹਿ ਜੀਰਾ, ਜ਼ਿਲ੍ਹਾ ਫਿਰੋਜਪੁਰ ਦੇ ਨਾਮ ਤੇ ਰਕਬਾ ਪਿੰਡ ਮਲਕੋਂ ਵਿਖੇ ਟਿਊਬਵੈਲ ਕੁਨੈਕਸ਼ਨ ਚੱਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ.ਪੀ 19/99 ਹੈ। ਜਿਸ ਨੂੰ ਇੰਦਰਜੀਤ ਸਿੰਘ ਪੁੱਤਰ ਬਗੀਚਾ ਸਿੰਘ ਵਾਸੀ ਪਿੰਡ ਤਲਵੰਡੀ ਨਿਪਾਲਾਂ , ਤਹਿਸੀਲ ਜੀਰਾ, ਜ਼ਿਲ੍ਹਾ ਫਿਰੋਜਪੁਰ ਆਪਣੇ ਨਾਮ ’ਤੇ ਤਬਦੀਲ ਕਰਵਾਉਣਾ ਚਾਹੁੰਦਾ ਹਾਂ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 36/0557 ਜਰਮਨ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਕਪੂਰਥਲਾ ਤੋਂ ਨਾਂਅ ਬਦਲੀ ਕਰਕੇ ਭੁਪਿੰਦਰ ਕੌਰ ਪਤਨੀ ਬਲਕਾਰ ਸਿੰਘ ਵਾਸੀ ਪੱਤੀ ਭੁੱਗੀਆਂ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 13/259 ਕੁਲਵੰਤ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਮੰਡਿਆਲਾ ਤੋਂ ਨਾਂਅ ਬਦਲੀ ਕਰਕੇ ਦਿਲਬਾਗ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਮੰਡਿਆਲਾ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਟਿਊਬਵੈਲ ਕੁਨੈਕਸ਼ਨ ਨੰਬਰ **AP270037-L** ਜੋਕਿ ਸਾਧੂ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਪਾਹੜਾ ਦੇ ਨਾਮ ਤੇ ਚੱਲ ਰਿਹਾ ਹੈ , ਨੂੰ ਹਰਵੰਤ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਪਾਹੜਾ ਦੇ ਨਾਮ ਤਬਦੀਲ ਕਰਨ ਦੀ ਦਰਖਾਸਤ ਪ੍ਰਾਪਤ ਹੋਈ ਹੈ । ਇਸ ਸੰਬੰਧੀ ਜੇ ਕਿਸੇ ਨੂੰ ਇਤਰਾਜ ਹੋਵੇ ਤਾਂ ਉਹ ਪਾਵਰਕਾਮ ਤਿੱਬੜ ਕੋਲ 15 ਦਿਨਾਂ ਦੇ ਅੰਦਰ ਆਪਣਾ ਇਤਰਾਜ ਪੇਸ਼ ਕਰ ਸਕਦਾ ਹੈ । 15 ਦਿਨਾਂ ਤੋਂ ਬਾਅਦ ਕੋਈ ਵੀ ਗੌਰ ਨਹੀਂ ਕੀਤਾ ਜਾਵੇਗਾ।

ਲਖਵਿੰਦਰ ਸਿੰਘ ਪੁੱਤਰ ਬਚਨ ਸਿੰਘ ਵਾਸੀ ਖਾਨ ਮਲੱਕ ਦੇ ਨਾਮ ਚੱਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ **AP20/479** ਨੂੰ ਆਪਣੇ ਨਾਮ ਕਰਵਾਉਣ ਲਈ ਦਵਿੰਦਰ ਸਿੰਘ ਪੁੱਤਰ ਲਖਵਿੰਦਰ ਸਿੰਘ ਪਿੰਡ ਖਾਨਮਲੱਕ ਨੇ ਅਰਜੀ ਦਿੱਤੀ ਹੈ। ਜੇ ਕਿਸੇ ਨੂੰ ਇਤਰਾਜ ਹੋਵੇ ਤਾਂ 15 ਦਿਨਾਂ ਅੰਦਰ ਪਾਵਰਕਾਮ ਉੱਪ ਮੰਡਲ ਅਫਸਰ ਡੇਹਰੀਵਾਲ ਕੋਲ ਇਤਰਾਜ ਪੇਸ਼ ਕਰੇ।

## ਨਾਂਅ ਦੀ ਬਦਲੀ

ਮੈਂ, ਰਹਿਮ ਅਲੀ ਪੁੱਤਰ ਮੂਸਾ ਵਾਸੀ ਪਿੰਡ ਗੋਂਦਪੁਰ, ਡਾਕ. ਗੜ੍ਹਦੀਵਾਲ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਮੇਰਾ ਨਾਂਅ ਜਮ੍ਹਾਂਬੰਦੀ ਵਿਚ ਰਹਿਮਤ ਅਲੀ ਚੱਲ ਰਿਹਾ ਹੈ, ਹੁਣ ਮੈਂ ਆਪਣਾ ਨਾਂਅ ਰਹਿਮ ਅਲੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਪੂਨਮ ਸੇਠੀ ਸਪੁੱਤਰੀ ਸ੍ਰੀ ਸਵਰਾਜ ਸੇਠੀ ਧਰਮ ਪਤਨੀ ਸ੍ਰੀ ਰਾਜੀਵ ਸਾਹਨੀ ਨਿਵਾਸੀ 75, ਨਿਊ ਅਸ਼ੋਕ ਨਗਰ, ਜਲੰਧਰ, ਪੰਜਾਬ, ਭਾਰਤ 144001 ਮੈਂ ਆਪਣਾ ਨਾਮ ਪੂਨਮ ਸੇਠੀ ਤੋਂ ਬਦਲ ਕੇ ਪੂਨਮ ਸਾਹਨੀ ਰੱਖ ਲਿਆ ਹੈ। ਪੂਨਮ ਸਾਹਨੀ ਅਤੇ ਪੂਨਮ ਸੇਠੀ ਇੱਕ ਹੀ ਵਿਅਕਤੀ ਹੈ। ਸੰਬੰਧਿਤ ਨੋਟ ਕਰਨ। (ਆਰ)

ਮੈਂ, ਸਿਮਰਨਜੀਤ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਧਾਰੜ, ਥਾਣਾ ਜੰਡਿਆਲਾ ਗੁਰੂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143115 ਨੇ ਆਪਣਾ ਨਾਂਅ ਸਿਮਰਨਜੀਤ ਸਿੰਘ ਤੋਂ ਬਦਲ ਕੇ ਸਮਰ ਸਿੰਘ ਜੋਸਨ ਕਰ ਲਿਆ ਹੈ।

## ਬੇਦਖਲੀ ਨੋਟਿਸ

ਮੈਂ ਸ਼ਸ਼ੀ ਕੁਮਾਰ ਪੁੱਤਰ ਜਗਦੀਸ਼ ਕੁਮਾਰ ਵਾਸੀ ਮਕਾਨ ਨੰਬਰ 5288/19, ਗਲੀ ਨੰ.28, ਮੇਹਰਪੁਰਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕੋਮਲ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਗੁਰਪ੍ਰੀਤ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਨੇੜੇ ਰਾਧਾ ਸਵਾਮੀ ਸਤਸੰਗ ਭਵਨ ਕਬੂਨੰਗਲ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹਰਮਨਦੀਪ ਕੌਰ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਰਾਜ ਕੁਮਾਰ ਪੁੱਤਰ ਰਾਮ ਰਾਖਾ ਵਾਸੀ ਪਲਾਟ ਨੰ. 67-68, ਗਲੀ ਨੰ.1, ਤਰਨਤਾਰਨ ਰੋਡ, ਨਿਊ ਕੋਟ ਮਿਤ ਸਿੰਘ ਅੰਮ੍ਰਿਤਸਰ ਬਿਆਨ ਕਰਦਾ ਹੈ ਕਿ ਮੇਰਾ ਲੜਕਾ ਅਮਿਤ ਕਿਸ਼ੋਰ ਚੰਡੋਕ ਅਤੇ ਉਸਦੀ ਪਤਨੀ ਸਪਨਾ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ

ਮੈਂ ਲਖਵਿੰਦਰ ਕੌਰ ਵਿਧਵਾ ਗੁਰਦੇਵ ਸਿੰਘ ਵਾਸੀ 23, ਕਮਲਾ ਐਵੀਨਿਊ, ਫਤਿਹਗੜ੍ਹ ਚੂੜੀਆਂ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਕੀ ਮੇਰਾ ਭਤੀਜਾ ਰਾਜਨਜੋਤ ਸਿੰਘ ਕੌਰ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ ।ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ, ਮਮਤਾ ਪਤਨੀ ਕੁਲਵਿੰਦਰ ਸਿੰਘ ਅਤੇ ਕੁਲਵਿੰਦਰ ਸਿੰਘ ਪੁੱਤਰ ਸਾਦਾ ਸਿੰਘ ਵਾਸੀ ਮਕਾਨ ਨੰ.257, ਗਲੀ ਨੰ.8, ਨਿਊ ਮੋਹਣੀ ਪਾਰਕ ਸਤਿਗੁਰੂ ਰਾਮ ਸਿੰਘ ਕਾਲੋਨੀ ਤਹਿਸੀਲ ਅਤੇ ਜਿਲਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕੀ ਸਾਡਾ ਲੜਕਾ ਸੁਖਮਨਪ੍ਰੀਤ ਸਿੰਘ ਸਾਡੇ ਕਹਿਣ ਤੋਂ ਬਾਹਰ ਹੈ ਅਸੀਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ । ਉਹ ਸਾਡੇ ਅਤੇ ਸਾਡੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਮਹਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਕਾਨ ਨੰ. 4390/35, ਗਲੀ ਨੰ.7, ਕੋਟ ਬਾਬਾ ਦੀਪ ਸਿੰਘ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਤਨਾਮ ਸਿੰਘ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਲੱਖਾ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਮੁਹੱਲਾ ਚੁਪ ਸ਼ਾਹ ਨੇੜੇ ਗੁਰੂ ਕੀ ਵਡਾਲੀ ਛੇਹਰਟਾ, ਅੰਮ੍ਰਿਤਸਰ ਬਿਆਨ ਕਰਦਾ ਹੈ ਕਿ ਮੇਰਾ ਲੜਕਾ ਗੁਰਲਾਲ ਸਿੰਘ ਅਤੇ ਉਸਦੀ ਪਤਨੀ ਕੋਮਲਪ੍ਰੀਤ ਕੌਰ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸ਼ਰਨਜੀਤ ਸਿੰਘ ਪੁੱਤਰ ਮਨਮਿੰਦਰ ਸਿੰਘ ਵਾਸੀ ਚੱਕ ਮਹਿਰ ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕੰਵਲਜੀਤ ਕੌਰ ਅਤੇ ਮੇਰਾ ਲੜਕਾ ਦਿਲਪ੍ਰੀਤ ਸਿੰਘ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ। ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਪਿਆਰ ਕੌਰ ਵਿਧਵਾ ਮਨਮਿੰਦਰ ਸਿੰਘ ਵਾਸੀ ਚੱਕ ਮਹਿਰ ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸ਼ਰਨਜੀਤ ਸਿੰਘ, ਉਸਦੀ ਪਤਨੀ ਕੰਵਲਜੀਤ ਕੌਰ ਅਤੇ ਇਨ੍ਹਾਂ ਦਾ ਲੜਕਾ ਦਿਲਪ੍ਰੀਤ ਸਿੰਘ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ। ਮੈਂ ਇਨ੍ਹਾਂ ਤਿੰਨਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਰਾਹੁਲ ਸੂਦ ਪੁੱਤਰ ਲੇਟ ਪਵਨ ਕੁਮਾਰ ਵਾਸੀ ਸਾਈ ਨਿਵਾਸ, ਨਿਊ ਨਾਗਰਾ ਕਲੋਨੀ, ਨਾਗਰਾ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰੀ ਮਾਤਾ ਨਿਰਮਲ ਸੂਦ ਜੋ ਕਿ ਸਾਡੇ ਤੋਂ ਵੱਖ ਰਹਿ ਰਹੇ ਹਨ। ਮੈਂ ਆਪਣੀ ਮਾਤਾ ਨਿਰਮਲ ਸੂਦ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਨੀਲਮ ਕੱਕੜ ਪਤਨੀ ਆਰ. ਐਮ. ਕੱਕੜ ਵਾਸੀ ਐਨ. ਜੇ-91, ਮੁਹੱਲਾ ਮਹਿੰਦਰੂ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਵਿੰਦਰ ਕੱਕੜ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਇਸ ਦੇ ਵਾਰਸਾਂ ਸਮੇਤ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਕੁਲਦੀਪ ਸਿੰਘ ਪੁੱਤਰ ਲਛਮਨ ਦਾਸ ਵਾਸੀ ਨਿਊ ਹਰਦਿਆਲ ਨਗਰ, ਕੋਟਲਾ ਰੋਡ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਹਰਦੇਵ ਸਿੰਘ ਸੰਘਾ ਪੁੱਤਰ ਭਾਗ ਸਿੰਘ ਵਾਸੀ ਕਮਾਲ ਪੱਤੀ ਪਿੰਡ ਡਰੋਲੀ ਭਾਈ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਪ੍ਰੀਤ ਸਿੰਘ ਸੰਘਾ ਉਰਫ ਮਿੰਟੂ ਅਤੇ ਮੇਰੀ ਨੂੰਹ ਰੁਪਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਤੇ ਮੇਰੇ ਪਰਵਾਰਕ ਮੈਂਬਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ ਬਚਨ ਲਾਲ ਪੁੱਤਰ ਸ਼ਿਵਧਾਰੀ ਮਾਹਤੋ ਵਾ ਰਾਮ ਕੁਮਾਰੀ ਪਤਨੀ ਬਚਨ ਲਾਲ, ਵਾਸੀ ਨਿਊ ਸ਼ਿਵ ਨਗਰ, ਨੇੜੇ ਬਿਸਕੁਟ ਫੈਕਟਰੀ ਨਾਗਰਾ, ਜਿਲਾ ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਯਸ਼ ਕੁਮਾਰ ਅਤੇ ਉਸਦੀ ਪਤਨੀ ਸੁਨੀਤਾ ਅਤੇ ਉਹਨਾਂ ਦੀ ਲੜਕੀ ਉਰਵੀ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਉਹਨਾਂ ਨੂੰ ਆਪਣੀ ਚਲ-ਅਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਹਰਜੀਤ ਪਾਲ ਪੁੱਤਰ ਦੁਮਨ ਰਾਮ, ਵਾਸੀ ਮਕਾਨ ਨੰਬਰ ਸੀ-575, ਪਿੰਡ ਤੇ ਡਾਕਖਾਨਾ ਜੰਡੂ ਸਿੰਘਾ ,ਤਹਿਸੀਲ ਵਾ ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਦੀਪ ਕੁਮਾਰ ਅਤੇ ਉਸ ਦੀ ਪਤਨੀ ਅੰਜਲੀ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਅਸੀਂ, ਮਲਕੀਅਤ ਸਿੰਘ ਪੁੱਤਰ ਸ਼੍ਰੀ ਅਜੀਤ ਸਿੰਘ ਅਤੇ ਗੁਲਜੀਤ ਕੌਰ ਪਤਨੀ ਸ਼੍ਰੀ ਮਲਕੀਅਤ ਸਿੰਘ ਵਾਸੀ ਮਕਾਨ ਨੰ. 283 ਗੁਰੂ ਅਮਰ ਦਾਸ ਨਗਰ ਜਲੰਧਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਗਗਨਦੀਪ ਸਿੰਘ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਜੋ ਕਿ ਸਾਡੇ ਕਹਿਣੇ ਤੋ ਬਾਹਰ ਹਨ । ਜਿਸ ਕਾਰਨ ਅਸੀਂ ਇਨ੍ਹਾਂ ਦੋਵਾਂ ਨੂੰ ਆਪਣੀ ਚਲ-ਅਚਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਇਨ੍ਹਾਂ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

‘ਨਵਾਂ ਜ਼ਮਾਨਾ’ ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ ’ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਕੈਂਬਰਿਜ ਇਨੋਵੇਟਿਵ ਸਕੂਲ ਨਾਨਗਰਾਂ ਵਿਖੇ ਮਾਂ ਦਿਵਸ ਮਨਾਇਆ




**ਭਲਾਣ, (ਹਰਭਜਨ ਸਿੰਘ)**- ਕੈਂਬਰਿਜ ਇਨੋਵੇਟਿਵ ਸਕੂਲ ਨਾਨਗਰਾਂ ਵਿਖੇ ਮਾਂ ਦਿਵਸ ਮਨਾਇਆ ਗਿਆ। ਇਸ ਮੌਕੇ ਡਾਕਟਰ ਰਮਨਜੀਤ ਕੌਰ ਜਨਰਲ ਸਰਜਨ ਏਮਜ਼ ਹਸਪਤਾਲ ਮੁਹਾਲੀ ਮੁੱਖ ਮਹਿਮਾਨ ਅਤੇ ਡਾਕਟਰ ਰਜਨੀਸ਼ ਬੈਂਸ ਸਿਵਲ ਹਸਪਤਾਲ ਨੰਗਲ ਵਿਸ਼ੇਸ਼ ਮਹਿਮਾਨ ਦੇ ਤੌਰ ’ਤੇ ਹਾਜ਼ਰ ਹੋਏ ਅਤੇ ਉਨ੍ਹਾਂ ਦੀਪ ਜਲਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕਾਰਵਾਈ। ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਮਾਂ ਦੇ ਰਿਸ਼ਤੇ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਆਪਣੇ ਮਾਤਾ-ਪਿਤਾ ਦਾ ਸਤਿਕਾਰ ਕਰਨ ਦਾ ਸੁਨੇਹਾ ਦਿੱਤਾ। ਸਕੂਲ ਪ੍ਰਿੰਸੀਪਲ ਐਲ ਕੇ ਭਾਟੀਆ ਨੇ ਕਿਹਾ ਕਿ ਮਾਂ ਦਾ ਰਿਸ਼ਤਾ ਸਾਡੇ ਜੀਵਨ ਵਿੱਚ ਬਹੁਤ ਮਹਤਵਪੂਰਨ ਹੈ ਜਿਸ ਦਾ ਕਰਜ ਮਨੁੱਖ ਜੀਵਨ ਭਰ ਨਹੀਂ ਚੁਕਾ ਸਕਦਾ। ਛੋਟੇ ਛੋਟੇ ਬੱਚਿਆਂ ਵਲੋਂ ਕਵਿਤਾਵਾਂ ਅਤੇ ਕੋਰਿਓਗ੍ਰਾਫੀ ਦੀ ਸਫਲ ਪੇਸ਼ਕਾਰੀ ਕੀਤੀ ਗਈ। ਅਵੱਲ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਪਰੋਕਤ ਤੋਂ ਇਲਾਵਾ ਕੋਆਡੀਨੇਟਰ ਪੂਨਮ ਭਾਟੀਆ, ਰਜਨੀ ਸ਼ਰਮਾ, ਮੀਨਾ ਕੁਮਾਰੀ, ਅਨੁਰਧਾ, ਬੰਧਨਾ, ਆਸ਼ਾ ਰਾਣੀ, ਸ਼ਿਖਾ ਚੌਧਰੀ, ਮਨਜੀਤ ਕੌਰ, ਪ੍ਰੀਆ, ਤਾਰੋ ਦੇਵੀ, ਕੇਸਰੋ ਦੇਵੀ, ਮਮਤਾ ਦੇਵੀ, ਜਸਵੀਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਸਕੂਲ ਨਾਰੋਵਾਲ ਬਟਾਲਾ ਵਿਖੇ ‘ਯੁੱਧ ਨਸ਼ਿਆਂ ਵਿਰੁੱਧ’ ਕੈਂਪ 22 ਨੂੰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਸ੍ਰੀ ਗੁਰੂ ਨਾਨਕ ਦੇਵ ਅਕੈਡਮੀ ਜਲੰਧਰ ਰੋਡ ਬਟਾਲਾ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ।ਪ੍ਰੋਗਰਾਮ ਵਿੱਚ ਰਾਜਬੀਰ ਕੌਰ ਕਮਿਊਨਿਟੀ ਆਰਗੇਨਾਈਜ਼ਰ ਵੱਲੋਂ ਨਸ਼ਿਆਂ ਨਾਲ ਹੋਣ ਵਾਲੇ ਨੁਕਸਾਨ, ਬਿਮਾਰੀਆਂ ਆਦਿ ਸਬੰਧੀ ਵਿਸਥਾਰਪੂਰਵਕ ਸਮਝਾਇਆ ਗਿਆ ਅਤੇ ਮਾਣਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਜੋ ਵਟਸਐਪ ਨੰਬਰ (9779-100-200) ਨਸ਼ਿਆਂ ਦੀ ਸ਼ਿਕਾਇਤ ਸਬੰਧੀ ਚਾਲੂ ਕੀਤਾ ਗਿਆ ਹੈ, ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਗੁਰਬੀਰ ਸਿੰਘ ਤੇ ਸਮੂਹ ਸਟਾਫ ਨੂੰ ਵੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਹਿੱਸਾ ਬਣਨ ਲਈ ਪ੍ਰੇਰਿਤ ਕੀਤਾ ਗਿਆ। ਮੁਹਿੰਮ ਦਾ ਅਗਲਾ ਕੈਂਪ 22-05-2025 ਨੂੰ ਸ੍ਰੀ ਗੁਰੂ ਨਾਨਕ ਦੇਵ ਸੀਨੀਅਰ ਸੈਕੰਡਰੀ ਸਕੂਲ (ਨਾਰੋਵਾਲ) ਬਟਾਲਾ ਵਿਖੇ ਲਗਾਇਆ ਜਾਵੇਗਾ।ਆਮ ਪਬਲਿਕ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਹਿੱਸਾ ਬਣੋ।ਇਸ ਮੌਕੇ ਕੈਂਪ ਵਿੱਚ ਸੁਪਰਡੰਟ ਪਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਾਜਬੀਰ ਡੋਗਰਾ, ਧਰਮਜੀਤ ਸਿੰਘ, ਪ੍ਰਬਜੋਤ ਕੌਰ, ਸਕੂਲ ਪ੍ਰਿੰਸੀਪਲ ਤੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ ।



# ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ’ਚ ਵੀ ਹਿੱਸਾ ਲੈਣ: ਮਹਿੰਦਰ ਕੌਰ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਦਾਰਾਪੁਰ ਕ੍ਰਿਕਟ ਕਲੱਬ ਟਾਂਡਾ ਵੱਲੋਂ ਮਾਂ ਮਾਤੇਸ਼ਵਰੀ ਮੰਦਿਰ ਢੋਲਵਾਹਾ ਜਨੌੜੀ ਦੇ ਸਹਿਯੋਗ ਨਾਲ ਸਵ: ਦਮਨਪ੍ਰੀਤ ਸਿੰਘ ਕਾਜਲ ਦੀ ਯਾਦ ਨੂੰ ਸਮਰਪਿਤ ਟਾਂਡਾ ਵਿਖੇ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਕਰਵਾਏ ਜਾ ਰਹੇ 3 ਦਿਨਾ ਕ੍ਰਿਕਟ ਟੂਰਨਾਮੈਂਟ ਦੇ ਪਹਿਲੇ ਦਿਨ 8 ਮੈਚ ਖੇਡੇ ਗਏ ਜਿਸ ਵਿੱਚ 16 ਟੀਮਾਂ ਨੇ ਭਾਗ ਲਿਆ। ਉਦਘਾਟਨ ਮਾਤਾ ਮਹਿੰਦਰ ਕੌਰ ਕਾਜਲ ਅਤੇ ਕਮਲਜੀਤ ਸਿੰਘ ਕੁਲਾਰ ਨੇ ਕੀਤਾ। ਇਸ ਮੌਕੇ ’ਤੇ ਦਰਸ਼ਨ ਸਿੰਘ ਕਾਜਲ, ਜਸਕਰਨ ਸਿੰਘ ਕਾਜਲ, ਬਲਵੀਰ ਕੌਰ ਕਾਜਲ, ਕਮਲਜੀਤ ਕੌਰ ਕਾਜਲ, ਬਲਵਿੰਦਰ ਸਿੰਘ, ਜਗਤਾਰ ਸਿੰਘ, ਤਜਿੰਦਰ ਸਿੰਘ ਸੋਨੂੰ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ। ਟੂਰਨਾਮੈਂਟ ਦੀ ਸ਼ੁਰੂਆਤ ਤੋਂ ਪਹਿਲਾਂ ਰਵੀ ਗਾਂਧੀ ਅਤੇ ਕੋਚ ਨੇ ਖੇਡ ਮੈਦਾਨ ਦਾ ਮੁਆਇਨਾ ਕੀਤਾ। ਇਹ ਕ੍ਰਿਕਟ ਟੂਰਨਾਮੈਂਟ ਵਿੱਚ ਹਰ ਮੈਚ 6 ਓਵਰਾਂ ਦਾ ਖੇਡਿਆ ਗਿਆ, ਜਿਸ ਵਿੱਚ ਚਤੋਵਾਲ ਦੀ ਟੀਮ ਜੌਹਲਾਂ ਟੀਮ ਨੂੰ ਹਰਾ ਕੇ ਵਿਜੇਤਾ ਰਹੀ ਅਤੇ ਖੱਖਾਂ ਦੀ ਟੀਮ ਨੇ ਲੜੋਈ ਦੀ ਟੀਮ ਨੂੰ ਹਰਾ ਕੇ ਜਿੱਤ ਹਾਸਲ ਕੀਤੀ। ਯਾਦਵ ਧੂਤਾਂ ਦੀ ਟੀਮ ਨੇ ਹੁਸ਼ਿਆਰਪੁਰ ਵਾਰਡ ਨੰ: 10 ਦੀ ਟੀਮ ਨੂੰ ਹਰਾਇਆ, ਇਸੇ ਤਰ੍ਹਾਂ ਹਮੀਰਪੁਰ ਕੋਟਲੀ ਦੀ ਟੀਮ ਦਾ ਦਾਰਾਪੁਰ ਟੀਮ ਨਾਲ ਫਸਵਾਂ ਮੁਕਾਬਲਾ ਹੋਇਆ ਜਿਸ ਵਿੱਚ ਦਾਰਾਪੁਰ ਦੀ ਟੀਮ ਵਿਜੇਤਾ ਰਹੀ। ਜਾਜਾ ਦੀ ਟੀਮ ਨੇ ਦਸੂਆ ਦੀ ਟੀਮ ਨੂੰ ਹਰਾ ਕੇ ਜਿੱਤ ਹਾਸਿਲ ਕੀਤੀ। ਇਸ ਮੌਕੇ ’ਤੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਾਤਾ ਮਹਿੰਦਰ ਕੌਰ ਅਤੇ ਕਮਲਜੀਤ ਕੁਲਾਰ ਨੇ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਹਿੱਸਾ ਜ਼ਰੂਰ ਲੈਣਾ ਚਾਹੀਦਾ ਹੈ ਇਸ ਨਾਲ ਆਪਸੀ ਭਾਈਚਾਰੇ ਵਿੱਚ ਵਾਧਾ ਹੁੰਦਾ ਹੈ ਤੇ ਸ਼ਰੀਰ ਵੀ ਤੰਦਰੁਸਤ ਰਹਿੰਦਾ ਹੈ।ਇਸ ਮੌਕੇ ਤੇ ਬਲਵੰਤ ਸਿੰਘ, ਸੰਨੀ, ਮਿੰਟੂ, ਨਿਖਲ, ਸੰਗਮ, ਮਨੀ, ਅੰਕਿਤ, ਹਰਪ੍ਰੀਤ, ਹਰਮੀਤ, ਮੋਹੀਤ ਸੈਣੀ, ਸਾਗਰ ਕਲਸੀ, ਰੌਕੀ, ਗੁਰਭਗਤ ਸਿੰਘ, ਸੋਨੂੰ, ਦੀਪ, ਦਲਜੀਤ, ਗੁਰੀ ਅਤੇ ਹੋਰ ਹਾਜ਼ਰ ਸਨ।

## ਬੇਦਖਲੀ ਨੋਟਿਸ

ਮੈਂ, ਗੁਰਮੇਲ ਸਿੰਘ ਪੁੱਤਰ ਜੰਗੀਰ ਸਿੰਘ, ਵਾਸੀ ਵਾਰਡ ਨੰਬਰ 9-ਏ, ਧੂਰੀ (ਸੰਗਰੂਰ) ਆਪਣੇ ਲੜਕਿਆਂ ਪ੍ਰਿੰਸ ਕੁਮਾਰ, ਰੋਹਿਤ ਕੁਮਾਰ, ਨੂੰਹਾਂ ਹਰਵਿੰਦਰ ਕੌਰ ਉਰਫ ਕੋਮਲ ਪਤਨੀਂ ਰੋਹਿਤ ਕੁਮਾਰ, ਕਿਰਨ ਬਾਲਾ ਪਤਨੀਂ ਪ੍ਰਿੰਸ ਕੁਮਾਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ, ਜੱਗਾ ਸਿੰਘ ਪੁੱਤਰ ਮੱਲ ਸਿੰਘ, ਪਿੰਡ ਕਹੇਰੂ (ਸੰਗਰੂਰ) ਆਪਣੀ ਲੜਕੀ ਹਰਦੀਪ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ, ਸੁਖਦੇਵ ਸਿੰਘ ਪੁੱਤਰ ਸ੍ਰੀ ਪ੍ਰਕਾਸ਼ ਸਿੰਘ ਵਾਸੀ ਪਿੰਡ ਰਾਸਤਗੋ ਡਾਕਖਾਨਾ ਮਾਧੋਪੁਰ ਤਹਿਸੀਲ ਆਦਮਪੁਰ ਜਿਲ੍ਹਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਅਤੇ ਉਸਦੀ ਪਤਨੀ ਹਰਕਮਲ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਪਿਆਰਾ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਕੋਟਦੁਨਾ ਤਹਿਸੀਲ ਵਾ ਜਿਲਾ ਬਰਨਾਲਾ ਦਾ ਰਹਿਣ ਵਾਲਾ ਹਾਂ ਮੈਂ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਮੇਲ ਸਿੰਘ ਤੇ ਉਸ ਦੀ ਪਤਨੀ ਸੁਖਵਿੰਦਰ ਕੌਰ ਜੋ ਕਿ ਮੇਰੇ ਨਾਲ ਲੜਾਈ ਝਗੜਾ ਕਰਦੇ ਰਹਿੰਦੇ ਹਨ। ਅਤੇ ਮੇਰੇ ਕਹਿਣੇ ਤੋਂ ਬਿਲਕੁਲ ਬਾਹਰ ਹੈ ਇਸ ਤੋਂ ਮੈਂ ਤੰਗ ਆ ਕੇ ਮੈ ਹੋਸ ਹਵਾਸ ਨਾਲ ਆਪਣੇ ਲੜਕੇ ਤੇ ਉਸ ਦੇ ਪਰਿਵਾਰ ਨੂੰ ਆਪਣੀ ਚਲਤ ਅਚਲਤ ਜਾਇਦਾਦ ਤੋ ਬੇਦਖਲ ਕਰਦਾ ਹਾਂ ਇਸ ਦਾ ਮੇਰੇ ਪਰਿਵਾਰ ਅਤੇ ਰਿਸ਼ਤੇਦਾਰਾਂ ਨਾਲ ਕੋਈ ਸਬੰਧ ਨਹੀਂ ਹੈ ਇਹ ਬਾਹਰ ਕਿਸੇ ਨਾਲ ਲੜਾਈ ਝਗੜਾ ਕਰਦਾ ਹੈ ਜਾ ਕਿਸੇ ਤਰ੍ਹਾਂ ਦਾ ਕੋਈ ਵੀ ਕਦਮ ਚੁੱਕਦਾ ਹੈ ਉਹ ਖੁਦ ਜਿੰਮੇਵਾਰ ਹੈ ਇਸ ਨਾਲ ਲੈਣ ਦੇਣ ਵਾਲਾ ਵੀ ਖੁਦ ਜਿੰਮੇਵਾਰ ਹੋਵੇਗਾ।

ਮੈਂ ਪਿਆਰਾ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਕੋਟਦੁਨਾ ਤਹਿਸੀਲ ਵਾ ਜਿਲਾ ਬਰਨਾਲਾ ਦਾ ਰਹਿਣ ਵਾਲਾ ਹਾਂ ਮੈਂ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰੀਆ ਲੜਕੀਆ ਰਣਜੀਤ ਕੌਰ ਪਤਨੀ ਜਰਨੈਲ ਸਿੰਘ ਵਾਸੀ ਮੋਜੋ ਖੁਰਦ ਜ਼ਿਲ੍ਹਾ ਮਾਨਸਾ ਤੇ ਮਲਕੀਤ ਕੌਰ ਪਤਨੀ ਹਰਪਿੰਦਰ ਸਿੰਘ ਵਾਸੀ ਫੂਲ ਜਿਲ੍ਹਾ ਬਠਿੰਡਾ ਜੋ ਕਿ ਮੇਰੇ ਨਾਲ ਲੜਾਈ ਝਗੜਾ ਕਰਦੀਆਂ ਰਹਿੰਦੀਆਂ ਹਨ। ਅਤੇ ਮੇਰੇ ਕਹਿਣੇ ਤੋਂ ਬਿਲਕੁਲ ਬਾਹਰ ਹੈ ਇਸ ਤੋਂ ਮੈਂ ਤੰਗ ਆ ਗਿਆ। ਮੈ ਹੋਸ ਹਵਾਸ ਨਾਲ ਆਪਣੀਆਂ ਲੜਕੀਆਂ ਤੇ ਉਸ ਦੇ ਪਰਿਵਾਰ ਨਾਲ ਸਬੰਧਤ ਨਹੀਂ ਹੈ ਇਸ ਲਈ ਮੈਂ ਆਪਣੀ ਚਲਤ ਅਚਲਤ ਜਾਇਦਾਦ ਤੋ ਬੇਦਖਲ ਕਰਦਾ ਹਾਂ ਇਨਾਂ ਦਾ ਮੇਰੇ ਪਰਿਵਾਰ ਅਤੇ ਮੇਰੇ ਰਿਸ਼ਤੇਦਾਰਾਂ ਨਾਲ ਕੋਈ ਸੰਬੰਧ ਨਹੀਂ ਹੈ ਇਹ ਬਾਹਰ ਕਿਸੇ ਨਾਲ ਲੜਾਈ ਝਗੜਾ ਕਰਦਾ ਹੈ ਜਾ ਕਿਸੇ ਤਰ੍ਹਾਂ ਦਾ ਕੋਈ ਵੀ ਕਦਮ ਚੁੱਕਦਾ ਹੈ ਉਹ ਖੁਦ ਜਿੰਮੇਵਾਰ ਹੈ ਇਸ ਨਾਲ ਲੈਣ ਦੇਣ ਵਾਲਾ ਵੀ ਖੁਦ ਜਿੰਮੇਵਾਰ ਹੋਵੇਗਾ।

ਮੈਂ, ਮਹਿੰਗਾ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਲੱਖਨਪਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਮੇਰਾ ਪੁੱਤਰ ਨਾਨਕ ਸਿੰਘ ਅਤੇ ਉਸ ਦੀ ਪਤਨੀ ਕੁਲਦੀਪ ਕੌਰ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸਵਰਨ ਸਿੰਘ ਪੁੱਤਰ ਈਸਰ ਸਿੰਘ ਵਾਸੀ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਹਲਫੀਆ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਅਤੇ ਮੇਰੀ ਨੂੰਹ ਅਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਬਲੀ ਵਿਧਵਾ ਬਾਲਕ੍ਰਿਸ਼ਨ ਵਾਸੀ ਮੁਹੱਲਾ ਵਿਕਾਸ ਨਗਰ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਕਰਮ ਤੇਜੀ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਹਰਵਿੰਦਰ ਕੌਰ ਪਤਨੀ ਗੁਰਨਾਮ ਸਿੰਘ ਵਾਸੀ 37-ਬੀ, ਸੂਰਯ ਇਨਕਲੇਵ, ਜਲੰਧਰ, ਪੰਜਾਬ, ਇੰਡੀਆ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਅਤੇ ਮੇਰੀ ਨੂੰਹ ਰਵਿੰਦਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਮਰੀਕ ਸਿੰਘ ਪੁੱਤਰ ਈਸ਼ਰ ਸਿੰਘ ਵਾਸੀ ਮਕਾਨ ਨੰ: ਐੱਨ ਜੀ 120, ਕੋਟ ਬਾਬਾ ਦੀਪ ਸਿੰਘ, ਡਾਕਖਾਨਾ ਇੰਡਸਟੀਰੀਅਲ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੇ ਦੋ ਲੜਕੇ ਅਮਨਦੀਪ ਸਿੰਘ ਉਰਫ ਅਮਨ ਅਤੇ ਦਲੀਪ ਸਿੰਘ ਉਰਫ ਲੱਡਾ ਮੇਰੇ ਕਹਿਣੇ ਤੋਂ ਬਾਹਰ ਹਨ । ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਮਰਜੀਤ ਕੌਰ ਪਤਨੀ ਸ਼ੇਰ ਸਿੰਘ, ਵਾਸੀ ਪਿੰਡ ਕੱਕੜਵਾਲ (ਸੰਗਰੂਰ) ਆਪਣੇ ਲੜਕੇ ਗੁਰਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣਦੇਣ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ ਮਨਜੀਤ ਸਿੰਘ ਪੁੱਤਰ ਅਮਰ ਸਿੰਘ ਵਾਸੀ ਵਾਰਡ ਨੰਬਰ 14, ਕ੍ਰਿਸ਼ਨ ਨਗਰ, ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਛੋਟਾ ਲੜਕਾ ਰਜਿੰਦਰ ਸਿੰਘ ਅਤੇ ਇਸਦਾ ਪਰਿਵਾਰ ਮੇਰੇ ਕਹੇ ਸੁਣੇ ਤੋਂ ਬਾਹਰ ਹੈ। ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰੋ।

ਮੈਂ ਦਿਲਬਾਗ ਸਿੰਘ ਪੁੱਤਰ ਹਜਾਰਾ ਸਿੰਘ ਵਾਸੀ ਬੱਲ ਲੱਬੇ ਦਰਿਆ ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਗੁਰਜੀਤ ਸਿੰਘ ਅਤੇ ਜੋਬਨਜੀਤ ਸਿੰਘ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜੀ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕਿਸੇ ਕਿਸਮ ਦਾ ਕੋਈ ਤਲਕਵਾਸਤਾ ਨਹੀਂ।

ਮੈਂ ਸੂਬਾ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ ਧਾਰੀਵਾਲ ਕਲਾਂ ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਮਨਦੀਪ ਸਿੰਘ ਅਤੇ ਉਸ ਦੇ ਪਰਿਵਾਰ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਕਹਿਣੇ ਵਿੱਚ ਨਹੀਂ ਹਨ । ਮਨਦੀਪ ਸਿੰਘ ਅਤੇ ਉਸ ਦੇ ਪਰਿਵਾਰ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਸਿੰਦਾ ਮਸੀਹ ਪੁੱਤਰ ਹਬੀਬ ਮਸੀਹ ਵਾਸੀ ਪਿੰਡ ਮਲਿਕਪੁਰ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਵਾਰਸ ਮਸੀਹ ਅਤੇ ਉਸ ਦੀ ਪਤਨੀ ਕਾਜਲ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਸੁਦੇਸ਼ ਕੁਮਾਰ ਹੰਸ ਪੁੱਤਰ ਲੇਟ ਸ੍ਰੀ ਚਮਨ ਲਾਲ ਵਾਸੀ ਪਿੰਡ ਤੇ ਡਾਕਖਾਨਾ ਧੋਗੜੀ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਾਹਿਲ ਹੰਸ ਸਮੇਤ ਪਰਿਵਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਸਮੇਤ ਪਰਿਵਾਰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਦਇਆ ਸਿੰਘ ਪੁੱਤਰ ਅਮਰ ਸਿੰਘ ਵਾਸੀ ਪਿੰਡ ਤਰਸਿੱਕਾ, ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਣਜੀਤ ਸਿੰਘ ਅਤੇ ਉਸ ਦੀ ਪਤਨੀ ਰਾਜ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਸਨਮਤੀ ਵਿਮਲ ਜੈਨ ਸਕੂਲ ਦਾ ਨਤੀਜਾ ਸ਼ਾਨਦਾਰ



**ਜਗਰਾਉਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਐਲਾਨੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਜਿੱਤ ਦੇ ਝੰਡੇ ਗੱਡੇ। ਖ਼ੁਸ਼ੀ ਨੂੰ ਜ਼ਾਹਰ ਕਰਦਿਆਂ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਵੱਲੋਂ ਦੱਸਿਆ ਗਿਆ ਕਿ ਕਾਮਰਸ ਗਰੁੱਪ ਦੀ ਵਿਦਿਆਰਥਣ ਅਰਮਾਨਪ੍ਰੀਤ ਕੌਰ ਨੇ 94.64 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਸਕੂਲ ਵਿੱਚੋਂ ਪਹਿਲਾ ਸਥਾਨ, ਪ੍ਰਿੰਸ ਵਰਮਾ ਨੇ 94.4 ਫ਼ੀਸਦੀ ਅੰਕ ਲੈ ਕੇ ਦੂਸਰਾ ਸਥਾਨ, ਆਦਿੱਤਿਆ ਪਾਂਡੇ ਨੇ 94 ਫ਼ੀਸਦੀ ਅੰਕ ਲੈ ਕੇ ਤੀਸਰਾ ਸਥਾਨ, ਮਨਜੋਤ ਕੌਰ 93.2 ਫ਼ੀਸਦੀ ਅੰਕ ਲੈ ਕੇ ਚੌਥਾ ਸਥਾਨ, ਦਲਜੀਤ ਕੌਰ ਨੇ 92.4 ਫ਼ੀਸਦੀ ਅੰਕ ਲੈ ਕੇ ਪੰਜਵਾਂ ਸਥਾਨ, ਰਘੁਨੰਦਨ ਮਹਿੰਦੀਰੱਤਾ ਨੇ 92.2 ਫੀਸਦੀ ਅੰਕ ਲੈ ਕੇ ਛੇਵਾਂ, ਕਾਮਨਾ ਨੇ 92 ਫ਼ੀਸਦੀ ਅੰਕ ਲੈ ਕੇ ਸੱਤਵਾਂ ਸਥਾਨ, ਪਰਮਿੰਦਰ ਸਿੰਘ ਨੇ 91.8 ਪ੍ਰਤੀਸ਼ਤ ਅੰਕ ਲੈ ਕੇ ਅੱਠਵਾਂ ਸਥਾਨ, ਵੰਸ਼ ਸ਼ਰਮਾ ਨੇ 91.2 ਪ੍ਰਤੀਸ਼ਤ ਅੰਕ ਲੈ ਕੇ ਨੌਵਾਂ ਸਥਾਨ, ਭਾਵੰਸ਼ ਮਿੱਤਲ 90.2 ਫ਼ੀਸਦੀ ਅੰਕ ਲੈ ਕੇ ਦਸਵਾਂ ਸਥਾਨ, ਗੌਤਮ ਕੁਮਾਰ ਨੇ 89.8 ਫ਼ੀਸਦੀ ਅੰਕ ਲੈ ਕੇ ਗਿਆਰ੍ਹਵਾਂ ਸਥਾਨ ਅਤੇ ਸੁਖਮਨ ਸਿੰਘ ਨੇ 89.6 ਪ੍ਰਤੀਸ਼ਤ ਫ਼ੀਸਦੀ ਅੰਕ ਲੈ ਕੇ ਬਾਰ੍ਹਵਾਂ ਸਥਾਨ ਪ੍ਰਾਪਤ ਕਰਕੇ ਸਕੂਲ ਦੇ ਨਾਂਅ ਨੂੰ ਚਾਰ ਚੰਨ ਲਾਏ। ਵਿਦਿਆਰਥਣ ਸੁਖਮਨਦੀਪ ਕੌਰ ਨੇ 92.8 ਫੀਸਦੀ ਅੰਕ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ, ਸੋਨਮਪ੍ਰੀਤ ਕੌਰ ਨੇ 91.6 ਫ਼ੀਸਦੀ ਅੰਕ ਲੈ ਕੇ ਸਕੂਲ ਵਿੱਚੋਂ ਦੂਜਾ ਤੇ ਜਸ਼ਨਪ੍ਰੀਤ ਕੌਰ ਨੇ 88.8 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਹੀ ਸਬੰਧ ਵਿਚ ਆਰਟਸ ਗਰੁੱਪ ਦੀ ਗੁਰਲੀਨ ਕੌਰ ਨੇ 94.6 ਫ਼ੀਸਦੀ ਅੰਕ ਪ੍ਰਾਪਤ ਕਰ ਕੇ, ਸੁਨੇਹਾ ਨੇ 93.6 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਸਥਾਨ, ਮਮਤਾ ਨੇ 93.2 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ, ਰੋਹਿਤ ਭਾਟੀਆ ਨੇ 92.8 ਫ਼ੀਸਦੀ ਅੰਕ ਲੈ ਕੇ ਚੌਥਾ ਸਥਾਨ, ਖ਼ੁਸ਼ੀ ਨੇ 92.6 ਫ਼ੀਸਦੀ ਅੰਕ ਲੈ ਕੇ ਪੰਜਵਾਂ ਸਥਾਨ, ਅਰਸ਼ਪ੍ਰੀਤ ਕੌਰ ਨੇ 92.2 ਫ਼ੀਸਦੀ ਅੰਕ ਲੈ ਕੇ ਛੇਵਾਂ ਸਥਾਨ, ਸਨਮਦੀਪ ਕੌਰ ਨੇ 90.4 ਫ਼ੀਸਦੀ ਅੰਕ ਲੈ ਕੇ ਸੱਤਵਾਂ ਸਥਾਨ, ਸਨੇਹਾ ਕਨੌਜੀਆ ਨੇ 90 ਫੀਸਦੀ ਅੰਕ ਲੈ ਕੇ ਅੱਠਵਾਂ ਸਥਾਨ, ਨਵਜੀਤ ਕੌਰ ਨੇ 89.27 ਫ਼ੀਸਦੀ ਅੰਕ ਲੈ ਕੇ ਨੌਵਾਂ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ। ਪ੍ਰੀਖਿਆ 'ਚ ਕੁੱਲ 158 ਵਿਦਿਆਰਥੀ ਬੈਠੇ, ਜਿਨ੍ਹਾਂ ਵਿੱਚੋਂ 80 ਪ੍ਰਤੀਸ਼ਤ ਤੋਂ ਵੱਧ 78 ਵਿਦਿਆਰਥੀ ਸਨ। ਸਕੂਲ ਦਾ ਨਤੀਜਾ 100 ਫੀਸਦੀ ਰਿਹਾ।

## ਜੇਕਰ ਸਫਾਈ ਸੇਵਕਾਂ 'ਤੇ ਸੁਪਰਵਾਈਜ਼ਰ ਨਿਯੁਕਤ ਕੀਤਾ ਤਾਂ ਡਟਵਾਂ ਵਿਰੋਧ ਹੋਵੇਗਾ : ਰਾਜਿੰਦਰ ਬੋਹਤ, ਸ਼ੋਭਰਾਜ

**ਮੋਗਾ (ਇਕਬਾਲ ਸਿੰਘ ਖਹਿਰਾ)**-ਸਫ਼ਾਈ ਸੇਵਕ ਯੂਨੀਅਨ ਜ਼ਿਲ੍ਹਾ ਮੋਗਾ ਦੀ ਇੱਕ ਵਿਸ਼ੇਸ਼ ਮੀਟਿੰਗ ਨਗਰ ਕੌਂਸਲ ਬਾਘਾ ਪੁਰਾਣਾ ਦੇ ਦਫ਼ਤਰ ਵਿੱਚ ਹੋਈ, ਜਿਸ ਦੀ ਪ੍ਰਧਾਨਗੀ ਸਫ਼ਾਈ ਸੇਵਕ ਯੂਨੀਅਨ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਰਾਜਿੰਦਰ ਬੋਹਤ ਗੰਗੂ ਅਤੇ ਜ਼ਿਲ੍ਹਾ ਸਕੱਤਰ ਸ਼ੋਭਰਾਜ ਨੇ ਕੀਤੀ। ਇਸ ਮੌਕੇ ਪ੍ਰਧਾਨ ਰਾਜਿੰਦਰ ਬੋਹਤ ਗੰਗੂ, ਸ਼ੋਭਰਾਜ ਅਤੇ ਮਾਤਾਦੀਨ ਚੇਅਰਮੈਨ ਨੇ ਕਿਹਾ ਕਿ ਜ਼ਿਲ੍ਹਾ ਮੋਗਾ ਨਾਲ ਲੱਗਦੇ ਨਗਰ ਕੌਂਸਲ, ਨਗਰ ਨਿਗਮ ਅਤੇ ਨਗਰ ਪੰਚਾਇਤ ਦੇ ਸਾਰੇ ਮੈਂਬਰਾਂ ਨੇ ਭਾਗ ਲਿਆ ਅਤੇ ਇਸ ਮੀਟਿੰਗ ਵਿੱਚ ਜਨਰਲ ਕਮੇਟੀ ਦੇ ਫੈਸਲਾ ਕੀਤਾ ਕਿ ਅਸੀਂ ਪੰਜਾਬ ਸਰਕਾਰ ਵੱਲੋਂ ਇੱਕ ਨਿੱਜੀ ਕੰਪਨੀ ਪੈਸਕੋ ਵੱਲੋਂ ਸੇਵਾਮੁਕਤ ਫੌਜੀ ਜਵਾਨਾਂ ਨੂੰ ਸਫਾਈ ਸੇਵਕ ਉੱਤੇ ਸੁਪਰਵਾਈਜ਼ਰ ਵਜੋਂ ਨਿਯੁਕਤ ਕਰਨ ਦਾ ਸਖ਼ਤ ਵਿਰੋਧ ਕਰਦੇ ਹਾਂ। ਵਰਕਰਾਂ ਨੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਨੂੰ ਖੁੱਲ੍ਹੇਆਮ ਚੇਤਾਵਨੀ ਦਿੰਦੇ ਹਾਂ ਕਿ ਜੇਕਰ ਪੰਜਾਬ ਸਰਕਾਰ ਸਫਾਈ ਸੇਵਕ ਉੱਤੇ ਇੱਕ ਪ੍ਰਾਈਵੇਟ ਸੁਪਰਵਾਈਜ਼ਰ ਨਿਯੁਕਤ ਕਰਦੀ ਹੈ, ਤਾਂ ਅਸੀਂ ਇਸ ਦਾ ਵਿਰੋਧ ਕਰਦੇ ਹਾਂ ਅਤੇ ਇਸ ਦੇ ਵਿਰੁੱਧ ਰੋਸ ਪ੍ਰਦਰਸ਼ਨ ਵੀ ਕੀਤੇ ਜਾਣਗੇ। ਰਾਜਿੰਦਰ ਗੰਗੂ, ਸ਼ੋਭਰਾਜ ਅਤੇ ਮਾਤਾਦੀਨ ਨੇ ਕਿਹਾ ਕਿ ਜੇਕਰ ਸਰਕਾਰ ਇੱਕ ਪ੍ਰਾਈਵੇਟ ਸੁਪਰਵਾਈਜ਼ਰ ਨਿਯੁਕਤ ਕਰਦੀ ਹੈ, ਤਾਂ ਸਫਾਈ ਸੇਵਕਾਂ ਦੇ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਦੀਆਂ ਤਰੱਕੀਆਂ ਵਿੱਚ ਰੁਕਾਵਟ ਆ ਸਕਦੀ ਹੈ ਅਤੇ ਉਨ੍ਹਾਂ ਦੀ ਯੋਗਤਾ ਅਨੁਸਾਰ ਉਨ੍ਹਾਂ ਦੇ ਹੱਕ ਖੋਹੇ ਜਾ ਸਕਦੇ ਹਨ। ਅਸੀਂ ਸਫਾਈ ਸੇਵਕ ਨੂੰ ਰਾਤ ਦੇ ਸਮੇਂ ਡਿਊਟੀ ਕਰਵਾਉਣ ਦਾ ਵਿਰੋਧ ਕਰਦੇ ਹਾਂ ਕਿਉਂਕਿ ਜੇਕਰ ਰਾਤ ਨੂੰ ਕਿਸੇ ਸਫਾਈ ਕਰਮਚਾਰੀ ਨਾਲ ਕੋਈ ਹਾਦਸਾ ਹੁੰਦਾ ਹੈ, ਤਾਂ ਇਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ, ਨਗਰ ਕੌਂਸਲ, ਨਗਰ ਨਿਗਮ ਅਤੇ ਨਗਰ ਪੰਚਾਇਤ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਬਾਘਾ ਪੁਰਾਣਾ ਤੋਂ ਪ੍ਰਧਾਨ ਦਲੀਪ ਕੁਮਾਰ, ਨਿਹਾਲ ਸਿੰਘ ਵਾਲਾ ਤੋਂ ਪ੍ਰਧਾਨ ਸੁਨੀਲ ਕੁਮਾਰ, ਧਰਮਕੋਟ ਤੋਂ ਪ੍ਰਧਾਨ ਅਮਿਤ ਕੁਮਾਰ, ਕੋਟ ਈਸੇ ਖਾਂ ਰਵੀ ਕੁਮਾਰ, ਫਤਿਹਗੜ੍ਹ ਪੰਜਤੂਰ ਤੋਂ ਪ੍ਰਧਾਨ ਸਤਵੀਰ ਸਿੰਘ, ਬਧਨੀ ਕਲਾਂ ਤੋਂ ਪ੍ਰਧਾਨ ਬਬਲੀ ਕੁਮਾਰ, ਮੰਗਲ ਰਾਮ, ਬੁਧਰਾਮ, ਪੱਪੀ ਮੀਤ, ਰਾਮਪਾਲ ਸਿੰਘ ਰਾਜਪਾਲ, ਰਾਜਪਾਲ ਸਿੰਘ, ਰਾਮਪਾਲ ਸਿੰਘ ਆਦਿ ਹਾਜ਼ਰ ਸਨ। ਰਾਜਿੰਦਰ ਗੰਗੂ, ਦੂਜੇ ਸਫਾਈ ਸੇਵਕ ਕਰਮਚਾਰੀਆਂ ਤੋਂ ਇਲਾਵਾ ਸਫਾਈ ਸੇਵਕ, ਸ਼ੋਭਾਰਾਜ ਅਤੇ ਹੋਰ ਮਜ਼ਦੂਰਾਂ ਦੇ ਫੈਸਲੇ ਵਿਰੁੱਧ ਮੀਟਿੰਗ ਕੀਤੀ ਗਈ।



## ਅੱਖਾਂ ਦਾ ਚੈੱਕਅਪ ਤੇ ਲੈਂਜ਼ ਕੈਂਪ ਭਲਕੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**
ਨੇਤਰਦਾਨ ਮਹਾਂਦਾਨ ਦੇ ਸੰਕਲਪ ਨੂੰ ਹੋਰ ਬੁਲੰਦੀਆਂ 'ਤੇ ਲਿਜਾਣ ਵਾਲੀ ਸਮਾਜ ਸੇਵੀ ਸੰਸਥਾ ਪੁਨਰਜੋਤੀ ਆਈ-ਡੋਨੇਸ਼ਨ ਸੋਸਾਇਟੀ ਵੱਲੋਂ ਸ੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੇਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ ਸਵ: ਪ੍ਰਕਾਸ਼ ਚੰਦ ਬਾਂਸਲ ਦੀ ਯਾਦ ਵਿੱਚ ਸ਼ੰਕਰ ਮੱਲ ਬਿਹਾਰੀ ਲਾਲ, ਬਾਂਸਲ ਪਰਵਾਰ ਵੱਲੋਂ 128ਵਾਂ ਅੱਖਾਂ ਦਾ ਚੈੱਕਅਪ ਤੇ ਅਪ੍ਰੇਸ਼ਨ (ਲੈਂਜ਼) ਕੈਂਪ 18 ਮਈ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ, ਸਥਾਨ ਸੰਤ ਤ੍ਰਿਵੇਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ ਵਿਖੇ ਲਾਇਆ ਜਾ ਰਿਹਾ ਹੈ।ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਅਪ੍ਰੇਸ਼ਨ (ਲੈਂਜ਼) ਤੇ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆ ਜਾਣਗੀਆਂ।ਉਨ੍ਹਾਂ ਕਿਹਾ ਕਿ ਜੋ ਮਰੀਜ਼ ਆਪ੍ਰੇਸ਼ਨ ਲਈ ਚੁਣੇ ਜਾਣਗੇ, ਉਨ੍ਹਾਂ ਦਾ ਸਾਰਾ ਇਲਾਜ ਹਸਪਤਾਲ ਸੁਸਾਇਟੀ ਵੱਲੋਂ ਕੀਤਾ ਜਾਵੇਗਾ, ਜਿਸ ਵਿੱਚ ਅਪ੍ਰੇਸ਼ਨ, ਦਵਾਈਆਂ, ਕਾਲੀਆਂ ਐਨਕਾਂ ਤੇ ਖਾਣਾ ਆਦਿ ਸ਼ਾਮਲ ਹਨ।

## ਲੁਧਿਆਣਾ ਦੇ ਵਕੀਲਾਂ 'ਤੇ ਝੂਠਾ ਕਰਾਸ ਕੇਸ ਦਰਜ ਕਰਨ 'ਤੇ ਵਕੀਲਾਂ ਕੀਤੀ ਹੜਤਾਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਮਿਪਾਲ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਬਾਰ ਐਸੋਸੀਏਸ਼ਨ ਸਮਾਣਾ ਦੇ ਵਕੀਲਾਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਲੁਧਿਆਣਾ ਦੀ ਬਾਰ ਐਸੋਸੀਏਸ਼ਨ ਵੱਲੋਂ ਕਈ ਵਕੀਲਾਂ 'ਤੇ ਪੁਲਸ ਵੱਲੋਂ ਝੂਠਾ ਕੇਸ ਦਰਜ ਕਰਨ 'ਤੇ ਦਿੱਤੇ ਬੰਦ ਦੇ ਸੱਦੇ 'ਤੇ ਅੱਜ ਹੜਤਾਲ ਕਰਨ ਦਾ ਮਤਾ ਪਾਸ ਕਰਕੇ ਹੜਤਾਲ ਕੀਤੀ।

ਅੱਜ ਦੀ ਹੜਤਾਲ ਸਬੰਧੀ ਜਾਣਕਾਰੀ ਦੇਦਿਆਂ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਲੁਧਿਆਣਾ ਬਾਰ ਐਸੋਸੀਏਸ਼ਨ ਦੇ ਕਈ ਵਕੀਲ ਮੈਂਬਰਾਂ 'ਤੇ ਪੁਲਸ ਨੇ ਝੂਠਾ ਕਰਾਸ ਕੇਸ ਦਰਜ ਕੀਤਾ ਹੈ। ਜਿਸ ਕਰਕੇ ਲੁਧਿਆਣਾ ਦੀ ਬਾਰ ਐਸੋਸੀਏਸ਼ਨ ਵੱਲੋਂ ਪੂਰੇ ਪੰਜਾਬ ਵਿੱਚ ਹੜਤਾਲ ਕਰਨ ਦਾ ਸੱਦਾ ਦਿੱਤਾ ਸੀ। ਜਿਸ ਦੇ ਚਲਦਿਆਂ ਅੱਜ ਬਾਰ ਐਸੋਸੀਏਸ਼ਨ ਸਮਾਣਾ ਨੇ ਹੜਤਾਲ ਕੀਤੀ ਗਈ ਹੈ।ਇਸ ਮੌਕੇ ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਰੇਟਰੀ ਐਡਵੋਕੇਟ ਕਸ਼ਮੀਰ ਸਿੰਘ ਚੂੰਘਰ, ਜੁਆਇੰਟ ਸੈਕਟਰੀ ਕੁਲਜੀਤ ਸਿੰਘ ਵਿਰਕ, ਕੈਸ਼ੀਅਰ ਐਡਵੋਕੇਟ ਬਘੇਲ ਸਿੰਘ ਸੰਧੂ, ਲਾਇਬ੍ਰੇਰੀਅਨ ਐਡਵੋਕੇਟ ਖਵਾਬ ਸੈਣੀ, ਐਗਜ਼ੈਕਟਿਵ ਮੈਂਬਰ ਐਡਵੋਕੇਟ ਅਰਨਦੀਪ ਸਿੰਘ ਸੰਧੂ, ਨੇਹਾ ਚੋਪੜਾ, ਜਸਵਿੰਦਰ ਸਿੰਘ ਗੱਲਣ ਤੋਂ ਇਲਾਵਾ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ, ਦਵਿੰਦਰ ਸਿੰਘ ਢਿੱਲੋਂ, ਗੁਰਜੀਤ ਕੌਰ ਬੱਲ, ਐਡਵੋਕੇਟ , ਅਰਮਾਨ ਸਿੰਘ, ਕਸ਼ਮੀਰ ਸਿੰਘ ਵਿਰਕ, ਕੁਲਵੰਤ ਸਿੰਘ ਢਿੱਲੋਂ, ਸੁਰੇਸ਼ ਸ਼ਰਮਾਂ , ਜਸਵਿੰਦਰ ਸਿੰਘ ਧਾਲੀਵਾਲ, ਰਣਜੀਤ ਸਿੰਘ ਬਰਾੜ, ਬਲਰਾਜ ਸਿੰਘ ਨਰੈਣ, ਅਰਵਿੰਦਰ ਸਿੰਘ ਸੇਖੋਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਐਡਵੋਕੇਟਸ ਹਾਜ਼ਰ ਸਨ।

## ਸਰਬੱਤ ਦਾ ਭਲਾ ਨੇ 125 ਪੈਨਸ਼ਨਾਂ ਤੇ 15 ਮੈਡੀਕਲ ਚੈੱਕ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**-ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਹਰਮਨ ਹੋਟਲ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ 125 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਦਿੱਤੇ ਗਏ।ਇਸ ਸਮੇਂ ਟਰੱਸਟ ਵੱਲੋਂ 15 ਮੈਡੀਕਲ ਸਹਾਇਤਾ ਦੇ ਚੈਕ ਵੀ ਲੋੜਵੰਦਾਂ ਨੂੰ ਦਿੱਤੇ ਗਏ।ਜ਼ਿਲ੍ਹਾ ਸੰਗਰੂਰ ਦੇ ਪਿੰਡ ਖੇੜੀ-ਜੱਟਾਂ ਵਿਖੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਨਾਉਣ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 1 ਸਤੰਬਰ 2015 ਤੋਂ ਕੰਪਿਊਟਰ ਸੈਂਟਰ ਚੱਲ ਰਿਹਾ।ਵਰਣਨਯੋਗ ਹੈ ਕਿ ਪਿੰਡ ਖੇੜੀ ਜੱਟਾਂ ਵਿੱਖੇ ਨੇੜੇ ਦੇ 7-8 ਪਿੰਡਾਂ ਦੇ ਮੁੰਡੇ ਤੇ ਕੁੜੀਆਂ ਇਸ ਕੰਪਿਊਟਰ ਸੈਂਟਰ ਦਾ ਲਗਾਤਾਰ ਲਾਹਾ ਲੈ ਕੇ ਰੁਜ਼ਗਾਰ ਦੇ ਯੋਗ ਹੋ ਰਹੇ ਹਨ।ਇਸ ਸਮੇਂ ਟਰੱਸਟ ਦੇ ਜਿਲ੍ਹਾ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਨੇ ਦੱਸਿਆ ਕਿ ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਕਿਸੇ ਤੋਂ ਆਰਥਿਕ ਮਦਦ ਲਏ ਬਿਨਾਂ ਆਪਣੇ ਸੋਮੇ ਸਾਧਨਾਂ ਵਿੱਚੋਂ 98 ਪ੍ਰਤੀਸ਼ਤ ਲੋਕ ਭਲਾਈ ਦੇ ਕੰਮਾਂ ਲਈ ਖਰਚ ਕਰਦੇ ਆ ਰਹੇ ਹਨ।

## ਸਰਕਾਰ ਵੱਲੋਂ ਪੰਚਾਇਤ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਪ੍ਰਤੀ ਚੁੱਪ ਨਿਰਾਸ਼ਾਜਨਕ : ਨਿਧੜਕ ਸਿੰਘ ਬਰਾੜ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਨਿਧੜਕ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਰੂਰਲ ਡਿਵੈਲਪਮੈਂਟ ਅਤੇ ਪੰਚਾਇਤ ਵਿਭਾਗ ਵਲੋਂ 11 ਫਰਵਰੀ 2025 ਨੂੰ ਬਕਾਇਦਾ ਨੋਟੀਫਿਕੇਸ਼ਨ ਜਾਰੀ ਕਰ ਕੇ 31 ਮਈ 2025 ਨੂੰ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ



ਪੰਜਾਬ ਦੀਆਂ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਗਿਆ ਸੀ। ਇਸ ਸੰਬੰਧ ਵਿੱਚ ਪੰਜਾਬ ਸਰਕਾਰ ਹਾਈ ਕੋਰਟ 'ਚ ਵੀ ਲਿਖ ਕੇ ਦੇ ਚੁੱਕੀ ਹੈ ਕਿ ਅਸੀਂ ਬਕਾਇਦਾ ਨੋਟੀਫਿਕੇਸ਼ਨ ਜਾਰੀ ਕਰ ਰਹੇ ਹਾਂ ਅਤੇ 31 ਮਈ ਤੋਂ ਪਹਿਲਾਂ ਚੋਣਾਂ ਕਰਾਵਾਂਗੇ, ਉਸੇ ਸੰਬੰਧ ਵਿੱਚ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਜਦਕਿ ਪੰਜਾਬ ਵਿੱਚ ਇਹ ਚੋਣਾਂ ਸਤੰਬਰ 2023 ਵਿੱਚ ਹੋਣੀਆਂ ਚਾਹੀਦੀਆਂ ਸਨ। ਪਰ ਸੱਤ ਸਾਲ ਬੀਤ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਦੀ ਧਾਰੀ ਚੁੱਪੀ ਕਈ ਤਰ੍ਹਾਂ ਦੇ ਸ਼ੰਕੇ ਪੈਦਾ ਕਰਦੀ ਹੈ। ਸਰਕਾਰ ਆਪਣੇ ਡਿੱਗ ਰਹੇ ਗ੍ਰਾਫ ਨੂੰ ਦੇਖ ਕੇ ਚੋਣਾਂ ਲਈ ਕੋਈ ਬਹਾਨਾ ਲੱਭ ਕੇ ਟਾਲਣ ਦੀ ਕੋਸ਼ਿਸ਼ ਵਿਚ ਹੈ। ਜਦੋਂ ਕਿ ਇਹ ਕਦਮ ਜਮਹੂਰੀਅਤ ਨੂੰ ਕਤਲ ਕਰਨ ਬਰਾਬਰ ਹੈ। ਬਰਾੜ ਨੇ ਪੰਜਾਬ ਸਰਕਾਰ ਦੀ ਲਾਪ੍ਰਵਾਹੀ ਦੀ ਹੋਰ ਮਿਸਾਲ ਦਿੰਦਿਆਂ ਕਿਹਾ ਕਿ ਪਹਿਲਾਂ ਵੀ ਮੁੱਖ ਮੰਤਰੀ ਨੇ ਬਿਨਾਂ ਮਹਿਕਮੇ ਦੇ ਇੱਕ ਮੰਤਰੀ ਨੂੰ ਤਿੰਨ ਸਾਲ ਲਈ ਰੱਖਿਆ ਸੀ। ਇਸੇ ਤਰ੍ਹਾਂ ਤਿੰਨ ਸਾਲ ਨਸ਼ਿਆਂ ਨੂੰ ਵਧਣ ਦਿੱਤਾ ਗਿਆ ਪਰ ਹੁਣ ਨਸ਼ਿਆਂ ਖਿਲਾਫ ਇੱਕ ਡਰਾਮਾ ਕਰਦਿਆਂ ਇੱਕ ਪ੍ਰੋਗਰਾਮ, ਯੁੱਧ ਨਸ਼ਿਆਂ ਵਿਰੁੱਧ ਜਾਰੀ ਕੀਤਾ ਹੈ ਜੋ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਦੀ ਪੋਲ ਖੋਲ੍ਹ ਰਿਹਾ ਹੈ।

## ਪਿੰਡਾਂ 'ਚ ਜੀਵਨ ਹੋਇਆ ਆਮ ਵਾਂਗ, ਸਰਹੱਦੀ ਪਿੰਡਾਂ ਦੇ ਲੋਕਾਂ ਨੇ ਫੌਜ ਦਾ ਕੀਤਾ ਧੰਨਵਾਦ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**
ਪਾਕਿਸਤਾਨ ਨਾਲ ਤਨਾਅ ਉਪਰੰਤ ਦੋਹਾਂ ਮੁਲਕਾਂ ਵਿੱਚ ਸੀਜ਼ਫਾਇਰ ਹੋਣ ਤੋਂ ਬਾਅਦ ਸਰਹੱਦ ਦੇ ਨਾਲ ਲੱਗਦੇ ਪਿੰਡਾਂ ਵਿਚ ਜੀਵਨ ਮੁੜ ਪਟੜੀ ਤੇ ਮੁੜ ਆਇਆ ਹੈ।ਲੋਕ ਜੰਗ ਦਾ ਡਰ ਭੁਲਾ ਆਮ ਵਾਂਗ ਆਪਣੇ ਕੰਮ ਧੰਦੇ ਲੱਗ ਗਏ ਹਨ। ਪਰ ਇਸ ਸਾਰੇ ਸਮੇਂ ਦੌਰਾਨ ਜਿੱਥੇ ਫ਼ਾਜ਼ਿਲਕਾ ਦੇ ਸਰਹੱਦੀ ਪਿੰਡਾਂ ਦੇ ਲੋਕਾਂ ਦੀ ਬਹਾਦਰੀ ਤੇ ਦੇਸ਼ ਪ੍ਰੇਮ ਦੀ ਮਿਸਾਲ ਵੇਖਣ ਨੂੰ ਮਿਲੀ, ਉਥੇ ਹੀ ਲੋਕ ਸਾਡੀ ਬਹਾਦਰ ਸੈਨਾ ਦਾ ਵੀ ਧੰਨਵਾਦ ਕਰ ਰਹੇ ਹਨ, ਜਿਨ੍ਹਾਂ ਨੇ ਇਸ ਪਾਸੇ ਆਏ ਡਰੋਨ ਹਮਲੇ ਨੂੰ ਨਾਕਾਮ ਕੀਤਾ।

ਸਰਹੱਦੀ ਪਿੰਡਾਂ ਦੇ ਲੋਕ ਇਕ ਜ਼ੁਬਾਨ ਫੌਜ ਦਾ ਸ਼ੁਕਰਾਨਾ ਕਰਦੇ ਵਿਖਾਈ ਦਿੱਤੇ, ਜਿਨ੍ਹਾਂ ਵੱਲੋਂ ਲੋਕਾਂ ਨੂੰ ਆਂਚ ਨਹੀਂ ਆਉਣ ਦਿੱਤੀ ਗਈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਲੋਕਾਂ ਨਾਲ ਸੰਪਰਕ ਰੱਖਿਆ ਗਿਆ ਤੇ ਹਰੇਕ ਤਰਾਂ ਦੀ ਸੂਚਨਾ ਉਨ੍ਹਾਂ ਤੱਕ ਪੁੱਜਦੀ ਕਰਨ ਦੇ ਨਾਲ ਇਸ ਵਾਰ ਲੋਕਾਂ ਨੂੰ ਘਰ ਖਾਲੀ ਕਰਨ ਲਈ ਨਹੀਂ ਕਿਹਾ ਗਿਆ ਸੀ, ਕਿਉਂਕਿ ਸਾਡੀ ਫੌਜ ਦੀ ਕਾਬਲੀਅਤ ਕਿਸੇ ਤੋਂ ਲੁਕੀ ਹੋਈ ਨਹੀਂ ਹੈ।ਪਿੰਡ ਜੋਧਾ ਭੈਣੀ ਦੇ ਨੌਜਵਾਨ ਬੱਬੂ ਸਿੰਘ ਆਖਦਾ ਹੈ ਕਿ ਸਾਡਾ ਪਿੰਡ ਬਿਲਕੁਲ ਜ਼ੀਰੋ ਲਾਇਨ ਦੇ ਨਾਲ ਪੈਂਦਾ ਹੈ ਤੇ ਸਾਨੂੰ ਆਪਣੀ ਫੌਜ ਤੇ ਦ੍ਰਿੜ ਭਰੋਸਾ ਸੀ।ਅਸੀਂ ਪਿੰਡ ਵਿਚ ਹੀ ਡਟੇ ਰਹੇ।ਜਦ ਭਾਰਤੀ ਆਰਮੀ ਬਾਰਡਰ ਤੇ ਹੋਵੇ ਤਾਂ ਸਾਨੂੰ ਕਿਸੇ ਗੱਲ ਦਾ ਡਰ।ਜ਼ਿਲ੍ਹਾ ਪ੍ਰਸ਼ਾਸਨ ਤੋਂ ਵੀ ਸਾਨੂੰ ਹਰ ਪ੍ਰਕਾਰ ਦੇ ਜ਼ਰੂਰੀ ਦਿਸ਼ਾ ਨਿਰਦੇਸ਼ ਸਮੇਂ ਸਮੇਂ ਤੇ ਮਿਲਦੇ ਰਹਿੰਦੇ ਸਨ।ਜ਼ਿਕਰਯੋਗ ਹੈ ਕਿ ਇਸ ਤਨਾਅ ਵਾਲੇ ਸਮੇਂ ਦੌਰਾਨ ਫ਼ਾਜ਼ਿਲਕਾ ਵੱਲ ਵੀ ਦੁਸ਼ਮਣ ਵੱਲੋਂ ਡਰੋਨ ਹਮਲਾ ਕੀਤਾ ਗਿਆ ਸੀ, ਪਰ ਸਾਡੀ ਫੌਜ ਨੇ ਇਸ ਨੂੰ ਹਵਾ ਵਿਚ ਹੀ ਨਾਕਾਮ ਕਰ ਦਿੱਤਾ ਤੇ ਕੋਈ ਨੁਕਸਾਨ ਨਹੀਂ ਹੋਣ ਦਿੱਤਾ ਗਿਆ।ਫ਼ਾਜ਼ਿਲਕਾ ਦੇ ਲੋਕ ਆਪਣੀ ਫੌਜ ਨਾਲ ਹਮੇਸ਼ਾ ਹੀ ਜੁੜ ਕੇ ਕੰਮ ਕਰਦੇ ਹਨ ਤੇ 1971 ਦੀ ਜੰਗ ਵਿਚ ਵੀ ਜਿਸ ਤਰਾਂ ਸਾਡੀ ਮਹਾਨ ਸੈਨਾ ਨੇ ਆਪਣੇ ਜਵਾਨਾਂ ਦੀ ਕੁਰਬਾਨੀ ਦੇ ਕੇ ਫ਼ਾਜ਼ਿਲਕਾ ਨੂੰ ਬਚਾਇਆ ਸੀ। ਉਸ ਦੀ ਯਾਦ ਵਿਚ ਇੱਥੋਂ ਦੇ ਲੋਕਾਂ ਨੇ ਆਸਫਵਾਲਾ ਵਿਚ ਇਕ ਜੰਗੀ ਯਾਦਗਾਰ ਬਣਾ ਕੇ ਹਮੇਸ਼ਾ ਇਸ ਨੂੰ ਸਿਜਦਾ ਕੀਤਾ ਜਾਂਦਾ ਹੈ ਤੇ ਇਕ ਵਾਰ ਫਿਰ ਇਸ ਵਾਰ ਦੇਸ਼ ਦੇ ਰਖਵਾਲਿਆਂ ਦਾ ਫ਼ਾਜ਼ਿਲਕਾ ਜ਼ਿਲ੍ਹੇ ਦੇ ਲੋਕ ਦਿਲੋਂ ਧੰਨਵਾਦ ਕਰਦੇ ਵਿਖਾਈ ਦਿੰਦੇ ਹਨ।ਪਾਕਿ ਸਰਹੱਦ ਤੋਂ ਸਿਰਫ ਇਕ ਕਿਲੋਮੀਟਰ ਦੂਰ ਵਸੇ ਪਿੰਡ ਖਾਨ ਵਾਲਾ ਦੇ ਸੰਜੈ ਕੁਮਾਰ ਆਖਦੇ ਹਨ ਕਿ ਜਦੋਂ ਵੀ ਇੱਥੇ ਫੌਜ ਆਉਂਦੀ ਹੈ ਤਾਂ ਲੋਕਾਂ ਵਿੱਚ ਆਤਮਵਿਸ਼ਵਾਸ ਹੋਰ ਵਧ ਜਾਂਦਾ ਹੈ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਆਖਦੇ ਹਨ ਕਿ ਫ਼ਾਜ਼ਿਲਕਾ ਦੇ ਲੋਕਾਂ ਨੇ ਪ੍ਰਸ਼ਾਸਨ ਅਤੇ ਫੌਜ ਦਾ ਬਹੁਤ ਸਹਿਯੋਗ ਕੀਤਾ ਹੈ।


### ਉੱਤਰ ਰੇਲਵੇ
#### ਦਿਲਚਸਪੀ ਦਾ ਪ੍ਰਗਟਾਵਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂਤੋਂ ਚੀਫ ਮੈਡੀਕਲ ਸੁਪਰਟੈਂਡੈਂਟ ਉਤਰ ਰੇਲਵੇ, ਫਿਰੋਜ਼ਪੁਰ ਨਿਰਧਾਰਿਤ ਫਾਰਮੈਟ ਤੇ ਹੇਠਾਂਲਿਖਤ ਮੁਹਰਬੰਦ ਦਿਲਚਸਪੀ ਦਾ ਪ੍ਰਗਟਾਵਾ ਦੀ ਮੰਗ ਕੀਤੀ ਜਾਂਦੀ ਹੈ:-

| | | |
|---|---|---|
| 1. | ਕੰਮ ਦਾ ਵੇਰਵਾ | ਸਿਹਤ ਕੇਂਦਰ ਲੁਧਿਆਣਾ ਦੇ ਲਈ ਨੋਦਾਨਿਕ ਸੇਵਾਵਾਂ ਉਪਲਬਧ ਕਰਾਉਣ ਦੇ ਲਈ ਪੈਨਲ ਵਿਚ ਸ਼ਾਮਲ ਕਰਨ ਲਈ ਪ੍ਰਸਿਧ ਰਜਿਸਟਰਡ ਅਤੇ ਲਾਈਸੈਂਸ ਹੋਲਡਰ ਨੋਦਾਨਿਕ ਕੇਂਦਰਾਂ ਤੋਂ ਦਿਲਚਸਪੀ ਦਾ ਪ੍ਰਗਟਾਵਾ। |
| 2. | ਸਮਾਂ | ਕੰਮ ਸ਼ੁਰੂ ਹੋਣ ਦੀ ਮਿਤੀ ਤੋਂ ਦੋ ਸਾਲ |
| 3. | ਕੰਮ ਦੀ ਅੰਦਾਜਨ ਲਾਗਤ | ਕੋਈ ਨਹੀਂ |
| 4. | ਬਿਆਨਾ ਰਾਸ਼ੀ | ਕੋਈ ਨਹੀਂ |
| 5. | ਟੈਂਡਰ ਫਾਰਮ ਦੀ ਲਾਗਤ | ਕੋਈ ਨਹੀਂ |
| 6. | ਟੈਂਡਰ ਫਾਰਮ ਨੂੰ ਪ੍ਰਾਪਤ ਕਰਨ ਲਈ ਮਿਤੀ ਅਤੇ ਸਮਾਂ | ਚੀਫ ਮੈਡੀਕਲ ਸੁਪਰਟੈਂਡੈਂਟ ਦਫਤਰ, ਮੰਡਲ ਚਿਕਿਤਸਾਲਯ ਫਿਰੋਜ਼ਪੁਰ ਤੋਂ ਕਿਸੇ ਵੀ ਕੰਮ ਵਾਲੇ ਦਿਨ ਨੂੰ ਮਿਤੀ 19.05.2025 ਤੋਂ 11.06.2025 ਤਕ 11:00 ਵਜੇ ਤਕ ਪ੍ਰਾਪਤ ਕੀਤੇ ਜਾ ਸਕਦੇ ਹਨ। |
| 7. | ਟੈਂਡਰ ਬਾਕਸ ਦਾ ਸਥਾਨ | ਚੀਫ ਮੈਡੀਕਲ ਸੁਪਰਟੈਂਡੈਂਟ ਦਫਤਰ, ਉਤਰ ਰੇਲਵੇ,ਫਿਰੋਜ਼ਪੁਰ |
| 8. | ਟੈਂਡਰ ਦਸਤਾਵੇਜਾਂ ਨੂੰ ਭੇਜਣ ਦੇ ਲਈ ਮਿਤੀ ਅਤੇ ਸਮਾਂ | 11.06.2025 ਨੂੰ 11:00 ਵਜੇ ਤਕ। ਟੈਂਡਰ ਬਾਕਸ ਨੂੰ 11.06.2025 ਨੂੰ 11:30 ਵਜੇ ਖੋਹਲਿਆ ਜਵੇਗਾ। |

ਟਿਪਣੀ: ਉਪਰੋਕਤ ਕੰਮ ਦੇ ਸਮਾਨ ਹੋਰ ਤਰ੍ਹਾਂ ਦੇ ਕੰਮ ਦੀ ਪਰਿਭਾਸ਼ਾ: ਲਾਗੂ ਨਹੀਂ।
ਪੱਤਰ ਨੰਬਰ: 15-ਮੈਡ/ਇਨਵੇਸਟੀਗੇਸ਼ਨ ਮਿਤੀ: 16.05.2025 1444/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਪੜ੍ਹੋ ਸਾਰੇ | ਵਧੋ ਸਾਰੇ

### ਸਕੂਲ ਸਿੱਖਿਆ ਵਿਭਾਗ ਪੰਜਾਬ
ਨਵੇਂ ਸੈਸ਼ਨ ਲਈ ਦਾਖਲੇ ਸ਼ੁਰੂ

**ਸਰਕਾਰੀ ਸਕੂਲ ਹੁਣ ਮਾਣ ਬਣਨਗੇ, ਆਪਣੇ ਦੇਸ਼ ਦੀ ਸ਼ਾਨ ਬਣਨਗੇ**

ਆਪਣੇ ਇਲਾਕੇ ਦੀ ਮਾਣਮੱਤੀ ਸੰਸਥਾ

ਸਿੱਖਣ ਲਈ ਆਓ | ਸੇਵਾ ਲਈ ਜਾਓ

**ਸ਼ਹੀਦ ਸੂਬੇਦਾਰ ਅਵਤਾਰ ਸਿੰਘ**
ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਕੇ
ਛੇਵੀਂ ਤੋਂ ਬਾਰ੍ਹਵੀਂ ਤੱਕ ਦਾਖਲੇ ਸ਼ੁਰੂ ਹਨ।

**ਵਿਸ਼ੇਸ਼ਤਾਵਾਂ** : 1. ਮੁਫਤ ਕਿਤਾਬਾਂ (ਛੇਵੀਂ ਤੋਂ ਅੱਠਵੀਂ) ਕੋਈ ਫੀਸ ਨਹੀਂ, ਮੁਫਤ ਵਰਦੀ ਅਤੇ ਪੌਸ਼ਟਿਕ ਭੋਜਨ 2. ਹਰ ਬੱਚੇ ਦਾ ਮੁਫਤ ਨਿਰੀਖਣ 3. ਮੁਫਤ ਦਵਾਈਆਂ ਅਤੇ ਇਲਾਜ ਲਈ ਰੈਫਰ, 4 ਕਈ ਤਰ੍ਹਾਂ ਦੇ ਵਜ਼ੀਫੇ 5. ਸਹਿ-ਵਿੱਦਿਅਕ ਅਤੇ ਸੱਭਿਆਚਾਰਕ ਗਤੀਵਿਧੀਆਂ, ਖੇਡਾਂ ਵਿੱਚ ਸਟੇਟ ਪੱਧਰ ਅਤੇ ਨੈਸ਼ਨਲ ਪੱਧਰ ਤੱਕ ਦੇ ਮੁਕਾਬਲਿਆਂ ਵਿੱਚ ਸ਼ਮੂਲੀਅਤ 6. ਵਧੀਆ ਪੜ੍ਹਾਈ, ਸ਼ਾਨਦਾਰ ਵਾਤਾਵਰਣ ਅਤੇ ਬਿਲਡਿੰਗ 7. ਪੀਣ ਲਈ ਸਾਫ ਪਾਣੀ ਵਾਸਤੇ ਆਰ ਓ ਸਿਸਟਮ ਅਤੇ ਵਾਟਰ ਕੂਲਰ ਦਾ ਪ੍ਰਬੰਧ 8. 80% ਤੋਂ ਵੱਧ ਦਸਵੀਂ ਕਲਾਸ ਦੇ ਵਿਦਿਆਰਥੀਆਂ ਲਈ ਮੈਰੀਟੋਰੀਅਸ ਸਕੂਲਾਂ ਲਈ ਦਾਖਲਾ।

**ਸਹੂਲਤਾਂ** : ਸਰੀਰਕ ਤੌਰ 'ਤੇ ਅਪਾਹਜ ਬੱਚਿਆਂ ਲਈ ਸਰਕਾਰ ਵੱਲੋਂ ਵਿਸ਼ੇਸ਼ ਸਹੂਲਤਾਂ • ਵਿਸ਼ਾਲ ਲਾਇਬਰੇਰੀ, ਸਾਇੰਸ ਲੈਬ, ਕੰਪਿਊਟਰ ਲੈਬ • ਜਨਰੇਟਰ ਦੀ ਸਹੂਲਤ • ਖੇਡਾਂ ਲਈ ਵਿਸ਼ਾਲ ਮੈਦਾਨ, ਐਥਲੈਟਿਕਸ ਮੀਟ ਅਤੇ ਹਾਊਸ ਮੁਕਾਬਲੇ • ਐੱਨ ਐੱਸ ਕਿਊ ਐੱਫ ਅਧੀਨ ਲੜਕਿਆਂ ਲਈ ਪਲੰਬਿੰਗ ਅਤੇ ਲੜਕੀਆਂ ਲਈ ਬਿਊਟੀ ਐਂਡ ਵੈੱਲਨੈਸ ਦਾ ਕੋਰਸ • ਉਚੇਰੀ ਸਿੱਖਿਆ ਪ੍ਰਾਪਤ ਮਿਹਨਤੀ ਅਤੇ ਤਜਰਬੇਕਾਰ ਸਟਾਫ।

ਵੱਲੋਂ : ਪ੍ਰਿੰਸੀਪਲ, ਸਮੂਹ ਸਟਾਫ ਅਤੇ ਸਕੂਲ ਮੈਨੇਜਿੰਗ ਕਮੇਟੀ
ਦਾਖਲੇ ਲਈ ਸੰਪਰਕ : 94173-90697


## ਇੱਕ ਹਫਤੇ ਤੋਂ ਵੱਧ ਕੂਲਰਾਂ ਵਿੱਚ ਖੜ੍ਹੇ ਪਾਣੀ 'ਚ ਪੈਦਾ ਹੁੰਦਾ ਡੇਂਗੂ ਦਾ ਮੱਛਰ : ਡਾ. ਰਮਨਦੀਪ ਕੌਰ



**ਸਮਰਾਲਾ (ਸੁਰਜੀਤ ਸਿੰਘ)**-ਮਲੇਰੀਆ, ਡੇਂਗੂ ਅਤੇ ਚਿਕਨਗੁਨੀਆ ਦੀ ਬਿਮਾਰੀ ਦੇ ਬਚਾਅ ਸਬੰਧੀ ਆਮ ਲੋਕਾਂ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਸਿਵਲ ਸਰਜਨ ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ ਟੀਮਾਂ ਵੱਲੋਂ ਘਰ ਘਰ ਜਾ ਕੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਣ ਲਈ ਵਿਸ਼ੇਸ਼ ਤੌਰ ਤੇ ਚੈਕਿੰਗ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਘਰਾਂ ਦੀਆਂ ਛੱਤਾਂ ਤੇ ਪਏ ਕਬਾੜ ਦੇ ਸਮਾਨ ਤੇ ਟਾਇਰਾਂ ਆਦਿ ਵਿੱਚ ਬਾਰਸ਼ਾਂ ਦੇ ਖੜ੍ਹੇ ਸਾਫ ਪਾਣੀ ਵਿੱਚ ਡੇਂਗੂ ਦਾ ਮੱਛਰ ਪੈਦਾ ਹੁੰਦਾ। ਇਸ ਲਈ ਛੱਤਾਂ ਤੇ ਪਏ ਸਮਾਨ ਨੂੰ ਸਾਫ ਕਰ ਦੇਣਾ ਚਾਹੀਦਾ ਹੈ। ਇੱਕ ਹਫਤੇ ਤੋਂ ਵੱਧ ਜੇਕਰ ਕੂਲਰਾਂ ਵਿੱਚ ਪਾਣੀ ਖੜ੍ਹਾ ਰਹੇਗਾ ਤਾਂ ਉਸ ਵਿੱਚ ਵੀ ਡੇਂਗੂ ਦਾ ਮੱਛਰ ਪੈਦਾ ਹੋ ਜਾਂਦਾ ਹੈ। ਇਸ ਲਈ ਹਰ ਹਫਤੇ ਕੂਲਰਾਂ ਨੂੰ ਸਾਫ ਕਰਕੇ ਸੁਕਾ ਕੇ ਫਿਰ ਦੋਬਾਰਾ ਪਾਣੀ ਭਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਟੀਮਾਂ ਨੂੰ ਚੈਕਿੰਗ ਦੌਰਾਨ ਜਿੱਥੇ ਵੀ ਡੇਂਗੂ ਦਾ ਲਾਰਵਾ ਮਿਲਦਾ ਹੈ, ਉਸ ਨੂੰ ਮੌਕੇ 'ਤੇ ਨਸ਼ਟ ਕਰ ਦਿੱਤਾ ਜਾਂਦਾ ਹੈ। ਟੀਮਾਂ ਵੱਲੋਂ ਪਾਣੀ 'ਤੇ ਲਾਰਵੀਸਾਈਡ ਦੀ ਸਪਰੇਅ ਕੀਤੀ ਜਾਂਦੀ ਹੈ, ਤਾਂ ਕਿ ਲਾਰਵਾ ਪੈਦਾ ਨਾ ਹੋ ਸਕੇ। ਡਾ. ਕੌਰ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਆਮ ਲੋਕਾਂ, ਸਕੂਲਾਂ, ਕਾਲਜਾਂ ਅਤੇ ਆਈ.ਟੀ.ਆਈਜ਼ ਵਰਗੇ ਹੋਰ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ 'ਤੇ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਦਾ ਲਾਰਵਾ ਘਰਾਂ ਦੇ ਆਲੇ ਦੁਆਲੇ ਖੜ੍ਹੇ ਸਾਫ ਪਾਣੀ ਪੈਦਾ ਹੁੰਦਾ ਹੈ। ਇਸ ਲਈ ਗਮਲਿਆਂ, ਫਰਿੱਜਾਂ ਦੇ ਪਿਛਲੇ ਪਾਸੇ ਲੱਗੀਆਂ ਟਰੇਆਂ ਵਿਚ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਉਨਾਂ ਜੇਕਰ ਕਿਸੇ ਵਿਅਕਤੀ ਨੂੰ ਤੇਜ਼ ਬੁਖਾਰ ਆਦਿ ਹੁੰਦਾ ਹੈ ਤਾਂ ਉਹ ਵਿਅਕਤੀ ਨੇੜੇ ਦੇ ਸਰਕਾਰੀ ਸਿਹਤ ਕੇਂਦਰ 'ਤੇ ਜਾ ਕੇ ਆਪਣੀ ਫਰੀ ਜਾਂਚ ਕਰਵਾ ਸਕਦਾ ਹੈ।

## ਮੰਗਾਂ ਨਾ ਮੰਨਣ 'ਤੇ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਵੱਲੋਂ ਚੱਕਾ ਜਾਮ ਦਾ ਐਲਾਨ



**ਜਗਰਾਉਂ (ਸੰਜੀਵ ਅਰੋੜਾ)**-ਪੰਜਾਬ ਰੋਡਵੇਜ਼ ਪਨਬਸ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਜਗਰਾਉਂ ਡੀਪੂ ਦੇ ਗੇਟ 'ਤੇ ਪ੍ਰਧਾਨ ਸੋਹਣ ਸਿੰਘ ਅਤੇ ਸੈਕਟਰੀ ਹਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਸਮੇਂ-ਸਮੇਂ 'ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਵੱਲੋਂ ਸੰਘਰਸ਼ ਕਰਕੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਦੱਸਿਆ ਜਾਂਦਾ ਹੈ ਪਰ ਸਰਕਾਰ ਵੱਲੋਂ ਹਰ ਸਮੇਂ ਮੰਗਾਂ ਮੰਨ ਕੇ ਅਫ਼ਸਰਸ਼ਾਹੀ ਵੱਲੋਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਜਾਂ ਫੇਰ ਟਾਲਮਟੋਲ ਕਰ ਦਿੱਤਾ ਜਾਂਦਾ ਹੈ ਅਤੇ ਮੰਗਾਂ ਜਿਉਂ ਦੀਆਂ ਤਿਉਂ ਹੀ ਰਹਿੰਦੀਆਂ ਹਨ। ਪਰ ਜਦੋਂ ਵੀ ਪੰਜਾਬ ਜਾਂ ਭਾਰਤ ਉਪਰ ਕੋਈ ਸੰਕਟ ਦੀ ਘੜੀ ਆਉਂਦੀ ਹੈ, ਜਿਸ ਵਿੱਚ ਭਾਵੇਂ ਦੰਗੇ, ਹੜ੍ਹ, ਕਰੋਨਾ ਜਾਂ ਫੇਰ ਹੁਣ ਜੰਗ ਦਾ ਮਾਹੌਲ ਹੋਵੇ ਪਨਬੱਸ ਅਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਨੂੰ ਫਰੰਟ ਲਾਈਨ ਦੀਆਂ ਡਿਊਟੀਆਂ 'ਤੇ ਵਰਤਿਆ ਜਾਂਦਾ ਹੈ ਪਰ ਸਰਕਾਰ ਵੱਲੋਂ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਨ 'ਤੇ ਵੀ ਕੱਚੇ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਜਾਂਦੀ। ਯੂਨੀਅਨ ਆਗੂ ਦਵਿੰਦਰ ਸਿੰਘ ਭੀਮ ਦੱਸਿਆ ਕਿ ਪਿਛਲੇ ਸਮੇਂ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਸੀ ਕਿ ਕਮੇਟੀ ਬਣਾ ਕੇ ਇੱਕ ਮਹੀਨੇ ਵਿੱਚ ਮੰਗਾਂ ਦੇ ਹੱਲ ਲਈ ਟਰਾਂਸਪੋਰਟ ਵਿਭਾਗ ਦੀ ਵੱਖਰੀ ਪਾਲਸੀ ਬਣਾਈ ਜਾਵੇ ਪ੍ਰੰਤੂ ਹੁਣ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ ਉਲਟਾ ਠੇਕੇਦਾਰਾਂ ਵੱਲੋਂ ਕਰੋੜ ਰੁਪਏ ਮੁਲਾਜ਼ਮਾਂ ਦੀ ਲੁੱਟ ਕੀਤੀ ਗਈ ਹੈ ਅਤੇ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਵਿੱਚ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਮੰਗਾਂ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਜਾਂਦਾ ਰਿਹਾ ਅਤੇ ਹੁਣ ਟਰਾਂਸਪੋਰਟ ਮੰਤਰੀ ਪੰਜਾਬ, ਐਡਵੋਕੇਟ ਜਨਰਲ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਵੱਲੋਂ ਵੀ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ 'ਤੇ ਕਰਨ, ਠੇਕੇਦਾਰ ਬਾਹਰ ਕੱਢਣ ਲਈ 15 ਦਿਨਾਂ ਵਿੱਚ ਕੈਬਨਿਟ ਵਿੱਚ ਪਾਲਸੀ ਲਿਆਉਣ ਲਈ ਕਿਹਾ ਗਿਆ ਅਤੇ ਆਊਟ ਸੋਰਸ ਭਰਤੀ ਬੰਦ ਕਰਨ ਦੇ ਆਦੇਸ਼ ਦਿੱਤੇ ਗਏ ਹਨ ਅਤੇ ਸਰਕਾਰੀ ਬੱਸਾਂ ਪਾਉਣ ਲਈ ਕਿਹਾ ਗਿਆ ਹੈ। ਪ੍ਰੰਤੂ ਠੇਕੇਦਾਰ ਵੱਲੋਂ ਬਿਨਾਂ ਐਗਰੀਮੈਂਟ ਦੇ ਕੰਮ ਚਲਾਇਆ ਜਾ ਰਿਹਾ ਹੈ। ਹਰ ਮਹੀਨੇ ਤਨਖਾਹਾਂ ਵਿੱਚ ਨਜਾਇਜ਼ ਕਟੌਤੀ ਅਤੇ ਹੁਣ ਰਿਸ਼ਵਤਖੋਰੀ ਰਾਹੀਂ ਐਗਰੀਮੈਂਟ ਬਿਨਾਂ ਭਰਤੀ ਕੀਤੀ ਜਾ ਰਹੀ ਹੈ। ਸਰਕਾਰੀ ਬੱਸਾਂ ਪਾਉਣ ਦੀ ਥਾਂ ਵਿਭਾਗ ਦੇ ਅਧਿਕਾਰੀਆਂ ਵਲੋਂ ਕਿਲੋਮੀਟਰ ਸਕੀਮ ਤਹਿਤ ਪ੍ਰਾਈਵੇਟ ਮਾਲਕਾਂ ਦੀਆਂ ਬੱਸਾਂ ਪਾ ਕੇ ਵਿਭਾਗਾਂ ਦੀ ਕਰੋੜਾਂ ਰੁਪਏ ਲੁੱਟ ਕਰਵਾਉਣ ਦੀ ਤਿਆਰੀ ਕੀਤੀ ਜਾਂ ਰਹੀ ਹੈ, ਜਿਸ ਦਾ ਯੂਨੀਅਨ ਵਲੋਂ ਸਖ਼ਤ ਵਿਰੋਧ ਕੀਤਾ ਜਾਂਦਾ ਹੈ। ਡੀਪੂ ਚੇਅਰਮੈਨ ਜਸਪਾਲ ਸਿੰਘ ਨੇ ਕਿਹਾ ਕਿ ਜੇਕਰ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਕੋਈ ਵੀ ਧੱਕੇਸ਼ਾਹੀ ਕੀਤੀ, ਜਿਸ ਵਿੱਚ ਨਜਾਇਜ਼ ਆਊਟ ਸੋਰਸ ਭਰਤੀ ਜਾਂ ਕਿਲੋਮੀਟਰ ਸਕੀਮ ਬੱਸਾਂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤੁਰੰਤ ਸੰਘਰਸ਼ ਕੀਤਾ ਜਾਵੇਗਾ।

## ਦੰਦਾਂ ਦਾ ਮੁਫ਼ਤ ਚੈੱਕਅਪ ਕੈਂਪ ਲਾਇਆ

**ਬਰੇਟਾ (ਰੀਤਵਾਲ)**-ਪਿੰਡ ਕਾਹਨਗੜ੍ਹ ਵਿਖੇ ਦੰਦਾਂ ਦਾ ਮੁਫ਼ਤ ਚੈੱਕਅਪ ਕੈਂਪ ਲਾਇਆ ਗਿਆ। ਕੈਂਪ ਮਹਾਰਾਜਾ ਰਣਜੀਤ ਸਿੰਘ ਸ਼ੋਸਲ ਵੈਲਫੇਅਰ ਕਲੱਬ ਵੱਲੋਂ ਪਿੰਡ ਦੇ ਸਰਪੰਚ ਜਗਸੀਰ ਸਿੰਘ ਤੇ ਰਾਮਪਾਲ ਸਿੰਘ ਸੇਖੋਂ ਚੇਅਰਮੈਨ ਗਿਆਨ ਸਾਗਰ ਕਾਨਵੈਂਟ ਸਕੂਲ ਦੇ ਸਹਿਯੋਗ ਨਾਲ ਲਾਇਆ ਗਿਆ। ਕੈਂਪ ਵਿੱਚ ਕਲੱਬ ਪ੍ਰਧਾਨ ਹਰਪ੍ਰੀਤ ਸਿੰਘ, ਕਲੱਬ ਸੈਕਟਰੀ ਅਤੇ ਜਸਕਰਨ ਸਿੰਘ ਦੀ ਦੇਖ-ਰੇਖ ਵਿੱਚ ਮਰੀਜ਼ਾਂ ਦੀ ਸਹੂਲਤ ਲਈ ਉਚਿਤ ਪ੍ਰਬੰਧ ਕੀਤੇ ਗਏ ਤੇ ਆਏ ਮਰੀਜ਼ਾਂ ਨੂੰ ਦਵਾਈਆਂ, ਟੁਥਪੇਸਟ, ਬੁਰਸ਼ ਮੁਫ਼ਤ ਵੰਡੇ ਗਏ। ਸਰਪੰਚ ਜਗਸੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਮਹਾਰਾਜਾ ਰਣਜੀਤ ਸਿੰਘ ਕਲੱਬ ਦੇ ਨੌਜਵਾਨਾਂ ਉੱਤੇ ਮਾਣ ਹੈ, ਕਿਉਂਕਿ ਇਹ ਕਲੱਬ ਲੋੜਵੰਦ ਪਰਵਾਰਾਂ ਦੀ ਸਹਾਇਤਾ ਅਤੇ ਪਿੰਡ ਦੇ ਵਿਕਾਸ ਵਿੱਚ ਸਹਾਇਤਾ ਲਈ ਹਰ ਸਮੇਂ ਤਿਆਰ ਰਹਿੰਦਾ ਹੈ।

## ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਨਤੀਜਾ ਸੌ ਫੀਸਦੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਮੈਡੀਕਲ ਦੇ ਨਤੀਜੇ 'ਚੋਂ ਜਸ਼ਨਦੀਪ ਕੌਰ (90%) ਪੁੱਤਰੀ ਜਗਦੀਪ ਸਿੰਘ ਨੇ ਪਹਿਲਾ, ਕੋਮਲਪ੍ਰੀਤ ਕੌਰ (89.4%) ਪੁੱਤਰੀ ਬਲਜੀਤ ਸਿੰਘ ਨੇ ਦੂਜਾ ਤੇ ਜਸ਼ਨਪ੍ਰੀਤ ਕੌਰ (84.4%) ਪੁੱਤਰੀ ਨੱਛਤਰ ਸਿੰਘ ਨੇ ਤੀਜਾ, ਨਾਨ-ਮੈਡੀਕਲ 'ਚੋਂ ਗੁਰਲੀਨ ਕੌਰ (88%) ਪੁੱਤਰੀ ਬਲਜੀਤ ਸਿੰਘ ਨੇ ਪਹਿਲਾ, ਆਰਟਸ 'ਚੋਂ ਕਰਮਵੀਰ ਕੌਰ ਪੁੱਤਰੀ ਜਗਜੀਵਨ ਸਿੰਘ ਤੇ ਮਨਸੰਗੀਤ ਕੌਰ ਪੁੱਤਰੀ ਕੁਲਦੀਪ ਸਿੰਘ ਨੇ ਬਰਾਬਰ ਬਰਾਬਰ 89.4% ਅੰਕਾਂ ਨਾਲ ਪਹਿਲਾ, ਜਸ਼ਨਪ੍ਰੀਤ ਕੌਰ (88.8%) ਪੁੱਤਰੀ ਚਰਨਜੀਤ ਸਿੰਘ ਨੇ ਦੂਜਾ ਅਤੇ ਅਨਮੋਲਪ੍ਰੀਤ ਕੌਰ (85.8%) ਪੁੱਤਰੀ ਅਜਮੇਰ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਵਿਸ਼ੇਸ਼ ਇਹ ਕਿ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਅਤੇ ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

## ਕਿਸਾਨਾਂ 'ਚ ਘੱਟ ਸਮਾਂ ਲੈਣ ਵਾਲੀਆਂ ਝੋਨੇ ਦੀਆਂ ਪੀ ਆਰ ਕਿਸਮਾਂ ਦੀ ਭਾਰੀ ਮੰਗ

**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਝੋਨੇ ਦੀਆਂ ਦਰਮਿਆਨੇ ਤੇ ਘੱਟ ਸਮੇਂ ਦੀਆਂ ਕਿਸਮਾਂ ਪੀ.ਆਰ. 126, ਪੀ.ਆਰ. 128 ਅਤੇ ਪੀ.ਆਰ 131 ਦੀ ਕਾਸ਼ਤ ਨੂੰ ਹੁਲਾਰਾ ਦੇਣ ਲਈ ਜਾਗਰੂਕਤਾ ਮੁਹਿੰਮ ਚਲਾਈ ਗਈ ਅਤੇ ਵੱਖ-ਵੱਖ ਪੀ.ਆਰ. ਕਿਸਮਾਂ ਤੇ ਝੋਨੇ ਦੀ ਲੁਆਈ ਦੇ ਢੁਕਵੇਂ ਸਮੇਂ ਬਾਰੇ ਕਿਸਾਨਾਂ ਨਾਲ ਸਮੇਂ-ਸਮੇਂ 'ਤੇ ਜਾਣਕਾਰੀ ਦਿੱਤੀ ਗਈ।

ਝੋਨੇ ਦੀਆਂ ਵੱਖ-ਵੱਖ ਕਿਸਮਾਂ ਬਾਰੇ ਡਿਪਟੀ ਡਾਇਰੈਕਟਰ (ਸਿਖਲਾਈ) ਡਾ. ਗੁਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪ੍ਰਮਾਣਿਤ ਝੋਨੇ ਦੀਆਂ ਘੱਟ ਅਤੇ ਦਰਮਿਆਨੇ ਸਮੇਂ ਦੀਆਂ ਕਿਸਮਾਂ ਹੇਠਲੇ ਪਾਣੀ ਦੀ ਬੱਚਤ ਵਿੱਚ ਅਹਿਮ ਰੋਲ ਅਦਾ ਕਰਦੀਆਂ ਹਨ।ਉਨ੍ਹਾਂ ਦੱਸਿਆ ਕਿ ਘੱਟ ਅਤੇ ਦਰਮਿਆਨੇ ਸਮੇਂ ਦੀਆਂ ਕਿਸਮਾਂ ਪੱਕ ਕੇ ਛੇਤੀ ਤਿਆਰ ਹੋ ਜਾਂਦੀਆਂ ਹਨ, ਜਦਕਿ ਲੰਮੇ ਸਮੇਂ ਦੀਆਂ ਕਿਸਮਾਂ 155-160 ਦਿਨਾਂ ਦਾ ਸਮਾਂ ਲੈਂਦੀਆਂ ਹਨ।

ਡਾ. ਗੁਰਦੀਪ ਸਿੰਘ ਸਿੱਧੂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵੀ ਇਸ ਵਾਰ ਲੰਮੇ ਸਮੇਂ ਦੀਆਂ ਕਿਸਮਾਂ ਪੂਸਾ 44 ਤੇ ਪੀਲੀ ਪੂਸਾ ਦੀ ਕਾਸ਼ਤ 'ਤੇ ਪੂਰਨ ਪਾਬੰਦੀ ਲਾਈ ਹੈ।ਉਨ੍ਹਾਂ ਦੱਸਿਆ ਕਿ ਝੋਨੇ ਦੀ ਘੱਟ ਸਮੇਂ ਲੈਣ ਵਾਲੀ ਕਿਸਮ ਪੀ.ਆਰ. 126 ਲੁਆਈ ਤੋਂ ਬਾਅਦ 93 ਦਿਨਾਂ ਵਿੱਚ ਪੱਕ ਜਾਂਦੀ ਹੈ ਤੇ ਇਸੇ ਦਾ ਝਾੜ 30 ਕੁਇੰਟਲ ਪ੍ਰਤੀ ਏਕੜ ਹੈ। ਇਸੇ ਤਰ੍ਹਾਂ ਝੋਨੇ ਦੀਆਂ ਪੀ.ਆਰ. 128 ਅਤੇ ਪੀ.ਆਰ.131 ਕਿਸਮਾਂ ਖੇਤ ਵਿੱਚ ਲੁਆਈ ਤੋਂ ਬਾਅਦ 111 ਅਤੇ 110 ਦਿਨਾਂ ਵਿੱਚ ਪੱਕ ਜਾਂਦੀਆਂ ਹਨ ਅਤੇ ਇਹਨਾਂ ਦਾ ਔਸਤ ਝਾੜ 30.5 ਅਤੇ 31 ਕੁਇੰਟਲ ਪ੍ਰਤੀ ਏਕੜ ਹੈ।

ਉਨ੍ਹਾਂ ਦੱਸਿਆ ਕਿ ਪੀ.ਆਰ. 128 ਅਤੇ ਪੀ.ਆਰ.131 ਦੀ ਪਨੀਰੀ 20 ਤੋਂ 25 ਮਈ ਦੇ ਵਿਚਕਾਰ ਬੀਜੀ ਜਾ ਸਕਦੀ ਹੈ, ਜਦਕਿ ਪੀ.ਆਰ. 126 ਦੀ ਪਨੀਰੀ 25 ਮਈ ਤੋਂ 20 ਜੂਨ ਤੱਕ ਬੀਜੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਕਿਸਾਨਾਂ ਨੂੰ ਝੋਨੇ ਦੀਆਂ ਹੋਰ ਪ੍ਰਮਾਣਿਤ ਕਿਸਮਾਂ ਪੀ.ਆਰ.132 (ਨਵੀਂ ਕਿਸਮ) ਪੀ.ਆਰ.130 ਤੇ ਪੀ.ਆਰ.114 ਬਾਰੇ ਵੀ ਵਿਸਥਾਰਤ ਜਾਣਕਾਰੀ ਦਿੱਤੀ ਜਾ ਰਹੀ ਹੈ।ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਡਾ. ਤੇਜਬੀਰ ਸਿੰਘ ਬੁੱਟਰ ਵੱਲੋਂ ਦੱਸਿਆ ਕਿ ਕਿਸਾਨ ਝੋਨੇ ਦੀ ਪਨੀਰੀ ਨੂੰ ਲਾਉਣ ਵਾਲੀ ਐਜ਼ੋਸਪਾਇਰੀਲਮ ਜੀਵਾਣੂ ਖਾਦ ਦੀ ਵਰਤੋਂ ਕਰਨ।ਉਨ੍ਹਾਂ ਦੱਸਿਆ ਕਿ ਇੱਕ ਪੈਕਟ (500 ਗ੍ਰਾਮ) ਐਜ਼ੋਸਪਾਇਰੀਲਮ ਜੀਵਾਣੂ ਖਾਦ ਨੂੰ 100 ਲੀਟਰ ਪਾਣੀ ਵਿੱਚ ਘੋਲ ਕੇ ਇੱਕ ਏਕੜ ਦੀ ਪਨੀਰੀ ਦੀਆਂ ਜੜ੍ਹਾਂ ਨੂੰ ਡੁਬਾਉਣ ਤੋਂ ਬਾਅਦ ਪਨੀਰੀ ਨੂੰ ਖੇਤ ਵਿੱਚ ਲਾ ਸਕਦੇ ਹਨ, ਜਿਸ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵੱਧਦੀ ਹੈ ਅਤੇ ਝਾੜ ਵਿੱਚ ਵਾਧਾ ਹੁੰਦਾ ਹੈ।


### RELIANCE ASSET RECONSTRUCTION
### ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮ:
ਰਜਿ ਦਫਤਰ: 11ਵੀਂ ਮੰਜ਼ਲ ਨਾਰਥ ਸਾਈਡ, ਆਰ-ਟੈੱਕ ਪਾਰਕ, ਨਿਰਲੋਨ ਨਾਲਜ ਪਾਰਕ ਸਾਹਮਣੇ ਵੈਸਟਰਨ ਐਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ), ਮੁੰਬਈ-400063

#### ਸਕਿਉਰਡ ਐੱਸਟਸ ਦੀ ਈ-ਨਿਲਾਮੀ ਵਿਕਰੀ ਵਾਸਤੇ ਜਨਤਕ ਨੋਟਿਸ

ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) "ਆਰ ਏ ਆਰ ਸੀ 068 (ਆਈ ਬੀ ਰਿਟੇਲ)" ਦੀ ਇੱਕ ਟਰੱਸਟੀ ਅਤੇ ਹੇਠਾਂ ਦਰਸਾਏ ਕਰਜ਼ਦਾਰ ਦੇ ਇੰਡੀਅਨ ਓਵਰਸੀਜ਼ ਬੈਂਕ ਨਾਲ ਮਿਤੀ 30-03-2022 ਨਾਲ ਹੋਏ ਹਿੱਸੇਦਾਰੀ ਦੇ ਇਕਰਾਰਨਾਮੇ ਅਨੁਸਾਰ ਜਾਇਦਾਦ ਦੀ ਹਿੱਸੇਦਾਰ ਅਤੇ ਸਕਿਉਰਡ ਕ੍ਰੈਡਿਟਰ ਹੈ।
ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਆਮ ਜਨਤਾ ਨੂੰ ਨੋਟਿਸ ਦਿੱਤਾ ਹੈ ਕਿ ਬਕਾਏ ਦੀ ਵਸੂਲੀ ਲਈ ਹੇਠਾਂ ਦਰਸਾਈ ਜਾਇਦਾਦ ਦੀ "ਆਨ ਲਾਈਨ ਈ-ਨਿਲਾਮੀ" ਰਾਹੀਂ ਵਿਕਰੀ ਕੀਤੀ ਜਾਵੇਗੀ। ਜਾਇਦਾਦਾਂ ਦੀ ਵਿਕਰੀ ਸਖਤੀ ਨਾਲ ਹੇਠਾਂ ਦਰਸਾਈਆਂ ਸ਼ਰਤਾਂ ਤੋਂ ਇਲਾਵਾ "ਜਿਵੇਂ ਹੈ ਜਿੱਥੇ ਹੈ" "ਜੋ ਹੈ ਜਿਵੇਂ ਹੈ" ਅਤੇ "ਬਿਨਾਂ ਸਹਾਰੇ" ਦੇ ਅਧਾਰ 'ਤੇ ਕੀਤੀ ਜਾਵੇਗੀ।

| ਕਰਜ਼ਦਾਰ/ਗਰੰਟਰ ਦਾ ਨਾਂਅ | 06.05.2025 ਨੂੰ ਬਕਾਇਆ ਰਕਮ | ਸੰਕੇਤਕ ਕਬਜ਼ੇ ਦੀ ਮਿਤੀ |
|---|---|---|
| 1. ਮੈਸ: ਸਿਧ ਇੰਡਸਟਰੀਜ਼-ਕਰਜ਼ਦਾਰ, ਚੌਹਾਨ ਕਾਲੋਨੀ, ਪਿੰਡ ਸੈਦਖੇੜੀ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਪਿੰਨ-140401 2. ਸ੍ਰੀ ਸੁਰਿੰਦਰ ਸਿੰਘ ਪੁੱਤਰ ਸ੍ਰੀ ਬਲਕਾਰ ਸਿੰਘ (ਮਾਲਕ) ਮਕਾਨ ਨੰ. 182, ਪਿੰਡ ਸੈਦਖੇੜੀ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਪਿੰਨ-140401 3. ਸ੍ਰੀ ਸੁਰਿੰਦਰ ਸਿੰਘ ਪੁੱਤਰ ਦਲੀਪ ਸਿੰਘ (ਗਰੰਟਰ ਤੇ ਰਹਿਣਕਾਰ)-ਮਕਾਨ ਨੰ. 230, ਪਿੰਡ ਸੈਦਖੇੜੀ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਪਿੰਨ-140401 | ਰੁਪਏ 40,40,053.04/- (ਚਾਲੀ ਲੱਖ ਚਾਲੀ ਹਜ਼ਾਰ ਤਰਵੰਜਾ ਰੁਪਏ ਅਤੇ ਚਾਰ ਪੈਸੇ ਕੇਵਲ) | 24.09.2024 |
| **ਅਚੱਲ ਜਾਇਦਾਦ ਦਾ ਵੇਰਵਾ** | **ਰਾਖਵੀਂ ਕੀਮਤ** | **ਈ ਐੱਮ ਡੀ ਰਕਮ** |
| ਰਿਹਾਇਸ਼ੀ ਪਲਾਟ, ਖਸਰਾ ਨੰ. 383/2, ਰਕਬਾ 269 ਵਰਗ ਗਜ਼, ਸੈਦਖੇੜੀ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਪਿੰਨ-140401, ਸੁਰਿੰਦਰ ਸਿੰਘ ਪੁੱਤਰ ਦਲੀਪ ਸਿੰਘ ਦੀ ਮਲਕੀਅਤ, 0-5-19/50 ਵਿਸਵਾ (ਜੋ ਕਿ 269 ਵਰਗ ਗਜ਼ ਹੈ), 0-8 ਵਿਸਵੇ ਦਾ 269/400 ਹਿੱਸਾ ਹੈ, ਖੇਵਟ/ਖੱਤਾ ਨੰ. 318/812 (ਨਵਾਂ ਖੇਵਟ/ਖੱਤਾ ਨੰ. 333/825) ਖਸਰਾ ਨੰ. 383/2/8 (0-8) ਦਾ ਉਚਿਤ ਗਿਰਵੀਨਾਮਾ। | ਰੁਪਏ 48,00,000/- (ਅਠਤਾਲੀ ਲੱਖ ਰੁਪਏ ਕੇਵਲ) | ਰੁਪਏ 4,80,000/- (ਚਾਰ ਲੱਖ ਅੱਸੀ ਹਜ਼ਾਰ ਰੁਪਏ ਕੇਵਲ) |

**ਨਿਲਾਮੀ ਪ੍ਰੋਗਰਾਮ ਦਾ ਵੇਰਵਾ**
ਜਾਇਦਾਦ ਦਾ ਨਿਰੀਖਣ : 03.06.2025 , ਸਵੇਰੇ 11.00 ਵਜੇ ਤੋਂ ਦੁਪਹਿਰ 01.00 ਵਜੇ ਤੱਕ, ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 18.06.2025
ਈ-ਨਿਲਾਮੀ ਦੀ ਮਿਤੀ : 19.06.2025 ਦੁਪਹਿਰ 12.00 ਵਜੇ ਤੋਂ 1.00 ਵਜੇ ਤੱਕ (ਹਰੇਕ 5 ਮਿੰਟ ਦੇ ਵਾਧੇ ਨਾਲ)

#### ਈ-ਨਿਲਾਮੀ ਵਿਕਰੀ ਦੇ ਨਿਯਮ ਅਤੇ ਸ਼ਰਤਾਂ

1. ਜਾਇਦਾਦ ਰਾਖਵੀਂ ਕੀਮਤ ਤੋਂ ਹੇਠਾਂ ਨਹੀਂ ਵੇਚੀ ਜਾਵੇਗੀ ਅਤੇ ਵਿਕਰੀ ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਸਕਿਉਰਡ ਕ੍ਰੈਡਿਟਰ ਦੀ ਪੁਸ਼ਟੀ ਅਧੀਨ ਹੈ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ', "ਜੋ ਹੈ ਜਿਵੇਂ ਹੈ" ਬਿਨਾਂ ਸਹਾਰੇ ਦੇ ਅਧਾਰ 'ਤੇ ਹੋਵੇਗੀ।
2. ਈ-ਨਿਲਾਮੀ ਆਰ ਏ ਆਰ ਸੀ ਦੀ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸ : ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ https://www.Auctionbazaar.com (ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦਾ ਵੈੱਬ ਪੋਰਟਲ) ਰਾਹੀਂ ਕਰਵਾਈ ਜਾਵੇਗੀ। ਈ-ਨਿਲਾਮੀ ਦਸਤਾਵੇਜ਼, ਜਿਸ 'ਚ ਆਨਲਾਈਨ ਬੋਲੀ ਫਾਰਮ ਤੇ ਆਮ ਨਿਯਮ ਅਤੇ ਸ਼ਰਤਾਂ ਸ਼ਾਮਲ ਹਨ, ਵੈੱਬਸਾਈਟ www.rarcl.com and https://www.Auctionbazaar.com 'ਤੇ ਉਪਲੱਬਧ ਹਨ, ਚਾਹਵਾਨ ਬੋਲੀਕਾਰ ਢੁਕਵੇਂ ਦਸਤਾਵੇਜ਼ ਡਾਊਨਲੋਡ ਕਰ ਸਕਦੇ ਹਨ।
3. ਚਾਹਵਾਨ ਬੋਲੀਕਾਰ ਦੀ ਆਈ ਡੀ 'ਚ ਹਿੱਸਾ ਲੈਣ ਲਈ ਜਾਇਜ਼ ਈਮੇਲ ਹੋਣੀ ਚਾਹੀਦੀ ਹੈ ਅਤੇ ਈ-ਨਿਲਾਮੀ ਏਜੰਸੀ ਵੱਲੋਂ ਹਿੱਸੇਦਾਰੀ ਲਈ ਦਿੱਤੀ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈ-ਮੇਲ ਆਈ ਡੀ 'ਤੇ ਭੇਜੀ ਜਾਵੇਗੀ।
4. ਚਾਹਵਾਨ ਬੋਲੀਕਾਰਾਂ ਨੂੰ ਆਪਣੀ ਬੋਲੀ ਨਿਰਧਾਰਤ ਫਾਰਮ 'ਚ ਈ ਐੱਮ ਡੀ ਜਮ੍ਹਾਂ ਕਰਵਾਉਣ ਦੇ ਵੇਰਵੇ ਅਤੇ ਖੁਦ ਤਸਦੀਕਸ਼ੁਦਾ ਦਸਤਾਵੇਜ਼ (ਪੈਨ, ਆਧਾਰ ਕਾਰਡ ਆਦਿ), ਪੇਸ਼ ਕਰਨਾ ਹੋਵੇਗਾ ਅਤੇ ਇਹ ਸਭ ਕੁਝ ਰਿਲਾਇੰਸ ਐੱਸਟ ਰੀਕੰਸਟਰੱਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਅਧਿਕਾਰਤ ਅਫਸਰ ਕੋਲ 11ਵੀਂ ਮੰਜ਼ਲ, ਨਾਰਥ ਸਾਈਡ, ਆਰ ਟੈੱਕ ਪਾਰਕ,ਵੈਸਟਰਨ ਐੱਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ) ਮੁੰਬਈ-400063 ਕੋਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ Narendra.r.shukla@relianceada.com ਅਤੇ himanshu.yadav@relianceada.com'ਤੇ ਈਮੇਲ ਕਰਨਾ ਹੋਵੇਗਾ ਅਤੇ ਇਸ ਤੋਂ ਬਾਅਦ ਸ਼ਾਮਲ ਹੋਣ ਲਈ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈਮੇਲ 'ਤੇ ਭੇਜ ਦਿੱਤਾ ਜਾਵੇਗਾ। ਬੋਲੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 18.06.2025 ਹੈ। ਕਿਸੇ ਵੀ ਤਰ੍ਹਾਂ ਕਿਸੇ ਕਾਰਨ ਬੋਲੀ ਫਾਰਮ ਅਤੇ ਈ ਐੱਮ ਡੀ ਦੇਰੀ ਨਾਲ ਪ੍ਰਾਪਤ ਹੋਣ 'ਤੇ ਵਿਚਾਰ ਨਹੀਂ ਕੀਤੀ ਜਾਵੇਗੀ। ਈ ਐੱਮ ਡੀ ਤੋਂ ਬਿਨਾਂ ਅਤੇ ਰਾਖਵੀਂ ਕੀਮਤ ਤੋਂ ਹੇਠਾਂ ਬੋਲੀ ਸਰਸਰੀ ਤੌਰ 'ਤੇ ਰੱਦ ਕਰ ਦਿੱਤੀ ਜਾਵੇਗੀ।
5. ਬੋਲੀਕਾਰ ਦੇ ਨੈੱਟਵਰਕ 'ਚ ਖਰਾਬੀ ਕਾਰਨ ਕਿਸੇ ਦੇਰੀ/ਨਾਕਾਮੀ ਲਈ ਨਾ ਤਾਂ ਆਰ ਏ ਆਰ ਸੀ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਜ਼ਿੰਮੇਵਾਰ ਹੋਵੇਗਾ। ਅਜਿਹੀਆਂ ਘਟਨਾਵਾਂ ਵਾਸਤੇ ਬੋਲੀਕਾਰਾਂ ਨੂੰ ਬਦਲਵੇਂ ਪਾਵਰ ਬੈਕਅਪਸ ਆਦਿ ਦੀ ਲੋੜੀਂਦੇ ਪ੍ਰਬੰਧ ਕਰਨ ਲਈ ਸਲਾਹ ਦਿੱਤੀ ਜਾਂਦੀ ਹੈ।
6. ਸਾਰੇ ਬੋਲੀਕਾਰਾਂ ਨੂੰ ਸੈਕਸ਼ਨ 29 (ਏ) ਆਈ ਬੀ ਸੀ 2016 ਤਹਿਤ ਵਚਨ ਦੀ ਪਾਲਣਾ ਕਰਨੀ ਪਵੇਗੀ।
7. ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) ਆਰ ਟੀ ਜੀ ਐੱਸ/ਐੱਨ ਈ ਐੱਫ ਟੀ ਫੰਡ ਟਰਾਂਸਫਰ ਰਾਹੀਂ ਚਾਲੂ ਖਾਤਾ ਨੰ. 040211010000004, ਬੈਂਕ ਦਾ ਨਾਂਅ ਯੂਨੀਅਨ ਬੈਂਕ ਆਫ ਇੰਡੀਆ, ਬ੍ਰਾਂਚ ਮੁੰਬਈ ਲਾਭਕਾਰੀ ਦਾ ਨਾਂਅ : "ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ" ਆਈ ਐੱਫ ਐੱਸ ਸੀ ਕੋਡ ਯੂ ਬੀ ਆਈ ਐੱਨ 0590070 ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਈ ਐੱਮ ਡੀ ਵਾਸਤੇ ਚੈੱਕ/ਡਿਮਾਂਡ ਡਰਾਫਟ ਸਵੀਕਾਰ ਨਹੀਂ ਕੀਤੇ ਜਾਣਗੇ।
8. ਰਾਖਵੀਂ ਕੀਮਤ ਤੋਂ ਹੇਠਾਂ ਅਤੇ/ਜਾਂ ਈ ਐੱਮ ਡੀ ਤੋਂ ਬਿਨਾਂ ਬੋਲੀਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ। ਬੋਲੀਕਾਰ ਰੁਪਏ 50,000/- (ਪੰਜਾਹ ਹਜ਼ਾਰ ਰੁਪਏ ਕੇਵਲ) ਦੇ ਗੁਣਾਂਕ 'ਚ ਬੋਲੀ ਰਕਮ 'ਚ ਸੋਧ ਕਰ ਸਕਦੇ ਹਨ। ਇਕੱਲੇ ਹੀ ਬੋਲੀਕਾਰ ਹੋਣ ਦੇ ਮਾਮਲੇ 'ਚ ਬੋਲੀਕਾਰ ਨੂੰ ਘੱਟੋ-ਘੱਟ ਇੱਕ ਵਾਰ ਬੋਲੀ 'ਚ ਸੋਧ ਕਰਵਾਉਣੀ ਜ਼ਰੂਰੀ ਹੋਵੇਗੀ।
9. ਸਫਲ ਬੋਲੀਕਾਰ ਨੂੰ ਬੋਲੀ ਰਕਮ /ਵਿਕਰੀ ਕੀਮਤ (ਪਹਿਲਾਂ ਅਦਾ ਕੀਤੀ ਬਿਆਨਾ ਰਕਮ ਸ਼ਾਮਲ) ਦਾ 25 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ ਤੁਰੰਤ ਬਾਅਦ ਜਮ੍ਹਾਂ ਕਰਵਾਉਣਾ ਪਵੇਗਾ। ਸਫਲ ਬੋਲੀਕਾਰ ਨੂੰ ਬੋਲੀ ਰਕਮ/ਵਿਕਰੀ ਕੀਮਤ ਦਾ ਬਾਕੀ 75 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ 15 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣਾ ਪਵੇਗਾ।
10. ਜੇਕਰ ਸਫਲ ਬੋਲੀਕਾਰ ਉਪਰੋਕਤ ਅਨੁਸਾਰ ਵਿਕਰੀ ਕੀਮਤ ਜਮ੍ਹਾਂ ਕਰਵਾਉਣ 'ਚ ਅਸਫਲ ਰਹੇਗਾ ਤਾਂ ਬਿਨਾਂ ਕਿਸੇ ਨੋਟਿਸ ਸਾਰੇ ਡਿਪਾਜ਼ਟਸ ਈ ਐੱਮ ਡੀ ਸਮੇਤ ਜ਼ਬਤ ਕਰ ਲਏ ਜਾਣਗੇ। ਬੇਸ਼ੱਕ ਬਕਾਇਆ 75 ਫੀਸਦੀ ਦੀ ਅਦਾਇਗੀ ਲਈ ਸਿਰਫ ਅਧਿਕਾਰਤ ਅਫਸਰ ਦੀ ਮਰਜ਼ੀ ਨਾਲ ਹੋਰ ਸਮਾਂ ਦਿੱਤਾ ਜਾ ਸਕਦਾ ਹੈ।
11 ਅਸਫਲ ਬੋਲੀਕਾਰਾਂ ਦੀ ਈ ਐੱਮ ਡੀ ਰਕਮ ਬਿਨਾਂ ਵਿਆਜ ਦੇ, ਈ ਨਿਲਾਮੀ ਵਿਕਰੀ ਅਮਲ ਬੰਦ ਹੋਣ ਤੋਂ ਬਾਅਦ ਵਾਪਸ ਕਰ ਦਿੱਤੀ ਜਾਵੇਗੀ।
12. ਅਧਿਕਾਰਤ ਅਫਸਰ ਵੱਲੋਂ ਦਿੱਤੇ ਗਏ ਵੇਰਵੇ ਉਸ ਦੀ ਜਾਣਕਾਰੀ, ਵਿਸ਼ਵਾਸ ਅਤੇ ਰਿਕਾਰਡਜ਼ ਦੇ ਅਨੁਸਾਰ ਹਨ। ਅਧਿਕਾਰਤ ਅਫਸਰ ਕਿਸੇ ਭੁੱਲ, ਗਲਤ ਬਿਆਨ ਜਾਂ ਗਲਤੀ ਲਈ ਜ਼ਿੰਮੇਵਾਰੀ ਨਹੀਂ ਹੋਵੇਗਾ।
13 ਨਿਮਨਹਸਤਾਖਰੀ ਅਧਿਕਾਰਤ ਅਫਸਰ ਨੂੰ ਕਿਸੇ ਬੋਲੀ ਨੂੰ ਬਿਨਾਂ ਅਗਾਊਂ ਨੋਟਿਸ ਜਾਂ ਬਿਨਾਂ ਕੋਈ ਕਾਰਨ ਦੱਸੇ ਸਵੀਕਾਰ ਜਾਂ ਰੱਦ ਕਰਨ ਜਾਂ ਰੋਕਣ/ਮੁਲਤਵੀ ਕਰਨ/ਵਿਕਰੀ ਰੱਦ ਕਰਨ ਜਾਂ ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ 'ਚ ਸੋਧ ਕਰਨ ਲਈ ਮੁਕੰਮਲ ਅਧਿਕਾਰ ਅਤੇ ਹੱਕ ਪ੍ਰਾਪਤ ਹੈ।
14. ਬੋਲੀਕਾਰਾਂ ਨੂੰ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਪਹਿਲਾਂ ਜਾਇਦਾਦ 'ਤੇ ਚਾਰਜਿਜ਼/ਭਾਰ ਸੰਬੰਧੀ ਚੰਗੀ ਤਰ੍ਹਾਂ ਪੜਤਾਲ ਕਰ ਲੈਣੀ ਚਾਹੀਦੀ ਹੈ ਅਤੇ ਜਾਇਦਾਦ ਦੇ ਟਾਈਟਲ ਅਤੇ ਕੁਆਲਿਟੀ ਸੰਬੰਧੀ ਸੰਤੁਸ਼ਟ ਕਰ ਲੈਣਾ ਚਾਹੀਦਾ ਹੈ। ਆਨ ਲਾਈਨ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਬਾਅਦ ਜਾਇਦਾਦ 'ਤੇ ਚਾਰਜਿਜ/ਭਾਰ ਆਦਿ ਅਤੇ ਹੋਰ ਕੋਈ ਮਸਲਾ, ਦਾਅਵਾ ਆਦਿ ਵਿਚਾਰਿਆ ਨਹੀਂ ਜਾਵੇਗਾ।
15. ਜਾਇਦਾਦ ਦੀ ਵਿਕਰੀ 'ਤੇ ਸਟੈਂਪ ਡਿਊਟੀ/ਰਜਿਸਟਰੇਸ਼ਨ ਫੀਸ ਸਮੇਤ ਕੋਈ ਬਕਾਇਆ, ਟੈਕਸ, ਚਾਰਜਿਜ਼ ਵਿਧਾਨਕ ਜਾਂ ਹੋਰ ਸਿਰਫ ਖਰੀਦਦਾਰ ਨੂੰ ਹੀ ਸਹਿਣ ਕਰਨੇ ਪੈਣਗੇ।
16. ਹੋਰ ਵੇਰਵਿਆਂ ਲਈ ਕਿਰਪਾ ਕਰਕੇ ਰਿਲਾਇੰਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਦੇ ਉਪਰੋਕਤ ਦਰਸਾਏ ਪਤੇ 'ਤੇ ਸ੍ਰੀ ਅਕਸ਼ੈ ਰਾਓ, ਵਾਈਸ ਪ੍ਰੈਜ਼ੀਡੈਂਟ ਲੀਗਲ, ਮੋਬਾਇਲ ਨੰ. 9136763354, ਸ੍ਰੀ ਨਰਿੰਦਰ ਸ਼ੁਕਲਾ ਅਸਿਸਟੈਂਟ ਵਾਈਸ ਪ੍ਰੈਜ਼ੀਡੈਂਟ ਅਤੇ ਅਧਿਕਾਰਤ ਅਫਸਰ-ਰੈਜ਼ੋਲੂਸ਼ਨ, ਮੋਬਾਇਲ ਨੰ. 9321339065 ਅਤੇ ਸ੍ਰੀ ਹਿਮਾਂਸ਼ੂ ਯਾਦਵ ਲੀਗਲ ਮੋਬਾਇਲ ਨੰ. 9892049543 ਨਾਲ ਸੰਪਰਕ ਕੀਤਾ ਜਾਵੇ।
17 ਵਿਕਰੀ ਸਰਟੀਫਿਕੇਟ, ਵਿਕਰੀ ਅਮਲ ਦੀ ਪ੍ਰਾਪਤੀ ਅਤੇ ਸਕਿਉਰਡ ਕ੍ਰੈਡਿਟਰ ਵੱਲੋਂ ਵਿਕਰੀ ਦੀ ਪੁਸ਼ਟੀ ਤੋਂ ਬਾਅਦ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ ਸਫਲ ਬੋਲੀਕਾਰ ਦੇ ਨਾਂਅ 'ਤੇ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ 'ਚ ਉਸ ਵਿਅਕਤੀ, ਜਿਸ ਨੇ ਈ-ਨਿਲਾਮੀ ਦੌਰਾਨ ਬੋਲੀ ਪੇਸ਼ ਕੀਤੀ/ਹਿੱਸਾ ਲਿਆ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨਾਂਅ ਤਬਦੀਲ ਕਰਨ ਲਈ ਕੋਈ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।

ਇਹ ਨੋਟਿਸ ਕਰਜ਼ਦਾਰ/ਗਰੰਟਰ/ਰਹਿਣਕਾਰ ਲਈ ਸਰਫੇਸੀ ਐਕਟ ਅਤੇ ਇਸ ਅਧੀਨ ਬਣੇ ਨਿਯਮਾਂ ਤਹਿਤ 30 ਦਿਨਾਂ ਦਾ ਵਿਧਾਨਕ ਨੋਟਿਸ ਵੀ ਹੈ।

ਸਥਾਨ : ਪਟਿਆਲਾ — ਅਧਿਕਾਰਤ ਅਫਸਰ
ਮਿਤੀ : 17.05.2025 — ਵਾਸਤੇ ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ


## ਕੈਂਬਰਿਜ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਛਾਏ

**ਸੰਗਰੂਰ (ਪ੍ਰਵੀਨ ਸਿੰਘ)**-ਸੀ.ਬੀ.ਐਸ.ਈ. ਬੋਰਡ ਵੱਲੋਂ ਐਲਾਨੇ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਕੈਂਬਰਿਜ ਇੰਟਰਨੈਸਨਲ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਨਤੀਜਿਆਂ ਬਾਰੇ ਪ੍ਰਿੰਸੀਪਲ ਮਨਦੀਪ ਛੰਨਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਕੂਲ ਦਾ ਨਤੀਜਾ ਸੌ ਫ਼ੀਸਦੀ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਕੂਲ ਦੇ ਸਾਰੇ ਹੀ ਵਿਦਿਆਰਥੀਆਂ ਨੇ ਵਧੀਆ ਅੰਕ ਹਾਸਲ ਕਰਕੇ ਇਲਾਕੇ ਵਿੱਚ ਸਕੂਲ ਦੇ ਮੋਹਰੀ ਹੋਣ ਦਾ ਮਾਣ ਬਰਕਰਾਰ ਰੱਖਿਆ ਹੈ। ਉਨ੍ਹਾਂ ਦੱਸਿਆ ਕਿ ਜਮਾਤ 10ਵੀਂ ਦੇ ਵਿਦਿਆਰਥੀ ਸਾਰਾਂਸ ਗੋਇਲ ਨੇ ਸਕੂਲ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ।ਦਸਵੀਂ ਦੀ ਵਿਦਿਆਰਥਣ ਗੁਰਪ੍ਰੀਤ ਕੌਰ, ਹਰਮਨਦੀਪ ਕੌਰ ਅਤੇ ਵਿਦਿਆਰਥੀ ਸਵਰਨਜੀਤ ਸਿੰਘ ਨੇ ਪੰਜਾਬੀ ਵਿਸ਼ੇ ਵਿੱਚੋਂ 100-100 ਅੰਕ, ਜਸਕਰਨਜੀਤ ਕੌਰ ਨੇ ਅੰਗਰੇਜ਼ੀ ਵਿਸ਼ੇ ਵਿੱਚੋਂ 94 ਅੰਕ ਅਸ਼ਨੂਰ ਕੌਰ ਤੇ ਦਿਵਿਆਸ਼ੂ ਚੌਹਾਨ ਨੇ 93-93 ਅੰਕ, ਸਾਰਅੰਸ਼ ਗੋਇਲ ਨੇ ਗਣਿਤ ਵਿਸ਼ੇ ਵਿੱਚੋਂ 96 ਅੰਕ, ਅਕਸ਼ਿਤ ਸੂਰੀ ਨੇ 94 ਅੰਕ, ਵਿਗਿਆਨ ਵਿਸ਼ੇ ਵਿੱਚੋਂ ਕਰਨਵੀਰ ਸਿੰਘ ਨੇ 94 ਅੰਕ ਹਾਸਲ ਕੀਤੇ। ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਜਸ਼ਨਦੀਪ ਕੌਰ ਗਿੱਲ ਤੇ ਪ੍ਰਨਾਵੀ ਸਿੰਗਲਾ ਨੇ 95 ਫ਼ੀਸਦੀ ਅੰਕ ਹਾਸਲ ਕਰਕੇ ਜਮਾਤ ਵਿਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਪ੍ਰਥਮ ਗੋਇਲ ਨੇ 94.2 ਫ਼ੀਸਦੀ ਲਕਸਦੀਪ ਸਿੰਘ ਨੇ 92.6 ਫੀਸਦੀ ਅਨਿਰੁੱਧ ਨੇ 88.6 ਜਸ਼ਨ ਬੱਗਾ ਨੇ 87 ਫ਼ੀਸਦੀ ਗੁਰਪ੍ਰੀਤ ਸਿੰਘ ਨੇ 85.2 ਫ਼ੀਸਦੀ ਸਮਰਿਧੀ ਸਰਮਾ ਨੇ 84.2 ਜਸਲੀਨ ਕੌਰ ਨੇ 84 ਫ਼ੀਸਦੀ ਤੇ ਰਾਹੁਲਇੰਦਰ ਨੇ 81.2 ਅੰਕ ਪ੍ਰਾਪਤ ਕਰਕੇ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਚੈਅਰਮੈਨ ਇੰਜਨੀਅਰ ਸ਼ਿਵ ਆਰੀਆ ਨੇ ਵਿਦਿਆਰਥੀਆਂ ਦੀ ਇਸ ਸਫ਼ਲਤਾ ਦਾ ਸਿਹਰਾ ਸਕੂਲ ਦੇ ਕਾਬਲ ਅਧਿਆਪਕਾ ਸਿਰ ਬੱਝਦਾ, ਕਿਉਂਕਿ ਅਧਿਆਪਕ ਬਹੁਤ ਹੀ ਮਿਹਨਤ ਤੇ ਲਗਨ ਨਾਲ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਦੇ ਆ ਰਹੇ ਹਨ, ਜਿਸ ਸਦਕਾ ਜਮਾਤ ਬਾਰ੍ਹਵੀਂ ਤੇ ਦਸਵੀਂ ਦੇ ਨਤੀਜਿਆਂ ਨੇ ਮਿਸਾਲ ਕਾਇਮ ਕੀਤੀ ਹੈ।

## 125 ਪੈਨਸ਼ਨਾਂ ਤੇ 15 ਮੈਡੀਕਲ ਚੈੱਕ ਵੰਡੇ

**ਸੰਗਰੂਰ (ਪ੍ਰਵੀਨ ਸਿੰਘ)**-ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਹਰਮਨ ਹੋਟਲ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ 125 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਦਿੱਤੇ ਗਏ।ਇਸ ਸਮੇਂ ਟਰੱਸਟ ਵੱਲੋਂ 15 ਮੈਡੀਕਲ ਸਹਾਇਤਾ ਦੇ ਚੈਕ ਵੀ ਲੋੜਵੰਦਾਂ ਨੂੰ ਦਿੱਤੇ ਗਏ।ਜ਼ਿਲ੍ਹਾ ਸੰਗਰੂਰ ਦੇ ਪਿੰਡ ਖੇੜੀ-ਜੱਟਾਂ ਵਿਖੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਨਾਉਣ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 1 ਸਤੰਬਰ 2015 ਤੋਂ ਕੰਪਿਊਟਰ ਸੈਂਟਰ ਚੱਲ ਰਿਹਾ।ਵਰਣਨਯੋਗ ਹੈ ਕਿ ਪਿੰਡ ਖੇੜੀ ਜੱਟਾਂ ਵਿੱਖੇ ਨੇੜੇ ਦੇ 7-8 ਪਿੰਡਾਂ ਦੇ ਮੁੰਡੇ ਤੇ ਕੁੜੀਆਂ ਇਸ ਕੰਪਿਊਟਰ ਸੈਂਟਰ ਦਾ ਲਗਾਤਾਰ ਲਾਹਾ ਲੈ ਕੇ ਰੁਜ਼ਗਾਰ ਦੇ ਯੋਗ ਹੋ ਰਹੇ ਹਨ।ਇਸ ਸਮੇਂ ਟਰੱਸਟ ਦੇ ਜਿਲ੍ਹਾ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਨੇ ਦੱਸਿਆ ਕਿ ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਕਿਸੇ ਤੋਂ ਆਰਥਿਕ ਮਦਦ ਲਏ ਬਿਨਾਂ ਆਪਣੇ ਸੋਮੇ ਸਾਧਨਾਂ ਵਿੱਚੋਂ 98 ਪ੍ਰਤੀਸ਼ਤ ਲੋਕ ਭਲਾਈ ਦੇ ਕੰਮਾਂ ਲਈ ਖਰਚ ਕਰਦੇ ਆ ਰਹੇ ਹਨ।

## ਸ਼੍ਰੋਮਣੀ ਕਮੇਟੀ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ 'ਚ ਲਗਾਉਣ ਦਾ ਫੈਸਲਾ ਵਾਪਸ ਲਵੇ : ਦਲ ਖ਼ਾਲਸਾ

**ਮੋਗਾ (ਇਕਬਾਲ ਸਿੰਘ ਖਹਿਰਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਤੇ ਦਿਨੀ ਪੰਜ ਸਿੱਖਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ। ਜਿਸ ਵਿੱਚ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦਾ ਨਾਂਅ ਵੀ ਸ਼ਾਮਲ ਹੈ। ਸ਼੍ਰੋਮਣੀ ਕਮੇਟੀ ਦੇ ਇਸ ਫ਼ੈਸਲੇ ਦਾ ਸਿੱਖ ਜਥੇਬੰਦੀ ਦਲ ਖ਼ਾਲਸਾ ਨੇ ਵਿਰੋਧ ਕੀਤਾ ਹੈ। ਇਸ ਸਬੰਧੀ ਦਲ ਖ਼ਾਲਸਾ ਮੋਗਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਗੁਰਦੁਆਰਾ ਛਾਉਣੀ ਨਿਹੰਗ ਸਿੰਘਾਂ ਵਿਖੇ ਹੋਈ। ਜਿਸ ਦੀ ਅਗਵਾਈ ਕਰਦੇ ਹੋਏ ਦਲ ਖਾਲਸਾ ਦੇ ਜ਼ਿਲ੍ਹਾ ਪ੍ਰਧਾਨ ਸਾਰਜ ਸਿੰਘ ਬਹਿਰਾਮਕੇ, ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਖ਼ਾਲਿਸਤਾਨੀ ਅਤੇ ਸੀਨੀਅਰ ਆਗੂ ਜਗਜੀਤ ਸਿੰਘ ਖੋਸਾ ਨੇ ਕੀਤੀ। ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਆਗੂਆਂ ਨੇ ਕਿਹਾ ਕਿ ਸੰਗਤ ਦੀ ਸਾਂਝੀ ਰਾਏ ਅਤੇ ਡਾ. ਸਿੰਘ ਦੇ ਜੀਵਨ ਨੂੰ ਵੇਖਦੇ ਹੋਏ ਮਤਾ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਕਿ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਦੀ ਤਸਵੀਰ ਲਈ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਕੋਈ ਜਗ੍ਹਾ ਨਹੀਂ ਬਣਦੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਆਪਣਾ ਫ਼ੈਸਲਾ ਵਾਪਸ ਲੈਣਾ ਚਾਹੀਦਾ ਹੈ।



ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਨੇ ਆਪਣੀ ਪੂਰੀ ਜ਼ਿੰਦਗੀ ਸਿੱਖ ਕੌਮ ਦੀ ਨਹੀਂ ਸਗੋਂ ਭਾਰਤ ਦੀ ਸੇਵਾ ਕੀਤੀ ਹੈ, ਜਿਸ ਲਈ ਉਨ੍ਹਾ ਨੂੰ ਭਾਰਤ ਵਿੱਚ ਉੱਚ ਅਹੁਦਿਆਂ ਨਾਲ ਨਿਵਾਜਿਆ ਜਾਂਦਾ ਰਿਹਾ ਹੈ। ਪਰ ਜੋ ਇਨਸਾਨ 10 ਸਾਲ ਤੱਕ ਭਾਰਤ ਦੇ ਉੱਚ ਅਹੁਦੇ 'ਤੇ ਰਹਿੰਦਿਆਂ ਸਿੱਖ ਹਿੱਤਾਂ ਅਤੇ ਪਛਾਣ ਦੀ ਕੋਈ ਵੀ ਸੇਵਾ ਨਹੀਂ ਕਰ ਸਕਿਆ ਉਸ ਦੀ ਤਸਵੀਰ ਲਈ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਕੋਈ ਜਗ੍ਹਾ ਨਹੀਂ ਬਣਦੀ। ਉਨ੍ਹਾਂ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸਿਰਫ਼ ਕੌਮ ਲਈ ਸ਼ਹੀਦ ਹੋਣ ਵਾਲੇ, ਸੰਘਰਸ਼ ਕਰਨ ਵਾਲੇ ਅਤੇ ਪੰਥ ਦੀ ਸੇਵਾ ਕਰਨ ਵਾਲਿਆਂ ਦੀ ਤਸਵੀਰ ਹੀ ਲੱਗ ਸਕਦੀ ਹੈ।

## ਪਾਬੰਦੀਸ਼ੁਦਾ 50 ਨਸ਼ੀਲੀਆਂ ਗੋਲੀਆਂ ਸਮੇਤ 2 ਕਾਬੂ



**ਅਲਾਵਲਪੁਰ (ਮਦਨ ਬੰਗੜ)**- ਪੁਲਸ ਚੌਕੀ ਅਲਾਵਲਪੁਰ ਵੱਲੋਂ ਦੋ ਵਿਅਕਤੀਆਂ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਅਲਾਵਲਪੁਰ ਪੁਲਿਸ ਚੌਕੀ ਇੰਚਾਰਜ ਏਐਸ ਆਈ ਪਰਮਜੀਤ ਸਿੰਘ ਨੇ ਦੱਸਿਆ ਕਿ ਜਦੋਂ ਉਹ ਦੂਰਨੇ ਗਸ਼ਤ ਅਲਾਵਲਪੁਰ ਤੋਂ ਬਿਆਸ ਪਿੰਡ ਵੱਲ ਜਾ ਰਹੇ ਸਨ ਤਾਂ ਬਿਆਸ ਪਿੰਡ ਵੱਲੋਂ ਆਉਂਦੇ ਇਕ ਮੋਟਰਸਾਈਕਲ ਤੇ ਸਵਾਰ ਦੋ ਵਿਅਕਤੀ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਏ ਅਤੇ ਪਿੱਛੇ ਮੁੜਨ ਲੱਗੇ, ਪੁਲਸ ਪਾਰਟੀ ਵੱਲੋਂ ਉਹਨਾਂ ਨੂੰ ਰੋਕ 'ਤੇ ਜਦੋਂ ਉਹਨਾਂ ਨੂੰ ਕਾਬੂ ਕਰਕੇ ਜਾਂਚ ਕੀਤੀ ਗਈ ਤਾਂ ਉਹਨਾਂ ਪਾਸੋਂ ਮੋਟਰਸਾਈਕਲ ਦੀ ਟੈਂਕ ਨਾਲ ਬੰਨੇ ਹੋਏ ਲਿਫਾਫੇ ਵਿੱਚੋਂ ਪਾਬੰਦੀ ਸ਼ੁਦਾ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਮੁਲਜ਼ਮਾਂ ਦੀ ਪਹਿਚਾਣ ਸੁਖਵਿੰਦਰ ਸਿੰਘ ਉਰਫ ਸੁੱਖਾ ਜੌਹਲ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਜੌਹਲ ਥਾਣਾ ਪਤਾਰਾ ਜ਼ਿਲਾ ਜਲੰਧਰ ਅਤੇ ਮਨਜੀਤ ਕੁਮਾਰ ਪੁੱਤਰ ਸੁਰਿੰਦਰ ਕੁਮਾਰ ਵਾਸੀ ਮੁਹੱਲਾ ਬੇਗਮਪੁਰਾ ਆਦਮਪੁਰ ਜ਼ਿਲ੍ਹਾ ਜਲੰਧਰ ਵਜੋਂ ਹੋਈ ਹੈ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੇਰ ਦੀ ਵਿਦਿਆਰਥਣ ਦੀਕਸ਼ਾ ਡੀ ਈ ਓ ਵੱਲੋਂ ਸਨਮਾਨਤ



**ਨੰਗਲ (ਸੁਰਜੀਤ ਢੇਰ):** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੇਰ ਦੀ ਵਿਦਿਆਰਥਣ ਦੀਕਸ਼ਾ ਨੇ ਜ਼ਿਲ੍ਹਾ ਮੈਰਿਟ ਵਿੱਚ ਆਪਣੀ ਥਾਂ ਬਣਾਈ। ਇਸ ਉਪਲਬਧ 'ਤੇ ਸਕੂਲ ਵਿੱਚ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਜ਼ਿਲ੍ਹਾ ਸਿੱਖਿਆ ਅਫਸਰ ਰੂਪਨਗਰ (ਸੈ. ਸੀ.) ਪ੍ਰੇਮ ਕੁਮਾਰ ਮਿੱਤਲ ਵਲੋਂ ਉਸਨੂੰ ਸਨਮਾਨਤ ਕੀਤਾ ਗਿਆ। ਇਸ ਸੰਬੰਧੀ ਡੀ ਐਮ ਦਿਸ਼ਾਂਤ ਮਹਿਤਾ ਨੇ ਦੱਸਿਆ ਕਿ ਮੈਰਿਟ ਅਸੈਂਬਲੀ ਦੌਰਾਨ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸੀ.) ਸੁਰਿੰਦਰ ਪਾਲ ਸਿੰਘ, ਜੋ ਕਿ ਅੱਜਕੱਲ੍ਹ ਸਕੂਲ ਦਾ ਚਾਰਜ ਵੀ ਸੰਭਾਲ ਰਹੇ ਹਨ, ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਹ ਸਕੂਲ ਲਈ ਮਾਣ ਦੀ ਗੱਲ ਹੈ ਕਿ ਪਹਿਲੀ ਵਾਰ ਕਿਸੇ ਵਿਦਿਆਰਥੀ ਨੇ ਮੈਰਿਟ ਵਿੱਚ ਥਾਂ ਬਣਾਈ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਦੀਕਸ਼ਾ ਨੂੰ ਅਧਿਆਪਕਾਂ ਵਲੋਂ ਘਰ ਤੋਂ ਸਕੂਲ ਤੱਕ ਢੋਲ ਨਗਾਰੇ ਨਾਲ ਲਿਆਂਦਾ ਗਿਆ ਅਤੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਖੁਸ਼ੀ ਦੇ ਮੌਕੇ 'ਤੇ ਪਿੰਡ ਢੇਰ ਦੇ ਵਾਸੀਆਂ ਵੱਲੋਂ ਲੱਡੂ ਵੰਡੇ ਗਏ। ਇਸ ਮੌਕੇ 'ਤੇ ਪ੍ਰੇਮ ਕੁਮਾਰ ਮਿੱਤਲ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸੀ.) ਨੇ ਕਿਹਾ "ਇਹ ਸਿਰਫ ਸਕੂਲ ਲਈ ਹੀ ਨਹੀਂ, ਸਗੋਂ ਸਾਡੇ ਪੂਰੇ ਜ਼ਿਲ੍ਹੇ ਲਈ ਮਾਣ ਦੀ ਗੱਲ ਹੈ ਕਿ ਇੱਕ ਸਰਕਾਰੀ ਸਕੂਲ ਦੀ ਵਿਦਿਆਰਥਣ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਮੈਰਿਟ ਵਿੱਚ ਥਾਂ ਬਣਾਈ। ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ। ਮੈਂ ਦੀਕਸ਼ਾ ਨੂੰ ਉਸ ਦੀ ਸਫਲਤਾ ਲਈ ਤਹਿ ਦਿਲੋਂ ਵਧਾਈ ਦਿੰਦਾ ਹਾਂ ਅਤੇ ਅਧਿਆਪਕਾਂ ਨੂੰ ਵੀ ਸ਼ਾਬਾਸ਼ੀ ਦਿੰਦਾ ਹਾਂ ਜੋ ਵਿਦਿਆਰਥੀਆਂ ਦੀ ਸਹੀ ਦਿਸ਼ਾ ਵਿੱਚ ਰਹਿਨੁਮਾਈ ਕਰ ਰਹੇ ਹਨ। ਇਸ ਮੌਕੇ ਹਲਕਾ ਸਿੱਖਿਆ ਕੋਆਰਡੀਨੇਟਰ ਦਇਆ ਸਿੰਘ, ਬੀਐਨਓ ਆਨੰਦਪੁਰ ਸਾਹਿਬ ਸ਼ਰਨਜੀਤ ਸਿੰਘ, ਡੀਐਮ ਕੰਪਿਊਟਰ ਦਿਸ਼ਾਂਤ ਮਹਿਤਾ, ਸਕੂਲ ਦੇ ਸਟਾਫ ਇੰਚਾਰਜ ਸ੍ਰੀਮਤੀ ਮਮਤਾ ਬਖਸ਼ੀ, ਸੰਜੇ ਕਪਲਸ, ਹਰਦੀਪ ਸਿੰਘ, ਸਰਿਤਾ ਦੇਵੀ, ਸਤਿਕਾਰ ਦੀਪ ਕੌਰ, ਨਵਨੀਤ ਕੌਰ, ਹਰਿੰਦਰ ਕੌਰ, ਬਿੰਦੂ ਸ਼ਰਮਾ, ਦਲਵੀਰ ਕੌਰ, ਮੋਨਿਕਾ ਸ਼ਰਮਾ, ਜਸਵਿੰਦਰ ਕੌਰ, ਮਨਪ੍ਰੀਤ ਕੌਰ, ਰਿਵਿੰਦਰ ਕੌਰ, ਗੀਤਾ ਸ਼ਰਮਾ, ਗੁਰਪ੍ਰੀਤ ਸਿੰਘ, ਹਰਮਿੰਦਰ ਸਿੰਘ, ਸੁਰਿੰਦਰ ਕੁਮਾਰ, ਨਰਿੰਦਰ ਪਾਲ ਐਸ ਐਮ ਸੀ ਚੇਅਰਮੈਨ ਨਰਿੰਦਰ ਸਿੰਘ, ਸਿੱਖਿਆ ਸ਼ਾਸਤਰੀ ਗੁਰਦੇਵ ਸਿੰਘ, ਐਸ ਐਮ ਸੀ ਕਮੇਟੀ ਦੇ ਮੈਂਬਰ ਅਤੇ ਮਾਪੇ ਵੀ ਮੌਜੂਦ ਸਨ।

## ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਨਵੇਂ ਵਿੱਦਿਅਕ ਵਰ੍ਹੇ ਲਈ ਦਾਖਲੇ ਸ਼ੁਰੂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਦੇ ਅਧੀਨ ਨਾ ਮਾਤਰ ਫੀਸ ਨਾਲ ਚੱਲ ਰਹੀ ਵਿੱਦਿਅਕ ਸੰਸਥਾ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਐੱਸ.ਏ.ਐੱਸ. ਨਗਰ ਮੋਹਾਲੀ ਵਿਖੇ ਵਿੱਦਿਅਕ ਵਰ੍ਹੇ 2025-26 ਲਈ ਦਾਖਲੇ ਸ਼ੁਰੂ ਹੋ ਗਏ ਹਨ। ਕਾਲਜ ਡਾਇਰੈਕਟਰ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਰਿਟਾ.) ਨੇ ਦੱਸਿਆ ਕਿ ਇਹ ਇੰਸਟੀਚਿਊਟ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਤੋਂ ਮਾਨਤਾ ਪ੍ਰਾਪਤ ਹੈ, ਜਿੱਥੇ ਵਿਦਿਆਰਥੀਆਂ ਦੇ ਭਵਿੱਖ ਨੂੰ ਉਜਵਲ ਬਣਾਉਣ ਲਈ ਟੈਕਨੀਕਲ ਕੋਰਸ ਕਰਵਾਏ ਜਾਂਦੇ ਹਨ, ਜਿਸ ਵਿੱਚ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਅਤੇ ਗਰੀਬ ਵਰਗ ਦੇ ਬੱਚਿਆਂ ਨੂੰ ਟੈਕਨੀਕਲ ਸਿੱਖਿਆ ਦਾ ਕੋਰਸ ਪੀ.ਜੀ.ਡੀ.ਸੀ.ਏ. (ਇੱਕ ਸਾਲ) ਜੋ ਕਿ ਗ੍ਰੈਜੂਏਸ਼ਨ ਤੋਂ ਬਾਅਦ, ਬੀ.ਐਸ. ਸੀ (ਆਈ. ਟੀ.) (ਤਿੰਨ ਸਾਲ) ਜੋ ਕਿ ਬਾਰ੍ਹਵੀਂ ਤੋਂ ਬਾਅਦ ਅਤੇ ਇਸ ਤੋਂ ਇਲਾਵਾ ਬੇਸਿਕ ਕੋਰਸ (ਤਿੰਨ ਮਹੀਨੇ) ਕਰਵਾਏ ਜਾਂਦੇ ਹਨ। ਇਨ੍ਹਾਂ ਕੋਰਸਾਂ ਦੀ ਫੀਸ ਨਾ ਮਾਤਰ ਹੈ। ਉਸ ਦੇ ਨਾਲ ਹੀ ਪੰਜਾਬੀ ਸ਼ਾਰਟਹੈਂਡ ਸਟੈਨੋ ਦੇ ਦਾਖਲੇ ਲਈ ਸਿਰਫ ਪੰਜਾਬੀ ਦੀ ਮੰਗ ਕੀਤੀ ਜਾਂਦੀ ਹੈ। ਇਨ੍ਹਾਂ ਕੋਰਸਾਂ ਦੀ ਫੀਸ ਵੀ ਨਾ ਮਾਤਰ ਹੈ। ਸਿਖਲਾਈ ਲੈਣ ਵਾਲੇ ਚਾਹਵਾਨ ਉਮੀਦਵਾਰ ਮਿਤੀ 15 ਜੁਲਾਈ 2025 ਤੋਂ ਪਹਿਲਾਂ ਦਾਖਲਾ ਫਾਰਮ ਪ੍ਰਾਪਤ ਕਰ ਸਕਦੇ ਹਨ। ਦਾਖਲਾ ਮੈਰਿਟ ਦੇ ਆਧਾਰ 'ਤੇ ਕੀਤਾ ਜਾਵੇਗਾ। ਪ੍ਰਿੰਸੀਪਲ ਡਾ. ਕਵਿਤਾ ਠਾਕੁਰ ਨੇ ਦੱਸਿਆ ਕਿ ਪੰਜਾਬੀ ਸ਼ਾਰਟਹੈਂਡ ਦਾ ਕੋਰਸ ਭਾਸ਼ਾ ਵਿਭਾਗ ਪਟਿਆਲਾ ਦੇ ਸਿਲੇਬਸ ਅਨੁਸਾਰ ਹੀ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅਕਾਦਮਿਕ ਵਿਕਾਸ ਤੋਂ ਇਲਾਵਾ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਗੈਸਟ ਲੈਕਚਰਾਰ, ਐਜੂਕੇਸ਼ਨਲ ਸੈਮੀਨਾਰ, ਪੰਜਾਬੀ-ਇੰਗਲਿਸ਼ ਟਾਈਪਿੰਗ ਇੰਟਰਵਿਊ ਫੇਸਿੰਗ ਅਤੇ ਸਖਸ਼ੀਅਤ ਵਿਕਾਸ ਤਕਨੀਕਾਂ ਦੀ ਤਿਆਰੀ ਕਰਵਾਈ ਜਾਂਦੀ ਹੈ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਨੂੰ ਚੰਗਾ ਰੋਜ਼ਗਾਰ ਮਿਲ ਸਕੇ। ਇਸ ਮੌਕੇ ਉਨ੍ਹਾਂ ਕਿਹਾ ਕਿ ਚਾਹਵਾਨ ਵਿਦਿਆਰਥੀਆਂ ਕਾਲਜ ਵਿਖੇ ਦਾਖਲਾ ਲੈ ਸਕਦੇ ਹਨ।

## ਗ੍ਰਿਫਤਾਰ ਲੋਕਾਂ ਨੂੰ ਫੌਰੀ ਰਿਹਾਅ ਕੀਤਾ ਜਾਵੇ : ਪਾਸਲਾ



**ਜਲੰਧਰ (ਰਾਜੇਸ਼ ਥਾਪਾ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਅਬੋਹਰ ਨੇੜਲੇ ਸੀਡ ਫਾਰਮ ਦੇ ਆਬਾਦਕਾਰਾਂ ਨੂੰ ਨਿਆਂ ਦਿਵਾਉਣ ਲਈ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਸੈਂਕੜੇ ਕਿਸਾਨਾਂ-ਮਜ਼ਦੂਰਾਂ ਤੇ ਬੀਬੀਆਂ ਨੂੰ ਪੁਲਸ ਵਲੋਂ ਸੂਬਾ ਸਰਕਾਰ ਦੇ ਹੁਕਮਾਂ ਤਹਿਤ ਗ੍ਰਿਫਤਾਰ ਕਰਨ ਸ਼ਰਮਨਾਕ ਕਰਤੂਤ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਜ਼ਿਕਰਯੋਗ ਹੈ ਕਿ ਇਲਾਕੇ ਦੇ ਇਨਸਾਫ ਪਸੰਦ ਲੋਕ, ਜਮਹੂਰੀ ਜਨਤਕ ਸੰਗਠਨਾਂ ਦੀ ਅਗਵਾਈ ਹੇਠ ਭਗਵਾਨ ਮਾਲਾ ਪ੍ਰਾਜੈਕਟ ਲਈ ਜ਼ਮੀਨ ਅਕੁਆਇਰ ਕਰਨ ਵਾਸਤੇ ਸੀਡ ਫਾਰਮ ਦੇ ਆਬਾਦਕਾਰਾਂ ਨੂੰ ਬਿਨਾਂ ਮੁਆਵਜ਼ਾ ਉਜਾੜੇ ਜਾਣ ਦੇ ਸੂਬਾ ਸਰਕਾਰ ਦੇ ਨਾਦਰਸ਼ਾਹੀ ਹੁਕਮਾਂ ਵਿਰੁੱਧ ਪਿਛਲੇ ਤਕਰੀਬਨ ਡੇਢ ਸਾਲ ਤੋਂ ਅਮਨ ਪੂਰਵਕ, ਬਾਜ਼ਾਬਤਾ ਸੰਘਰਸ਼ ਲੜ ਰਹੇ ਹਨ।ਪੁਲਸ ਨੇ ਕੁਝ ਹਫਤੇ ਪਹਿਲਾਂ ਵੀ ਪ੍ਰਸ਼ਾਸਨ ਦੀ ਅਜਿਹੀ ਧੱਕੇਸ਼ਾਹੀ ਖਿਲਾਫ ਲੱਗੇ ਪੱਕੇ ਮੋਰਚੇ ਦਾ ਟੈਂਟ ਆਦਿ ਪੁੱਟ ਕੇ ਉੱਥੇ ਮੌਜੂਦ ਕਿਸਾਨਾਂ-ਮਜ਼ਦੂਰਾਂ ਨੂੰ ਫੜ ਲਿਆ ਸੀ।ਪਾਰਟੀ ਆਗੂਆਂ ਨੇ ਗ੍ਰਿਫਤਾਰ ਲੋਕਾਂ ਨੂੰ ਫੌਰੀ ਰਿਹਾਅ ਕਰਨ ਅਤੇ ਹੱਕੀ ਘੋਲ ਲੜ ਰਹੇ ਲੋਕਾਂ ਦੀਆਂ ਵਾਜਬ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ ਹੈ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ



ਸਾਹਿਬ ਦਾ 12ਵੀਂ ਜਮਾਤ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ।ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਬੋਰਡ ਦੀਆਂ ਕਲਾਸਾਂ ਦੇ ਨਤੀਜੇ ਹਮੇਸ਼ਾ 100 ਫੀਸਦੀ ਹੀ ਰਹਿੰਦੇ ਹਨ। ਉਹਨਾਂ ਦੱਸਿਆ ਕਿ ਇਸ ਸਕੂਲ ਤੋਂ ਵਿਦਿਆਰਥੀ ਵਿੱਦਿਆ ਹਾਸਲ ਕਰਕੇ ਦੇਸ਼ਾਂ ਵਿਦੇਸ਼ਾਂ ਵਿੱਚ ਵਧੀਆ ਨੌਕਰੀ ਜਾਂ ਕਾਰੋਬਾਰ ਕਰ ਰਹੇ ਹਨ। ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਕਿ ਸੈਸ਼ਨ 2024-25 ਦਾ ਬਾਰਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਉਹਨਾਂ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਆਦਿੱਤਿਆ ਸ਼ਰਮਾ ਅਤੇ ਵਰੁਣ ਸ਼ਰਮਾ ਨੂੰ ਮੁਬਾਰਕਬਾਦ ਦਿੱਤੀ ਅਤੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੂੰ ਵੀ ਮਿਹਨਤ ਕਰਕੇ ਵਧੀਆ ਪੁਜੀਸ਼ਨਾਂ ਹਾਸਲ ਕਰਨ ਲਈ ਪ੍ਰੇਰਿਆ। ਇਸ ਮੌਕੇ ਨਿਸ਼ਾ ਗਰਗ, ਦੀਪਾਂਜਲੀ ਸ਼ਰਮਾ, ਜਸਪ੍ਰੀਤ ਕੌਰ ਸਮੇਤ ਸਮੁੱਚਾ ਸਕੂਲ ਸਟਾਫ ਹਾਜਰ ਸੀ।

## ਡੀ ਸੀ ਨੇ ਨਸ਼ਾ ਮੁਕਤੀ ਕੇਂਦਰ ਮੋਹਾਲੀ ਦੇ ਕੰਮਕਾਜ ਦਾ ਜਾਇਜ਼ਾ ਲਿਆ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)** ਨਵੇਂ ਸ਼ੁਰੂ ਕੀਤੇ ਗਏ ਹੁਨਰ ਵਿਕਾਸ ਕੋਰਸਾਂ ਅਤੇ ਨਸ਼ਾ ਮੁਕਤੀ ਕੇਂਦਰ, ਮੋਹਾਲੀ ਦੇ ਸਮੁੱਚੇ ਕੰਮਕਾਜ ਦਾ ਮੁਲਾਂਕਣ ਕਰਨ ਲਈ, ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਸੁਸਾਇਟੀ, ਐਸ ਏ ਐਸ ਨਗਰ ਦੀ ਚੇਅਰਪਰਸਨ ਕੋਮਲ ਮਿੱਤਲ ਨੇ ਕੇਂਦਰ ਦਾ ਦੌਰਾ ਕੀਤਾ ਅਤੇ ਉੱਥੇ ਇਲਾਜ ਕਰਵਾ ਰਹੇ ਨੌਜੁਆਨਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਕੇਂਦਰ, ਮੋਹਾਲੀ ਨੇੜਲੇ ਭਵਿੱਖ ਵਿੱਚ ਪੰਜਾਬ ਲਈ ਇੱਕ ਮਾਡਲ ਕੇਂਦਰ ਬਣ ਕੇ ਉਭਰੇਗਾ। ਉਨ੍ਹਾਂ ਦੱਸਿਆ ਕਿ ਕਿਸੇ ਵੀ ਨਸ਼ਾ ਪੀੜਤ ਦੇ ਦਾਖਲੇ 'ਤੇ, ਉਸ ਦਾ ਪਹਿਲਾਂ 2-3 ਹਫ਼ਤਿਆਂ ਦਾ ਨਸ਼ਾ ਮੁਕਤੀ ਇਲਾਜ ਕੀਤਾ ਜਾਂਦਾ ਹੈ। ਇਸ ਤੋਂ ਬਾਅਦ, ਉਨ੍ਹਾਂ ਨੂੰ ਇਸੇ ਕੰਪਲੈਕਸ ਦੇ ਅੰਦਰ ਮੁੜ ਵਸੇਬਾ ਕੇਂਦਰ ਵਿੱਚ ਤਬਦੀਲ ਕਰ ਦਿੱਤਾ ਜਾਂਦਾ ਹੈ, ਜਿੱਥੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਰੁਚੀਆਂ ਦੇ ਆਧਾਰ 'ਤੇ ਕੰਪਿਊਟਰ, ਮੋਬਾਈਲ, ਬਿਜਲੀ ਦੇ ਕੰਮ ਅਤੇ ਖਾਣਾ ਬਣਾਉਣ ਵਿੱਚ ਹੁਨਰ ਸਿਖਲਾਈ ਦਿੱਤੀ ਜਾਂਦੀ ਹੈ।ਆਪਣੀ ਫੇਰੀ ਦੌਰਾਨ, ਡੀ ਸੀ ਮਿੱਤਲ ਨੇ ਸਟਾਫ ਨੂੰ ਨਿਰਦੇਸ਼ ਦਿੱਤੇ ਕਿ ਉਹ ਇਹ ਯਕੀਨੀ ਬਣਾਉਣ ਕਿ ਮਰੀਜ਼ਾਂ ਨੂੰ ਉਨ੍ਹਾਂ ਦੀ ਰਿਕਵਰੀ ਪ੍ਰਕਿਰਿਆ ਵਿੱਚ ਸਹਾਇਤਾ ਲਈ ਪੌਸ਼ਟਿਕ ਖੁਰਾਕ ਮਿਲੇ। ਇਸ ਤੋਂ ਇਲਾਵਾ, ਕੇਂਦਰ ਨੂੰ ਮਨੋਰੰਜਨ ਸਹੂਲਤਾਂ, ਯੋਗਾ ਰੂਮ ਅਤੇ ਘਰੇਲੂ ਬਾਗਬਾਨੀ ਗਤੀਵਿਧੀਆਂ ਨਾਲ ਲੈਸ ਕੀਤਾ ਗਿਆ ਹੈ ਤਾਂ ਜੋ ਇਲਾਜ ਲੈਣ ਵਾਲਿਆਂ ਨੂੰ ਆਪਣਾ ਆਪ ਰਚਨਾਤਮਕ ਕੰਮਾਂ ਵਿੱਚ ਲਾਉਣ ਵਿੱਚ ਮੱਦਦ ਮਿਲ ਸਕੇ।ਡੀ ਸੀ ਕੋਮਲ ਮਿੱਤਲ ਨੇ ਦੁਹਰਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ, ਸਿਹਤ ਵਿਭਾਗ ਦੇ ਸਹਿਯੋਗ ਨਾਲ, ਨਸ਼ਾ ਪੀੜਤਾਂ ਦੇ ਮੁਕੰਮਲ ਇਲਾਜ ਅਤੇ ਉਨ੍ਹਾਂ ਦੇ ਜੀਵਨ ਨੂੰ ਮੁੜ ਲੀਹ ਤੇ ਲਿਆਉਣ ਵਿੱਚ ਨਸ਼ਿਆਂ ਦੇ ਆਦੀ ਲੋਕਾਂ ਦਾ ਸਮਰਥਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਦੇ ਨਾਲ ਏ ਡੀ ਸੀ (ਡੀ) ਸੋਨਮ ਚੌਧਰੀ, ਐਸ ਪੀ (ਪੀ ਬੀ ਆਈ) ਦੀਪਿਕਾ ਸਿੰਘ, ਸਿਵਲ ਸਰਜਨ ਡਾ. ਸੰਗੀਤਾ ਜੈਨ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਪਰਵਿੰਦਰ ਪਾਲ ਕੌਰ ਅਤੇ ਮਨੋਰੋਗ ਮਾਹਿਰ ਡਾ. ਪੂਜਾ ਗਰਗ ਵੀ ਸਨ।

## ਕਾਮਰੇਡ ਪ੍ਰੇਮ ਸਿੰਘ ਮੰਢਾਲੀ ਦਾ ਕਾਤਲ ਪੁਲਸ ਮੁਕਾਬਲੇ ਪਿੱਛੋਂ ਕਾਬੂ



**ਬੰਗਾ (ਅਵਤਾਰ ਕਲੇਰ)**—ਬੀਤੇ ਦਿਨੀ ਹਲਕਾ ਬੰਗਾ ਅਧੀਨ ਪੈਂਦੇ ਪਿੰਡ ਮੰਢਾਲੀ ਵਿਖੇ ਛੱਤ ਰਾਹੀਂ ਇਕ ਘਰ ਵਿੱਚ ਵੜ ਕੇ ਕਾਮਰੇਡ ਪ੍ਰੇਮ ਸਿੰਘ ਮੰਢਾਲੀ ਨੂੰ ਕਤਲ ਕਰ ਦਿੱਤਾ ਗਿਆ ਸੀ। ਜਦੋਂ ਕਿ ਉਨ੍ਹਾਂ ਦੀ ਸਾਂਭ ਸੰਭਾਲ ਲਈ ਰਹਿੰਦਾ ਵਿਅਕਤੀ ਵੀ ਉਕਤ ਕਾਤਲ ਨਾਲ ਹੱਥੋਪਾਈ ਹੁੰਦਾ ਹੋਇਆ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਸੀਨੀਅਰ ਪੁਲਸ ਕਪਤਾਨ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਉਕਤ ਹੋਏ ਕਤਲ ਕਾਂਡ ਵਿੱਚ ਉਨ੍ਹਾਂ ਵੱਲੋਂ ਵਿਦੇਸ਼ ਵਿੱਚ ਰਹਿੰਦੇ ਧਰਮਿੰਦਰ ਸਿੰਘ ਨਾਮੀ ਵਿਅਕਤੀ ਜੋ ਪਿੱਛੇ ਪਿੰਡ ਮੰਢਾਲੀ ਦਾ ਹੀ ਰਹਿਣ ਵਾਲਾ ਹੈ ਨੂੰ ਨਾਮਜ਼ਦ ਕੀਤਾ ਗਿਆ ਸੀ। ਜਿਸ ਨੇ ਸੁਪਾਰੀ ਦੇ ਕੇ ਉਕਤ ਕਤਲ ਕਰਵਾਇਆ ਸੀ। ਉਨ੍ਹਾਂ ਦੱਸਿਆ ਜਦੋਂ ਉਕਤ ਮਾਮਲੇ ਦੀ ਤਫਤੀਸ਼ ਨੂੰ ਅੱਗੇ ਵਧਾਇਆ ਗਿਆ ਤਾਂ ਇਹ ਗੱਲ ਸਾਹਮਣੇ ਆਈ ਕਿ ਉਕਤ ਕਤਲ ਪਿੰਡ ਮੰਢਾਲੀ ਦੇ ਹੀ ਰਹਿਣ ਵਾਲੇ ਬਲਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵੱਲੋਂ ਸੁਪਾਰੀ ਲੈ ਕੇ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮੁਖਬਰ ਖਾਸ ਨੇ ਪੁਲਸ ਨੂੰ ਸੂਚਨਾ ਦਿੱਤੀ ਕਿ ਉਕਤ ਵਿਅਕਤੀ ਜਿਸ ਨੇ ਪਿੰਡ ਮੰਢਾਲੀ ਵਿਖੇ ਕਾਮਰੇਡ ਪ੍ਰੇਮ ਸਿੰਘ ਨਾਮੀ ਬੁਜ਼ਰਗ ਦਾ ਕਤਲ ਕੀਤਾ ਸੀ ਉਸ ਨੂੰ ਕਿਸੇ ਗੱਡੀ ਵਾਲੇ ਨੇ ਡ੍ਰੇਨ ਪੁੱਲੀ ਪਿੰਡ ਲਾਦੀਆਂ ਕਟਾਰੀਆਂ ਕੋਲ ਉਤਾਰਿਆ ਹੈ। ਪੁਲਸ ਪਾਰਟੀ ਇਤਲਾਹ ਮਿਲਦੇ ਤੁਰੰਤ ਮੌਕੇ 'ਤੇ ਪੁੱਜ ਗਈ ਅਤੇ ਮੁਲਜਮ ਨੂੰ ਘੇਰਾ ਪਾ ਲਿਆ। ਮੁਲਜਮ ਨੇ ਪੁਲਸ ਪਾਰਟੀ 'ਤੇ ਦੋ ਫਾਇਰ ਕਰ ਦਿੱਤੇ। ਪੁਲਸ ਪਾਰਟੀ ਵੱਲੋਂ ਜਵਾਬੀ ਫਾਇਰ ਕੀਤੇ ਗਏ ਤਾਂ ਇਕ ਗੋਲੀ ਮੁਲਜਮ ਦੀ ਲੱਤ ਵਿੱਚ ਲੱਗ ਗਈ ਅਤੇ ਉਹ ਜ਼ਖਮੀ ਹੋ ਗਿਆ। ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰ ਸਿਵਲ ਹਸਪਤਾਲ ਦਾਖਲ ਕਰਵਾ ਦਿੱਤਾ ਹੈ। ਉਨ੍ਹਾਂ ਦੱਸਿਆ ਦੋਸ਼ੀ 'ਤੇ ਪਹਿਲਾਂ ਵੀ ਲੜਾਈ ਝਗੜੇ ਦੇ ਮਾਮਲੇ ਦਰਜ ਹਨ ਜਦ ਕਿ ਇਕ ਕਤਲ ਦਾ ਵੀ ਮਾਮਲਾ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਸ਼ੁਰੂਆਤੀ ਜਾਂਚ ਦੌਰਾਨ ਇਹ ਵੀ ਗੱਲ ਸਾਹਮਣੇ ਆਈ ਹੈ ਕਿ ਧਰਮਿੰਦਰ ਸਿੰਘ ਜੋ ਵਿਦੇਸ਼ ਵਿੱਚ ਰਹਿੰਦਾ ਹੈ ਦੀ ਪ੍ਰੇਮ ਸਿੰਘ ਨਾਲ ਕੋਈ ਪੁਰਾਣੀ ਰੰਜ਼ਿਸ ਹੈ ਜਿਸਦੇ ਚੱਲਦਿਆ ਧਰਮਿੰਦਰ ਸਿੰਘ ਵੱਲੋਂ ਪ੍ਰੇਮ ਸਿੰਘ ਦਾ ਕਤਲ ਕਰਵਾਇਆ ਗਿਆ ਹੈ ਅਤੇ ਪੁਲਸ ਅੱਗੇ ਹੋਰ ਜਾਂਚ ਕਰ ਰਹੀ ਹੈ।

## ਧਾਰਮਿਕ ਅਸਥਾਨ ਦੇ ਮਸਲੇ ਕਾਰਨ ਬਣੇ ਤਣਾਅ ਦੇ ਹੱਲ ਦੀ ਆਸ ਬੱਝੀ



**ਖਰੜ (ਹਰਨਾਮ ਸਿੰਘ ਡੱਲਾ)** ਸ਼ਹਿਰ ਦੀ ਹਦੂਦ ਅੰਦਰ ਪੈਂਦੇ ਪਿੰਡ ਖਾਨਪੁਰ ਵਿੱਚ ਬਣੀ ਮਸਜਿਦ ਦਾ ਮਾਮਲਾ ਪਿਛਲੇ ਕਈ ਦਿਨਾਂ ਤੋਂ ਗਰਮਾਇਆ ਹੋਇਆ ਹੈ। ਜਿਸ ਦੇ ਸ਼ਾਂਤੀਪੂਰਵਕ ਕਾਨੂੰਨੀ ਹੱਲ ਲਈ ਪਿੰਡ ਦੇ ਮੁਹਤਬਰ ਵਿਅਕਤੀ ਅਤੇ ਮੁਸਲਿਮ ਭਾਈਚਾਰੇ ਦੇ ਲੋਕ ਸੰਜੀਦਾ ਦਿਖਾਈ ਦੇ ਰਹੇ ਹਨ। ਦੱਸਿਆ ਗਿਆ ਹੈ ਕਿ ਦੇਸ਼ ਵੰਡ ਤੋਂ ਬਾਅਦ ਉਕਤ ਮਸਜਿਦ ਉੱਤੇ ਵੱਖ-ਵੱਖ ਵਿਅਕਤੀਆਂ ਦਾ ਕਬਜ਼ਾ ਰਹਿ ਚੁੱਕਾ ਹੈ। ਹੁਣ ਇਹ ਧਾਰਮਿਕ ਸਥਾਨ ਪ੍ਰਵੀਨ ਬਾਂਸਲ ਦੇ ਕਬਜ਼ੇ ਵਿੱਚ ਹੈ। ਜੋ ਕਿ ਇਸ ਅਸਥਾਨ ਅਲਾਟਮੈਂਟ ਦਾ ਆਪਣੇ ਨਾਂਅ ਉੱਤੇ ਹੋਣ ਦਾਅਵਾ ਕਰਦਾ ਹੈ। ਪਿੰਡ ਦੇ ਨੰਬਰਦਾਰ ਕੇਸਰ ਸਿੰਘ ਅਤੇ ਸਾਬਕਾ ਕੌਂਸਲਰ ਰੌਸ਼ਨ ਲਾਲ ਨੇ ਦੱਸਿਆ ਹੈ ਕਿ ਪ੍ਰਵੀਨ ਬਾਂਸਲ ਇਸ ਜਗ੍ਹਾ ਉੱਤੇ ਲੰਮੇ ਸਮੇਂ ਤੋਂ ਕਾਬਜ਼ ਹੈ। ਜਦੋਂ ਕਿ ਪ੍ਰਵੀਨ ਕੁਮਾਰ ਤੋਂ ਪਹਿਲਾਂ ਵੀ ਇਸ ਅਸਥਾਨ ਉੱਤੇ ਵੱਖ-ਵੱਖ ਵਿਆਕਤੀਆਂ ਦਾ ਕਬਜ਼ਾ ਰਹਿ ਚੁੱਕਾ ਹੈ। ਦੂਜੀ ਧਿਰ ਇਕਬਾਲ ਮੁਹੰਮਦ ਅਤੇ ਇਮਰਾਨ ਵਲੋਂ ਥਾਣਾ ਸਿਟੀ ਖਰੜ ਵਿੱਚ ਮਿਤੀ 9 ਮਈ ਨੂੰ ਦਿੱਤੀ ਗਈ ਦਰਖ਼ਾਸਤ ਵਿੱਚ ਕਿਹਾ ਗਿਆ ਹੈ ਇਹ ਮੁਸਲਿਮ ਭਾਈਚਾਰੇ ਦੀ ਪੁਰਾਣੀ ਮਸਜਿਦ ਹੈ ਜੋ ਕਿ ਪੰਜਾਬ ਵਕਫ਼ ਬੋਰਡ ਦੇ ਰਿਕਾਰਡ ਅਨੁਸਾਰ ਗੱਜਟ ਆਫ ਇੰਡੀਆ ਵਿੱਚ 22 ਅਗਸਤ 1990 ਦੀ ਲੜੀ ਨੰਬਰ 388 ਦੇ ਪੰਨਾ 680 ਵਿੱਚ ਵੀ ਦਰਜ ਹੈ। ਜਿਸ ਦਾ ਕੁੱਲ ਰਕਬਾ 9 ਕਨਾਲ਼ 4 ਮਰਲੇ ਤੋਂ ਵੱਧ ਹੈ। ਇਸ ਰਕਬੇ ਵਿੱਚ ਬਣੀ ਮਸਜਿਦ ਉੱਤੇ ਪ੍ਰਵੀਨ ਬਾਂਸਲ ਨੇ ਕਬਜ਼ਾ ਕੀਤਾ ਹੋਇਆ ਹੈ। ਪਿਛਲੇ ਦਿਨੀਂ ਉਸ ਵਲੋਂ ਮਸਜਿਦ ਦੇ ਮੀਨਾਰ ਢਾਹੇ ਜਾਣ ਦੀ ਕੋਸ਼ਿਸ਼ ਕੀਤੀ ਗਈ ਸੀ। ਮੁਸਲਿਮ ਭਾਈਚਾਰੇ ਵਲੋਂ ਉਠਾਏ ਇਤਰਾਜ਼ ਨਾਲ ਭਾਵੇਂ ਮਾਮਲਾ ਕੁੱਝ ਮੱਠਾ ਪੈ ਗਿਆ ਹੈ, ਪਰ ਦੋਵਾਂ ਧਿਰਾਂ ਦੇ ਦਾਅਵਿਆਂ ਨੂੰ ਸੁਣਨ ਤੋਂ ਬਾਅਦ ਹੀ ਕਿਸੇ ਸਿੱਟੇ 'ਤੇ ਪਹੁੰਚਣ ਵਿੱਚ ਸਫਲਤਾ ਮਿਲੇਗੀ ਬਹਰਹਾਲ ਇਸ ਸੰਵੇਦਨਸ਼ੀਲ ਮੁੱਦੇ ਦੀ ਪੜਤਾਲ ਥਾਣਾ ਸਿਟੀ ਖਰੜ ਦੇ ਇੰਚਾਰਜ ਅਜੀਤੇਸ਼ ਕੌਸ਼ਿਕ ਕਰ ਰਹੇ ਹਨ। ਉਨ੍ਹਾਂ ਵਲੋਂ ਪ੍ਰਵੀਨ ਬਾਂਸਲ ਨੂੰ ਇੱਕ ਹਫ਼ਤੇ ਵਿੱਚ ਅਲਾਟਮੈਂਟ ਦਸਤਾਵੇਜ਼ ਪੇਸ਼ ਕਰਨ ਦੀ ਹਦਾਇਤ ਕੀਤੀ ਗਈ ਹੈ। ਜਦੋਂ ਕਿ ਮੁਸਲਿਮ ਭਾਈਚਾਰੇ ਵਲੋਂ ਇਸ ਮਸਜਿਦ ਨਾਲ ਸਬੰਧਤ ਪੰਜਾਬ ਵਕਫ਼ ਬੋਰਡ ਦਾ ਰਿਕਾਰਡ ਪੇਸ਼ ਕਰ ਦਿੱਤਾ ਗਿਆ ਹੈ।

## ਮੱਧ ਪ੍ਰਦੇਸ਼ ਦੇ ਮੰਤਰੀ ਵਿਜੈ ਸ਼ਾਹ 'ਤੇ ਹੋਵੇ ਦੇਸ਼ਧ੍ਰੋਹ ਦਾ ਮੁਕੱਦਮਾ ਦਰਜ : ਚੌਹਾਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਦੇਸ਼ ਦੀ ਰਾਖੀ ਕਰਨ ਵਾਲੇ ਫੌਜੀ ਜਾਤ ਤੇ ਧਰਮ ਤੋਂ ਉਪਰ ਉੱਠ ਕੇ ਰੱਖਿਆ ਕਰਦੇ ਹਨ,ਦੇਸ਼ ਵਾਸੀਆਂ ਨੂੰ ਸੁਰੱਖਿਆ ਮੁਹੱਈਆ ਕਰਵਾਉਂਦੇ ਹਨ ਜਦਕਿ ਰਾਜਨੀਤਕ ਨੇਤਾ ਆਮ ਤੌਰ ਤੇ ਰੋਟੀਆਂ ਸੇਕਣ ਦਾ ਕੰਮ ਕਰਦੇ ਹਨ। ਦੇਸ਼ ਦੀਆਂ ਸੀਮਾਵਾਂ ਤੇ ਸੁਰੱਖਿਆ ਬਲਾਂ ਦੀ ਤਨਾਤਨੀ ਕਾਰਨ ਹੀ ਦੇਸ਼ ਵਾਸੀ ਸੁਖ ਅਰਾਮ ਨਾਲ ਆਪਣਾ ਜੀਵਨ ਬਤੀਤ ਕਰਦੇ ਹਨ।ਜੇ ਕਰ ਕੋਈ ਰਾਜਨੀਤਕ ਆਗੂ ਦੇਸ਼ ਦੀ ਸੀਮਾ ਤੇ ਸੁਰੱਖਿਆ ਪ੍ਰਦਾਨ ਕਰਨ ਵਾਲੇ ਸੁਰੱਖਿਆ ਕਰਮਚਾਰੀ/ਅਧਿਕਾਰੀ ਦੀ ਪਹਿਚਾਣ ਕਿਸੇ ਵਿਸ਼ੇਸ਼ ਜਾਤ ਜਾਂ ਧਰਮ ਨਾਲ ਕਰੇ ਉਸ ਅਧਿਕਾਰੀ ਦਾ ਇਸ ਵੱਡਾ ਕੋਈ ਨਿਰਾਦਰ ਨਹੀਂ ਹੁੰਦਾ ਹੈ।ਭਾਰਤੀ ਜਨਤਾ ਪਾਰਟੀ ਦੇ ਨੇਤਾ ਇਸ ਕੰਮ ਤੋਂ ਵੀ ਗੁਰੇਜ ਨਹੀਂ ਕਰਦੇ। ਦੇਸ਼ ਦੀ ਪਾਕਿਸਤਾਨ ਨਾਲ ਜੰਗ ਖਤਮ ਹੋਣ ਉਪਰੰਤ ਮੱਧ ਪ੍ਰਦੇਸ ਦੇ ਕਵਾਇਲੀ ਮਾਮਲਿਆਂ ਦੇ ਮੰਤਰੀ ਅਤੇ ਅੱਠ ਵਾਰ ਦੇ ਵਿਧਾਇਕ ਵਿੱਜੈ ਸ਼ਾਹ ਵਲੋਂ ਕਰਨਲ ਸੋਫੀਆ ਕੁਰੈਸ਼ੀ 'ਤੇ ਦਿੱਤਾ ਗਿਆ ਪਾਕਿਸਤਾਨੀ ਵਿਰੁੱਧ ਅਪ੍ਰੇਸ਼ਨ ਸੰਦੂਕ ਦੀ ਨਾਇਕਾਂ ਦੇ ਖਿਲਾਫ ਕੀਤੀ ਟਿਪਣੀ ਬਿਆਨ ਨਿੰਦਣਯੋਗ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਨਵਾਂਸ਼ਹਿਰ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕੀਤਾ। ਉਨ੍ਹਾਂ ਨੇ ਅੱਗੇ ਕਿਹਾ ਕਿ ਭਾਜਪਾ ਦੇ ਮੰਤਰੀ ਵਿਜੈ ਸ਼ਾਹ ਦੀ ਜੇਕਰ ਭਾਰਤੀ ਫੌਜ ਦੇ ਉੱਚ ਅਧਿਕਾਰੀ ਪ੍ਰਤੀ ਐਨੀ ਸੌੜੀ ਮਾਨਸਿਕਤਾ ਹੈ ਤਾਂ ਜਿਸ ਕਬਾਇਲੀ ਵਿਭਾਗ ਦਾ ਮੰਤਰੀ ਹੈ ਉਸ ਕਬਾਇਲੀ ਲੋਕਾਂ ਨੂੰ ਇਹ ਮੰਤਰੀ ਕੀ ਇਨਸਾਫ ਕਰਦਾ ਹੋਵੇਗਾ ਇਸ ਮੰਤਰੀ ਵਿਜੈ ਸ਼ਾਹ ਦੇ ਖਿਲਾਫ ਭਾਰਤੀ ਜਨਤਾ ਪਾਰਟੀ ਨੇ ਕੋਈ ਕਾਰਵਾਈ ਨਹੀਂ ਕੀਤੀ ਤਾਂ ਮੱਧ ਪ੍ਰਦੇਸ਼ ਹਾਈ ਕੋਰਟ ਨੇ ਦਖਲ ਕਰਦੇ ਹੋਏ ਭਾਰਤੀ ਫੌਜ ਦੇ ਸਨਮਾਨ ਵਿੱਚ ਵਿਜੈ ਸ਼ਾਹ ਦੇ ਖਿਲਾਫ ਮੁਕੱਦਮਾ ਦਰਜ ਕਰਨ ਦੇ ਹੁਕਮ ਜਾਰੀ ਕੀਤੇ।ਮੱਧ ਪ੍ਰਦੇਸ਼ ਦੇ ਹਾਈਕੋਰਟ ਦੇ ਜਸਟਿਸ ਅਤੁੱਲ ਸ਼੍ਰੀਧਰ ਦੀ ਡਵੀਜ਼ਨ ਬੈਚ ਦੇ ਹੁਕਮ ਵੀ ਲਾਗੂ ਕਰਨ ਵਿਚ ਭਾਜਪਾ ਸਰਕਾਰ ਆਨਾ-ਕਾਨੀ ਕਰ ਰਹੀ ਸੀ।ਫੌਜ ਦੇ ਸਨਮਾਨ ਵਿੱਚ ਉਤਰੇ ਲੋਕਾਂ ਦੇ ਦਬਾਓ ਕਾਰਨ ਮੁਕੱਦਮਾ ਦਰਜ ਕਰਨਾ ਪਿਆ। ਕਿੰਨਾ-ਚੰਗਾ ਹੁੰਦਾ ਜੇ ਭਾਰਤੀ ਜਨਤਾ ਪਾਰਟੀ ਮੰਤਰੀ ਵਿਜੈ ਸ਼ਾਹ ਦੇ ਖਿਲਾਫ ਆਪ ਕਾਰਵਾਈ ਕਰਦੀ ਪਰ ਭਾਜਪਾ ਨੇ ਵਿਜੈ ਸ਼ਾਹ ਦੇ ਖਿਲਾਫ ਕੋਈ ਕਾਰਵਾਈ ਨਹੀ ਕੀਤੀ ਇਸ ਤੋਂ ਸਾਬਤ ਹੁੰਦਾ ਹੈ ਕਿ ਭਾਜਪਾ ਦੀ ਵਿਜੈ ਸ਼ਾਹ ਦੇ ਬਿਆਨ ਨਾਲ ਸਹਿਮਤ ਹੈ ਜੋਕਿ ਨਿੰਦਣਯੋਗ ਹੈ ਬਹੁਜਨ ਸਮਾਜ ਮੰਤਰੀ ਵਿਜੈ ਸ਼ਾਹ ਦੇ ਬਿਆਨ ਦੀ ਤਿੱਖੇ ਸ਼ਬਦਾਂ ਨਾਲ ਵਿਰੋਧ ਕਰਦਾ ਹੈ ਤੇ ਮੰਗ ਕਰਦਾ ਹੈ ਕਿ ਭਾਜਪਾ ਦੀ ਮਾਨਤਾ ਖਤਮ ਕੀਤੀ ਜਾਵੇ ਤੇ ਵਿਜੈ ਸ਼ਾਹਤੇ ਦੇਸ਼ਦ੍ਰੋਹ ਦਾ ਮੁਕੱਦਮਾ ਦਰਜ ਕੀਤਾ ਜਾਣਾ ਚਾਹੀਦਾ ਹੈ।

## ਮੁੱਖ ਮੰਤਰੀ ਨੇ ਆਪ੍ਰੇਸ਼ਨ ਸਿੰਦੂਰ ਦੇ ਸ਼ਹੀਦ ਦਿਨੇਸ਼ ਕੁਮਾਰ ਸ਼ਰਮਾ ਨੂੰ ਦਿੱਤੀ ਸ਼ਰਧਾਂਜਲੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਪਿਛਲੇ ਦਿਨਾਂ ਪਾਕੀਸਤਾਨੀ ਸੈਨਾ ਵੱਲੋਂ ਪੁਣਛ ਬੋਰਡ 'ਤੇ ਕੀਤੇ ਗਏ ਹਮਲੇ ਵਿੱਚ ਸ਼ਹੀਦ ਹੋਏ ਜ਼ਿਲ੍ਹਾ ਪਲਵਲ ਦੇ ਸਬ-ਡਿਵੀਜਨ ਹੋਡਲ ਦੇ ਲਾਂਸ ਨਾਇਕ ਸ਼ਹੀਦ ਦਿਨੇਸ਼ ਕੁਮਾਰ ਸ਼ਰਮਾ ਨੂੰ ਸ਼ਰਧਾਂਜਲੀ ਦੇਣ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਪਿੰਡ ਨਗਲਾ ਮੋਹਮਦਪੁਰ ਪਹੁੰਚੇ। ਉਨ੍ਹਾਂ ਨੇ ਸ਼ਹੀਦ ਦਿਨੇਕਸ਼ ਕੁਮਾਰ ਸ਼ਰਮਾ ਦੇ ਫੋਟੋ 'ਤੇ ਪੁਸ਼ਪਾਂਜਲੀ ਅਰਪਿਤ ਕਰਦੇ ਹੋਏ ਸ਼ਹੀਦ ਨੂੰ ਨਮਨ ਕੀਤਾ ਅਤੇ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਦੁੱਖ ਦੇ ਇਸ ਸਮੇਂ ਵਿੱਚ ਸਰਕਾਰ ਅਤੇ ਪੂਰਾ ਖੇਤਰ ਉਨ੍ਹਾਂ ਦੇ ਪਰਵਾਰ ਦੇ ਨਾਲ ਖੜਾ ਹੈ। ਉਨ੍ਹਾਂ ਨੇ ਸ਼ਹੀਦ ਦੇ ਪਰਿਜਨਾਂ ਨੂੰ ਹੌਸਲਾ ਦਿੱਤਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਵੀਰ ਸਪੂਤ ਸ਼ਹੀਦ ਦਿਨੇਸ਼ ਕੁਮਾਰ ਸ਼ਰਮਾ ਨੇ ਸੀਮਾ 'ਤੇ ਪਾਕਿਸਤਾਨ ਵੱਲੋਂ ਹੋਈ ਗੋਲੀਬਾਰੀ ਦਾ ਡੱਟ ਕੇ ਮੁਕਾਬਲਾ ਕਰਦੇ ਹੋਏ ਮਾਤਰਭੂਮੀ ਦੀ ਰੱਖਿਆ ਵਿੱਚ ਆਪਣੇ ਪ੍ਰਾਣ ਦਾ ਸਰਵੋਚ ਬਲਿਦਾਨ ਦਿੱਤਾ, ਜਿਸ 'ਤੇ ਸਾਰੇ ਭਾਰਤਵਾਸੀਆਂ ਨੂੰ ਮਾਣ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸ਼ਹੀਦ ਦਿਨੇਸ਼ ਕੁਮਾਰ ਸ਼ਰਮਾ ਨੂੰ ਸਰਕਾਰ ਦੀ ਯੋਜਨਾ ਅਨੁਸਾਰ 4 ਕਰੋੜ ਰੁਪਏ ਦੀ ਆਰਥਕ ਮਦਦ ਤੇ ਸਹੂਲਤਾਂ ਸਰਕਾਰ ਵੱਲੋਂ ਦਿੱਤੀਆਂ ਜਾਣਗੀਆਂ। ਸ਼ਹੀਦ ਦਿਨੇਸ਼ ਕੁਮਾਰ ਸ਼ਰਮਾ ਦੇ ਪਿਤਾ ਦਿਆਨੰਦ ਨੇ ਪਿੰਡ ਵਿੱਚ ਢਾਈ ਬੀਘਾ ਜਮੀਨ 'ਤੇ ਪਾਰਕ ਬਨਾਉਣ ਦੀ ਗੱਲ ਕਹੀ, ਜਿਸ 'ਤੇ ਮੁੱਖ ਮੰਤਰੀ ਨੇ ਸ਼ਹੀਦ ਦਿਨੇਸ਼ ਕੁਮਾਰ ਸ਼ਰਮਾ ਦੇ ਨਾਂਅ 'ਤੇ ਪਾਰਕ ਬਨਾਉਣ ਦਾ ਭਰੋਸਾ ਦਿੱਤਾ। ਇਸ ਮੌਕੇ 'ਤੇ ਕੇਂਦਰੀ ਸਹਿਕਾਰਤਾ ਰਾਜ ਮੰਤਰੀ ਕ੍ਰਿਸ਼ਨਪਾਲ ਗੁੱਜਰ, ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ, ਵਿਧਾਇਕ ਹਰੇਂਦਰ ਸਿੰਘ ਸਮੇਤ ਪਿੰਡ ਦੇ ਅਨੇਕ ਮਾਣਯੋਗ ਲੋਕ ਅਤੇ ਅਧਿਕਾਰੀ ਮੌਜੂਦ ਰਹੇ।

## ਸਰਕਾਰੀ ਬੱਸ ਸਟਾਪ ਤੋਂ ਬੈਠਣ ਵਾਲੇ ਬੈਂਚ ਹੋਏ ਗਾਇਬ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਇੱਥੇ 550 ਸਾਲਾਂ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਦੀ ਸਹੂਲਤ ਲਈ ਬੱਸ ਅੱਡੇ ਦੇ ਬਾਹਰ ਇੱਕ ਬੱਸ ਸਟਾਪ ਬਹੁਤ ਹੀ ਵਧੀਆ ਸਟੇਨ ਲੈਸ ਸਟੀਲ ਦਾ ਬਣਿਆ ਹੋਇਆ ਸੀ ਜਿਸ ਵਿੱਚ ਸਵਾਰੀਆਂ ਵਾਸਤੇ ਬੈਠਣ ਲਈ ਬੈਂਚ ਵੀ ਲੱਗੇ ਹੋਏ ਹਨ। ਜਿਸ ਨੂੰ ਪਿਛਲੇ ਸਾਲ ਕਿਸੇ ਸ਼ਰਾਰਤੀ ਅਨਸਰਾਂ ਵੱਲੋਂ ਢਾਹ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ ਅਤੇ ਬੈਂਚ ਵੀ ਗਾਇਬ ਹੋ ਗਏ ਸਨ। ਥੋੜੇ ਸਮੇਂ ਬਾਅਦ ਪੂਰੇ ਦਾ ਪੂਰਾ ਬੱਸ ਸਟਾਪ ਜੋ ਸਟੀਲ ਦਾ ਬਣਿਆ ਹੋਇਆ ਸੀ ਉਹ ਗਾਇਬ ਹੋ ਗਿਆ ਸੀ। ਉਸ ਜਗ੍ਹਾ ਤੇ ਇੱਕ ਨਿੱਜੀ ਆਰਜੀ ਦੁਕਾਨ ਲੱਗ ਗਈ ਹੈ। ਜਿਸ ਜਗ੍ਹਾ ਤੇ ਇਹ ਬੱਸ ਸਟਾਪ ਬਣਾਇਆ ਸੀ ਇਸ ਥਾਂ 'ਤੇ ਪਹਿਲਾਂ ਪੁਰਾਤਨ ਪੁਲ ਵਾਲੀ ਥਾਂ ਸੀ ਜੋ ਖੰਡਰ ਬਣੀ ਹੋਈ ਸੀ।ਇਸੇ ਤਰ੍ਹਾਂ ਪੂਰੇ ਸ਼ਹਿਰ ਦੀ ਸੁੰਦਰਤਾ ਖਰਾਬ ਹੋਈ ਪਈ ਹੈ। ਸੀਵਰੇਜ ਪਾਉਣ ਕਰਕੇ ਥਾਂ ਥਾਂ ਤੋਂ ਸ਼ਹਿਰ ਪੁੱਟਿਆ ਹੋਇਆ ਹੈ। ਹਜ਼ਾਰਾਂ ਦੀ ਗਿਣਤੀ ਦੇ ਵਿੱਚ ਸੰਗਤਾਂ ਹਰ ਰੋਜ਼ ਇੱਥੇ ਨਤਮਸਤਕ ਹੋਣ ਆਉਂਦੀਆਂ ਹਨ ਪਰ ਸ਼ਹਿਰ ਦੇ ਹਾਲਾਤ ਬਦ ਤੋਂ ਬਦਤਰ ਹੋਏ ਪਏ ਹਨ।

## ਦਰਬਾਰ ਪੰਜ ਪੀਰ ਸਰਕਾਰ ਲੰਗੇਰੀ-ਲੱਖਪੁਰ ਵਿਖੇ ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)** ਦਰਬਾਰ ਪੰਜ ਪੀਰ ਸਰਕਾਰ ਲੰਗੇਰੀ-ਲੱਖਪੁਰ ਵਿਖੇ ਸਲਾਨਾ ਮੇਲਾ ਮੁੱਖ ਸੇਵਾਦਾਰ ਬਿੱਲਾ ਭਾਜੀ ਦੀ ਰਹਿਨੁਮਾਈ, ਪ੍ਰਬੰਧਕ ਕਮੇਟੀ,ਗ੍ਰਾਮ ਪੰਚਾਇਤਾਂ,ਐਨ ਆਰ ਆਈ ਵੀਰਾਂ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਝੰਡੇ ਦੀ ਰਸਮ ਦਰਬਾਰ ਬਾਬਾ ਭੋਲੇ ਪੀਰ ਖਾਨਖਾਨਾ ਦੇ ਗੱਦੀ ਨਸ਼ੀਨ ਸਾਈਂ



ਜਸਵੀਰ ਦਾਸ ਸਾਬਰੀ ਵਲੋਂ ਨਿਭਾਈ ਗਈ। ਵੱਖ ਵੱਖ ਦਰਬਾਰਾਂ ਤੋਂ ਸਾਈਂ ਜਸਵੀਰ ਦਾਸ ਸਾਬਰੀ ਖਾਨਖਾਨਾ, ਬਾਬਾ ਸੁਖਵੀਰ ਚੁੰਬਰ, ਬਾਬਾ ਜਸਵੀਰ ਚੁੰਬਰ, ਬਾਬਾ ਦਲਵੀਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ।ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਗੁਰਮੇਜ ਮੇਹਲੀ-ਬੀਬਾ ਜੈ ਕੌਰ ਜੱਸੀ,ਕਮਲ ਕਟਾਣੀਆ,ਲਵਿਸ਼ ਚੌਹਾਨ, ਕੌਰ ਸਿਸਟਰਜ਼ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਬਿੱਟੂ ਮੇਹਟਾਂ ਵਲੋਂ ਬਾਖ਼ੂਬੀ ਨਿਭਾਈ ਗਈ।ਮੁੱਖ ਸੇਵਾਦਾਰ ਬਿੱਲਾ ਭਾਜੀ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਬਿੱਲਾ ਭਾਜੀ,ਮਨਜਿੰਦਰ ਸਿੰਘ, ਅਮਨਦੀਪ ਸਿੰਘ ਸਰਪੰਚ ਲੰਗੇਰੀ, ਜਗਨਨਾਥ ਸਰਪੰਚ ਲੱਖਪੁਰ, ਜਸਵਿੰਦਰ ਸਿੰਘ ਰਾਣੂੰ, ਰਾਮ ਕਿਸ਼ਨ,ਸਿਰੀ ਰਾਮ, ਦਵਿੰਦਰ ਕੁਮਾਰ,ਹਿਰਦੇਜੀਤ ਸਿੰਘ ਸਾਬਕਾ ਸਰਪੰਚ, ਸੋਹਣ ਸਿੰਘ ਸਾਧਪੁਰੀ ਪੰਪ ਵਾਲੇ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ 3 ਗ੍ਰਿਫ਼ਤਾਰ

**ਫਿਲੌਰ (ਨਿਰਮਲ)**- ਥਾਣਾ ਮੁਖੀ ਫਿਲੌਰ ਇੰਸਪੈਕਟਰ ਸੰਜੀਵ ਕਪੂਰ ਦੀ ਟੀਮ ਵੱਲੋਂ ਹੈਰੋਇਨ ਅਤੇ ਨਸ਼ੀਲੀਆਂ ਗੋਲੀਆਂ ਸਮੇਤ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ ਫਿਲੌਰ ਸਰਵਣ ਸਿੰਘ ਬੱਲ ਨੇ ਦੱਸਿਆ ਕਿ ਥਾਣਾ ਮੁਖੀ ਫਿਲੌਰ ਇੰਸਪੈਕਟਰ ਸੰਜੀਵ ਕਪੂਰ ਦੀ ਟੀਮ ਵੱਲੋਂ ਨਸਾ ਤਸਕਰਾਂ ਖਿਲਾਫ਼ ਚਲਾਏ ਸਪੈਸ਼ਲ ਆਪ੍ਰੇਸ਼ਨ ਦੌਰਾਨ ਬਲਵਿੰਦਰ ਰਾਮ ਪੁੱਤਰ ਹਰਬੰਸ ਰਾਮ ਵਾਸੀ ਸਮਰਾੜੀ ਫਿਲੌਰ, ਸ਼ਕਤੀ ਕੁਮਾਰ ਪੁੱਤਰ ਕੇਵਲ ਕ੍ਰਿਸ਼ਨ ਵਾਸੀ ਮਕਾਨ ਨੰਬਰ 45-ਏ ਅਟਵਾਲ ਪੁਲਸ ਕਲੋਨੀ ਫਿਲੌਰ ਅਤੇ ਚਰੰਜੀ ਲਾਲ ਪੁੱਤਰ ਸਰਵਣ ਰਾਮ ਵਾਸੀ ਸੰਤੋਖਪੁਰਾ ਮੁਹੱਲਾ ਫਿਲੌਰ ਨੂੰ ਗ੍ਰਿਫਤਾਰ ਕਰਕੇ ਇਹਨਾਂ ਕਬਜਾ ਵਿੱਚੋਂ 6 ਗ੍ਰਾਮ ਹੈਰੋਇਨ ਅਤੇ 140 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਨੰਬਰ 140 ਮਿਤੀ 13.05.2025 ਜੁਰਮ 21/22-ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਫਿਲੌਰ ਵਿੱਚ ਦਰਜ ਕੀਤਾ ਹੈ। ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਸਕਤੀ ਕੁਮਾਰ ਜੋ ਮਹਿਕਮਾ ਪੰਜਾਬ ਪੁਲਸ ਵਿੱਚਮੁਲਾਜਮ ਸੀ ਅਤੇ ਇਸਦੇ ਖਿਲਾਫ ਸਾਲ 2022 ਵਿੱਚ ਐਨ.ਡੀ.ਪੀ.ਐਸ ਐਕਟ ਦਾ ਮੁਕੱਦਮਾ ਦਰਜ ਹੋਣ ਕਾਰਨ ਇਸਨੂੰ ਮਹਿਕਮਾ ਪੁਲਸ ਵਿੱਚੋਂ ਡਿਸਮਿਸ ਕਰ ਦਿੱਤਾ ਗਿਆ ਸੀ। ਡਿਸਮਿਸ ਹੋਣ ਤੋਂ ਬਾਅਦ ਹੁਣ ਇਹ ਆਪਣੇ ਨਸ਼ੇ ਦੀ ਪੂਰਤੀ ਲਈ ਆਪਣੇ ਨਾਲ ਹੋਰ ਸਾਥੀਆਂ ਨੂੰ ਮਿਲਾ ਕੇ ਹੈਰੋਇਨ ਅਤੇ ਨਸ਼ੀਲੀਆਂ ਗੋਲੀਆਂ ਵੇਚਣ ਦਾ ਧੰਦਾ ਕਰਨ ਲੱਗ ਪਿਆ ਸੀ।

## ਐੱਸ ਐੱਸ ਪੀ ਵੱਲੋਂ ਨਵੇਂ ਪੈਨਸ਼ਨ ਦਫਤਰ ਦਾ ਉਦਘਾਟਨ

**ਜਲੰਧਰ (ਸੁਰਿੰਦਰ ਕੁਮਾਰ)** ਦਿਹਾਤੀ ਪੁਲਸ ਦਫ਼ਤਰ ਵਿੱਚ ਇੱਕ ਮਹੱਤਵਪੂਰਨ ਕਦਮ ਵਜੋਂ ਨਵੇਂ ਪੈਨਸ਼ਨ ਦਫ਼ਤਰ ਦਾ ਉਦਘਾਟਨ ਜ਼ਿਲ੍ਹਾ ਪੁਲਸ ਮੁਖੀ ਐਸ.ਐਸ.ਪੀ. ਹਰਵਿੰਦਰ ਸਿੰਘ ਵਿਰਕ ਵੱਲੋਂ ਕੀਤਾ ਗਿਆ। ਇਸ ਮੌਕੇ ਐਸ ਪੀ ਤਫ਼ਤੀਸ਼ ਸਰਬਜੀਤ ਰਾਏ ਅਤੇ ਐਸ ਪੀ ਹੈੱਡ ਕੁਆਟਰ ਪਰਮਿੰਦਰ ਸਿੰਘ ਹੀਰ ਮੌਜੂਦ ਰਹੇ । ਪੁਲਸ ਵਿਭਾਗ ਤੋਂ ਸੇਵਾ ਮੁਕਤ ਹੋਏ ਅਧਿਕਾਰੀ ਅਤੇ ਕਰਮਚਾਰੀ ਵੀ



ਵਿਸ਼ੇਸ਼ ਤੌਰ 'ਤੇ ਉਦਘਾਟਨ ਵਿੱਚ ਸ਼ਾਮਲ ਹੋਏ। ਨਵੇਂ ਪੈਨਸ਼ਨ ਦਫ਼ਤਰ ਦੀ ਸਥਾਪਨਾ ਦਾ ਮੁੱਖ ਉਦੇਸ਼ ਪੁਰਾਣੇ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ, ਉਨ੍ਹਾਂ ਨੂੰ ਯੋਗ ਮਦਦ ਪ੍ਰਦਾਨ ਕਰਨਾ ਅਤੇ ਪੈਨਸ਼ਨ ਸਬੰਧੀ ਕਾਰਜਵਾਹੀਆਂ ਨੂੰ ਸੁਚਾਰੂ ਬਣਾਉਣਾ ਹੈ।ਉਦਘਾਟਨ ਮੌਕੇ ਐਸ.ਐਸ.ਪੀ. ਨੇ ਕਿਹਾ ਕਿ ਪੁਰਾਣੇ ਅਧਿਕਾਰੀ ਅਤੇ ਕਰਮਚਾਰੀ ਸਾਡੇ ਵਿਭਾਗ ਦੀ ਵਿਰਾਸਤ ਹਨ। ਉਨ੍ਹਾਂ ਦੀ ਸੇਵਾ ਲਈ ਸਦਾ ਸਨਮਾਨ ਹੋਣਾ ਚਾਹੀਦਾ ਹੈ। ਨਵਾਂ ਪੈਨਸ਼ਨ ਸੈਲ ਉਨ੍ਹਾਂ ਲਈ ਇੱਕ ਸਿੱਧਾ ਪਲੇਟਫਾਰਮ ਹੋਵੇਗਾ, ਜਿੱਥੇ ਉਹ ਆਪਣੇ ਮੁੱਦੇ ਬਿਨਾਂ ਕਿਸੇ ਔਂਕੜ ਦੇ ਰੱਖ ਸਕਣਗੇ।ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇ ਕਿਸੇ ਨੂੰ ਭਵਿੱਖ ਵਿੱਚ ਕੋਈ ਵਿਅਕਤੀਗਤ ਜਾਂ ਵਿਭਾਗੀ ਮਦਦ ਦੀ ਲੋੜ ਹੋਵੇ, ਤਾਂ ਉਹ ਸਿੱਧਾ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।ਇਸ ਮੌਕੇ ਜਲੰਧਰ ਦਿਹਾਤੀ ਪੈਨਸ਼ਨ ਐਸੋਸੀਏਸ਼ਨ ਦੇ ਨਵੇਂ ਪ੍ਰਧਾਨ ਵਜੋਂ ਰਿਟਾਇਰਡ ਗੁਰਨਾਮ ਸਿੰਘ (ਪੀ.ਪੀ.ਐਸ.) ਦੀ ਨਿਯੁਕਤੀ ਵੀ ਕੀਤੀ ਗਈ। ਸਾਰੇ ਹਾਜ਼ਰ ਅਧਿਕਾਰੀਆਂ ਨੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਐਸੋਸੀਏਸ਼ਨ ਹੋਰ ਵੀ ਮਜ਼ਬੂਤ ਹੋਵੇਗੀ।ਸਮਾਗਮ ਦੀ ਸਮਾਪਤੀ 'ਤੇ ਸਾਰੇ ਪੁਰਾਣੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਗਿਆ।ਪੈਨਸ਼ਨ ਐਸੋਸੀਏਸ਼ਨ ਦੇ ਪ੍ਰਧਾਨ ਗੁਰਨਾਮ ਸਿੰਘ ਅਤੇ ਮੈਂਬਰਾਂ ਵੱਲੋਂ ਮੌਜੂਦ ਅਧਿਕਾਰੀਆਂ ਦਾ ਧੰਨਵਾਦ ਕੀਤਾ ਗਿਆ ।

## ਬਾਬਾ ਦਰਬਾਰਾ ਸਿੰਘ ਸਕੂਲ ਟਿੱਬਾ ਵਿਖੇ ਡਾ. ਸੁਰਜੀਤ ਪਾਤਰ ਦੀ ਯਾਦ ਨੂੰ ਸਮਰਪਤ ਸਮਾਗਮ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਬਾਬਾ ਦਰਬਾਰਾ ਸਿੰਘ ਕਾਲਜੀਏਟ ਪਬਲਿਕ ਸਕੂਲ ਟਿੱਬਾ ਵਿਖੇ ਪ੍ਰਸਿੱਧ ਲੇਖਕ ਅਤੇ ਉੱਘੇ ਸ਼ਾਇਰ ਡਾ. ਸੁਰਜੀਤ ਪਾਤਰ ਦੀ ਯਾਦ ਨੂੰ ਸਮਰਪਿਤ ਪ੍ਰਿੰਸੀਪਲ ਮਧੂ ਗੋਸਵਾਮੀ ਦੀ ਅਗਵਾਈ ਹੇਠ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਪ੍ਰੋਮਿਲਾ ਅਰੋੜਾ, ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋਫੈਸਰ ਚਰਨ ਸਿੰਘ, ਮੈਨੇਜਿੰਗ ਡਾਇਰੈਕਟਰ ਡਾ. ਬਲਜੀਤ ਕੌਰ ਵਿਸੇਸ਼ ਤੌਰ 'ਤੇ ਸ਼ਾਮਲ ਹੋਏ। ਵਿਦਿਆਰਥੀਆਂ ਨੇ ਡਾ. ਸੁਰਜੀਤ ਪਾਤਰ ਦੀਆਂ ਕਵਿਤਾਵਾਂ ਗਾ ਕੇ ਪੇਸ਼ ਕੀਤੀਆਂ ਅਤੇ ਉਨ੍ਹਾਂ ਨੂੰ ਯਾਦ ਕੀਤਾ। ਮੁੱਖ ਮਹਿਮਾਨ ਪ੍ਰਿੰਸੀਪਲ ਪ੍ਰੋਮਿਲਾ ਅਰੋੜਾ ਨੇ ਡਾ. ਸੁਰਜੀਤ ਪਾਤਰ ਜੀ ਨੂੰ ਯਾਦ ਕਰਦਿਆਂ ਕਵਿਤਾਵਾਂ ਦੀਆਂ ਸਤਰਾਂ ਰਾਹੀਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਨੇ ਡਾ. ਸੁਰਜੀਤ ਪਾਤਰ ਦੀ ਸ਼ਖਸੀਅਤ ਅਤੇ ਸ਼ਾਇਰੀ ਦੀ ਮੁੱਖ ਪਹਿਚਾਣ, ਸਕਾਰਾਤਮਕ ਪਹੁੰਚ ਅਤੇ ਸਹਿਜਤਾ ਨੂੰ ਮੰਨਿਆ। ਪ੍ਰਿੰਸੀਪਲ ਮਧੂ ਗੋਸਵਾਮੀ ਨੇ ਡਾ. ਸੁਰਜੀਤ ਪਾਤਰ ਦੀ ਜੀਵਨੀ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੰਦਿਆ ਉਨ੍ਹਾਂ ਦੁਆਰਾ ਲਿਖਿਆਂ ਨਾਵਲਾਂ ਪ੍ਰਸੰਸਾ ਕੀਤੀ। ਅਤੇ ਵਿਦਿਆਰਥੀਆਂ ਨੂੰ ਵੀ ਉਨ੍ਹਾਂ ਦੀਆਂ ਲਿਖੀਆਂ ਰਚਨਾਵਾਂ ਨੂੰ ਪੜ੍ਹਨ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਦੀ ਤਿਆਰੀ ਵਿਚ ਸਮੁੱਚੇ ਸਟਾਫ਼ ਖਾਸ ਕਰਕੇ ਨਰਿੰਦਰ ਕੌਰ, ਸ਼ਿਵਾਨੀ, ਮਨੂੰ ਸ਼ਰਮਾ, ਅਮਨਪ੍ਰੀਤ ਕੌਰ, ਸੰਜਨਾ, ਹਰਨੀਤ ਕੌਰ, ਸੰਦੀਪ ਕੌਰ, ਭੁਪਿੰਦਰ ਕੌਰ, ਮਨਦੀਪ ਕੌਰ, ਪਲਵਿੰਦਰ ਕੌਰ, ਅਮਨਦੀਪ ਕੌਰ, ਰਜਿੰਦਰ ਕੌਰ, ਸਤਵਿੰਦਰ ਕੌਰ, ਰਣਜੀਤ ਕੌਰ, ਨਵਦੀਪ ਕੌਰ, ਸਕੂਲ ਦੇ ਹੈੱਡ ਬੁਆਏ ਵਿਸ਼ਾਲਦੀਪ ਸਿੰਘ ਅਤੇ ਹੈੱਡ ਗਰਲ ਗ਼ੌਰੀ ਸ਼ਾਹ ਦਾ ਵਿਸ਼ੇਸ਼ ਸਨਮਾਨ ਕੀਤਾ।

## ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਮੈਰਿਟ ਸਥਾਨ ਕੀਤੇ ਹਾਸਲ

**ਜਲੰਧਰ (ਸ਼ੈਲੀ ਐਲਬਰਟ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਮ.ਏ. ਭੂਗੋਲ ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਸੋਨੀਆ ਨੇ 10 ਵਿਚੋਂ 8.20 ਐਸ.ਜੀ.ਪੀ.ਏ. ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਪਹਿਲਾ, ਸਿਮਰਨਜੀਤ ਕੌਰ ਨੇ 8.00 ਐਸ.ਜੀ.ਪੀ.ਏ ਪ੍ਰਾਪਤ ਕਰਦੇ ਹੋਏ ਦੂਜਾ,



ਰੁਬਿੰਦਰਪ੍ਰੀਤ ਕੌਰ ਨੇ 7.80 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਤੀਜਾ ਸਥਾਨ ਅਤੇ ਕੰਚਨ ਸ੍ਰੀਵਾਸਤਵ 7.60 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਡਾ. ਪੂਜਾ ਰਾਣਾ ਮੁਖੀ ਭੂਗੋਲ ਵਿਭਾਗ ਅਤੇ ਡਾ. ਸੁਰਿੰਦਰਪਾਲ ਮੰਡ, ਡੀਨ ਵਿਦਿਆਰਥੀ ਭਲਾਈ ਵੀ ਹਾਜ਼ਰ ਸਨ।

## ਆਸ਼ਿਮਾ ਬਰਾੜ ਨੂੰ ਆਬਕਾਰੀ ਤੇ ਟੈਕਸੇਸ਼ਨ ਵਿਭਾਗ ਦਾ ਵਾਧੂ ਚਾਰਜ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਸਰਕਾਰ ਨੇ ਸਹਿਕਾਰਤਾ ਵਿਭਾਗ ਦੀ ਕਮੀਸ਼ਨਰ ਅਤੇ ਸਕੱਤਰ ਅਤੇ ਹਰਿਆਣਾ ਬਿਜਲੀ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਦੀ ਪ੍ਰਬੰਧ ਨਿਦੇਸ਼ਕ ਸ੍ਰੀਮਤੀ ਆਸ਼ਿਮਾ ਬਰਾੜ ਨੂੰ ਆਬਕਾਰੀ ਅਤੇ ਟੈਕਸੇਸ਼ਨ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ।

## ਕਾਮਰੇਡ ਪ੍ਰੇਮ ਸਿੰਘ ਮੰਢਾਲੀ ਦਾ ਪਾਰਟੀ ਸਨਮਾਨਾਂ ਨਾਲ ਸਸਕਾਰ

**● ਅੰਤਮ ਅਰਦਾਸ ਤੇ ਭੋਗ 18 ਨੂੰ**



**ਨਵਾਂਸ਼ਹਿਰ, ਬੰਗਾ (ਮਨੋਜ ਲਾਡੀ, ਅਵਤਾਰ ਕਲੇਰ):** ਇੱਥੇ ਸੀ ਪੀ ਆਈ ਐੱਮ ਦੇ ਨਿਧੜਕ ਯੋਧੇ ਅਤੇ ਕਿਸਾਨ ਆਗੂ ਕਾਮਰੇਡ ਪ੍ਰੇਮ ਸਿੰਘ ਮੰਢਾਲੀ ਦਾ ਅੰਤਿਮ ਸੰਸਕਾਰ ਪਾਰਟੀ ਸਨਮਾਨਾਂ ਨਾਲ ਉਹਨਾਂ ਦੇ ਜੱਦੀ ਪਿੰਡ ਮੰਢਾਲੀ ਵਿਖੇ ਕੀਤਾ ਗਿਆ। ਸੀ ਪੀ ਆਈ ਐਮ ਵੱਲੋਂ ਉਨਾਂ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾਇਆ ਗਿਆ। ਇਸ ਮੌਕੇ ਉਹਨਾਂ ਦੇ ਲੜਕੇ ਜਸਵੀਰ ਸਿੰਘ ਮੰਨਾ ਨੇ ਆਪਣੇ ਪਿਤਾ ਦੀ ਚਿਤਾ ਨੂੰ ਅਗਨੀ ਦਿੱਤੀ। ਇਸ ਅੰਤਿਮ ਯਾਤਰਾ ਮੌਕੇ ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਸੁਖਪ੍ਰੀਤ ਸਿੰਘ ਜੌਹਲ,ਗੁਰਨੇਕ ਸਿੰਘ ਭੱਜਲ,ਸੂਬਾ ਕਮੇਟੀ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ, ਬਲਵੀਰ ਸਿੰਘ ਜਾਡਲਾ, ਜ਼ਿਲ੍ਹਾ ਸਕੱਤਰ ਚਰਨਜੀਤ ਸਿੰਘ ਦੌਲਤਪੁਰ, ਤਹਿਸੀਲ ਸਕੱਤਰ ਜੋਗਿੰਦਰ ਲੜੋਆ ਤੋਂ ਇਲਾਵਾ ਆਰ ਐਮ ਪੀ ਆਈ ਦੇ ਮੰਗਤ ਰਾਮ ਪਾਸਲਾ,ਕੁਲਵੰਤ ਸਿੰਘ ਸੰਧੂ, ਗੁਰਦਰਸ਼ਨ ਸਿੰਘ ਬੀਕਾ, ਸੀ ਪੀ ਆਈ ਦੇ ਨਿਰੰਜਨ ਦਾਸ ਮੇਹਲੀ,ਪੰਜਾਬ ਸੀਟੂ ਦੇ ਪ੍ਰਧਾਨ ਮਹਾ ਸਿੰਘ ਰੋੜੀ, ਕਿਸਾਨ ਆਗੂ ਦਰਸ਼ਨ ਸਿੰਘ ਮੱਟੂ, ਕੁਲਦੀਪ ਸਿੰਘ ਝਿੰਗੜ, ਹੁਸਨ ਸਿੰਘ ਮਾਂਗਟ ਸੁਸ਼ੀਲ ਕੁਮਾਰ ਮੰਢਾਲੀ, ਸਰਾਧੂ ਰਾਮ ਤਾਜੋਵਾਲ, ਜਰਨੈਲ ਸਿੰਘ ਰਾਣੇਵਾਲ,ਗੁਰਦੇਵ ਸਿੰਘ ਭਾਰਟਾ, ਲਛਮਣ ਸਿੰਘ ਜੌਹਲ, ਪਰਵੀਨ ਫਗਵਾੜਾ, ਤਰਸੇਮ ਸਿੰਘ ਜੇਈ, ਇਸਤਰੀ ਆਗੂ ਸੁਨੀਤਾ ਤਲਵੰਡੀ, ਨਰਿੰਦਰ ਜੌਹਲ, ਨਾਜਰ ਸਿੰਘ ਮਢਾਲੀ, ਅਤੇ ਪ੍ਰੇਮ ਸਿੰਘ ਮੰਢਾਲੀ ਦੇ ਪਰਿਵਾਰਿਕ ਮੈਂਬਰ ਚੋ ਭਰਾ ਕਸ਼ਮੀਰ ਸਿੰਘ ਕਨੇਡਾ, ਉਨਾਂ ਦੀ ਭੈਣ ਹਰਦੀਪ ਕੌਰ (ਪਤਨੀ ਕਾਮਰੇਡ ਮੱਖਣ ਸਿੰਘ ਸੰਧੂ), ਉਹਨਾਂ ਦੀ ਧਰਮ ਪਤਨੀ ਹਰਜੀਤ ਕੌਰ, ਦੋਨੋਂ ਲੜਕੀਆਂ ਤੋਂ ਇਲਾਵਾ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਵੀ ਮੌਜੂਦ ਸਨ। ਕਾਮਰੇਡ ਪ੍ਰੇਮ ਸਿੰਘ ਮੰਢਾਲੀ ਦੀ ਅੰਤਿਮ ਅਰਦਾਸ ਅਤੇ ਭੋਗ ਦੀ ਰਸਮ 18 ਮਈ ਦਿਨ ਐਤਵਾਰ ਨੂੰ ਮੰਢਾਲੀ ਵਿਖੇ ਹੋਵੇਗੀ।

## ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਵਿਖੇ ਕਰਵਾਇਆ ਵਿਦਾਇਗੀ ਸਮਾਰੋਹ




**ਫਗਵਾੜਾ (ਡਾ. ਰਮਨ)** ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਕਾਲਜ ਨੇ ਬੀ.ਐੱਡ. ਦੇ ਵਿਦਿਆਰਥੀਆਂ ਨੂੰ ਵਿਦਾਇਗੀ ਦਿੱਤੀ। ਸਾਰੇ ਬੀ.ਐੱਡ. ਦੇ ਵਿਦਿਆਰਥੀਆਂ ਨੂੰ ਕਾਲਜ ਵਲੋਂ ਸਿਖਾਈਆਂ ਗਈਆਂ ਕਦਰਾਂ ਕੀਮਤਾਂ ਦਾ ਵਿਕਾਸ ਕਰਕੇ ਭੇਜਿਆ ਗਿਆ। ਉਹਨਾਂ ਨੇ ਕਸਮ ਲਈ ਕਿ ਉਹ ਇਸੇ ਜੋਸ਼ ਨੂੰ ਕਾਇਮ ਰੱਖਣਗੇ ਤੇ ਕਾਲਜ ਵਲੋਂ ਸਿਖਾਈਆਂ ਗਈਆਂ ਕਦਰਾਂ ਕੀਮਤਾਂ ਦਾ ਪਾਲਣ ਕਰਨਗੇ ਤੇ ਦੇਸ਼ ਦੇ ਜਿੰਮੇਵਾਰ ਨਾਗਰਿਕ ਬਣਨਗੇ। ਰੁਖਸਤ ਹੋਣ ਵਾਲੇ ਵਿਦਿਆਰਥੀਆਂ ਨੇ ਆਪਣੇ ਭਾਸ਼ਣ ਦੇ ਹੁਨਰ ਦਾ ਪ੍ਰਦਰਸ਼ਨ ਕੀਤਾ ਅਤੇ ਆਪਣੇ ਅਧਿਆਪਕਾਂ ਦਾ ਧੰਨਵਾਦ ਕੀਤਾ । ਮੁੱਖ ਮਹਿਮਾਨ ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਅਤੇ ਡਾ. ਪਰਮਜੀਤ ਕੌਰ ਜੱਸਲ , ਪ੍ਰਿੰਸੀਪਲ, ਜੀ.ਐੱਨ.ਡੀ.ਯੂ. ਕਾਲਜ ਫਿਲੌਰ ਸਨ। ਵਿਦਿਆਰਥੀਆਂ ਲਈ ਮਾਡਲਿੰਗ ਦਾ ਵੀ ਆਯੋਜਨ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਲਈ ਸਮਾਜਿਕ ਵਿਸ਼ਿਆਂ ਉੱਪਰ ਸਵਾਲ-ਜਵਾਬ ਸੈਸ਼ਨ ਵੀ ਰੱਖਿਆ ਗਿਆ। ਜੱਜਾਂ ਵੱਲੋਂ ਮਿਸਟਰ ਫੇਅਰਵੈਲ ਸੋਨੂੰ ਤੇ ਮਿਸ ਫੇਅਰਵੈਲ ਤਨੂੰ ਨੂੰ ਚੁਣਿਆ ਗਿਆ। ਵਿਜੇਤਾ ਵਿਦਿਆਰਥੀਆਂ ਨੂੰ ਮੁੱਖ ਮਹਿਮਾਨਾਂ ਵਲੋਂ ਸਨਮਾਨਿਤ ਕੀਤਾ ਗਿਆ। ਮਿਸ ਚਾਰਮਿੰਗ, ਮੋਸਟ ਕਾਨਫੀਡੈਂਟ, ਮਿਸ ਐਲੀਗੈਂਟ, ਬਿਊਟੀਫੁੱਲ ਸਮਾਈਲ ਅਤੇ ਬੈਸਟ ਡਰੈਸਡ ਦੇ ਐਵਾਰਡ ਕ੍ਰਮਵਾਰ ਇਰੁਮ, ਕਸ਼ਿਸ਼, ਮਨਿੰਦਰ, ਹਰਪ੍ਰੀਤ ਕੌਰ ਅਤੇ ਗੁਨੀਤ ਕੌਰ ਨੂੰ ਦਿੱਤੇ ਗਏ। ਜੱਜਾਂ ਦੀ ਭੂਮਿਕਾ ਅਸਿਸਟੈਂਟ ਪ੍ਰੋਫੈਸਰ ਮੁਕੇਸ਼ ਸ਼ਰਮਾ, ਅਸਿਸਟੈਂਟ ਪ੍ਰੋਫੈਸਰ ਰਿਤੂ ਦਿਆਲ ਅਤੇ ਸ਼੍ਰੀਮਤੀ ਜਸਵਿੰਦਰ ਕੌਰ ਵੱਲੋਂ ਨਿਭਾਈ ਗਈ। ਸਟੇਜ ਪੇਸ਼ਕਾਰੀ ਕਾਲਜ ਦੀਆਂ ਵਿਦਿਆਰਥਣਾਂ ਰਿਬਕਾ ਅਤੇ ਹਰਲੀਨ ਕੌਰ ਵੱਲੋਂ ਕੀਤੀ ਗਈ। ਵਿਦਿਆਰਥੀਆਂ ਨੇ ਗੀਤ-ਗਜ਼ਲ, ਲੋਕ ਗੀਤ ਤੇ ਲੋਕ ਨਾਚ ਵਿੱਚ ਵੀ ਹਿੱਸਾ ਲਿਆ। ਇਹਨਾਂ ਵਿੱਚ ਪੰਜਾਬ ਦੇ ਅਮੀਰ ਵਿਰਸੇ ਅਤੇ ਵੱਖ-ਵੱਖ ਸਮਾਜਿਕ ਪਹਿਲੂਆਂ ਦੀ ਝਲਕ ਵੇਖਣ ਨੂੰ ਮਿਲੀ। ਕੁੱਝ ਸਭਿਆਚਾਰਕ ਗਤੀਵਿਧੀਆਂ ਦੇ ਪ੍ਰਦਰਸ਼ਨ ਤੋਂ ਬਾਅਦ ਵਿਦਿਆਰਥੀਆ ਲਈ ਡਾਂਸ ਫਲੋਰ ਖੁੱਲਾ ਛੱਡ ਦਿੱਤਾ ਗਿਆ। ਜਿੱਥੇ ਉਹਨਾਂ ਨੇ ਜੀਵਨ ਭਰ ਲਈ ਯਾਦਾਂ ਨੂੰ ਕੈਦ ਕੀਤਾ। ਸਮੁੱਚੇ ਤੌਰ 'ਤੇ ਇਹ ਸਮਾਰੋਹ ਅਧਿਆਪਕਾਂ ਅਤੇ ਵਿਦਿਆਰਥੀਆਂ ਦੋਵਾਂ ਲਈ ਹੀ ਭਾਵਨਾਤਮਕ ਰਿਹਾ। ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਲਈ ਕਿਹਾ। ਉਹਨਾਂ ਨੇ ਸਾਲ ਦੇ ਯਾਦਗਾਰ ਪਲਾਂ ਨੂੰ ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਉਹਨਾਂ ਨੇ ਕਿਹਾ ਕਿ ਬੀ.ਐੱਡ. ਦੌਰਾਨ ਜੋ ਵੀ ਉਹਨਾਂ ਨੇ ਸਿੱਖਿਆ ਉਸਨੂੰ ਆਪਣੇ ਅਧਿਆਪਨ ਕਿੱਤੇ ਵਿੱਚ ਲਾਗੂ ਕਰਨ ਅਤੇ ਆਪਣੀ ਜ਼ਿੰਦਗੀ ਵਿੱਚ ਹੋਣ ਵਾਲੇ ਤਜ਼ਰਬਿਆਂ ਨੂੰ ਕਾਲਜ ਵਿੱਚ ਆ ਕੇ ਸਾਂਝਾ ਕਰਨ ਤਾਂ ਜੋ ਉਹਨਾਂ ਦਾ ਕਾਲਜ ਨਾਲ ਰਿਸ਼ਤਾ ਬਣਿਆ ਰਹੇ। ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ, ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਸੈਸ਼ਨ ਦੇ ਸਫਲਤਾਪੂਰਵਕ ਮੁਕੰਮਲ ਹੋਣ 'ਤੇ ਵਧਾਈ ਦਿੱਤੀ। ਉਹਨਾਂ ਨੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਉਹਨਾਂ ਕਿਹਾ ਕਿ ਹੁਣ ਸਮਾਂ ਆ ਗਿਆ ਕਿ ਵਿਦਿਆਰਥੀ ਅਸਲੀਅਤ ਵਿਚ ਆਪਣੇ ਆਪ ਨੂੰ ਸਕਾਰਾਤਮਕ ਵਿਵਹਾਰ ਵਿਚ ਬਦਲਣ ਤੇ ਆਪਣੇ ਅਧਿਆਪਨ ਵਿਚ ਇਮਾਨਦਾਰੀ, ਅਨੁਸ਼ਾਸਨ, ਵਿਸ਼ਵਾਸ, ਉਤਸ਼ਾਹ ਅਤੇ ਦ੍ਰਿੜ ਨਿਸ਼ਚੇ ਨੂੰ ਪੈਦਾ ਕਰਨ।

## ਫਾਲਕਨ ਫਾਉਂਡੇਸ਼ਨ ਸਕੂਲ 'ਚ ਮਾਂ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)** ਫਾਲਕਨ ਫਾਉਂਡੇਸ਼ਨ ਸਕੂਲ ਵਿਖੇ ਮਾਂ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਬੱਚਿਅਂ ਵੱਲੋਂ ਆਪਣੀ ਮਾਵਾਂ ਵਾਸਤੇ ਵੱਖ ਵੱਖ ਤਰ੍ਹਾਂ ਦੇ ਕਾਰਡ ਬਣਾਏ ਅਤੇ ਖਾਸ ਸੰਦੇਸ਼ਾਂ ਰਾਹੀਂ ਆਪਣੇ ਪਿਆਰ ਦਾ ਇਜ਼ਹਾਰ ਕੀਤਾ । ਵੱਖ ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਮਾਂ ਦਿਵਸ ਨਾਲ ਸੰਬੰਧਿਤ ਗੀਤਾਂ 'ਤੇ ਕੀਤਾ ਗਿਆ ਡਾਂਸ ਵੀ ਖਿੱਚ ਦਾ ਕੇਂਦਰ ਰਿਹਾ । ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਵਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸਾ ਕੀਤੀ । ਇਸ ਮੌਕੇ ਸਕੂਲ ਦੇ ਕੁਆਡੀਨੇਟਰ ਮੈਡਮ ਮਮਤਾ ਗੈਂਦ, ਮੈਡਮ ਲਵਪ੍ਰੀਤ ਕੌਰ, ਪਰਮਜੀਤ ਕੌਰ, ਨੇਹਾ, ਮਨਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜਰ ਸਨ ।

# ਬ੍ਰਾਡਰਿਜ ਇੰਡੀਆ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨਾਲ ਇੰਡਸਟਰੀ-ਅਕੈਡਮੀ ਸਹਿਯੋਗ ਲਈ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ

**ਜਲੰਧਰ (ਸ਼ੈਲੀ ਐਲਬਰਟ)**- ਵਿੱਤੀ ਸੇਵਾਵਾਂ ਉਦਯੋਗ ਲਈ ਤਕਨਾਲੋਜੀ-ਅਧਾਰਤ ਹੱਲਾਂ ਦੇ ਇੱਕ ਪ੍ਰਮੁੱਖ ਪ੍ਰਦਾਤਾ, ਬ੍ਰਾਡਰਿਜ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨਾਲ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਹਨ, ਜਿਸ ਨਾਲ ਇੱਕ ਰਣਨੀਤਕ ਉਦਯੋਗ-ਅਕੈਡਮੀ ਸਹਿਯੋਗ ਸ਼ੁਰੂ ਕੀਤਾ ਗਿਆ ਹੈ। ਇਸ ਸਾਂਝੇਦਾਰੀ ਦਾ ਉਦੇਸ਼ ਉਦਯੋਗ ਅਤੇ ਅਕਾਦਮਿਕ ਵਿਚਕਾਰ ਪਾੜੇ ਨੂੰ ਪੂਰਾ ਕਰਨਾ ਹੈ, ਵਿਦਿਆਰਥੀਆਂ ਨੂੰ ਅਸਲ-ਸੰਸਾਰ ਦੇ ਹੁਨਰਾਂ ਅਤੇ ਵਿਹਾਰਕ ਅਨੁਭਵ ਨਾਲ ਲੈਸ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਇੰਡਸਟਰੀ ਲਈ ਤਿਆਰ ਕੀਤਾ ਜਾ ਸਕੇ। ਇਸ ਸਮਝੌਤੇ 'ਤੇ ਬ੍ਰਾਡਰਿਜ ਇੰਡੀਆ ਦੇ ਐਕਾਊਂਟ ਮੁਖੀ ਰਿਤੂ ਰੱਖੜਾ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਮੋਨਿਕਾ ਗੁਲਾਟੀ ਵਿਚਕਾਰ ਹਸਤਾਖਰ ਕੀਤੇ ਗਏ। ਬ੍ਰਾਡਰਿਜ ਨੇ ਇੱਕ ਢਾਂਚਾਗਤ ਟ੍ਰੇਨ ਦ ਟ੍ਰੇਨਰ ਪ੍ਰੋਗਰਾਮ ਸ਼ੁਰੂ ਕੀਤਾ ਹੈ, ਜਿੱਥੇ ਇਸਦੇ ਐਸਐਮਈ ਪ੍ਰਭਾਵਸ਼ਾਲੀ; ਗਿਆਨ ਟ੍ਰਾਂਸਫਰ ਨੂੰ ਯਕੀਨੀ ਬਣਾਉਣ ਲਈ ਐਲਪੀਯੂ ਸਟਾਫ ਨੂੰ ਸਲਾਹ ਦੇਣਗੇ। ਇਹ ਪ੍ਰੋਗਰਾਮ 16-17 ਹਫ਼ਤਿਆਂ ਵਿੱਚ 80-90 ਘੰਟੇ ਚੱਲੇਗਾ, ਹਰ ਹਫ਼ਤੇ ਲਾਈਵ ਸੈਸ਼ਨ ਤਹਿ ਕੀਤੇ ਜਾਣਗੇ। ਸੈਸ਼ਨਾਂ ਵਿੱਚ ਰੀਅਲ-ਟਾਈਮ ਕੇਸ ਸਟੱਡੀਜ਼, ਇੰਟਰਐਕਟਿਵ ਵਰਕਸ਼ਾਪਾਂ, ਅਸਾਈਨਮੈਂਟਾਂ, ਅਤੇ ਪ੍ਰੀ-ਸ਼ੇਅਰਡ ਕੋਰਸ ਸਮੱਗਰੀ ਸ਼ਾਮਲ ਹੈ ਜਿਸਦੀ ਫੈਕਲਟੀ ਪਹਿਲਾਂ ਤੋਂ ਸਮੀਖਿਆ ਕਰ ਸਕਦੀ ਹੈ। ਕਵਰ ਕੀਤੇ ਗਏ ਮੁੱਖ ਵਿਸ਼ਿਆਂ ਵਿੱਚ ਉਤਪਾਦ ਪ੍ਰਬੰਧਨ, ਐਜਾਇਲ ਅਤੇ ਸੀਈਐਫ, ਡੇਵਓਪਸ ਅਤੇ ਐਸਆਰਈ, ਕਲਾਉਡ ਅਤੇ ਡੇਵਓਪਸ, ਅਤੇ ਸਾਈਬਰ ਸੁਰੱਖਿਆ ਸ਼ਾਮਲ ਹਨ।ਬ੍ਰਾਡਰਿਜ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ, ਸ਼੍ਰੀਨਾਮ ਓਹਰੀ ਨੇ ਕਿਹਾ,



ਕਿਹਾ, ਬ੍ਰਾਡਰਿਜ ਵਿਖੇ, ਸਾਡਾ ਮੰਨਣਾ ਹੈ ਕਿ ਉਦਯੋਗ ਅਤੇ ਅਕਾਦਮਿਕ ਵਿਚਕਾਰ ਪਾੜੇ ਨੂੰ ਪੂਰਾ ਕਰਨਾ, ਭਵਿੱਖ ਲਈ ਤਿਆਰ ਪ੍ਰਤਿਭਾ ਨੂੰ ਵਿਕਸਤ ਕਰਨ ਲਈ ਜ਼ਰੂਰੀ ਹੈ। 'ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨਾਲ ਸਾਡਾ ਸਹਿਯੋਗ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ, ਜੋ ਵਿਦਿਆਰਥੀਆਂ ਨੂੰ ਉਭਰਦੀਆਂ ਤਕਨਾਲੋਜੀਆਂ ਵਿੱਚ ਅਸਲ-ਸੰਸਾਰ ਦੀ ਸੂਝ ਅਤੇ ਵਿਹਾਰਕ ਅਨੁਭਵ ਨਾਲ ਲੈਸ ਕਰਦਾ ਹੈ। ਸਾਡੇ ਉਦਯੋਗ ਮਾਹਰਾਂ ਦੀ ਮੁਹਾਰਤ ਦਾ ਲਾਭ ਉਠਾ ਕੇ, ਸਾਡਾ ਉਦੇਸ਼ ਅਧਿਆਪਕਾਂ ਨੂੰ ਸਸ਼ਕਤ ਬਣਾਉਣਾ ਹੈ ਅਤੇ ਬਦਲੇ ਵਿੱਚ, ਇੱਕ ਉੱਚ ਹੁਨਰਮੰਦ ਕਾਰਜਬਲ ਬਣਾਉਣਾ ਹੈ। ਇਹ ਸਾਂਝੇਦਾਰੀ ਸਾਨੂੰ ਆਪਣੀ ਮੁਹਾਰਤ ਅਤੇ ਸੂਝ ਨੂੰ ਸਾਂਝਾ ਕਰਨ ਦੀ ਆਗਿਆ ਦਿੰਦੀ ਹੈ, ਅਤੇ ਇਹ ਯਕੀਨੀ ਬਣਾਉਂਦੀ ਹੈ ਕਿ ਵਿਦਿਆਰਥੀ ਇੱਕ ਵਿਕਸਤ ਹੋ ਰਹੇ ਤਕਨੀਕੀ ਦ੍ਰਿਸ਼ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਚੰਗੀ ਤਰ੍ਹਾਂ ਤਿਆਰ ਹਨ।' ਬ੍ਰਾਡਰਿਜ ਫੈਕਲਟੀ ਫੀਡਬੈਕ ਦੇ ਅਧਾਰ ਤੇ ਪਾਠਕ੍ਰਮ ਨੂੰ ਵਧਾਉਣ ਲਈ ਐਲਪੀਯੂ ਨਾਲ ਕੰਮ ਕਰ ਰਿਹਾ ਹੈ ਅਤੇ ਕੋਰ, ਡੇਵਓਪਸ ਅਤੇ ਕਲਾਉਡ ਪ੍ਰਵਰਤਨ ਪ੍ਰਬੰਧਨ ਵਰਗੇ ਬੁਨਿਆਦੀ ਢਾਂਚੇ ਵਰਗੇ ਵਿਸ਼ੇਸ਼ ਖੇਤਰਾਂ ਨੂੰ ਜੋੜ ਰਿਹਾ ਹੈ। ਇਹ ਵਿਸ਼ੇਸ਼ ਪਾਠਕ੍ਰਮ ਵਿਦਿਆਰਥੀਆਂ ਨੂੰ ਵਿੱਤੀ ਤਕਨਾਲੋਜੀ ਦਾ ਡੂੰਘਾ ਗਿਆਨ ਪ੍ਰਦਾਨ ਕਰਦਾ ਹੈ, ਜਿਸ ਵਿੱਚ ਵਿਹਾਰਕ ਕੇਸ ਸਟੱਡੀਜ਼, ਉਦਯੋਗ ਵਰਕਸ਼ਾਪਾਂ, ਅਤੇ ਇੰਟਰਐਕਟਿਵ ਪ੍ਰਸ਼ਨ ਅਤੇ ਉੱਤਰ ਸੈਸ਼ਨਾਂ ਨੂੰ ਜੋੜ ਕੇ ਅਸਲ-ਸੰਸਾਰ ਦੀਆਂ ਚੁਣੌਤੀਆਂ ਲਈ ਤਿਆਰ ਕੀਤਾ ਜਾਂਦਾ ਹੈ। ਡਾ. ਅਸ਼ੋਕ ਕੁਮਾਰ ਮਿੱਤਲ, ਐਮਪੀ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਕਿਹਾ, 'ਬ੍ਰਾਡਰਿਜ ਨਾਲ ਇਹ ਸਹਿਯੋਗ ਐਲਪੀਯੂ ਦੀ ਪਰਿਵਰਤਨਸ਼ੀਲ ਐਜੂਕੇਸ਼ਨਇਕੋਸਿਸਟਮ ਨੂੰ ਮਜ਼ਬੂਤ ਕਰਦਾ ਹੈ ਜੋ ਹੱਥੀਂ ਸਿਖਲਾਈ ਅਤੇ ਡੂੰਘੇ ਉਦਯੋਗ ਏਕੀਕਰਨ ਦੁਆਰਾ ਉੱਚ ਸਿੱਖਿਆ ਵਿੱਚ ਕ੍ਰਾਂਤੀ ਲਿਆਉਂਦਾ ਹੈ।' ਉਦਯੋਗ ਮਾਹਰਾਂ ਦੁਆਰਾ ਸਟਾਫ ਲਈ ਸਿਖਲਾਈ ਦੁਆਰਾ, ਇਹ ਯਕੀਨੀ ਬਣਾਉਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ ਕਿ ਵਿਦਿਆਰਥੀ ਸਿਰਫ ਕਿਤਾਬੀ ਗਿਆਨ ਹੀ ਨਹੀਂ, ਸਗੋਂ ਵਿਸ਼ੇ ਦੀ ਪੂਰੀ ਸਮਝ ਵੀ ਪ੍ਰਾਪਤ ਕਰਨ। ਉਦੇਸ਼ ਭਵਿੱਖ ਲਈ ਤਿਆਰ ਗ੍ਰੈਜੂਏਟ; ਤਕਨੀਕੀ ਤੌਰ ਤੇ ਹੁਨਰਮੰਦ, ਅਨੁਕੂਲ ਅਤੇ ਉਦੇਸ਼-ਸੰਚਾਲਿਤ ਪੇਸ਼ੇਵਰਾਂ ਨੂੰ ਵਿਕਸਤ ਕਰਨਾ ਹੈ ਜੋ ਤੇਜ਼ੀ ਨਾਲ ਵਿਕਸਤ ਹੋ ਰਹੇ ਸੰਸਾਰ ਵਿੱਚ ਪ੍ਰਫੁੱਲਤ ਹੋਣ ਲਈ ਤਿਆਰ ਹਨ। ਸਿਖਲਾਈ ਪੂਰੀ ਕਰਨ ਤੋਂ ਬਾਅਦ, ਸਟਾਫ ਮੈਂਬਰਾਂ ਨੂੰ ਸਿਖਲਾਈ ਸੰਪੂਰਨਤਾ ਸਰਟੀਫਿਕੇਟ ਪ੍ਰਾਪਤ ਹੋਣਗੇ। ਫਿਰ ਉਹ ਜੂਨ ਅਤੇ ਜੁਲਾਈ 2025 ਵਿੱਚ ਬੂਟਕੈਂਪ ਆਯੋਜਿਤ ਕਰਨਗੇ ਤਾਂ ਜੋ 2026 ਦੇ ਗ੍ਰੈਜੂਏਟ ਬੈਚ ਨੂੰ ਅਗਸਤ 2025 ਤੱਕ ਉਦਯੋਗ-ਤਿਆਰ ਹੁਨਰਾਂ ਨਾਲ ਲੈਸ ਕੀਤਾ ਜਾ ਸਕੇ। 2027 ਤੋਂ, ਇਹਨਾਂ ਵਿਸ਼ੇਸ਼ ਵਿਸ਼ਿਆਂ ਨੂੰ ਓਪਨ ਮਾਈਨਰ ਪ੍ਰੋਗਰਾਮ ਦੇ ਤਹਿਤ ਚਾਰ ਚੋਣਵੇਂ ਕੋਰਸਾਂ ਦੇ ਰੂਪ ਵਿੱਚ ਐਲਪੀਯੂ ਦੇ ਬੀ.ਟੈਕ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਜਾਵੇਗਾ, ਜਿਸ ਵਿੱਚ ਵਿਦਿਆਰਥੀ ਆਪਣੇ ਪੰਜਵੇਂ ਸਮੈਸਟਰ ਤੋਂ ਪ੍ਰਤੀ ਸਮੈਸਟਰ ਇੱਕ ਕੋਰਸ ਕਰਨਗੇ।

# ਰਿਆਤ-ਬਾਹਰਾ ਸਕੂਲ ਵਿੰਗ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਰਿਆਤ ਬਾਹਰਾ 10+2 ਸਕੂਲ ਵਿੰਗ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਦੀ 2024-25 ਦੀ ਬਾਰ੍ਹਵੀਂ ਜਮਾਤ ਦੀ ਪ੍ਰੀਖਿਆ ਵਿੱਚ 100% ਨਤੀਜਾ ਪ੍ਰਾਪਤ ਕਰਨਾ ਸਕੂਲ ਦੀ ਇੱਕ ਵੱਡੀ ਪ੍ਰਾਪਤੀ ਹੈ ਜਿਸਨੇ ਨਾ ਸਿਰਫ਼ ਸਕੂਲ ਦੀ ਸਾਖ ਵਧਾਈ ਹੈ ਬਲਕਿ ਅਧਿਆਪਕਾਂ ਅਤੇ ਮਾਪਿਆਂ ਨੂੰ ਵੀ ਮਾਣ ਮਹਿਸੂਸ ਕਰਵਾਇਆ ਹੈ।ਇਸ ਸਾਲ ਦੇ ਹੋਣਹਾਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੌਇਦੀਪ ਸੈਣੀ ਨੇ 92.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਤਰੁਣ ਪਾਲ ਨੇ 89.6% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਹਰਸ਼ ਨੇ 88% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਨਨ ਠਾਕੁਰ ਨੇ 85.2%, ਕਿਰਨਪ੍ਰੀਤ ਕੌਰ ਨੇ 84%, ਸ਼ਿਵਾਨੀ ਨੇ 82.8%, ਵਨਸ਼ਿਕਾ ਸੈਣੀ ਨੇ 82.4% ਅਤੇ ਹਰਪ੍ਰੀਤ ਕੌਰ ਨੇ 81% ਅੰਕ ਪ੍ਰਾਪਤ ਕਰਕੇ ਸਕੂਲ ਟਾਪਰਾਂ ਦੀ ਸੂਚੀ ਵਿੱਚ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਵਿਦਿਆਰਥੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਲਗਨ, ਸਖ਼ਤ ਮਿਹਨਤ ਅਤੇ ਸਹੀ ਮਾਰਗਦਰਸ਼ਨ ਨਾਲ ਹਰ ਸੁਪਨਾ ਸਾਕਾਰ ਹੋ ਸਕਦਾ ਹੈ। ਇਸ ਮੌਕੇ 'ਤੇ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਅਤੇ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੇ ਇਸ ਸ਼ਾਨਦਾਰ ਨਤੀਜੇ 'ਤੇ ਸਾਰੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਨਿਰੰਤਰ ਮਿਹਨਤ, ਅਧਿਆਪਕਾਂ ਦੀ ਵਚਨਬੱਧਤਾ ਅਤੇ ਪਰਿਵਾਰ ਦੇ ਸਮਰਥਨ ਦਾ ਨਤੀਜਾ ਹੈ। ਸਕੂਲ ਪ੍ਰਿੰਸੀਪਲ ਪ੍ਰੇਮਲਤਾ ਨੇ ਵੀ ਇਸ ਪ੍ਰਾਪਤੀ 'ਤੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਨਤੀਜਾ ਸਕੂਲ ਪਰਵਾਰ ਦੇ ਸਮੂਹਿਕ ਯਤਨ ਅਤੇ ਸਮਰਪਣ ਦਾ ਪ੍ਰਤੀਕ ਹੈ। ਉਨ੍ਹਾਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਸਰਕਾਰੀ ਕੰਨਿਆ ਸੀਨੀ. ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ



**ਫਗਵਾੜਾ (ਰਮਨ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜੇ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫਗਵਾੜਾ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ।ਸਕੂਲ ਪ੍ਰਿੰਸੀਪਲ ਸ੍ਰੀਮਤੀ ਮੀਨੂ ਗੁਪਤਾ ਨੇ ਇਹ ਖੁਸਖਬਰੀ ਸਾਂਝੀ ਕਰਦਿਆਂ ਦੱਸਿਆ ਕਿ ਸਕੂਲ ਵਿੱਚੋਂ ਪ੍ਰਭਜੀਤ ਕੌਰ ਕਾਮਰਸ ਦੀ ਵਿਦਿਆਰਥਣ ਨੇ 485/500 ਅੰਕ (97%) ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ। ਦੂਸਰੇ ਸਥਾਨ 'ਤੇ ਕਾਮਰਸ ਦੀ ਵਿਦਿਆਰਥਣ ਹਰਸ਼ਿਤਾ 478/500 ਅੰਕਾਂ (95.6%) ਨਾਲ ਰਹੀ ਤੀਸਰੇ ਸਥਾਨ ਉੱਤੇ ਚਾਰ ਵਿਦਿਆਰਥਣਾਂ ਹਰਪ੍ਰੀਤ, ਕ੍ਰਿਤੀ ,ਸੰਧਿਆ ਕੁਮਾਰੀ, ਪੂਨਮ ਨੇ 471 /500 (94.2%) ਨੰਬਰ ਲੈ ਕੇ ਮੱਲਾਂ ਮਾਰੀਆਂ। ਵਿਸ਼ੇਸ਼ ਪ੍ਰਾਪਤੀ ਵਿੱਚ ਉਹਨਾਂ ਨੇ ਦੱਸਿਆ ਕਿ 30 ਵਿਦਿਆਰਥੀਆਂ ਨੇ 90% ਤੋਂ ' ਨੰਬਰ ਹਾਸਿਲ ਕੀਤੇ ।ਨਤੀਜਿਆਂ ਦੇ ਐਲਾਨ ਤੋਂ ਬਾਅਦ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਵਿਦਿਆਰਥੀਆਂ ਨੂੰ ਸਕੂਲ ਬੁਲਾ ਕੇ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਤੇ ਸਵੇਰ ਦੀ ਸਭਾ ਵਿੱਚ ਪ੍ਰਿੰਸੀਪਲ ਮੀਨੂ ਗੁਪਤਾ ਨੇ ਆਖਿਆ ਕਿ ਜ਼ਿੰਦਗੀ ਵਿੱਚ ਮਿਹਨਤ ਕਰਨ ਨਾਲ ਹੀ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਜਾ ਸਕਦਾ। ਉਹਨਾਂ ਸਮੁੱਚੇ ਸਟਾਫ ਨੂੰ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ। ਮਾਤਾ ਪਿਤਾ ਅਤੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਮੈਡਮ ਅਤੇ ਸਮੁੱਚੇ ਸਟਾਫ ਦਾ ਯੋਗ ਅਗਵਾਈ ਲਈ ਧੰਨਵਾਦ ਕੀਤਾ।

# ਪਿਪਸ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਫ਼ੀਸਦ ਰਿਹਾ




**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)** ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਦਾ ਸੀਬੀਐੱਸਈ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਫ਼ੀਸਦੀ ਰਿਹਾ । ਸਕੂਲ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦੱਸਿਆ ਕਿ ਸਾਇੰਸ ਗਰੁੱਪ ਵਿੱਚ ਨਮਨ ਕਪੂਰ ਨੇ 95.8 ਫ਼ੀਸਦੀ ਅੰਕ ਹਾਸਲ ਕਰ ਕੇ ਸਮੁੱਚੀ ਬਾਰ੍ਹਵੀਂ ਜਮਾਤ ਅਤੇ ਸਾਇੰਸ ਗਰੁੱਪ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ । ਜੈਸਮੀਨ ਕੌਰ ਨੇ 86.2 ਫ਼ੀਸਦੀ ਅੰਕ ਹਾਸਲ ਕਰਕੇ ਦੂਜਾ , ਪਰਾਂਜਲ ਅਰੋੜਾ ਨੇ 85.2 ਫ਼ੀਸਦੀ ਅੰਕ ਹਾਸਲ ਕਰਕੇ ਤੀਜਾ , ਜਸ਼ਨਪ੍ਰੀਤ ਕੌਰ ਅਤੇ ਖੁਸ਼ਪ੍ਰੀਤ ਕੌਰ ਨੇ 84.8% ਫ਼ੀਸਦੀ ਅੰਕ ਹਾਸਲ ਕਰਕੇ ਚੌਥਾ ਅਤੇ ਅਰਸ਼ਪ੍ਰੀਤ ਕੌਰ ਨੇ 83 ਫ਼ੀਸਦੀ ਅੰਕ ਹਾਸਲ ਕਰਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ । ਕਾਮਰਸ ਗਰੁੱਪ ਵਿੱਚ ਜਸਪ੍ਰੀਤ ਕੌਰ ਨੇ 92.2 ਫ਼ੀਸਦੀ ਅੰਕ ਹਾਸਲ ਕਰਕੇ ਪਹਿਲਾਂ , ਸਿਮਰਨਪ੍ਰੀਤ ਕੌਰ ਨੇ 91 ਫ਼ੀਸਦੀ ਅੰਕ ਹਾਸਲ ਕਰਕੇ ਦੂਜਾ , ਪੁਨੀਤ ਕੌਰ ਨੇ 89.6 ਫ਼ੀਸਦੀ ਅੰਕ ਹਾਸਲ ਕਰਕੇ ਤੀਜਾ , ਰਵਿੰਦਰਜੀਤ ਸਿੰਘ ਨੇ 88.4 ਫ਼ੀਸਦੀ ਅੰਕ ਹਾਸਲ ਕਰਕੇ ਚੌਥਾ ਅਤੇ ਪ੍ਰੀਆ ਰਾਣੀ ਨੇ 87.4 ਫ਼ੀਸਦੀ ਅੰਕ ਹਾਸਲ ਕਰਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ ।ਆਰਟਸ ਗਰੁੱਪ ਵਿੱਚ ਸਿਮਰਨਜੀਤ ਕੌਰ ਨੇ 94. 6 ਫ਼ੀਸਦੀ ਅੰਕ ਹਾਸਲ ਕਰਕੇ ਪਹਿਲਾ , ਹਰਜੋਤ ਸਿੰਘ ਨੇ 89.4 ਫ਼ੀਸਦੀ ਅੰਕ ਹਾਸਲ ਕਰਕੇ ਦੂਜਾ, ਤੁਸ਼ਾਰ ਸਿੰਘ ਨੇ 87.6 ਫ਼ੀਸਦੀ ਅੰਕ ਹਾਸਲ ਕਰਕੇ ਤੀਜਾ, ਅਰਸ਼ਵੀਰ ਕੌਰ ਨੇ 86.4 ਫ਼ੀਸਦੀ ਅੰਕ ਹਾਸਲ ਕਰਕੇ ਚੌਥਾ ਅਤੇ ਸਿਮਰਨਦੀਪ ਕੌਰ ਨੇ 84.6 ਫ਼ੀਸਦੀ ਅੰਕ ਹਾਸਲ ਕਰਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ । ਉਕਤ ਇਨ੍ਹਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਕੂਲ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ, ਡਾਇਰੈਕਟਰ ਸ਼ਿੰਦਰਪਾਲ ਕੌਰ ਅਟਵਾਲ, ਮੈਨੇਜਰ ਪ੍ਰੀਤਪਾਲ ਕੌਰ ਅਟਵਾਲ ਅਤੇ ਵਾਇਸ ਪ੍ਰਿੰਸੀਪਲ ਮਨਦੀਪ ਕੌਰ ਮਾਹਲ ਵੱਲੋਂ ਵਧਾਈ ਅਤੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆ ਗਈਆਂ ।

# ਪੈਨਸ਼ਨਰਾਂ ਲਈ ਜ਼ਿਲ੍ਹਾ ਪੱਧਰੀ ਅਦਾਲਤ 19 ਨੂੰ

**ਜਲੰਧਰ (ਸ਼ੈਲੀ ਐਲਬਰਟ)**- ਪਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ 19 ਮਈ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ, ਜਲੰਧਰ ਵਿਖੇ ਲਗਾਈ ਜਾ ਰਹੀ ਹੈ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ-ਕਮ- ਨੋਡਲ ਅਫ਼ਸਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਪਨੈਸ਼ਨਰਾਂ ਦੀਆਂ ਸਮੱਸਿਆਵਾਂ ਨੂੰ ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ ਵਿੱਚ ਮਹਾਂਲੇਖਕਾਰ (ਏ. ਐਂਡ ਈ.), ਪੰਜਾਬ ਦੀ ਟੀਮ ਵਲੋਂ ਸੁਣਿਆ ਜਾਵੇਗਾ ਅਤੇ ਪ੍ਰਾਪਤ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੇ ਮੁੱਖੀਆਂ ਨੂੰ ਅਪੀਲ ਕੀਤੀ ਕਿ ਉਹਨਾਂ ਦੇ ਦਫ਼ਤਰਾਂ ਵਿੱਚ ਪੈਨਸ਼ਨਰਾਂ ਵਲੋਂ ਪ੍ਰਾਪਤ ਹੋਈਆਂ ਵੱਖ-ਵੱਖ ਦਰਖਾਸਤਾਂ ਸਬੰਧੀ ਸਮੁੱਚਾ ਰਿਕਾਰਡ ਜ਼ਿਲ੍ਹਾ ਪੱਧਰੀ ਲੋਕ ਅਦਾਲਤ ਵਿੱਚ ਲਿਆਂਦਾ ਜਾਵੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਜ਼ਿਲ੍ਹੇ ਵਿੱਚ ਪੈਨਸ਼ਨਰਾਂ ਨੂੰ ਹਰ ਸਹੂਲਤ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੈਨਸ਼ਨ ਅਦਾਲਤ ਪੈਨਸ਼ਨਰਾਂ ਲਈ ਬਹੁਤ ਹੀ ਲਾਹੇਵੰਦ ਸਿੱਧ ਹੋਵੇਗੀ।

# ਚੀਮਾ ਵੱਲੋਂ ਸਰਕਾਰੀ ਸਕੂਲਾਂ ਦਾ ਉਦਘਾਟਨ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਅੰਦਰ ਬਿਹਤਰੀਨ ਬੁਨਿਆਦੀ ਢਾਂਚਾ ਵਿਕਸਤ ਕਰਨ ਦੇ ਮਕਸਦ ਨਾਲ ਸਿੱਖਿਆ ਕ੍ਰਾਂਤੀ



ਤਹਿਤ ਜਿਲ੍ਹੇ ਦੇ 6 ਹੋਰ ਸਕੂਲਾਂ ਵਿਚ 67 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ।ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵਲੋਂ ਸਰਕਾਰੀ ਮਿਡਲ ਤੇ ਪ੍ਰਾਇਮਰੀ ਸਕੂਲ ਮੁਰਾਰ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ। ਇਨ੍ਹਾਂ ਵਿਕਾਸ ਕੰਮਾਂ ਵਿਚ ਮੁੱਖ ਤੌਰ 'ਤੇ ਐਡੀਸ਼ਨਲ ਕਲਾਸ ਰੂਮਾਂ ਦੀ ਉਸਾਰੀ ਤੇ ਚਾਰਦੀਵਾਰੀ ਦੀ ਉਸਾਰੀ ਸ਼ਾਮਿਲ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਡਾਇਰੈਕਟਰ ਜਲ ਸਰੋਤ ਵਿਭਾਗ ਤੇ ਮੈਂਬਰ ਪੰਜਾਬ ਕ੍ਰਿਕਟ ਐਸੋਸੀਏਸ਼ਨ ਹਰਸਿਮਰਨ ਸਿੰਘ ਘੁੰਮਣ ਵੀ ਹਾਜ਼ਰ ਸਨ।ਇਸ ਤੋਂ ਇਲਾਵਾ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸੱਜਣ ਸਿੰਘ ਚੀਮਾ ਵਲੋਂ 37 ਲੱਖ ਰੁਪਏ ਦੀ ਲਾਗਤ ਨਾਲ ਸਰਕਾਰੀ ਸਕੂਲ ਸਰਾਏ ਜੱਟਾਂ , ਪੱਮਣ, ਸ਼ਾਲਾਪੁਰ ਬੇਟ ਤੇ ਤਲਵੰਡੀ ਚੌਧਰੀਆਂ ਵਿਖੇ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ। ਇਨ੍ਹਾਂ ਵਿਚ ਮੁੱਖ ਤੌਰ 'ਤੇ ਐਡੀਸ਼ਨਲ ਕਲਾਸ ਰੂਮਾਂ ਦੀ ਉਸਾਰੀ, ਸਾਇੰਸ ਲੈਬ ਤੇ ਚਾਰਦੀਵਾਰੀ ਸ਼ਾਮਲ ਹੈ।

# ਸਰਕਾਰੀ ਸੀ ਸੈ ਸਕੂਲ ਧਮਾਈ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਐਲਾਨੇ ਗਏ 12ਵੀਂ ਦੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਮਾਈ ਦਾ ਨਤੀਜਾ



ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸਕੂਲ ਪ੍ਰਿੰਸੀਪਲ ਮੈਡਮ ਪੂਨਮ ਸ਼ਰਮਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਡੇ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਹੈ । ਉਹਨਾਂ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਨੇਹਾ ਨੇ 436 (87.20% )ਨੰਬਰ,ਪ੍ਰੀਤ ਕੌਰ ਨੇ 416(83.20%) ਨੰਬਰ, ਅਭੀਸ਼ੇਕ ਨੇ 407 (81.40%) ਨੰਬਰ ਅਤੇ ਹਰਮਨ ਮਾਨ ਨੇ 403(80.60%) ਨੰਬਰ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ । ਇਸ ਸਮੇਂ ਸਕੂਲ ਪ੍ਰਿੰਸੀਪਲ ਅਤੇ ਸਮੂਹ ਸਟਾਫ ਵੱਲੋਂ ਅੱਵਲ ਰਹੇ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਸਕੂਲ ਪ੍ਰਿੰਸੀਪਲ ਨੇ ਦੱਸਿਆ ਕਿ ਇਹ ਸ਼ਾਨਦਾਰ ਨਤੀਜੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਅਤੇ ਦ੍ਰਿੜ ਇਰਾਦੇ ਦਾ ਨਤੀਜਾ ਹੈ। ਇਸ ਸਮੇਂ ਸਕੂਲ ਸਟਾਫ ਵਿੱਚ ਮੈਡਮ ਕੁਲਵਿੰਦਰ ਕੌਰ, ਮੁਕੇਸ਼ ਕੁਮਾਰ, ਜਸਵੀਰ ਸਿੰਘ, ਪਰਮਜੀਤ ਸਿੰਘ, ਬਲਕਾਰ ਸਿੰਘ, ਕਮਲਜੀਤ ਕੌਰ, ਖੁਸ਼ਵਿੰਦਰ ਕੌਰ, ਦੀਪਕ ਕੌਸ਼ਲ ਸੀਮਾ ਰਾਣੀ ਮਧੂ ਸੰਬਿਆਲ, ਅਵਤਾਰ ਸਿੰਘ ਅਤੇ ਕੈਪਟਨ ਸੁਰਿੰਦਰ ਕੁਮਾਰ ਹਾਜ਼ਰ ਸਨ।

# ਆਵਾਜਾਈ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਲਾਇਆ ਸੈਮੀਨਾਰ




**ਚੰਡੀਗੜ੍ਹ (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)** ਹਰਮਨਦੀਪ ਸਿੰਘ ਹਾਂਸ, ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਐਸ.ਏ.ਐਸ.ਨਗਰ, ਨਵਨੀਤ ਸਿੰਘ ਮਾਹਲ, ਕਪਤਾਨ ਪੁਲਸ ਟ੍ਰੈਫਿਕ ਵੱਲੋਂ ਨਸ਼ਿਆਂ ਖਿਲਾਫ ਅਤੇ ਟ੍ਰੈਫਿਕ ਨਿਯਮਾਂ ਦੀ ਜਾਗਰੂਕਤਾ ਸਬੰਧੀ ਚਲਾਈ ਗਈ ਮੁਹਿੰਮ ਤਹਿਤ, ਕਰਨੈਲ ਸਿੰਘ, ਉਪ ਕਪਤਾਨ ਪੁਲਿਸ, ਟ੍ਰੈਫਿਕ ਵੱਲੋਂ ਵੀਰਵਾਰ ਬੀ.ਐਸ.ਐਚ. ਆਰੀਆ ਸੀਨੀਅਰ ਸੈਕੰਡਰੀ ਸਕੂਲ ਸੈਕਟਰ 78, ਐਸ.ਏ.ਐਸ.ਨਗਰ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਵਰਤੋਂ ਨਾ ਕਰਨ ਸਬੰਧੀ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਖੇਡਾਂ ਵੱਲ ਜਾਣ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਹੈ। ਇਸ ਸੈਮੀਨਾਰ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਕੁਝ ਗਲਤ ਅਨਸਰਾਂ ਵੱਲੋਂ ਵਿਦਿਆਰਥੀਆਂ ਨੂੰ ਨਸ਼ੇ 'ਤੇ ਲਗਾ ਦਿੱਤਾ ਜਾਂਦਾ ਹੈ, ਇਸ ਲਈ ਅਜਿਹੇ ਮਾੜੇ ਅਨਸਰਾਂ ਤੋਂ ਆਪਣਾ ਬਚਾਅ ਰੱਖੋ। ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਮੋਟਰ ਵਹੀਕਲ ਐਕਟ ਦੀ ਧਾਰਾ 199 ਏ ਤਹਿਤ ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਹੀਕਲ ਚਲਾਉਂਦਾ ਹੈ ਤਾਂ ਉਸਦੇ ਮਾਪਿਆਂ ਨੂੰ 3 ਸਾਲ ਦੀ ਕੈਦ, 25 ਹਜਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ ਅਤੇ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਹੀਕਲ ਦੇਣ ਵਾਲੇ ਵਿਅਕਤੀ ਨੂੰ ਵੀ 3 ਸਾਲ ਦੀ ਸਜਾ ਜਾਂ ਜੁਰਮਾਨਾ ਹੋ ਸਕਦਾ ਹੈ।ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਚਲਾਈ ਗਈ ਚੰਗੇ ਸਮਾਰੀਟਨ ਨੂੰ ਪੁਰਸਕਾਰ ਦੇਣ ਦੀ ਸਕੀਮ ਬਾਰੇ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਐਕਸੀਡੈਂਟ ਹੋਏ ਵਿਅਕਤੀ ਦੀ ਮੱਦਦ ਕਰਦਾ ਹੈ ,ਤਾਂ ਉਸਨੂੰ 2000 ਰੁਪਏ ਸਰਕਾਰ ਵੱਲੋਂ (ਫਰਿਸ਼ਤੇ ਸਕੀਮ ਤਹਿਤ) ਦਿੱਤੇ ਜਾਣਗੇ।ਇਸ ਮੌਕੇ 'ਤੇ ਬੀ.ਐਸ.ਐਚ ਆਰੀਆ ਸੀਨੀਅਰ ਸੈਕੰਡਰੀ ਸਕੂਲ ਸੈਕਟਰ 78, ਐਸ.ਏ.ਐਸ.ਨਗਰ ਦੇ ਪ੍ਰਿੰਸੀਪਲ, ਸ੍ਰੀਮਤੀ ਸੁਨੀਤਾ ਗਰਗ ਅਤੇ ਹੋਰ ਸਟਾਫ ਨੇ ਡੀ ਐਸ ਪੀ ਟ੍ਰੈਫਿਕ ਦਾ ਜਾਗਰੂਕਤਾ ਸਬੰਧੀ ਇਹ ਸੈਮੀਨਾਰ ਲਗਾਉਣ ਲਈ ਧੰਨਵਾਦ ਕੀਤਾ।

# ਅੱਜ ਤੋਂ ਪਿੰਡਾਂ 'ਚ ਸ਼ੁਰੂ ਹੋਵੇਗੀ ਨਸ਼ਾ ਮੁਕਤੀ ਯਾਤਰਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**— ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਰਾਜ ਨੂੰ ਨਸ਼ਾ ਮੁਕਤ ਕਰਨ ਅਤੇ ਨਸ਼ੇ ਅਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ 16 ਮਈ ਤੋਂ ਕਪੂਰਥਲਾ ਦੇ ਪਿੰਡਾਂ ਵਿੱਚ ਲੜੀਵਾਰ ਸਭਾਵਾਂ ਬੁਲਾ ਕੇ ਜਾਗਰੂਕਤਾ ਸਮਾਗਮ ਕੀਤੇ ਜਾਣਗੇ। ਪਹਿਲੇ ਦਿਨ ਜ਼ਿਲ੍ਹੇ ਵਿੱਚ 10 ਪਿੰਡਾਂ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਸਮਾਗਮ ਹੋਣਗੇ । ਇਨ੍ਹਾਂ ਵਿੱਚ ਆਲਮਗੀਰ , ਬਣਵਾਲੀਪੁਰ , ਕਾਲਾ ਸੰਘਿਆ, ਲਾਟੀਆਂਵਾਲ , ਭੌਰ, ਹੈਬਤਪੁਰ , ਬੁਤਾਲਾ, ਅਮਰੀਕ ਨਗਰੀ , ਭੁੱਲਾਰਾਈ ਤੇ ਬੀੜ ਪੁਆਧ ਸ਼ਾਮਿਲ ਹਨ ।



ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਵੱਖ ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਨਸ਼ਾ ਮੁਕਤੀ ਮੋਰਚਾ ਸਬੰਧੀ ਜਿਲ੍ਹਾ ਤੇ ਹਲਕਾ ਕੁਆਰਡੀਨੇਟਰਾਂ ਵੱਲੋਂ ਨਸਾ ਵਿਰੋਧੀ ਜਾਗਰੂਕਤਾ ਲਹਿਰ ਹਰ ਪਿੰਡ ਪਿੰਡ ਜਾਵੇਗੀ । ਨਸ਼ਾ ਮੁਕਤੀ ਯਾਤਰਾ ਤਹਿਤ ਹਰੇਕ ਪਿੰਡ ਵਿੱਚ ਗ੍ਰਾਮ ਸਭਾ ਬੁਲਾ ਕੇ ਅਤੇ ਜ਼ਿਲ੍ਹਾ ਸੁਰੱਖਿਆ ਕੇ ਅਤੇ ਜ਼ਿਲ੍ਹਾ ਸੁਰੱਖਿਆ ਕਮੇਟੀਆਂ ਤੋਂ ਇਲਾਵਾ ਸਮੂਹ ਪਿੰਡ ਵਾਸੀਆਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਾਇਆ ਜਾਵੇਗਾ ਤੇ ਸਿਹਤ ਵਿਭਾਗ, ਪੰਚਾਇਤ ਵਿਭਾਗ, ਸਹਿਕਾਰਤਾ ਵਿਭਾਗ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਾਹਿਰਾਂ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਪਿੰਡ ਵਾਸੀਆਂ ਨੂੰ ਜਾਗਰੂਕ ਕੀਤਾ ਜਾਵੇਗਾ ਤੇ ਇਸ ਲੋਕ ਲਹਿਰ ਵਿੱਚ ਉਨ੍ਹਾਂ ਨੂੰ ਸੰਪੂਰਨ ਤੌਰ 'ਤੇ ਭਾਗੀਦਾਰ ਬਣਾਇਆ ਜਾਵੇਗਾ। ਇਸ ਸਬੰਧੀ ਹਰੇਕ ਹਲਕੇ ਦੇ ਤਿੰਨਾਂ ਪਿੰਡ ਵਿੱਚ ਰੋਜਾਨਾ ਜਾਗਰੂਕਤਾ ਸਮਾਗਮ ਕੀਤੇ ਜਾਣਗੇ। ਇਸ ਸਬੰਧੀ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਜਾਗਰੂਕਤਾ ਸਮੱਗਰੀ ਵੀ ਵੰਡੀ ਜਾਵੇਗੀ। ਇਨ੍ਹਾਂ ਜਾਗਰੂਕਤਾ ਸਮਾਗਮਾਂ ਦਾ ਉਦੇਸ਼ ਨਸ਼ਾ ਪੀੜਤਾਂ ਨੂੰ ਨਸ਼ਿਆਂ ਦੀ ਚੁੰਗਲ ਵਿੱਚੋਂ ਕੱਢ ਕੇ ਉਨ੍ਹਾਂ ਦਾ ਸਹੀ ਇਲਾਜ, ਕਾਊਂਸਲਿੰਗ ਅਤੇ ਉਨ੍ਹਾਂ ਦੇ ਪੁਨਰਵਾਸ ਲਈ ਕਿੱਤਾਮੁੱਖੀ ਸਿਖਲਾਈ ਦੇਣਾ ਵੀ ਹੈ। ਪੰਚਾਲ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਨਸ਼ਾ ਮੁਕਤੀ ਯਾਤਰਾ ਵਿੱਚ ਹਿੱਸੇਦਾਰ ਬਣਨ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ ।

# ਮਕੜੌਨਾ ਖੁਰਦ ਵਿਖੇ ਸਾਲਾਨਾ ਭੰਡਾਰਾ 18 ਨੂੰ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**: ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਮਕੜੌਨਾ ਖੁਰਦ ਵਿਖੇ ਖਵਾਜਾ ਦੇ ਅਸਥਾਨ ਉੱਤੇ ਸਲਾਨਾ ਭੰਡਾਰਾ 18 ਮਈ ਦਿਨ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ। ਪਿੰਡ ਦੇ ਸਰਪੰਚ ਬਲਵਿੰਦਰ ਸਿੰਘ ਮਕੜੌਨਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜਿੱਥੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਖਵਾਜਾ ਦੇ ਅਸਥਾਨ ਉੱਤੇ ਮਿੱਠੇ ਚੋਲਾਂ ਦਾ ਭੰਡਾਰਾ ਕਰਵਾਇਆ ਜਾ ਰਿਹਾ ਹੈ, ਉੱਥੇ ਹੀ ਭਗਤ ਸਮਰ ਸਿੰਘ ਸ਼ੰਮੀ ਸੋਹਾਣਾ ਵੱਲੋਂ ਸਵੇਰੇ 11 ਵਜੇ ਤੋਂ ਲੈ ਕੇ ਦੁਪਹਿਰ 3 ਵਜੇ ਤੱਕ ਪੁਆਧੀ ਅਖਾੜਾ ਵੀ ਲਗਾਇਆ ਜਾ ਰਿਹਾ ਹੈ।

# ਮਾਤਾ ਸਾਹਿਬ ਕੌਰ ਖਾਲਸਾ ਸਕੂਲ ਢੰਡੋਵਾਲ ਦਾ 12ਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਸ਼ਾਹਕੋਟ (ਗਿਆਨ ਸੈਦਪੁਰੀ)** ਮਾਤਾ ਸਾਹਿਬ ਕੌਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਢੰਡੋਵਾਲ (ਸ਼ਾਹਕੋਟ) ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ ਤੇ ਸਕੂਲ ਦੀਆਂ ਸਾਰੀਆਂ ਵਿਦਿਆਰਥਣਾਂ ਚੰਗੇ ਅੰਕ ਪ੍ਰਾਪਤ ਕਰਕੇ ਪਾਸ ਹੋਈਆਂ ਹਨ। ਸਕੂਲ ਪ੍ਰਿੰਸੀਪਲ ਸ੍ਰੀਮਤੀ ਰੇਖਾ ਰਾਣੀ ਨੇ ਦੱਸਿਆ ਕਿ ਸਕੂਲ ਦੇ ਕਾਮਰਸ ਗਰੁੱਪ ਵਿਚ ਤਰਨਪ੍ਰੀਤ ਕੌਰ ਪੁੱਤਰੀ ਬਲਵੀਰ ਸਿੰਘ ਨੇ 89 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਅਸਮੀਤ ਕੌਰ ਪੁੱਤਰੀ ਪਰਮਜੀਤ ਸਿੰਘ ਨੇ 83 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਹਰਪ੍ਰੀਤ ਕੌਰ ਪੁੱਤਰੀ ਸੁਖਰਾਜ ਨੇ 82 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਆਰਟਸ ਗਰੁੱਪ ਵਿਚ ਮਮਤਾ ਦੇਵੀ ਪੁੱਤਰੀ ਰਾਜਪਾਲ ਨੇ 87 ਪ੍ਰਤੀਸਤ ਅੰਕ ਪ੍ਰਾਪਤ ਕਰਕੇ ਪਹਿਲਾ, ਅਨਮੋਲਪ੍ਰੀਤ ਕੌਰ ਪੁੱਤਰੀ ਪ੍ਰਿਤਪਾਲ ਸਿੰਘ ਨੇ 81 ਪ੍ਰਤੀਸਤ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਕੋਮਲ ਪੁੱਤਰੀ ਸਤਨਾਮ ਨੇ 80 ਪ੍ਰਤੀਸਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਜਾ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੋਸ਼ਨ ਕੀਤਾ। ਇਸ ਵਧੀਆ ਨਤੀਜੇ ਲਈ ਸੰਸਥਾ ਦੇ ਪ੍ਰਧਾਨ ਬਲਵਿੰਦਰ ਸਿੰਘ ਚੱਠਾ, ਸਮੂਹ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸ੍ਰੀਮਤੀ ਰੇਖਾ ਰਾਣੀ ਨੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਸ਼ੁੱਭਕਾਮਨਾਵਾਂ ਭੇਂਟ ਕੀਤੀਆਂ।

# ਲੁੱਟ-ਖੋਹ ਦੇ ਮਾਮਲੇ 'ਚ ਐੱਸ ਐੱਚ ਓ ਨੂੰ ਲਗਾਈ ਗੁਹਾਰ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਬੀਤੇ ਦਿਨੀਂ ਦੋ ਨਕਾਬਪੋਸ਼ ਬਦਮਾਸ਼ਾਂ ਵਲੋਂ ਇਕ ਪ੍ਰਵਾਸੀ ਭਾਰਤੀ ਖੇਤ ਮਜ਼ਦੂਰ ਨਾਲ ਹੋਈ ਕਥਿਤ ਲੁੱਟ-ਖੋਹ ਦੇ ਮਾਮਲੇ 'ਚ ਥਾਣਾ ਤਲਵੰਡੀ ਚੌਧਰੀਆਂ ਪੁਲਸ ਬਦਮਾਸ਼ਾਂ ਨੂੰ ਗ੍ਰਿਫਤਾਰ ਕਰਨ 'ਚ ਸਫ਼ਲਤਾ ਹਾਸਲ ਨਹੀਂ ਕਰ ਸਕੀ ਹੈ। ਪੀੜਤ ਨੇ ਸੋਨੇ ਲਾਲ ਪੁੱਤਰ ਬਾਬੂ ਲਾਲ ਹਾਲ ਵਾਸੀ ਬਸਤੀ ਸੈਦਪੁਰ ਵਲਣੀ ਨੇ ਐਸ.ਐਚ.ਓ ਥਾਣਾ ਤਲਵੰਡੀ ਚੌਧਰੀਆਂ ਨੂੰ ਲਿਖਤੀ ਤੌਰ 'ਤੇ ਸ਼ਿਕਾਇਤ ਦਰਜ ਕਰਨ ਦੀ ਮੰਗ ਕੀਤੀ ਸੀ। ਸ਼ਕਾਇਤ 'ਚ ਸੋਨੇ ਲਾਲ ਪੁੱਤਰ ਬਾਬੂ ਲਾਲ ਨੇ ਦੱਸਿਆ ਕਿ ਉਹ 5 ਮਈ ਸ਼ਾਮ ਨੂੰ ਆਪਣੇ ਮਾਲਕ ਖੇਤਾਂ 'ਚ ਮੋਟਰ ਚਲਾਉਣ ਜਾ ਰਿਹਾ ਸੀ। ਇਸੇ ਦੌਰਾਨ ਦੋ ਮੁੰਡਿਆ ਜਿਨ੍ਹਾਂ ਦੇ ਮੂੰਹ ਬੱਝੇ ਹੋਏ ਸਨ, ਨੇ ਕੁੱਟਮਾਰ ਕਰਕੇ ਉਸ ਦਾ ਮੋਬਾਈਲ ਫੋਨ ਜਿਸ 'ਚ ਸਿਮ ਨੰਬਰ 79867- 08377 ਚੱਲ ਰਹੀ ਹੈ, ਖੋਹ ਲਿਆ। ਕਾਫ਼ੀ ਦਿਨ ਬੀਤ ਜਾਣ ਦੇ ਬਾਵਜੂਦ ਉਸ ਨੂੰ ਨਾ ਤਾਂ ਥਾਣੇ ਅੰਦਰ ਇੰਨਸਾਫ਼ ਮਿਲ ਰਿਹਾ ਹੈ ਅਤੇ ਨਾ ਹੀ ਰਪਟ ਦਰਜ ਹੋਣ ਕਰਕੇ ਡੁਪਲੀਕੇਟ ਸਿੰਮ ਮਿਲ ਰਹੀ ਹੈ। ਇਸ ਲਈ ਉਸ ਨੇ ਐਸ.ਐਚ.ਓ ਨੂੰ ਰਿਪੋਰਟ ਦਰਜ ਕਰਨ ਦੀ ਪੁਰਜ਼ੋਰ ਮੰਗ ਕੀਤੀ ਹੈ। ਉਧਰ ਇਸ ਬਾਰੇ ਥਾਣਾ ਤਲਵੰਡੀ ਚੌਧਰੀਆਂ ਦੇ ਐਸ.ਐਚ.ਓ ਨਾਲ ਗੱਲ ਹੋਈ ਤਾਂ ਉਨ੍ਹਾਂ ਕਿਹਾ ਕਿ ਭਾਲ਼ ਦੀ ਕਵਾਇਦ ਜ਼ਾਰੀ ਹੈ, ਜਲਦ ਹੀ ਦੋਸ਼ੀ ਗ੍ਰਿਫ਼ਤਾਰ ਕਰ ਲਏ ਜਾਣਗੇ।

# ਸੰਤ ਰਣਜੀਤ ਸਿੰਘ ਭੋਗਪੁਰ ਵਾਲਿਆਂ ਦੀ 28ਵੀਂ ਬਰਸੀ ਮਨਾਈ

**ਆਦਮਪੁਰ (ਪਰਮਜੀਤ ਸਿੰਘ)**- ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਭੋਗਪੁਰ ਵਾਲਿਆਂਦੀ 28ਵੀਂ ਸਾਲਾਨਾ ਬਰਸੀ ਫਗਵਾੜਾ ਦੇ ਨਜਦੀਕ ਗੁਰਦੁਆਰਾ ਸ੍ਰੀ ਹਰਗੋਬਿੰਦਗੜ੍ਹ (ਭੋਗਪੁਰ) ਵਿਖੇ ਮੁੱਖ ਸੇਵਾਦਾਰ ਬਾਬਾ ਤਲਵਿੰਦਰ ਸਿੰਘ( ਪਰਮੇਸ਼ਰ ਸਿੰਘ ) ਦੀ ਦੇਖ ਰੇਖ ਹੇਠ ਮਨਾਈ ਗਈ। ਇਸ ਮੌਕੇ ਪਿਛਲੇ ਤਿੰਨ ਦਿਨਾਂ ਤੋਂ ਆਰੰਭ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਖੁੱਲੇ ਦਿਵਾਨ ਸਜਾਏ ਗਏ ਜਿਸ ਵਿਚ ਮੁੱਖ ਸੇਵਾਦਾਰ ਬਾਬਾ ਤਲਵਿੰਦਰ ਸਿੰਘ ਨੇ ਸੰਗਤਾਂ ਨੂੰ ਪ੍ਰੇਰਨਾ ਦਿੰਦੇ ਹੋਏ ਕਿਹਾ ਕਿ ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਭੋਗਪੁਰ ਵਾਲਿਆਂ ਦਾ ਜੀਵਨ ਸਾਡੇ ਲਈ ਪ੍ਰੇਰਨਾ ਸਰੋਤ ਹੈ, ਸਾਨੂੰ ਵੀ ਪਰਮੇਸ਼ਰ ਦੇ ਨਾਮ ਨਾਲ ਜੁੜਨਾ ਚਾਹੀਦਾ ਹੈ! ਸਮਾਗਮ ਦੌਰਾਨ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਸਿੰਘ ਸੱ ਕੇ ਗੁਰੂ ਵਾਲੇ ਬਣਨ ਦੀ ਪ੍ਰੇਰਨਾ ਦਿੱਤੀ ਅਤੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਣ ਵਾਲਾ ਹਮੇਸ਼ ਹੀ ਚੜ੍ਹਦੀ ਕਲਾ ਵਿਚ ਰਹਿੰਦਾ ਹੈ। ਸਮਾਗਮ ਦੌਰਾਨ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਕਥਾਵਾਚਕ ਗਿਆਨੀ ਬਲਜੀਤ ਸਿੰਘ ਸਾਹਿਬਜਾਦਾ ਜੁਝਾਰ ਸਿੰਘ ਗੁਰਮਤਿ ਮਿਸਨਰੀ ਕਾਲਜ ਰੋਪੜ, ਭਾਈ ਜੋਗਾ ਸਿੰਘ ਖਾਲਸਾ ਰਾਮੂ ਥਿਆੜੇ ਵਾਲੇ, ਇੰਟਰਨੈਸ਼ਨਲ ਪੰਥਕ ਢਾਡੀ ਗਿਆਨੀ ਗਿਆਨੀ ਸਰੂਪ ਸਿੰਘ ਕਡਿਆਣਾ, ਸੰਤ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ ਲੁਧਿਆਣੇ ਵਾਲੇ ਆਦਿ ਜਥਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀ ਗੁਰਇਤਿਹਾਸ ਸਰਵਣ ਕਰਵਾਇਆ। ਉਪਰੰਤ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ,ਸੰਤ ਗੁਰਚਰਨ ਸਿੰਘ ਪੰਡਵਾ, ਬਾਬਾ ਨਾਗਰ ਸਿੰਘ, ਸੰਤ ਸੁਖਵੰਤ ਸਿੰਘ ਨਾਹਲਾ, ਸੰਤ ਬਲਰਾਜ ਸਿੰਘ ਜਿਆਣ, ਸੰਤ ਮੱਖਣ ਸਿੰਘ ਟੂਟੋ ਮਜਾਰਾ, ਸੰਤ ਬਲਵੀਰ ਸਿੰਘ ਸਾਸਤਰੀ, ਸੰਤ ਹਰਦੀਪ ਸਿੰਘ ਰਿਹਾਣਾ ਜੱਟਾਂ, ਸੰਤ ਹਰਕ੍ਰਿਸ਼ਨ ਸਿੰਘ ਸੋਢੀ, ਬਾਬਾ ਕੇਸਰ ਸਿੰਘ ਈਸਪੁਰ, ਬਾਬਾ ਕਸਮੀਰਾ ਸਿੰਘ ਕੋਟ ਫਤੂਹੀ, ਬਾਬਾ ਬਲਵੀਰ ਰਿਹਾਣਾ ਭੁੰਗਾ, ਬਾਬਾ ਭਗਵਾਨ ਸਿੰਘ ਹਰਖੋਵਾਲ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮਹਾਂਪੁਰਸ਼ਾਂ ਨੇ ਸੰਤ ਬਾਬਾ ਰਣਜੀਤ ਸਿੰਘ ਭੋਗਪੁਰ ਵਾਲਿਆਂ ਦੀ ਜੀਵਨੀ 'ਤੇ ਚਾਨਣਾ ਪਾਇਆ। ਇਸ ਮੌਕੇ ਭਾਈ ਭਗਵਾਨ ਸਿੰਘ ਜੌਹਲ, ਮੈਂਬਰ ਪਾਰਲੀਮੈਂਟ ਡਾ: ਰਾਜ ਕੁਮਾਰ ਚੌਬੇਵਾਲ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ ਕੈਂਥ, ਗੁਰਦੀਪ ਸਿੰਘ ਸੀਹਰਾ, ਵਧਾਇਕ ਬਲਵਿੰਦਰ ਸਿੰਘ ਧਾਲੀਵਾਲ, ਹਰਜੀਤ ਸਿੰਘ ਪਰਮਾਰ, ਜੋਗਿੰਦਰ ਸਿੰਘ ਮਾਨ, ਰਣਜੀਤ ਸਿੰਘ ਖੁਰਾਣਾ, ਰਜਿੰਦਰ ਸਿੰਘ ਚੰਦੀ, ਨਰੇਸ਼ ਭਾਰਦਵਾਜ, ਅਵਤਾਰ ਸਿੰਘ ਭੁੰਗਰਨੀ, ਐਡਵੋਕੇਟ ਜਰਨੈਲ ਸਿੰਘ ਵਾਹਦ ਬਲਜਿੰਦਰ ਸਿੰਘ ਠੇਕੇਦਾਰ, ਗੁਰਦਿਆਲ ਸਿੰਘ ਲੱਖਪੁਰ, ਜਤਿੰਦਰਪਾਲ ਸਿੰਘ ਪਲਾਹੀ, ਗੁਰਮੁਖ ਸਿੰਘ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ,



ਗੁਰਬਖਸ ਸਿੰਘ ਸਾਥੀ ਜਲਪੋਤਾ, ਰਘੁਬੀਰ ਸਿੰਘ ਸੇਵਾਦਾਰ, ਏਸੁਰਿੰਦਰ ਸਿੰਘ ਪਲਾਹੀ, ਫਤਿਹ ਸਿੰਘ ਪਰਹਾਰ, ਅਮਰਜੀਤ ਸਿੰਘ ਗੱਭਰੂ, ਬਹਾਦਰ ਸਿੰਘ ਸੰਗਤਪੁਰ, ਸਰਬਜੀਤ ਸਿੰਘ ਚਾਨਾ, ਗੁਰਦੀਪ ਸਿੰਘ ਖੇੜਾ, ਰਣਜੀਤ ਸਿੰਘ ਖੋਜੇਵਾਲ ਜ਼ਿਲ੍ਹਾ ਪ੍ਰਧਾਨ ਭਾਜਪਾ, ਭਾਈ ਲਾਲ ਸਿੰਘ ਅਕਾਲਗੜ੍ਹ, ਅਵਤਾਰ ਸਿੰਘ ਮੰਗੀ, ਜਥੇਦਾਰ ਗੁਰਦਿਆਲ ਸਿੰਘ ਕਾਲਰਾ, ਸਤਵੀਰ ਸਿੰਘ ਸਾਬੀ, ਮਨਜੀਤ ਸਿੰਘ ਕੋਟਲੀ, ਮਨਜੀਤ ਸਿੰਘ ਪਲਾਹੀ, ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ, ਮਾਸਟਰ ਹਰਭਜਨ ਸਿੰਘ ਭੁੱਲਾਰਾਈ, ਭਾਈ ਜੈਦੀਪ ਗਸਿੰਘ, ਜੋਗਾ ਸਿੰਘ ਢੱਡੇ, ਸਤਨਾਮ ਸਿੰਘ ਸਾਹਨੀ, ਗੁਰਬਖਸ ਸਿੰਘ ਅਠੌਲੀ, ਮੋਹਨ ਸਿੰਘ ਸਾਈਂ, ਅਮਰਜੀਤ ਸਿੰਘ ਚਹੇੜੂ, ਵਿਕੀ ਵਾਲੀਆਂ, ਸੁਖਵਿੰਦਰ ਸਿੰਘ ਬਰਨਾ, ਅੰਮ੍ਰਿਤਪਾਲ ਸਿੰਘ, ਰਾਮਪਾਲ ਸਾਹਨੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

# ਤੇਜਸ ਡੱਡਵਾਲ ਨੂੰ ਬਾਰ੍ਹਵੀਂ ਦੀ ਪ੍ਰੀਖਿਆ 'ਚ ਮਿਲੇ 94% ਅੰਕ

**ਫਗਵਾੜਾ, ਮੇਹਟੀਆਣਾ (ਇੰਦਰਜੀਤ ਸਿੰਘ ਮਠਾੜੂ, ਜਗਤਾਰ ਸਿੰਘ ਭੂੰਗਰਨੀ)** ਸਵਾਮੀ ਸੰਤ ਦਾਸ ਪਬਲਿਕ ਸਕੂਲ ਦੇ ਹੋਣਹਾਰ ਵਿਦਿਆਰਥੀ ਅਤੇ ਰਾਏਪੁਰ ਡੱਬਾ ਓਲੰਪਿਕ ਰੈਸਲਿੰਗ



ਕਲੱਬ ਪਰਮ ਨਗਰ ਖੋਥੜਾਂ ਰੋਡ ਫਗਵਾੜਾ ਦੇ ਪਹਿਲਵਾਨ ਤੇਜਸ ਡੱਡਵਾਲ ਨੇ ਸੀ.ਬੀ.ਐਸ.ਈ. ਬੋਰਡ ਦੀ ਬਾਰਵੀਂ ਕਾਮਰਸ ਗਰੁੱਪ ਦੀ ਸਲਾਨਾ ਪ੍ਰੀਖਿਆ 'ਚ 94% ਅੰਕ ਹਾਸਲ ਕੀਤੇ ਹਨ। ਵਿਦਿਆਰਥੀ ਦੀ ਇਸ ਪ੍ਰਾਪਤੀ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਪ੍ਰਿੰਸੀਪਲ ਅੰਜੂ ਮਹਿਤਾ ਨੇ ਕਿਹਾ ਕਿ ਉਹਨਾਂ ਨੂੰ ਤੇਜਸ ਡੱਡਵਾਲ ਵਰਗੇ ਵਿਦਿਆਰਥੀਆਂ 'ਤੇ ਫ਼ਖ਼ਰ ਹੈ ਜੋ ਖਿਡਾਰੀ ਹੋਣ ਦੇ ਬਾਵਜੂਦ ਪੜ੍ਹਾਈ 'ਚ ਵੀ ਪੂਰੀ ਤਨਦੇਹੀ ਦੇ ਨਾਲ ਉੱਚੀ ਪੁਜੀਸ਼ਨ ਹਾਸਲ ਕਰਦੇ ਹਨ। ਆਮ ਤੌਰ ਤੇ ਖਿਡਾਰੀਆਂ ਦਾ ਜਿਆਦਾ ਧਿਆਨ ਖੇਡ 'ਚ ਹੋਣ ਕਰਕੇ ਪੜ੍ਹਾਈ 'ਚ ਜਿਆਦਾ ਕੁੱਝ ਹਾਸਲ ਨਹੀਂ ਕਰ ਪਾਉਂਦੇ। ਲੇਕਿਨ ਤੇਜਸ ਨੇ ਦਿਨ-ਰਾਤ ਸਖ਼ਤ ਮਿਹਨਤ ਕੀਤੀ। ਜਿਸਦਾ ਨਤੀਜਾ ਉਸਦੇ ਬਾਰਵੀਂ ਜਮਾਤ ਦੇ ਰਿਜਲਟ ਦੇ ਰੂਪ ਵਿਚ ਸਾਹਮਣੇ ਹੈ।

# ਮਾਂ ਅੰਬੇ ਸਕੂਲ ਨੇ ਬਾਰ੍ਹਵੀਂ ਦੀਆਂ ਵਿਦਿਆਰਥਣਾਂ ਦੀ ਕੀਤੀ ਹੌਸਲਾ ਅਫਜ਼ਾਈ



**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਰਚ 2025 ਵਿੱਚ ਲਈ ਗਈ ਬਾਰਵੀਂ ਜਮਾਤ ਦੀ ਬੋਰਡ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ ਕਰਨ 'ਤੇ ਮਾਂ ਅੰਬੇ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਭਾਣੋਕੀ (ਫਗਵਾੜਾ) ਵਲੋਂ ਹੋਣਹਾਰ ਵਿਦਿਆਰਥਣਾਂ ਦੀ ਹੌਸਲਾ ਅਫਜਾਈ ਕੀਤੀ ਗਈ। ਇਸ ਦੌਰਾਨ ਸਮੂਹ ਵਿਦਿਆਰਥਣਾਂ ਨੂੰ ਚੰਗੇ ਭਵਿੱਖ ਦੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਚੇਅਰਮੈਨ ਨਿਰਮਲ ਸਿੰਘ ਅਤੇ ਹਰਭਜਨ ਕੌਰ, ਸਕੂਲ ਦੇ ਸਰਪ੍ਰਸਤ ਕੇ.ਕੇ. ਸਰਦਾਨਾ, ਪ੍ਰਧਾਨ ਸੌਦਾਗਰ ਸਿੰਘ, ਸਕੱਤਰ ਅਵਤਾਰ ਸਿੰਘ ਅਤੇ ਪ੍ਰਿੰਸੀਪਲ ਕੁਲਵਿੰਦਰ ਕੌਰ ਨੇ ਦੱਸਿਆ ਕਿ ਸਕੂਲ ਦੀਆਂ ਕੁੱਲ 30 ਵਿਦਿਆਰਥਣਾਂ ਨੇ ਬਾਰਵੀਂ ਬੋਰਡ ਦੀ ਪ੍ਰੀਖਿਆ ਦਿੱਤੀ। ਜਿਹਨਾਂ ਵਿਚੋਂ 19 ਵਿਦਿਆਰਥਣਾਂ ਨੇ 90% ਤੋਂ ਵੱਧ ਅੰਕ ਜਦਕਿ 8 ਵਿਦਿਆਰਥਣਾਂ ਨੇ 80% ਤੋਂ ਵੱਧ ਅਤੇ ਤਿੰਨ ਵਿਦਿਆਰਥਣਾਂ ਨੇ 70% ਤੋਂ ਜਿਆਦਾ ਅੰਕ ਪ੍ਰਾਪਤ ਕੀਤੇ ਹਨ। ਇਸ ਦੌਰਾਨ 97.6% ਅੰਕ ਹਾਸਲ ਕਰਕੇ ਮੈਰਿਟ ਸੂਚੀ ਵਿਚ ਸ਼ਾਮਲ ਹੋਈ ਸਕੂਲ ਦੀ ਹੋਣਹਾਰ ਵਿਦਿਆਰਥਣ ਸਿਮਰਨਜੀਤ ਕੌਰ ਪੁੱਤਰੀ ਇੰਦਰਜੀਤ ਸਿੰਘ ਦੀ ਖਾਸ ਤੌਰ 'ਤੇ ਸ਼ਲਾਘਾ ਕੀਤੀ ਗਈ। ਉਹਨਾਂ ਨੇ ਸਮੂਹ ਵਿਦਿਆਰਥਣਾਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦਿਆਂ ਜੀਵਨ 'ਚ ਸਫਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਆ।

# ਪਾਣੀਆਂ ਦੇ ਮਸਲੇ 'ਤੇ ਹਾਈਕੋਰਟ ਵੱਲੋਂ ਜਾਰੀ ਨੋਟਿਸ ਮਹੱਤਵਪੂਰਨ ਕਦਮ : ਸਿਆਣ, ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਪਾਣੀਆਂ ਦੇ ਮਸਲੇ 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਹਰਿਆਣਾ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਜਾਰੀ ਕੀਤੇ ਗਏ ਨੋਟਿਸ ਨਾਲ ਪੰਜਾਬ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ ਇਹ ਫੈਸਲਾ ਪੰਜਾਬ ਦੇ ਹੱਕ ਵਿੱਚ ਇੱਕ ਸਕਾਰਾਤਮਕ ਸੰਕੇਤ ਦਿੰਦਾ ਹੈ ਜੋ ਸੂਬੇ ਲਈ ਲਾਭਦਾਇਕ ਹੋਣ ਦੇ ਨਾਲ ਨਾਲ ਪਾਣੀ ਦੇ ਅਧਿਕਾਰਾਂ ਦੀ ਰਾਖੀ ਵੱਲ ਇਕ ਮਹੱਤਵਪੂਰਨ ਕਦਮ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਸਕੱਤਰ ਅਤੇ ਨਸ਼ਾ ਮੁਕਤੀ ਮੋਰਚਾ ਦੇ ਜਿਲਾ ਕੋਆਰਡੀਨੇਟਰ ਸਤਵੰਤ ਸਿੰਘ ਸਿਆਣ ਅਤੇ ਪੰਜਾਬ ਬੈਕ ਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਕਿਹਾ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਜਾਰੀ ਕੀਤੇ ਗਏ ਇਹ ਨੋਟਿਸ ਸਾਬਤ ਕਰਦਾ ਹੈ ਕਿ ਪੰਜਾਬ ਦੀਆਂ ਚਿੰਤਾਵਾਂ ਜਾਇਜ਼ ਅਤੇ ਗੰਭੀਰ ਹਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਦਾਇਰ ਸਮੀਖਿਆ ਪਟੀਸ਼ਨ ਨੂੰ ਅਦਾਲਤ ਵਲੋਂ ਗੰਭੀਰ ਮੰਨਣਾ ਅਤੇ ਉਸ ਜਤੇ ਕੇਂਦਰ ਅਤੇ ਹਰਿਆਣਾ ਸਰਕਾਰਾਂ ਤੋਂ ਜਵਾਬ ਮੰਗਿਆ ਹੈ, ਇਹ ਇਕ ਵੱਡੀ ਰਾਹਤ ਹੈ। ਸਤਵੰਤ ਸਿੰਘ ਸਿਆਣ ਨੇ ਕਿਹਾ ਕਿ ਹਾਈਕੋਰਟ ਨੇ ਬੀ.ਬੀ.ਐਮ.ਬੀ ਚੇਅਰਮੈਨ ਦੇ ਬਦਲੇ ਹੋਏ ਰੁਖ਼ ਜਤੇ ਵੀ ਸਵਾਲ ਉਠਾਏ ਹਨ ਅਤੇ ਬੀ.ਬੀ.ਐਮ.ਬੀ ਅਤੇ ਹਰਿਆਣਾ ਸਰਕਾਰ ਦੋਵਾਂ ਤੋਂ ਜਵਾਬ ਮੰਗੇ ਹਨ। ਕੋਰਟ ਨੇ ਇਹ ਵੀ ਸਪੱਸ਼ਟ ਤੌਰ 'ਤੇ ਪੁੱਛਿਆ ਹੈ ਕਿ ਹਰਿਆਣਾ ਨੂੰ ਵਾਧੂ ਪਾਣੀ ਦੀ ਲੋੜ ਕਿਉਂ ਹੈ, ਜਿਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਪੰਜਾਬ ਦੇ ਪਾਣੀ ਨਾਲ ਕੋਈ ਵੀ ਅਨਿਆਂ ਨਹੀਂ ਹੋਣ ਦਿੱਤਾ ਜਾਵੇਗਾ। ਸੰਦੀਪ ਸੈਣੀ ਚੇਅਰਮੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਪਾਣੀਆਂ ਦੇ ਹਿੱਤਾਂ ਦੀ ਰਾਖੀ ਲਈ ਲਗਾਤਾਰ ਲੜ ਰਹੀ ਹੈ, ਅਤੇ ਇਹ ਫੈਸਲਾ ਉਸੇ ਸੰਘਰਸ਼ ਦਾ ਨਤੀਜਾ ਹੈ। ਦੋਹਾਂ ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ 20 ਮਈ ਨੂੰ ਹੋਣ ਵਾਲੀ ਸੁਣਵਾਈ ਵਿੱਚ ਪੰਜਾਬ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਆਪ ਸਰਕਾਰ ਦੇ ਇਸ ਕਾਨੂੰਨੀ ਸੰਘਰਸ਼ ਵਿਚ ਪੂਰਾ ਸਹਿਯੋਗ ਦੇਣ ਅਤੇ ਸੂਬੇ ਦੇ ਪਾਣੀਆਂ ਦੇ ਹੱਕਾਂ ਦੀ ਰਾਖੀ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ।

# ਕਣਕ ਦੀ ਚੁਕਾਈ ਸੁਸਤ ਰਫਤਾਰ ਨਾਲ ਹੋਣ ਕਰਕੇ ਆੜ੍ਹਤੀਏ ਤੇ ਮਜ਼ਦੂਰ ਪ੍ਰੇਸ਼ਾਨ



**ਕਾਲਾ ਸੰਘਿਆਂ (ਮਨਜੀਤ ਮਾਨ)**- ਦਾਣਾ ਮੰਡੀ ਧਾਲੀਵਾਲ ਬੇਟ ਵਿਖੇ ਸਰਕਾਰੀ ਖਰੀਦ ਏਜੰਸੀ ਵਲੋਂ ਖਰੀਦ ਕੀਤੀ ਗਈ ਕਣਕ ਦੀ ਚੁਕਾਈ ਸੁਸਤ ਰਫਤਾਰ ਨਾਲ ਹੋਣ ਕਰਕੇ ਦਾਣਾ ਮੰਡੀ ਧਾਲੀਵਾਲ ਬੇਟ ਦੇ ਆੜ੍ਹਤੀ ਤੇ ਮਜਦੂਰ ਪ੍ਰੇਸ਼ਾਨ ਹਨ ।ਆੜ੍ਹਤੀ ਜਥੇਦਾਰ ਮੱਖਣ ਸਿੰਘ, ਪਰਮਵੀਰ ਸਿੰਘ ਧਾਲੀਵਾਲ, ਬਲਵੀਰ ਸਿੰਘ ਨੇ ਦੱਸਿਆ ਕਿ ਧਾਲੀਵਾਲ ਬੇਟ ਦੀ ਮੰਡੀ ਅੰਦਰ 30 ਅਪ੍ਰੈਲ ਤੱਕ ਕਣਕ ਦੀ ਆਮਦ ਹੋਈ ਹੈ ਅਤੇ ਉਸ ਤੋਂ ਬਾਅਦ ਕਣਕ ਦੀ ਚੁਕਾਈ ਸੁਸਤ ਰਫ਼ਤਾਰ ਨਾਲ ਹੋਣ ਕਰਕੇ ਅਜੇ ਵੀ ਮੰਡੀ ਅੰਦਰ ਕਣਕ ਦੀਆ ਬੋਰੀਆਂ ਦੇ ਅੰਬਾਰ ਲੱਗੇ ਹੋਏ ਹਨ ।ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇ ਮੰਡੀ ਅੰਦਰ ਕਰੀਬ 60 ਹਜ਼ਾਰ ਕਣਕ ਦਾ ਕੱਟਾ ਪਿਆ ਹੋਇਆ ਹੈ ਜਿਸ ਨੂੰ ਜਲਦ ਚੁਕਾਏ ਜਾਣ ਦੀ ਉਨ੍ਹਾਂ ਮੰਗ ਕੀਤੀ ਹੈ ।ਉਨ੍ਹਾਂ ਕਿਹਾ ਕਿ ਸੁਸਤ ਰਫ਼ਤਾਰ ਨਾਲ ਕਣਕ ਦੀ ਹੋ ਰਹੀ ਚੁਕਾਈ ਸਬੰਧੀ ਉਨ੍ਹਾਂ ਵਲੋਂ ਸਬੰਧਤ ਏਜੰਸੀ ਦੇ ਇੰਸਪੈਕਟਰ ਅਤੇ ਉੱਚ ਅਧਿਕਾਰੀਆਂ ਦੇ ਧਿਆਨ ਵਿਚ ਵੀ ਲਿਆਂਦਾ ਗਿਆ ਹੈ ।ਇਸੇ ਤਰ੍ਹਾਂ ਮੰਡੀ ਅੰਦਰ ਮੌਜੂਦ ਪ੍ਰਵਾਸੀ ਮਜਦੂਰਾਂ ਦੇ ਚੌਧਰੀ ਮੰਗਲ ਮੰਡਲ ਅਤੇ ਚੰਦਰ ਨੇ ਦੱਸਿਆ ਕਿ ਉਨ੍ਹਾਂ ਦੋਨਾਂ ਪਾਸ 30 ਦੇ ਕਰੀਬ ਮਜਦੂਰ ਹਨ ਤੇ ਜਦੋਂ ਤੱਕ ਕਣਕ ਦੀ ਚੁਕਾਈ ਨਹੀਂ ਹੋ ਜਾਂਦੀ ਉਦੋਂ ਤੱਕ ਮਜਦੂਰਾਂ ਨੂੰ ਵੀ ਮੰਡੀਆਂ ਅੰਦਰ ਰੁਕਣਾ ਪੈ ਰਿਹਾ ਹੈ ਤੇ ਅਜਿਹੇ ਵਿਚ ਕਮਾਏ ਹੋਏ ਪੈਸੇ ਵੀ ਰੋਟੀ ਪਾਣੀ 'ਚ ਖ਼ਤਮ ਹੋ ਰਹੇ ਹਨ । ਉਨ੍ਹਾਂ ਕਿਹਾ ਕਿ ਜੇਕਰ ਮਾਲ ਚੁੱਕਿਆ ਨਹੀਂ ਜਾਵੇਗਾ ਤਾਂ ਉਹ ਘਰ ਕਦੋਂ ਤੇ ਕੀ ਲੈ ਕੇ ਜਾਣਗੇ ।ਉਨ੍ਹਾਂ ਸਰਕਾਰ ਪਾਸੋ ਪੁਰਜ਼ੋਰ ਮੰਗ ਕੀਤੀ ਹੈ ਕਿ ਮੰਡੀ 'ਚੋਂ ਖਰੀਦ ਕੀਤੀ ਕਣਕ ਦੀ ਚੁਕਾਈ ਤੁਰੰਤ ਕਰਵਾਈ ਜਾਵੇ ।

# ਹਰਿਆਣਾ ਲੋਕ ਸੇਵਾ ਕਮਿਸ਼ਨ ਦੀ ਮੁਲਤਵੀ ਪ੍ਰੀਖਿਆ ਹੁਣ 29 ਨੂੰ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਲੋਕ ਸੇਵਾ ਕਮਿਸ਼ਨ ਵੱਲੋਂ 11 ਮਈ ਨੂੰ ਪ੍ਰਬੰਧਿਤ ਕੀਤੀ ਜਾਣ ਵਾਲੀ ਜਿਲ੍ਹਾ ਪ੍ਰੀਖਿਆਵਾਂ ਨੂੰ ਮੁਲਤਵੀ ਕੀਤਾ ਗਿਆ ਸੀ, ਉਹ ਹੁਣ 29 ਮਈ ਨੂੰ ਪ੍ਰਬੰਧਿਤ ਕੀਤੀ ਜਾਵੇਗੀ। ਕਮਿਸ਼ਨ ਦੇ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਕਾਲਜ ਕੈਡਰ ਦੇ ਸਹਾਇਕ ਪ੍ਰੋਫੈਸਰ ਦੇ ਅਹੁਦਿਆਂ ਤੇ ਰਸਾਇਣ ਵਿਗਿਆਨ (ਇਸ਼ਤਿਹਾਰ ਗਿਣਤੀ 43/2024) ਵਿਸ਼ਾ ਦੀ ਪ੍ਰੀਖਿਆ ਸਵੇਰੇ ਦੇ ਸੈਸ਼ਨ ਵਿੱਚ ਅਤੇ ਭੂਤਿਕੀ (ਇਸ਼ਤਿਹਾਰ ਗਿਣਤੀ 61/2024) ਵਿਸ਼ਾ ਦੀ ਪ੍ਰੀਖਿਆ ਸ਼ਾਮ ਦੇ ਸੈਸ਼ਨ ਵਿੱਚ 29 ਮਈ ਨੂੰ ਸੰਪੰਨ ਕਰਾਈ ਜਾਵੇਗੀ। ਬੁਲਾਰੇ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਸਾਰੇ ਉਮੀਦਵਾਰਾਂ ਨੂੰ ਆਪਣੇ ਦਾਖਲਾ ਪੱਤਰ ਮੁੜ ਡਾਉਨਲੋਡ ਕਰਨ ਹੋਣਗੇ। ਇਸ ਸਬੰਧ ਵਿੱਚ ਵਿਸਤਾਰ ਸੂਚਨਾ ਕਮਿਸ਼ਨ ਵੱਲੋਂ ਜਲਦੀ ਹੀ ਜਾਰੀ ਕੀਤੀ ਜਾਵੇਗੀ। ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਨਵੀਨਤਮ ਜਾਣਕਾਰੀ ਲਈ ਕਮਿਸ਼ਨ ਦੀ ਅਥੋਰਾਇਜ਼ਡ ਵੈਬਸਾਇਟ 'ਤੇ ਨਿਯਮਤ ਰੂਪ ਨਾਲ ਵਿਜਿਟ ਕਰਦੇ ਰਹਿਣ।

## ਪੰਜਾਬ ਸਰਕਾਰ ਹਰ ਪੱਖੋਂ ਫੇਲ੍ਹ ਸਾਬਤ ਹੋ ਰਹੀ : ਡਾ. ਹਰਬੰਸ ਲਾਲ



**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਨੇ ਪੰਜਾਬ ਅੰਦਰ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਦਾ ਵਿਰੋਧ ਕਰਦੇ ਹੋਏ ਕਿਹਾ ਕਿ ਵੋਟਾਂ ਤੋਂ ਪਹਿਲਾਂ ਜੋ ਵੱਡੇ-ਵੱਡੇ ਵਾਅਦੇ ਲੋਕਾਂ ਨਾਲ ਕੀਤੇ ਸਨ ਕਿ ਅਸੀਂ ਇੱਕ ਮਹੀਨੇ ਅੰਦਰ ਪੰਜਾਬ ਵਿੱਚੋਂ ਨਸ਼ਾ ਖਤਮ ਕਰ ਦੇਵਾਂਗੇ, ਪੰਜਾਬ ਸਰਕਾਰ ਦੇ ਵਾਅਦੇ ਝੂਠੇ ਅਤੇ ਖੋਖਲੇ ਨਿਕਲੇ ਪੰਜਾਬ ਅੰਦਰ ਨਾ ਤਾਂ ਨਸ਼ਾ ਖਤਮ ਹੋਇਆ, ਨਾ ਹੀ ਨਸ਼ਾ ਵੇਚਣ ਵਾਲੇ ਵੱਡੇ ਵੱਡੇ ਵਪਾਰੀ ਖਤਮ ਹੋਏ, ਪਰ ਕਿਤੇ ਨਾ ਕਿਤੇ ਲੱਖਾਂ ਹੀ ਪੰਜਾਬ ਦੀਆਂ ਮਾਵਾਂ ਦੇ ਪੁੱਤ ਚਿੱਟੇ ਅਤੇ ਕੈਮੀਕਲ ਵਰਗੇ ਨਸ਼ਿਆਂ ਨਾਲ ਆਪਣੀਆਂ ਕੀਮਤੀ ਜਾਨਾਂ ਜ਼ਰੂਰ ਗੁਆ ਗਏ, ਪਰ ਇਸ ਦੇ ਬਾਵਜੂਦ ਪੰਜਾਬ ਸਰਕਾਰ ਸੁੱਤੀ ਪਈ ਨਜ਼ਰ ਆ ਰਹੀ ਹੈ। ਜੇਕਰ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਸੂਬੇ ਨੂੰ ਨਹੀਂ ਸੰਭਾਲ ਸਕਦੇ ਤਾਂ ਉਨ੍ਹਾਂ ਨੂੰ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ, ਕਿਉਂਕਿ ਹੁਣ ਬੀਤੇ ਦਿਨ ਬੜੇ ਜ਼ੋਰਾਂ ਸ਼ੋਰਾਂ ਤੇ ਅੰਮ੍ਰਿਤਸਰ ਦੇ ਮਜੀਠੇ ਹਲਕੇ ਦੇ ਵਿੱਚ ਜ਼ਹਿਰੀਲੀ ਸ਼ਰਾਬ ਦਾ ਜੋ ਕੰਮ ਚੱਲ ਰਿਹਾ ਸੀ, ਉਸ ਦੇ ਸਿੱਟੇ ਵਜੋਂ ਪੰਜਾਬ ਅੰਦਰ 24 ਦੇ ਕਰੀਬ ਗਰੀਬ ਪਰਵਾਰਾਂ ਦੇ ਕਮਾਊ ਪੁੱਤ ਮਾਰੇ ਗਏ ਹਨ। ਪਹਿਲਾਂ ਵੀ ਅਜਿਹੀਆਂ ਘਟਨਾਵਾਂ ਹੋ ਚੁੱਕੀਆਂ ਹਨ, ਪਰ ਪੰਜਾਬ ਸਰਕਾਰ ਨਸ਼ੇ ਦੇ ਵਪਾਰੀਆਂ ਨੂੰ ਖਤਮ ਨਹੀਂ ਕਰ ਸਕੀ।

## ਭਾਜਪਾ ਮੰਤਰੀ ਵਿਜੇ ਸ਼ਾਹ 'ਤੇ ਲੱਗੇ ਦੇਸ਼ ਧ੍ਰੋਹੀ ਧਾਰਾ : ਪ੍ਰੋ. ਬਲਜੀਤ ਸਿੰਘ



**ਮਲੋਟ (ਓਮ ਪ੍ਰਕਾਸ਼ ਸ਼ੋਭ੍ਰ)**-ਸਮਾਜ ਦੇ ਵੱਖ-ਵੱਖ ਮਾਮਲਿਆਂ 'ਤੇ ਟਿੱਪਣੀ ਦੇਣ ਵਾਲੇ ਪ੍ਰੋਫੈਸਰ ਡਾ. ਬਲਜੀਤ ਸਿੰਘ ਗਿੱਲ ਨੇ ਕਿਹਾ ਕਿ ਭਾਜਪਾ ਦੇ ਮੰਤਰੀ ਵਿਜੇ ਸ਼ਾਹ ਨੇ ਕਰਨਲ ਸੋਫੀਆ ਨੂੰ ਅੱਤਵਾਦੀਆਂ ਦੀ ਭੈਣ ਕਿਹਾ।ਸਾਡੇ ਦੇਸ਼ ਵਿੱਚ ਇੱਕ ਇੱਕ ਮਹਿਲਾ ਹੈ ਜਿਹੜਾ ਇਤਿਹਾਸ ਕਰਨਯੋਗ ਹੈ, ਕਿਉਂਕਿ ਇਹ ਲੋਕ ਆਪਣੀ ਜਾਨ ਦੇ ਨਾਲ-ਨਾਲ ਆਪਣੇ ਪਰਵਾਰ ਦੀ ਵੀ ਕੁਰਬਾਨੀ ਦਿੰਦੇ ਹਨ ਤੇ ਆਮ ਨਾਗਰਿਕਾਂ ਦੀ ਸੁਰੱਖਿਆ ਕਰਦੇ ਹਨ।ਕਰਨਲ ਸੋਫੀਆ ਕੁਰੈਸ਼ੀ ਨੂੰ ਕਰਨਲ ਦੇ ਜਿੰਮੇਵਾਰ ਅਹੁੱਦੇ 'ਤੇ ਤਾਇਨਾਤ ਹੁੰਦਿਆਂ ਸਿਧੂਰ ਜੰਗ ਦੀ ਜ਼ਿੰਮੇਵਾਰੀ ਉਸਦੇ ਹਵਾਲੇ ਕੀਤੀ ਗਈ।ਕਰਨਲ ਮੁਸਲਮਾਨਾਂ ਦੀ ਕੁੜੀ ਹੋਣ ਕਰਕੇ ਭਾਜਪਾ ਦੇ ਨਫ਼ਰਤੀ ਕਾਰਕੁੰਨਾਂ ਤੋਂ ਇਹ ਜਰਿਆ ਨਹੀਂ ਗਿਆ ਕਿ ਇਹ ਭਾਰਤ ਦੀ ਜੰਗ ਨੂੰ ਸੋਫੀਆ ਕੁਰੈਸ਼ੀ ਲੀਡ ਕਰ ਰਹੀ ਹੈ।ਜਦੋਂ ਦੇ ਪ੍ਰਧਾਨ ਮੰਤਰੀ ਮੋਦੀ ਕੁਰਸੀ 'ਤੇ ਬੈਠਾ ਹੈ, ਉਦੋਂ ਤੋਂ ਇਸ ਦੇ ਵੱਖ-ਵੱਖ ਮੰਤਰੀ, ਪਾਰਲੀਮੈਂਟ ਮੈਂਬਰ ਤੇ ਵਿਧਾਇਕ ਅਕਸਰ ਨਫ਼ਰਤੀ ਭਾਸ਼ਣਾਂ ਕਰਕੇ ਸੁਰਖੀਆਂ ਵਿੱਚ ਰਹਿੰਦੇ ਹਨ।ਭਾਜਪਾ ਵਿੱਚ ਸ੍ਰੀ ਅਟਲ ਬਿਹਾਰੀ ਵਾਜਪਾਈ ਸਾਬਕਾ ਪ੍ਰਧਾਨ ਮੰਤਰੀ ਤੇ ਸ੍ਰੀਮਤੀ ਸੁਸ਼ਮਾ ਸਵਰਾਜ ਵਰਗੇ ਵੀ ਲੀਡਰ ਸਨ, ਜਿਹੜੇ ਲੋਕਾਂ ਦੇ ਦਿਲਾਂ ਅੰਦਰ ਉੱਤਰ ਜਾਂਦੇ ਸਨ ਤੇ ਦੂਜੇ ਪਾਸੇ ਸਮਾਜ ਵਿੱਚ ਇਹ ਲੋਕ ਕਰਨਲ ਵਰਗੇ ਅਹੁਦੇ ਦਾ ਸਨਮਾਨ ਵੀ ਨਹੀਂ ਕਰਦੇ।

## ਸ੍ਰੀ ਹਜ਼ੂਰ ਸਾਹਿਬ ਲਈ ਕਣਕ ਦਾ ਟਰੱਕ ਰਵਾਨਾ



**ਰਾਏਕੋਟ (ਇਕਬਾਲ ਸਿੰਘ ਵੈਰੂਰਾਈ)**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਡੇਰਾ ਬਾਬਾ ਨਿਧਾਨ ਸਿੰਘ ਲੰਗਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਨਰਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਲੰਗਰਾਂ ਦੀ ਸੇਵਾ ਲਈ ਬਾਬਾ ਕਰਨੈਲ ਸਿੰਘ ਮੱਲੇ ਵਾਲਿਆਂ ਦੀ ਅਗਵਾਈ ਹੇਠ ਰਾਏਕੋਟ ਹਲਕੇ ਦੇ ਪਿੰਡਾਂ ਚੋਂ ਕਣਕ ਦਾ ਟਰੱਕ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਕੀਤਾ। ਪ੍ਰਧਾਨ ਜਗਰਾਜ ਸਿੰਘ ਗਰੇਵਾਲ ਤਲਵੰਡੀ ਰਾਏ ਨੇ ਦੱਸਿਆ ਕਿ ਡੇਰਾ ਬਾਬਾ ਨਿਧਾਨ ਸਿੰਘ ਲੰਗਰ ਸਾਹਿਬ ਹਜ਼ੂਰ ਦੇ ਲੰਗਰ ਸੇਵਾ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਤਲਵੰਡੀ ਰਾਏ ਐਤੀਆਣਾ ਬੱਸੀਆਂ ਲੱਮੇ, ਬੁਰਜ ਨਕਲੀਆਂ, ਬੁਰਜ ਹਰੀ ਸਿੰਘ, ਰਾਏਕੋਟ, ਸ਼ੇਲੋਆਣੀ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਣਕ ਦਾ ਟਰੱਕ ਪਿੰਡ ਤਲਵੰਡੀ ਰਾਏ ਤੋਂ ਬਾਬਾ ਕਰਨੈਲ ਸਿੰਘ ਮੱਲੇ ਵਾਲਿਆਂ ਦੀ ਮੌਜੂਦਗੀ 'ਚ ਰਵਾਨਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਜਗਰਾਜ ਸਿੰਘ ਗਰੇਵਾਲ ਨੇ ਲੰਗਰ ਸੇਵਾ ਲਈ ਕਣਕ ਦੇਣ ਲਈ ਸਹਿਯੋਗੀ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇਜਿੰਦਰ ਸਿੰਘ ਗਰੇਵਾਲ, ਗਗਨਦੀਪ ਸਿੰਘ ਭੰਦੋਲ, ਮਨਦੀਪ ਸਿੰਘ ਭਦੌੜ ਹਰਪ੍ਰੀਤ ਸਿੰਘ ਚਹਿਲ ਗੁਰਮੀਤ ਸਿੰਘ ਰਾਜੂ, ਅੰਮ੍ਰਿਤਪਾਲ ਸਿੰਘ ਵਾਹਿਗੁਰੂਪਾਲ ਸਿੰਘ ਤਲਵੰਡੀ ਹਰਜੀਤ ਸਿੰਘ ਢਿੱਲੋਂ, ਹਰਮਨਦੀਪ ਸਿੰਘ ਗਰੇਵਾਲ, ਸੁਰਜੀਤ ਸਿੰਘ ਗੁਰਦੀਪ ਸਿੰਘ ਸੁਖਪਾਲ ਸਿੰਘ, ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਵਿੱਦਿਆ ਮਨੁੱਖ ਨੂੰ ਹਨੇਰੇ ਤੋਂ ਚਾਨਣ ਵੱਲ ਲੈ ਕੇ ਜਾਂਦੀ ਹੈ : ਚੇਅਰਮੈਨ ਜੀਦਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਵਿੱਦਿਆ ਮਨੁੱਖ ਨੂੰ ਹਨੇਰੇ ਤੋਂ ਚਾਨਣ ਵੱਲ ਲੈ ਕੇ ਜਾਂਦੀ ਹੈ, ਜਿਸ ਨਾਲ ਮਨੁੱਖ ਦੀ ਬੌਧਿਕਤਾ ਅਤੇ ਮਾਨਸਿਕਤਾ ਦਾ ਵਿਕਾਸ ਹੁੰਦਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਚੇਅਰਮੈਨ ਸ਼ੂਗਰਫੈੱਡ ਪੰਜਾਬ ਨਵਦੀਪ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਪਿੰਡ ਗਹਿਰੀ ਬੁੱਟਰ ਦੇ ਸਰਕਾਰੀ ਸੀਨੀਅਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਦੇ 26.70 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਨਵਦੀਪ ਸਿੰਘ ਨੇ ਕਿਹਾ ਕਿ ਸਾਲ 2022 ਵਿੱਚ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤਾਂ ਸਿੱਖਿਆ ਤੇ ਸਿਹਤ ਦੇ ਖੇਤਰਾਂ ਵਿੱਚ ਸੁਧਾਰ ਲਿਆਉਣ ਲਈ ਜ਼ਮੀਨੀ ਪੱਧਰ ਉੱਤੇ ਉਪਰਾਲੇ ਸ਼ੁਰੂ ਹੋਏ ਅਤੇ ਨਿਰੰਤਰ ਜਤਨਾਂ ਸਦਕਾ ਜਿੱਥੇ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ ਉਥੇ ਹੀ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀ ਪੜ੍ਹਾਉਣ ਸ਼ੈਲੀ ਵਿੱਚ ਹੋਰ ਸੁਧਾਰ ਲਿਆਉਣ ਲਈ ਆਈ ਆਈ ਐਮ ਅਹਿਮਦਾਬਾਦ, ਸਿੰਘਾਪੁਰ, ਫਿਨਲੈਂਡ ਵਿੱਚ ਉੱਚ ਪੱਧਰੀ ਸਿਖਲਾਈ ਦਿਵਾਈ ਗਈ। ਇਸ ਮੌਕੇ ਨਵਦੀਪ ਸਿੰਘ ਜੀਦਾ ਨੇ ਜ਼ਿਲ੍ਹੇ ਦੇ ਪਿੰਡ ਗਹਿਰੀ ਬੁੱਟਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ 19 ਲੱਖ 39 ਹਜ਼ਾਰ ਦੀ ਲਾਗਤ ਨਾਲ ਨਵੇਂ ਬਣੇ ਅਧੁਨਿਕ ਕਲਾਸ ਰੂਮ, ਬਾਥਰੂਮ ਅਤੇ ਸਕੂਲ ਦੀ ਚਾਰਦੀਵਾਰੀ ਅਤੇ ਪਿੰਡ ਗਹਿਰੀ ਬੁੱਟਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 7 ਲੱਖ 51 ਹਜ਼ਾਰ ਦੀ ਲਾਗਤ ਨਾਲ ਨਵੇਂ ਬਣੇ ਅਧੁਨਿਕ ਕਲਾਸ ਰੂਮ ਦਾ ਉਦਘਾਟਨ ਕੀਤਾ। ਇਸ ਦੌਰਾਨ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਦੇ ਪਤਵੰਤੇ ਆਦਿ ਹਾਜ਼ਰ ਸਨ।

## ਪੰਜਾਬ ਸਰਕਾਰ ਪਾਣੀਆਂ ਦੇ ਮਸਲੇ 'ਤੇ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕਰਨਾ ਬੰਦ ਕਰੇ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਚੀਚੀ ਨੂੰ ਖੂਨ ਲਾ ਕੇ ਸ਼ਹੀਦ ਨਹੀਂ ਬਣਿਆ ਜਾਂਦਾ। ਕੁੱਝ ਧਰਨੇ ਮੁਜ਼ਾਹਰਿਆਂ ਚੋਂ ਜਨਮੀ ਪਾਰਟੀ ਪਾਣੀਆਂ ਦਾ ਰਾਖਾ ਬਣਨ ਨੂੰ ਫਿਰਦੀ ਹੈ। ਉਹਨਾਂ ਕਿਹਾ ਕਿ ਅੱਜ ਭਗਵੰਤ ਮਾਨ ਕਿਸਾਨ ਜਥੇਬੰਦੀਆਂ ਨੂੰ ਵੰਗਾਰ ਰਿਹਾ ਹੈ ਕਿ ਤੁਸੀਂ ਪਾਣੀਆਂ ਦੇ ਮਸਲੇ ਵਿੱਚ ਕਿਉਂ ਨਹੀਂ ਬੋਲ ਰਹੇ, ਜਦੋਂ ਕਿਸਾਨ ਜਥੇਬੰਦੀਆਂ ਧਰਨੇ ਲਾਅ ਰਹੀਆਂ ਸੀ ਤਾਂ ਮਾਨ ਸਰਕਾਰ ਕਹਿ ਰਹੀ ਸੀ ਕਿ ਵਿਰੋਧੀ ਕਿਸਾਨ ਧਰਨਿਆਂ ਵਿੱਚ ਮਸਰੂਫ ਹਨ। ਕੀ ਅੱਜ ਜੋ ਸਰਕਾਰ ਨੇ ਆਪਣੇ ਐਮ ਐਲ ਏ ਮੰਤਰੀ ਧਰਨੇ 'ਤੇ ਬਿਠਾਏ ਹਨ, ਕੀ ਪਾਣੀਆਂ ਦਾ ਮਸਲਾ ਹੱਲ ਹੋ ਜਾਵੇਗਾ? ਉਹਨਾਂ ਕਿਹਾ ਕਿ ਪਾਣੀਆਂ ਦੀ ਰਾਖੀ ਲਈ ਪਤਾ ਨਹੀਂ ਕਿੰਨੇ ਕੁ ਯੋਧਿਆਂ ਨੇ ਸ਼ਹੀਦੀਆਂ ਪਾ ਦਿੱਤੀਆਂ ਅਤੇ ਕਿੰਨੇ ਮੋਰਚੇ ਲਾਏ। ਸਾਡੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ 6 ਮਹੀਨੇ ਪਿੰਡ ਬਕਰੌਰ ਜੱਟਾਂ ਨਹਿਰ ਵਿੱਚ ਮੋਰਚਾ ਲਾ ਕੇ ਬੈਠੀ ਰਹੀ। ਉਹਨਾਂ ਮਹੀਨਿਆਂ ਵਿੱਚ ਹੀ ਸੰਘਰਸ਼ੀ ਯੋਧਿਆਂ ਨੇ ਨਹਿਰ ਨੂੰ ਬੰਦ ਕਰਵਾਇਆ ਤਾਂ ਸਾਡੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਉਸ ਸਮੇਂ ਗ੍ਰਿਫਤਾਰੀਆਂ ਵੀ ਦਿੱਤੀਆਂ। ਪੰਜਾਬ ਸਰਕਾਰ ਜੇ ਸੱਚ ਮੁੱਚ ਹੀ ਪੰਜਾਬ ਦੇ ਪਾਣੀਆਂ ਦਾ ਕੋਈ ਹੱਲ ਕਰਨਾ ਚਾਹੁੰਦੀ ਹੈ ਤਾਂ ਵਿਧਾਨ ਸਭਾ ਵਿੱਚ ਮਤਾ ਲਿਆ ਕੇ ਕਾਨੂੰਨ ਬਣਾ ਦੇਵੇ ਤਾਂ ਜੋ ਉਸ ਕਾਨੂੰਨ ਨੂੰ ਕੋਈ ਵੀ ਚੈਲੰਜ ਨਾ ਕਰ ਸਕੇ ਤਾਂ ਹੀ ਸਰਕਾਰ ਨੂੰ ਪਾਣੀਆਂ ਦੀ ਰਾਖੀ ਸਰਕਾਰ ਮੰਨਿਆ ਜਾਵੇਗਾ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਸੂਬਾ ਐਗਜ਼ੈਕਟਿਵ ਮੈਂਬਰ ਮੰਦਰਜੀਤ ਸਿੰਘ ਮਨਾਵਾਂ, ਪ੍ਰਕਾਸ਼ ਸਿੰਘ ਦੁਨੇ ਕੇ ਦਰਸ਼ਨ ਚਿਰਾਗ, ਲਖਵਿੰਦਰ ਸਿੰਘ ਰੌਲੀ ਬਲਾਕ ਮੀਤ ਪ੍ਰਧਾਨ, ਬਲਕਰਨ ਸਿੰਘ ਢਿੱਲੋਂ ਜ਼ਿਲ੍ਹਾ ਮੀਡੀਆ ਸਕੱਤਰ, ਅਮਰ ਸਿੰਘ ਮਨਾਵਾਂ ਇਕਾਈ ਪ੍ਰਧਾਨ, ਸਾਬਕਾ ਸਰਪੰਚ ਗੁਰਭੇਜ ਸਿੰਘ ਮੁੰਡੀ ਜਮਾਲ, ਆਦਿ ਹਾਜ਼ਰ ਸਨ।

## 96 ਲੱਖ ਦੀ ਲਾਗਤ ਨਾਲ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ

**ਕੋਟਕਪੂਰਾ (ਰਛਪਾਲ ਭੁੱਲਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸੂਬੇ ਦੇ ਬੱਚਿਆਂ ਦੇ ਰੌਸ਼ਨ ਭਵਿੱਖ ਲਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੇ ਕੀਤੇ ਜਾ ਰਹੇ ਬੁਨਿਆਦੀ ਢਾਂਚੇ ਤੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਹਲਕਾ ਕੋਟਕਪੂਰਾ ਦੇ ਵੱਖ-ਵੱਖ ਸਕੂਲਾਂ ਵਿੱਚ 96 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਰਾਜ ਵਿੱਚ ਸਿੱਖਿਆ ਨੂੰ ਉੱਚ ਦਰਜੇ ਦੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚੇ ਤੇ ਡਿਜ਼ੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਵੱਖ-ਵੱਖ ਸਕੂਲਾਂ ਨੂੰ ਬੁਨਿਆਦੀ ਸਹੂਲਤਾਂ ਨਾਲ ਲੈੱਸ ਕਰਕੇ ਉਨ੍ਹਾਂ ਨੂੰ ਲੋਕ ਅਰਪਣ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਸੁਧਾਰ ਅੱਗੇ ਵੀ ਇਸੇ ਤਰ੍ਹਾਂ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪਿਛਲੇ ਸਮੇਂ ਵਿੱਚ ਮੈਰਿਟ ਵਿੱਚ ਆਉਣ ਵਾਲੇ 9 ਬੱਚਿਆਂ ਨੂੰ 31-31 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਕੋਹਾਰਵਾਲਾ ਵਿਖੇ 14.73 ਲੱਖ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਹਾਰਵਾਲਾ ਵਿਖੇ 32.96 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਹਰੀ ਨੌਂ ਵਿਖੇ 14.90 ਲੱਖ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ 8.18 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਭੈਰੋ ਕੀ ਭੱਟੀ ਵਿਖੇ 5.40 ਲੱਖ ਤੇ ਸਰਕਾਰੀ ਹਾਈ ਸਕੂਲ ਮੌੜ ਵਿਖੇ 14 ਲੱਖ ਰੁਪਏ ਦੇ ਵੱਖ ਵੱਖ ਵਿਕਾਸ ਕਾਰਜਾਂ ਜਿੰਨਾਂ ਵਿੱਚ ਮੁੱਖ ਤੌਰ 'ਤੇ ਚਾਰਦੀਵਾਰੀ, ਸਪੋਰਟਸ ਟਰੈਕ, ਪੇਂਟ, ਨਵੇਂ ਬਾਥਰੂਮਾਂ ਦੀ ਉਸਾਰੀ, ਰਿਪੇਅਰ ਆਦਿ ਦੇ ਕੰਮ ਸ਼ਾਮਲ ਹਨ।

# ਹੜਤਾਲ ਨੂੰ ਸਫ਼ਲ ਕਰਨ ਦੀ ਤਿਆਰੀ ਲਈ ਸਾਂਝੀ ਰੈਲੀ ਕੀਤੀ



**ਦੋਰਾਹਾ (ਹਰਮਿੰਦਰ ਸੇਠ)**

ਬਿਜਲੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਟੈਕਨੀਕਲ ਸਰਵਿਸਜ ਯੂਨੀਅਨ ਰਜਿ.ਪੀ ਐਸ ਈ ਬੀ ਇੰਪਲਾਈਜ ਏਟਕ ਫੈਡਰੇਸ਼ਨ, ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂਆਂ ਬਲਵੀਰ ਸਿੰਘ, ਰਾਮਜੀਤ ਸਿੰਘ, ਦਲਵੀਰ ਸਿੰਘ ਨੇ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਰੈਲੀ ਸ਼ੁਰੂ ਕਰਨ ਤੋਂ ਪਹਿਲਾਂ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ, ਜਥੇਬੰਦੀ ਦਾ ਝੰਡਾ ਲਹਿਰਾਇਆ ਗਿਆ।ਆਗੂਆਂ ਨੇ ਕਿਹਾ ਕਿ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਕੇਂਦਰ ਸਰਕਾਰ ਤੇ ਰਾਜ ਸਰਕਾਰਾਂ ਦੀਆਂ ਲੋਕ, ਮੁਲਾਜ਼ਮ, ਮਜ਼ਦੂਰ, ਕਿਸਾਨ ਵਿਰੋਧੀ ਲਾਗੂ ਕੀਤੀਆਂ ਜਾ ਰਹੀਆਂ ਨੀਤੀਆਂ ਦੇ ਵਿਰੁੱਧ 20 ਮਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਲਈ ਰੈਗੂਲਰ ਕਾਮਿਆਂ ਤੇ ਠੇਕਾ ਕਾਮਿਆਂ ਦੀਆਂ ਜਥੇਬੰਦੀਆਂ ਨੇ ਡਵੀਜ਼ਨ ਦੋਰਾਹਾ ਵਿਖੇ ਸਾਂਝੀ ਰੈਲੀ ਕਰਕੇ ਸਮੂਹ ਕਾਮਿਆਂ ਨੂੰ ਹੜਤਾਲ ਲਈ ਤਿਆਰ ਕਰਨ ਦਾ ਫੈਸਲਾ ਕੀਤਾ ਹੈ।ਆਗੂਆਂ ਨੇ ਦੱਸਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਸੰਸਾਰੀਕਰਨ, ਉਦਾਰੀਕਰਨ, ਨਿੱਜੀਕਰਨ ਦੀਆਂ ਤਬਾਹਕੁੰਨ ਨੀਤੀਆਂ ਵਿਰੁੱਧ, ਨਵੇਂ ਬਣਾਏ ਚਾਰ ਲੇਬਰ ਕੋਡ ਰੱਦ ਕਰਾਉਣ, ਬਿਜਲੀ ਐਕਟ 2003 ਅਤੇ 2022 ਰੱਦ ਕਰਾਉਣ, ਪੁਰਾਣੀ ਪੈਨਸ਼ਨ ਬਹਾਲ ਕਰਾਉਣ, ਹਰ ਪ੍ਰਕਾਰ ਦੇ ਕੱਚੇ, ਠੇਕਾ, ਆਊਟਸੋਰਸਿੰਗ, ਇਨਲਿਸਟਮੈਂਟ ਆਦਿ ਕਾਮਿਆਂ ਦੀਆਂ ਸੇਵਾਵਾਂ ਨੂੰ ਪੱਕਾ ਕਰਾਉਣ, ਸਰਕਾਰੀ ਅਦਾਰਿਆਂ ਅੰਦਰ ਪੱਕੀ ਭਰਤੀ ਕਰਾਉਣ, ਸਰਕਾਰੀ ਵਿਭਾਗਾਂ ਦੇ ਨਿੱਜੀਕਰਨ, ਨਿਗਮੀਕਰਨ, ਪੁਨਰਗਠਨ ਨੂੰ ਬੰਦ ਕਰਾਉਣ ਆਦਿ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਜਾ ਰਹੀ ਹੈ।ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵੀ ਪੰਜਾਬ ਦੇ ਬਿਜਲੀ ਵਿਭਾਗ ਦਾ ਮੁਕੰਮਲ ਨਿੱਜੀਕਰਨ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਪੰਜਾਬ ਦੀਆਂ 10 ਡਵੀਜ਼ਨਾਂ ਵਿੱਚ ਨਿੱਜੀਕਰਨ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਹੈ, ਹੜਤਾਲਾਂ ਸਮੇਂ ਬਿਜਲੀ ਸਪਲਾਈ ਨੂੰ ਬਹਾਲ ਕਰਨ ਦੇ ਨਾਂਅ ਹੇਠ ਨਿੱਜੀ ਠੇਕੇਦਾਰਾਂ ਰਾਹੀਂ ਗੈਂਗਾਂ ਤਿਆਰ ਕਰਨ ਦੇ ਫਰਮਾਨ ਜਾਰੀ ਕੀਤੇ ਗਏ ਹਨ, ਬਿਜਲੀ ਕਾਮਿਆਂ ਦੇ ਸੇਵਾ ਨਿਯਮ ਤਬਦੀਲ ਕੀਤੇ ਜਾ ਰਹੇ ਹਨ, ਤਨਖਾਹ ਢਾਂਚਾ ਤਬਦੀਲ ਕੀਤਾ ਜਾ ਰਿਹਾ ਹੈ।ਇਸ ਲਈ ਇਹਨਾਂ ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਰੱਦ ਕਰਾਉਣ ਲਈ ਰੈਗੂਲਰ ਮੁਲਾਜ਼ਮਾਂ ਦੀਆਂ ਯੂਨੀਅਨ ਅਤੇ ਠੇਕਾ ਕਾਮਿਆਂ ਦੀਆਂ ਜਥੇਬੰਦੀਆਂ ਨੇ ਵੀ 20 ਮਈ ਨੂੰ ਹੜਤਾਲ ਕਰਨ ਦਾ ਫੈਸਲਾ ਕੀਤਾ ਹੈ।ਅਸੀਂ ਬਿਜਲੀ ਖੇਤਰ ਵਿੱਚ ਕੰਮ ਕਰਦੇ ਸਮੂਹ ਰੈਗੂਲਰ ਕਾਮਿਆਂ, ਠੇਕਾ ਕਾਮਿਆਂ, ਆਊਟਸੋਰਸਡ ਕਾਮਿਆਂ ਨੂੰ ਵੀ ਅਪੀਲ ਕਰਦੇ ਹਾਂ ਕਿ ਆਓ ਸਾਰੇ ਇਸ 20 ਮਈ ਨੂੰ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਕੇ ਸਰਕਾਰਾਂ ਨੂੰ ਇਹ ਲੋਕ ਵਿਰੋਧੀ ਨੀਤੀਆਂ ਲਾਗੂ ਕਰਨ ਤੋਂ ਪਿੱਛੇ ਮੁੜਨ ਲਈ ਮਜਬੂਰ ਕਰੀਏ।

## ਗੋਲਡਨ ਜੁਬਲੀ ਡਿਗਰੀ ਹੋਲਡਰ 18 ਨੂੰ ਕੀਤੇ ਜਾਣਗੇ ਸਨਮਾਨਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਆਪਣੀ ਗ੍ਰੈਜੂਏਸ਼ਨ ਦੀ ਗੋਲਡਨ ਜੁਬਲੀ ਮਨਾ ਚੁੱਕੇ ਡਿਗਰੀ ਹੋਲਡਰਾਂ ਨੂੰ ਸਨਮਾਨਤ ਕੀਤਾ ਜਾਵੇਗਾ।ਇਸ ਸਬੰਧੀ ਵਿਸ਼ੇਸ਼ ਸਮਾਗਮ ਆਉਂਦੀ 18 ਮਈ ਨੂੰ ਬਾਅਦ ਦੁਪਹਿਰ 3:00 ਵਜੇ ਆਯੋਜਤ ਕੀਤਾ ਜਾਵੇਗਾ।ਸਮਾਗਮ ਦੀ ਪ੍ਰਧਾਨਗੀ ਮਿਸ਼ਨ ਮੁਖੀ ਪ੍ਰਸਿਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਕਰਨਗੇ।ਪੰਜਾਬ ਰਾਇਸ ਸ਼ੈਲਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਭਾਰਤ ਭੂਸ਼ਣ ਬਿੰਟਾ ਬਾਂਸਲ ਸਮਾਰੋਹ ਦੇ ਮੁੱਖ ਮਹਿਮਾਨ ਹੋਣਗੇ।ਉੱਘੇ ਸਮਾਜ ਸੇਵਕ ਮਿੰਕਲ ਬਜਾਜ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਸ੍ਰੀ ਢੋਸੀਵਾਲ ਨੇ ਦੱਸਿਆ ਹੈ ਕਿ ਸਮਾਰੋਹ ਦੌਰਾਨ 50 ਜਾਂ ਇਸ ਤੋਂ ਵੱਧ ਸਾਲ ਪਹਿਲਾਂ ਕਿਸੇ ਵੀ ਸਟਰੀਮ ਵਿੱਚ ਗ੍ਰੈਜੂਏਸ਼ਨ ਕਰਨ ਵਾਲੇ ਸੀਨੀਅਰ ਸਿਟੀਜਨਜ਼ ਨੂੰ ਮਿਸ਼ਨ ਵੱਲੋਂ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਦੁਆਰਾ ਸ਼ਾਨਦਾਰ ਮੋਮੈਂਟੋ ਭੇਟ ਕਰਕੇ ਸਨਮਾਨਿਤ ਕੀਤਾ ਜਾਵੇਗਾ।ਢੋਸੀਵਾਲ ਨੇ ਅੱਗੇ ਦੱਸਿਆ ਹੈ ਕਿ ਉਕਤ ਸਨਮਾਨ ਸਮਾਰੋਹ ਦੌਰਾਨ ਜਸਵੰਤ ਸਿੰਘ ਬਰਾੜ, ਜਗਦੀਸ਼ ਰਾਏ ਢੋਸੀਵਾਲ, ਸੰਤੋਖ ਸਿੰਘ ਭੰਡਾਰੀ, ਕਰਤਾਰ ਸਿੰਘ ਬੇਰੀ, ਅਸ਼ੋਕ ਗਿਰਧਰ ਐਡਵੋਕੇਟ, ਸ਼ਾਮ ਲਾਲ ਬਾਂਸਲ, ਬਲਦੇਵ ਸਿੰਘ ਬੇਦੀ, ਅਸ਼ੋਕ ਭਾਰਤੀ, ਪ੍ਰੇਮ ਕੁਮਾਰ ਬੇਰੀ, ਮਲਕੀਤ ਸਿੰਘ ਪੈਂਕ, ਪ੍ਰੋ. ਗੋਪਾਲ ਸਿੰਘ, ਦਰਸ਼ਨ ਕੱਕੜ, ਕਸ਼ਮੀਰੀ ਲਾਲ, ਰਾਕੇਸ਼ ਲੂਣਾ, ਅਮਰ ਕਾਂਤਾ, ਚੌ. ਮੂਲ ਚੰਦ, ਕਰਨੈਲ ਸਿੰਘ ਬੇਦੀ, ਗੁਰਟੇਕ ਸਿੰਘ ਬਰਾੜ, ਹਰਚੰਦ ਸਿੰਘ, ਪ੍ਰਤਾਪ ਸਿੰਘ, ਚੌ. ਅਮੀ ਚੰਦ ਤੇ ਪ੍ਰੋ. ਕੁਲਵੰਤ ਸਿੰਘ ਸਮੇਤ ਕੁੱਲ 22 ਸਖਸ਼ੀਅਤਾਂ ਨੂੰ ਸ਼ਾਨਦਾਰ ਮੋਮੈਂਟੋ ਭੇਟ ਕੀਤੇ ਜਾਣਗੇ।

## ਪੰਜਾਬ ਕੋ ਐਜੂਕੇਸ਼ਨ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ, ਜੋ ਸੰਸਥਾ ਦੇ ਬਾਨੀ ਪ੍ਰਿੰਸੀਪਲ ਗੁਰਦੇਵ ਸਿੰਘ ਤੇ ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਦੀ ਯੋਗ ਅਗਵਾਈ ਵਿੱਚ ਨਿੱਤ-ਨਵੀਆਂ ਬੁਲੰਦੀਆਂ ਨੂੰ ਛੂਹ ਰਹੀ ਹੈ, ਦੇ ਵਿਦਿਆਰਥੀਆਂ ਦਾ ਬਾਰ੍ਹਵੀਂ ਸ਼੍ਰੇਣੀ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਬਹੁਤ ਹੀ ਸ਼ਾਨਦਾਰ ਰਿਹਾ।ਇਸ ਪ੍ਰੀਖਿਆ ਵਿੱਚ 225 ਵਿਦਿਆਰਥੀ ਬੈਠੇ, ਜਿਸ ਵਿੱਚੋਂ ਦੋ ਲੜਕੀਆਂ ਕਿਰਨਦੀਪ ਕੌਰ (ਮੈਡੀਕਲ) ਨੇ 98.2 ਫੀਸਦੀ ਅੰਕ ਪ੍ਰਾਪਤ ਕਰਕੇ ਮੋਗਾ ਜ਼ਿਲ੍ਹੇ ਵਿੱਚੋਂ ਪਹਿਲਾ ਤੇ ਸ਼ਿਵਾਨੀ ਅਰੋੜਾ (ਕਾਮਰਸ) ਨੇ 97.4 ਫ਼ੀਸਦੀ ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ 51 ਵਿਦਿਆਰਥੀਆਂ ਨੇ 90 ਫ਼ੀਸਦੀ ਤੋਂ ਵੱਧ ਤੇ 74 ਵਿਦਿਆਰਥੀਆਂ ਨੇ 80 ਤੋਂ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਆਪਣਾ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸੇ ਤਰ੍ਹਾਂ 95 ਵਿਦਿਆਰਥੀਆਂ ਨੇ 70 ਤੋਂ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ।ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਪਾਸ ਰਿਹਾ।ਜ਼ਿਕਰਯੋਗ ਹੈ ਕਿ ਮੈਡੀਕਲ ਦੀ ਕਿਰਨਦੀਪ ਕੌਰ ਨੇ 98.2 ਫ਼ੀਸਦੀ, ਮਨਜੋਤ ਕੌਰ ਨੇ 97 ਫ਼ੀਸਦੀ, ਪਰਾਚੀ ਸ਼ਰਮਾ ਨੇ ਵੀ 97 ਫ਼ੀਸਦੀ, ਨੇਹਾ ਸ਼ਰਮਾ, ਪ੍ਰਾਰਥਨਾ ਤੇ ਰੂਹਾਨੀ ਮਨਚੰਦਾ ਨੇ 94.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕੀਤੀਆਂ।ਨਾਨ-ਮੈਡੀਕਲ ਦੀ ਪ੍ਰਨੀਤ ਕੌਰ ਨੇ 96.2 ਫ਼ੀਸਦੀ, ਅਕਾਸ਼ਦੀਪ ਕੌਰ ਨੇ 96 ਫ਼ੀਸਦੀ ਅਤੇ ਖੁਸ਼ਰੀਤ ਕੌਰ ਨੇ 94.6 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਕਾਮਰਸ ਦੀ ਸ਼ਿਵਾਨੀ ਅਰੋੜਾ ਨੇ 97.4 ਫ਼ੀਸਦੀ, ਕੋਮਲਪ੍ਰੀਤ ਕੌਰ, ਸਤਵੀਰ ਕੌਰ ਤੇ ਦੀਪਾਸ਼ੂ ਬਾਂਸਲ ਨੇ 93.8 ਫੀਸਦੀ ਅਤੇ ਗੁਰਪ੍ਰੀਤ ਕੌਰ ਨੇ 93.6 ਫੀਸਦੀ ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲੇ ਤਿੰਨ ਸਥਾਨ ਪ੍ਰਾਪਤ ਕੀਤੇ।ਪ੍ਰਤਿਭਾ ਬਿਸ਼ਨੋਈ (ਆਰਟਸ) ਨੇ ਵੀ 93.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 51 ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਵੱਲੋਂ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਗੁਰਦੇਵ ਸਿੰਘ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਜਾਰੀ ਰੱਖ ਕੇ ਆਪਣਾ ਭਵਿੱਖ ਸ਼ਾਨਦਾਰ ਬਣਾ ਸਕਦੇ ਹਨ।

## 15 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਗ੍ਰਿਫ਼ਤਾਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪੰਜਾਬ ਪੁਲੀਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਸਰਤਾਜ ਸਿੰਘ ਚਹਿਲ ਐਸ.ਐਸ.ਪੀ ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਹਰਵਿੰਦਰ ਸਿੰਘ ਖਹਿਰਾ ਡੀ.ਐਸ.ਪੀ ਸੁਨਾਮ ਦੀ ਸੁਪਰਵੀਜਨ ਹੇਠ ਥਾਣਾ ਲੌਂਗੋਵਾਲ ਦੀ ਪੁਲਿਸ ਵੱਲੋਂ ਇੱਕ ਹੋਰ ਕਾਮਯਾਬੀ ਦਰਜ ਕੀਤੀ ਹੈ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ 14 ਮਈ ਨੂੰ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੰ: 1727/ਸੰਗ ਥਾਣਾ ਲੌਂਗੋਵਾਲ ਸਮੇਤ ਪੁਲਿਸ ਪਾਰਟੀ ਦੇ ਬਰਾਏ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਲੋਹਾਖੇੜਾ ਮੌਜੂਦ ਸੀ ਤਾਂ ਮੁਖਬਰ ਖਾਸ ਰਾਹੀਂ ਦਰਸ਼ਨ ਸਿੰਘ ਥਾਣਾ ਲੌਂਗੋਵਾਲ ਨੂੰ ਨਸ਼ੀਲਾ ਪਾਊਡਰ ਸਬੰਧੀ ਇਤਲਾਹ ਮਿਲਣ 'ਤੇ ਦੋਸ਼ੀਆਨ ਜਗਦੀਪ ਸਿੰਘ ਉਰਫ ਜੰਗ ਪੁੱਤਰ ਗੁਰਜੰਟ ਸਿੰਘ ਵਾਸੀ ਲੋਹਾਖੇੜਾ, ਬਲਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਬੁਗਰਾ ਅਤੇ ਸੁਖਦੀਪ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਨੇੜੇ ਹਨੂੰਮਾਨ ਮੰਦਿਰ ਲੌਂਗੋਵਾਲ ਹਾਲ ਲੋਹਾਖੇੜਾ ਖਿਲਾਫ ਮੁਕੱਦਮਾ ਨੰਬਰ 44 ਅਧੀਨ ਧਾਰਾ 22/61/85 ਐਨ.ਡੀ.ਪੀ.ਐਸ. ਥਾਣਾ ਲੌਂਗੋਵਾਲ ਦਰਜ ਰਜਿਸਟਰ ਕਰਕੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਥਾਣਾ ਲੌਂਗੋਵਾਲ ਨੇ ਯੋਜਨਾਬਧ ਢੰਗ ਨਾਲ ਉਕਤ ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 15 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕਰਕੇ ਹਸਬ ਜਾਬਤਾ ਗ੍ਰਿਫ਼ਤਾਰ ਕੀਤੇ ਗਏ। ਇਨ੍ਹਾਂ ਵਿੱਚੋਂ 02 ਦੋਸ਼ੀਆਂ ਸੁਖਦੀਪ ਸਿੰਘ ਅਤੇ ਬਲਜੀਤ ਸਿੰਘ ਦਾ ਅਪਰਾਧਕ ਪਿਛੋਕੜ ਹੈ, ਜਿਨ੍ਹਾਂ ਖਿਲਾਫ ਪਹਿਲਾਂ ਵੀ ਨਸ਼ਾ ਤਸਕਰੀ ਦੇ ਮੁਕੱਦਮੇ ਦਰਜ ਹਨ।ਦੋਸ਼ੀਆਂ ਉਕਤਾਨ ਨੂੰ ਇਲਾਕਾ ਮੈਜਿਸਟ੍ਰੇਟ ਸੰਗਰੂਰ ਦੀ ਅਦਾਲਤ ਪੇਸ਼ ਕੀਤਾ ਜਾ ਰਿਹਾ ਹੈ।

## ਡੀ ਏ ਵੀ ਵੈਸ਼ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨੀਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਦੌਰਾਨ ਡੀ.ਏ.ਵੀ. ਵੈਸ਼ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮੀਨੂ ਸ਼ਰਮਾ ਨੇ ਦੱਸਿਆ ਕਿ ਵਿਦਿਆਰਥੀ ਹਰਸ ਕਾਲਰਾ ਨੇ 500 ਅੰਕਾਂ ਵਿੱਚੋਂ 461 ਫੀਸਦੀ ਅੰਕ ਲੈ ਕੇ ਸਕੂਲ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਸਕੂਲ ਦੇ ਵਿਦਿਆਰਥੀ ਸੁਖਵੀਰ ਸਿੰਘ ਨੇ 500 ਅੰਕਾਂ ਵਿੱਚੋਂ 452 ਫ਼ੀਸਦੀ ਅੰਕ ਲੈ ਕੇ ਦੂਜਾ ਸਥਾਨ ਤੇ ਵਿਦਿਆਰਥੀ ਸਹਿਬਾਜਪ੍ਰੀਤ ਸਿੰਘ ਨੇ 500 ਅੰਕਾਂ ਵਿੱਚੋਂ 427 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਪ੍ਰਿੰਸੀਪਲ ਮੀਨੂ ਸ਼ਰਮਾ ਨੇ ਪਹਿਲਾਂ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਸਕੂਲ ਤੇ ਆਪਣੇ ਮਾਤਾ-ਪਿਤਾ ਦੇ ਨਾਂਅ ਦੇ ਨਾਲ ਨਾਲ ਇਲਾਕੇ ਦਾ ਨਾਂਅ ਵੀ ਰੌਸ਼ਨ ਕੀਤਾ ਹੈ ਤੇ ਇਹ ਨਤੀਜੇ ਵਿਦਿਆਰਥੀਆਂ ਦੀ ਸਖਤ ਮਿਹਨਤ ਤੇ ਅਧਿਆਪਕਾਂ ਦੀ ਯੋਗ ਅਗਵਾਈ ਸਦਕਾ ਹੀ ਸੰਭਵ ਹੋਇਆ ਹੈ।ਸਕੂਲ ਦੀ ਮੈਨੇਜਮੈਂਟ ਕਮੇਟੀ ਨੇ ਵੀ ਪ੍ਰੀਖਿਆ ਪਾਸ ਕਰਨ ਵਾਲੇ ਸਮੂਹ ਵਿਦਿਆਰਥੀਆਂ ਤੇ ਸਕੂਲ ਸਟਾਫ਼ ਨੂੰ ਵਧਾਈ ਦਿੱਤੀ।

## ਜੋਧਾ ਭੈਣੀ 'ਚ ਕਮਿਊਨਿਟੀ ਹਾਲ ਲਈ ਪੱਖੇ ਤੇ ਦਰਵਾਜ਼ੇ-ਬਾਰੀਆਂ ਦਿੱਤੀਆਂ



**ਜਲਾਲਾਬਾਦ (ਜੀਤ ਕੁਮਾਰ)**-ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਪਿੰਡ ਜੋਧਾ ਭੈਣੀ ਵਿਖੇ ਕੰਮਿਊਨਿਟੀ ਹਾਲ ਲਈ ਪੱਖੇ ਤੇ ਦਰਵਾਜ਼ੇ-ਬਾਰੀਆਂ ਦਿੱਤੀਆਂ ਗਈਆਂ। ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਸਰਹੱਦੀ ਖੇਤਰ ਦੇ ਪਿੰਡਾਂ ਦਾ ਦੌਰਾ ਕੀਤਾ ਗਿਆ, ਜਿਸ ਵਿੱਚ ਪਿੰਡ ਜੋਧਾ ਭੈਣੀ ਦੇ ਵਾਸੀਆ ਵੱਲੋਂ ਕਮਿਊਨਿਟੀ ਹਾਲ ਲਈ ਪੱਖਿਆਂ ਦੀ ਤੇ ਦਰਵਾਜ਼ੇ-ਖਿੜਕੀਆਂ ਦੀ ਮੰਗ ਰੱਖੀ ਗਈ ਸੀ। ਇਸ ਦੌਰਾਨ ਰਮਿੰਦਰ ਆਵਲਾ ਵੱਲੋਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਸੀ ਕਿ 2-3 ਦਿਨਾਂ ਵਿੱਚ ਇਹ ਡਿਮਾਂਡ ਪੂਰੀ ਹੋ ਜਾਵੇਗੀ। ਸ੍ਰੀ ਆਵਲਾ ਵੱਲੋਂ ਵਾਅਦਾ ਪੂਰਾ ਕਰਦੇ ਹੋਏ ਆਪਣੀ ਟੀਮ ਰਾਹੀਂ ਪੱਖੇ ਅਤੇ ਦਰਵਾਜ਼ੇ-ਖਿੜਕੀਆਂ ਭੇਜ ਦਿੱਤੀਆਂ ਗਈਆਂ। ਪਿੰਡ ਵਾਸੀਆਂ ਦੱਸਿਆ ਕਿ ਰਮਿੰਦਰ ਆਵਲਾ, ਜੋ ਜਲਾਲਾਬਾਦ ਤੋਂ ਸਾਬਕਾ ਵਿਧਾਇਕ ਹੋਣ ਦੇ ਬਾਵਜੂਦ ਇਕ ਮੌਜੂਦਾ ਵਿਧਾਇਕ ਦੀ ਤਰ੍ਹਾਂ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਜਦੋਂ ਪਿੰਡ ਵਿੱਚ ਹੋਰ ਵਿਕਾਸ ਕਰਾਉਣ ਦੇ ਨਾਲ ਨਾਲ ਕਮਿਊਨਿਟੀ ਹਾਲ ਬਣਵਾਇਆ ਗਿਆ ਸੀ ਤਾਂ ਉਸ ਤੋਂ ਬਾਅਦ ਕਿਸੇ ਨੇ ਕਮਿਊਨਿਟੀ ਹਾਲ ਦੀ ਸਾਰ ਨਹੀਂ ਲਈ, ਪਰ ਜਦੋਂ ਰਮਿੰਦਰ ਆਵਲਾ ਬੀਤੇ ਦਿਨ ਪਿੰਡ ਵਿੱਚ ਆਏ ਸੀ ਤਾਂ ਉਨ੍ਹਾਂ ਨੇ ਕਮਿਊਨਿਟੀ ਹਾਲ ਦੇ ਹਾਲਾਤ ਦੇਖ ਕੇ ਜੋ ਵੀ ਸਮਾਨ ਦੀ ਕਮੀ ਮਹਿਸੂਸ ਹੋਈ, ਉਨ੍ਹਾਂ ਨੇ ਤਰੁੰਤ ਹੀ ਹੱਲ ਕਰਨ ਦਾ ਵਾਅਦਾ ਕੀਤੀ ਗਿਆ।

## ਜੀ ਐੱਚ ਜੀ ਅਕੈਡਮੀ ਦੀਆਂ ਲੜਕੀਆਂ ਨੇ ਨਤੀਜਿਆਂ 'ਚ ਮਾਰੀਆਂ ਮੱਲਾਂ



**ਜਗਰਾਉਂ (ਅਮਿਤ ਖੰਨਾ)**-ਜੀ ਐੱਚ ਜੀ ਅਕੈਡਮੀ ਜਗਰਾਓਂ ਵਿੱਚ ਦਸਵੀਂ ਤੇ ਬਾਰ੍ਹਵੀਂ ਦੇ ਆਏ ਨਤੀਜਿਆਂ ਵਿੱਚੋ ਲੜਕੀਆਂ ਨੇ ਬਾਜ਼ੀ ਮਾਰੀ ਹੈ। ਅਕੈਡਮੀ ਦੇ ਚੇਅਰਮੈਨ ਗੁਰਮੇਲ ਸਿੰਘ ਮੱਲ੍ਹੀ, ਡਾਇਰੈਕਟਰ ਬਲਜੀਤ ਸਿੰਘ ਮੱਲ੍ਹੀ ਤੇ ਪ੍ਰਿੰਸੀਪਲ ਰਮਨਜੋਤ ਕੌਰ ਗਰੇਵਾਲ ਸਮੇਤ ਅਕੈਡਮੀ ਦੇ ਸਮੂਹ ਸਟਾਫ ਨੂੰ ਏਨੇ ਵਧੀਆ ਰਿਜ਼ਲਟ ਲਈ ਸਾਰਿਆਂ ਨੂੰ ਵਧਾਈਆਂ ਦਿੱਤੀਆਂ।ਇਸ ਮੌਕੇ ਉਨਾਂ ਕਿਹਾ ਕਿ ਸਾਡੀ ਅਕੈਡਮੀ ਦੀਆਂ ਲੜਕੀਆਂ ਨੇ ਆਪਣਾ ਹੀ ਨਹੀਂ ਅਕੈਡਮੀ ਦਾ ਨਾਂਅ ਵੀ ਉੱਜਵਲ ਕੀਤਾ ਹੈ।ਜਿਸ ਲਈ ਉਹ ਵਧਾਈ ਦੀਆਂ ਪਾਤਰ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਦਸਵੀਂ ਦੇ ਨਤੀਜਿਆਂ ਵਿੱਚੋਂ ਜੈਸਮੀਨ ਕੌਰ ਗਿੱਲ 98% ਨੰਬਰ ਲੈ ਕੇ ਪਹਿਲੇ ਸਥਾਨ 'ਤੇ ਰਹੀ ਤੇ ਗੁਰਲੀਨ ਕੌਰ ਤੇ ਵੰਸ਼ਿਕਾ 96% ਨਾਲ ਸਾਂਝੇ ਤੌਰ 'ਤੇ ਦੂਜੇ ਸਥਾਨ ਪ੍ਰਾਪਤ ਕੀਤਾ ਅਤੇ ਤਾਜਪ੍ਰੀਤ ਕੌਰ ਤੇ ਸਿਮਰਨਪ੍ਰੀਤ ਕੌਰ 95% ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਬਾਰ੍ਹਵੀਂ ਦੇ ਨਤੀਜਿਆਂ ਵਿੱਚੋਂ ਸੰਦੀਪ ਕੌਰ ਨੇ ਸਾਇੰਸ ਸਟ੍ਰੀਮ ਵਿੱਚੋਂ 95% ਨੰਬਰਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ, ਪ੍ਰਨੀਤ ਕੌਰ ਨੇ ਕਾਮਰਸ ਸਟ੍ਰੀਮ ਵਿੱਚੋਂ 93% ਨਾਲ ਦੂਜਾ ਸਥਾਨ ਤੇ ਦਿਲਜੋਤ ਕੌਰ ਨੇ ਸਾਇੰਸ ਸਟ੍ਰੀਮ ਵਿੱਚੋਂ 92% ਨਾਲ ਤੀਜਾ ਸਥਾਨ ਹਾਸਲ ਕੀਤਾ।

## ਇਸ਼ਿਤਾ ਖੇੜਾ ਨੇ ਦਸਵੀਂ ਜਮਾਤ 'ਚੋਂ 97.4% ਅੰਕ ਪ੍ਰਾਪਤ ਕੀਤੇ



**ਗੁਰੂ ਹਰਸਹਾਏ (ਫਕੀਰ ਚੰਦ ਸਿਕਰੀ)**- ਸੀ ਬੀ ਐਸ ਈ ਵੱਲੋਂ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਮਾਤਾ ਗੁਜਰੀ ਸਕੂਲ ਵਿੱਚ ਪੜ੍ਹਦੀ ਗੁਰੂ ਹਰਸਹਾਏ ਦੀ ਰਹਿਣ ਵਾਲੀ ਇਸ਼ਿਤਾ ਖੇੜਾ ਪੁੱਤਰੀ ਅਮਿਤ ਖੇੜਾ ਵੱਲੋਂ ਵੀ ਦਸਵੀਂ ਜਮਾਤ ਦੇ ਇਮਤਿਹਾਨਾਂ ਵਿੱਚੋਂ 97.4% ਅੰਕ ਪ੍ਰਾਪਤ ਕਰਕੇ ਜਿੱਥੇ ਉਸ ਨੇ ਆਪਣੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ ਉਥੇ ਉਸ ਨੇ ਆਪਣੇ ਮਾਤਾ ਪਿਤਾ ਅਤੇ ਇਲਾਕੇ ਦਾ ਵੀ ਨਾਂਅ ਰੋਸ਼ਨ ਕੀਤਾ ਹੈ। ਇਸ਼ਿਤਾ ਦੇ ਪਿਤਾ ਅਮਿਤ ਖੇੜਾ ਨੇ ਦੱਸਿਆ ਕਿ ਉਸ ਦੀ ਸਪੁੱਤਰੀ ਨੇ ਹਮੇਸ਼ਾ ਹੀ ਪੜ੍ਹਾਈ ਵਿੱਚ ਹਰ ਜਮਾਤ ਵਿੱਚ ਚੰਗਾ ਸਥਾਨ ਪ੍ਰਾਪਤ ਕੀਤਾ ਹੈ, ਉੱਥੇ ਉਸ ਵੱਲੋਂ ਹੁਣ ਦਸਵੀਂ ਜਮਾਤ ਵਿੱਚ ਵੀ 97.4% ਅੰਕ ਪ੍ਰਾਪਤ ਕਰਕੇ ਸਾਡਾ ਮਾਣ ਵਧਾਇਆ ਹੈ। ਉਹਨਾਂ ਦੱਸਿਆ ਕਿ ਉਹਨਾਂ ਦੀ ਬੇਟੀ ਦਾ ਸਪਨਾ ਆਈ ਏ ਐਸ ਅਫਸਰ ਬਣਨ ਦਾ ਹੈ।

## ਨਜਾਇਜ਼ ਸ਼ਰਾਬ ਖਿਲਾਫ਼ ਛਾਪੇ ਦੌਰਾਨ ਐਕਸਾਈਜ਼ ਟੀਮ 'ਤੇ ਹਮਲਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਨਜਾਇਜ਼ ਸ਼ਰਾਬ ਵਿਰੁੱਧ ਕਾਰਵਾਈ ਕਰਨ ਗਈ ਐਕਸਾਈਜ਼ ਵਿਭਾਗ ਦੀ ਟੀਮ 'ਤੇ ਹਮਲਾ ਹੋਇਆ ਹੈ। ਹਮਲਾਵਰਾਂ ਨੇ ਟੀਮ ਦੇ ਮੈਂਬਰਾਂ ਨੂੰ ਜ਼ਖਮੀ ਕਰਨ ਦੇ ਨਾਲ ਇੱਕ ਕ੍ਰਮਚਾਰੀ ਦਾ ਮੋਬਾਇਲ ਫੋਨ ਤੇ ਪਰਸ ਵੀ ਛੀਨ ਲਿਆ। ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਨੇ 12 ਨਾਮਜ਼ਦ ਅਤੇ 5-7 ਅਣਪਛਾਤੇ ਵਿਅਕਤੀਆਂ ਖਿਲਾਫ਼ ਕੇਸ ਦਰਜ ਕਰ ਲਿਆ ਹੈ। ਐਕਸਾਈਜ਼ ਟੀਮ ਦੇ ਨਾਲ ਠੇਕੇਦਾਰਾਂ ਲਈ ਕੰਮ ਕਰਦੇ ਗੁਰਮੀਤ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਨਧਾਣਾ ਨੇ ਪੁਲਸ ਨੂੰ ਦੱਸਿਆ ਕਿ 14 ਮਈ ਨੂੰ ਉਹ ਸਾਥੀ ਕ੍ਰਮਚਾਰੀਆਂ ਅਤੇ ਪੁਲਸ ਮੁਲਾਜ਼ਮਾਂ ਨਾਲ ਮਿਲ ਕੇ ਲੰਗੇਆਣਾ ਪਿੰਡ ਵਿਖੇ ਛਾਪੇਮਾਰੀ ਲਈ ਗਏ ਸਨ, ਉੱਥੇ ਮਨਜੀਤ ਕੌਰ, ਵਿਜੈ ਕੁਮਾਰ, ਅਕਾਸ਼ਦੀਪ, ਰਵੀ, ਮਨਪ੍ਰੀਤ, ਦੀਨਾ, ਕਰਨੈਲ, ਘੁੱਗੀ ਉਰਫ਼ ਯੋਗੀ, ਅਮਰੀਕ, ਮਨਪ੍ਰੀਤ (ਗੈਂਧਰ), ਸਤਨਾਮ, ਸਾਹਬਾ ਸਰਪੰਚ ਤੇ ਹੋਰ ਅਣਪਛਾਤਿਆਂ ਨੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਗੁਰਮੀਤ ਸਿੰਘ ਅਨੁਸਾਰ, ਹਮਲੇ ਦੌਰਾਨ ਉਸ ਦਾ ਰੈਡਮੀ ਮੋਬਾਇਲ ਫੋਨ ਅਤੇ ਪਰਸ, ਜਿਸ ਵਿੱਚ 1200 ਰੁਪਏ ਅਤੇ ਜ਼ਰੂਰੀ ਕਾਗਜ਼ਾਤ ਸਨ, ਵੀ ਖੋਹ ਲਿਆ ਗਿਆ। ਗੁਰਮੀਤ ਸਿੰਘ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿੱਚ ਚੱਲ ਰਿਹਾ ਹੈ। ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਸ਼ੀਆਂ ਖਿਲਾਫ ਭਾਰਤੀ ਨਿਆਇਕ ਸੰਹਿਤਾ ਦੀਆਂ ਧਾਰਾਵਾਂ 304, 324(4), 351(2), 115(2)ਠ, 190, 191(3) ਬੀਐੱਨਐੱਸ ਤਹਿਤ ਮਾਮਲਾ ਦਰਜ ਕਰ ਲਿਆ ਹੈ ਤੇ ਅੱਗੇ ਦੀ ਜਾਂਚ ਜਾਰੀ ਹੈ।

## ਡੇਂਗੂ ਤੋਂ ਬਚਾਅ ਸੰਬੰਧੀ ਕੀਤਾ ਜਾਗਰੂਕ

**ਸ਼ੇਰਪੁਰ (ਰਵੀ ਟਿੱਬਾ)**-ਪਿੰਡ ਸੰਦੌੜ ਵਿਖੇ ਰਾਸ਼ਟਰੀ ਡੇਂਗੂ ਦਿਵਸ ਮੌਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਬਲਾਕ ਐਜੂਕੇਟਰ ਜਗਸੀਰ ਸਿੰਘ ਟਿੱਬਾ ਤੇ ਹੈਲਥ ਇੰਸਪੈਕਟਰ ਗੁਲਜ਼ਾਰ ਖਾਨ ਨੇ ਦੱਸਿਆ ਕਿ ਡੇਂਗੂ ਤੋਂ ਬਚਾਅ ਲਈ ਆਪਣੇ ਘਰ ਅਤੇ ਆਲੇ-ਦੁਆਲੇ ਸਾਫ਼-ਸਫਾਈ ਰੱਖਣੀ ਚਾਹੀਦੀ ਹੈ ਅਤੇ ਇਸ ਦੇ ਨਾਲ ਹੀ ਮੱਛਰਾਂ ਤੋਂ ਬਚਾਅ ਦੇ ਉਪਾਅ ਕਰਨੇ ਬਹੁਤ ਜ਼ਰੂਰੀ ਹਨ, ਜਿਸ ਵਿੱਚ ਘਰਾਂ ਵਿੱਚ ਗਮਲਿਆਂ, ਕੂਲਰਾਂ ਜਾਂ ਪੁਰਾਣੇ ਟਾਇਰਾਂ ਆਦਿ ਵਿੱਚ ਪਾਣੀ ਨੂੰ ਜਮ੍ਹਾਂ ਨਾ ਹੋਣ ਦੇਣਾ ਬਹੁਤ ਜ਼ਰੂਰੀ ਹੈ, ਕਿਉਂਕਿ ਡੇਂਗੂ ਦਾ ਲਾਰਵਾ ਸਾਫ਼ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ।

ਇਸ ਦੇ ਨਾਲ ਹੀ ਉਹਨਾਂ ਦੱਸਿਆ ਕਿ ਸਰੀਰ 'ਤੇ ਪੂਰੇ ਕੱਪੜੇ ਪਾ ਕੇ ਰੱਖਣਾ ਤੇ ਮੱਛਰਦਾਨੀ ਦੀ ਵਰਤੋਂ ਕਰਨ ਨਾਲ ਡੇਂਗੂ ਤੋਂ ਬਚਿਆ ਜਾ ਸਕਦਾ ਹੈ।

## ਕਿਰਤੀ ਵਿਦਿਆਰਥੀ ਦਾ ਕੀਤਾ ਵਿਸ਼ੇਸ਼ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦਸਮੇਸ਼ ਨਗਰ ਮੋਗਾ ਜਿੱਥੇ ਧਾਰਮਿਕ ਖੇਤਰ ਵਿੱਚ ਸੇਵਾਵਾਂ ਨਿਭਾਉਂਦੇ ਆ ਰਹੇ ਹੈ ਲੰਬੇ ਸਮੇਂ ਤੋਂ ਸੁਸਾਇਟੀ ਘਰ ਘਰ ਜਾ ਕੇ ਗੁਰਬਾਣੀ ਦਾ ਪ੍ਰਚਾਰ ਅਤੇ ਪਸਾਰ ਕਰਨ ਦੇ ਕਾਰਜ ਵਿੱਚ ਜੁਟੀ ਹੋਈ ਹੈ, ਉਥੇ ਸਮਾਜਿਕ ਕਾਰਜਾਂ ਵਿੱਚ ਵੀ ਆਪਣਾ ਯੋਗਦਾਨ ਪਾਉਣਾ ਫਰਜ਼ ਸਮਝਦੀ ਹੈ। ਬੀਤੇ ਦਿਨੀਂ ਸੋਸ਼ਲ ਮੀਡੀਆ ਰਾਹੀਂ ਸੋਸਾਇਟੀ ਦੇ ਧਿਆਨ ਵਿੱਚ ਆਇਆ ਕਿ ਇੱਕ ਸਿੱਖ ਵਿਦਿਆਰਥੀ ਆਪਣੀ ਅਤੇ ਆਪਣੀ ਭੈਣ ਦੀ ਪੜ੍ਹਾਈ ਦਾ ਖਰਚਾ ਉਹ ਸਵੇਰੇ ਸਵੇਰੇ ਪਰੌਂਠੇ ਬਣਾ ਕੇ ਵੇਚਣ ਨਾਲ ਪੂਰਾ ਕਰ ਰਿਹਾ ਹੈ ਤਾਂ ਸੋਸਾਇਟੀ ਵੱਲੋਂ ਉਸ ਬੱਚੇ ਤੱਕ ਪਹੁੰਚ ਕਰਕੇ ਉਸ ਦੀ ਹੌਸਲਾ ਅਫਜ਼ਾਈ ਕੀਤੀ ਗਈ। ਉਸ ਬੱਚੇ ਦੀ ਸ਼ਲਾਘਾ ਕੀਤੀ ਗਈ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸਨਮਾਨ ਦੇਣ ਵਾਲਿਆਂ ਵਿੱਚ ਸੁਸਾਇਟੀ ਦੇ ਸੇਵਾਦਾਰ ਜਗਦੇਵ ਸਿੰਘ, ਕਾਰਜਕਾਰੀ ਪ੍ਰਧਾਨ ਜਗਜੀਤ ਸਿੰਘ ਜੱਗਾ, ਸਰਪ੍ਰਸਤ ਗੁਰ ਪ੍ਰੀਤਮ ਸਿੰਘ ਚੀਮਾ, ਸਰੂਪ ਸਿੰਘ ਮੋਗਾ, ਪ੍ਰੇਮ ਸਿੰਘ ਕੈਸ਼ਪ, ਬਘੇਲ ਸਿੰਘ ਵੜੈਚ, ਪਾਲ ਸਿੰਘ ਸਮਾਧ ਭਾਈ, ਗੁਰਪ੍ਰੀਤ ਸਿੰਘ, ਦਵਿੰਦਰ ਸਿੰਘ ਬਿੱਟੂ, ਜਗਰਾਜ ਸਿੰਘ, ਗੁਰਨਾਮ ਸਿੰਘ, ਹਰਜੀਤ ਸਿੰਘ ਪ੍ਰਚਾਰਕ, ਸੰਤੋਖ ਸਿੰਘ, ਗੁਰਮੁਖ ਸਿੰਘ, ਕਰਨਵੀਰ ਸਿੰਘ ਭੰਬ, ਡਾਕਟਰ ਹਰਨੇਕ ਸਿੰਘ ਰਮਨਦੀਪ ਸਿੰਘ ਰੰਮੀ, ਚਰਨ ਸਿੰਘ ਅਕਾਲ ਸਹਾਇ, ਚਰਨਜੀਤ ਸਿੰਘ, ਮਹਿੰਦਰ ਸਿੰਘ, ਜਗਤਾਰ ਸਿੰਘ, ਚਰਨਜੀਤ ਸਿੰਘ ਚੰਨੀ, ਗੁਰਸੇਵਕ ਸਿੰਘ ਚੀਮਾ, ਡਾਕਟਰ ਹਰਨੇਕ ਸਿੰਘ ਰੋਡੇ, ਮਹਿੰਦਰ ਸਿੰਘ, ਹਰਦੇਵ ਸਿੰਘ ਦੇਵ, ਗੁਰਜੰਟ ਸਿੰਘ ਖੋਖਰ, ਮਿਸਤਰੀ ਗੁਰਸੇਵਕ ਸਿੰਘ, ਗੁਰਨਾਮ ਸਿੰਘ ਚਾਹਲ ਆਦ ਸ਼ਾਮਲ ਸਨ।

## ...ਸ.ਫਾ 3 ਦੇ ਬਾਕੀ

### ਜਵਾਨੀ ਨੂੰ ਸੰਵਿਧਾਨ ਬਚਾਉਣ...




ਸਟਾਲ ਲਗਾਈ ਗਈ। ਉਨ੍ਹਾਂ ਨਾਲ ਸਵਰਾਜ ਘੋਸ, ਕੁਨਾਲ ਫਾਜ਼ਿਲਕਾ, ਯੋਗਰਾਜ ਖੁਈਖੇੜਾ ਅਤੇ ਅਨਮੋਲ ਸਿੰਘ ਵੀ ਹਾਜ਼ਰ ਸਨ।

ਭਰਾਤਰੀ ਸੰਦੇਸ਼ ਸੈਸ਼ਨ ਤੋਂ ਬਾਅਦ ਕੌਮੀ ਜਨਰਲ ਸਕੱਤਰ ਸਾਥੀ ਥਿਰਮਲਾਈ ਰਮਨ ਵੱਲੋਂ ਰਾਜਨੀਤਿਕ ਰਿਪੋਰਟ ਅਤੇ ਕੌਮੀ ਪ੍ਰਧਾਨ ਸੁਖਜਿੰਦਰ ਮਹੇਸਰੀ ਵੱਲੋਂ ਜਥੇਬੰਧਕ ਰਿਪੋਰਟ ਪੇਸ਼ ਕੀਤੀ ਗਈ।

### ਅਰਸ਼ੀ ਪਰਵਾਰ ਵੱਲੋਂ ...

ਇਸ ਦੀ ਸਫਲਤਾ ਲਈ ਦਿਨ-ਰਾਤ ਇੱਕ ਕਰ ਰਹੀ ਹੈ, ਪਿੰਡਾਂ, ਸ਼ਹਿਰਾਂ, ਕਸਬਿਆਂ ਵਿੱਚ ਜਨਤਕ ਫੰਡ ਉਗਰਾਹੀ ਕੀਤੀ ਜਾ ਰਹੀ ਹੈ, ਪਾਰਟੀ ਕਾਂਗਰਸ ਦੇ ਅਰੰਭਕ ਦਿਨ ਤੇ ਹੋਣ ਵਾਲੀ ਇਤਿਹਾਸਕ ਰੈਲੀ ਲਈ ਵਲੰਟੀਅਰ ਭਰਤੀ ਕੀਤੇ ਜਾ ਰਹੇ ਹਨ। ਕਮਿਊਨਿਸਟ ਆਗੂ ਨੇ ਇਹ ਵੀ ਦੱਸਿਆ, "ਮੈਂ ਆਪਣੀ ਸਮਰੱਥਾ ਤੋਂ ਵਧ ਕੇ ਕਾਂਗਰਸ ਦੇ ਪ੍ਰਬੰਧਾਂ ਲਈ ਫੰਡ ਜਮ੍ਹਾਂ ਕਰਾਂਗਾ।" ਸਾਥੀ ਅਰਸ਼ੀ ਨੇ ਇਹ ਜਾਣਕਾਰੀ ਵੀ ਦਿੱਤੀ ਕਿ ਲੁਧਿਆਣਾ ਵਿਖੇ ਹੋਈ ਸੂਬਾ ਕੌਂਸਲ ਮੀਟਿੰਗ ਨੇ ਅਹਿਮ ਤੇ ਸ਼ਲਾਘਾਯੋਗ ਫ਼ੈਸਲਾ ਕੀਤਾ ਹੈ। ਪਾਰਟੀ ਕਾਂਗਰਸ ਲਈ ਬੁਰਜੂਆ ਪਾਰਟੀਆਂ ਤੇ ਇਸ ਦੇ ਆਗੂਆਂ ਤੋਂ ਨਾ ਹੀ ਕੋਈ ਆਰਥਿਕ ਮਦਦ ਲਈ ਜਾਵੇਗੀ ਨਾ ਹੀ ਉਨ੍ਹਾਂ ਨਾਲ ਭਵਿੱਖ ਵਿੱਚ ਕੋਈ ਚੋਣ ਤਾਲਮੇਲ ਕੀਤਾ ਜਾਵੇਗਾ ਤਾਂ ਕਿ ਪਾਰਟੀ ਦੀ ਇਨਕਲਾਬੀ ਦਿੱਖ ਪ੍ਰਭਾਵਤ ਨਾ ਹੋਵੇ।

### ਮਾਊਂਟ ਐਵਰੈਸਟ 'ਤੇ ...

ਹਿਮਾਲ ਗੌਤਮ ਨੇ ਦੱਸਿਆ ਕਿ ਉਹ ਚੌਥੇ ਉਚੇ ਕੈਂਪ ਤੱਕ ਪਹੁੰਚੇ, ਪਰ ਜ਼ਿਆਦਾ ਥਕਾਵਟ ਹੋਣ ਕਾਰਨ ਜਦ ਉਹ ਆਪਣੇ ਟੈਂਟ 'ਚ ਅਰਾਮ ਕਰਨ ਪਹੁੰਚੇ ਤਾਂ ਉਥੇ ਉਨ੍ਹਾਂ ਦੀ ਮੌਤ ਹੋ ਗਈ।

ਦੋਵੇਂ ਪਰਬਤਰੋਹੀ ਇੱਕ ਹੀ ਅੰਤਰਰਾਸ਼ਟਰੀ ਅਭਿਆਨ ਦਾ ਹਿੱਸਾ ਸਨ, ਜਿਸ ਦਾ ਆਯੋਜਨ ਬੋਧਰਾਜ ਭੰਡਾਰੀ ਵੱਲੋਂ ਕੀਤਾ ਜਾ ਰਿਹਾ ਸੀ। ਨੇਪਾਲ ਨੇ ਇਸ ਸੀਜ਼ਨ ਲਈ 459 ਪਰਬਤਰੋਹੀਆਂ ਨੂੰ ਪਰਮਿਟ ਜਾਰੀ ਕੀਤੇ ਹਨ। ਇਸ ਹਫ਼ਤੇ ਲੱਗਭੱਗ 100 ਪਰਬਤਰੋਹੀ ਅਤੇ ਉਨ੍ਹਾ ਦੇ ਗਾਇਡ ਸਿਖਰ ਤੱਕ ਪਹੁੰਚ ਚੁੱਕੇ ਹਨ।

## ਲੋਕ ਸੰਪਰਕ ਵਿਭਾਗ 'ਚ ਤਰੱਕੀਆਂ; ਦੋ ਜੁਆਇੰਟ ਡਾਇਰੈਕਟਰ ਤੇ ਛੇ ਡਿਪਟੀ ਡਾਇਰੈਕਟਰ ਬਣੇ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਸੂਚਨਾ ਅਤੇ ਲੋਕ ਸੰਪਰਕ ਵਿਭਾਗ ਵਿੱਚ ਕੰਮ ਕਰਦੇ ਅੱਠ ਅਧਿਕਾਰੀਆਂ ਨੂੰ ਅੱਜ ਪਦਉੱਨਤ ਕੀਤਾ ਗਿਆ।ਵਿਭਾਗ ਵਿੱਚ ਕੰਮ ਕਰਦੇ ਦੋ ਡਿਪਟੀ ਡਾਇਰੈਕਟਰਾਂ ਨੂੰ ਪਦਉੱਨਤ ਕਰਕੇ ਜੁਆਇੰਟ ਡਾਇਰੈਕਟਰ ਅਤੇ ਪੰਜ ਸੂਚਨਾ ਤੇ ਲੋਕ ਸੰਪਰਕ ਅਧਿਕਾਰੀਆਂ ਨੂੰ ਡਿਪਟੀ ਡਾਇਰੈਕਟਰ ਤੇ ਇਕ ਆਰਟ ਐਗਜ਼ੈਕਟਿਵ ਨੂੰ ਡਿਪਟੀ ਡਾਇਰੈਕਟਰ ਬਣਾਇਆ ਗਿਆ ਹੈ।ਪਦਉੱਨਤ ਹੋਏ ਅੱਠ ਅਧਿਕਾਰੀਆਂ ਨੂੰ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਪ੍ਰਵਾਨਗੀ ਉਪਰੰਤ ਨਵੀਂ ਤਾਇਨਾਤੀ ਦੇ ਹੁਕਮ ਵੀ ਜਾਰੀ ਕਰ ਦਿੱਤੇ ਗਏ ਹਨ।ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ 8 ਮਈ ਨੂੰ ਕੀਤੀਆਂ ਗਈਆਂ ਵਿਭਾਗੀ ਤਰੱਕੀ ਕਮੇਟੀਆਂ ਦੀਆਂ ਮੀਟਿੰਗਾਂ ਉਪਰੰਤ ਇਹ ਪਦਉੱਨਤੀਆਂ ਕੀਤੀਆਂ ਗਈਆਂ ਹਨ।ਪਦ-ਉੱਨਤ ਕੀਤੇ ਜੁਆਇੰਟ ਡਾਇਰੈਕਟਰ ਨੂੰ ਜਾਰੀ ਕੀਤੇ ਤਾਇਨਾਤੀ ਹੁਕਮਾਂ ਵਿੱਚ ਇਸ਼ਵਿੰਦਰ ਸਿੰਘ ਗਰੇਵਾਲ ਨੂੰ ਮੁੱਖ ਦਫ਼ਤਰ ਚੰਡੀਗੜ੍ਹ ਅਤੇ ਮਨਵਿੰਦਰ ਸਿੰਘ ਨੂੰ ਜੁਆਇੰਟ ਡਾਇਰੈਕਟਰ ਪ੍ਰੈੱਸ/ਮੁੱਖ ਮੰਤਰੀ ਅਤੇ ਵਾਧੂ ਚਾਰਜ ਜੁਆਇੰਟ ਡਾਇਰੈਕਟਰ ਬਾਰਡਰ ਰੇਂਜ ਅੰਮ੍ਰਿਤਸਰ ਲਗਾਇਆ ਗਿਆ।ਇਸੇ ਤਰ੍ਹਾਂ ਪਦ-ਉੱਨਤ ਕੀਤੇ ਛੇ ਡਿਪਟੀ ਡਾਇਰੈਕਟਰਾਂ ਵਿੱਚੋਂ ਰੁਚੀ ਕਾਲੜਾ ਨੂੰ ਬਠਿੰਡਾ, ਰਸ਼ਿਮ ਵਰਮਾ ਨੂੰ ਮੁੱਖ ਦਫ਼ਤਰ ਤੇ ਵਾਧੂ ਚਾਰਜ ਸ੍ਰੀ ਅਨੰਦਪੁਰ ਸਾਹਿਬ, ਨਵਦੀਪ ਸਿੰਘ ਗਿੱਲ ਨੂੰ ਮੁੱਖ ਦਫ਼ਤਰ ਚੰਡੀਗੜ੍ਹ, ਪ੍ਰਭਦੀਪ ਸਿੰਘ ਕੌਲਧਰ ਨੂੰ ਮੁੱਖ ਦਫ਼ਤਰ ਤੇ ਵਾਧੂ ਚਾਰਜ ਸੰਗਰੂਰ, ਹਾਕਮ ਥਾਪਰ ਨੂੰ ਜਲੰਧਰ ਅਤੇ ਹਰਦੀਪ ਸਿੰਘ ਨੂੰ ਮੁੱਖ ਦਫ਼ਤਰ ਵਿਖੇ ਤਾਇਨਾਤ ਕੀਤਾ ਗਿਆ ਹੈ।ਨਵੇਂ ਪਦਉੱਨਤ ਅਧਿਕਾਰੀਆਂ ਨੇ ਅੱਜ ਵਿਭਾਗ ਦੇ ਸਕੱਤਰ ਰਾਮਵੀਰ ਕੋਲ ਜੁਆਇਨ ਕਰਦਿਆਂ ਸੂਚਨਾ ਤੇ ਲੋਕ ਸੰਪਰਕ ਮੰਤਰੀ ਤੇ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ।

## ਯੂਰੋ ਕਿਡਸ ਪਲੇਵੇ ਸਕੂਲ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ 'ਚ ਮਾਂ ਦਿਵਸ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਯੂਰੋ ਕਿਡਸ ਪਲੇਵੇ ਅਤੇ ਡ੍ਰੀਮ ਬੈਰੀ ਸਕੂਲ ਵਿੱਚ ਚੇਅਰਮੈਨ ਜਤਿੰਦਰ ਸ਼ਰਮਾ ਡਾਇਰੈਕਟਰ ਨੀਰਜ ਸ਼ਰਮਾ, ਸੋਨੀਆ ਸ਼ਰਮਾ, ਰਜਤ ਸ਼ਰਮਾ, ਸ਼ੁਭਮ ਸ਼ਰਮਾ ਅਤੇ ਪ੍ਰਿੰਸੀਪਲ ਸੁਰਿੰਦਰ ਕੌਰ ਦੀ ਅਗਵਾਈ ਵਿੱਚ ਮਾਂ ਦਿਵਸ ਮਨਾਇਆ ਗਿਆ।ਇਸ ਸਮੇਂ ਸਕੂਲ ਵੱਲੋਂ ਪੂਲ ਪਾਰਟੀ ਦਾ ਇੰਤਜ਼ਾਮ ਕੀਤਾ ਗਿਆ, ਜਿਸ ਵਿੱਚ ਛੋਟੇ -ਛੋਟ ਬੱਚਿਆਂ ਨੇ ਨਹਾਉਂਦੇ ਹੋਏ ਪਾਣੀ ਵਿੱਚ ਖੂਬ ਮਸਤੀ ਕੀਤੀ ਤੇ ਆਪਣੀ ਜ਼ਿੰਦਗੀ ਦੇ ਛੋਟੇ ਛੋਟੇ ਖੂਬਸੂਰਤ ਪਲਾਂ ਦਾ ਆਨੰਦ ਮਾਣਿਆ।ਮਾਂ ਦਿਵਸ ਨੂੰ ਮੁੱਖ ਰੱਖਦੇ ਹੋਏ ਡਰੀਮ ਬੈਰੀ ਕਾਨਵੈਂਟ ਸਕੂਲ ਦੇ ਛੋਟੇ ਬੱਚਿਆਂ ਨੇ ਕਵਿਤਾਵਾਂ, ਭਾਸ਼ਣ ਅਤੇ ਗੀਤ ਗਾ ਕੇ ਮਾਂ ਦਿਵਸ ਮਨਾਇਆ।ਪ੍ਰਿੰਸੀਪਲ ਸੁਰਿੰਦਰ ਕੌਰ ਨੇ ਆਏ ਮਾਪਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਮਾਂ ਹੀ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ, ਘਰ ਵਿੱਚ ਹੀ ਬੱਚੇ ਦਾ ਪਹਿਲਾ ਸਕੂਲ ਹੁੰਦਾ ਹੈ ਅਤੇ ਜਿੱਥੇ ਬੱਚਾ ਮਾਂ ਤੋਂ ਨਿੱਕੀਆਂ ਨਿੱਕੀਆਂ ਗੱਲਾਂ ਸਿੱਖ ਕੇ ਆਪਣੀ ਆਉਣ ਵਾਲੀ ਜ਼ਿੰਦਗੀ ਦੀ ਸ਼ੁਰੂਆਤ ਕਰਦਾ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ਼ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

17 May Page-11.qxd 5/16/2025 9:08 PM Page 1



# ਵਿਧਾਇਕ ਸ਼ੈਰੀ ਕਲਸੀ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ 'ਤੇ ਨਿਪਟਾਈਆਂ



ਬਟਾਲਾ (ਡਾ. ਮਲਵਿੰਦਰ ਸਿੰਘ)-ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਅਤੇ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਹਲਕਾ ਵਾਸੀਆਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਮੌਕੇ 'ਤੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਈਆਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਅਤੇ ਲੋਕ ਭਲਾਈ ਸਕੀਮਾਂ ਨੂੰ ਲਾਗੂ ਕਰਨ ਦੇ ਨਾਲ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ ਅਤੇ ਨਸ਼ੇ ਵਿਰੁੱਧ ਸਰਕਾਰ ਦੀ ਜ਼ੀਰੋ ਟਾਲਰੈਂਸ ਨੀਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਲੋਕਾਂ ਦੇ ਸਹਿਯੋਗ ਨਾਲ ਸਮਾਜਿਕ ਬੁਰਾਈ ਨਸ਼ੇ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇਗਾ, ਜਿਸ ਲਈ ਸਰਕਾਰ ਵਚਨਬੱਧ ਹੈ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਲਏ ਫੈਸਲਿਆਂ ਦਾ ਜ਼ਿਕਰ ਕਰਦਿਆਂ 600 ਯੂਨਿਟ ਮੁਫਤ ਬਿਜਲੀ ਦੀ ਗੱਲ ਕੀਤੀ। ਸਿੱਖਿਆ ਦਾ ਮਿਆਰ ਹੋਰ ਉਚਾ ਚੁੱਕਣ ਦੇ ਮੰਤਵ ਤਹਿਤ 'ਸਕੂਲ ਆਫ ਐਮੀਨੈਂਸ' ਖੋਲ੍ਹੇ ਗਏ ਹਨ ਅਤੇ ਲੋਕਾਂ ਨੂੰ ਹੋਰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਮੁਹੱਲਾ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ, ਜਿਥੇ ਰੋਜ਼ਾਨਾ ਮਰੀਜ਼ ਆਪਣਾ ਇਲਾਜ ਕਰਵਾ ਰਹੇ ਹਨ। ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।ਖੇਤਾਂ ਤੱਕ ਨਹਿਰੀ ਪਾਣੀ ਪੁਜਦਾ ਕੀਤਾ ਗਿਆ ਹੈ ਅਤੇ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।

# ਸਤਿਗੁਰ ਰੈਡੀਮੇਡ ਦੀ ਦੁਕਾਨ 'ਤੇ ਫਾਇਰਿੰਗ ਕਰਨ ਵਾਲਾ ਤੀਜਾ ਦੋਸ਼ੀ ਵੀ ਗ੍ਰਿਫ਼ਤਾਰ





ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਕੁੱਝ ਦਿਨ ਪਹਿਲਾਂ ਵਾਲਮੀਕ ਚੌਕ ਜੰਡਿਆਲਾ ਗੁਰੂ ਵਿਖੇ ਸਥਿਤ ਸਤਿਗੁਰ ਰੈਡੀਮੇਡ ਦੀ ਦੁਕਾਨ ਉਪਰ ਮੋਟਰਸਾਇਕਲ ਤੇ ਸਵਾਰ ਹੋ ਕਿ ਆਏ ਤਿੰਨ ਨਕਾਬਪੋਸ਼ ਵਿਅਕਤੀਆਂ ਵੱਲੋਂ ਅੰਨ੍ਹੇਵਾਹ ਫਾਇਰਿੰਗ ਕੀਤੀ ਗਈ ਸੀ।

ਫਾਇਰਿੰਗ ਕਰਨ ਵਾਲੇ ਦੋਸ਼ੀਆਂ ਵਿੱਚੋਂ ਦੋ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ ਅਤੇ ਇਸ ਵਾਰਦਾਤ ਦਾ ਮੁੱਖ ਦੋਸ਼ੀ ਪੁਲਸ ਦੀ ਪਕੜ ਤੋਂ ਦੂਰ ਸੀ ਲੇਕਿਨ 14 ਮਈ ਨੂੰ ਪੁਲਸ ਨੂੰ ਮਿਲੀ ਗੁਪਤ ਸੂਚਨਾ ਦੇ ਆਧਾਰ ਤੇ ਜੰਡਿਆਲਾ ਥਾਣੇ ਦੇ ਐੱਸਐੱਚਓ ਹਰਚੰਦ ਸਿੰਘ ਚੌਕੀ ਇੰਚਾਰਜ ਵੱਲੋਂ ਪੁਲਸ ਪਾਰਟੀ ਸਮੇਤ ਜੰਡਿਆਲਾ ਗੁਰੂ ਵੈਰੋਵਾਲ ਰੋਡ ਧਾਰੜ ਨਹਿਰ ਪੁਲ ਉਪਰ ਨਾਕਾ ਲਗਾਇਆ ਗਿਆ ਸੀ ਜਿਥੇ ਮੋਟਰਸਾਇਕਲ ਤੇ ਸਵਾਰ ਇਕ ਨੌਜਵਾਨ ਜੋ ਸ਼ੇਖਫੱਤਾ ਸਾਈਡ ਤੋਂ ਨਹਿਰ ਦੀ ਪਟੜੀ 'ਤੇ ਆ ਰਿਹਾ ਸੀ, ਨੂੰ ਰੁਕਣ ਦਾ ਇਸ਼ਾਰਾ ਕੀਤਾ। ਨੌਜਵਾਨ ਵੱਲੋਂ ਪੁਲਸ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ ਗਈ ਅਤੇ ਜਵਾਬੀ ਕਾਰਵਾਈ 'ਚ ਪੁਲਸ ਨੇ ਉਸ ਦੀ ਲੱਤ ਵਿੱਚ ਗੋਲੀ ਮਾਰੀ ਜਿਸ ਨਾਲ ਉਹ ਜ਼ਖ਼ਮੀ ਹੋ ਗਿਆ। ਪੁਲਸ ਨੇ ਉਸ ਨੂੰ ਸਿਵਲ ਹਸਪਤਾਲ ਭੇਜ ਦਿੱਤਾ।ਐੱਸ ਐੱਚ ਓ ਹਰਚੰਦ ਸਿੰਘ ਨੇ ਗੱਲਬਾਤ 'ਚ ਦੱਸਿਆ ਕਿ ਇਹ ਉਹ ਲੋਕ ਹਨ ਜੋ ਜੰਡਿਆਲਾ ਗੁਰੂ ਵਿਖੇ ਵਪਾਰੀਆਂ, ਦੁਕਾਨਦਾਰਾਂ ਕੋਲੋਂ ਫਿਰੌਤੀਆਂ ਮੰਗਦੇ ਸਨ। ਜ਼ਖ਼ਮੀ ਕੋਲੋਂ ਇੰਪੋਰਟਿਡ ਪਿਸਟਲ ਬਰਾਮਦ ਕੀਤਾ ਗਿਆ। ਇਸ ਦੀ ਪਹਿਚਾਣ ਦਲਜੀਤ ਸਿੰਘ ਗੋਰਾ ਉਰਫ਼ ਬਿੱਲਾ ਵਜੋਂ ਹੋਈ ਹੈ। ਐੱਸ ਐੱਚ ਓ ਹਰਚੰਦ ਸਿੰਘ ਨੇ ਸ਼ਰਾਰਤੀ ਅਨਸਰਾਂ ਨੂੰ ਸਖ਼ਤ ਤਾੜਨਾ ਕਰਦਿਆਂ ਕਿਹਾ ਕਿ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# 10ਵੀਂ, 12ਵੀਂ (ਸੀ ਬੀ ਐੱਸ ਈ/ਪੰਜਾਬ) ਬੋਰਡ ਦੇ ਵੱਖ-ਵੱਖ ਸਕੂਲਾਂ ਦੇ ਮਾਣਮੱਤੇ ਨਤੀਜੇ

## ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਦਾ ਬਾਰ੍ਹਵੀਂ ਕਲਾਸ ਦਾ ਨਤੀਜਾ 100% ਰਿਹਾ।ਇਸ ਸਬੰਧੀ ਪ੍ਰਿੰਸੀਪਲ ਡਾ. ਗਨਜੀਤ ਕੌਰ ਨੇ ਦੱਸਿਆ ਕਿ ਇਸ ਸਾਲ ਸਕੂਲ ਦੇ ਸਾਇੰਸ ਗਰੁੱਪ ਦੇ ਕੁੱਲ 125 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚੋਂ ਐਮਰੀਨ ਕੌਰ ਨੇ 91.2%, ਨਿਮਰਤਬੀਰ ਕੌਰ ਨੇ 91%, ਧਰੁਵ ਵਰਮਾ ਨੇ 89.8, ਦੀਪਿਕਾ ਨੇ 89.2% , ਅਨਮੋਲਪ੍ਰੀਤ ਸਿੰਘ ਨੇ 89.2% ਅਤੇ ਨਿਮਰਤਾ ਨੇ 89% ਨੰਬਰ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਾਇੰਸ ਗਰੁੱਪ ਵਿੱਚ 90% ਤੋਂ ਉੱਪਰ 2 ਵਿਦਿਆਰਥੀ, 80% ਤੋਂ ਉੱਪਰ 39 ਵਿਦਿਆਰਥੀ, 70% ਤੋਂ ਉੱਪਰ 62 ਵਿਦਿਆਰਥੀ ਅਤੇ 60 ਪ੍ਰਤੀਸ਼ਤ ਤੋਂ ਉੱਪਰ 22 ਵਿਦਿਆਰਥੀਆਂ ਨੇ ਨੰਬਰ ਪ੍ਰਾਪਤ ਕੀਤੇ। ਕਾਮਰਸ ਗਰੁੱਪ ਦੇ 42 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚ ਖ਼ੁਸ਼ੀ ਨੇ 92.4%, ਮਹਿਕਦੀਪ ਕੌਰ ਨੇ 91.6%, ਗੁਰਲੀਨ ਕੌਰ ਨੇ 86%, ਕਰਨਬੀਰ ਸਿੰਘ ਨੇ 85% ਅਤੇ ਪਾਰਥ ਖੋਸਲਾ ਨੇ 85% ਨੰਬਰ ਪ੍ਰਾਪਤ ਕੀਤੇ, ਜਿਨ੍ਹਾਂ ਵਿੱਚੋਂ 90% ਤੋਂ ਉੱਪਰ 2 ਵਿਦਿਆਰਥੀ 80% ਤੋਂ ਉੱਪਰ 14 ਵਿਦਿਆਰਥੀ ,70% ਤੋਂ ਉੱਪਰ 17 ਵਿਦਿਆਰਥੀ ਅਤੇ 60 ਪ੍ਰਤੀਸ਼ਤ ਤੋਂ ਉੱਪਰ 9 ਵਿਦਿਆਰਥੀਆਂ ਨੇ ਨੰਬਰ ਪ੍ਰਾਪਤ ਕੀਤੇ। ਹਿਊਮੈਨਿਟੀਜ਼ ਗਰੁੱਪ ਦੇ 17 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਨ੍ਹਾਂ ਵਿੱਚੋਂ ਤਮੰਨਾ ਸਿੱਧੂ ਨੇ 83.4% ਨੰਬਰ ਪ੍ਰਾਪਤ ਕੀਤੇ, ਜਿਨ੍ਹਾਂ ਵਿੱਚ 80% ਤੋਂ ਉੱਪਰ 1 ਵਿਦਿਆਰਥੀ ,70% ਤੋਂ ਉੱਪਰ 6 ਵਿਦਿਆਰਥੀ ,60 ਪ੍ਰਤੀਸਤ ਤੋਂ ਉੱਪਰ 6 ਵਿਦਿਆਰਥੀ ਅਤੇ 50% ਤੋਂ ਉੱਪਰ 4 ਵਿਦਿਆਰਥੀਆਂ ਨੇ ਨੰਬਰ ਪ੍ਰਾਪਤ ਕੀਤੇ। ਇਸ ਸ਼ਾਨਦਾਰ ਨਤੀਜੇ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਪ੍ਰਿੰ. ਡਾ. ਗਗਨਜੀਤ ਕੌਰ, ਪ੍ਰਧਾਨ ਗੁਰਦੇਵ ਸਿੰਘ ਸੋਹਲ (ਐਡਵੋਕੇਟ), ਸਕੱਤਰ ਕੁਲਦੀਪ ਸਿੰਘ ਪਟਵਾਰੀ, ਗੁਰਜੀਤ ਸਿੰਘ ਲੇਹਲ ਅਤੇ ਕੁਲਦੀਪ ਸਿੰਘ ਸੋਹਲ ਨੇ ਮਿਹਨਤੀ ਸਟਾਫ ਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੀ. ਬੀ. ਐੱਸ. ਈ. ਦੁਆਰਾ ਸੈਸ਼ਨ 2024- 25 ਦੇ ਐਲਾਨੇ ਗਏ ਨਤੀਜਿਆਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦਾ ਦਸਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਦਸਵੀਂ ਜਮਾਤ ਵਿੱਚੋਂ ਜੈਸਮੀਨ ਕੌਰ ਸਪੁੱਤਰੀ ਗੁਰਜੋਧ ਸਿੰਘ ਨੇ 94% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਅਮਰੀਤ ਕੌਰ ਸਪੁੱਤਰੀ ਨਰਿੰਦਰ ਸਿੰਘ ਨੇ 93.4% ਅੰਕ ਲੈ ਕੇ ਦੂਜਾ ਸਥਾਨ, ਸਹਨੀਤ ਕੌਰ ਸਪੁੱਤਰੀ ਤਜਿੰਦਰ ਸਿੰਘ ਨੇ 91.6 ਅੰਕ ਲੈ ਕੇ ਤੀਜਾ ਸਥਾਨ, ਗੁਰਲੀਨ ਕੌਰ ਸਪੁੱਤਰੀ ਪ੍ਰਗਟ ਸਿੰਘ ਨੇ 90.8 % ਲੈ ਕੇ ਚੌਥਾ ਸਥਾਨ ਅਤੇ ਰੂਮੀ ਸਪੁੱਤਰੀ ਕੀਮਤੀ ਲਾਲ ਨੇ 88% ਅੰਕ ਲੈ ਕੇ ਪੰਜਵਾਂ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਕ੍ਰਮਵਾਰ ਅਨਮੋਲਪ੍ਰੀਤ ਕੌਰ ਸਪੁੱਤਰੀ ਸਤਨਾਮ ਸਿੰਘ ਨੇ 84 % ਅੰਕ, ਮਹਿਕਪ੍ਰੀਤ ਕੌਰ ਸਪੁੱਤਰੀ ਸੁਰਜੀਤ ਸਿੰਘ ਨੇ 84.4%, ਗੁਰਲੀਨ ਕੌਰ ਸਪੁੱਤਰੀ ਸਤਨਾਮ ਸਿੰਘ ਨੇ 83.2 %ਅੰਕ, ਪ੍ਰਗਤੀ ਸਪੁੱਤਰੀ ਪਵਨ ਕੁਮਾਰ ਨੇ 77.4 %ਅੰਕ, ਗੁਰਲੀਨ ਕੌਰ ਸਪੁੱਤਰੀ ਰਜਿੰਦਰ ਸਿੰਘ ਨੇ 74.4% ਅੰਕ, ਹਰਲੀਨ ਕੌਰ ਪੁੱਤਰੀ ਪ੍ਰਗਟ ਸਿੰਘ ਅਤੇ ਤੇਜਬੀਰ ਸਿੰਘ ਸਪੁੱਤਰ ਸੁਖਜਿੰਦਰ ਸਿੰਘ ਨੇ 74.4% ਅੰਕ, ਗੁਰਚਰਨ ਸਿੰਘ ਸਪੁੱਤਰ ਮਨਜੀਤ ਸਿੰਘ ਨੇ 73% ਅੰਕ, ਚਾਹਤਪ੍ਰੀਤ ਸਿੰਘ ਸਪੁੱਤਰ ਗੁਰਮੁੱਖ ਸਿੰਘ ਨੇ 72.6 % ਅੰਕ, ਮਹਿਕਪ੍ਰੀਤ ਕੌਰ ਸਪੁੱਤਰੀ ਲਖਵਿੰਦਰ ਸਿੰਘ ਨੇ 71.6% ਅੰਕ, ਰਣਵੀਰ ਕੁਮਾਰ ਸਪੁੱਤਰ ਪਰਮਜੀਤ ਕੁਮਾਰ ਨੇ 71.4% ਅੰਕ ਅਤੇ ਹਰਨੂਰਪ੍ਰੀਤ ਸਿੰਘ ਪੁੱਤਰ ਵਰਿਆਮ ਸਿੰਘ ਨੇ 70.4 %ਅੰਕ ਪ੍ਰਾਪਤ ਕੀਤੇ ਹਨ। ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਅੰਗਰੇਜ਼ੀ ਵਿਸ਼ੇ ਵਿੱਚ ਤਿੰਨ ਵਿਦਿਆਰਥੀਆਂ ਨੇ 94 ਅੰਕ, ਪੰਜਾਬੀ ਵਿੱਚ 99 ਉੱਚਤਮ ਅੰਕ ਅਤੇ ਤਿੰਨ ਵਿਦਿਆਰਥੀਆਂ ਨੇ 97 ਅੰਕ, ਮੈਥ ਵਿੱਚ 91 ਉੱਚਤਮ ਅੰਕ, ਸਾਇੰਸ ਵਿੱਚ 94 ਉਚਤਮ ਅੰਕ ਅਤੇ ਸਮਾਜਿਕ ਸਿੱਖਿਆ ਵਿੱਚ 93 ਉੱਚਤਮ ਅੰਕ ਪ੍ਰਾਪਤ ਕੀਤੇ ਗਏ। ਉਨ੍ਹਾਂ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਜ਼ਿਲ੍ਹੇ ਦੇ ਨਾਮਵਰ ਸਕੂਲਾਂ ਵਿੱਚ ਸ਼ਾਮਿਲ ਹੈ ਜਿਨ੍ਹਾਂ ਦੇ ਨਤੀਜੇ 100% ਰਹੇ ਹਨ। ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਖ਼ੁਸ਼ੀ ਜ਼ਾਹਰ ਕਰਦੇ ਹੋਏ ਵਿਦਿਆਰਥੀਆਂ ਦੀ ਇਸ ਸਫਲਤਾ ਲਈ ਸਮੂਹ ਸਟਾਫ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਸਕੂਲ ਵਿੱਚ ਗਿਆਰਵੀਂ ਜਮਾਤ ਮੈਡੀਕਲ, ਨਾਨ ਮੈਡੀਕਲ ਅਤੇ ਆਰਟਸ ਗਰੁੱਪ ਲਈ ਦਾਖਲਾ ਸ਼ੁਰੂ ਹੈ ਵਿਦਿਆਰਥੀਆਂ ਦੀ ਮਿਆਰੀ ਸਿੱਖਿਆ ਲਈ ਸਕੂਲ ਵਿੱਚ ਹਰੇਕ ਸਹੂਲਤ ਉਪਲੱਬਧ ਹੈ। ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਉਨ੍ਹਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿੱਚ ਦਾਖਲ ਕਰਵਾਓ।

## ਦੋਆਬਾ ਪਬਲਿਕ ਸਕੂਲ ਕੋਟ ਸੰਤੋਖ ਰਾਏ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਦੋਆਬਾ ਪਬਲਿਕ ਸਕੂਲ ਕੋਟ ਸੰਤੋਖ ਰਾਏ ਦਾ ਦਸਵੀਂ ਦਾ ਨਤੀਜਾ ਬਹੁਤ ਸਾਨਦਾਰ ਰਿਹਾ। ਇਸ ਸਬੰਧੀ ਖ਼ੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਅਤੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥਣ ਇਸਪ੍ਰੀਤ ਕੌਰ ਨੇ 98% ਅੰਕ, ਪਾਵਨ ਮਹਾਜਨ ਨੇ 96.6%, ਕ੍ਰਿਸ਼ਨਮ ਖੋਸਲਾ 96.6%, ਮਨਪ੍ਰੀਤ ਕੌਰ 95.8%, ਗੁਰਇਮਾਨਜੋਤ ਸਿੰਘ 95.6%, ਪ੍ਰਭਲੀਨ ਕੌਰ 94.6%, ਜਸਪ੍ਰੀਤ ਕੌਰ 94%, ਦਮਨਦੀਪ ਕੌਰ 93.6%, ਰਾਜਵਿੰਦਰ ਕੌਰ 93.6%, ਨਿਤਿਨ 93. 6%, ਕੀਰਤੀ 93.2%, ਨਮਨਦੀਪ ਕੌਰ 92.8%, ਨੈਤਿਕ ਮਹਾਜਨ 92.6%, ਸੀਆ 92.6%, ਆਰਜੂ 92.2%, ਚਾਹਤ ਖੰਨਾ 92%, ਅਨਹਦਜੋਤ ਕੌਰ 91.8%, ਸ਼ਹਿਨਾਜਦੀਪ ਕੌਰ 91.4%, ਅਮਨਦੀਪ ਕੌਰ 91.2%, ਸੁਖਲੀਨ ਕੌਰ 91.2%, ਅੰਮ੍ਰਿਤਪਾਲ ਸਿੰਘ 90.2% ਅਤੇ ਲਵਨੀਤ ਕੌਰ ਨੇ 90% ਅੰਕ ਲੈ ਕੇ ਆਪਣੇ ਸਕੂਲ ਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ 22 ਬੱਚਿਆਂ ਨੇ 90% ਤੋਂ ਉੱਪਰ, 55 ਬੱਚਿਆਂ ਨੇ 80 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕੀਤੇ ਹਨ ਅਤੇ ਸਾਰੇ ਹੀ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਇਸ ਸ਼ਾਨਦਾਰ ਨਤੀਜੇ ਲਈ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਤੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਸਕੂਲ ਦੇ ਸਮੂਹ ਸਟਾਫ, ਵਿਦਿਆਰਥੀਆਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਭਵਿੱਖ ਵਿੱਚ ਵੀ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਜੇ ਐੱਮ ਕੇ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ



ਪਠਾਨਕੋਟ (ਦਵਿੰਦਰ ਸਿੰਘ)-ਸੀਬੀਐੱਸਈ ਦੀਆਂ 10ਵੀਂ ਅਤੇ 12ਵੀਂ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਜੇਐਮਕੇ ਇੰਟਰਨੈਸ਼ਨਲ ਸਕੂਲ ਵੱਲੋਂ ਸ਼ੁੱਕਰਵਾਰ ਨੂੰ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕਰਕੇ ਸਨਮਾਨਿਤ ਕੀਤਾ ਗਿਆ। ਸਕੂਲ ਡਾਇਰੈਕਟਰ ਤਾਨਿਆ ਸੂਦ ਅਤੇ ਪ੍ਰਿੰਸੀਪਲ ਨੀਤੀ ਕੋਚਰ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਉੱਤਮ ਨਤੀਜਿਆਂ ਲਈ ਮਿਠਾਈ ਵੰਡ ਕੇ ਵਧਾਈ ਦਿੱਤੀ। ਉਨ੍ਹਾਂ ਨੇ ਖੁਸ਼ੀ ਜ਼ਾਹਿਰ ਕਰਦੇ ਹੋਏ ਕਿਹਾ ਕਿ ਸਕੂਲ ਦੇ ਹਰ ਸਾਲ 10ਵੀਂ ਅਤੇ 12ਵੀਂ ਬੋਰਡ ਦੇ ਨਤੀਜੇ ਇੱਥੋਂ ਦੀ ਸਿੱਖਿਆ ਦੀ ਗੁਣਵੱਤਾ ਅਤੇ ਸਕੂਲ ਦੀ ਲਗਨ ਨੂੰ ਦਰਸਾਉਂਦੇ ਹਨ। ਇਸ ਮੌਕੇ ਪ੍ਰਿੰਸੀਪਲ ਨੀਤੀ ਕੋਚਰ ਨੇ ਸਕੂਲ ਦੇ ਟਾਪਰਾਂ ਸਮੇਤ ਹੋਰ ਸਾਰੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਯਾਦਗਾਰੀ ਤੋਹਫੇ ਦਿੱਤੇ। ਪ੍ਰਿੰਸੀਪਲ ਨੇ ਦੱਸਿਆ ਕਿ 10ਵੀਂ ਕਲਾਸ ਵਿੱਚ ਨਵਿਆ ਮਹਾਜਨ ਨੇ 95%, ਅੰਚਿਤਾ ਅਤੇ ਜੀਤ ਮੇਹਰ ਨੇ 94.4%, ਅਹਾਨਾ ਨੇ 94.2%, ਮ੍ਰਿਦੁਲ ਨੇ 93.8%, ਸ਼ਿਵਾਂਸ ਮਹਾਜਨ ਨੇ 93.2%, ਰਿਧਿਮਾ ਡੋਗਰਾ ਨੇ 93%, ਸਾਨਵੀ ਨੇ 92.6%, ਆਰਾਧਿਆ ਮਹਾਜਨ ਨੇ 92.2%, ਮਾਨਿਆ ਨੇ 92%, ਪ੍ਰਾਚੀ ਅਤੇ ਇਸ਼ਿਕਾ ਨੇ 90.6%, ਅਤੇ ਸਿਧਾਰਥ ਨੇ 90.2% ਅੰਕ ਹਾਸਿਲ ਕੀਤੇ। 12ਵੀਂ ਕਲਾਸ ਦੇ ਹਿਊਮੈਨਿਟੀਜ਼ ਸਟ੍ਰੀਮ ਵਿੱਚ ਰਿਧਮ ਸ਼ਰਮਾ ਨੇ 97.2%, ਲਾਵਨਿਆ ਅਤੇ ਉਰਵੀ ਬਲੋਤਰਾ ਨੇ 90%, ਕਾਮਰਸ ਸਟ੍ਰੀਮ ਵਿੱਚ ਅਵਨੀ ਮਹਾਜਨ ਨੇ 96.6%, ਸੀਰਤ ਨੇ 94%, ਕਾਵਿਆ ਨੇ 93.8%, ਪੀਹੂ ਨੇ 92.8%, ਪ੍ਰਥਮ ਸ਼ਰਮਾ ਨੇ 92.6%, ਨੰਦਿਨੀ ਵਰਮਾ ਨੇ 92.4%, ਅਤੇ ਵਾਣੀ ਨੇ 91.4% ਅੰਕ ਪ੍ਰਾਪਤ ਕੀਤੇ। ਮੈਡੀਕਲ ਸਟ੍ਰੀਮ ਵਿੱਚ ਵਸ਼ਿਸ਼ਟ ਨੇ 96.6%, ਨਾਨ-ਮੈਡੀਕਲ ਸਟ੍ਰੀਮ ਵਿੱਚ ਸਮ੍ਰਿਧੀ ਸ਼ਰਮਾ ਨੇ 93.4%, ਚਾਰੂ ਨੇ 92.6%, ਅਤੇ ਯੁਵਰਾਜ ਸੈਨੀ ਨੇ 91.4% ਅੰਕ ਹਾਸਿਲ ਕਰਕੇ ਸਕੂਲ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ।

## ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ




ਤਰਨ ਤਾਰਨ (ਪ੍ਰਿਤਪਾਲ ਸਿੰਘ)-ਸੀ. ਬੀ. ਐੱਸ. ਈ. ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਹਰ ਸਾਲ ਦੀ ਤਰ੍ਹਾਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕੀਤੇ। ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ।ਖ਼ੁਸ਼ੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰ. ਮਨੀਸ਼ਾ ਸੂਦ ਨੇ ਦੱਸਿਆ ਕਿ ਬਾਰ੍ਹਵੀਂ ਦੀ ਪ੍ਰੀਖਿਆ ਵਿੱਚ 94 ਵਿਦਿਆਰਥੀ ਬੈਠੇ ਸਨ ਜਿਨ੍ਹਾਂ ਵਿੱਚੋਂ 13 ਵਿਦਿਆਰਥੀਆਂ ਨੇ 90 % ਤੋਂ ਉਪਰ ਅੰਕ ਅਤੇ 45 ਵਿਦਿਆਰਥੀਆਂ ਨੇ 80 % ਤੋਂ ਉਪਰ ਅੰਕ ਪ੍ਰਾਪਤ ਕੀਤੇ ਅਤੇ ਸਾਰੇ ਹੀ ਵਿਦਿਆਰਥੀਆਂ ਨੇ ਪਹਿਲੇ ਦਰਜੇ 'ਤੇ ਪਾਸ ਹੋ ਕੇ ਸਕੂਲ ਦਾ ਮਾਣ ਵਧਾਇਆ।ਭਵਨੀਤ ਕੌਰ ਸਪੁੱਤਰੀ ਹਰਪ੍ਰੀਤ ਸਿੰਘ ਖਵਾਸਪੁਰ ਨੇ ਮੈਡੀਕਲ ਸਟਰੀਮ ਵਿੱਚ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ, ਅਵਨੀਤ ਕੌਰ ਸਪੁੱਤਰੀ ਜਗਤਾਰ ਸਿੰਘ ਨੇ ਮੈਡੀਕਲ ਸਟਰੀਮ ਵਿੱਚ 95.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਜੈਸਲੀਨ ਕੌਰ ਸੰਧੂ ਸਪੁੱਤਰੀ ਦਲਜੀਤ ਸਿੰਘ ਸੰਧੂ ਨੇ ਮੈਡੀਕਲ ਸਟਰੀਮ ਵਿੱਚ 93 ਪ੍ਰਤੀਸ਼ਤ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਭਵਨੀਤ ਕੌਰ, ਅਵਨੀਤ ਕੌਰ, ਨਵਰੋਜ਼ਪ੍ਰੀਤ ਕੌਰ, ਅਰਸ਼ਪ੍ਰੀਤ ਕੌਰ, ਮੁਸਕਾਨਪ੍ਰੀਤ ਕੌਰ ਨੇ ਪੇਂਟਿੰਗ ਵਿਸ਼ੇ ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦੇ ਨਾਮ ਨੂੰ ਚਾਰ ਚੰਨ ਲਗਾਏ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਪ੍ਰਭਦੀਪ ਸਿੰਘ (ਚੇਅਰਮੈਨ ਰੀਫਾਰਮ ਯੂ. ਕੇ. ਹਾਨਸਲੋਅ ਬਰਾਂਚ) ਨੇ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਿੱਬੜ



ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਿੱਬੜ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਗੁਰਪਾਲ ਸਿੰਘ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਰਿਸ਼ਭ ਕੁਮਾਰ ਨੇ 500 'ਚੋਂ 445 ਅੰਕ ਹਾਸਲ ਕਰਕੇ ਪਹਿਲਾ ਸਥਾਨ, ਸਨੇਹਾ ਨੇ 434 ਅੰਕ ਹਾਸਲ ਕਰਕੇ ਦੂਜਾ ਸਥਾਨ ਅਤੇ ਵਿਦਿਆਰਥਣ ਭੂਮਿਕਾ ਨੇ 427 ਅੰਕ ਹਾਸਲ ਕਰਕੇ ਸਕੂਲ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਪ੍ਰਿੰਸੀਪਲ ਗੁਰਪਾਲ ਸਿੰਘ ਨੇ ਸਕੂਲ ਦਾ ਨਤੀਜਾ 100 ਫੀਸਦੀ ਆਉਣ ਤੇ ਸਮੂਹ ਸਕੂਲ ਸਟਾਫ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਵਿਕਰਮਜੀਤ ਸਿੰਘ, ਤਰਨਦੀਪ ਕੌਰ, ਸੁਮਨਦੀਪ, ਨਿਰਮਲ, ਰੇਨੂ, ਗਗਨਦੀਪ ਸਿੰਘ, ਪਰਮਜੀਤ, ਸੁਸ਼ਮਾ ਰਾਣੀ ਅਤੇ ਪ੍ਰੇਮ ਕੁਮਾਰ ਆਦਿ ਹਾਜ਼ਰ ਸਨ।

# ਬ੍ਰਹਮਪੁਰਾ ਵੱਲੋਂ ਮਜੀਠਾ ਸ਼ਰਾਬ ਕਾਂਡ ਦੀ ਸੀ ਬੀ ਆਈ ਜਾਂਚ ਕਰਵਾਉਣ ਦੀ ਮੰਗ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)- ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਇੰਚਾਰਜ, ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪੂਰੀ ਤਰ੍ਹਾਂ ਅਸਫ਼ਲ ਰਹੇ ਹਨ ਸੂਬੇ ਦੀ ਕਾਨੂੰਨ ਵਿਵਸਥਾ ਕਾਇਮ ਰੱਖਣ ਵਿੱਚ।ਉਨ੍ਹਾਂ ਕਿਹਾ ਕਿ ਮੈਨੂੰ ਇਹ ਸਮਝ ਨਹੀਂ ਆਉਂਦੀ ਕਿ ਪੰਜਾਬ ਸਰਕਾਰ ਦੀਆਂ ਪਾਲਿਸੀਆਂ ਕਿਸ ਅਧਿਕਾਰੀ ਦੀਆਂ ਹਨ ਅਤੇ ਕਿਸ ਦੇ ਕਹਿਣ ਤੇ ਅਫ਼ਸਰਾਂ ਨੂੰ ਹਦਾਇਤਾਂ ਹੁੰਦੀਆਂ ਹਨ।ਮਜੀਠਾ ਵਿੱਚ ਨਕਲੀ ਸ਼ਰਾਬ ਕਾਰਨ ਵਾਪਰੀ ਮੰਦਭਾਗੀ ਘਟਨਾ, ਜਿਸ ਵਿੱਚ ਅਨੇਕਾਂ ਮੌਤਾਂ ਹੋ ਗਈਆਂ, ਇਸ ਸਰਕਾਰ ਦੀ ਨਾਕਾਮੀ ਦਾ ਸਿਖਰ ਹੈ।

ਉਨ੍ਹਾਂ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦਾ ਜ਼ਿਕਰ ਕਰਦਿਆਂ ਕਿਹਾ ਕਿ ਇੱਥੇ ਬੁਨਿਆਦੀ ਸਹੂਲਤਾਂ ਦਾ ਬੁਰਾ ਹਾਲ ਹੈ।ਉਨ੍ਹਾਂ ਸਰਕਾਰ ਦੇ ਦੋਹਰੇ ਮਾਪਦੰਡਾਂ ਤੇ ਸਵਾਲ ਚੁੱਕਦਿਆਂ ਕਿਹਾ ਕਿ ਜੰਗ ਵਿੱਚ ਸ਼ਹੀਦ ਹੋਣ ਵਾਲੇ ਦੇ ਪਰਿਵਾਰ ਨੂੰ 5 ਲੱਖ ਰੁਪਏ, ਜਦਕਿ ਸਰਕਾਰ ਦੀ ਆਪਣੀ ਨਲਾਇਕੀ ਅਤੇ ਨਸ਼ਿਆਂ ਵਿਰੁੱਧ ਜੰਗ ਦੇ ਸਰਕਾਰੀ ਤੰਤਰ ਦੇ ਪਰਦਾਫਾਸ਼ ਕਾਰਨ ਮਜੀਠਾ ਵਿੱਚ ਨਕਲੀ ਸ਼ਰਾਬ ਨਾਲ ਮਰਨ ਵਾਲੇ ਪੀੜਤਾਂ ਨੂੰ 10 ਲੱਖ ਰੁਪਏ ਦੇਣਾ, ਇਹ ਸਪੱਸ਼ਟ ਕਰਦਾ ਹੈ ਕਿ ਸਰਕਾਰ ਆਪਣੀਆਂ ਗਲਤੀਆਂ 'ਤੇ ਪਰਦਾ ਪਾਉਣ ਅਤੇ ਸ਼ਰਾਬ ਮਾਫ਼ੀਆ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਮੋਗੇ ਵਿੱਚ ਮਾਰੇ ਗਏ ਨੌਜਵਾਨ ਦੇ ਮਾਮਲੇ ਵਿੱਚ ਵੀ ਸਰਕਾਰ ਦੀ ਅਸੰਵੇਦਨਸ਼ੀਲਤਾ ਸਾਹਮਣੇ ਆਈ ਹੈ।ਉਨ੍ਹਾਂ ਮੋਗਾ ਦੇ ਵਾਇਰਮੈਨ ਗਗਨਦੀਪ ਸਿੰਘ, ਜੋ ਮਹਿਜ਼ 10,000 ਰੁਪਏ ਮਹੀਨਾ ਤਨਖ਼ਾਹ ਤੇ ਕਿਸਾਨਾਂ ਦੀਆਂ ਫ਼ਸਲਾਂ ਬਚਾਉਂਦਾ ਸ਼ਹੀਦ ਹੋ ਗਿਆ, ਦੇ ਪਰਿਵਾਰ ਨੂੰ ਕੋਈ ਸਹਾਇਤਾ ਨਾ ਦੇਣ 'ਤੇ ਸਰਕਾਰ ਨੂੰ ਕਰੜੇ ਹੱਥੀਂ ਲਿਆ।

ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੁੰਛ ਵਿੱਚ ਮਾਰੇ ਗਏ ਸਿੱਖ ਪਰਿਵਾਰਾਂ ਦੀ ਸਾਰ ਲੈਂਦਿਆਂ 5-5 ਲੱਖ ਰੁਪਏ ਦੀ ਸਹਾਇਤਾ ਦੇਣ ਦੀ ਸ਼ਲਾਘਾ ਕੀਤੀ।ਉਨ੍ਹਾਂ ਜ਼ੋਰਦਾਰ ਮੰਗ ਕੀਤੀ ਕਿ ਮਜੀਠਾ ਸ਼ਰਾਬ ਕਾਂਡ ਦੀ ਜਾਂਚ (ਸੀਬੀਆਈ) ਤੋਂ ਕਰਵਾਈ ਜਾਵੇ। ਇਸ ਮੌਕੇ ਮੇਘ ਸਿੰਘ ਪ੍ਰੈੱਸ ਸਕੱਤਰ, ਰਣਜੀਤ ਸਿੰਘ ਪੱਪੂ ਸੀਨੀਅਰ ਅਕਾਲੀ ਆਗੂ, ਜਥੇ: ਗੱਜਣ ਸਿੰਘ ਮੈਂਬਰ ਲੋਕਲ ਕਮੇਟੀ, ਕਸ਼ਮੀਰ ਸਿੰਘ ਟਰਾਂਸਪੋਰਟ, ਇਕਬਾਲ ਸਿੰਘ ਬਮਰਾ, ਦਲਬੀਰ ਸਿੰਘ ਢਾਡੀ, ਸਰੂਪ ਸਿੰਘ ਸਾਬਕਾ ਸਰਪੰਚ ਖਡੂਰ ਸਾਹਿਬ, ਜਸਵਿੰਦਰ ਸਿੰਘ , ਜਗੀਰ ਸਿੰਘ ਦੁਬਈ, ਸਾਹਿਬ ਸਿੰਘ ਬਿੱਟੂ, ਪਰਮਜੀਤ ਸਿੰਘ, ਗੁਰਚਰਨ ਸਿੰਘ ਰਿੰਕੂ ਆਦਿ ਅਕਾਲੀ ਵਰਕਰ ਹਾਜ਼ਰ ਸਨ।

# ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਹੀ ਦੇਸ਼ ਆਜ਼ਾਦ ਹੋਇਆ : ਦਦੇਹਰ ਸਾਹਿਬ



ਚੋਹਲਾ ਸਾਹਿਬ (ਨ ਜ ਸ)— ਸੰਤ ਬਾਬਾ ਵਿਸਾਖਾ ਸਿੰਘ ਤੇ ਬਾਕੀ ਗਦਰੀਆਂ ਦੇ ਪਿੰਡ ਦਦੇਹਰ ਸਾਹਿਬ ਵਿਖੇ ਸੀਪੀਆਈ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਤੇ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਜ਼ਿਲ੍ਹਾ ਐਗਜ਼ੈਕਟਿਵ ਮੈਂਬਰ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਕਿਹਾ ਕਿ ਇਨ੍ਹਾਂ ਮਹਾਨ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਬਦੌਲਤ ਹੀ ਦੇਸ਼ ਆਜ਼ਾਦ ਹੋਇਆ ਹੈ।ਅੱਜ ਦੀ ਰਾਜਨੀਤਕ ਧਿਰ ਕਾਂਗਰਸ ਤਾਂ ਸਿਰਫ ਰਾਜਨੀਤਕ ਬਦਲਾਅ ਚਾਹੁੰਦੀ ਸੀ।ਵੱਡੇ ਸਰਮਾਏਦਾਰ ਨੂੰ ਗੱਦੀ ਤੋਂ ਉਤਾਰ ਕੇ ਛੋਟਾ ਸਰਮਾਏਦਾਰ ਗੱਦੀ 'ਤੇ ਬੈਠਣ ਵਾਸਤੇ ਤੱਤਪਰ ਸੀ।ਇਹ ਹੀ ਕਾਂਗਰਸ ਨੇ ਕੀਤਾ ਹੈ।ਦੇਸ਼ ਦੀ ਰਾਜਗੱਦੀ ਸੰਭਾਲਣ ਤੋਂ ਜੁਆਨੀ ਨੂੰ ਰੁਜ਼ਗਾਰ ਨਹੀਂ ਦਿੱਤਾ ਜਿਸ ਨਾਲ ਦੇਸ਼ ਵਿੱਚ ਗਰੀਬੀ ਦਾ ਪਸਾਰਾ ਹੋਇਆ ਹੈ।ਬੀਜੇਪੀ ਤਾਂ ਕਾਂਗਰਸ ਤੋਂ ਵੀ ਅੱਗੇ ਹੈ।ਇਸ ਲਈ ਪੰਜਾਬ ਦੀ ਵੱਸੋਂ ਨੂੰ ਭਗਤ ਸਿੰਘ ਦੇ ਸੁਪਨਿਆਂ ਦਾ ਦੇਸ਼ ਉਸਾਰਨ ਵਾਸਤੇ ਵਿਦੇਸ਼ਾਂ ਵਿੱਚ ਧੱਕੇ ਖਾਣ ਦੀ ਬਜਾਏ ਇਥੇ ਹੀ ਰਹਿ ਕੇ ਸੰਘਰਸ਼ ਕਰਨਾ ਚਾਹੀਦਾ ਹੈ।ਇਸ ਮੌਕੇ ਸੇਵਾ ਸਿੰਘ ਪੰਚਾਇਤ ਮੈਂਬਰ ਤੇ ਸੈਕਟਰੀ ਵੀ ਹਾਜ਼ਰ ਸਨ।

# ਜ਼ਿਲ੍ਹੇ 'ਚੋਂ ਪਹਿਲੇ ਤਿੰਨ ਸਥਾਨਾਂ 'ਤੇ ਰਹੀਆਂ ਵਿਦਿਆਰਥਣਾਂ ਡੀ ਸੀ ਵੱਲੋਂ ਸਨਮਾਨਤ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)- ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਉਨ੍ਹਾਂ ਤਿੰਨ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ ਉਤੇ ਸਨਮਾਨਿਤ ਕੀਤਾ, ਜੋ ਕਿ ਹਾਲ ਹੀ ਵਿੱਚ ਆਏ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਪਹਿਲੇ ਤਿੰਨ ਸਥਾਨਾਂ ਉਤੇ ਰਹੀਆਂ ਹਨ।ਇਨ੍ਹਾਂ ਵਿਦਿਆਰਥਣਾਂ ਵਿੱਚ ਪਹਿਲੇ ਸਥਾਨ ਉਤੇ ਰਹੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਅੰਮ੍ਰਿਤਸਰ ਦੀ ਵਿਦਿਆਰਥਣ ਪਰੀ, ਦੂਸਰੇ ਸਥਾਨ ਉਤੇ ਰਹੀ ਡੀਏਵੀ ਸੀਨੀਅਰ ਸੈਕੰਡਰੀ ਸਕੂਲ ਅੰਮ੍ਰਿਤਸਰ ਦੀ ਪ੍ਰਾਚੀ ਰਾਣਾ ਅਤੇ ਤੀਸਰੇ ਸਥਾਨ ਉਤੇ ਰਹੀ ਪੰਜ ਆਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੂਹੀਆ ਕਲਾਂ ਦੀ ਗੌਰਵੀ ਸ਼ਰਮਾ ।ਇਸ ਮੌਕੇ ਡੀਸੀ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਭਵਿੱਖ ਦੀ ਪੜ੍ਹਾਈ ਨੂੰ ਲੈ ਕੇ ਸਵਾਲ ਕੀਤੇ ਤਾਂ ਉਨ੍ਹਾਂ ਬੜੇ ਸਪਸ਼ਟ ਰੂਪ ਵਿੱਚ ਆਪਣੇ ਮਿਥੇ ਹੋਏ ਨਿਸ਼ਾਨੇ ਦੱਸੇ, ਜਿਸ ਤੋਂ ਖੁਸ਼ ਹੁੰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਬੱਚੀਆਂ ਜਿਨ੍ਹਾਂ ਨੇ ਹੁਣ ਤੋਂ ਹੀ ਆਪਣਾ ਨਿਸ਼ਾਨਾ ਧਾਰ ਲਿਆ ਹੈ, ਜ਼ਰੂਰ ਕਾਮਯਾਬ ਹੋਣਗੀਆਂ। ਉਨ੍ਹਾਂ ਨੇ ਮਾਪਿਆਂ ਨੂੰ ਵੀ ਵਧਾਈਆਂ ਦਿੱਤੀਆਂ ਅਤੇ ਬੱਚੀਆਂ ਦੇ ਬਿਹਤਰੀਨ ਪਾਲਣ ਪੋਸ਼ਣ ਦੀ ਸਰਾਹਨਾ ਕੀਤੀ ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਹਰਭਗਵੰਤ ਸਿੰਘ ਅਤੇ ਡਿਪਟੀ ਜ਼ਿਲ੍ਹਾ ਸਿੱਖਿਆ ਅਧਿਕਾਰੀ ਰਜੇਸ਼ ਖੰਨਾ ਵੀ ਹਾਜ਼ਰ ਸਨ।

# ਪੰਜਾਬ 'ਚ ਸਾਰੇ ਆਮ ਆਦਮੀ ਕਲੀਨਿਕਾਂ 'ਚ ਡੇਂਗੂ ਦਾ ਟੈਸਟ ਮੁਫ਼ਤ : ਰਮਨ ਬਹਿਲ



ਗੁਰਦਾਸਪੁਰ, (ਦਿਨੇਸ਼ ਕੁਮਾਰ)– ਨੈਸ਼ਨਲ ਡੇਂਗੂ ਦਿਵਸ ਮੌਕੇ ਅਰਬਨ ਸੀ. ਐੱਚ. ਸੀ. ਗੁਰਦਾਸਪੁਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕੀਤੀ।ਇਸ ਮੌਕੇ ਰਮਨ ਬਹਿਲ ਵੱਲੋਂ ਡੇਂਗੂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਇੱਕ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਉਨ੍ਹਾਂ ਕਹਾ ਕਿ ਪੰਜਾਬ ਸਰਕਾਰ ਨੇ ਸਮੂਹ ਆਮ ਆਦਮੀ ਕਲੀਨਿਕਾਂ ਵਿੱਚ ਡੇਂਗੂ ਦੇ ਟੈਸਟ ਦੀ ਮੁਫ਼ਤ ਸੁਵਿਧਾ ਮੁਹੱਈਆ ਕਰਵਾਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦੇ ਟੈਸਟਾਂ ਦੇ ਨਾਲ ਇਲਾਜ ਦੀ ਵੀ ਪੂਰੀ ਸੁਵਿਧਾ ਹੈ।ਉਨ੍ਹਾਂ ਕਿਹਾ ਕਿ ਇਲਾਜ ਨਾਲੋਂ ਹਮੇਸ਼ਾ ਪਰਹੇਜ਼ ਬਿਹਤਰ ਹੁੰਦਾ ਹੈ ਅਤੇ ਇਸੇ ਮਕਸਦ ਤਹਿਤ ਸਿਹਤ ਵਿਭਾਗ ਵੱਲੋਂ ਡੇਂਗੂ ਤੇ ਵਾਰ ਹਰ ਸ਼ੁੱਕਰਵਾਰ ਮੁਹਿੰਮ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਸ ਲਹਿਰ ਨੂੰ ਲੋਕ ਲਹਿਰ ਬਣਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੀ ਮੁਹਿੰਮ ਕਾਰਨ ਹੀ ਸਾਲ ਦਰ ਸਾਲ ਡੇਂਗੂ ਦੇ ਕੇਸ ਘੱਟ ਹੋਏ ਹਨ ਅਤੇ ਇਨ੍ਹਾਂ ਕੇਸਾਂ ਨੂੰ ਹੋਰ ਵੀ ਘੱਟ ਕੀਤਾ ਜਾ ਰਿਹਾ ਹੈ।ਚੇਅਰਮੈਨ ਰਮਨ ਬਹਿਲ ਨੇ ਸਮੂਹ ਸਿਹਤ ਕਰਮਚਾਰੀਆਂ ਨੂੰ ਕਿਹਾ ਕਿ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਵਿੱਚ ਤਨਦੇਹੀ ਨਾਲ ਕੰਮ ਕੀਤਾ ਜਾਵੇ ਅਤੇ ਇਸ ਮੁਹਿੰਮ ਵਿੱਚ ਸਮਾਜ ਸੇਵੀ ਸੰਸਥਾਵਾਂ ਦਾ ਵੀ ਸਹਿਯੋਗ ਲਿਆ ਜਾਵੇ।ਉਨ੍ਹਾਂ ਕਿਹਾ ਕਿ ਜਿੱਥੇ ਡੇਂਗੂ ਫੈਲਣ ਦਾ ਜ਼ਿਆਦਾ ਖਤਰਾ ਹੈ ਉਥੇ ਸਪੈਸ਼ਲ ਟੀਮਾਂ ਲਗਾਈਆਂ ਜਾਣ।ਡੇਂਗੂ ਟੈਸਟਿੰਗ ਦੇ ਨਾਲ ਲਾਰਵਾ ਖਤਮ ਕੀਤਾ ਜਾਵੇ ਅਤੇ ਫੋਗਿੰਗ ਦਾ ਵੀ ਪ੍ਰਬੰਧ ਕੀਤਾ ਜਾਵੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਦੇ ਆਸ-ਪਾਸ ਪਾਣੀ ਨਾ ਖੜ੍ਹਾ ਹੋਣ ਦੇਣ।ਜੇ ਕਿਤੇ ਮੱਛਰ ਦਾ ਲਾਰਵਾ ਹੋਵੇ ਤਾਂ ਉਸ ਨੂੰ ਨਸ਼ਟ ਕੀਤਾ ਜਾਵੇ।

# ਬਖਤਪੁਰਾ 'ਚ ਛੱਪੜ ਦਾ ਓਵਰਫਲੋ ਪਾਣੀ ਜਮ੍ਹਾਂ ਹੋਣ ਕਾਰਨ ਪਿੰਡ ਵਾਸੀ ਪ੍ਰੇਸ਼ਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪਿੰਡ ਬਖਤਪੁਰ ਦੀ ਲਹਿੰਦੀ ਪੱਤੀ ਦੇ ਗੁਰਦੁਆਰਾ ਸਾਹਿਬ ਨਜ਼ਦੀਕ ਬਣੇ ਛੱਪੜ ਦੀ ਸਫਾਈ ਪਿਛਲੇ ਲੰਬੇ ਸਮੇਂ ਤੋਂ ਨਾ ਹੋਣ ਕਾਰਨ ਇਸ ਛੱਪੜ ਦਾ ਪਾਣੀ ਓਵਰਫਲੋ ਹੋ ਕੇ ਪਿੰਡ ਦੀ ਮੇਨ ਗਲੀ ਖੜਾ ਰਹਿੰਦਾ ਹੈ ਜਿਸ ਕਾਰਨ ਪਿੰਡ ਵਾਸੀਆਂ ਨੂੰ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਫੈਲਣ ਦਾ ਖਤਰਾ ਖਤਰਾ ਹੈ।ਪਿੰਡ ਦੇ ਮੋਹਤਬਰਾਂ ਨੇ ਦੱਸਿਆ ਕਿ ਇਸ ਰਸਤੇ ਰਾਹੀਂ ਲੰਘਣ ਸਮੇਂ ਸਕੂਲੀ ਬੱਚੇ ਅਕਸਰ ਹੀ ਗਲੀ ਦੇ ਚਿੱਕੜ ਵਿੱਚ ਡਿੱਗ ਕੇ ਆਪਣੇ ਕੱਪੜੇ ਅਤੇ ਆਪਣੇ ਬਸਤੇ ਖਰਾਬ ਕਰ ਚੁੱਕੇ ਹਨ।ਸਰਕਾਰਾਂ ਵੱਲੋਂ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਇਸ ਹਲਕੇ ਦੇ ਆਪ ਆਗੂ ਬਹਿਲ ਨੂੰ ਵੀ ਅਸੀਂ ਕਈ ਵਾਰ ਛੱਪੜ ਦੀ ਸਫਾਈ ਕਰਵਾਉਣ ਦੇ ਲਈ ਅਪੀਲ ਕਰ ਚੁੱਕੇ ਹਾਂ ਪਰ ਇਸ ਪਾਸੇ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ।ਪਿੰਡ ਵਾਸੀਆਂ ਨੇ ਦੱਸਿਆ ਕਿ ਇਸ ਛੱਪੜ ਦੀ ਜ਼ਮੀਨ ਦੇ ਇੱਕ ਬਹੁਤ ਵੱਡੇ ਹਿੱਸੇ ਦੇ ਉਪਰ ਨਜ਼ਦੀਕੀ ਘਰਾਂ ਦੇ ਮਾਲਕਾਂ ਵੱਲੋਂ ਕਬਜ਼ਾ ਕਰਕੇ ਛੱਪੜ ਨੂੰ ਆਪਣੇ ਘਰਾਂ ਦੇ ਵਿੱਚ ਮਿਲਾ ਲਿਆ ਹੈ ਜਿਸ ਕਾਰਨ ਇਸ ਛੱਪੜ ਦੇ ਵਿੱਚ ਪਿੰਡ ਦੇ ਗੰਦੇ ਪਾਣੀ ਦਾ ਬਰਾਬਰ ਨਿਕਾਸ ਨਹੀਂ ਹੋ ਰਿਹਾ ਅਤੇ ਸਭ ਤੋਂ ਜ਼ਿਆਦਾ ਮੰਦੀ ਹਾਲਤ ਬਰਸਾਤ ਦੇ ਮੌਸਮ ਦੌਰਾਨ ਹੁੰਦੀ ਹੈ ਜਦੋਂ ਛੱਪੜ ਦਾ ਪਾਣੀ ਓਵਰਫਲੋ ਹੋ ਕੇ ਲੋਕਾਂ ਦੇ ਘਰਾਂ ਦੇ ਵਿੱਚ ਦਾਖਲ ਹੋ ਜਾਂਦਾ ਹੈ।ਪਿੰਡ ਵਾਸੀਆਂ ਨੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ ਗੁਰਦਾਸਪੁਰ ਕੋਲੋਂ ਮੰਗ ਕੀਤੀ ਕਿ ਇਸ ਛੱਪੜ ਦੀ ਪਹਿਲ ਦੇ ਆਧਾਰ ਤੇ ਸਫਾਈ ਕਰਵਾ ਕੇ ਪਿੰਡ ਵਾਸੀਆਂ ਨੂੰ ਭਿਆਨਕ ਬਿਮਾਰੀਆਂ ਤੋਂ ਬਚਾਇਆ ਜਾਵੇ।ਇਸ ਸਬੰਧੀ ਜਦੋਂ ਪੰਚਾਇਤ ਸੈਕਟਰੀ ਮਨਰੇਗਾ ਅਮਰਜੋਤ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਭਾਗ ਵੱਲੋਂ ਮਨਜ਼ੂਰੀ ਮਿਲਣ ਤੇ ਕੁਝ ਹੀ ਦਿਨਾਂ ਦੇ ਅੰਦਰ ਛੱਪੜ ਦਾ ਪਾਣੀ ਖੇਤਾਂ ਵਿੱਚ ਕੱਢ ਕੇ ਇਸ ਨੂੰ ਸਾਫ ਕਰਵਾ ਦਿੱਤਾ ਜਾਵੇਗਾ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਚੇਅਰਮੈਨ ਪੰਨੂ ਵੱਲੋਂ ਹਲਕੇ ਦੇ ਮੋਹਤਬਰਾਂ ਨਾਲ ਮੀਟਿੰਗ



ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਬਲਬੀਰ ਸਿੰਘ ਪੰਨੂ ਚੇਅਰਮੈਨ ਪਨਸਪ ਪੰਜਾਬ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਬੀ. ਡੀ. ਪੀ. ਓ. ਦਫਤਰ ਵਿੱਚ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਚੇਅਰਮੈਨ ਬਲਬੀਰ ਸਿੰਘ ਪੰਨੂ ਨੇ ਹਲਕੇ ਦੇ ਸੀਨੀਅਰ ਵਰਕਰਾਂ ਤੋਂ ਨਸ਼ਿਆਂ ਨੂੰ ਖਤਮ ਕਰਨ ਸੰਬੰਧੀ ਜਾਣਕਾਰੀ ਹਾਸਿਲ ਕੀਤੀ ਅਤੇ ਕਿਹਾ ਕਿ ਜਿਸ ਵੀ ਪਿੰਡ ਵਿੱਚ ਨਸ਼ੇ ਦਾ ਕਾਰੋਬਾਰ ਹੈ, ਉਸ ਸਬੰਧੀ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਨਸ਼ਿਆਂ ਨੂੰ ਜੜ੍ਹੋਂ ਖਤਮ ਕੀਤਾ ਜਾ ਸਕੇ।ਇਸ ਮੌਕੇ ਡੀਐੱਸਪੀ ਵਿਪਨ ਕੁਮਾਰ, ਐੱਸਐੱਚਓ ਕਿਰਨਦੀਪ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ, ਸਰਪੰਚ ਸਰਬਜੀਤ ਸਿੰਘ ਟੋਨਾ, ਨਵੀਸ਼ ਨੰਦਾ ਸ਼ਹਿਰੀ ਪ੍ਰਧਾਨ, ਤੇਜਵਿੰਦਰ ਸਿੰਘ, ਮਾਧਵ ਬੇਦੀ, ਰਾਮ ਸਿੰਘ, ਕਿਰਪਾਲ ਸਿੰਘ ਮੁਖਵਿੰਦਰ ਸਿੰਘ, ਸਰਪੰਚ ਗੁਰਪ੍ਰੀਤ ਸਿੰਘ ਖੋਦੇ ਬਾਂਗਰ, ਸਰਪੰਚ ਬਲਜਿੰਦਰ ਸਿੰਘ ਕਿਲਾ ਦੇਸਾ ਸਿੰਘ, ਬਲਾਕ ਪ੍ਰਧਾਨ ਕੈਪਟਨ ਸੁਰਜਨ ਸਿੰਘ, ਸਰਪੰਚ ਮੰਗਾ ਮਸੀਹ, ਗੁਰਪਾਲ ਨੰਦਿਆਂਵਾਲੀ, ਹਰਜੀਤ ਸਿੰਘ ਪੰਨਵਾਂ, ਸਰਪੰਚ ਅਵਤਾਰ ਸਿੰਘ, ਸਰਪੰਚ ਸੁਖਦੇਵ ਸਿੰਘ ਝੰਜੀਆਂ, ਅਮਨਦੀਪ ਗੋਪੀ ਝੰਜੀਆਂ ਕਲਾਂ, ਸਰਪੰਚ ਜਗਰੂਪ ਸਿੰਘ ਕਲਾਰ, ਸਰਪੰਚ ਪਲਵਿੰਦਰ ਸਿੰਘ ਭਾਗੋਵਾਲ, ਗੁਰਮੇਜ ਸਿੰਘ ਲਾਲੇ ਨੰਗਲ, ਸਤਨਾਮ ਸਿੰਘ, ਸੁੰਦਰ, ਜਗਜੀਤ ਸਿੰਘ ਖਜ਼ਾਨੇ ਕੋਟ, ਰਘਬੀਰ ਸਿੰਘ ਅਠਵਾਲ, ਗਗਨਦੀਪ ਸਿੰਘ ਕੋਟਲਾ ਬਾਮਾ, ਗੁਰਦੇਵ ਸਿੰਘ ਔਜਲਾ ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਸਰਪੰਚ ਬਾਜ ਸਿੰਘ ਘੋਗਾ, ਸਰਪੰਚ ਨਵਦੀਪ ਸਿੰਘ ਸ਼ੰਕਰਪੁਰਾ, ਸਰਪੰਚ ਜਸਬੀਰ ਸਿੰਘ ਭਾਲੋਵਾਲੀ, ਆਸ਼ੂ ਫਤਿਹਵਾਲ ਤੇ ਹੋਰ ਵੀ ਬਹੁਤ ਸਾਰੇ ਸੀਨੀਅਰ ਵਰਕਰ ਹਾਜ਼ਰ ਸਨ।


## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਟੈਂਡਰ ਸੂਚਨਾ ਨੰਬਰ :–770-W/169/WA-1/FZR-13-2025-26-DRM-JAT & 14-2025-26-DRM-JAT (to be opened on 06.06.2025) ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਕੰਮ ਕਰਦੇ ਹੋਏ ਹੇਠਾ ਦਿਤੇ ਗਏ ਸ਼ੀਰਸ਼ਕ ਵਾਲੀ ਟੈਂਡਰਾ ਦੇ ਵਿਰੁਧ ਟੈਂਡਰਾ (ਈ-ਟੈਂਡਰ) ਮੰਗ ਕਰਦੀ ਹੈ ਅਤੇ www.ireps.gov.in ਉਤੇ ਉਪਲਬਧ ਹੈ, ਜਿਨ੍ਹਾਂ ਦੀ ਆਖਰੀ ਮਿਤੀ 06.06.2025 ਨੂੰ 15:00 ਵਜੇ ਤਕ ਹੈ । ਬੋਲੀਦਾਤਾ ਅਪਣੀ ਮੂਲ/ਸੰਸ਼ੋਧਿਤ ਬੋਲੀਆ ਕੇਵਲ ਸਮਾਪਨ ਮਿਤੀ ਅਤੇ ਸਮੇਂ ਤਕ ਹੀ ਜਮਾਂ ਕਰ ਸਕਣਗੇ, ਇਨ੍ਹਾਂ ਟੈਂਡਰਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਅਨੁਮਤੀ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਨਜ਼ਰ ਅੰਦਾਜ ਕਰ ਦਿਤਾ ਜਾਵੇਗਾ । ਠੇਕੇਦਾਰਾਂ ਨੂੰ ਇਸ ਟੈਂਡਰ ਦੇ ਵਿਰੁਧ ਟੈਂਡਰ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਉਪਲਬਧ ਭੁਗਤਾਨ ਵਿਧੀਆਂ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰ, ਤੇ ਕ੍ਰੈਡਿਟ ਕਾਰਡ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਹੈ ।

| ਲ.ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | |
|---|---|---|---|
| 1 | 13-2025-26-DRM-JAT | ਸਹਾਇਕ ਮੰਡਲ ਇੰਜੀਨੀਅਰ-ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਅੰਤਰਗਤ ਸੀਨੀਅਰ ਸੈਕਸ਼ਨ ਇੰਜੀਨੀਅਰ ਕਠੂਆ ਦੇ ਅੰਤਰਗਤ ਪੈਣ ਵਾਲੇ BDHY, KTHU ਸਟੇਸ਼ਨਾਂ ਉਤੇ ਸਹਾਇਕ ਮੰਡਲ ਇੰਜੀਨੀਅਰ ਪਾਲਮਪੁਰ ਅਧਿਕਾਰ ਖੇਤਰ ਦੇ ਅੰਤਰਗਤ ਸੀਨੀਅਰ ਸੈਕਸ਼ਨ ਇੰਜੀਨੀਅਰ ਨਗਰੋਟਾ ਦੇ ਅੰਤਰਗਤ ਪੈਣ ਵਾਲੇ JWLS ਸਟੇਸ਼ਨ ਉਤੇ ਬੋਰ ਦੇ ਨਾਲ ਪੰਪ ਹਾਊਸ ਦੇ ਨਾਲ ਪੁਰਾਣੇ ਪਰਿਤਯਕਤ ਸਟੀਲ ਓਵਰਹੇਡ ਜਲ ਭੰਡਾਰਣ ਟੈਂਕ ਦੀ ਜਗ੍ਹਾਂ ਉਤੇ 03 ਨੰਬਰ 100 ਕੇਐਲ ਆਰਸੀਸੀ ਓਐਚ ਪਾਣੀ ਟੈਂਕ ਦਾ ਪ੍ਰਾਵਧਾਨ ਦਾ ਕੰਮ | |
| | ਵਿਗਿਆਪਨ ਮੁਲ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 1,54,97,103 11 | 60 ਦਿਨ | 06 ਮਹੀਨੇ |
| 2 | 14-2025-26-DRM-JAT | ਸਹਾਇਕ ਮੰਡਲ ਇੰਜੀਨੀਅਰ-ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਅੰਤਰਗਤ ਮੌਜੂਦਾ ਏਡੀਆਰਐਮ ਕੰਪਲੈਕਸ ਜੰਮੂ ਤਵੀ ਉਤੇ ਜੀ+1 ਫਲੋਰ ਦਾ ਪ੍ਰਾਵਧਾਨ ਅਤੇ ਜੰਮੂ ਤਵੀ ਦੇ ਦੂਸਰੇ ਪ੍ਰਵੇਸ਼ ਦੁਵਾਰ ਦੀ ਤਰਫ ਦਫਤਰ ਭਵਨ ਵਿਚ ਸੁਧਾਰ ਦਾ ਕੰਮ | |
| | ਵਿਗਿਆਪਨ ਮੁਲ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 1,77,09,445.72 | 60 ਦਿਨ | 06 ਮਹੀਨੇ |

ਨੋਟ:- 1. ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਹ ਬੋਲੀਆਂ ਪੇਸ਼ ਕਰਨ ਤੋਂ ਪਹਿਲਾ ਇਸ ਟੈਂਡਰ ਦੇ ਵਿਰੁਧ ਜਾਰੀ ਕਿਸੀ ਵੀ ਸ਼ੁੱਧੀਪੱਤਰ ਦੇ ਲਈ ਆਈਆਰਈਪੀਐਸ ਵੇਬਸਾਈਟ ਦੇਖੋ । 2. ਜੇਕਰ ਹਿੰਦੀ ਵਿਚ ਕੋਈ ਗਲਤੀ ਪਾਈ ਜਾਂਦੀ ਹੈ, ਤਾਂ ਅੰਗ੍ਰੇਜ਼ੀ ਵਿਗਿਆਪਨ ਮਾਨਯ ਹੋਵੇਗਾ । 1443/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਪੰਜਾਬੀ ਵਿਦਿਆਰਥੀਆਂ ਲਈ ਵਿਸ਼ਵ ਪੱਧਰੀ ਮੌਕੇ




ਪਠਾਨਕੋਟ (ਦਵਿੰਦਰ ਸਿੰਘ)- ਚੰਡੀਗੜ੍ਹ ਯੂਨੀਵਰਸਿਟੀ ਜੋ ਕਿ ਭਾਰਤ ਦੀ ਨੰਬਰ 1 ਨਿੱਜੀ ਯੂਨੀਵਰਸਿਟੀ ਹੈ, ਨੇ ਪਠਾਨਕੋਟ ਵਿਖੇ ਇੱਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕਰਵਾਈ, ਜਿਸ ਦੌਰਾਨ ਪ੍ਰੋ. (ਡਾ.) ਆਰ. ਐੱਸ. ਬਾਵਾ ਨੇ ਪੰਜਾਬੀ ਨੌਜਵਾਨਾਂ ਲਈ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਉਪਲਬਧ ਅਕਾਦਮਿਕ, ਰੋਜ਼ਗਾਰ ਅਤੇ ਅੰਤਰਰਾਸ਼ਟਰੀ ਮੌਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ 100% ਤੱਕ ਦੀ ਸਕਾਲਰਸ਼ਿਪ ਉਪਲਬਧ ਹੈ ਅਤੇ ਯੂਨੀਵਰਸਿਟੀ ਹਰ ਸਾਲ 210 ਕਰੋੜ ਦਾ ਸਕਾਲਰਸ਼ਿਪ ਬਜਟ ਰੱਖਦੀ ਹੈ।ਹੁਣ ਤੱਕ 1.3 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਇਸ ਤੋਂ ਲਾਭ ਮਿਲ ਚੁੱਕਾ ਹੈ।ਸਰਹੱਦਾਂ 'ਤੇ ਸੇਵਾ ਕਰ ਰਹੇ ਪਰਿਵਾਰਾਂ ਦੇ ਬੱਚਿਆਂ ਲਈ 5.7 ਕਰੋੜ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਚੰਡੀਗੜ੍ਹ ਯੂਨੀਵਰਸਿਟੀ ਨੇ ਵਿਦੇਸ਼ੀ ਯੂਨੀਵਰਸਿਟੀਆਂ ਨਾਲ 550 ਤੋਂ ਵੱਧ ਭਾਈਚਾਰਕ ਸਮਝੌਤੇ ਕੀਤੇ ਹਨ, ਜਿਨ੍ਹਾਂ ਰਾਹੀਂ 2000 ਤੋਂ ਵੱਧ ਵਿਦਿਆਰਥੀਆਂ ਨੇ ਅਮਰੀਕਾ, ਕੈਨੇਡਾ, ਯੂਕੇ, ਆਸਟਰੇਲੀਆ ਆਦਿ ਦੇਸ਼ਾਂ ਵਿੱਚ ਪੜ੍ਹਾਈ, ਇੰਟਰਨਸ਼ਿਪ ਅਤੇ ਐਕਸਚੇਂਜ ਪ੍ਰੋਗਰਾਮ ਅਧੀਨ ਅਨੁਭਵ ਪ੍ਰਾਪਤ ਕੀਤਾ ਹੈ।ਉਨ੍ਹਾਂ ਦੱਸਿਆ ਕਿ ਪਲੇਸਮੈਂਟ ਦੇ ਮੋਰਚੇ 'ਤੇ ਵੀ ਯੂਨੀਵਰਸਿਟੀ ਨੇ ਨਵੇਂ ਮਾਪਦੰਡ ਸੈੱਟ ਕੀਤੇ ਹਨ।2023-24 ਪਲੇਸਮੈਂਟ ਡਰਾਈਵ ਦੌਰਾਨ 904 ਬਹੁ-ਕੌਮੀ ਕੰਪਨੀਆਂ ਨੇ ਹਿੱਸਾ ਲੈ ਕੇ 9124 ਨੌਕਰੀਆਂ ਦੇ ਆਫਰ ਦਿੱਤੇ। 100 ਤੋਂ ਵੱਧ ਕੰਪਨੀਆਂ ਨੇ 10 ਲੱਖ ਤੋਂ ਵੱਧ ਪੈਕੇਜ ਤੇ ਨੌਕਰੀ ਦਿੱਤੀ।ਪੰਜਾਬ ਤੋਂ 752 ਵਿਦਿਆਰਥੀਆਂ ਨੂੰ 897 ਨੌਕਰੀਆਂ ਦੇ ਆਫਰ ਮਿਲੇ।ਉਨ੍ਹਾਂ ਕਿਹਾ ਕਿ ਪਠਾਨਕੋਟ ਦੇ 17 ਵਿਦਿਆਰਥੀਆਂ ਨੂੰ ਚੋਟੀ ਦੀਆਂ ਕੰਪਨੀਆਂ ਤੋਂ 19 ਨੌਕਰੀਆਂ ਦੇ ਆਫਰ ਮਿਲੇ ਹਨ। ਯੂਨੀਵਰਸਿਟੀ ਨੇ ਖੋਜ ਅਤੇ ਨਵੀਨਤਾ 'ਚ ਵੀ ਮਹੱਤਵਪੂਰਨ ਯੋਗਦਾਨ ਦਿੱਤਾ ਹੈ।ਹੁਣ ਤੱਕ 4300 ਤੋਂ ਵੱਧ ਪਟੈਂਟ ਫਾਈਲ ਹੋ ਚੁੱਕੇ ਹਨ, ਜਿਨ੍ਹਾਂ ਵਿੱਚੋਂ 430 ਪੰਜਾਬੀ ਵਿਦਿਆਰਥੀਆਂ ਵੱਲੋਂ ਹਨ।ਖੇਡ ਦੇ ਖੇਤਰ ਵਿੱਚ ਵੀ ਇਸ ਯੂਨੀਵਰਸਿਟੀ ਨੇ ਉੱਚਾਈਆਂ ਹਾਸਲ ਕੀਤੀਆਂ ਹਨ। 2023-24 ਸੈਸ਼ਨ ਵਿੱਚ ਵਿਦਿਆਰਥੀਆਂ ਨੇ ਕੁੱਲ 543 ਤਮਗੇ (242 ਸੋਨੇ, 143 ਚਾਂਦੀ, 158 ਕਾਂਸੀ) ਜਿੱਤੇ।104 ਮੈਡਲ ਜੇਤੂ ਵਿਦਿਆਰਥੀ ਪੰਜਾਬ ਨਾਲ ਸਬੰਧਤ ਹਨ।ਚੰਡੀਗੜ੍ਹ ਯੂਨੀਵਰਸਿਟੀ ਦੇ ਵਿਦਿਆਰਥੀ ਅਰਸ਼ਦੀਪ ਸਿੰਘ (ਟੀ-20 ਵਿਸ਼ਵ ਕੱਪ ਜੇਤੂ), ਪਵਨ ਸ਼ੇਰਾਵਤ (ਭਾਰਤੀ ਕਬੱਡੀ ਕਪਤਾਨ), ਸੰਜੇ (ਭਾਰਤੀ ਹਾਕੀ ਟੀਮ) ਵਰਗੇ ਖਿਡਾਰੀ ਦੇਸ਼ ਦਾ ਨਾਮ ਰੌਸ਼ਨ ਕਰ ਰਹੇ ਹਨ।ਚੰਡੀਗੜ੍ਹ ਯੂਨੀਵਰਸਿਟੀ ਨੇ ਸਿੱਖਿਆ, ਖੋਜ, ਨੌਕਰੀ, ਖੇਡ ਅਤੇ ਗਲੋਬਲ ਐਕਸਪੋਜ਼ਰ ਦੇ ਖੇਤਰ ਵਿੱਚ ਪੰਜਾਬ ਦੇ ਨੌਜਵਾਨਾਂ ਲਈ ਬੇਮਿਸਾਲ ਯੋਗਦਾਨ ਦਿੱਤਾ ਹੈ, ਜੋ ਉਨ੍ਹਾਂ ਦੇ ਭਵਿੱਖ ਨੂੰ ਰੌਸ਼ਨ ਕਰਨ ਵਾਲਾ ਹੈ।

# ਬਲਬੀਰ ਸਿੰਘ ਸਰਨੀ ਕੈਨੇਡਾ 'ਚ ਕਰ ਰਹੇ ਨੇ ਧਰਮ ਪ੍ਰਚਾਰ ਦੀ ਸੇਵਾ

ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)— ਲੰਮਾ ਸਮਾਂ ਗੁਰਦੁਆਰਾ ਸੁਹੇਲਾ ਘੋੜਾ ਸਾਹਿਬ ਗੁਰੂ ਕਾ ਲਾਹੌਰ ਵਿਖੇ ਧਰਮ ਪ੍ਰਚਾਰ ਦੀ ਸੇਵਾ ਕਰਨ ਉਪਰੰਤ ਹੁਣ ਬਲਬੀਰ ਸਿੰਘ ਸਰਨੀ ਕੈਨੇਡਾ ਦੇ ਵਿੱਚ ਧਰਮ ਪ੍ਰਚਾਰ ਦੀ ਸੇਵਾ ਨਿਭਾ ਰਹੇ ਹਨ। ਉਨਾਂ ਦੇ ਸਾਥੀ ਹਰਵਿੰਦਰ ਸਿੰਘ ਅਤੇ ਜੋਗਿੰਦਰ ਸਿੰਘ ਵੀ ਸੇਵਾ ਨਿਭਾਅ ਰਹੇ ਹਨ। ਇਹ ਜੱਥਾ ਜਿੱਥੇ ਮਧੁਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਦਾ ਹੈ ਉੱਥੇ ਧਰਮ ਪ੍ਰਚਾਰ ਕਰਕੇ ਗੁਰੂ ਨਾਨਕ ਸਾਹਿਬ ਦਾ ਸੰਦੇਸ਼ ਘਰ ਘਰ ਪਹੁੰਚਾਣ ਲਈ ਵੀ ਉਪਰਾਲਾ ਕਰ ਰਿਹਾ ਹੈ। ਉਹਨਾਂ ਦੱਸਿਆ ਕਿ ਸਾਨੂੰ ਕੈਨੇਡਾ ਦੇ ਵਿੱਚ ਸੰਗਤਾਂ ਵੱਲੋਂ ਅਥਾਹ ਪਿਆਰ ਤੇ ਸਤਿਕਾਰ ਮਿਲ ਰਿਹਾ ਹੈ। ਉਹਨਾਂ ਕਿਹਾ ਕਿ ਅੱਜ ਲੋੜ ਹੈ ਗੁਰੂ ਨਾਨਕ ਸਾਹਿਬ ਦੇ ਸਿਧਾਂਤਾਂ ਮੁਤਾਬਕ ਜੀਵਨ ਜਿਉਣ ਦੀ ਤਾਂ ਜੋ ਸਮਾਜ ਨੂੰ ਸੁੰਦਰ ਤੇ ਸੋਹਣਾ ਬਣਾਇਆ ਜਾ ਸਕੇ।

# ਹਿਊਮਨ ਰਾਈਟਸ ਕੌਂਸਲ ਦੇ ਸੂਬਾ ਸਕੱਤਰ ਕੰਗ ਦੇ ਨਵੇਂ ਦਫ਼ਤਰ ਦਾ ਉਦਘਾਟਨ

**ਫਗਵਾੜਾ (ਜਸਵਿੰਦਰ ਢੱਡਾ)** ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸੂਬਾ ਸਕੱਤਰ ਗੁਰਦੀਪ ਸਿੰਘ ਕੰਗ ਦੇ ਸੈਂਟਰਲ ਟਾਊਨ ਨਜ਼ਦੀਕ ਮੁਨਸ਼ੀਜ ਫੂਡ ਪਲੇਸ ਵਿਖੇ ਨਵੇਂ ਦਫ਼ਤਰ ਕੰਗ ਐਂਟਰਪ੍ਰਾਈਜ਼ਿਜ ਦਾ ਉਦਘਾਟਨ ਹਿੰਦ ਸਮਾਚਾਰ ਸਮੂਹ ਦੇ ਮੁੱਖ ਸੰਪਾਦਕ ਵਿਜੇ ਚੋਪੜਾ ਦੁਆਰਾ ਕੀਤਾ ਗਿਆ। ਇਸ ਦੌਰਾਨ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਨੇ ਗੁਰਦੀਪ ਸਿੰਘ ਕੰਗ ਨੂੰ ਨਵੇਂ ਦਫ਼ਤਰ ਲਈ ਸ਼ੁਭ ਇੱਛਾਵਾਂ ਦਿੱਤੀਆਂ। ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਉਨ੍ਹਾਂ ਕੋਲ ਇਸ ਨਵੇਂ ਦਫ਼ਤਰ ਵਿੱਚ ਕਾਫੀ ਜਗ੍ਹਾ ਹੈ, ਜਿੱਥੇ ਉਹ ਆਪਣੀਆਂ ਸਮਾਜ ਸੇਵੀ ਗਤੀਵਿਧੀਆਂ ਨੂੰ ਸੁਵਿਧਾਜਨਕ ਢੰਗ ਨਾਲ ਪੂਰਾ ਕਰ ਸਕਣਗੇ। ਗੁਰਦੀਪ ਸਿੰਘ ਕੰਗ ਨੂੰ ਸ਼ੁਭਕਾਮਨਾਵਾਂ ਦੇਣ ਵਾਲਿਆਂ ਵਿੱਚ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ, ਮੇਅਰ ਰਾਮਪਾਲ ਉੱਪਲ, ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਡਿਪਟੀ ਮੇਅਰ ਵਿੱਕੀ ਸੂਦ, ਸਾਬਕਾ ਮੇਅਰ ਅਰੁਣ ਖੋਸਲਾ, ਸਾਬਕਾ ਨਗਰ ਕੌਂਸਲ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ, ਬਲਾਕ ਸੰਮਤੀ ਫਗਵਾੜਾ ਦੇ ਸਾਬਕਾ ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ, ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ, ਕੌਂਸਲਰ ਸੰਜੀਵ ਬੁੱਗਾ, ਕੌਂਸਲਰ ਜਸਦੇਵ ਸਿੰਘ ਪ੍ਰਿੰਸ, ਕੌਂਸਲਰ ਹਰਪ੍ਰੀਤ ਸਿੰਘ ਭੋਗਲ, ਕੌਂਸਲਰ ਸੰਜੀਵ ਸ਼ਾਹ, ਕੌਂਸਲਰ ਜਤਿੰਦਰ ਵਰਮਾਨੀ, ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਸੰਜੀਵ ਸੂਰੀ, ਸ਼ਿਵ ਸੈਨਾ ਪੰਜਾਬ ਦੇ ਸੀਨੀਅਰ ਸੂਬਾ ਮੀਤ ਪ੍ਰਧਾਨ ਇੰਦਰਜੀਤ ਕਰਵਲ, ਵਿਪਨ ਸ਼ਰਮਾ, ਸਾਬਕਾ ਕੌਂਸਲਰ ਸਰਬਜੀਤ ਕੌਰ, ਲਾਇਨ ਦਿਨੇਸ਼ ਖਰਬੰਦਾ, ਲਾਇਨ ਅਜੇ ਕੁਮਾਰ, ਲਾਇਨ ਸੁਮਿਤ ਭੰਡਾਰੀ, ਲਾਇਨ ਸੰਜੀਵ ਲਾਂਬਾ, ਲਾਇਨ ਸੰਜੇ ਤ੍ਰੇਹਨ, ਲਾਇਨ ਪਵਨ ਚਾਵਲਾ, ਚੰਦਰਮੋਹਨ ਸ਼ਰਮਾ ਪ੍ਰਧਾਨ ਹਿਊਮਨ ਰਾਈਟਸ ਕੌਂਸਲ ਸਪੋਰਟਸ ਸੈਲ ਫਗਵਾੜਾ ਅਤੇ ਹੋਰ ਪਤਵੰਤੇ ਸ਼ਾਮਲ ਸਨ। ਇਸ ਮੌਕੇ ਕੰਗ ਪਰਵਾਰ ਦੇ ਮੈਂਬਰ ਗੁਰਵਿੰਦਰ ਸਿੰਘ ਕੰਗ, ਕਮਲਜੀਤ ਕੌਰ ਕੰਗ, ਪ੍ਰਣਬ ਕੰਗ, ਮੋਨਿਕਾ ਕੰਗ, ਅਵਤਾਰ ਕੌਰ, ਕ੍ਰਿਸਕਾ, ਜੀਆ ਆਦਿ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ।



# ਡਿਪਟੀ ਕਮਿਸ਼ਨਰ ਵੱਲੋਂ ਸਮਾਰਟ ਸਿਟੀ ਪ੍ਰਾਜੈਕਟਾਂ ਦਾ ਕੰਮ ਜੰਗੀ ਪੱਧਰ 'ਤੇ ਕਰਨ ਦੇ ਨਿਰਦੇਸ਼

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਸੁਲਤਾਨਪੁਰ ਲੋਧੀ ਸਮਾਰਟ ਸਿਟੀ ਦੇ ਪ੍ਰਾਜੈਕਟਾਂ ਦਾ ਕੰਮ ਜੰਗੀ ਪੱਧਰ 'ਤੇ ਕਰਨ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ 'ਗੁਰੂ ਨਗਰੀ ਦੇ ਵਿਕਾਸ ਕੰਮਾਂ ਵਿਚ ਬੇਲੋੜੀ ਦੇਰੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸੁਲਤਾਨਪੁਰ ਲੋਧੀ ਸ਼ਹਿਰ ਦਾ ਦੌਰਾ ਕਰਕੇ ਵਿਕਾਸ ਕੰਮਾਂ ਦਾ ਜਾਇਜ਼ਾ ਲੈਂਦੇ ਮੌਕੇ ਉਨ੍ਹਾਂ ਕਿਹਾ ਕਿ ਚੱਲ ਰਹੇ ਵਿਕਾਸ ਕੰਮਾਂ ਕਰਕੇ ਲੋਕਾਂ ਤੇ ਵਿਸ਼ੇਸ਼ ਕਰਕੇ ਸੰਗਤ ਨੂੰ ਜੋ ਪ੍ਰੇਸ਼ਾਨੀ ਆ ਰਹੀ ਹੈ ਉਸਨੂੰ ਦੂਰ ਕਰਨ ਲਈ ਵਿਕਾਸ ਕੰਮਾਂ ਦੀ ਉੱਚ ਅਧਿਕਾਰੀ ਖੁਦ ਨਿਗਰਾਨੀ ਕਰਨ ਤੇ ਹਫਤਾਵਾਰੀ ਰਿਪੋਰਟ ਪੇਸ਼ ਕਰਨ। ਉਨ੍ਹਾਂ ਸ਼ਹੀਦ ਊਧਮ ਸਿੰਘ ਚੌਂਕ, ਤਲਵੰਡੀ ਪੁਲ, ਬੱਸ ਅੱਡਾ ਤੇ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਨੂੰ ਜਾਂਦੀ ਸੜਕ 'ਤੇ ਚੱਲ ਰਹੇ ਕੰਮ ਦੀ ਸਮੀਖਿਆ ਕੀਤੀ। ਡਿਪਟੀ ਕਮਿਸ਼ਨਰ ਨੇ ਸਖ਼ਤ ਨਿਰਦੇਸ਼ ਦਿੱਤੇ ਕਿ ਸ਼ਹਿਰ ਵਿਚ ਜਿਸ ਵੀ ਖੇਤਰ ਵਿਚ ਕੰਮ ਮੁਕੰਮਲ ਹੁੰਦਾ ਹੈ, ਉੱਥੇ ਸੜਕਾਂ ਬਣਾਉਣ ਦਾ ਕੰਮ ਵੀ ਨਾਲੋ- ਨਾਲ ਹੀ ਮੁਕੰਮਲ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਦਿੱਕਤ ਪੇਸ਼ ਨਾ ਆਵੇ। ਪੰਚਾਲ ਨੇ ਦੱਸਿਆ ਕਿ ਸ਼ਹਿਰ ਵਿਚ ਪੀਣ ਵਾਲੇ ਪਾਣੀ ਦੀ ਸਪਲਾਈ ਲਈ ਲਗਭਗ 3500 ਕੁਨੈਕਸ਼ਨ ਦਿੱਤੇ ਜਾ ਰਹੇ ਹਨ, ਜਿਸ ਲਈ 28 ਕਿਲੋਮੀਟਰ ਲੰਬੀ ਪਾਇਪ ਲਾਇਨ ਵਿਛਾਈ ਗਈ ਹੈ। ਇਸ ਤੋਂ ਇਲਾਵਾ 1.4 ਕਿਲੋਮੀਟਰ ਲੰਬੀ ਸੀਵਰ ਲਾਇਨ ਪਾਉਣ ਦਾ ਕੰਮ ਮੁਕੰਮਲ ਹੋ ਗਿਆ ਹੈ। ਗੰਦੇ ਪਾਣੀ ਦੀ ਸਫਾਈ ਲਈ 1 ਐਮ.ਐਲ.ਡੀ. ਦੀ ਸਮਰੱਥਾ ਵਾਲਾ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਟ੍ਰਾਇਲ ਰਨ ਮੁਕੰਮਲ ਹੋ ਗਿਆ ਹੈ, ਜਿਸਨੂੰ ਜਲਦ ਚਾਲੂ ਕੀਤਾ ਜਾਵੇਗਾ। ਸੀਵਰੇਜ ਬੋਰਡ ਦੇ ਅਧਿਕਾਰੀਆਂ ਇਹ ਵੀ ਦੱਸਿਆ ਕਿ ਸ਼ਹਿਰ ਵਿਚ ਮੀਂਹ ਕਾਰਨ ਪਾਣੀ ਖੜਨ ਦੀ ਸਮੱਸਿਆ ਦੇ ਹੱਲ ਲਈ 18.5 ਕਿਲੋਮੀਟਰ ਲੰਬਾ ਸਟਰਮ ਸੀਵਰ ਵਿਛਾ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਸਮਾਰਟ ਸਿਟੀ ਤਹਿਤ ਗਰਲਜ਼ ਸਕੂਲ ਦਾ ਕੰਮ ਲਗਭਗ ਮੁਕੰਮਲ ਹੋ ਗਿਆ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਨੀਤ ਕੌਰ ਬੱਲ, ਐਸ.ਡੀ.ਐਮ ਅਲਕਾ ਕਾਲੀਆ ਤੇ ਹੋਰ ਅਧਿਕਾਰੀ ਹਾਜ਼ਰ ਸਨ।



# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਲੋਕ ਅਦਾਲਤ ਹੁਣ 24 ਨੂੰ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**— ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਕ ਸ੍ਰੀ ਨਿਰਭਉ ਸਿੰਘ ਗਿੱਲ ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਵੱਲੋਂ 24 ਮਈ ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਜੁਡੀਸ਼ੀਅਲ ਅਦਾਲਤਾਂ ਜਲੰਧਰ, ਨਕੋਦਰ ਅਤੇ ਫਿਲੌਰ ਵਿੱਚ ਲੰਬਿਤ ਸਿਵਲ ਅਤੇ ਫੌਜਦਾਰੀ ਦੇ ਸਮਝੌਤਾ ਹੋ ਸਕਣ ਵਾਲੇ ਕੇਸਾਂ ਅਤੇ ਹੋਰ ਸੰਸਥਾਵਾਂ ਜਿਵੇਂ ਬੈਂਕਾਂ, ਬਿਜਲੀ ਵਿਭਾਗ, ਵਿਤੀ ਸੰਸਥਾਨਾਂ ਦੇ ਪ੍ਰੀਲਿਟੀਗੇਟਿਵ ਕੇਸਾਂ ਦਾ ਫੈਸਲਾ ਰਾਜੀਨਾਮੇ ਰਾਹੀਂ ਕਰਵਾਉਣ ਲਈ ਕੀਤਾ ਜਾਵੇਗਾ। ਰਾਸ਼ਟਰੀ ਲੋਕ ਅਦਾਲਤ, ਜੋ ਕਿ ਪਹਿਲਾਂ 10 ਮਈ, 2025 ਨੂੰ ਹੋਣੀ ਨਿਸ਼ਚਿਤ ਕੀਤੀ ਗਈ ਸੀ, ਨੂੰ ਮੁਲਤਵੀ ਕਰ ਦਿੱਤਾ ਗਿਆ ਸੀ ਅਤੇ ਹੁਣ ਇਹ 24 ਮਈ, 2025 ਨੂੰ ਆਯੋਜਿਤ ਕੀਤੀ ਜਾਵੇਗੀ। ਨਿਰਭਉ ਸਿੰਘ ਗਿੱਲ ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਨੇ ਦੱਸਿਆ ਕਿ ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਦੇ ਖਿਲਾਫ ਕਿਤੇ ਵੀ ਅਪੀਲ ਨਹੀਂ ਕੀਤੀ ਜਾ ਸਕਦੀ। ਰਾਹੁਲ ਕੁਮਾਰ ਆਜ਼ਾਦ, ਸੀ.ਜੇ.ਐਮ. ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵੱਲੋਂ ਬੈਂਕ ਅਧਿਕਾਰੀਆਂ, ਬੀਮਾ ਕੰਪਨੀਆਂ ਦੇ ਅਧਿਕਾਰੀਆਂ ਨਾਲ ਵਿਕਲਪੀ ਝਗੜਾ ਨਿਵਾਰਣ ਕੇਂਦਰ ਜ਼ਿਲ੍ਹਾ ਕਚਿਹਰੀਆਂ ਜਲੰਧਰ ਵਿਖੇ ਮੀਟਿੰਗਾਂ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਬੈਂਕ ਅਧਿਕਾਰੀਆਂ, ਮੋਬਾਇਲ ਕੰਪਨੀ ਦੇ ਅਧਿਕਾਰੀਆਂ ਅਤੇ ਬੀਮਾ ਕੰਪਨੀ ਦੇ ਅਧਿਕਾਰੀਆਂ ਨੂੰ ਆਖਿਆ ਕਿ ਉਹ ਵੱਖ-ਵੱਖ ਕੋਰਟਾਂ ਵਿੱਚ ਚਲਦੇ ਕੇਸਾਂ ਵਿੱਚ ਸੰਬੰਧਤ ਧਿਰਾਂ ਨਾਲ ਰਾਜੀਨਾਮੇ ਰਾਹੀਂ ਇਸ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਫੈਸਲੇ ਕਰਵਾਉਣ ਅਤੇ ਅਜਿਹੇ ਪ੍ਰੀ-ਲਿਟੀਗੇਟਿਵ ਕੇਸ ਜਿਹੜੇ ਅਜੇ ਅਦਾਲਤਾਂ ਵਿੱਚ ਦਾਇਰ ਨਹੀਂ ਹੋਏ ਹਨ, ਉਨ੍ਹਾਂ ਕੇਸਾਂ ਦਾ ਵੀ ਰਾਜੀਨਾਮਾ ਰਾਹੀਂ ਨਿਪਟਾਰਾ ਕਰਵਾਉਣ ਲਈ ਕੇਸ ਉਨ੍ਹਾਂ ਨੂੰ ਭੇਜਣ ਤਾਂ ਜੋ ਅਜਿਹੇ ਕੇਸਾਂ ਦਾ ਨਿਪਟਾਰਾ ਵੀ 24 ਮਈ ਦੀ ਲੋਕ ਅਦਾਲਤ ਵਿੱਚ ਕੀਤਾ ਜਾ ਸਕੇ। ਜਿਨ੍ਹਾਂ ਕੇਸਾਂ ਵਿੱਚ 10 ਮਈ ਨੂੰ ਮੁਲਤਵੀ ਹੋਈ ਲੋਕ ਅਦਾਲਤ ਤੋਂ ਬਾਅਦ ਆਪਣੇ ਕੇਸ ਦਾ ਨਿਪਟਾਰਾ ਕਰਾਉਣ ਲਈ ਮਿਤੀ 17 ਮਈ ਦੀ ਤਾਰੀਕ ਦੇ ਸੰਮਨ ਜਾਰੀ ਹੋਏ ਹਨ ਉਨ੍ਹਾਂ ਨੂੰ ਵੀ ਬੇਨਤੀ ਹੈ ਕਿ ਉਹ ਆਪਣੇ ਕੇਸ ਦਾ ਨਿਪਟਾਰਾ ਲੋਕ ਅਦਾਲਤ ਰਾਹੀਂ ਕਰਾਉਣ ਲਈ ਮਿਤੀ 24 ਮਈ ਨੂੰ ਹਾਜ਼ਰ ਆਉਣ। ਰਾਸ਼ਟਰੀ ਲੋਕ ਅਦਾਲਤ ਲਈ ਸਥਾਨ ਅਤੇ ਸਮਾਂ ਪਹਿਲਾਂ ਵਾਲਾ ਹੀ ਰਹੇਗਾ।

# ਅੱਗ ਦੇ ਕਹਿਰ ਨਾਲ 215 ਦੇ ਕਰੀਬ ਤੂੜੀ ਦੇ ਟਰਾਲੇ ਤੇ ਹੋਰ ਸਮਾਨ ਸੜਿਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਬੀਤੀ ਸ਼ਾਮ ਤੇਜ ਚੱਲ ਰਹੇ ਝੱਖੜ ਨਾਲ ਖੇਤਾਂ ਵਿਚ ਕਿਸੇ ਵੱਲੋਂ ਲਗਾਈ ਅੱਗ ਨੇ ਭਿਆਨਕ ਰੂਪ ਧਾਰਦੇ ਹੋਏ ਪਿੰਡ ਚੇਲਾ ਵਿਚ ਭਾਰਤੀ ਕਿਸਾਨ ਯੂਨੀਅਨ ਦੇ ਸਰਕਲ ਪ੍ਰਧਾਨ ਦੇ ਜਸਵੀਰ ਸਿੰਘ ਚੇਲਾ ਦੇ ਘਰ ਸੈਂਡ ਵਿਚ ਭਿਆਨਕ ਅੱਗ ਲੱਗ ਗਈ, ਜਿਸ ਨਾਲ 150 ਦੇ ਕਰੀਬ ਤੂੜੀ ਦੇ ਟਰਾਲੇ ਸੜ ਗਏ, ਜਦਕਿ ਅੰਦਰ ਖੜੀਆਂ 2 ਕੰਬਾਈਨਾਂ, ਰੀਪਰ, ਸੁਪਰ ਸੀਡਰ, ਰੂਟਾ ਵੇਟਰ ਆਦਿ ਵੀ ਅੱਗ ਨਾਲ ਨੁਕਸਾਨੇ ਗਏ । ਇਸੇ ਤਰ੍ਹਾਂ ਇਸ ਪਿੰਡ ਦੇ ਸਤਨਾਮ ਸਿੰਘ ਚੇਲਾ ਦੇ 20 ਦੇ ਕਰੀਬ ਤੂੜੀ ਦੇ ਟਰਾਲੇ ਵੀ ਸੜ ਗਏ, ਦੇਰ ਰਾਤ ਮਸਾਂ ਅੱਗ 'ਤੇ ਕਾਬੂ ਪਾਇਆ, ਸਵੇਰੇ ਵੀ ਲੱਗੀ ਅੱਗ ਨੂੰ ਬੁਝਾਉਣ ਫਾਇਰ ਬ੍ਰਿਗੇਡ ਦੀ ਗੱਡੀ ਆਈ ਹੋਈ ਸੀ, ਇਸੇ ਤਰ੍ਹਾਂ ਪਿੰਡ ਦਾਤਾ ਵਿਚ ਪ੍ਰਦੀਪ ਸਿੰਘ ਦੇ ਘਰ ਸ਼ੈਂਡ ਵਿਚ ਅੱਠ ਦੇ ਕਰੀਬ ਰੱਖੇ ਤੂੜੀ ਦੇ ਟਰਾਲੇ ਤੇ ਸ਼ੈਂਡ ਦੀ ਛੱਤ ਬੁਰੀ ਤਰਾਂ ਨੁਕਸਾਨੀ ਗਈ, ਪਿੰਡ ਦਾਤਾ ਵਿਚ ਰੋਪੜ ਤੋਂ ਆ ਕੇ ਰਹਿੰਦੇ ਬਖਵਿੰਦਰ ਸਿੰਘ ਦੇ ਖੇਤਾਂ ਵਿਚ 50 ਦੇ ਕਰੀਬ ਤੂੜੀ ਦੇ ਟਰਾਲੇ ਸੜ ਕੇ ਸਵਾਹ ਹੋ ਗਏ, ਦਾਤਾ ਦੇ ਲਹਿੰਬਰ ਸਿੰਘ ਦੇ ਘਰ ਦੇ ਨਾਲ ਕਮਰੇ ਵਿਚ 5 ਦੇ ਕਰੀਬ ਤੂੜੀ ਦੇ ਰੋਪੜ ਤੇ ਪੰਜ ਖਾਨੇ ਦਾ ਤੂੜੀ ਵਾਲਾ ਕਮਰਾ ਵੀ ਡਿੱਗ ਪਿਆ । ਇਸ ਅੱਗ ਉੱਪਰ ਕਾਬੂ ਪਾ ਕੇ ਮਸਾਂ ਆਸ-ਪਾਸ ਹੋਣ ਵਾਲੇ ਨੁਕਸਾਨ ਤੋਂ ਬਚਾਅ ਕੀਤਾ ।




# ਡਿਪਟੀ ਸਪੀਕਰ ਰੌੜੀ ਵੱਲੋਂ ਵਾਟਰ ਟਰੀਟਮੈਂਟ ਤੇ ਸੀਵਰੇਜ ਪ੍ਰੋਜੈਕਟਾਂ 'ਤੇ ਉੱਚ ਪੱਧਰੀ ਮੀਟਿੰਗ



**ਮਾਹਿਲਪੁਰ (ਸਫ਼ਰੀ)**— ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਰੈਸਟ ਹਾਊਸ ਵਿੱਚ ਇੱਕ ਮਹੱਤਵਪੂਰਨ ਮੀਟਿੰਗ ਦੀ ਅਗਵਾਈ ਕੀਤੀ ਗਈ, ਜਿਸ ਵਿੱਚ ਗੜ੍ਹਸ਼ੰਕਰ ਅਤੇ ਮਾਹਿਲਪੁਰ ਖੇਤਰਾਂ ਵਿੱਚ ਚੱਲ ਰਹੇ ਵਾਟਰ ਟਰੀਟਮੈਂਟ ਪਲਾਂਟਾਂ, ਵਾਟਰ ਸਪਲਾਈ ਲਾਈਨਾਂ ਅਤੇ ਸੀਵਰੇਜ ਪ੍ਰੋਜੈਕਟਾਂ ਦੀ ਤਾਜ਼ਾ ਤਰੀਨ ਸਥਿਤੀ ਬਾਰੇ ਚਰਚਾ ਕੀਤੀ ਗਈ।ਸੀਵਰੇਜ ਬੋਰਡ ਦੇ ਉੱਚ ਅਧਿਕਾਰੀਆਂ, ਨਿਗਰਾਨ ਇੰਜੀਨੀਅਰ, ਕਾਰਜਕਾਰੀ ਇੰਜੀਨੀਅਰ, ਐਸ.ਡੀ.ਓ. ਅਤੇ ਹੋਰ ਕਾਰਜ ਸਾਧਕ ਅਫਸਰਾਂ ਦੀ ਹਾਜ਼ਰੀ 'ਚ ਹੋਈ ਇਸ ਮੀਟਿੰਗ ਦੌਰਾਨ, ਡਿਪਟੀ ਸਪੀਕਰ ਨੇ ਹਰ ਪ੍ਰੋਜੈਕਟ ਦੀ ਪ੍ਰਗਤੀ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਨਤਕ ਪੈਸੇ ਨਾਲ ਚੱਲ ਰਹੇ ਪ੍ਰੋਜੈਕਟਾਂ 'ਚ ਪਾਰਦਰਸ਼ਿਤਾ ਅਤੇ ਤੇਜ਼ੀ ਲਿਆਉਣੀ ਜਰੂਰੀ ਹੈ ਤਾਂ ਜੋ ਲੋਕਾਂ ਨੂੰ ਸਮੇਂ ਸਿਰ ਲਾਭ ਮਿਲ ਸਕੇ।ਰੋੜੀ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਕਿ, 'ਸਰਕਾਰੀ ਯੋਜਨਾਵਾਂ ਦਾ ਮੁੱਖ ਉਦੇਸ਼ ਲੋਕਾਂ ਦੀ ਭਲਾਈ ਹੈ। ਜੇਕਰ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਜਾਂ ਢਿੱਲਮੁੱਲ ਵਿਵਹਾਰ ਸਾਹਮਣੇ ਆਇਆ, ਤਾਂ ਉਸ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ।' ਉਨ੍ਹਾਂ ਨੇ ਮੌਕੇ 'ਤੇ ਹੀ ਕੁਝ ਥਾਵਾਂ 'ਤੇ ਪਰੇਸ਼ਾਨੀ ਦੇ ਸੂਚਕ ਇਸ਼ਾਰੇ ਮਿਲਨ 'ਤੇ ਤੁਰੰਤ ਕਾਰਵਾਈ ਲਈ ਅਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਅਧਿਕਾਰੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣ ਦੀ ਅਪੀਲ ਕੀਤੀ।ਇਹ ਮੀਟਿੰਗ ਖੇਤਰੀ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ੀ ਦੇਣ ਅਤੇ ਆਮ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਪ੍ਰਗਟ ਕਦਮ ਸਾਬਤ ਹੋਈ।

# ਮਨਿੰਦਰ ਸਿੱਧੂ ਦੇ ਜੱਦੀ ਘਰ ਢੋਲ ਦੇ ਡੱਗੇ 'ਤੇ ਗਿੱਧਾ ਤੇ ਭੰਗੜਾ



**ਸ਼ਾਹਕੋਟ (ਗਿਆਨ ਸੈਦਪੁਰੀ)** 'ਮਨਿੰਦਰ ਸਿੱਧੂ ਦੇ ਕਨੇਡਾ ਵਿੱਚ ਮੰਤਰੀ ਬਣਨ ਨਾਲ ਜਿੱਥੇ ਮਲਸੀਆਂ ਤੇ ਸ਼ਾਹਕੋਟ ਦੇ ਲੋਕ ਖੁਸ਼ੀ ਵਿੱਚ ਖੀਵੇ ਹਨ, ਉੱਥੇ ਸਿਆਸੀ ਵਲਗਣਾਂ ਤੋੜ ਕੇ ਇਥੋਂ ਦੇ ਲੋਕਾਂ ਨੇ ਭਾਈਚਾਰਕ ਸਾਂਝ ਨੂੰ ਵੀ ਦਰਸਾਇਆ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਦੀਪਕ ਸ਼ਰਮਾ ਅਤੇ ਆੜ੍ਹਤੀਆ ਐਸੋਸੀਏਸ਼ਨ ਸ਼ਾਹਕੋਟ ਵੱਲੋਂ ਗੁਰਨਾਮ ਸਿੰਘ ਚੱਠਾ ਨੇ ਉਸ ਮੌਕੇ ਕੀਤਾ ਜਦੋਂ ਲੰਘੀ ਰਾਤ ਮਨਿੰਦਰ ਸਿੱਧੂ ਦੇ ਜੱਦੀ ਘਰ ਵਿੱਚ ਢੋਲ ਦੇ ਡੱਗੇ 'ਤੇ ਭੰਗੜੇ ਅਤੇ ਗਿੱਧੇ ਦੀ ਧਮਾਲ ਪਈ। ਕਸਬਾ ਮਲਸੀਆਂ ਦੀਆਂ ਜਾਣੀਆਂ ਪਛਾਣੀਆਂ ਸ਼ਖ਼ਸੀਅਤਾਂ ਪਰਮ ਸਿੱਧੂ ਤੇ ਰਾਣਾ ਸਿੱਧੂ ਦੇ ਭਤੀਜੇ ਅਤੇ ਨਰਿੰਦਰ ਸਿੱਧੂ ਦੇ ਪੁੱਤਰ ਮਨਿੰਦਰ ਸਿੱਧੂ ਦੇ ਘਰ ਲੱਡੂ ਵੰਡੇ ਗਏ। ਘਰ ਵਿੱਚ ਵਿਆਹ ਵਰਗਾ ਮਾਹੌਲ ਨਜਰ ਆਇਆ। ਮਹੱਤਵਪੂਰਨ ਗੱਲ ਇਹ ਵੀ ਰਹੀ ਕਿ ਇਸ ਮੌਕੇ ਇਕੱਤਰ ਲੋਕਾਂ ਵਿੱਚ ਸਿਆਸੀ, ਸਮਾਜੀ ਤੇ ਧਾਰਮਿਕ ਇੱਕਜੁੱਟਤਾ ਤੇ ਸਦਭਾਵਨਾ ਨੇ ਆਪਣਾ ਖੂਬਸੂਰਤ ਰੰਗ ਵਿਖਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਬੀਰ ਸਿੰਘ ਸਭਰਵਾਲ, ਡਾਕਟਰ ਨਰਿੰਦਰ ਸਿੰਘ ਬਾਂਸਲ, ਬਲਵਿੰਦਰ ਸਿੰਘ ਪੈਂਤੀ, ਸ਼ਿਵ ਕੁਮਾਰ ਲਾਡੀ, ਗੁਰਦੇਵ ਸਿੰਘ ਸਿੱਧੂ, ਮਾਸਟਰ ਗੁਰਚਰਨ ਸਿੰਘ ਚਾਹਲ, ਅਸ਼ਵਨੀ ਭੁੱਟੋ, ਨਿਰਮਲ ਸਿੰਘ ਸਰਾਭਾ, ਲਹਿੰਬਰ ਸਿੰਘ ਸਿੱਧੂ, ਜੰਗ ਬਹਾਦਰ ਸਿੰਘ, ਜਸਵੀਰ ਸਿੰਘ ਸੀਰਾ, ਮਨਪ੍ਰੀਤ ਸਿੰਘ ਮਨੀ, ਗੁਰਕਰਨ ਸਿੰਘ, ਜਗਦੀਸ਼ ਸਿੰਘ ਦੀਸ਼ਾ ਆਦਿ ਹਾਜਰ ਸਨ। ਸਿੱਧੂ ਪਰਵਾਰ ਦੇ ਮੈਂਬਰ ਬਲਵੰਤ ਮਲਸੀਆਂ ਨੇ ਘਰ ਵਿੱਚ ਚੱਲ ਰਹੀਆਂ ਖੁਸ਼ੀਆਂ ਵਿੱਚ ਵੀਡੀਓ ਫੋਨ ਰਾਹੀਂ ਸਾਂਝ ਪਾਈ।

# ਬਲਾਚੌਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

**ਬਲਾਚੌਰ (ਜਸਵਿੰਦਰ ਬੈਂਸ)**— ਪਿਛਲੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਦੇ ਨਤੀਜੇ ਦੌਰਾਨ ਬਲਾਚੌਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਹਰਮਨਿੰਦਰ ਕੌਰ ਨੇ ਦੱਸਿਆ ਕਿ ਸਾਇੰਸ ਗਰੁੱਪ ਵਿੱਚੋਂ ਮਹਿਕ ਸ਼ਰਮਾ ਨੇ 94.2 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਨਜ਼ਮ ਚੌਧਰੀ ਨੇ 90 ਫੀਸਦੀ ਨਾਲ ਦੂਜਾ ਸਥਾਨ, ਸਾਹਿਲ ਸ਼ਰਮਾ ਨੇ 89.6ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਜੈਸਮੀਨ ਕੌਰ 88.6ਫੀਸਦੀ, ਯਤਿਨ ਚੌਧਰੀ 88.2 ਫੀਸਦੀ, ਪੂਰਵਾ ਰਾਣੀ 87.8 ਫੀਸਦੀ, ਛਾਇਆਮਲ ਸੌ?ਰੀ 87.8 ਫੀਸਦੀ, ਹਰਪ੍ਰੀਤ ਕੌਰ 87.6 ਫੀਸਦੀ ਅਤੇ ਸਾਹਿਲ ਵੋਹਰਾ 86.2 ਫੀਸਦੀ ਅੰਕ ਪ੍ਰਾਪਤ ਕਰਕੇ ਚੰਗਾ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ ਹਿਊਮੈਨਿਟੀ ਗਰੁੱਪ ਵਿੱਚੋਂ ਗੀਤਿਕਾ ਚੌਧਰੀ ਨੇ 93.4 ਫੀਸਦੀ ਨਾਲ ਪਹਿਲਾ ਸਥਾਨ, ਡੌਲੀ ਨੇ 91.8 ਫੀਸਦੀ ਨਾਲ ਦੂਜਾ ਸਥਾਨ, ਜਸਲੀਨ ਕੌਰ ਨੇ 84.6 ਫੀਸਦੀ ਨਾਲ ਤੀਜਾ ਸਥਾਨ ਅਤੇ ਭੂਮਿਕਾ ਘਈ ਨੇ 84 ਫੀਸਦੀ ਨਾਲ ਚੌਥਾ ਸਥਾਨ ਪ੍ਰਾਪਤ ਕਰਕੇ ਆਪਣਾ, ਆਪਣੇ ਸਕੂਲ ਅਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ। ਪ੍ਰਿੰਸੀਪਲ ਹਰਮਨਿੰਦਰ ਕੌਰ ਅਤੇ ਚੇਅਰਮੈਨ ਐਚ ਪੀ ਸਿੰਘ ਨੇ ਜਿੱਥੇ ਸਮੁੱਚੇ ਬੱਚਿਆਂ ਨੂੰ ਵਧਾਈ ਦਿੱਤੀ ਉੱਥੇ ਭਵਿੱਖ ਲਈ ਵੀ ਸ਼ੁਭਕਾਮਨਾਵਾਂ ਭੇਂਟ ਕੀਤੀਆਂ।




# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਨਿਕਲੀ ਫੂਕ : ਚੁੰਬਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਨਕੋਦਰ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਨਿਕਲੀ ਫੂਕ ਸਰਕਾਰ ਨੇ ਕਰੋੜਾਂ ਰੁਪਏ ਮਸ਼ਹੂਰੀ ਤੇ ਖਰਚ ਦਿੱਤੇ ਪਰ ਜ਼ਮੀਨੀ ਹਕੀਕਤ ਵਿੱਚ ਕੋਈ ਫ਼ਰਕ ਨਜ਼ਰ ਨਹੀਂ ਆਉਂਦਾ ਜਿਥੇ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਵੱਡੀ ਪੱਧਰ ਤੇ ਕੰਮ ਕਰਨ ਦਾ ਦਾਅਵਾ ਕਰਦੀ ਏ ਉਥੇ ਹੀ ਮਜੀਠੇ ਵਿੱਚ ਇੱਕ ਦਿਨ ਵਿੱਚ ਹੀ 21 ਮੌਤਾਂ ਜ਼ਹਿਰੀਲੀ ਸ਼ਰਾਬ ਪੀਣ ਕਰਕੇ ਹੋਈਆਂ ਹਨ। ਗੈਰ ਕਾਨੂੰਨੀ ਢੰਗ ਨਾਲ ਵਿਕਣ ਵਾਲੇ ਇਸ ਨਸ਼ੇ ਜ਼ਹਿਰੀਲੀ ਸ਼ਰਾਬ ਨੇ ਗਰੀਬਾਂ, ਆਮ ਲੋਕਾਂ ਨੂੰ ਲਾਸ਼ਾਂ ਵਿੱਚ ਤਬਦੀਲ ਕਰ ਦਿੱਤਾ ਇਸ ਦੀ ਜ਼ਿਮੇਵਾਰ ਸਰਕਾਰ ਏ ਮੌਜੂਦਾ ਸਮੇਂ ਵਿੱਚ 3 ਮਹੀਨਿਆਂ ਵਿੱਚ ਨਸ਼ਾ ਖਤਮ ਕਰਨ ਦੇ ਵਾਅਦੇ ਕਰਨ ਵਾਲੇ ਕੇਜਰੀਵਾਲ-ਭਗਵੰਤ ਮਾਨ ਦੀ ਆਪ ਸਰਕਾਰ ਨੇ ਨਸ਼ੇ ਬੰਦ ਕਰਨ ਦੇ ਨਾਂਅ 'ਤੇ ਪੰਜਾਬ ਦੇ ਲੋਕਾਂ ਨੂੰ ਸਿਰਫ਼ ਝੂਠ ਹੀ ਪਰੋਸਿਆ।ਕਾਂਗਰਸ, ਭਾਜਪਾ ਹੋਵੇ ਜਾਂ ਆਪ ਸਰਕਾਰਾਂ, ਇਨ੍ਹਾਂ ਨੇ ਨਸ਼ਿਆਂ ਦੇ ਮੁੱਦੇ ਉੱਤੇ ਸਿਰਫ਼ ਸਿਆਸੀ ਰੋਟੀਆਂ ਹੀ ਸੇਕੀਆਂ ਹਨ। ਨਸ਼ੇ ਨਾਲ ਅਣਗਿਣਤ ਲੋਕ ਮਰ ਚੁਕੇ ਹਨ, ਘਰ ਪਰਿਵਾਰ ਉੱਜੜ ਚੁੱਕੇ ਹਨ, ਪਰ ਸੱਤਾ ਦਾ ਸੁਆਦ ਲੈਣ ਵਾਲਿਆਂ ਦੀ ਗੰਭੀਰਤਾ ਕਿਤੇ ਨਜ਼ਰ ਨਹੀਂ ਆਉਂਦੀ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਬਹੁਜਨ ਸਮਾਜ ਪਾਰਟੀ ਵੱਡੇ ਪੱਧਰ 'ਤੇ ਸਰਕਾਰ ਨੂੰ ਜਗਾਉਣ ਲਈ 22 ਮਈ ਨੂੰ ਸੜਕਾਂ 'ਤੇ ਉਤਰੇਗੀ ਭੈਣਾਂ ਦੇ ਘਰ ਬਚਾਉਣ ਲਈ ਮਾਵਾਂ ਦੇ ਪੁੱਤ ਬਚਾਉਣ ਬੱਚਿਆਂ ਦੇ ਭਵਿੱਖ ਬਚਾਉਣ ਲਈ ਸਰਕਾਰ ਨੂੰ ਆਪਣੀ ਜ਼ਿਮੇਵਾਰੀ ਦਾ ਅਹਿਸਾਸ ਕਰਾਉਣ ਪੰਜਾਬ ਸੰਭਾਲਣ ਲਈ ਬਹੁਜਨ ਸਮਾਜ ਪਾਰਟੀ ਦਾ ਸਾਥ ਦਿਓ ਆਪਣੇ ਘਰ ਬਚਾਉਣ ਤਾ ਕਿ ਕਿਸੇ ਦਾ ਘਰ ਨਾ ਉਜੜੇ।



# ਟਰਾਂਸਪੋਰਟ ਦੇ ਕੱਚੇ ਮੁਲਾਜ਼ਮ ਸਰਕਾਰ ਦੀ ਅਣਦੇਖੀ ਦੇ ਸ਼ਿਕਾਰ : ਰੇਸ਼ਮ ਸਿੰਘ ਗਿੱਲ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਪੰਜਾਬ ਰੋਡਵੇਜ਼ ਪਨਬਸ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵਲੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾ ਚੈਅਰਮੈਨ ਬਲਵਿੰਦਰ ਸਿੰਘ ਰਾਠ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਸੀਨੀ ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ ਨੇ ਦੱਸਿਆ ਕਿ ਸਮੇਂ ਸਮੇਂ 'ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਵਲੋਂ ਸੰਘਰਸ਼ ਕਰਕੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਦੱਸਿਆ ਜਾਂਦਾ ਹੈ ਪਰ ਸਰਕਾਰ ਵਲੋ ਹਰ ਸਮੇਂ ਮੰਗਾਂ ਮੰਨ ਕੇ ਅਫ਼ਸਰਸ਼ਾਹੀ ਵਲੋਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਜਾਂ ਫੇਰ ਟਾਲਮਟੋਲ ਕਰ ਦਿੱਤਾ ਜਾਂਦਾ ਹੈ ਅਤੇ ਮੰਗਾਂ ਜਿਉਂ ਦੀਆਂ ਤਿਉਂ ਹੀ ਰਹਿੰਦੀਆਂ ਹਨ ਪਰ ਜਦੋਂ ਵੀ ਪੰਜਾਬ ਜਾਂ ਭਾਰਤ ਉਪਰ ਕੋਈ ਸੰਕਟ ਦੀ ਘੜੀ ਆਉਂਦੀ ਹੈ ਜਿਸ ਵਿੱਚ ਭਾਵੇਂ ਦੰਗੇ,ਹੜ੍ਹ,ਕਰੋਨਾ ਜਾ ਫੇਰ ਹੁਣ ਜੰਗ ਦਾ ਮਾਹੌਲ ਹੋਵੇ ਪਨਬੱਸ ਅਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਨੂੰ ਫਰੰਟ ਲਾਈਨ 'ਤੇ ਵਰਤਿਆ ਜਾਂਦਾ ਹੈ ਅਤੇ ਮੁਲਾਜ਼ਮਾਂ ਵਲੋਂ ਵੀ ਸਹਿਯੋਗ ਕੀਤਾ ਜਾਂਦਾ ਹੈ ਪਰ ਸਰਕਾਰ ਵਲੋ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਣ ਤੇ ਵੀ ਕੱਚੇ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਜਾਂਦੀ ਕਰੋਨਾ ਵਿੱਚ ਐਂਬੂਲੈਂਸ ਚਲਾਉਣ ਵਾਲੇ ਸਾਥੀ ਦੀ ਮੌਤ ਹੋਣ 'ਤੇ ਵੀ ਮੁਲਾਜ਼ਮਾਂ ਨੂੰ ਕੁੱਝ ਵੀ ਨਹੀਂ ਦਿੱਤਾ ਗਿਆ ਪਰ ਫੇਰ ਵੀ ਪਨਬਸ ਅਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਇਸ ਮੁਸ਼ਕਿਲ ਘੜੀ ਵਿੱਚ ਦੇਸ਼ ਦੇ ਨਾਲ ਖੜੇ ਹਨ ਪੰਜਾਬ ਸਰਕਾਰ ਅਤੇ ਵਿਭਾਗ ਮੁਲਾਜ਼ਮਾਂ ਦੀ ਅਣਦੇਖੀ ਕਰਨੀ ਬੰਦ ਕਰੇ ।ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਬਰਾੜ,ਪ੍ਰਧਾਨ ਜਗਜੀਤ ਸਿੰਘ ਲਿਬੜਾ, ਗੁਰਪ੍ਰੀਤ ਸਿੰਘ ਪੰਨੂ ਨੇ ਕਿਹਾ ਕਿ ਜੰਗ ਦੇ ਮਾਹੌਲ ਕਾਰਨ ਮਿਤੀ 11 ਮਈ ਦੀ ਪ੍ਰੈਸ ਕਾਨਫਰੰਸ ਪੋਸਟਪੌਨ ਕੀਤੀ ਗਈ ਹੈ ਪ੍ਰੰਤੂ ਜੇਕਰ ਵਿਭਾਗ ਦੇ ਅਧਿਕਾਰੀਆਂ ਵਲੋਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਕੋਈ ਵੀ ਧੱਕੇਸ਼ਾਹੀ ਕੀਤੀ ਜਿਸ ਵਿੱਚ ਨਜਾਇਜ਼ ਆਊਟ ਸੋਰਸ ਭਰਤੀ ਜਾਂ ਕਿਲੋਮੀਟਰ ਸਕੀਮ ਬੱਸਾਂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤਰੁੰਤ ਸੰਘਰਸ਼ ਕੀਤਾ ਜਾਵੇਗਾ। ਜੇਕਰ 19 ਮਈ ਤੱਕ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਮਿਤੀ 20/21/22 ਮਈ ਨੂੰ ਤਿੰਨ ਰੋਜ਼ਾ ਹੜਤਾਲ ਕੀਤੀ ਜਾਵੇਗੀ ਅਤੇ 22 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ ਜੇਕਰ ਫੇਰ ਵੀ ਮੰਗਾਂ ਦਾ ਹੱਲ ਨਾ ਕੱਢਿਆ ਗਿਆ ਤਾਂ ਹੜਤਾਲ ਅਣਮਿੱਥੇ ਸਮੇਂ ਦੀ ਕਰਨ ਜਾ ਰੂਲਾਂ ਅਨੁਸਾਰ ਸਵਾਰੀਆਂ ਬੈਠਾਉਣ ਵਰਗੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ ਜਿਸ ਦੀ ਨਿੱਜੀ ਜੁੰਮੇਵਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਸਰਕਾਰ ਦੀ ਹੋਵੇਗੀ।

# ਗਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ 10+2 ਦਾ ਨਤੀਜਾ ਰਿਹਾ ਸ਼ਾਨਦਾਰ

**ਕਾਲਾ ਸੰਘਿਆਂ (ਮਨਜੀਤ ਮਾਨ)**— ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਸ਼੍ਰੇਣੀ ਦੇ ਐਲਾਨੇ ਗਏ ਨਤੀਜਿਆਂ ਵਿੱਚ ਗਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾ ਸੰਘਿਆਂ ਦੇ ਵਿੱਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਹੋਇਆਂ ਜ਼ਿਲ੍ਹਾ ਅਤੇ ਸਟੇਟ ਪੱਧਰ ਤੇ ਸਕੂਲ ਆਪਣੇ ਅਧਿਆਪਕਾਂ ਮਾਪਿਆਂ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਨੇ ਦਸਿਆ ਕਿ ਬਾਰ੍ਹਵੀਂ ਸ੍ਰੇਣੀ ਦੀ ਮੈਡੀਕਲ ਦੀ ਵਿਦਿਆਰਥਣ ਅੰਕਿਤਾ ਸ਼ਰਮਾ ਨੇ 97.20% ਅੰਕ ਹਾਸਿਲ ਕਰਕੇ ਸਟੇਟ ਮੈਰਿਟ ਵਿੱਚ ਸਥਾਨ ਪ੍ਰਾਪਤ ਕਰਨ ਦੇ ਨਾਲ ਨਾਲ ਜਿਲ੍ਹੇ ਦੇ ਸਮੂਹ ਸਰਕਾਰੀ ਸਕੂਲਾਂ ਵਿੱਚੋਂ ਪਹਿਲਾਂ ਸਥਾਨ ਹਾਸਲ ਕੀਤਾ ਹੈ। ਉਹਨਾਂ ਦਸਿਆ ਕਿ ਇਸ ਸਾਲ ਮਾਰਚ 2025 ਦੀ ਪ੍ਰੀਖਿਆ ਵਿੱਚ ਬਾਰ੍ਹਵੀਂ ਦੇ ਕੁੱਲ 172 ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਣ ਵਿੱਚ ਸਫਲ ਹੋਏ ਹਨ ।ਸਾਇੰਸ ਸਟ੍ਰੀਮ ਦੇ ਕੁੱਲ 38 ਵਿੱਦਿਆਰਥੀਆਂ ਵਿੱਚੋਂ 10 ਵਿਦਿਆਰਥੀ 95% ਤੋਂ ਉਪਰ ਅਤੇ 26 ਵਿਦਿਆਰਥੀ 90% ਤੋਂ ਵੱਧ ਅੰਕ ਲੈਣ ਵਿੱਚ ਸਫਲ ਹੋਏ। ਸਕੂਲ ਦੇ ਨਤੀਜੇ ਵਿੱਚ ਅੰਕਿਤਾ ਸ਼ਰਮਾ 97.2% ਨੰਬਰ ਲੈਕੇ ਪਹਿਲੇ ਦਰਜੇ , ਸਾਇਨਾ ਬਾਗੜੀ 96% ਅੰਕ ਲੈਕੇ ਦੂਜੇ ਅਤੇ ਮ੍ਰਿਦੁਲ ਝਾਅ 96.4%ਅੰਕ ਪ੍ਰਾਪਤ ਕਰਕੇ ਤੀਜੇ ਸਥਾਨ 'ਤੇ ਰਿਹਾ। ਇਸ ਮੌਕੇ ਸਵੇਰ ਦੀ ਸਭਾ ਦੌਰਾਨ ਕੀਤੇ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸਮੂਹ ਸਟਾਫ ਵਲੋਂ ਮੈਰਿਟ ਹੋਲਡਰ ਅੰਕਿਤਾ ਸ਼ਰਮਾ ਨੂੰ ਸਨਮਾਨ ਚਿੰਨ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਚਾਹਲ ਵੱਲੋਂ ਸਮੂਹ ਸਟਾਫ ਅਤੇ ਖਾਸ ਕਰਕੇ ਸਕੂਲ ਦੇ ਸਾਇੰਸ ਵਿਸ਼ੇ ਦੇ ਲੈਕਚਰਾਰ ਦਾ ਧੰਨਵਾਦ ਕਰਦਿਆਂ ਸਾਰੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਸਮੂਹ ਸਟਾਫ ਵੱਲੋਂ ਵੀ ਸਫਲ ਵਿੱਦਿਆਰਥੀਆਂ ਨੂੰ ਵਧਾਈ ਪੇਸ਼ ਕਰਦਿਆਂ ਹੋਇਆਂ ਉਹਨਾਂ ਦੇ ਉੱਜਲ ਭਵਿੱਖ ਲਈ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ।



# ਪੱਤਰਕਾਰ ਕੁਲਦੀਪ ਸ਼ਰਮਾ ਦੀ ਮਾਤਾ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)** ਪ੍ਰੈਸ ਕਲੱਬ ਨੂਰਪੁਰ ਬੇਦੀ ਦੇ ਜਨਰਲ ਸਕੱਤਰ ਕੁਲਦੀਪ ਸ਼ਰਮਾਦੇ ਮਾਤਾ ਕਾਂਤਾ ਦੇਵੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ ਸਨ । ਉਹਨਾਂ ਦਾ ਅੰਤਿਮ ਸਸਕਾਰ ਬਾਅਦ ਦੁਪਹਿਰ 2 ਵਜੇ ਪਿੰਡ ਕਲਮਾਂ ਦੀ ਸ਼ਮਸ਼ਾਨ ਘਾਟ ਵਿਚ ਕਰ ਦਿੱਤਾ ਗਿਆ। ਇਸ ਮੌਕੇ ਦਰਬਾਰਾ ਸਿੰਘ ਬਾਲਾ, ਬਾਬਾ ਦਿਲਬਾਗ ਸਿੰਘ ਹੀਰਪੁਰ, ਦੇਸ਼ ਰਾਜ ਸੈਨੀਮਾਜਰਾ, ਚਰਨ ਸਿੰਘ ਇੰਚਾਰਜ ਪੁਲਿਸ ਚੌਂਕੀ ਕਲਮਾਂ, ਹੁਸਨ ਚੰਦ ਚੌਹਾਨ, ਗੌਰਵ ਰਾਣਾ, ਕਮਲਜੀਤ ਰੋੜੂਆਂਣਾ, ਗੁਰਜੀਤ ਸਿੰਘ ਗੋਲਡੀ ਸਰਪੰਚ, ਜਥੇਦਾਰ ਮੋਹਨ ਸਿੰਘ ਡੂਮੇਵਾਲ਼, ਬਚਿੱਤਰ ਸਿੰਘ ਕਲਮਾਂ, ਰਿੰਕੂ ਐਲਗਰਾ, ਹਰਵਿੰਦਰ ਸਿੰਘ ਵਾਲੀਆ, ਨਰਿੰਦਰ ਕੁਮਾਰ ਬੱਗਾ ਅਤੇ ਪੱਤਰਕਾਰ ਭਾਈਚਾਰੇ ਨੇ ਮਾਤਾ ਕਾਂਤਾ ਦੇਵੀ ਨੂੰ ਸੇਜ਼ਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।



# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ



**ਸੁਲਤਾਨਪੁਰ ਲੋਧੀ (ਹਨੀ)** ਸੀ.ਬੀ.ਐਸ.ਈ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜੇ 'ਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਕੈਸਪ੍ਰੀਤ ਸਿੰਘ ਨੇ 90.8 ਫੀਸਦੀ ਅੰਕਾਂ ਨਾਲ ਪਹਿਲੇ, ਨਵਰਾਜ ਕੁਮਾਰ 87.4 ਫੀਸਦੀ ਅੰਕਾਂ ਨਾਲ ਦੂਜੇ ਅਤੇ ਜਸਲੀਨ ਕੌਰ ਨੇ 85.4 ਫੀਸਦੀ ਅੰਕਾਂ ਨਾਲ ਤੀਜੇ ਸਥਾਨ 'ਤੇ ਰਹੀ । ਇਸੇ ਤਰ੍ਹਾਂ ਕੁੰਵਰਨੂਰ ਸਿੰਘ 81.4 ਫੀਸਦੀ ਅੰਕਾਂ ਨਾਲ ਚੌਥੇ ਅਤੇ ਵਿਪਨਪ੍ਰੀਤ ਕੌਰ 80.4 ਫੀਸਦੀ ਅੰਕਾਂ ਨਾਲ ਪੰਜਵੇਂ ਸਥਾਨ 'ਤੇ ਰਹੀ । ਪ੍ਰਿੰਸੀਪਲ ਅਰੋੜਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਾਰੇ ਹੀ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਸਕੂਲ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਅਰੋੜਾ ਨੇ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ।

# ਸਰਕਾਰੀ ਸਕੂਲ ਰੱਤੇਵਾਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜੇ 'ਚ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੇਵਾਲ ਦੇ ਵਿਦਿਆਰਥੀਆਂ ਨੇ ਚੰਗੇ ਅੰਕ ਹਾਸਲ ਕਰਕੇ ਮੱਲਾਂ ਮਾਰੀਆਂ। ਸਕੂਲ ਪ੍ਰਿੰਸੀਪਲ ਜਸਜੀਤ ਸਿੰਘ ਨੇ ਦੱਸਿਆ ਕਿ ਸਕੂਲ ਦਾ ਬਾਰਵੀਂ ਜਮਾਤ ਦਾ ਸਾਇੰਸ, ਕਾਮਰਸ ਅਤੇ ਆਰਟਸ ਗਰੁੱਪ ਦਾ ਨਤੀਜਾ ਸ਼ਾਨਦਾਰ ਰਿਹਾ, ਉਹਨਾਂ ਦੱਸਿਆ ਕਿ ਸਾਇੰਸ ਗਰੁੱਪ ਵਿੱਚ ਵਿਦਿਆਰਥਣ ਪਾਰਵੀ ਨੇ 93.4 ਫੀਸਦੀ ਅੰਕ ਲੈ ਕੇ ਸਕੂਲ ਵਿੱਚ ਪਹਿਲਾ ਸਥਾਨ,ਮਮਤਾ ਰਾਣੀ ਨੇ 85.4 ਫੀਸਦੀ ਅੰਕ ਲੈ ਕੇ ਸਕੂਲ ਵਿੱਚ ਦੂਜਾ ਸਥਾਨ, ਡਿੰਪਲ ਨੇ 82.2 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕਾਮਰਸ ਗਰੁੱਪ ਦੇ ਨਤੀਜੇ ਵਿੱਚ ਭਾਸਕਰ ਨੇ 89.4 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ,ਤ੍ਰਿਸ਼ਾ ਚੌਧਰੀ ਨੇ 84.4 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਲਵਿਸ਼ਾ ਅਤੇ ਮਹਿਕ ਨੇ 80 ਫੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੋਰ ਤੇ ਤੀਜਾ ਸਥਾਨ ਹਾਸਿਲ ਕੀਤਾ। ਆਰਟਸ ਗਰੁੱਪ ਵਿੱਚ ਧੀਰਜ ਕੁਮਾਰ ਨੇ 84.4 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਕਾਮਨੀ ਨੇ 82.6 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਚਾਹਤ ਨੇ 81 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਪ੍ਰਿੰਸੀਪਲ ਜਸਜੀਤ ਸਿੰਘ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



# ਡਾ. ਮੋਨਿਕਾ ਬਣੇ ਪੀ ਯੂ ਰੀਜਨਲ ਸੈਂਟਰ ਲਾਅ ਵਿਭਾਗ ਦੇ ਪਹਿਲੇ ਪ੍ਰੋਫੈਸਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਾ. ਮੋਨਿਕਾ ਪੰਜਾਬ ਯੂਨੀਵਰਸਿਟੀ ਰੀਜਨਲ ਸੈਂਟਰ, ਹੁਸ਼ਿਆਰਪੁਰ ਦੇ ਕਾਨੂੰਨ ਵਿਭਾਗ ਦੇ ਪਹਿਲੇ ਪ੍ਰੋਫੈਸਰ ਬਣ ਗਏ ਹਨ। ਉਨ੍ਹਾਂ ਦੇ ਹੁਣ ਤੱਕ 81 ਰਿਸਰਚ ਪੇਪਰ ਪ੍ਰਕਾਸ਼ਿਤ ਹੋ ਚੁੱਕੇ ਹਨ ਅਤੇ ਉਹ 8 ਕਿਤਾਬਾਂ ਲਿਖ ਚੁੱਕੇ ਹਨ। ਇਸ ਤੋਂ ਇਲਾਵਾ, ਉਨ੍ਹਾਂ ਦੇ 8 ਅਧਿਆਇ ਵੀ ਸੰਪਾਦਿਤ ਪੁਸਤਕਾਂ ਵਿੱਚ ਛਪ ਚੁੱਕੇ ਹਨ। ਡਾ. ਮੋਨਿਕਾ ਨੇ ਆਪਣੇ ਹੁਣ ਤੱਕ ਦੇ ਅਕਾਦਮਿਕ ਕਰੀਅਰ ਦੌਰਾਨ 103 ਰਿਸਰਚ ਪੇਪਰ ਰਾਸ਼ਟਰੀ ਤੇ ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਪੇਸ਼ ਕੀਤੇ ਹਨ। ਉਨ੍ਹਾਂ ਕੋਲ ਅਧਿਆਪਨ ਦੇ ਖੇਤਰ ਵਿੱਚ 18 ਸਾਲ ਤੋਂ ਵੱਧ ਦਾ ਤਜਰਬਾ ਹੈ ਉਨ੍ਹਾਂ ਦੇ ਮਾਰਗਦਰਸ਼ਨ ਹੇਠ 3 ਵਿਦਿਆਰਥੀ ਪੀਐਚ.ਡੀ. ਕਰ ਚੁੱਕੇ ਹਨ ਜਦਕਿ 7 ਹੋਰ ਵਿਦਿਆਰਥੀ ਪੀਐਚ.ਡੀ. ਕਰ ਰਹੇ ਹਨ। ਡਾ. ਮੋਨਿਕਾ ਦੇ ਪ੍ਰੋਫੈਸਰ ਬਣਨ ਉੱਤੇ ਵਿਭਾਗ ਦੀ ਚੇਅਰਪਰਸਨ ਡਾ. ਪੂਜਾ ਸੂਦ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਡਾ. ਮਨੁ ਡੋਗਰਾ, ਡਾ. ਰਿਤੁ ਸਲਾਰੀਆ, ਡਾ. ਸੁਖਬੀਰ ਕੌਰ, ਵਿਕਰਮ ਚੌਹਾਨ, ਨੀਰੂ ਸਰਮਾ ਅਤੇ ਰੰਜਨਾ ਨੇ ਵੀ ਉਨ੍ਹਾਂ ਨੂੰ ਇਸ ਉਪਲਬਧੀ 'ਤੇ ਵਧਾਈ ਦਿੱਤੀ।

# ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਧਾਰਮਿਕ ਸਮਾਗਮ

**ਅਲਾਵਲਪੁਰ (ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਜੇਠ ਮਹੀਨੇ ਦੀ ਸੰਗਰਾਂਦ ਦਾ ਪੂਰਬ ਸੰਤ ਸੁਰਿੰਦਰ ਦਾਸ ਬਾਵਾ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਜੀ ਦੇ ਪਾਵਨ ਜਾਪ ਆਰਤੀ ਸਰਬੱਤ ਦੇ ਭਲੇ ਅਤੇ ਵਿਸ਼ਵ ਸ਼ਾਂਤੀ ਦੀ ਅਰਦਾਸ ਕੀਤੀ। ਸੰਤ ਸੁਰਿੰਦਰ ਦਾਸ ਬਾਵਾ ਨੇ ਪ੍ਰਵਚਨਾਂ ਰਾਹੀਂ ਜੇਠ ਦੇ ਮਹੀਨੇ ਦਾ ਸਤਸੰਗ ਅਤੇ ਵਿਸ਼ਵ ਭਰ ਵਿੱਚ ਰਵਿਦਾਸੀਆਂ ਧਰਮ ਦੇ ਪ੍ਰਚਾਰ ਪ੍ਰਸਾਰ ਤੇ ਚਾਨਣਾ ਪਾਇਆ । ਉਨ੍ਹਾਂ ਬੱਚਿਆਂ ਨੂੰ ਵੱਧ ਤੋਂ ਵੱਧ ਵਿਦਿਆ ਪੜ੍ਹਾਉਣ ਅਤੇ ਮਾਨਵਤਾ ਨਾਲ ਪਿਆਰ, ਨਸ਼ਿਆਂ ਦਾ ਤਿਆਗ, ਮਾਤਾ ਪਿਤਾ ਦੀ ਸੇਵਾ ,ਸੰਤਾਂ ਦੀ ਸੰਗਤ , ਬੇਗਮਪੂਰੇ ਵਤਨ ਦੀ ਸਥਾਪਨਾ ਲਈ ਸੰਵਿਧਾਨਿਕ ਹੱਕਾਂ 'ਤੇ ਪਹਿਰਾ ਦੇਣ ਦਾ ਉਪਦੇਸ਼ ਦਿੱਤਾ । ਉਨ੍ਹਾਂ ਕਿਹਾ ਕਿ ਵਿਸ਼ਵ ਭਰ ਵਿੱਚ ਰਵਿਦਾਸੀਆ ਧਰਮ ਦੇ ਪੈਰੋਕਾਰ ਅੰਮ੍ਰਿਤ ਬਾਣੀ ਨਾਲ ਆਪਣੇ ਸਮਾਜਿਕ ਅਤੇ ਧਾਰਮਿਕ ਰੀਤੀ ਰਿਵਾਜਾਂ ਕਰਕੇ ਆਜ਼ਾਦੀ ਦਾ ਅਨੁਭਵ ਕਰਦੇ ਹਨ। ਮੂਲ ਨਿਵਾਸੀ ਰਹਿਬਰਾਂ, ਸੰਤ ਮਹਾਂਪੁਰਸ਼ਾਂ ਸਮਾਜ ਸੁਧਾਰਕਾਂ ਦੀ ਵਿਚਾਰਧਾਰਾ ਨਾਲ ਛੇੜਛਾੜ ਅਤੇ ਦਲਿਤਾਂ ਤੇ ਅੱਤਿਆਚਾਰ ਅਤੇ ਈਵੀਐਮ ਬੰਦ ਹੋਣੇ ਚਾਹੀਦੇ ਹਨ। ਸ੍ਰੀ ਗੁਰੂ ਰਵਿਦਾਸ ਧਰਮ ਪ੍ਰਚਾਰ ਅਸਥਾਨ ਚਮਾਲਵਾੜਾ ਜੌਹਰ ਤੁਗਲਕਾਬਾਦ ਦਿੱਲੀ ਦੀ ਸਾਰੀ ਜਮੀਨ ਰਵਿਦਾਸੀਆ ਧਰਮ ਨੂੰ ਮਿਲਣੀ ਚਾਹੀਦੀ ਹੈ। ਵਿਸ਼ਵ ਭਰ ਵਿੱਚ ਜਗਤ ਗੁਰੂ ਰਵਿਦਾਸ ਜੀ ਦੇ ਪੈਰੋਕਾਰਾਂ ਦੀ ਮਹਾਨ ਵਿਰਾਸਤ ਹੈ। ਇਸ ਮੌਕੇ ਸੰਤ ਹਰਵਿੰਦਰ ਦਾਸ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ,ਬੰਗੜ ਬ੍ਰਦਰਸ ,ਭਾਈ ਤਜਿੰਦਰ ਸਿੰਘ, ਜੀਵਨ ਸੋਹਲ ,ਮਾਸਟਰ ਕਮਲ ਵਰਿਆਣਵੀ ਨੇ ਹਾਜ਼ਰੀ ਲਗਵਾਈ। ਸਟੇਜ ਸਕੱਤਰ ਦੀ ਸੇਵਾ ਸ਼੍ਰੀ ਸੁਖਵਿੰਦਰ ਗੋਲਡੀ ਨੇ ਬਖੂਬੀ ਨਿਭਾਈ। ਗੁਰੂ ਕਾ ਅੱਟੁਟ ਲੰਗਰ ਵਰਤਿਆ ਗਿਆ।



# ਮੇਲਾ ਹਰਦੋ ਸ਼ੇਖਾਂ ਦਾ 28 ਤੇ 29 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਰਹਿਮਤਾਂ ਦਾ ਦਰਬਾਰ ਤੇ ਸੂਫ਼ੀ ਦਰਗਾਹ ਅਸਤਾਨਾਂ ਔਲੀਆ ਹਜ਼ਰਤ ਸ਼ਾਹ ਬਾਬਾ ਮੁੱਲਾਹ ਬਦਰ ਸਾਹਿਬ ਦੇ ਸਾਲਾਨਾ ਉਰਸ ਤੇ ਵਿਸ਼ਾਲ ਜੋੜ ਮੇਲਾ 'ਮੇਲਾ ਹਰਦੋ ਸ਼ੇਖਾ ਦਾ' ਸੱਚਖੰਡ ਵਾਸੀ ਬਾਪੂ ਗੁਰਦੀਪ ਸਿੰਘ ਦੇ ਆਸ਼ੀਰਵਾਦ ਸਦਕਾ ਦਰਬਾਰ ਗੱਦੀ ਨਸ਼ੀਨ ਨਿਹਾਲ ਸਿੰਘ ਮਾਹਲ ਦੀ ਰਹਿਨੁਮਾਈ ਹੇਠ ਮਿਤੀ 28 ਤੇ 29 ਮਈ (ਬੁੱਧਵਾਰ ਤੇ ਵੀਰਵਾਰ) ਨੂੰ ਪਿੰਡ ਹਰਦੋ ਸ਼ੇਖਾਂ, ਨੇੜੇ ਸਗੀਂਹ ਸ਼ੰਕਰ (ਨੂਰਮਹਿਲ) ਜਲੰਧਰ ਵਿਖੇ ਅਥਾਹ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਸਿੱਧਮ ਦਵਾਖਾਨਾ ਤੇ ਆਸਟਰੋ ਰਿਸਰਚ ਸੈਂਟਰ ਦੇ ਸੰਚਾਲਕ, 'ਵਿਜੈ ਟਾਈਮਜ਼' ਪੇਪਰ ਦੇ ਸੰਪਾਦਕ ਤੇ ਦਰਬਾਰ ਮੇਲਾ ਪ੍ਰਬੰਧਕ ਡਾ. ਵਿਜੇ ਕੁਮਾਰ ਸਿੱਧਮ ਨੇ ਦੱਸਿਆ ਕਿ ਦੋ ਰੋਜ਼ਾ ਇਸ ਮੇਲੇ ਦੇ ਪਹਿਲੇ ਦਿਨ ਬੁੱਧਵਾਰ ਸ਼ਾਮ ਨੂੰ ਚਿਰਾਗ ਰੌਸ਼ਨ ਕੀਤੇ ਜਾਣਗੇ। ਠੀਕ ਸ਼ਾਮ 06 ਵਜੇ ਸੂਫ਼ੀ ਭੈਣਾਂ ਸਿੱਧਮ ਸਿਸਟਰਜ਼ ਵੱਲੋਂ ਮਹਿਫ਼ਲ-ਏ-ਕਵਾਲੀ ਦਾ ਆਰੰਭ ਹੋਵੇਗਾ। ਸ਼ਮੀ ਅਲੀ ਕਵਾਲ ਪਾਰਟੀ ਤੇ ਹੋਰਨਾਂ ਵੱਲੋਂ ਮਹਿਫ਼ਲ ਸਜਾਈ ਜਾਵੇਗੀ।ਮੇਲੇ ਦੇ ਦੂਸਰੇ ਦਿਨ 29 ਮਈ ਨੂੰ ਸਵੇਰੇ ਨਿਸ਼ਾਨ ਸਾਹਿਬ (ਝੰਡੇ ਦੀ ਰਸਮ) ਕੀਤੀ ਜਾਵੇਗੀ। ਫਿਰ ਸੂਫ਼ੀ ਦਰਗਾਹਾਂ 'ਤੇ ਚਾਦਰਾਂ ਚੜ੍ਹਾਈਆਂ ਜਾਣਗੀਆਂ। ਫਿਰ ਮਹਿਫ਼ਲ-ਏ-ਕਵਾਲੀ ਦਾ ਆਰੰਭ ਸਰਬਜੀਤ ਕਵਾਲ ਪਾਰਟੀ ਵੱਲੋਂ ਕੀਤਾ ਜਾਵੇਗਾ। ਫਿਰ ਗੁਰਸ਼ਾਨ ਐਂਡ ਪਾਰਟੀ ਵੱਲੋਂ ਮਹਿਫ਼ਲ ਸਜਾਈ ਜਾਵੇਗੀ। ਉਪਰੰਤ ਹੋਰ ਕਵਾਲ ਹਾਜ਼ਰੀ ਭਰਨਗੇ। ਮੇਲੇ ਦਾ ਲਾਇਵ ਟੈਲੀਕਾਸਟ 'ਲਾਈਵ ਪੰਜਾਬ 99' ਚੈਂਨਲ 'ਤੇ ਕੀਤਾ ਜਾਵੇਗਾ। ਦਰਬਾਰ ਗੱਦੀ ਨਸ਼ੀਨ ਨਿਹਾਲ ਸਿੰਘ ਮਾਹਲ ਤੇ ਡਾ. ਸਿੱਧਮ ਨੇ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸੰਗਤਾਂ ਨੂੰ ਮੇਲੇ ਦੀ ਵਧਾਈ ਦੇਣ ਦੇ ਨਾਲ ਨਾਲ ਗਾਇਕ-ਕਲਾਕਾਰਾਂ ਨੂੰ ਬੇਨਤੀ ਕੀਤੀ ਹੈ ਕਿ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਅੱਤਵਾਦੀਆਂ ਵੱਲੋਂ ਨਿਹੱਥੇ ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰਨ ਅਤੇ ਭਾਰਤ-ਪਾਕਿਸਤਾਨ ਵਿਚਲੇ ਤਨਾਅ ਨੂੰ ਦੇਖਦਿਆਂ ਗਾਇਕ, ਗਾਇਕਾਵਾਂ, ਕਲਾਕਾਰਾਂ ਦਾ ਸਟੇਜੀ ਪ੍ਰੋਗਰਾਮ ਭਾਵ ਵੱਡੇ ਪੰਡਾਲ ਵਿੱਚ ਲੱਗਦੇ ਸਟੇਜ਼ੀ ਪ੍ਰੋਗਰਾਮ ਨੂੰ ਰੱਦ (ਕੈਂਸਲ) ਕਰ ਦਿੱਤਾ ਗਿਆ ਹੈ। ਮੇਲੇ ਦੌਰਾਨ ਸਿਰਫ਼ ਤੇ ਸਿਰਫ਼ ਮਹਿਫ਼ਲ-ਏ-ਕਵਾਲੀ ਹੀ ਹੋਵੇਗੀ। ਮੇਲੇ ਦੇ ਦੋਵੇਂ ਦਿਨ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਬਾਬਾ ਜੀ ਦੇ ਲੰਗਰ ਦਾ ਭੰਡਾਰਾ ਅਤੁੱਟ ਵਰਤੇਗਾ।

# ਸੰਗਰੂਰ 'ਚ 22 ਦੇ ਸੂਬਾਈ ਮੁਜ਼ਾਹਰੇ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਬੰਗਾ (ਅਵਤਾਰ ਕਲੇਰ)** ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਦੱਸਿਆ ਕਿ ਬਸਤਰ ਅਤੇ ਹੋਰ ਆਦਿਵਾਸੀ ਇਲਾਕਿਆਂ ਅੰਦਰ ਨਕਸਲਵਾਦ ਨੂੰ ਖ਼ਤਮ ਕਰਨ ਦੇ ਨਾਂ ਹੇਠ ਕੀਤੇ ਜਾ ਰਹੇ ਵਹਿਸ਼ੀਆਨਾ ਕਤਲੇਆਮ ਵਿਰੁੱਧ ਆਵਾਜ਼ ਉਠਾਉਣ ਲਈ 22 ਮਈ ਨੂੰ ਪਰਲ ਪੈਲੇਸ ( ਨੇੜੇ ਬਰਨਾਲਾ ਕੈਂਚੀਆਂ ) ਸੰਗਰੂਰ ਵਿਖੇ ਸਵੇਰੇ 10 ਵਜੇ ਸੂਬਾਈ ਕਨਵੈਨਸ਼ਨ ਕਰਨ ਉਪਰੰਤ ਜ਼ੋਰਦਾਰ ਮੁਜ਼ਾਹਰਾ ਕੀਤਾ ਜਾਵੇਗਾ। ਸਮਾਗਮ ਦੇ ਮੁੱਖ ਵਕਤਾ ਜਮਹੂਰੀ ਹੱਕਾਂ ਦੀ ਪਹਿਰੇਦਾਰ ਨਾਮਵਰ ਸ਼ਖ਼ਸੀਅਤ ਡਾ. ਨਵਸ਼ਰਨ ਹੋਣਗੇ। ਆਗੂਆਂ ਨੇ ਕਿਹਾ ਕਿ ਮਾਓਵਾਦੀ ਅਤੇ ਹੋਰ ਹਥਿਆਰਬੰਦ ਲਹਿਰਾਂ ਦੇ ਰੂਪ 'ਚ ਭਾਰਤੀ ਸਟੇਟ ਨਾਲ ਹਥਿਆਰਬੰਦ ਟਕਰਾਅ ਨੰਗੇ ਅਨਿਆਂ ਅਤੇ ਘੋਰ ਨਾਬਰਾਬਰੀ 'ਤੇ ਆਧਾਰਤ ਮੌਜੂਦਾ ਰਾਜਨੀਤਕ ਪ੍ਰਬੰਧ ਦੀ ਲੋਕ ਵਿਰੋਧੀ ਕਾਰਗੁਜ਼ਾਰੀ ਦਾ ਨਤੀਜਾ ਹੈ। ਜਿਸ ਨੂੰ ਰਾਜਨੀਤਕ ਮਸਲੇ ਵਜੋਂ ਲੈ ਕੇ ਬੁਨਿਆਦੀ ਮਸਲਿਆਂ ਨੂੰ ਹੱਲ ਕਰਨ ਦੀ ਬਜਾਏ ਭਾਰਤੀ ਹੁਕਮਰਾਨ ਜੰਗਲੀ-ਪਹਾੜੀ ਇਲਾਕਿਆਂ ਨੂੰ ਸੁਰੱਖਿਆ ਬਲਾਂ ਦੀ ਵਿਆਪਕ ਛਾਉਣੀ ਬਣਾ ਕੇ ਅਤੇ 'ਓਪਰੇਸ਼ਨ ਕਗਾਰ' ਵਰਗੇ ਨੀਮ-ਫ਼ੌਜੀ ਓਪਰੇਸ਼ਨ ਚਲਾਕੇ ਸੰਘਰਸ਼ਸ਼ੀਲ ਦੱਬੇ ਕੁਚਲੇ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੀ ਨੀਤੀ 'ਤੇ ਚੱਲ ਰਹੇ ਹਨ। ਇਹ ਦਰਅਸਲ, ਕੁਦਰਤੀ ਵਸੀਲਿਆਂ ਨਾਲ ਭਰਪੂਰ ਜੰਗਲੀ-ਪਹਾੜੀ ਇਲਾਕਿਆਂ ਅਤੇ ਹੋਰ ਜ਼ਮੀਨਾਂ ਉੱਪਰ ਕਾਰਪੋਰੇਟ ਪ੍ਰੋਜੈਕਟ ਥੋਪਣ ਦੀ ਲੋਕ ਵਿਰੋਧੀ ਸਾਜ਼ਿਸ਼ ਹੈ ਅਤੇ ਇਸ 'ਵਿਕਾਸ' ਮਾਡਲ ਰਾਹੀਂ ਕਿਸਾਨਾਂ ਮਜ਼ਦੂਰਾਂ ਦੇ ਉਜਾੜੇ ਦਾ ਖ਼ਤਰਾ ਪੰਜਾਬ ਵਰਗੇ ਖੇਤਰਾਂ ਉੱਪਰ ਵੀ ਮੰਡਲਾ ਰਿਹਾ ਹੈ ਅਤੇ ਇੱਥੇ ਵੀ ਮਜ਼ਦੂਰਾਂ, ਕਿਸਾਨਾਂ ਨੂੰ 'ਵਿਕਾਸ' ਦੇ ਦਾਅਵੇ ਕਰਨ ਵਾਲੀ ਸਰਕਾਰ ਕੇ ਜਾਬਰ ਹਮਲੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਪੰਜਾਬ ਵਿਚ ਇਨ੍ਹਾਂ ਨੀਤੀਆਂ ਅਤੇ ਲੋਕ ਵਿਰੋਧੀ ਪ੍ਰੋਜੈਕਟਾਂ ਦੇ ਹਮਲੇ ਦੇ ਸਰੋਕਾਰ ਦੇ ਮੱਦੇਨਜ਼ਰ ਆਦਿਵਾਸੀਆਂ ਅਤੇ ਉਨ੍ਹਾਂ ਦੇ ਹਿੱਤਾਂ ਲਈ ਜੂਝਦੇ ਇਨਕਲਾਬੀਆਂ ਦੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਆਵਾਜ਼ ਦਾ ਉੱਠਣਾ ਸਮੇਂ ਦੀ ਅਹਿਮ ਮੰਗ ਹੈ। ਉਨ੍ਹਾਂ ਦੱਸਿਆ ਕਿ ਇਸ ਜਮਹੂਰੀ ਇਕੱਠ ਦੀ ਕਾਮਯਾਬੀ ਲਈ ਵੱਖ-ਵੱਖ ਇਲਾਕਿਆਂ ਵਿਚ ਬੁੱਧੀਜੀਵੀਆਂ, ਲੇਖਕਾਂ, ਕਲਾਕਾਰਾਂ, ਰੰਗਕਰਮੀਆਂ, ਵਕੀਲਾਂ, ਪੱਤਰਕਾਰਾਂ ਸਮੇਤ ਪੰਜਾਬ ਦੀਆਂ ਸਮੂਹ ਲੋਕਪੱਖੀ ਤਾਕਤਾਂ ਨਾਲ ਸੰਪਰਕ ਕਰਕੇ ਇਸ ਜਾਬਰ ਹਮਲੇ ਵਿਰੁੱਧ ਆਵਾਜ਼ ਉਠਾਉਣ ਅਤੇ ਸੂਬਾਈ ਇਕੱਠ ਨੂੰ ਕਾਮਯਾਬ ਕਰਨ ਸਰਗਰਮ ਮੁਹਿੰਮ ਚਲਾਈ ਜਾ ਰਹੀ ਹੈ।

# ਡੇਂਗੂ ਨੂੰ ਫੈਲਣ ਤੋਂ ਰੋਕਣ ਵਿਚ ਲੋਕਾਂ ਦੀ ਭਾਗੀਦਾਰੀ ਦੀ ਲੋੜ : ਡਾ. ਸਤਵਿੰਦਰਪਾਲ ਸਿੰਘ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਜ਼ਿਲ੍ਹੇ ਵਿੱਚ ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ ਮੈਗਾ ਮੁਹਿੰਮ ਤਹਿਤ ਡੇਂਗੂ ਦੇ ਪਸਾਰ ਨੂੰ ਰੋਕਣ ਲਈ ਪੂਰੀ ਤਰ੍ਹਾਂ ਨਾਲ ਚੌਕਸ ਹੈ।ਇਸੇ ਕੜੀ ਤਹਿਤ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨੇ ਸ਼ੁੱਕਰਵਾਰ ਨੂੰ ਨਵੀਂ ਆਬਾਦੀ, ਨਵਾਂਸ਼ਹਿਰ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਡੇਂਗੂ ਦੇ ਪ੍ਰਸਾਰ ਨੂੰ ਰੋਕਣ ਲਈ ਚਲਾਈ ਜਾ ਰਹੀ ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ ਮੁਹਿੰਮ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਖੁਦ ਆਪਣੀ ਸਮੁੱਚੀ ਸਿਹਤ ਟੀਮ ਸਮੇਤ ਕਾਲਜ ਦੀਆਂ ਵੱਖ-ਵੱਖ ਥਾਵਾਂ 'ਤੇ ਜਾ ਕੇ ਡੇਂਗੂ ਫੈਲਾਉਣ ਵਾਲੇ ਮੱਛਰ ਦੀ ਬ੍ਰੀਡਿੰਗ ਰੋਕਣ ਲਈ ਲਾਰਵਾ ਚੈੱਕ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੰਤਵ ਇਸ ਭਿਆਨਕ ਬਿਮਾਰੀ ਦੇ ਫੈਲਾਅ ਨੂੰ ਰੋਕ ਕੇ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣਾ ਹੈ। ਡਾ. ਸਿੰਘ ਨੇ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਡੇਂਗੂ ਇਕ ਵਾਇਰਲ ਬਿਮਾਰੀ ਹੈ ਜੋ ਕਿ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਇਹ ਮੱਛਰ ਦਿਨ ਵੇਲੇ ਕਟੱਦਾ ਹੈ ਅਤੇ ਇਹ ਰੁਕੇ ਹੋਏ ਸਾਫ ਪਾਣੀ ਵਿੱਚ ਹੀ ਪੈਦਾ ਹੁੰਦਾ ਹੈ। ਉਨ੍ਹਾਂ ਨੇ ਆਮ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਮੱਛਰਾਂ, ਜੋ ਸਿਰਫ ਇੱਕ ਹਫ਼ਤੇ ਵਿੱਚ ਅੰਡੇ ਤੋਂ ਵਿਕਸਿਤ ਹੋ ਸਕਦੇ ਹਨ, ਦੇ ਪ੍ਰਜਨਨ ਚੱਕਰ ਨੂੰ ਤੋੜਨ ਦੀ ਲੋੜ ਤੇ ਜੋਰ ਦਿੱਤਾ ਜਾਵੇ। ਇਸ ਲਈ ਉਹ ਆਪਣੇ ਘਰਾਂ, ਫਰਿੱਜਾਂ ਦੀਆਂ ਟਰੇਆਂ, ਕੂਲਰਾਂ, ਕੰਟੇਨਰਾਂ, ਗਮਲਿਆਂ, ਛੱਤਾਂ 'ਤੇ ਪਏ ਕਬਾੜ ਆਦਿ ਸਮੇਤ ਪਾਣੀ ਖੜ੍ਹਾ ਹੋਣ ਦੀ ਸੰਭਾਵਨਾ ਵਾਲੀਆਂ ਸਾਰੀਆਂ ਸੰਭਾਵਿਤ ਥਾਵਾਂ ਨੂੰ ਹਰੇਕ ਹਫਤੇ ਸਾਫ਼ ਕਰਕੇ ਸੁਕਾਉਣ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਾ ਹੋਣ ਕਾਰਨ ਮੱਛਰ ਦੇ ਪ੍ਰਜਣਨ ਵਿੱਚ ਹੁੰਦੇ ਵਾਧੇ ਨੂੰ ਰੋਕਣ ਦੀ ਸਖ਼ਤ ਲੋੜ ਹੈ। ਇਸ ਮੁਹਿੰਮ ਦਾ ਕੇਂਦਰ ਜ਼ਿਲ੍ਹੇ ਨੂੰ ਮੱਛਰਾਂ ਤੋਂ ਮੁਕਤ ਕਰਨ 'ਤੇ ਕੇਂਦਰਿਤ ਹੈ ਤਾਂ ਜੋ ਡੇਂਗੂ ਆਪਣੇ ਪੈਰ ਨਾ ਪਸਾਰ ਸਕੇ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਨ ਕਾਰਨ ਪੈਦਾ ਹੋਈਆਂ ਬਿਮਾਰੀਆਂ 'ਤੇ ਕਾਬੂ ਪਾਉਣਾ ਸਾਡਾ ਸਾਰਿਆਂ ਦਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਨੇ ਕਿਹਾ ਕਿ ਜਾਗਰੂਕਤਾ ਹੀ ਇਸ ਬਿਮਾਰੀ ਉਤੇ ਕਾਬੂ ਪਾਉਣ ਦੀ ਕੁੰਜੀ ਹੈ। ਉਨ੍ਹਾਂ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਡੇਂਗੂ ਵਿਰੁੱਧ ਮੁਹਿੰਮ ਵਿੱਚ ਸਿਹਤ ਵਿਭਾਗ ਦਾ ਸਾਥ ਦੇਣ।



# ਤੱਗੜ ਵਡਾਲਾ ਵਿਖੇ 21ਵਾਂ ਸਾਲਾਨਾ ਸੱਭਿਆਚਾਰਕ ਮੇਲਾ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)** ਪਿੰਡ ਤੱਗੜ ਵਡਾਲਾ ਵਿਖੇ ਸਥਿਤ ਸਾਈ ਮਹਿਤਾਬ ਸ਼ਾਹ ਜੀ ਦੀ ਦਰਗਾਹ 'ਤੇ 21ਵਾਂ ਸਾਲਾਨਾ ਸੱਭਿਆਚਾਰਕ ਮੇਲਾ ਸ਼ਰਧਾ ਨਾਲ ਕਰਵਾਇਆ ਗਿਆ । ਮੁੱਖ ਸੇਵਾਦਾਰ ਰਣਜੀਤ ਸਿੰਘ ਤੱਗੜ ਕਨੇਡਾ ਦੀ ਦੇਖ ਰੇਖ ਹੇਠ ਕਰਵਾਏ ਇਸ ਮੇਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਸੇਵਾਦਾਰ ਪ੍ਰਧਾਨ ਮੱਖਣ ਸਿੰਘ , ਸੰਤ ਹਰਦਿਆਲ ਸਿੰਘ, ਗੁਰਦੇਵ ਸਿੰਘ ਤੱਗੜ, ਬਲਵੀਰ ਸਿੰਘ ਪੱਤੜ, ਅਮਰਜੀਤ ਸਿੰਘ ਥਿਆੜਾ, ਨੰਬਰਦਾਰ ਭੁਪਿੰਦਰ ਸਿੰਘ, ਸਰਪੰਚ ਹਰਜਿੰਦਰ ਸਿੰਘ ਤੱਗੜ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ ਨਗਰ ਤੇ ਇਲਾਕੇ ਦੀਆਂ ਸੰਗਤਾਂ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸੱਭਿਆਚਾਰਕ ਮੇਲੇ ਵਿੱਚ ਸਭ ਤੋਂ ਪਹਿਲਾਂ ਪੀਰਾਂ ਦੇ ਅਸਥਾਨ 'ਤੇ ਚਾਦਰ ਤੇ ਝੰਡੇ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਸੱਭਿਆਚਾਰਕ ਮੇਲੇ ਵਿੱਚ ਸੂਫੀ ਗਾਇਕ ਕਲਾਕਾਰ ਸਰਦਾਰ ਅਲੀ, ਦੋਗਾਣਾ ਜੋੜੀ ਆਤਮਾ ਸਿੰਘ ਤੇ ਐਸ ਕੌਰ, ਜੂਵੀ ਬਰਾੜ, ਅਮਾਨ ਅਲੀ ਖਾਨ ਤੇ ਹੋਰ ਕਲਾਕਾਰ ਨੇ ਪਹੁੰਚ ਕੇ ਪੀਰਾ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਸਾਬਕਾ ਸਰਪੰਚ ਹਰਵਿੰਦਰ ਸਿੰਘ, ਮੱਖਣ ਸਿੰਘ ਸੀਕਰੀ, ਚੰਚਲ ਸਿੰਘ, ਰਾਮ ਕਿਸਨ, ਮੋਨੂ, ਸੰਤੋਖ ਸਿੰਘ, ਕਾਕਾ ਤੱਗੜ ਅਤੇ ਹੋਰ ਸੰਗਤਾਂ ਹਾਜਰ ਸਨ।



## ਤਰਕਸ਼ੀਲ ਸੁਸਾਇਟੀ ਪੰਜਾਬ ਮਾਝਾ ਜ਼ੋਨ ਵੱਲੋਂ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਤਰਕਸ਼ੀਲ ਸੁਸਾਇਟੀ ਪੰਜਾਬ ਮਾਝਾ ਜ਼ੋਨ ਦੀ ਦੋ ਮਾਸਿਕ ਮੀਟਿੰਗ ਜ਼ੋਨ ਮੀਡੀਆ ਮੁਖੀ ਰਜਵੰਤ ਬਾਗੜੀਆਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ੋਨ ਦੀਆਂ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਧਾਰੀਵਾਲ ਭੋਜਾ, ਗੋਪਾਲਪੁਰ, ਖਲਚੀਆਂ, ਜੰਡਿਆਲਾ ਆਦਿ ਇਕਾਈਆਂ ਦੇ ਅਹੁਦੇਦਾਰਾਂ ਨੇ ਭਾਗ ਲਿਆ। ਇਸ ਮੌਕੇ ਜ਼ੋਨ ਜਥੇਬੰਦਕ ਮੁਖੀ ਸੁਮੀਤ ਸਿੰਘ ਧਾਰੀਵਾਲ ਭੋਜਾ, ਮੁਖਤਾਰ ਗੋਪਾਲਪੁਰ, ਰਜਵੰਤ ਬਾਗੜੀਆਂ, ਰਣਜੀਤ ਕੌਰ ਗੱਗੋਮਾਹਲ, ਸੁਮੀਤ ਸਿੰਘ ਅੰਮ੍ਰਿਤਸਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ 2025 ਵਿੱਚ ਲਈ ਜਾਣ ਵਾਲੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 29 ਅਤੇ 31 ਅਗਸਤ ਨੂੰ ਪੰਜਾਬ ਭਰ ਵਿੱਚ ਕਰਵਾਈ ਜਾ ਰਹੀ ਹੈ। ਇਸ ਪ੍ਰੀਖਿਆ ਦਾ ਮਕਸਦ ਵਿਦਿਆਰਥੀਆਂ ਨੂੰ ਕਿਤਾਬਾਂ ਸੰਗ ਲਾਉਣਾ, ਉਨ੍ਹਾਂ ਦਾ ਬੌਧਿਕ ਪੱਧਰ ਉੱਚਾ ਕਰਨਾ, ਅੰਧਵਿਸ਼ਵਾਸ ਵਿੱਚੋਂ ਕੱਢ ਕੇ ਵਿਗਿਆਨਕ ਸੋਚ ਦੇ ਧਾਰਨੀ ਬਣਾਉਣਾ ਹੈ। ਉਨ੍ਹਾਂ ਨੇ ਤਰਕਸ਼ੀਲ ਮੈਂਬਰਾਂ ਨੂੰ ਵੱਧ ਤੋਂ ਵੱਧ ਸਕੂਲਾਂ ਨਾਲ ਰਾਬਤਾ ਕਾਇਮ ਕਰਨ ਲਈ ਕਿਹਾ ਤਾਂ ਜੋ ਪ੍ਰੀਖਿਆਰਥੀਆਂ ਦੀ ਗਿਣਤੀ ਵਧਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਤਰਕਸ਼ੀਲ ਸਾਹਿਤ ਵੈਨ ਵੀ ਇਸ ਸਾਲ ਨਵੰਬਰ ਮਹੀਨੇ ਵਿੱਚ ਮਾਝੇ ਏਰੀਏ ਵਿੱਚ ਆਵੇਗੀ। ਮੀਟਿੰਗ ਦੌਰਾਨ ਤਰਕਸ਼ੀਲਾਂ ਦੀਆਂ ਪਰਿਵਾਰਕ ਮਿਲਣੀਆਂ ਕਰਵਾਉਣ, ਤਰਕਸ਼ੀਲ ਮੈਗਜ਼ੀਨ ਦੀ ਗਿਣਤੀ ਵਧਾਉਣ ਦਾ ਫੈਸਲਾ ਵੀ ਕੀਤਾ ਗਿਆ। ਇਸ ਮੌਕੇ ਤਰਕਸ਼ੀਲ ਸੁਸਾਇਟੀ ਦਾ ਬੁਲਾਰਾ ਤਰਕਸ਼ੀਲ ਮੈਗਜ਼ੀਨ ਮਈ-ਜੂਨ ਦਾ ਅੰਕ ਵੀ ਜਾਰੀ ਕੀਤਾ। ਮੀਟਿੰਗ ਵਿੱਚ ਵੱਖ-ਵੱਖ ਮੁੱਦਿਆਂ 'ਤੇ ਮਾਸਟਰ ਤਸਵੀਰ ਸਿੰਘ, ਜਸਪਾਲ ਬਾਸਰਕੇ, ਹਰਦੀਪ ਖਲਚੀਆਂ, ਕੈਪਟਨ ਮਾਨਾਂਵਾਲਾ, ਪ੍ਰਿੰਸੀਪਲ ਮੇਲਾ ਰਾਮ, ਕਸ਼ਮੀਰ ਕਾਦੀਆਂ, ਸੁੱਚਾ ਸਿੰਘ ਪਸਨਾਵਾਲ ਆਦਿ ਤਰਕਸ਼ੀਲ ਆਗੂਆਂ ਨੇ ਭਾਗ ਲਿਆ।

## ਮੌਜਪੁਰ 'ਚ ਪੁਲਸ ਵੱਲੋਂ ਹਜ਼ਾਰਾਂ ਲੀਟਰ ਲਾਹਣ ਤਬਾਹ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਸ਼ਰਾਬ ਦੇ ਕਾਰੋਬਾਰ ਵਜੋਂ ਬਦਨਾਮ ਦਰਿਆ ਬਿਆਸ ਕੰਢੇ ਵੱਸਦੇ ਪਿੰਡ ਮੌਜਪੁਰ ਕਠਾਣਾ ਆਦਿ ਵਿੱਚ ਪੁਲਸ ਵੱਲੋਂ ਇੱਕ ਵੱਡੀ ਛਾਪੇਮਾਰੀ ਕੀਤੀ ਗਈ ਜਿਸ ਦੌਰਾਨ ਸ਼ਰਾਬ ਦੇ ਤਸਕਰਾਂ ਨੂੰ ਭਾਜੜਾਂ ਪੈ ਗਈਆਂ ਅਤੇ ਉਨ੍ਹਾਂ ਵੱਲੋਂ ਬਣਾਈ ਜਾ ਰਹੀ ਹਜ਼ਾਰਾਂ ਲੀਟਰ ਕੱਚੀ ਸ਼ਰਾਬ ਪੁਲਸ ਵੱਲੋਂ ਬਰਬਾਦ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਭੈਣੀ ਮੀਆਂ ਖਾਨ ਸਰਬਜੀਤ ਸਿੰਘ ਚਾਹਲ ਨੇ ਦੱਸਿਆ ਕਿ ਐੱਸਪੀ ਰਜਿੰਦਰ ਕੁਮਾਰ ਅਤੇ ਹਲਕਾ ਡੀਐੱਸਪੀ ਕੁਲਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਇਹ ਛਾਪੇਮਾਰੀ ਕੀਤੀ ਗਈ ਸੀ। ਉਨ੍ਹਾਂ ਨੇ ਕਿਹਾ ਕਿ ਇਹ ਨਜਾਇਜ਼ ਸ਼ਰਾਬ ਕਈ ਵਾਰ ਸ਼ਰਾਬ ਪੀਣ ਵਾਲਿਆਂ ਲਈ ਜ਼ਹਿਰ ਬਣ ਜਾਂਦੀ ਹੈ ਅਤੇ ਕਈ ਘਰਾਂ ਵਿੱਚ ਨਕਲੀ ਸ਼ਰਾਬ ਕਾਰਨ ਸੱਥਰ ਵਿਛ ਜਾਂਦੇ ਹਨ।ਉਨ੍ਹਾਂ ਨੇ ਕਿਹਾ ਕਿ ਪੁਲਸ ਦੇ ਵੱਲੋਂ ਇਸ ਛਾਪੇਮਾਰੀ ਦੌਰਾਨ ਤਰਪਾਲਾਂ ਵਿੱਚ ਪਾਈ 2600 ਕਿਲੋ ਲਾਹਣ ਬਰਬਾਦ ਕੀਤੀ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਛਾਪੇਮਾਰੀ ਦੌਰਾਨ ਤਰਸੇਮ ਸਿੰਘ ਨਾਂ ਦੇ ਵਿਅਕਤੀ ਨੂੰ ਕਾਬੂ ਕਰਕੇ ਉਸ ਕੋਲੋਂ ਵੀ 32 ਬੋਤਲਾਂ ਲਗਭਗ ਹਜ਼ਾਰ ਮਿਲੀ ਲੀਟਰ ਸ਼ਰਾਬ ਬਰਾਮਦ ਕੀਤੀ ਗਈ ਹੈ। ਇਸ ਮੁਲਜ਼ਮ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਕੇ ਜੇਲ ਭੇਜ ਦਿੱਤਾ ਗਿਆ ਹੈ।ਉਨ੍ਹਾਂ ਨੂੰ ਦੱਸਿਆ ਕਿ ਇਸ ਵਿਅਕਤੀ ਉੱਪਰ ਪਹਿਲਾਂ ਵੀ ਆਬਕਾਰੀ ਦੇ ਕਈ ਮਾਮਲੇ ਦਰਜ ਹਨ।

## ਲਾਰਵਾ ਖਤਮ ਕਰਨ ਲਈ ਛੱਪੜਾਂ 'ਚ ਛੱਡੀਆਂ ਗੰਬੂਜਾ ਮੱਛੀਆਂ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਡਾ. ਅਵਲੀਨ ਕੌਰ ਐਪੀਡੀਮੋਲੋਜਿਸਟ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ. ਮਨਜੀਤ ਸਿੰਘ ਰਟੌਲ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਝਬਾਲ ਦੀ ਰਹਿਨੁਮਾਈ ਹੇਠ ਝਬਾਲ ਕਲਾਂ ਦੇ ਵੱਖ- ਵੱਖ ਛੱਪੜਾਂ ਵਿੱਚ ਗੰਬੂਜ਼ਾ ਮੱਛੀਆਂ ਛੱਡੀਆਂ ਗਈਆਂ। ਜੋ ਕਿ ਛੱਪੜਾਂ ਵਿੱਚ ਪੈਦਾ ਹੋਣ ਵਾਲੇ ਮੱਛਰਾਂ ਦੇ ਲਾਰਵੇ ਨੂੰ ਖਾ ਕੇ ਖਤਮ ਕਰਨ ਵਿੱਚ ਸਹਾਇਤਾ ਕਰਦੀ ਹੈ।ਜਿਸ ਨਾਲ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਕਾਫੀ ਬਚਿਆ ਜਾ ਸਕਦਾ ਹੈ।ਇਸ ਤੋਂ ਇਲਾਵਾ ਆਪਣੇ ਘਰਾਂ ਵਿੱਚ ਫਰਿਜਾਂ, ਕੂਲਰ, ਮਨੀ ਪਲਾਂਟ ਅਤੇ ਛੱਤ ਉੱਪਰ ਟੁੱਟੇ ਭੱਜੇ ਸਮਾਨ ਵਿੱਚ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਇਸ ਤੋਂ ਇਲਾਵਾ ਹਰ ਸ਼ੁੱਕਰਵਾਰ ਡਰਾਈ ਡੇ ਵਜੋਂ ਮਨਾਇਆ ਜਾਵੇ। ਰਾਤ ਨੂੰ ਸੌਣ ਵੇਲੇ ਪੂਰੀ ਬਾਂਹ ਵਾਲੇ ਕਪੜੇ ਪਹਿਨ ਕੇ ਜਾਂ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੇ ਵਸਤਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ।ਜੇਕਰ ਕਿਸੇ ਨੂੰ ਤੇਜ਼ ਬੁਖਾਰ ਹੋਣ ਤੋਂ ਬਾਅਦ ਪਸੀਨਾ ਆਉਂਦਾ ਹੈ, ਸਰੀਰ ਟੁੱਟਦਾ ਭੱਜਦਾ ਹੈ, ਉਲਟੀ ਨੂੰ ਮਨ ਕਰਦਾ ਹੈ ਤਾਂ ਆਪਣੇ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਵਿਖੇ ਸੂਚਿਤ ਕੀਤਾ ਜਾਵੇ।ਇਸ ਮੌਕੇ ਰਾਮ ਰਸ਼ਪਾਲ, ਗੁਰਵਿੰਦਰ ਸਿੰਘ ਐਸ ਆਈ, ਅਮਨਦੀਪ ਸਿੰਘ, ਵਿਕਰਮ ਸਿੰਘ ਮਲਟੀਪਰਪਜ਼ ਹੈਲਥ ਵਰਕਰ, ਮਲਕੀਤ ਸਿੰਘ ਬਰੀਡਰ ਚੈਕਰ ਮੌਜੂਦ ਸਨ।

## ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ 12ਵੀਂ ਦਾ ਨਤੀਜਾ ਸ਼ਾਨਦਾਰ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਸਰਾਏ ਦਾ 12ਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਮੈਨੇਜਿੰਗ ਡਾਇਰੈਕਟਰ ਹਰਮਨਜੀਤ ਸਿੰਘ ਸੰਧੂ ਨੇ ਦੱਸਿਆ



ਕਿ ਸਾਇੰਸ ਗਰੁੱਪ ਵਿਚ ਸੀਮਾ ਸ਼ਰਮਾ ਨੇ 86 %, ਗੁਰਪ੍ਰੀਤ ਕੌਰ ਨੇ 85%, ਅਮਨਦੀਪ ਕੌਰ ਨੇ 80% ਅਤੇ ਸੁਖਪ੍ਰੀਤ ਕੌਰ ਨੇ 80% ਅੰਕ ਹਾਸਲ ਕਰਕੇ ਕ੍ਰਮਵਾਰ ਸਕੂਲ ਵਿਚ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਤਰਾਂ ਹਿਊਮੈਨਿਟੀਜ਼ ਗਰੁੱਪ ਵਿਚ ਜਸਕਰਨਪਾਲ ਸਿੰਘ ਨੇ 84%, ਪਵਨੇਸ਼ ਕੌਰ 82%, ਜੋਬਨਬੀਰ ਸਿੰਘ ਨੇ 80% ਅੰਕ ਪ੍ਰਾਪਤ ਕਰਕੇ ਸਕੂਲ ਵਿਚ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। 12ਵੀਂ ਜਮਾਤ ਦੇ ਬਾਕੀ ਵਿਦਿਆਰਥੀ ਵੀ 75 % ਤੋਂ ਉਪਰ ਅੰਕ ਲੈ ਕੇ ਪਾਸ ਹੋਏ। ਇਸ ਸਮੇਂ ਮੈਨੇਜਿੰਗ ਕਮੇਟੀ ਅਤੇ ਪ੍ਰਿੰਸੀਪਲ ਵਰਿੰਦਰ ਕੌਰ ਨੇ ਸਾਰੇ ਵਿਦਿਆਰਥੀਆਂ, ਉਹਨਾਂ ਦੇ ਮਾਤਾ ਪਿਤਾ ਅਤੇ ਮਿਹਨਤੀ ਸਟਾਫ ਮੈਂਬਰਜ਼ ਨੂੰ ਵਧਾਈਆਂ ਦਿੱਤੀਆਂ। ਇਸ ਸਮੇਂ ਸਕੂਲ ਮੈਨੇਜਿੰਗ ਕਮੇਟੀ ਸਕੱਤਰ ਹਰਜਿੰਦਰਪਾਲ ਸਿੰਘ, ਮੈਨੇਜਰ ਸਿਮਰਤਪਾਲ ਸਿੰਘ, ਕਲਰਕ ਬਲਵਿੰਦਰ ਸਿੰਘ, ਰਵਿੰਦਰਜੀਤ ਸਿੰਘ, ਵਿਜੇ ਕੁਮਾਰ, ਕਮਲੇਸ਼ ਰਾਣੀ, ਜਤਿੰਦਰਪਾਲ ਕੌਰ ਆਦਿ ਸ਼ਾਮਲ ਸਨ।

## ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਨੂੰ ਸੌ ਫੀਸਦੀ ਪਾਸ ਪ੍ਰਤੀਸ਼ੱਤ ਨਤੀਜਿਆਂ ਦਾ ਮਾਣ ਹਾਸਲ

**ਪਠਾਨਕੋਟ (ਦਵਿੰਦਰ ਸਿੰਘ)**- ਸੀ ਬੀ ਐਸ ਈ ਦੀ 12ਵੀਂ ਕਲਾਸ ਦੇ ਨਤੀਜਿਆਂ ਵਿੱਚ ਜੇ ਐਮ ਕੇ ਇੰਟਰਨੈਸ਼ਨਲ ਸਕੂਲ ਪਠਾਨਕੋਟ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਦੇ ਸਾਰੇ ਬੱਚਿਆਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਕਲਾ ਸ਼ਾਖਾ ਦੀ ਵਿਦਿਆਰਥਣ ਰਿਧਿਮਾ ਸ਼ਰਮਾ ਨੇ 97.2% ਅੰਕ ਹਾਸਲ ਕਰਕੇ ਪਹਿਲਾ, ਮੈਡੀਕਲ ਸ਼ਾਖਾ ਦੇ ਵਿਦਿਆਰਥੀ ਵਿਸ਼ਿਸ਼ਟ ਮਹਾਜਨ



ਨੇ 96.6% ਅਤੇ ਕਾਮਰਸ ਸ਼ਾਖਾ ਦੀ ਵਿਦਿਆਰਥਣ ਅਵਨੀ ਮਹਾਜਨ ਨੇ 96.6% ਅੰਕ ਹਾਸਲ ਕਰਕੇ ਦੂਜਾ, ਜਦਕਿ ਨਾਨ-ਮੈਡੀਕਲ ਸ਼ਾਖਾ ਦੀ ਵਿਦਿਆਰਥਣ ਸਮ੍ਰਿਧੀ ਸ਼ਰਮਾ ਨੇ 93.4% ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਸਕੂਲ ਤੇ ਜ਼ਿਲ੍ਹੇ ਦਾ ਨਾਂਅ ਰੋਸ਼ਨ ਕੀਤਾ। ਸਕੂਲ ਦੇ ਡਾਇਰੈਕਟਰ ਤਾਨਿਆ ਸੂਦ, ਚੇਅਰਮੈਨ ਅਨੁਜ ਸੂਦ ਅਤੇ ਪ੍ਰਿੰਸੀਪਲ ਨੀਤੀ ਕੋਚਰ ਨੇ ਵਿਦਿਆਰਥੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ 'ਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਨੀਤੀ ਕੋਚਰ ਨੇ ਦੱਸਿਆ ਕਿ ਕਾਮਰਸ ਸ਼ਾਖਾ ਵਿੱਚ ਅਵਨੀ ਮਹਾਜਨ ਨੇ 96.6% ਅੰਕ ਹਾਸਲ ਕਰਕੇ ਪਹਿਲਾ, ਸੀਰਤ ਨੇ 94% ਅੰਕ ਹਾਸਲ ਕਰਕੇ ਦੂਜਾ, ਪ੍ਰਥਮ ਸ਼ਰਮਾ ਨੇ 92.6% ਅੰਕ ਹਾਸਲ ਕਰਕੇ ਤੀਜਾ, ਨੰਦਿਨੀ ਵਰਮਾ ਨੇ 92.4% ਅੰਕ ਹਾਸਲ ਕਰਕੇ ਚੌਥਾ ਅਤੇ ਵਾਣੀ ਨੇ 91.4% ਅੰਕ ਹਾਸਲ ਕਰਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ। ਨਾਨ-ਮੈਡੀਕਲ ਸ਼ਾਖਾ ਵਿੱਚ ਸਮ੍ਰਿਧੀ ਮਹਾਜਨ ਨੇ 93.4% ਅੰਕ ਪਹਿਲਾ, ਚਾਰੂ ਨੇ 92.6% ਅੰਕ ਦੂਜਾ ਅਤੇ ਯੁਵਰਾਜ ਸੈਣੀ ਨੇ 91.4% ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।

## ਸਤਲੁਜ ਪਬਲਿਕ ਸਕੂਲ 'ਚ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ ਰਿਹਾ

**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਪੱਟੀ ਇਲਾਕੇ ਦੀ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸਿੱਖਿਆ ਸੰਸਥਾ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਦੇ ਬਾਰ੍ਹਵੀਂ ਗ੍ਰੇਡ ਦੇ



ਨਤੀਜਾ 100% ਰਿਹਾ। ਨਤੀਜਿਆਂ 'ਚ ਨਾਨ ਮੈਡੀਕਲ 'ਚੋਂ ਪਲਕਦੀਪ ਕੌਰ ਨੇ 95% ਅੰਕ ਹਾਸਲ ਕੀਤੇ। ਮੈਡੀਕਲ 'ਚੋਂ ਗੁਰਕੀਰਤ ਸਿੰਘ ਨੇ 90% ਅੰਕ ਹਾਸਲ ਕੀਤੇ।ਕਮਰਸ ਗਰੁੱਪ ਚੋ ਕੁਲਬੀਰ ਕੌਰ ਨੇ 87.8% ਅੰਕ ਹਾਸਲ ਕੀਤੇ ।ਹਿਊਮੈਨਟੀਜ਼ ਗਰੁੱਪ 'ਚੋਂ ਵਰਸ਼ਾ ਕੌਰ ਨੇ 89% ਦੇ ਅੰਕ ਪ੍ਰਾਪਤ ਕੀਤੇ । ਇਨ੍ਹਾਂ ਤੋਂ ਇਲਾਵਾ ਸਕੂਲ ਦੇ ਬਾਕੀ ਵਿਦਿਆਰਥੀਆਂ ਨੇ ਵੀ 70% ਤੋਂ 80% ਤੱਕ ਅੰਕ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ।ਸਕੂਲ ਮੈਨਜਮੈਂਟ ਕਮੇਟੀ ਦੇ ਮੈਂਬਰ ਹਰਬੀਰ ਸਿੰਘ, ਹਰਨੂਰ ਸਿੰਘ, ਮੈਡਮ ਪਰਮਿੰਦਰ ਕੌਰ,ਪ੍ਰਿੰਸੀਪਲ ਮੈਡਮ ਰਾਜਬੀਰ ਕੌਰ ਅਤੇ ਵਾਈਸ ਪ੍ਰਿੰਸੀਪਲ ਦਲਬੀਰ ਕੌਰ ਨੇ ਬੱਚਿਆਂ ਦੇ ਮਾਪਿਆਂ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਕੋਕਲਪੁਰ 'ਚ ਖੇਤੀਬਾੜੀ ਵਿਭਾਗ ਨੇ ਮੱਕੀ ਦੀ ਫਸਲ ਦੀ ਪੈਦਾਵਾਰ ਕਰਨ ਸੰਬੰਧੀ ਲਗਾਇਆ ਸੈਮੀਨਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਸਰਕਾਰ ਵੱਲੋਂ ਪਾਣੀ ਦੇ ਲਗਾਤਾਰ ਡਿਗਦੇ ਪੱਧਰ ਨੂੰ ਉੱਚਾ ਚੁੱਕਣ ਲਈ ਝੋਨੇ ਦੀ ਥਾਂ ਮੱਕੀ ਬੀਜਣ ਲਈ ਪ੍ਰੇਰਿਤ ਕਰਨ ਦੇ ਮਨਸੂਬੇ ਨਾਲ



ਜਾਗਰੂਕਤਾ ਸੈਮੀਨਾਰ ਲਗਾਏ ਜਾ ਰਹੇ ਹਨ। ਇਸੇ ਕੜੀ ਤਹਿਤ ਨਜ਼ਦੀਕੀ ਪਿੰਡ ਕੋਕਲਪੁਰ 'ਚ ਖੇਤੀਬਾੜੀ ਵਿਭਾਗ ਕਾਦੀਆਂ ਵੱਲੋਂ ਮੁੱਖ ਖੇਤੀਬਾੜੀ ਅਫਸਰ ਡਾਕਟਰ ਅਮਰੀਕ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਇੱਕ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ ਖੇਤੀਬਾੜੀ ਮਾਹਰਾਂ ਵੱਲੋਂ ਕਿਸਾਨਾਂ ਨੂੰ ਮੱਕੀ ਦੀ ਫਸਲ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਖੇਤੀਬਾੜੀ ਵਿਭਾਗ ਕਾਦੀਆਂ ਦੇ ਖੇਤੀਬਾੜੀ ਅਫਸਰ ਹਰਪ੍ਰੀਤ ਸਿੰਘ ਬੋਪਾਰਾਏ ਅਤੇ ਨਵਜੋਤ ਕੌਰ ਏ ਐਸ ਆਈ ਨੇ ਕਿਹਾ ਕਿ ਅਸੀਂ ਪੰਜਾਬ ਦੀ ਧਰਤੀ ਹੇਠਲੇ ਪਾਣੀ ਦਾ ਬਹੁਤ ਵੱਡਾ ਹਿੱਸਾ ਖਤਮ ਕਰ ਦਿੱਤਾ ਹੈ ਪਰ ਹੁਣ ਸਾਨੂੰ ਪਾਣੀ ਸੰਭਾਲਣ ਲਈ ਬਹੁਤ ਜ਼ਰੂਰੀ ਕਦਮ ਚੁੱਕਣੇ ਪੈਣਗੇ। ਝੋਨੇ ਦੀ ਫ਼ਸਲ ਲਗਾਤਾਰ ਬੀਜ ਕੇ ਹੁੰਦੀ ਪਾਣੀ ਦੀ ਬਰਬਾਦੀ ਰੋਕਣ ਲਈ ਸਾਨੂੰ ਬਦਲਵੀਆਂ ਫਸਲਾਂ ਬੀਜਣੀਆਂ ਚਾਹੀਦੀਆਂ ਹਨ ਜਿਨ੍ਹਾਂ ਵਿਚ ਮੱਕੀ ਦੀ ਪ੍ਰਮੁੱਖ ਫ਼ਸਲ ਹੈ। ਇਸ ਫ਼ਸਲ ਤੋਂ ਅਸੀਂ ਚਾਰਾ, ਪਸ਼ੂਆਂ ਲਈ ਆਚਾਰ ਅਤੇ ਮੱਕੀ ਪਕਾ ਕੇ ਫ਼ਸਲ ਵੇਚ ਵੀ ਸਕਦੇ ਹਾਂ। ਮੱਕੀ ਦੀ ਫਸਲ ਨੂੰ ਜ਼ਿਆਦਾ ਰੇਹ ਸਪਰੇਅ ਕਰਨ ਦੀ ਲੋੜ ਨਹੀਂ ਪੈਂਦੀ ਅਤੇ ਨਾ ਹੀ ਇਸ ਨੂੰ ਕੋਈ ਜ਼ਿਆਦਾ ਕੀੜੇ ਮਕੌੜੇ ਹੀ ਲਗਦੇ ਹਨ। ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਲੋੜ ਨਹੀਂ ਪੈਂਦੀ, ਜਿਸ ਨਾਲ ਸਾਡੇ ਵਾਤਾਵਰਣ 'ਤੇ ਕੋਈ ਅਸਰ ਨਹੀਂ ਹੁੰਦਾ। ਉਨ੍ਹਾਂ ਕਿਸਾਨਾਂ ਨੂੰ ਵੱਧ ਤੋਂ ਵੱਧ ਮੱਕੀ ਬੀਜਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਖੇਤੀਬਾੜੀ ਵਿਸਥਾਰ ਅਫਸਰ ਹਰਪ੍ਰੀਤ ਸਿੰਘ ਬੋਪਾਰਾਏ ਅਤੇ ਨਵਜੋਤ ਕੌਰ ਏ ਐਸ ਆਈ ਅਤੇ ਇਲਾਕੇ ਦੇ ਕਿਸਾਨ, ਲੰਬੜਦਾਰ, ਸਰਪੰਚ ਪੰਚ ਆਦਿ ਹਾਜ਼ਰ ਸਨ।

## ਜ਼ਹਿਰੀਲੀ ਸ਼ਰਾਬ ਨਾਲ ਮਰਨ ਵਾਲੇ ਪੀੜਤ ਪਰਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਗੁਰਨਾਮ ਸਿੰਘ ਤਲਵੰਡੀ ਅਤੇ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਇੱਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਮਜੀਠਾ ਹਲਕੇ ਦੇ ਪਿੰਡ ਭੰਗਾਲੀ, ਤਲਵੰਡੀ, ਹਰੀਆਂ ਵਾਲਾ ਆਦਿ ਪਿੰਡਾਂ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਰਨ ਵਾਲੇ ਮਜ਼ਦੂਰਾਂ ਦੇ ਪਰਵਾਰਾਂ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਜੰਗ ਦਾ ਇਸ ਘਟਨਾ ਨੇ ਪਰਦਾ ਫਾਸ਼ ਕੀਤਾ। ਪੰਜਾਬ ਦੇ ਪਿੰਡਾਂ ਵਿੱਚ ਜਿੱਥੇ ਸਮੈਕ, ਨਸ਼ੀਲੀਆਂ ਗੋਲੀਆਂ, ਚਿੱਟਾ ਸ਼ਰੇਆਮ ਵਿਕ ਰਿਹਾ ਹੈ ਓਥੇ ਜ਼ਹਿਰੀਲੀ ਸ਼ਰਾਬ ਵੀ ਪਿੰਡਾਂ ਵਿੱਚ ਵਿਕ ਰਹੀ ਹੈ ਜਿਸ ਕਾਰਨ ਏਹ ਦੁਖਦਾਈ ਘਟਨਾ ਵਾਪਰੀ ਹੈ। ਪੰਜਾਬ ਸਰਕਾਰ ਨੂੰ ਨਸ਼ਾ ਰੋਕਣ ਦੀ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੰਜਾਬ ਪੁਲਸ ਦੇ ਇਮਾਨਦਾਰ ਵਿਅਕਤੀਆਂ ਨੂੰ ਤੈਨਾਤ ਕਰਨਾ ਚਾਹੀਦਾ ਹੈ। ਨਸ਼ਾ ਤਸਕਰਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਅਤੇ ਪੀੜਤ ਪਰਵਾਰਾਂ ਦੀ ਸਰਕਾਰ ਮਾਲੀ ਮਦਦ ਕਰੇ।

## ਸ਼ਰਾਬ ਦੁਰਘਟਨਾ ਦੇ ਪੀੜਤ ਪਰਵਾਰਾਂ ਨੂੰ ਧਾਲੀਵਾਲ ਨੇ ਦਿੱਤੇ 10-10 ਲੱਖ ਦੇ ਚੈੱਕ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਬੀਤੇ ਦਿਨੀਂ ਮਜੀਠਾ ਹਲਕੇ ਦੇ ਪਿੰਡਾਂ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਰਨ ਮਾਰੇ ਗਏ ਵਿਅਕਤੀਆਂ ਦੇ ਪਰਵਾਰਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਲਾਨੀ ਗਈ 10-10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇ ਚੈੱਕ ਵੀਰਵਾਰ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਗੁਰਦੁਆਰਾ ਭਗਤ ਨਾਮਦੇਵ ਜੀ ਮਰੜੀ ਵਿਖੇ ਪਹੁੰਚ ਕੇ ਵੰਡੇ। ਇਸ ਮੌਕੇ ਉਨ੍ਹਾਂ ਪਰਵਾਰਾਂ ਨਾਲ ਹਮਦਰਦੀ ਕਰਦਿਆਂ ਕਿਹਾ ਕਿ ਪੈਸੇ ਨਾਲ ਤੁਹਾਡੇ ਪਰਵਾਰਾਂ ਦੇ ਕਮਾਊ ਮੈਂਬਰ, ਜੋ ਇਸ ਜਹਾਨ ਤੋਂ ਤੁਰ ਗਏ ਹਨ, ਦਾ ਘਾਟਾ ਪੂਰਾ ਨਹੀਂ ਕੀਤਾ ਜਾ ਸਕਦਾ ਪਰ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਬਚੇ ਹੋਏ ਜੀਆਂ ਲਈ ਜੋ ਕਰ ਸਕਦੇ ਹਾਂ ਕਰੀਏ। ਉਹਨਾਂ ਕਿਹਾ ਕਿ ਪਰਸੋਂ ਮੁੱਖ ਮੰਤਰੀ ਮਾਨ ਇਸ ਹਾਦਸੇ ਦੀ ਖਬਰ ਸੁਣਦੇ ਸਾਰ ਕੁਝ ਹੀ ਘੰਟਿਆਂ ਵਿੱਚ ਇੱਥੇ ਪੁੱਜੇ ਸਨ ਅਤੇ ਉਨ੍ਹਾਂ ਨੇ ਤੁਹਾਡੇ ਨਾਲ ਦੁੱਖ ਦਾ ਇਜ਼ਹਾਰ ਕਰਦਿਆਂ ਜੋ ਸਹਾਇਤਾ ਰਾਸ਼ੀ ਐਲਾਨੀ ਸੀ, ਉਹ ਚੈੱਕ ਅੱਜ ਮੈਂ ਤੁਹਾਨੂੰ ਦੇਣ ਆਇਆ ਹਾਂ। ਉਹਨਾਂ ਕਿਹਾ ਕਿ ਇਹ 48 ਘੰਟਿਆਂ 'ਚ ਮਾਨ ਸਰਕਾਰ ਨੇ ਵਾਅਦਾ ਪੂਰਾ ਕੀਤਾ ਹੈ। ਉਹਨਾਂ ਕਿਹਾ ਕਿ



ਇਸ ਤੋਂ ਇਲਾਵਾ ਜੋ ਵਿਅਕਤੀ ਹਸਪਤਾਲ ਵਿੱਚ ਇਲਾਜ ਅਧੀਨ ਹਨ, ਦਾ ਇਲਾਜ ਸਰਕਾਰ ਵੱਲੋਂ ਮੁਫਤ ਕਰਵਾਇਆ ਜਾ ਰਿਹਾ ਹੈ ਅਤੇ ਉਹਨਾਂ ਨੂੰ ਦੋ ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਅੱਜ ਪਹਿਲੇ ਦਿਨ ਰਿਪੋਰਟ ਹੋਈਆਂ ਮੌਤਾਂ, ਜਿਨ੍ਹਾਂ ਦੀ ਗਿਣਤੀ 22 ਸੀ, ਦੇ ਵਾਰਸਾਂ ਨੂੰ ਚੈੱਕ ਦਿੱਤੇ ਗਏ ਹਨ ਅਤੇ ਬਾਕੀ ਜੋ ਪੰਜ ਪਰਵਾਰ ਰਹਿ ਗਏ ਹਨ ਉਹਨਾਂ ਨੂੰ ਚੈੱਕ ਆਉਣ ਵਾਲੇ ਦਿਨਾਂ ਵਿੱਚ ਦਿੱਤੇ ਜਾਣਗੇ। ਉਹਨਾਂ ਸਪਸ਼ਟ ਕੀਤਾ ਕਿ ਤੁਹਾਨੂੰ ਪੂਰਾ ਇਨਸਾਫ ਦਿੱਤਾ ਜਾਵੇਗਾ ਅਤੇ ਜੋ ਵੀ ਵਿਅਕਤੀ ਦੋਸ਼ੀ ਹੈ, ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਪੰਜਾਬ ਪੁਲਿਸ ਦੀ ਸਰਾਹਨਾ ਕਰਦਿਆਂ ਕਿਹਾ ਕਿ ਪੁਲਿਸ ਨੇ ਹੁਣ ਤੱਕ ਇਸ ਘਟਨਾ ਨਾਲ ਸਬੰਧਤ 16 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਵਿੱਚੋਂ ਕੁਝ ਦਿੱਲੀ ਅਤੇ ਲੁਧਿਆਣੇ ਤੋਂ ਵੀ ਗ੍ਰਿਫਤਾਰ ਕੀਤੇ ਗਏ ਹਨ। ਉਹਨਾਂ ਕਿਹਾ ਕਿ ਜੋ ਵੀ ਵਿਅਕਤੀ ਇਸ ਹਾਦਸੇ ਲਈ ਜ਼ਿੰਮੇਵਾਰ ਹੈ, ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।ਉਹਨਾਂ ਨਾਲ ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ, ਐਸ ਡੀ ਐਮ ਸ੍ਰੀਮਤੀ ਹਰਨੂਰ ਕੌਰ, ਸਹਾਇਕ ਕਮਿਸ਼ਨਰ ਖੁਸ਼ਪ੍ਰੀਤ ਸਿੰਘ, ਮਰੜੀ ਦੇ ਸਰਪੰਚ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਬਜ਼ੁਰਗਾਂ ਦੇ ਵਿਹੜੇ 'ਚ ਲੱਗਾ ਅੱਖਾਂ ਦਾ ਮੁਫਤ ਚੈੱਕਅਪ ਕੈਂਪ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਵੀਰਵਾਰ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਜੋ ਕਿ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦਿੰਦਾ ਆ ਰਿਹਾ



ਹੈ। ਜਿਸ ਵਿੱਚ ਵਿਕਾਸ ਓਪਟੀਕਲ ਸਦਰ ਬਜ਼ਾਰ ਗੁਰਦਾਸਪੁਰ ਵੱਲੋਂ ਅੱਖਾਂ ਦੇ ਚੈੱਕਅਪ ਅਤੇ ਫ੍ਰੀ ਐਨਕਾਂ ਦਾ ਕੈਂਪ ਲਗਾਇਆ ਗਿਆ ਜਿਸ ਵਿੱਚ ਵਿਕਾਸ ਵੱਲੋਂ ਹਰੇਕ ਬਜ਼ੁਰਗ ਦੀਆਂ ਅੱਖਾਂ ਦਾ ਚੈੱਕਅੱਪ ਕੀਤਾ ਗਿਆ ਤੇ ਬਜ਼ੁਰਗਾਂ ਨੂੰ ਫ੍ਰੀ ਐਨਕਾਂ ਲਗਾਈਆਂ ਗਈਆਂ। ਇਸ ਮੌਕੇ ਵਿਕਾਸ ਨੇ ਕਿਹਾ ਕਿ ਮੈਨੂੰ ਬਜ਼ੁਰਗਾਂ ਦੀ ਸੇਵਾ ਕਰਕੇ ਬਹੁਤ ਵਧੀਆ ਲੱਗਿਆ ਹੈ । ਅੱਜ ਦਾ ਦਿਨ ਮੇਰੇ ਜੀਵਨ ਦਾ ਬਹੁਤ ਹੀ ਮਹੱਤਵਪੂਰਨ ਦਿਨ ਹੈ। ਫਿਰ ਉਹਨਾਂ ਨੇ ਬਜ਼ੁਰਗਾਂ ਦੀ ਨਜ਼ਰ ਚੈੱਕ ਕੀਤੀ ਅਤੇ ਉਹਨਾਂ ਨੂੰ ਕਿਹਾ ਕਿ ਜਿਨਾਂ ਬਜ਼ੁਰਗਾਂ ਦੀ ਨਜ਼ਰ ਘੱਟ ਦਿਖਾਈ ਦਿੰਦੀ ਹੈ ਜਾਂ ਕੁੱਝ ਧੁੰਦਲਾ ਦਿਖਾਈ ਦਿੰਦਾ ਹੈ, ਉਸ ਨੂੰ ਸਾਡੇ ਵੱਲੋਂ ਮੁਫਤ ਐਨਕ ਮੁਹਈਆ ਕਰਵਾਈ ਜਾਵੇਗੀ। ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਆਸ਼ਰਮ ਸੁਪਰਡੈਂਟ ਮੈਡਮ ਮਿਸ ਅੰਜਲੀ ਸ਼ਰਮਾ ਅਤੇ ਸਮੂਹ ਸਟਾਫ ਸਵਿਤਾ, ਰਾਜਰਾਣੀ,ਕਮਲੇਸ਼ ਕੁਮਾਰੀ, ਸੁਦੇਸ਼ ਕੁਮਾਰ, ਵਿਜੇ ਕੁਮਾਰੀ, ਵਿਪਨ ਕੁਮਾਰ ਅਤੇ ਰਮੇਸ਼ ਚੰਦਰ ਮੌਜੂਦ ਸਨ।

## ਵੱਖ-ਵੱਖ ਜਥੇਬੰਦੀਆਂ ਦੇ ਬਿਜਲੀ ਕਾਮਿਆਂ ਵੱਲੋਂ ਕੇਂਦਰ ਤੇ ਰਾਜ ਸਰਕਾਰਾਂ ਦੇ ਖਿਲਾਫ ਰੋਸ ਰੈਲੀ ਦਾ ਐਲਾਨ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ, ਮੈਂਬਰਾਂ ਅਤੇ ਬਿਜਲੀ ਕਾਮਿਆਂ ਵੱਲੋਂ ਕੇਂਦਰ ਅਤੇ ਰਾਜ ਸਰਕਾਰਾਂ ਖਿਲਾਫ ਆਪਣੀਆਂ ਮੰਗਾਂ ਨੂੰ ਲੈ ਕੇ ਵੀਰਵਾਰ ਸਬ ਡਵੀਜ਼ਨ ਕਾਦੀਆਂ ਵਿਖੇ ਰੋਸ ਰੈਲੀ ਕਰਦਿਆਂ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸੰਘਰਸ਼ ਦਾ ਐਲਾਨ ਕੀਤਾ ਗਿਆ। ਇੱਥੇ ਬਿਜਲੀ ਕਾਮਿਆਂ ਦੀਆਂ ਵੱਖ ਵੱਖ ਜਥੇਬੰਦੀਆਂ, ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਆਗੂ ਸੁਰਜੀਤ ਸਿੰਘ ਗੁਰਾਇਆ,



ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਰਮੇਸ਼ ਸ਼ਰਮਾ ਦੀ ਸਾਂਝੀ ਅਗਵਾਈ ਹੇਠ ਮੰਡਲ ਦਫ਼ਤਰ ਕਾਦੀਆਂ ਵਿਖੇ ਸਾਂਝੀ ਰੈਲੀ ਕਰਕੇ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਕਾਰਪੋਰੇਟ ਘਰਾਣਿਆਂ ਦੇ ਮੁਨਾਫੇ ਵਧਾਉਣ ਲਈ ਲਾਗੂ ਕੀਤੀ ਜਾ ਰਹੀ ਨਿੱਜੀਕਰਨ ਦੀ ਨੀਤੀ ਰੱਦ ਕਰਾਉਣ ਲਈ, ਮਜ਼ਦੂਰ ਵਿਰੋਧੀ ਨਵੇਂ ਲੇਬਰ ਕਾਨੂੰਨ ਰੱਦ ਕਰਕੇ ਪੁਰਾਣੇ ਲੇਬਰ ਕਾਨੂੰਨ ਬਹਾਲ ਕਰਾਉਣ ਲਈ, ਪੁਰਾਣੀ ਪੈਨਸ਼ਨ ਪ੍ਰਣਾਲੀ ਬਹਾਲ ਕਰਾਉਣ ਲਈ , ਹਰ ਤਰ੍ਹਾ ਦੇ ਕੱਚੇ ਕਾਮੇ ਆਊਟ ਸੋਰਸਸ ਠੇਕਾ ਕਾਮੇ ਪੱਕੇ ਕਰਾਉਣ ਲਈ 20 ਮਈ ਨੂੰ ਕੁੱਲ ਭਾਰਤ ਦੇ ਮਜ਼ਦੂਰ ਕਾਮਿਆਂ ਵੱਲੋਂ ਕੀਤੀ ਜਾ ਰਹੀ ਹੜਤਾਲ ਦੇ ਨਾਲ ਇੱਕਜੁਟਤਾ ਕਰਦਿਆਂ ਹੜਤਾਲ ਨੂੰ ਕਾਮਯਾਬ ਕਰਨ ਦੀ ਤਿਆਰੀ ਕਰਨ ਅਤੇ ਪੈਨਸ਼ਨਰਾਂ ਦੇ ਸਕੇਲਾਂ ਦੇ ਏਰੀਅਰ, ਰੀਵਾਇਜ ਲੀਵ ਇਨ ਕੈਸ਼ਮੈਂਟ ਦਾ ਬਕਾਇਆ ਜਾਰੀ ਕਰਾਉਣ ਲਈ ਸੰਘਰਸ਼ ਦੀ ਤਿਆਰੀ ਕਰਨ ਦਾ ਐਲਾਨ ਕੀਤਾ ਗਿਆ।ਆਗੂਆਂ ਨੇ ਬਿਜਲੀ ਕਾਮਿਆਂ ਨੂੰ ਹੜਤਾਲ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਚੰਡੀਗੜ੍ਹ ਦਾ ਬਿਜਲੀ ਵਿਭਾਗ ਪ੍ਰਾਈਵੇਟ ਕੰਪਨੀ ਨੂੰ ਸੌਂਪਣ ਤੋਂ ਬਾਅਦ ਪਾਵਰ ਕਾਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਪਾਵਰਕਾਮ ਦੇ ਨਿੱਜੀਕਰਨ ਵੱਲ ਕਦਮ ਵਧਾ ਰਹੀ ਹੈ।ਖਰੜ ਤੇ ਲਾਲੜੂ ਡਵੀਜ਼ਨਾਂ ਸਮੇਤ 10 ਡਵੀਜ਼ਨਾਂ ਦੀ ਸਾਂਭ ਸੰਭਾਲ ਦਾ ਕੰਮ ਨਿੱਜੀ ਕੰਪਨੀਆ ਨੂੰ ਸੌਂਪਣ ਦੀਆ ਗੋਂਦਾਂ ਗੁੰਦੀਆਂ ਜਾ ਰਹੀਆਂ ਹਨ। ਬਿਜਲੀ ਕਾਮਿਆਂ ਨੂੰ ਨਿੱਜੀਕਰਨ ਦਾ ਹੱਲਾ ਰੋਕਣ ਲਈ ਪੱਕੇ ਰੁਜ਼ਗਾਰ, ਪਹਿਲੀ ਉਜਰਤੀ ਪ੍ਰਣਾਲੀ, ਪਹਿਲੀ ਪੈਨਸ਼ਨ ਪ੍ਰਣਾਲੀ ਦੀ ਰਾਖੀ ਲਈ ਸਾਂਝੇ, ਵਿਸ਼ਾਲ, ਤਿੱਖੇ ਘੋਲ ਦੀ ਤਿਆਰੀ ਕਰਨ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਟੈਕਨੀਕਲ ਸਰਵਿਸ ਯੂਨੀਅਨ ਤੋਂ ਜਗਤਾਰ ਸਿੰਘ ਖੁੰਡਾ, ਹਰਦੀਪ ਸਿੰਘ ਸੇਖਵਾਂ, ਕਸ਼ਮੀਰ ਸਿੰਘ, ਸੰਤੋਖ ਸਿੰਘ, ਗੁਰਮੇਜ ਸਿੰਘ, ਬਲਵਿੰਦਰ ਸਿੰਘ, ਜਰਨੈਲ ਸਿੰਘ, ਜਗਦੀਸ਼ ਚੰਦਰ, ਪਿਆਰਾ ਸਿੰਘ ਭਾਮੜੀ, ਬਲਜਿੰਦਰ ਸਿੰਘ ਬਾਜਵਾ ਸ਼ਾਮਲ ਹੋਏ।

## ਸ਼ਰਾਬ ਹਾਦਸੇ ਦੇ ਛੇ ਪੀੜਤਾਂ ਨੂੰ ਮਿਲੀ ਹਸਪਤਾਲ ਤੋਂ ਛੁੱਟੀ



**ਮਜੀਠਾ (ਸੋਇਮ ਆਨੰਦ)**- ਮਜੀਠਾ ਹਲਕੇ ਦੇ ਪਿੰਡਾਂ ਵਿੱਚ ਜ਼ਹਿਰੀਲੀ ਸ਼ਰਾਬ ਨਾਲ ਵਾਪਰੇ ਵੱਡੇ ਕਾਂਡ ਦੌਰਾਨ ਰਾਹਤ ਦੀ ਖਬਰ ਮਿਲੀ ਹੈ ਕਿ ਇਸ ਹਾਦਸੇ ਦੇ ਛੇ ਪੀੜਤ ਜੋ ਕਿ ਇਲਾਜ ਲਈ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਪੁੱਜੇ ਸਨ, ਨੂੰ ਡਾਕਟਰਾਂ ਨੇ ਤੰਦਰੁਸਤ ਹੋਣ ਮਗਰੋਂ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਹੈ।ਇਨ੍ਹਾਂ ਖੁਸ਼ਕਿਸਮਤਾਂ ਵਿੱਚ ਕੇਵਲ ਸਿੰਘ ਪਿੰਡ ਮਰੜੀ ਕਲਾਂ, ਗੁਲਜ਼ਾਰ ਸਿੰਘ ਮਰੜੀ ਕਲਾਂ, ਰਮਨ ਕੁਮਾਰ ਵਾਸੀ ਥਰੀਏਵਾਲ, ਮੁਲਖ ਰਾਜ ਵਾਸੀ ਪਤਾਲਪੁਰੀ, ਸੁਬੇਗ ਸਿੰਘ ਵਾਸੀ ਭੰਗਵਾਂ ਅਤੇ ਤਰਸੇਮ ਸਿੰਘ ਵਾਸੀ ਭੰਗਾਲੀ ਕਲਾਂ ਸ਼ਾਮਿਲ ਹਨ। ਇਸ ਮੌਕੇ ਗੁਰੂ ਨਾਨਕ ਦੇਵ ਮੈਡੀਕਲ ਕਾਲਜ ਦੇ ਸੁਪਰਡੈਂਟ ਡਾਕਟਰ ਕਰਨਜੀਤ ਸਿੰਘ, ਡੀਐੱਸਪੀ ਮਨਿੰਦਰਪਾਲ ਸਿੰਘ, ਸਹਾਇਕ ਲੋਕ ਸੰਪਰਕ ਅਧਿਕਾਰੀ ਯੋਗੇਸ਼ ਕੁਮਾਰ ਉਚੇਚੇ ਤੌਰ ਉਤੇ ਇਨ੍ਹਾਂ ਦਾ ਹਾਲ ਜਾਨਣ ਲਈ ਪੁੱਜੇ।ਇਹ ਸਾਰੇ ਮਰੀਜ਼ ਜੋ ਕਿ ਉਕਤ ਹਾਦਸੇ ਦੇ ਭਿਆਨਕ ਸਿੱਟਿਆਂ ਤੋਂ ਭਲੀ ਭਾਂਤ ਜਾਣੂ ਸਨ, ਨੇ ਪੰਜਾਬ ਸਰਕਾਰ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਸਮੇਂ ਸਿਰ ਉਨ੍ਹਾਂ ਨੂੰ ਘਰਾਂ ਵਿੱਚੋਂ ਕੱਢ ਕੇ ਹਸਪਤਾਲ ਲਿਆਂਦਾ ਅਤੇ ਇਲਾਜ ਕਰਵਾਇਆ।

## ਪੀ ਐੱਮ ਸ੍ਰੀ ਸਰਕਾਰੀ ਸਕੂਲ ਕਾਦੀਆਂ ਦਾ ਬਾਰ੍ਹਵੀਂ ਦਾ ਨਤੀਜਾ ਸੌ ਫੀਸਦੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ 12ਵੀਂ ਜਮਾਤ ਦੇ ਨਤੀਜੇ ਵਿਚ ਪੀ.ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਮੈਡੀਕਲ, ਨਾਨ-ਮੈਡੀਕਲ ਵਿਚੋਂ ਅਭਿਸ਼ੇਕ ਨੇ 95.8%, ਰਿਧਮਾ 95.2, ਸਨਾ ਨੇ 94%, ਅੰਕ ਪ੍ਰਾਪਤ ਕੀਤੇ। ਆਰਟਸ ਸਟਰੀਮ ਵਿਚੋਂ ਗੁਰਲੀਨ ਕੌਰ 87%, ਹਰਲੀਨ ਕੌਰ 84.6%, ਬਲਜੀਤ ਸਿੰਘ 84.6% ਅੰਕ ਪ੍ਰਾਪਤ ਕੀਤੇ।ਇਸ ਸਬੰਧੀ ਸਕੂਲ ਪ੍ਰਿੰਸੀਪਲ



ਡਾ. ਸੁਨੀਤਾ ਕੌਸ਼ਲ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਉਪਲਬਧੀ ਦਾ ਸਿਹਰਾ ਸਕੂਲ ਦੇ ਮਿਹਨਤੀ ਅਤੇ ਯੋਗ ਸਟਾਫ਼ ਨੂੰ ਜਾਂਦਾ ਹੈ।ਇਸ ਮੌਕੇ ਪ੍ਰਦੀਪ ਕੁਮਾਰ ਲੈਕ, ਜਸਪਾਲ ਸਿੰਘ ਲੈਕ, ਦਿਨੇਸ਼ ਕੁਮਾਰ, ਗੁਰਟੇਕ ਸਿੰਘ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

## ਸ੍ਰੀ ਗੁਰੂ ਹਰਿਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋ ਲਹਿਲ ਦਾ + 2 ਦਾ ਨਤੀਜਾ 100 ਪ੍ਰਤੀਸ਼ਤ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਇਲਾਕੇ ਦੀ ਨਾਮਵਰ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋ ਲੇਹਲ ਮਹਿਤਾ ਰੋਡ ਦਾ ਨਤੀਜਾ ਇਸ



ਵਾਰ ਵੀ 100 ਪ੍ਰਤੀਸ਼ਤ ਰਿਹਾ। ਸਾਇੰਸ, ਕਾਮਰਸ ਅਤੇ ਆਰਟਸ ਦੇ ਬੱਚਿਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ ਹਨ। ਇਸ ਦੀ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਦੇ ਡਾਇਰੈਕਟਰ ਡਾ. ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਨੇ ਦੱਸਿਆ ਕਿ ਇੰਦਰਪ੍ਰੀਤ ਕੌਰ ਨੇ 96 ਪ੍ਰਤੀਸ਼ਤ, ਗੁਰਲੀਨ ਕੌਰ ਨੇ 95.3, ਮਹਿਕਪ੍ਰੀਤ ਕੌਰ 95%, ਸੁਪ੍ਰੀਤ ਕੌਰ 93.4%, ਰਾਜਬੀਰ ਕੌਰ 93.2, ਦਮਨਵੀਰ ਕੌਰ 90%, ਹਰਮਨਦੀਪ ਕੌਰ 89.6 ਪ੍ਰਤੀਸ਼ਤ, ਕਾਮਰਸ ਵਿੱਚੋਂ ਜਸਕਰਨਦੀਪ ਕੌਰ 88% , ਮਨਪ੍ਰੀਤ ਕੌਰ 87%, ਕਵਲਜੀਤ ਕੌਰ 86.4 ਅੰਕ ਹਾਸਲ ਕਰਕੇ ਪਹਿਲੀ ਦੂਜੀ ਅਤੇ ਤੀਸਰੀ ਪੁਜੀਸ਼ਨ ਹਾਸਲ ਕਰਨ ਵਿਚ ਕਾਮਯਾਬ ਹੋਏ ਹਨ। ਆਰਟਸ ਵਿੱਚੋਂ ਮਹਿਕਦੀਪ ਕੌਰ 89%, ਕੋਮਲਦੀਪ ਕੌਰ 88.8%, ਮੁਸਕਾਨਦੀਪ ਕੌਰ 86.6, ਨੰਬਰ ਪ੍ਰਾਪਤ ਕੀਤੇ ਹਨ। ਵਧੀਆ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਬੱਚਿਆਂ ਨੂੰ ਸਕੂਲ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਮੈਡਮ ਕਿਰਨ ਬਾਲਾ, ਇੰਚਾਰਜ ਭੁਪਿੰਦਰ ਸਿੰਘ, ਪ੍ਰਿੰਸੀਪਲ ਗੁਰਸੇਵਕ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸੀ ।

## ਗਰਮੀ ਨੂੰ ਦੇਖਦਿਆਂ ਸਕੂਲਾਂ ਦਾ ਸਮਾਂ ਬਦਲਣ ਦੀ ਮੰਗ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਅੱਤ ਦੀ ਪੈ ਰਹੀ ਗਰਮੀ ਨੂੰ ਦੇਖਦਿਆਂ ਸਿੱਖਿਆ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਤੋਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਆਗੂਆਂ ਕੁਲਦੀਪ ਪੁਰੋਵਾਲ, ਅਨਿਲ ਕੁਮਾਰ, ਦਿਲਦਾਰ ਭੰਡਾਲ, ਸੁਖਵਿੰਦਰ ਰੰਧਾਵਾ ਅਤੇ ਗੁਰਪ੍ਰੀਤ ਰੰਗੀਲਪੁਰ ਨੇ ਸਕੂਲਾਂ ਦਾ ਸਮਾਂ ਬਦਲਣ ਦੀ ਮੰਗ ਕੀਤੀ ਹੈ।ਆਗੂਆਂ ਕਿਹਾ ਕਿ ਪ੍ਰਾਇਮਰੀ/ਮਿਡਲ ਸਕੂਲਾਂ ਵਿੱਚ ਪੜ੍ਹਦੇ ਛੋਟੇ ਬੱਚਿਆਂ ਨੂੰ ਛੁੱਟੀ ਹੋਣ ਉਪਰੰਤ ਅੱਤ ਦੀ ਗਰਮੀ ਕਰਕੇ ਮੁਸ਼ਕਿਲ ਆ ਰਹੀ ਹੈ।ਵਿਦਿਆਰਥੀ ਬਿਮਾਰ ਹੋ ਰਹੇ ਹਨ।ਗਰੀਬ ਵਿਦਿਆਰਥੀਆਂ ਕੋਲ ਆਵਾਜਾਈ ਦੇ ਸਾਧਨ ਨਾ ਹੋਣ ਕਾਰਨ ਪੈਦਲ ਚਲਣ ਵਿੱਚ ਮੁਸ਼ਕਿਲ ਆ ਰਹੀ ਹੈ।ਪਿੰਡਾਂ ਦੇ ਸਕੂਲਾਂ ਵਿੱਚ ਵੀ ਬਿਜਲੀ ਘੱਟ ਆਉਣ ਕਾਰਨ ਮੁਸ਼ਕਿਲ ਵੱਧ ਰਹੀ ਹੈ।ਆਗੂਆਂ ਕਿਹਾ ਕਿ ਸਕੂਲਾਂ ਦਾ ਸਮਾਂ 7.30 ਵਜੇ ਤੋਂ 12.00ਵਜੇ ਤਕ ਕੀਤਾ ਜਾਵੇ ਤਾਂ ਕਿ ਅੱਤ ਦੀ ਗਰਮੀ ਤੋਂ ਵਿਦਿਆਰਥੀਆਂ ਦਾ ਬਚਾਅ ਹੋ ਸਕੇ ਅਤੇ ਪੜ੍ਹਾਈ ਵੀ ਜਾਰੀ ਰਹਿ ਸਕੇ।ਇਸ ਮੌਕੇ ਪਰਸ਼ੋਤਮ ਲਾਲ, ਲਵਪ੍ਰੀਤ ਰੋੜਾਂਵਾਲੀ, ਅਮਰਬੀਰ ਸਿੰਘ, ਰਣਜੀਤ ਸਿੰਘ, ਕੁਲਜੀਤ ਸਿੰਘ, ਹਰਪ੍ਰੀਤ ਸਿੰਘ, ਜੋਤ ਪਰਕਾਸ਼ ਸਿੰਘ, ਦਵਿੰਦਰਜੀਤ, ਸੁਭਾਸ਼ ਚੰਦਰ, ਸਤਿੰਦਰਜੀਤ, ਅਮਨਦੀਪ ਧਾਰੀਵਾਲ, ਬਲਵਿੰਦਰ ਕੁਮਾਰ, ਮਨਜੀਤ ਸਿੰਘ, ਪਵਨ ਕੁਮਾਰ, ਸੁਖਵਿੰਦਰ ਬਟਾਲਾ, ਕਪਿਲ ਸ਼ਰਮਾ, ਬਲਕਾਰ ਸਿੰਘ, ਮੰਗਲਦੀਪ, ਗੁਰਮੀਤ ਸਿੰਘ ਬਾਜਵਾ ਆਦਿ ਹਾਜ਼ਰ ਸਨ।

## ਚੋਰਾਂ ਨੇ ਹਾਂਡਾ ਕਰਿਆਨਾ ਸਟੋਰ ਤੇ ਦੁਕਾਨ ਦੀ ਛੱਤ ਪਾੜ ਕੇ ਚੋਰੀ ਨੂੰ ਦਿੱਤਾ ਅੰਜਾਮ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਕਸਬੇ ਦੇ ਮੇਨ ਬਜ਼ਾਰ ਵਿੱਚ ਬੀਤੀ ਰਾਤ ਚੋਰਾਂ ਵੱਲੋਂ ਹਾਂਡਾ ਕਰਿਆਨਾ ਸਟੋਰ ਤੇ ਦੁਕਾਨ ਦੀ ਛੱਤ ਪਾੜ ਕੇ ਚੋਰੀ ਕਰਨ ਦੀ ਵਾਰਦਾਤ



ਨੂੰ ਅੰਜਾਮ ਦਿੱਤਾ ਗਿਆ। ਪੱਤਰਕਾਰਾ ਨੂੰ ਜਾਣਕਾਰੀ ਦਿੰਦਿਆਂ ਹਾਂਡਾ ਕਰਿਆਨਾ ਸਟੋਰ ਦੇ ਮਾਲਕ ਅਸ਼ਵਨੀ ਕੁਮਾਰ ਹਾਂਡਾ ਤੇ ਯੁਗੇਸ਼ਵਰ ਹਾਂਡਾ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਸਵੇਰੇ 8 ਵਜੇ ਦੇ ਕਰੀਬ ਆਪਣੀ ਦੁਕਾਨ 'ਤੇ ਆਏ। ਜਦੋਂ ਉਨ੍ਹਾਂ ਦੁਕਾਨ ਦਾ ਦਰਵਾਜ਼ਾ ਖੋਲ੍ਹਿਆ ਤਾਂ ਦੁਕਾਨ ਅੰਦਰ ਉਨ੍ਹਾਂ ਨੂੰ ਲਾਈਟ ਦਿਖਾਈ ਦਿੱਤੀ। ਉਨ੍ਹਾਂ ਅੰਦਰ ਜਾ ਕੇ ਦੇਖਿਆ ਤਾਂ ਚੋਰਾਂ ਵੱਲੋਂ ਦੁਕਾਨ ਦੀ ਛੱਤ ਪਾੜ ਕੇ ਚੋਰੀ ਨੂੰ ਅੰਜਾਮ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਚੋਰਾਂ ਵੱਲੋਂ ਗੱਲੇ ਵਿੱਚ ਪਈ ਨਕਦੀ, ਡਰਾਈ ਫਰੂਟ ਤੇ ਕਈ ਪ੍ਰਕਾਰ ਦੇ ਕਰਿਆਨਾ ਦਾ ਸਮਾਨ ਚੋਰਾਂ ਵੱਲੋਂ ਚੋਰੀ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿਖੇ ਲਿਖਤੀ ਸ਼ਿਕਾਇਤ ਦਰਜ ਕਰਵਾਈ ਗਈ ਹੈ । ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਸ ਐਚ ਓ ਸਤਪਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਉਕਤ ਘਟਨਾ ਦਾ ਜਾਇਜ਼ਾ ਲੈਣ ਉਪਰੰਤ ਦੁਕਾਨਦਾਰ ਨੂੰ ਵਿਸ਼ਵਾਸ ਦਿਵਾਇਆ ਕਿ ਪੁਲਸ ਵੱਲੋਂ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ, ਜਲਦ ਹੀ ਚੋਰਾਂ ਨੂੰ ਕਾਬੂ ਕਰਕੇ ਸਲਾਖਾਂ ਪਿੱਛੇ ਕੀਤਾ ਜਾਵੇਗਾ।

## ਕੈਬਨਿਟ ਮੰਤਰੀ ਭੁੱਲਰ ਵੱਲੋਂ ਵਿਦਿਆਰਥਣ ਦਾ ਵਿਸ਼ੇਸ਼ ਸਨਮਾਨ



**ਚੋਹਲਾ ਸਾਹਿਬ (ਰਮਨ ਚੱਢਾ)**- ਸੀ ਬੀ ਐਸ ਸੀ ਦੇ ਐਲਾਨੇ ਗਏ ਨਤੀਜਿਆਂ ਵਿੱਚੋਂ ਐਮ ਐਸ ਐਮ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਧੁੰਨ ਰੋਡ ਚੋਹਲਾ ਸਾਹਿਬ ਦੇ ਦਸਵੀਂ ਅਤੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਵਧੀਆ ਨੰਬਰ ਲੈ ਕੇ ਜਿੱਥੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ ਉੱਥੇ ਆਪਣੇ ਮਾਪਿਆਂ ਦਾ ਨਾਂਅ ਵੀ ਉੱਚਾ ਚੁੱਕਿਆ ਹੈ। ਸਕੂਲ ਦੇ ਡਾਇਰੈਕਟਰ ਡਾ. ਉਪਕਾਰ ਸਿੰਘ ਸੰਧੂ ਨੇ ਦੱਸਿਆ ਕਿ ਸੀ ਬੀ ਐਸ ਸੀ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚੋਂ ਦਸਵੀਂ ਕਲਾਸ ਦੀ ਵਿਦਿਆਰਥਣ ਰਾਜਬੀਰ ਕੌਰ ਨੇ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਜ਼ਿਲ੍ਹਾ ਤਰਨ ਤਾਰਨ ਵਿੱਚੋਂ ਦੂਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਉਹਨਾਂ ਦੱਸਿਆ ਕਿ ਦਸਵੀਂ ਅਤੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ । ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਵੰਸ਼ਿਕਾ ਦੇਵਗਨ ਨੇ 92 ਪ੍ਰਤੀਸ਼ਤ ਅਤੇ ਗੁਰਨੂਰ ਨੇ ਤੀਸਰੀ ਪੁਜੀਸ਼ਨ ਲਈ 89 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ। ਸਕੂਲ ਦੇ ਚੇਅਰਮੈਨ ਡਾਕਟਰ ਉਪਕਾਰ ਸਿੰਘ ਨੇ ਦੱਸਿਆ ਕਿ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਖਾਸ ਤੌਰ ਤੇ ਭੇਜੇ ਗਏ ਆਪਣੇ ਪੀ ਏ ਦਿਲਬਾਗ ਸਿੰਘ ਵੱਲੋਂ ਰਾਜਬੀਰ ਦਾ ਵਿਸ਼ੇ ਤੌਰ ਤੇ ਸਕੂਲ ਪਹੁੰਚ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਲਰਾਕੇਸ਼ ਕੁਮਾਰ ਨੇ ਵੀ ਸ਼ਾਨਦਾਰ ਨਤੀਜਿਆਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਸਮੇਂ ਪ੍ਰਦੀਪ ਢਿੱਲੋਂ ਖਾਦ ਸਟੋਰ ਵਾਲੇ, ਸਰਪੰਚ ਕੇਵਲ ਕ੍ਰਿਸ਼ਨ ਨਈਅਰ ਚੋਹਲਾ ਸਾਹਿਬ, ਭਗਤ ਸਿੰਘ ਆਦਿ ਹਾਜ਼ਰ ਸਨ।

## ਦਸ਼ਮੇਸ਼ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨੀਂ ਬਾਰ੍ਹਵੀਂ ਕਲਾਸ ਦੇ ਨਤੀਜੇ ਐਲਾਨੇ ਗਏ ।ਜਿਸ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀ. ਸੈਕੰ. ਸਕੂਲ ਮਹਿਤਾ ਚੌਂਕ ਦਾ ਨਤੀਜਾ 100% ਰਿਹਾ।ਬਾਰ੍ਹਵੀਂ ਜਮਾਤ ਦੇ ਕੁੱਲ 137 ਵਿਦਿਆਰਥੀਆਂ ਦੁਆਰਾ ਮੈਡੀਕਲ, ਨਾਨ-ਮੈਡੀਕਲ, ਕਾਮਰਸ ਅਤੇ ਆਰਟਸ ਸਟਰੀਮ ਵਿੱਚ ਸਲਾਨਾ ਪ੍ਰੀਖਿਆ ਦਿੱਤੀ ਗਈ। ਸਕੂਲ ਦੀ ਮੈਡੀਕਲ ਸਟਰੀਮ ਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਨੇ 484/500( 96.80) ਨੰਬਰ ਹਾਸਲ ਕਰਕੇ ਪਹਿਲਾ ਸਥਾਨ ਹਾਸਲ ਕੀਤਾ. ਗੁਰਲੀਨ ਕੌਰ, ਗੁਲਸ਼ਰਨਜੀਤ ਕੌਰ 482/500( 96.40%) ਹਾਸਲ ਕਰਕੇ ਦੂਸਰਾ ਅਤੇ ਪਵਨਦੀਪ ਕੌਰ ਨੇ 479/500( 95.80%) ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ ।ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਬਾਰ੍ਹਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ 'ਤੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ। ਸੰਸਥਾ ਦੇ ਮੈਨੇਜਰ ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਵੀ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ ਗਿਆ ।ਉਹਨਾਂ ਦੱਸਿਆ ਕਿ ਬਾਰਵੀਂ ਜਮਾਤ ਦਾ ਸਾਰੇ ਵਿਦਿਆਰਥੀਆਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ ਅਤੇ ਸਾਰੇ ਵਿਦਿਆਰਥੀਆਂ ਦੁਆਰਾ ਚੰਗੇ ਨੰਬਰ ਪ੍ਰਾਪਤ ਕੀਤੇ ਗਏ।ਇਸ ਮੌਕੇ ਪ੍ਰਿੰਸੀਪਲ ਗੁਰਬੀਰ ਕੌਰ, ਮਨਪ੍ਰੀਤ ਸਿੰਘ ਟੱਕਰ (ਡਾਇਰੈਕਟਰ), ਮੈ. ਰਵਿੰਦਰ ਕੌਰ (ਕੋਆਰਡੀਨੇਟਰ), ਮੈ. ਬਲਜੀਤ ਕੌਰ ਆਦਿ ਹਾਜ਼ਰ ਸਨ।

## ਸ਼ੈਲਿੰਦਰਜੀਤ ਸਿੰਘ ਰਾਜਨ ਦੀ ਪੁਸਤਕ 'ਮੋਹ ਦੀਆਂ ਤੰਦਾਂ' ਦਾ ਲੋਕ ਅਰਪਣ ਸਮਾਗਮ ਭਲਕੇ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**- ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਸਭਾ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ, 13ਵਾਂ ਸਾਂਝਾ ਕਾਵਿ ਸੰਗ੍ਰਹਿ 'ਮੋਹ ਦੀਆਂ ਤੰਦਾਂ' ਦਾ ਲੋਕ ਅਰਪਿਤ ਸਮਾਗਮ 18 ਮਈ ਨੂੰ ਠੀਕ ਸਵੇਰੇ 9.30 ਵਜੇ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ । ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ. ਪਰਮਜੀਤ ਸਿੰਘ ਬਾਠ, ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਡਾ. ਲਖਵਿੰਦਰ ਜੌਹਲ ਸਾ: ਪ੍ਰਧਾਨ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਬਤੌਰ ਮੁੱਖ ਮਹਿਮਾਨ, ਦਰਸ਼ਨ ਬੁੱਟਰ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਬਤੌਰ ਵਿਸ਼ੇਸ਼ ਮਹਿਮਾਨ ਪੁੱਜਣਗੇ। ਸਮਾਗਮ ਦੀ ਪ੍ਰਧਾਨਗੀ ਮੱਖਣ ਕੁਹਾੜ ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਹਰਬੰਸ ਸਿੰਘ ਘੇਈ ਸਾ: ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ ਕਰਨਗੇ, ਜਦਕਿ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਸ਼ਾਹੀ, ਮੀਤ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਸਕੱਤਰ ਸੁਰਿੰਦਰਪ੍ਰੀਤ ਸਿੰਘ ਘਣੀਆਂ, ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਡਾ. ਸ਼ਿੰਦਰਪਾਲ ਅਤੇ ਗੁਰਮੀਤ ਸਿੰਘ ਬਾਜਵਾ ਸੁਸ਼ੋਭਿਤ ਹੋਣਗੇ । ਇਸ ਮੌਕੇ ਮੋਹ ਦੀਆਂ ਤੰਦਾਂ ਵਿੱਚ ਸ਼ਾਮਿਲ ਸਾਰੇ ਹੀ ਕਵੀਜਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ ।

## ਜੰਗਬੰਦੀ ਮਗਰੋਂ ਸਰਹੱਦ ਨੇੜੇ ਵੱਸਦੇ ਲੋਕਾਂ ਦੀ ਜ਼ਿੰਦਗੀ ਮੁੜ ਪਟੜੀ 'ਤੇ ਪਰਤਣ ਲੱਗੀ

### ● ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਦੀ ਸਾਰ ਤੱਕ ਲੈਣਾ ਜ਼ਰੂਰੀ ਨਹੀਂ ਸਮਝਿਆ : ਪਿਸ਼ੌਰਾ ਸਿੰਘ ਪੰਨੂ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- 22 ਅਪ੍ਰੈਲ ਨੂੰ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਮਗਰੋਂ ਭਾਰਤ-ਪਾਕਿਸਤਾਨ ਦਰਮਿਆਨ ਤਣਾਅ ਜਦੋਂ ਸਿਖਰ 'ਤੇ ਪਹੁੰਚਿਆ ਤਾਂ ਸਰਹੱਦ ਨੇੜੇ ਰਹਿੰਦੇ ਲੋਕਾਂ ਨੂੰ ਸਭ ਕੁਝ ਗਵਾਉਣ ਦਾ ਡਰ ਸਤਾਉਣ ਲੱਗਾ।ਡਰ ਸਤਾਵੇ ਵੀ ਕਿਉਂ ਨਾ, ਜੰਗ ਦੇ ਮਾੜੂ ਪ੍ਰਭਾਵਾਂ ਦਾ ਸ਼ਿਕਾਰ ਸਰਹੱਦ ਨੇੜੇ ਰਹਿੰਦੇ ਲੋਕ ਹੀ ਹੁੰਦੇ ਹਨ।ਅੱਤਵਾਦੀ ਹਮਲੇ ਤੋਂ ਬਾਅਦ ਭਾਰਤ-ਪਾਕਿਸਤਾਨ ਸਰਹੱਦ ਦੇ ਦੋਹਾਂ ਪਾਸੇ ਵੱਸਦੇ ਲੋਕਾਂ ਨੂੰ ਬਰਬਾਦ ਹੋ ਜਾਣ ਦਾ ਡਰ ਸਤਾ ਰਿਹਾ ਸੀ।ਸੁਣਨ ਵਿੱਚ ਆਇਆ ਕਿ ਪਾਕਿਸਤਾਨ ਵਾਲੇ ਪਾਸੇ ਵੱਸਦੇ ਲੋਕ ਪਿਛਲੇ ਕਰੀਬ 20 ਦਿਨਾਂ ਤੋਂ ਸਰਹੱਦ ਤੋਂ ਦੂਰ ਜਾ ਚੁੱਕੇ ਸਨ, ਜਿਸ ਕਾਰਨ ਉਸ ਪਾਰ ਬਹੁਤ ਘੱਟ ਹਲਚਲ ਦਿਖਾਈ ਦਿੰਦੀ ਸੀ, ਇਸੇ ਤਰ੍ਹਾਂ ਹੀ ਭਾਰਤ ਵਾਲੇ ਪਾਸੇ ਜਿਵੇਂ-ਜਿਵੇਂ ਦੋਹਾਂ ਪਾਸਿਆਂ ਦੀਆਂ ਫੌਜਾਂ ਦੇ ਅੱਗੇ ਵਧਣ ਦੀਆਂ ਖ਼ਬਰਾਂ ਚਰਚਾ ਵਿੱਚ ਆਈਆਂ ਤਾਂ ਇੱਧਰਲੇ ਲੋਕ ਵੀ ਸਰਹੱਦ ਤੋਂ ਪਿੱਛੇ ਸੁਰੱਖਿਅਤ ਥਾਵਾਂ ਵੱਲ ਜਾਂਦੇ ਦਿਖਾਈ ਦਿੱਤੇ ਜਿਸ ਕਾਰਨ ਲੋਕਾਂ ਨੂੰ ਆਪਣੇ ਕੰਮਕਾਜ ਛੱਡਣੇ ਪਏ।ਉਸਾਰੀ, ਖੇਤੀਬਾੜੀ ਅਤੇ ਦੂਜੇ ਕੰਮ ਲਗਭਗ ਇੱਕ ਤਰ੍ਹਾਂ ਨਾਲ ਠੱਪ ਹੀ ਹੋ ਗਏ ਜਿਸ ਦੇ ਚੱਲਦਿਆਂ ਦਿਹਾੜੀਦਾਰ ਵਰਗ ਨੂੰ ਵੱਡੀ ਸੱਟ ਵੱਜੀ।ਰੋਜ਼ਾਨਾ ਦਿਹਾੜੀ ਕਰਕੇ ਪਰਿਵਾਰ ਦਾ ਪੇਟ ਪਾਲਣ-ਪੋਸ਼ਣ ਕਰਨ ਵਾਲਾ ਗਰੀਬ ਵਰਗ ਦੋ ਵਕਤ ਦੀ ਰੋਟੀ ਲਈ ਤਰਸਦਾ ਨਜ਼ਰ ਆਇਆ ਪਰ ਸਦਕੇ ਜਾਈਏ ਸੂਬਾ ਅਤੇ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਦੇ ਜਿਨ੍ਹਾਂ ਵੱਲੋਂ ਆਪਣੀ ਰਾਜਨੀਤੀ ਲਈ ਸਮੇਂ ਸਮੇਂ 'ਤੇ ਬਿਆਨਬਾਜ਼ੀ ਤਾਂ ਕੀਤੀ ਗਈ ਪਰ ਕਿਸੇ ਨੇ ਵੀ ਇਹ ਜ਼ਹਿਮਤ ਨਹੀਂ ਉਠਾਈ ਕਿ ਸਰਹੱਦ 'ਤੇ ਦੋ ਵਕਤ ਦੀ ਰੋਟੀ ਤੋਂ ਵੀ ਆਤੁਰ ਹੋਏ ਲੋਕਾਂ ਦੀ ਸਾਰ ਲੈ ਲਈਏ।ਇਸ ਦੁੱਖ ਦੀ ਘੜੀ ਵਿੱਚ ਧਾਰਮਿਕ ਦਿਹਾੜਿਆਂ ਤੇ ਹੋਰਨਾਂ ਪ੍ਰੋਗਰਾਮਾਂ ਤੇ ਵੱਡੇ-ਵੱਡੇ ਲੰਗਰ ਲਗਾਉਣ ਵਾਲੇ ਧਾਰਮਿਕ ਆਗੂਆਂ ਤੇ ਸੰਸਥਾਵਾਂ ਨੇ ਵੀ ਲੋੜਵੰਦ ਲੋਕਾਂ ਲਈ ਰੋਟੀ ਦਾ ਪ੍ਰਬੰਧ ਨਾ ਕੀਤਾ।ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਡਿਫੈਂਸ ਲਾਈਨ ਤੋਂ ਅੱਗੇ ਵੱਸਦੇ ਪਿੰਡਾਂ ਦੇ ਗੁਰਦੁਆਰਿਆਂ ਵਿੱਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਸੁਰੱਖਿਤ ਥਾਂ ਤੇ ਲਿਜਾਣ ਲਈ ਕੋਈ ਵੀ ਪ੍ਰਬੰਧ ਨਾ ਕੀਤਾ।ਬਾਅਦ ਵਿੱਚ ਪਿੰਡਾਂ ਦੇ ਲੋਕਾਂ ਵੱਲੋਂ ਇਲਾਕੇ ਦੇ ਗੁਰਦੁਆਰਿਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਪਿੱਛੇ ਲਿਆਂਦੇ ਗਏ।ਗੁਆਂਢੀ ਮੁਲਕ ਨੂੰ ਤਬਾਹ ਕਰਨ ਦੀਆਂ ਦੁਹਾਈਆਂ ਪਾਉਂਦੇ ਇਹ ਨੇਤਾ ਲੋਕਾਂ ਲਈ ਲੰਗਰ-ਪਾਣੀ ਦਾ ਪ੍ਰਬੰਧ ਨਾ ਕਰ ਸਕੇ।ਪਰ ਸਰਹੱਦ ਨੇੜੇ ਵੱਸਦੇ ਇਹ ਬਹਾਦਰ ਲੋਕ ਜੋ ਪੁਰਾਤਨ ਸਮੇਂ ਤੋਂ ਹੀ ਮੁਗਲ ਧਾੜਵੀਆਂ ਅਤੇ ਸਮੇਂ ਸਮੇਂ ਦੇ ਜ਼ਾਲਮ ਹੁਕਮਰਾਨਾਂ ਦੇ ਜ਼ੁਲਮ ਦਾ ਸ਼ਿਕਾਰ ਹੁੰਦੇ ਆਏ ਹਨ, ਅੱਜ ਵੀ ਆਪਣੇ ਘਰਾਂ ਅੰਦਰ ਡਟ ਕੇ ਰਹੇ [illegible] ਦੇ ਬੱਦਲ ਹਟ ਜਾਣਗੇ ਤੇ ਲੋਕ ਮੁੜ ਆਪਣਾ ਜੀਵਨ ਪਹਿਲਾਂ ਦੀ ਤਰ੍ਹਾਂ ਨਾਲ ਸ਼ਾਂਤੀਪੂਰਵਕ ਬਤੀਤ ਕਰਨਗੇ।ਪਿਛਲੇ ਦੋ-ਤਿੰਨ ਦਿਨਾਂ ਤੋਂ ਦੁਬਾਰਾ ਆਪਣੇ ਖੇਤਾਂ ਅੰਦਰ ਰੁੱਝੇ ਕਿਸਾਨਾਂ ਅਤੇ ਮਿਹਨਤ ਮਜ਼ਦੂਰੀ ਦੀ ਭਾਲ ਵਿੱਚ ਲੱਗੇ ਗਰੀਬ ਲੋਕਾਂ ਦੀ ਇੱਕੋ ਹੀ ਮੁਰਾਦ ਹੈ ਕਿ ਉਹ ਭਵਿੱਖ ਵਿੱਚ ਸ਼ਾਂਤੀ ਨਾਲ ਰਹਿਣ ਪਰ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਭਵਿੱਖ ਵਿੱਚ ਊਠ ਕਿਸ ਕਰਵਟ ਬੈਠਦਾ ਹੈ।ਇਸ ਸਬੰਧੀ ਭਾਰਤ ਪਾਕ ਸਰਹੱਦ ਦੇ ਐਨ ਨਜ਼ਦੀਕ ਵਸਦੇ ਪਿੰਡ ਗਿੱਲ ਪਾਂਦੇ ਨੰਬਰਦਾਰ ਪਿਸ਼ੌਰਾ ਸਿੰਘ ਪੰਨੂ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ 9 ਮਈ ਸਵੇਰੇ ਤਿੰਨ ਵਜੇ ਦੋਹਾਂ ਦੇਸ਼ਾਂ ਦੀਆਂ ਫੌਜਾਂ ਪੂਰੀ ਤਰ੍ਹਾਂ ਜੰਗ ਕਰਨ ਲਈ ਤਿਆਰ ਹੋ ਗਈਆਂ ਸਨ। ਕੁਝ ਹੀ ਸਕਿੰਟਾਂ ਦੇ ਅੰਦਰ ਕੋਈ ਅਜਿਹੀ ਘਟਨਾ ਵਾਪਰੀ ਜਿਸ ਨਾਲ ਇਹ ਜੰਗ ਟਲ ਗਈ। ਸ਼ਾਂਤੀ ਵਾਰਤਾ ਹੋਣ ਨਾਲ ਲੋਕਾਂ ਨੂੰ ਸੁੱਖ ਦਾ ਸਾਹ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸੱਤਾਧਾਰੀ ਸਰਕਾਰਾਂ ਵੱਲੋਂ ਸਰਹੱਦੀ ਲੋਕਾਂ ਨੂੰ ਅਣਗੌਲਿਆਂ ਕਰਨ ਨਾਲ ਸਰਕਾਰਾਂ ਦਾ ਲੋਕ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ। ਉਨ੍ਹਾਂ ਨੇ ਦੋਨਾਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਜੰਗ ਦੀ ਬਜਾਏ ਸਾਰੇ ਮਸਲੇ ਗੱਲਬਾਤ ਰਾਹੀਂ ਸ਼ਾਂਤੀਪੂਰਵਕ ਤਰੀਕੇ ਨਾਲ ਹੱਲ ਕੀਤੇ ਜਾਣ ।ਇਸ ਮੌਕੇ ਭਿਖੀਵਿੰਡ ਨਿਵਾਸੀ ਰਜਿੰਦਰ ਕੁਮਾਰ ਸ਼ਰਮਾ ਅਤੇ ਸੋਨੂ ਨੇ ਕਿਹਾ ਕਿ ਇਸ ਵਾਰ ਸਰਹੱਦ ਤੋਂ ਪਿੱਛੇ ਵੱਸਦੇ ਕਸਬਿਆਂ ਅਤੇ ਪਿੰਡਾਂ ਦੇ ਲੋਕਾਂ ਉਪਰ ਵੀ ਜੰਗ ਦਾ ਬਹੁਤ ਬੁਰਾ ਅਸਰ ਪਿਆ ਹੈ ਜਿਸ ਨਾਲ ਲੋਕਾਂ ਦੇ ਕਾਰੋਬਾਰ ਲਗਭਗ ਇੱਕ ਵਾਰ ਤਾਂ ਠੱਪ ਹੀ ਹੋਣ ਦੀ ਕਗਾਰ ਤੇ ਆ ਗਏ ਸਨ ਜਿਸ ਨਾਲ ਲੋਕਾਂ ਦਾ ਵੱਡਾ ਆਰਥਿਕ ਨੁਕਸਾਨ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਰਾਜ਼ੀਨਾਵਾਂ ਹੋਣ ਕਾਰਨ ਲੋਕਾਂ ਅੰਦਰ ਸਕੂਨ ਪੈਦਾ ਹੋਇਆ ਹੈ ਜਿਸ ਨਾਲ ਸਰਹੱਦੀ ਲੋਕ ਮੁੜ ਸ਼ਾਂਤੀਪੂਰਵਕ ਤਰੀਕੇ ਨਾਲ ਵਸਣ ਲੱਗੇ ਹਨ ਅਤੇ ਆਪੋ ਆਪਣੇ ਕੰਮਾਂ-ਕਾਰਾਂ ਵਿੱਚ ਰੁੱਝ ਗਏ ਹਨ। ਉਨ੍ਹਾਂ ਕਿਹਾ ਕਿ ਜੰਗ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੈ, ਇਸ ਲਈ ਜੰਗ ਤੋਂ ਦੋਵਾਂ ਦੇਸ਼ਾਂ ਨੂੰ ਗੁਰੇਜ਼ ਕਰਨਾ ਚਾਹੀਦਾ ਹੈ।



## ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਰਿਹਾ ਸਾਨਦਾਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਸਕੂਲ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਨੇ ਪਹਿਲੇ, ਦੂਸਰੇ ਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਅਧਿਆਪਕਾਂ ਨੂੰ ਵੀ ਅਸ਼ੀਰਵਾਦ ਦਿੱਤਾ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਨੇ ਦੱਸਿਆ ਕਿ ਸੈਸ਼ਨ 2024-25 ਦੌਰਾਨ ਬਾਰ੍ਹਵੀਂ ਜਮਾਤ ਦੇ ਸਾਰੇ ਹੀ ਬੱਚੇ ਚੰਗੇ ਨੰਬਰ ਲੈ ਕੇ ਪਾਸ ਹੋਏ। ਜਿਨਾਂ ਵਿੱਚੋਂ ਸਾਇੰਸ ਵਿਸ਼ੇ ਵਿੱਚ ਮਹਿਕਪ੍ਰੀਤ ਕੌਰ 96.2%, ਪਲਕਪ੍ਰੀਤ ਕੌਰ 93.8% , ਜਸਨੀਤ ਕੌਰ ਸੋਨੀਆ 93.2%, ਕਮਰਸ 'ਚ ਕਿਰਨਦੀਪ ਕੌਰ 92%, ਡਾਇਮੰਡਪ੍ਰੀਤ ਕੌਰ 91.8%, ਕੋਮਲਪ੍ਰੀਤ ਕੌਰ 91.6% ਅਤੇ ਆਰਟਸ 'ਚ ਜਸਲੀਨ ਕੌਰ 87.6%, ਗੁਰਵਿੰਦਰ ਸਿੰਘ 87.4%, ਰੋਮਨਪ੍ਰੀਤ ਕੌਰ 84.6% ਨੰਬਰ ਪ੍ਰਾਪਤ ਕਰਕੇ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਸਰੇ ਸਥਾਨ 'ਤੇ ਰਹੇ। ਇਸ ਮੌਕੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਨੇ ਬੱਚਿਆਂ ਦੇ ਨਾਲ ਆਏ ਹੋਏ ਮਾਪਿਆਂ ਨੂੰ ਵੀ ਸਨਮਾਨਤ ਕੀਤਾ। ਇਸ ਮੌਕੇ ਨਿੰਦਰ ਸਿੰਘ ਭੋਏ, ਬਾਬਾ ਸੁੱਖਾ ਸਿੰਘ, ਬਾਬਾ ਜੱਸਾ ਸਿੰਘ, ਜਗਰੂਪ ਸਿੰਘ ਬੋਪਾਰਾਏ, ਜੋਬਨ ਬੁਲਾਰਾ, ਮੇਜਰ ਸਿੰਘ, ਅਵਤਾਰ ਸਿੰਘ ਬੋਪਾਰਾਏ, ਰਣਜੀਤ ਸਿੰਘ ਬਾਬੇਵਾਲ ਬਾਬਾ ਰਾਜਾ, ਮੈਡਮ ਕਰਮਜੀਤ ਕੌਰ, ਪਲਵਿੰਦਰ ਕੌਰ, ਕਵਲਜੀਤ ਕੌਰ, ਕਿਰਨਦੀਪ ਕੌਰ, ਰੁਪਿੰਦਰ ਕੌਰ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

## ਤੀਹ ਹਜ਼ਾਰ ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਹੇਠ ਨਗਰ ਨਿਗਮ ਦਾ ਸਹਾਇਕ ਨਗਰ ਯੋਜਨਾਕਾਰ ਗ੍ਰਿਫ਼ਤਾਰ



ਜਲੰਧਰ (ਸੁਰਿੰਦਰ ਕੁਮਾਰ) ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਕਾਰਵਾਈ ਕਰਦਿਆਂ ਨਗਰ ਨਿਗਮ, ਜਲੰਧਰ ਦੇ ਸਹਾਇਕ ਨਗਰ ਯੋਜਨਾਕਾਰ (ਏਟੀਪੀ) ਸੁਖਦੇਵ ਵਸ਼ਿਸ਼ਟ ਨੂੰ 30,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਕੰਮ ਕਰਵਾਉਣ ਵਾਲੇ ਲੋਕਾਂ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾਵਾਂ ਨੇ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਜਾਣਬੁੱਝ ਕੇ ਅਰਜ਼ੀਆਂ ਨੂੰ ਪ੍ਰਵਾਨਗੀਆਂ ਦੇਣ ਵਿੱਚ ਦੇਰੀ ਕਰਕੇ ਲੋਕਾਂ ਤੋਂ ਪੈਸੇ ਵਸੂਲ ਰਿਹਾ ਸੀ। ਉਨ੍ਹਾਂ ਦੱਸਿਆ ਕਿ ਜਲੰਧਰ ਖੇਤਰ ਵਿੱਚ ਇਮਾਰਤਾਂ ਦੇ 70 ਫੀਸਦ ਨਕਸ਼ੇ ਨਗਰ ਨਿਗਮ ਦੁਆਰਾ ਪਹਿਲਾਂ ਹੀ ਮਨਜ਼ੂਰ ਕੀਤੇ ਜਾ ਚੁੱਕੇ ਹਨ ਪਰ ਉਕਤ ਸਹਾਇਕ ਨਗਰ ਯੋਜਨਾਕਾਰ ਸੁਖਦੇਵ ਵਸ਼ਿਸ਼ਟ ਨੇ ਰਿਸ਼ਵਤ ਨਾ ਮਿਲਣ ਤੱਕ ਕੁਝ ਅਰਜ਼ੀਆਂ ਨੂੰ ਵਿਚਾਰਨ ਤੋਂ ਇਨਕਾਰ ਕਰ ਦਿੱਤਾ ਹੋਇਆ ਹੈ। ਸ਼ਿਕਾਇਤਕਰਤਾਵਾਂ ਨੇ ਇਹ ਵੀ ਦੋਸ਼ ਲਾਇਆ ਕਿ ਉਕਤ ਏਟੀਪੀ ਨੇ ਇੱਕ ਕੇਸ ਨੂੰ ਪ੍ਰਵਾਨਗੀ ਦੇਣ ਦੀ ਪ੍ਰਕਿਰਿਆ ਲਈ ਉਸ ਵਿਅਕਤੀ ਤੋਂ 30,000 ਰੁਪਏ ਰਿਸ਼ਵਤ ਮੰਗੀ ਹੈ। ਸ਼ਿਕਾਇਤਕਰਤਾਵਾਂ ਨੇ ਇਹ ਦੋਸ਼ ਵੀ ਲਾਇਆ ਕਿ ਉਕਤ ਮੁਲਜ਼ਮ ਬਿਨੈਕਾਰਾਂ ਨੂੰ ਡਰਾਉਣ ਲਈ ਨਿਰੀਖਣ ਦੌਰਾਨ ਇਮਾਰਤਾਂ ਨੂੰ ਸੀਲ ਕਰਨ ਆਦਿ ਦੀਆਂ ਧਮਕੀਆਂ ਵੀ ਦਿੰਦਾ ਹੈ ਅਤੇ ਅਕਸਰ ਕਹਿੰਦਾ ਹੈ ਕਿ ਉਸ ਨੂੰ ਆਪਣੀ ਬਦਲੀ ਦੀ ਵੀ ਪ੍ਰਵਾਹ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਜਲੰਧਰ ਰੇਂਜ ਨੇ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰਕੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ 'ਚ ਮੁਲਜ਼ਮ ਦੀ ਭੂਮਿਕਾ ਬਾਰੇ ਹੋਰ ਪਤਾ ਲਗਾਉਣ ਲਈ ਇਸ ਕੇਸ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

## ਮੈਨੂੰ ਮੇਰੀ ਭੈਣ ਦਾ ਵਿਛੋੜਾ ਨਹੀਂ ਭੁੱਲਣਾ



ਮੇਰੀ ਪਿਆਰੀ ਭੈਣ ਅਵਤਾਰ ਕੌਰ 70 ਸਾਲ ਵਾਸੀ ਗਰਾ ਲੰਘੀ ਸੱਤ ਮਈ ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਈ। ਮੇਰੀ ਭੈਣ ਛੋਟੀ ਉਮਰ 'ਚ ਆਪਣੇ ਚਾਚੇ ਦੇ ਵੱਟੇ ਵਿਆਹੀ ਗਈ ਸੀ।ਉਦੋਂ ਸਹੁਰਾ ਤੇ ਮਾਪੇ ਪਰਵਾਰ ਅੱਤ ਦੀ ਗਰੀਬੀ ਹੰਡਾ ਰਹੇ ਸਨ। ਭਾਵੇਂ ਉਹਨੂੰ ਜ਼ਿੰਦਗੀ 'ਚ ਬਹੁਤ ਦੁੱਖ ਸਹੇ। ਵਿਆਹ ਸਮੇਂ ਮੇਰੇ ਮਾਮਾ ਜੀ ਦੀ ਮੌਤ ਹੋ ਗਈ ਤੇ ਭੈਣ ਕੁੱਖੋਂ ਜੰਮੇ ਦੋ ਜਵਾਨ ਪੁੱਤਰ ਸਦੀਵੀ ਵਿਛੋੜਾ ਦੇ ਗਏ। ਅਸੀਂ ਸੱਤ ਭੈਣ ਭਰਾ ਸਾਂ ,ਤਿੰਨ ਭੈਣਾਂ ਵੱਡੀਆਂ ਤੇ ਚਾਰ ਭਰਾ ਛੋਟੇ ਤੇ ਉਹ ਪਰਵਾਰ 'ਚ ਸਭ ਤੋਂ ਵੱਡੀ ਭੈਣ ਸੀ।ਸਾਡਾ ਪਿਓ ਸਾਡੀ ਛੋਟੀ ਉਮਰ 'ਚ ਚੱਲ ਵਸਿਆ ਸੀ ਤੇ ਘਰ ਦਾ ਗੁਜ਼ਾਰਾ ਸਿਰਫ ਖੇਤੀ ਉੱਤੇ ਹੀ ਨਿਰਭਰ ਸੀ। ਮੇਰੀ ਮਾਂ ਮਿੱਟੀ ਨੂੰ ਬਹੁਤ ਪਿਆਰ ਕਰਦੀ ਸੀ ਤੇ ਉਹਨੇ ਮਿੱਟੀ ਦੇ ਸਿਰ 'ਤੇ ਸਾਨੂੰ ਪਾਲਿਆ। ਘਰ ਦੀ ਕਬੀਲਦਾਰੀ ਨੂੰ ਚਲਾਇਆ।ਸਾਡੇ ਜੀਜਾ ਜੀ ਜੋਗਿੰਦਰ ਸਿੰਘ ਆਪਣਾ ਖੇਤੀ ਦਾ ਕੰਮ ਕਰਨ ਤੋਂ ਬਾਅਦ ਸਾਡਾ ਵੀ ਖੇਤੀ ਦੇ ਕੰਮ ਵਿੱਚ ਹੱਥ ਵਟਾਉਂਦੇ ਸਨ ਸੱਚ ਮੁੱਚ ਹੀ ਭੈਣਾਂ ਨਾਲ ਘਰ ਸਵਰਗ ਹੁੰਦੇ ਹਨ ਤੇ ਉਹ ਸਾਡੇ ਹਰ ਦੁੱਖ ਸੁੱਖ ਵਿੱਚ ਸ਼ਾਮਿਲ ਹੁੰਦੀ ਸੀ। ਉਹ ਹਰ ਸਾਲ ਰੱਖੜੀ ਬੰਨ੍ਹਣ ਵੀ ਆਉਂਦੀ ਸੀ ਪਿਛਲੇ ਸਾਲ ਜਦੋਂ ਰੱਖੜੀ ਬੰਨਣ ਆਈ ਤਾਂ ਮੈਨੂੰ ਪੁਲਸ ਨਾਨਗਰਾ ਵਿੱਚ ਚੱਲ ਰਹੇ ਘੋਲ ਦੇ ਕਾਰਨ ਤੜਕਸਾਰ ਹੀ ਗ੍ਰਿਫਤਾਰ ਕਰਕੇ ਲੈ ਗਈ ਸੀ।ਪਰ ਭੈਣ ਨਾਨਗਰਾ ਚੱਲ ਰਹੇ ਧਰਨੇ ਵਿੱਚ ਪੁੱਜ ਗਈ ਤੇ ਉੱਥੇ ਹੀ ਰੱਖੜੀ ਬੰਨ੍ਹੀ ਜਿਹੜੀ ਆਖਰੀ ਹੋ ਨਿਬੜੀ। ਮੇਰੀ ਭੈਣ ਦਿੱਲੀ ਵਿੱਚ ਚੱਲ ਰਹੇ ਕਿਸਾਨ ਮੋਰਚੇ 'ਚ ਕਈ ਵਾਰ ਆਪਣੇ ਪਿੰਡ ਦੇ ਜਥੇ ਨਾਲ ਗਈ। ਭੈਣ ਦੇ ਇਸ ਵਿਛੋੜੇ ਨਾਲ ਸਾਨੂੰ ਬਹੁਤ ਵੱਡਾ ਸਦਮਾ ਪੁੱਜਿਆ। ਉਸ ਨੇ ਸਾਡਾ ਮਾਂ ਪਿਓ ਵਾਲਾ ਪਿਆਰ ਸਾਨੂੰ ਦਿੱਤਾ।ਉਸ ਦੀ ਅੰਤਿਮ ਅਰਦਾਸ 17 ਮਈ ਦਿਨ ਸ਼ਨਿਚਰਵਾਰ ਨੂੰ 12 ਤੋਂ 1 ਵਜੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

**ਸੁਰਜੀਤ ਸਿੰਘ ਢੇਰ**

## ਭੋਗ 'ਤੇ ਵਿਸ਼ੇਸ਼ — ਮਾਂ ਵਰਗਾ ਘਣਛਾਵਾਂ ਬੂਟਾ...



ਮਾਂ ਸ਼ਬਦ ਦਾ ਉਚਾਰਨ ਸਾਨੂੰ ਇੱਕ ਸਕੂਨ ਦਿੰਦਾ ਹੈ। ਸਾਡੇ ਆਪੇ ਨੂੰ ਵਿਸਥਾਰ ਦਿੰਦਾ ਹੈ। ਮਾਂ ਦਾ ਸਾਡੀ ਰੂਹ ਨਾਲ ਸਿੱਧਾ ਰਾਬਤਾ ਹੁੰਦਾ ਹੈ। ਇਹ ਵੀ ਆਖਿਆ ਜਾਂਦਾ ਹੈ ਕਿ ਮਾਂ ਦੀ ਮਮਤਾ 'ਚ ਅਸਲੋਂ ਹੀ ਕੋਈ ਮਿਲਾਵਟ ਨਹੀਂ ਹੁੰਦੀ। ਕਿਸੇ ਨੇ ਮਾਂ ਦੇ ਰਿਸ਼ਤੇ ਨੂੰ ਪ੍ਰਿਭਾਸ਼ਤ ਕਰਦਿਆਂ ਕਿਹਾ ਹੈ, 'ਮਾਂ ਵਰਗਾ ਮੀਤ ਨਾ ਕੋਈ ਮਾਂ ਵਰਗੀ ਅਸੀਸ ਨਾ ਕੋਈ'। ਸੋ ਇਹੋ ਜਿਹੀ ਅਸੀਸ ਹੀ ਸੀ, ਬਲਜੀਤ ਸਿੰਘ, ਰਣਜੀਤ ਸਿੰਘ ਤੇ ਲਖਬੀਰ ਕੌਰ ਦੀ ਮਾਤਾ ਪਿਆਰ ਕੌਰ। 8 ਮਈ ਨੂੰ ਮਾਤਾ ਪਿਆਰ ਕੌਰ ਉਨ੍ਹਾਂ ਰਾਹਾਂ ਦੇ ਪਾਂਧੀ ਬਣ ਗਏ, ਜਿਨ੍ਹਾਂ ਦੀ ਕੋਈ ਵਾਪਸੀ ਨਹੀਂ ਹੁੰਦੀ। ਸ੍ਰ. ਬਲਜੀਤ ਸਿੰਘ ਸੰਧੂ (ਪੀ ਸੀ ਐੱਸ) ਸੇਵਾ ਮੁਕਤ ਐੱਸ ਡੀ ਐੱਮ ਖੰਨਾ ਜਦੋਂ ਮਾਤਾ ਜੀ ਦੇ ਤੁਰ ਜਾਣ ਦੀ ਇਨ੍ਹਾਂ ਸਤਰਾਂ ਦੇ ਲੇਖਕ ਨਾਲ ਗੱਲ ਕਰ ਰਹੇ ਸਨ ਤਾਂ ਉਨ੍ਹਾਂ ਦੇ ਲਫਜ਼ਾਂ ਵਿੱਚ ਪ੍ਰੋ. ਮੋਹਣ ਸਿੰਘ ਦੀ ਮਾਂ ਬਾਰੇ ਲਿਖੀ ਕਵਿਤਾ ਕੰਨਾਂ 'ਚ ਘੁਲਦੀ ਹੋਈ ਮਹਿਸੂਸ ਹੋਣ ਲੱਗੀ। ਪ੍ਰੋਫੈਸਰ ਸਾਹਿਬ ਨੇ ਕਿੰਨੀ ਖ਼ੂਬਸੂਰਤੀ ਤੇ ਡੂੰਘਾਈ ਨਾਲ ਮਾਂ ਦੇ ਰਿਸ਼ਤੇ ਨੂੰ ਪ੍ਰਿਭਾਸ਼ਤ ਕੀਤਾ ਹੈ,

ਮਾਂ ਵਰਗਾ ਘਣਛਾਵਾਂ ਬੂਟਾ,  
ਮੈਨੂੰ ਨਜ਼ਰ ਨਾ ਆਏ  
ਲੈ ਕੇ ਜਿਸ ਤੋਂ ਛਾਂ ਉਧਾਰੀ  
ਰੱਬ ਨੇ ਸੁਰਗ ਬਣਾਏ  
ਬਾਕੀ ਕੁਲ ਦੁਨੀਆ ਦੇ ਬੂਟੇ  
ਜੜ੍ਹ ਸੁੱਕਿਆ ਮੁਰਝਾਂਦੇ  
ਐਪਰ ਫੁੱਲਾਂ ਦੇ ਮੁਰਝਾਇਆ  
ਇਹ ਬੂਟਾ ਸੁੱਕ ਜਾਏ।

ਮਾਤਾ ਪਿਆਰ ਕੌਰ ਨੇ ਦਹਾਕਿਆਂ ਦੀ ਜ਼ਿੰਦਗੀ ਬਸਰ ਕਰ ਕੇ ਪੂਰੇ ਹੋਏ ਹਨ। ਮਾਂ ਦੇ ਤੁਰ ਜਾਣ ਦਾ ਕਿੰਨਾ ਗਮ ਤੇ ਦਰਦ ਹੁੰਦਾ ਹੈ, ਇਸ ਨੂੰ ਵਰਨਣ ਨਹੀਂ ਕੀਤਾ ਜਾ ਸਕਦਾ। ਮਾਤਾ ਪਿਆਰ ਕੌਰ ਸਵਾਸਾਂ ਦੀ ਪੂੰਜੀ ਪੂਰੀ ਕਰਨ ਦੀ ਆਖਰੀ ਘੜੀ ਵੇਲੇ ਵੀ ਸੁਖਦ ਅਹਿਸਾਸ ਸਿਰਜ ਗਏ। ਉਹ ਗੱਲਬਾਤਾਂ ਦੇ ਚੱਲਦੇ ਸਿਲਸਿਲੇ ਦੌਰਾਨ ਕਹਿਣ ਲੱਗੇ ਕਿ ਉਨ੍ਹਾਂ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਜਾਵੇ। ਮਾਤਾ ਜੀ ਦੀ ਧੀ ਵੀ ਸ਼ਾਇਦ ਉਸ ਦਿਨ ਆਪਣੇ ਪੇਕੇ ਘਰ ਆਈ ਸੀ। ਮਾਤਾ ਜੀ ਦੀਆਂ ਗੱਲਾਂ ਦਾ ਅਜੇ ਤੋਲ ਤੁਲਾਵਾ ਹੀ ਹੋ ਰਿਹਾ ਸੀ ਕਿ ਇੰਜ ਲੱਗਾ ਕਿ ਮਾਤਾ ਜੀ ਨੂੰ ਨੀਂਦ ਆ ਗਈ ਹੈ। ਕੁਝ ਸਮੇਂ ਬਾਅਦ ਜਦੋਂ ਉਨ੍ਹਾਂ ਨੂੰ ਨੀਂਦ 'ਚੋਂ ਜਾਗਣ ਲਈ ਆਵਾਜ਼ਾਂ ਮਾਰੀਆਂ ਗਈਆਂ ਤਾਂ ਪਤਾ ਲੱਗਾ ਕਿ ਉਹ ਸਦਾ ਦੀ ਨੀਂਦ ਸੌਂ ਚੁੱਕੇ ਹਨ।

ਆਖਿਆ ਜਾਂਦਾ ਹੈ ਕਿ ਕਿਸੇ ਬੂਟੇ ਦੀ ਉੱਤਮਤਾ ਦਾ ਉਸ ਦੇ ਫੁੱਲਾਂ ਅਤੇ ਫਲਾਂ ਤੋਂ ਅੰਦਾਜ਼ਾ ਲਾਇਆ ਜਾਂਦਾ ਹੈ। ਇਸ ਗੱਲ ਦਾ ਅੰਦਾਜ਼ਾ ਲਾਉਣ ਲਈ ਸਾਡੇ ਕੋਲ ਉਨ੍ਹਾਂ ਦੀ ਸਿਦਕੀ, ਸੰਜਮੀ ਤੇ ਸੂਝਵਾਨ ਔਲਾਦ ਹੈ। ਇਨ੍ਹਾਂ 'ਚੋਂ ਵੀ ਬਲਜੀਤ ਸਿੰਘ ਸੰਧੂ ਹੁਰਾਂ ਦੀ ਗੱਲ ਕਰਨੀ ਹੋਵੇ ਤਾਂ ਮਾਤਾ ਜੀ ਦਾ ਅਕਸ ਨਜ਼ਰ ਆ ਜਾਂਦਾ ਹੈ। ਉਹ ਆਪਣੇ ਪ੍ਰਸ਼ਾਸਨਿਕ ਅਹੁਦਿਆਂ 'ਤੇ ਜਿੱਥੇ ਜਿੱਥੇ ਵੀ ਰਹੇ, ਆਪਣੇ ਰੁਤਬੇ ਨੂੰ ਬੁਲੰਦੀਆਂ 'ਤੇ ਲਿਜਾਂਦੇ ਰਹੇ। ਸ਼ਾਇਦ ਉਨ੍ਹਾਂ ਦੀ ਪਹਿਲੀ ਨਿਯੁਕਤੀ ਸ਼ਾਹਕੋਟ ਵਿਖੇ ਬਤੌਰ ਬੀ. ਡੀ. ਪੀ. ਓ. ਵਜੋਂ ਹੋਈ ਸੀ। ਉਪਰੰਤ ਉਨ੍ਹਾਂ ਨੇ ਡੀ ਡੀ ਪੀ ਓ, ਐਸ ਡੀ ਐਮ ਅਤੇ ਏ ਡੀ ਸੀ ਵਜੋਂ ਸੇਵਾਵਾਂ ਨਿਭਾਈਆਂ।

ਮਾਤਾ ਪਿਆਰ ਕੌਰ ਜਦੋਂ ਆਪਣੇ ਲਾਲਾਂ ਨੂੰ ਇਸ ਤਰ੍ਹਾਂ ਵਿਚਰਦਿਆਂ ਵੇਖਦੀ ਹੋਵੇਗੀ ਤਾਂ ਉਹ ਕਿੰਨੇ ਖੁਸ਼ ਹੁੰਦੇ ਹੋਣਗੇ, ਇਸ ਦਾ ਅੰਦਾਜ਼ਾ ਲਾਉਣਾ ਔਖਾ ਨਹੀਂ ਹੈ। ਉਨ੍ਹਾਂ ਦੇ ਵਿਛੋੜੇ ਦਾ ਦਰਦ ਤਾਂ ਹੈ ਹੀ, ਪਰ ਤਸੱਲੀ ਵਾਲੀ ਗੱਲ ਇਹ ਹੈ ਕਿ ਉਹ ਆਪਣੇ ਪਿੱਛੇ ਪਰਵਾਰ ਰੂਪੀ ਖ਼ੂਬਸੂਰਤ ਫੁਲਵਾੜੀ ਛੱਡ ਕੇ ਗਏ ਹਨ। ਇਸ ਫੁਲਵਾੜੀ 'ਚ ਪੁੱਤਰ ਧੀ, ਪੋਤੇ, ਦੋਹਤੀਆਂ, ਪੜਪੋਤੇ ਤੇ ਪੜਦੋਤੀ ਸ਼ਾਮਲ ਹੈ।

ਮਾਤਾ ਪਿਆਰ ਕੌਰ (ਪਤਨੀ ਸਵਰਗੀ ਸਵਰਨ ਸਿੰਘ) ਨਮਿੱਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ ਮਿਤੀ 17 ਮਈ 2025 ਨੂੰ ਹੋਵੇਗੀ। ਇਹ ਸਮਾਗਮ ਗੁਰਦੁਆਰਾ ਮੋਹਨ ਸਿੰਘ ਜੀ ਪਿੰਡ ਸੰਕਰ ਪੁਰਾ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ 'ਚ 12:00 ਤੋਂ 1:00 ਵਜੇ ਤੱਕ ਹੋਵੇਗਾ।

*ਗਿਆਨ ਸੈਦਪੁਰੀ, ਸ਼ਾਹਕੋਟ*  
*98725-40447*

## ਅਮਰੀਕਾ 'ਚ ਰਹਿੰਦੇ ਲਖਵਿੰਦਰ ਸ਼ਾਹ ਨੇ ਲੋੜਵੰਦ ਲੋਕਾਂ ਲਈ ਮੁਫਤ ਕਾਰ ਸੇਵਾ ਸ਼ੁਰੂ ਕੀਤੀ

ਜਲੰਧਰ (ਰਾਜੇਸ਼ ਥਾਪਾ) ਸਮਾਜ ਸੇਵਾ ਵੱਲ ਸ਼ਾਨਦਾਰ ਕਦਮ ਚੁੱਕਦੇ ਹੋਏ ਅਮਰੀਕਾ ਦੇ ਵੱਡੇ ਕਾਰੋਬਾਰੀ ਲਖਵਿੰਦਰ ਸ਼ਾਹ ਨੇ ਮੁਫ਼ਤ ਟੈਕਸ ਸੇਵਾ ਸ਼ੁਰੂ ਕੀਤੀ ਹੈ। ਉਨ੍ਹਾਂ ਵੱਲੋਂ ਇੱਕ ਨਵੀਂ ਕਾਰ 'ਈਕੋ' ਖਰੀਦੀ ਗਈ ਹੈ ਜੋ ਲੋੜਵੰਦ ਲੋਕਾਂ ਲਈ 24 ਘੰਟੇ ਮੁਫ਼ਤ ਸੇਵਾ ਵਿੱਚ ਹੋਵੇਗੀ। ਲਖਵਿੰਦਰ ਸ਼ਾਹ ਨੇ ਕਿਹਾ ਕਿ ਜਲੰਧਰ ਵਿੱਚ ਹਜ਼ਾਰਾਂ ਲੋਕ ਅਜਿਹੇ ਹਨ, ਜਿਨ੍ਹਾਂ ਕੋਲ ਕਾਰ ਨਾ ਹੋਣ ਕਾਰਨ ਡਾਕਟਰੀ ਲੋੜਾਂ ਸਮੇਤ ਆਉਣ-ਜਾਣ ਲਈ ਬੱਸਾਂ ਅਤੇ ਪ੍ਰਾਈਵੇਟ ਟੈਕਸੀਆਂ ਦਾ ਸਹਾਰਾ ਲੈਣਾ ਪੈਂਦਾ ਹੈ, ਜਿਸ ਦਾ ਉਨ੍ਹਾਂ ਨੂੰ ਹਜ਼ਾਰਾਂ ਰੁਪਏ ਦਾ ਖਰਚਾ ਆਉਂਦਾ ਹੈ। ਉਨ੍ਹਾਂ ਵੱਲੋਂ ਆਪਣੇ ਤਾਇਆ ਦਰਸ਼ਨ ਸਿੰਘ ਟੁਰਨਾ ਅਤੇ ਤਾਈ ਮਿੰਦੋ ਵਾਸੀ ਚੱਕ ਹੁਸੈਨਾ ਵਾਸੀ ਲੰਬਾ ਪਿੰਡ ਦੀ ਯਾਦ ਵਿੱਚ ਲੋੜਵੰਦ ਲੋਕਾਂ ਲਈ ਮੁਫ਼ਤ ਕਾਰ ਸੇਵਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਉਹ ਸਮਾਜ ਸੇਵਾ ਦੇ ਕੰਮਾਂ ਵਿੱਚ ਲਗਾਤਾਰ ਹਿੱਸਾ ਲੈ ਰਹੇ ਹਨ ਅਤੇ ਇਸੇ ਕਾਰਨ ਲੋਕਾਂ ਦੀ ਮੁੱਖ ਸਮੱਸਿਆ ਨੂੰ ਦੇਖਦੇ ਹੋਏ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅਕਸਰ ਜਲੰਧਰ ਸਮੇਤ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਿਹਤ ਸਹੂਲਤਾਂ ਲਈ ਹਸਪਤਾਲ ਜਾਣ ਵਾਲੇ ਲੋਕਾਂ ਨੂੰ ਕਾਰ ਦੀ ਮੁੱਖ ਲੋੜ ਹੁੰਦੀ ਹੈ। ਇਸ ਦੇ ਲਈ ਉਨ੍ਹਾਂ ਦੀ ਤਰਫੋਂ ਇੱਕ ਡਰਾਈਵਰ ਵੀ ਨਿਯੁਕਤ ਕੀਤਾ ਗਿਆ ਹੈ। ਲੋੜਵੰਦ ਲੋਕ ਮੋਬਾਈਲ ਨੰਬਰ 76963 32009 'ਤੇ ਸੰਪਰਕ ਕਰਕੇ ਇਸ ਟੈਕਸੀ ਦਾ ਲਾਭ ਲੈ ਸਕਦੇ ਹਨ। ਵਰਨਣਯੋਗ ਹੈ ਕਿ ਲਖਵਿੰਦਰ ਸਿੰਘ ਸ਼ਾਹ ਅਮਰੀਕਾ ਦੇ ਵੱਡਾ ਕਾਰੋਬਾਰੀ ਹਨ ਅਤੇ ਜਲੰਧਰ ਦੇ ਪਿੰਡ ਚੱਕ ਹੁਸੈਨਾ ਲੰਮਾ ਪਿੰਡ ਦੇ ਰਹਿਣ ਵਾਲੇ ਹਨ। ਉਹ 2 ਸਾਲ ਪਹਿਲਾਂ ਆਪਣੀ ਕਾਰ ਰਾਹੀਂ ਅਮਰੀਕਾ ਤੋਂ [illegible] ਦੇਸ਼ਾਂ ਵਿੱਚ ਹੁੰਦੇ ਹੋਇਆ ਪਾਕਿਸਤਾਨ ਦੇ ਵਾਹਗਾ ਬਾਰਡਰ ਤੋਂ ਜਲੰਧਰ ਪਹੁੰਚੇ ਸਨ ਉਨ੍ਹਾਂ ਨੂੰ ਪਿਛਲੇ ਸਾਲ ਦੁਬਈ 'ਚ ਬਾਲੀਵੁੱਡ ਅਭਿਨੇਤਾ ਸੋਨੂੰ ਸੂਦ ਨੇ ਸਨਮਾਨਿਤ ਵੀ ਕੀਤਾ ਸੀ। ਲਖਵਿੰਦਰ ਸ਼ਾਹ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਉਹ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਰਹਿਣਗੇ।

## ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਰੋਸ ਮਾਰਚ ਸੰਬੰਧੀ ਰਾਏਪੁਰ ਕਲਾਂ ਵਿਖੇ ਮੀਟਿੰਗ



ਚੰਡੀਗੜ੍ਹ (ਗੁਰਜੀਤ ਬਿੱਲਾ)- ਯੂ.ਟੀ. ਚੰਡੀਗੜ੍ਹ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਰਜਾ ਦਿਵਾਉਣ ਲਈ ਲਗਾਤਾਰ ਯਤਨਸ਼ੀਲ ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 5 ਜੁਲਾਈ ਨੂੰ ਕੱਢੇ ਜਾ ਰਹੇ ਰੋਸ ਮਾਰਚ ਦੀਆਂ ਤਿਆਰੀਆਂ ਸਬੰਧੀ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ। ਇਸੇ ਸਬੰਧ ਵਿੱਚ ਇੱਕ ਮੀਟਿੰਗ ਪਿੰਡ ਰਾਏਪੁਰ ਕਲਾਂ ਦੇ ਗੁਰਦੁਆਰਾ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਪ੍ਰਧਾਨ ਲਾਭ ਸਿੰਘ ਦੀ ਅਗਵਾਈ ਹੇਠ ਮੀਟਿੰਗ ਹੋਈ ਜਿਸ ਵਿੱਚ ਪਿੰਡ ਮੌਲੀ ਜਾਗਰਾਂ ਤੋਂ ਵੀ ਮੋਤਬਰ ਵਿਅਕਤੀ ਸ਼ਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ, ਸਰਪ੍ਰਸਤ ਬਾਬਾ ਗੁਰਦਿਆਲ ਸਿੰਘ ਖੁੱਡਾ ਅਲੀਸ਼ੇਰ, ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ, ਬਲਕਾਰ ਸਿੰਘ ਸਿੱਧੂ, ਜਸਵੀਰ ਸਿੰਘ, ਗੁਰਦੀਪ ਸਿੰਘ ਸਾਬਕਾ ਸਰਪੰਚ, ਰੁਲ਼ਦਾ ਸਿੰਘ, ਸੁਰਿੰਦਰ ਸਿੰਘ ਆਦਿ ਨੇ ਦੱਸਿਆ ਕਿ 5 ਜੁਲਾਈ ਨੂੰ ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਰੋਸ ਮਾਰਚ ਕੱਢਿਆ ਜਾਵੇਗਾ ਜਿਸ ਵਿੱਚ ਪੰਜਾਬੀ ਹਿਤੈਸ਼ੀ ਕਾਰਾਂ ਅਤੇ ਸਕੂਟਰਾਂ ਸਮੇਤ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਸੈਕਟਰ 34 ਦੇ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਇਹ ਰੋਸ ਮਾਰਚ ਵੱਖ-ਵੱਖ ਸੈਕਟਰਾਂ ਵਿੱਚੋਂ ਦੀ ਹੁੰਦਾ ਹੋਇਆ ਸੈਕਟਰ 7 ਦੇ ਗੁਰਦੁਆਰਾ ਸਾਹਿਬ ਵਿਖੇ ਜਾ ਕੇ ਸਮਾਪਤ ਹੋਵੇਗਾ। ਰੋਸ ਮਾਰਚ ਵਿੱਚ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਦਾ ਪੂਰਾ ਜਲੂਸ ਕੱਢਿਆ ਜਾਵੇਗਾ ਜਿਹੜਾ ਕਿ ਇਸ ਖਿੱਤੇ ਦੀ ਮਾਂ ਬੋਲੀ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦੇਣ ਲਈ ਤਿਆਰ ਨਹੀਂ ਹੈ। ਮੰਚ ਦੇ ਅਹੁਦੇਦਾਰਾਂ ਨੇ ਹਰੇਕ ਪੰਜਾਬੀ ਹਿਤੈਸ਼ੀ ਨੂੰ ਅਪੀਲ ਕੀਤੀ ਕਿ 5 ਜੁਲਾਈ ਨੂੰ ਕੱਢੇ ਜਾਣ ਵਾਲੇ ਇਸ ਰੋਸ ਮਾਰਚ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਿਲ ਹੋਣ। ਮੀਟਿੰਗ ਵਿੱਚ ਸ਼ਾਮਿਲ ਪਿੰਡ ਰਾਏਪੁਰ ਕਲਾਂ ਅਤੇ ਮੌਲੀ ਜਾਗਰਾਂ ਦੇ ਮੋਹਤਬਰਾਂ ਨੇ ਮੰਚ ਦੇ ਅਹੁਦੇਦਾਰਾਂ ਨੂੰ ਭਰੋਸਾ ਦਿਵਾਇਆ ਕਿ ਰੋਸ ਮਾਰਚ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।

## ਸਿਕੰਦਰਪੁਰ 'ਚ ਪੰਚਾਇਤ ਵੱਲੋਂ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ



ਅਲਾਵਲਪੁਰ (ਮਦਨ ਬੰਗੜ)- ਪਿੰਡ ਸਿਕੰਦਰਪੁਰ ਦੀ ਗ੍ਰਾਮ ਪੰਚਾਇਤ ਵੱਲੋਂ ਪਿੰਡ ਦੇ ਪੁਰਾਣੇ ਛੱਪੜ ਦੀ ਸਫਾਈ ਦਾ ਕੰਮ ਪਿਛਲੇ ਤਿੰਨ ਦਿਨਾਂ ਤੋਂ ਚੱਲ ਰਿਹਾ ਹੈ। ਜਿਸ ਵਿੱਚੋਂ ਟਰੈਕਟਰਾਂ ਦੀ ਮਦਦ ਦੇ ਨਾਲ ਤਿੰਨ ਪੰਪ ਲਗਾਏ ਹੋਏ ਹਨ, ਜੋ ਦਿਨ ਰਾਤ ਚੱਲ ਰਹੇ ਹਨ। ਪਿਛਲੇ ਤਿੰਨ ਦਿਨਾਂ ਤੋਂ ਲਗਾਤਾਰ ਛੱਪੜ ਦੇ ਵਿੱਚੋਂ ਜਮਾ ਹੋਇਆ ਪਾਣੀ ਬਾਹਰ ਕੱਢਿਆ ਜਾ ਰਿਹਾ ਹੈ। ਇਹ ਪਾਣੀ ਖੇਤਾਂ ਨੂੰ ਪਾਇਆ ਜਾ ਰਿਹਾ ਹੈ। ਸਰਪੰਚ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਅਤੇ ਪਿੰਡ ਦੇ ਸਮੂਹ ਨੌਜਵਾਨਾਂ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਇਹ ਸਭ ਤੋਂ ਵੱਡਾ ਉਪਰਾਲਾ ਹੈ। ਹੁਣ ਤੱਕ ਦੀਆਂ ਪੰਚਾਇਤਾਂ ਵੱਲੋਂ ਇਸ ਢੰਗ ਦੇ ਨਾਲ ਇੱਕ ਵਾਰ ਵੀ ਇਸ ਛੱਪੜ ਦੀ ਸਫਾਈ ਨਹੀਂ ਸੀ ਕੀਤੀ ਗਈ। ਪਾਣੀ ਕਦੇ ਵੀ ਇਸ ਤਰ੍ਹਾਂ ਕਿਸੇ ਨੇ ਵੀ ਛੱਪੜ ਵਿੱਚੋਂ ਕੱਢਣ ਦੀ ਕੋਸ਼ਿਸ਼ ਨਹੀਂ ਕੀਤੀ। ਜਿਸ ਤਰ੍ਹਾਂ ਮੌਜੂਦਾ ਪੰਚਾਇਤ ਵੱਲੋਂ ਛੱਪੜ ਦੀ ਸਫਾਈ ਕੀਤੀ ਜਾ ਰਹੀ ਹੈ। ਇਸ ਮੌਕੇ ਸਰਪੰਚ ਪ੍ਰਿਤਪਾਲ ਸਿੰਘ, ਪੰਚ ਨਜ਼ੀਰਦਾਸ ,ਰਸਪਾਲ ਸਿੰਘ ,ਬਲਵਿੰਦਰ ਸਿੰਘ ਫੋਰਮੈਨ, ਜਸਪ੍ਰੀਤ ਸਿੰਘ, ਸੁਖਵਿੰਦਰ ਸਿੰਘ , ਕੁਲਵਿੰਦਰ ਕੌਰ ਪੰਚ, ਜੋਧਵੀਰ ਸਿੰਘ ,ਕੁਲਦੀਪ ਸਿੰਘ ,ਸ਼ੇਰਾ, ਸੋਖਾ, ਸੰਦੀਪ ਸਿੰਘ ,ਕਰਮਵੀਰ ਸਿੰਘ ਅਤੇ ਜੋਗਿੰਦਰ ਮਾਨ ਹਾਜ਼ਰ ਸਨ।

## ਕੱਪੜੇ ਅਜਿਹੇ ਪਾਓ, ਜਿਸ ਨਾਲ ਸਰੀਰ ਢਕਿਆ ਰਹੇ : ਸਿਵਲ ਸਰਜਨ




ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ): ਸਿਵਲ ਸਰਜਨ ਡਾ ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਨੇ ਸਿਵਲ ਸਰਜਨ ਦਫਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ, ਜਿਸ ਵਿੱਚ ਸੰਧੂ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੇ ਵੀ ਭਾਗ ਲਿਆ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਸੰਬੋਧਨ ਕਰਦੇ ਹੋਏ ਦੱਸਿਆ ਕਿ ਇਸ ਜਾਗਰੂਕਤਾ ਮੁਹਿੰਮ ਦਾ ਮੁੱਖ ਉਦੇਸ਼ ਡੇਂਗੂ ਨੂੰ ਕੰਟਰੋਲ ਕਰਨਾ ਹੈ। ਉਨ੍ਹਾਂ ਬਿਮਾਰੀ ਦੇ ਆਮ ਲੱਛਣ, ਟੈਸਟ, ਇਲਾਜ ਅਤੇ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਦੀ ਜਾਣਕਾਰੀ ਦਿੱਤੀ। ਇਸੇ ਦੌਰਾਨ ਸੰਧੂ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਦੇ ਸਹਿਯੋਗ ਨਾਲ ਸਿਵਲ ਸਰਜਨ ਦਫਤਰ, ਸ਼ਹੀਦ ਭਗਤ ਸਿੰਘ ਨਗਰ ਤੋਂ ਨਵੀਂ ਆਬਾਦੀ, ਨਵਾਂਸ਼ਹਿਰ ਤੱਕ ਡੇਂਗੂ ਵਿਰੋਧੀ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਨੂੰ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਨਰਸਿੰਗ ਵਿਦਿਆਰਥੀਆਂ ਨੇ ਸਿਹਤ ਵਿਭਾਗ ਦੀਆਂ ਡੇਂਗੂ ਵਿਰੋਧੀ ਟੀਮਾਂ ਨਾਲ ਮਿਲ ਕੇ ਲੋਕਾਂ ਦੇ ਘਰਾਂ ਵਿੱਚ ਲਾਰਵਾ ਵੀ ਚੈੱਕ ਕੀਤਾ।ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ ਨੇ ਨਰਸਿੰਗ ਵਿਦਿਆਰਥੀਆਂ ਨੂੰ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵਿਸਥਾਰਪੂਰਵਕ ਸਮਝਾਇਆ ਤੇ ਉਨ੍ਹਾਂ ਨੂੰ ਡੇਂਗੂ ਦੇ ਲਾਰਵੇ ਦੀ ਪਛਾਣ ਬਾਰੇ ਵੀ ਦੱਸਿਆ ਗਿਆ।ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ। ਆਪਣੇ ਘਰਾਂ ਵਿਚ ਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਆਪਣੇ-ਆਪ ਨੂੰ ਮੱਛਰਾਂ ਦੇ ਕੱਟਣ ਤੋਂ ਬਚਾਉਣ ਵਾਸਤੇ ਕੱਪੜੇ ਅਜਿਹੇ ਪਾਉਣੇ ਚਾਹੀਦੇ ਹਨ, ਜਿਨ੍ਹਾਂ ਨਾਲ ਸਰੀਰ ਪੂਰੀ ਤਰ੍ਹਾਂ ਢੱਕਿਆ ਰਹੇ ਅਤੇ ਮੱਛਰ ਨਾ ਕੱਟ ਸਕੇ। ਮੱਛਰਦਾਨੀ ਅਤੇ ਮੱਛਰ ਭਜਾਊ ਕਰੀਮਾਂ ਦੀ ਵਰਤੋਂ ਕੀਤੀ ਜਾਵੇ ਤਾਂ ਜੋ ਡੇਂਗੂ ਤੇ ਮਲੇਰੀਆ ਤੋਂ ਬਚਾਅ ਕੀਤਾ ਜਾ ਸਕੇ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਡੇਂਗੂ ਦੇ ਟੈਸਟ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮੁਫਤ ਹੁੰਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਮੈਡੀਕਲ ਕਮਿਸ਼ਨਰ ਡਾ ਹਰਪ੍ਰੀਤ ਸਿੰਘ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਦਲਜੀਤ ਸਿੰਘ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਤਰਸੇਮ ਲਾਲ, ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ, ਹੈਲਥ ਇੰਸਪੈਕਟਰ ਰਾਜੀਵ ਸ਼ਰਮਾ, ਜੋਗਿੰਦਰ ਪਾਲ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

## ਪੀ ਟੀ ਐੱਮ ਆਰੀਆ ਸਕੂਲ ਦਾ ਨਤੀਜਾ ਰਿਹਾ 100 ਫੀਸਦੀ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਸਥਾਨਕ ਪੀ.ਟੀ.ਐੱਮ ਆਰੀਆ ਸੀਨੀਅਰ ਸੈਕੰਡਰੀ ਸਕੂਲ ਦੇ ਬਾਰਵੀਂ ਕਾਮਰਸ ਦਾ ਨਤੀਜਾ ਰਿਹਾ 100%।ਇਸ ਵਿੱਚ ਫ਼ਲਕ 88.8% ਅੰਕ ਲੈ ਕੇ ਪਹਿਲੇ, ਆਸ਼ਨਾ 84.2% ਨਾਲ ਦੂਸਰੇ ਅਤੇ ਗੁਰਸਿਮਰਨ 83.4% ਅੰਕ ਨਾਲ ਤੀਸਰੇ ਸਥਾਨ 'ਤੇ ਰਹੇ। 16 ਵਿਦਿਆਰਥੀਆਂ ਨੇ 60% ਤੋਂ ਵੱਧ ਅੰਕ ਹਾਸਲ ਕੀਤੇ। ਕਾਲਜ ਦੇ ਡਾਇਰੈਕਟਰ ਪ੍ਰੋ. ਆਰ.ਕੇ.ਜੈਨ ਨੇ ਇਨ੍ਹਾਂ ਵਿਦਿਆਰਥੀਆਂ ਦੇ ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਇਸ ਤੋਂ ਬਾਅਦ ਕਿੱਤਾ ਮੁਖੀ ਵਿਸ਼ਿਆ ਵਿੱਚ ਸਿੱਖਿਆ ਹਾਸਿਲ ਕਰਨ ਲਈ ਆਖਿਆ ਤਾਂ ਜੋ ਭਵਿੱਖ ਉੱਜਵਲ ਅਤੇ ਖੁਸ਼ਹਾਲ ਬਣ ਸਕੇ।

## ਹੋਮੀ ਭਾਭਾ ਕੈਂਸਰ ਹਸਪਤਾਲ ਪੰਜਾਬ ਨੇ ਕੀਤੀ ਐਨ ਏ ਬੀ ਐਲ ਮਾਨਤਾ ਪ੍ਰਾਪਤ



ਮੋਹਾਲੀ (ਗੁਰਜੀਤ ਬਿੱਲਾ) ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਨੇ ਆਪਣੀਆਂ ਮੈਡੀਕਲ ਪ੍ਰਯੋਗਸ਼ਾਲਾਵਾਂ ਲਈ ਨੈਸ਼ਨਲ ਐਕ੍ਰੀਡੇਸ਼ਨ ਬੋਰਡ ਫਾਰ ਟੈਸਟਿੰਗ ਐਂਡ ਕੈਲੀਬ੍ਰੇਸ਼ਨ ਲੈਬਾਰਟਰੀਜ਼ ਤੋਂ ਮਾਨਤਾ ਪ੍ਰਾਪਤ ਕਰਕੇ ਇਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ। ਜ਼ਿਕਰਯੋਗ ਹੈ ਕਿ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਨੂੰ ਮਾਈਕਰੋਬਾਇਓਲੋਜੀ, ਹਿਸਟੋਪੈਥੋਲੋਜੀ, ਸਾਇਟੋਲੋਜੀ, ਹੇਮਾਟੋਲੋਜੀ, ਕਲੀਨਿਕਲ ਬਾਇਓਕੈਮਿਸਟਰੀ ਅਤੇ ਕਲੀਨਿਕਲ ਪੈਥੋਲੋਜੀ ਵਿਸ਼ਿਆਂ ਵਿੱਚ ਮਾਨਤਾ ਪ੍ਰਾਪਤ ਹੋਈ ਹੈ, ਜੋ ਕਿ ਕੁੱਲ 127 ਜਾਂਚਾਂ ਨੂੰ ਕਵਰ ਕਰਦੀ ਹੈ।ਡਾਇਰੈਕਟਰ ਡਾ. ਅਸ਼ੀਸ਼ ਗੁਲੀਆ ਨੇ ਕਿਹਾ, ਇਹ ਮਾਨਤਾ ਮਰੀਜ਼ਾਂ ਦੀ ਦੇਖਭਾਲ ਦੇ ਮਿਆਰਾਂ ਨੂੰ ਬਰਕਰਾਰ ਰੱਖਣ ਦੇ ਟੀਮ ਦੇ ਸਮਰਪਣ ਅਤੇ ਸਖ਼ਤ ਮਿਹਨਤ ਦਾ ਪ੍ਰਮਾਣ ਹੈ। ਪਰਮਾਣੂ ਊਰਜਾ ਵਿਭਾਗ ਅਧੀਨ ਇੱਕ ਸਹਾਇਤਾ ਪ੍ਰਾਪਤ ਸੰਸਥਾ, ਟਾਟਾ ਮੈਮੋਰੀਅਲ ਸੈਂਟਰ ਦੀ ਅਗਵਾਈ ਹੇਠ ਸਥਾਪਿਤ, ਪੰਜਾਬ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 24 ਅਗਸਤ, 2022 ਨੂੰ ਕੀਤਾ ਸੀ। ਇਹ ਹਸਪਤਾਲ ਖੇਤਰ ਵਿਚ ਕੈਂਸਰ ਦੇ ਇਲਾਜ ਅਤੇ ਖੋਜ ਵਿਚ ਵੱਡੇ ਪੱਧਰ 'ਤੇ ਸੇਵਾਵਾਂ ਨਿਭਾਅ ਰਹੀ ਹੈ, ਜਿਸ ਦਾ ਪੰਜਾਬ ਨਾਲ ਲੱਗਦੇ ਸੂਬਿਆਂ ਨੂੰ ਵੱਡਾ ਲਾਭ ਮਿਲ ਰਿਹਾ ਹੈ।

## ਗਗਨਪ੍ਰੀਤ ਕੌਰ ਨੇ ਮੈਰਿਟ ਸੂਚੀ 'ਚ ਕੀਤਾ 14ਵਾਂ ਸਥਾਨ ਹਾਸਲ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਸਥਾਨਕ ਤਹੀਮ ਫੈਮਿਲੀ ਦੀ ਬੇਟੀ ਗਗਨਪ੍ਰੀਤ ਕੌਰ ਸਪੁੱਤਰੀ ਦਵਿੰਦਰ ਸਿੰਘ ਤਹੀਮ ਤੇ ਮਨਪ੍ਰੀਤ ਕੌਰ ਤਹੀਮ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ 12ਵੀਂ ਜਮਾਤ ਵਿੱਚੋਂ ਨਾਨ-ਮੈਡੀਕਲ ਸਟਰੀਮ ਵਿੱਚ ਪੂਰੇ ਪੰਜਾਬ ਵਿੱਚੋਂ 14ਵਾਂ ਸਥਾਨ ਹਾਸਿਲ ਕਰਕੇ ਮੈਰਿਟ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਵਾਇਆ ਹੈ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜੰਡਿਆਲਾ ਮੰਜਕੀ ਦੀ ਇਸ ਵਿਦਿਆਰਥਣ ਗਗਨਪ੍ਰੀਤ ਕੌਰ ਨੇ 500 ਵਿੱਚੋਂ 486 ਅੰਕ ਪ੍ਰਾਪਤ ਕਰਕੇ ਇਹ ਮੁਕਾਮ ਹਾਸਿਲ ਕੀਤਾ। ਉਸ ਨੇ ਦੱਸਿਆ ਕਿ ਉਹ ਇਲੈਕਟ੍ਰੋਨਿਕਸ ਅਤੇ ਕੰਪਿਊਟਰ ਟੈਕਨੋਲੋਜੀ ਵਿੱਚ ਇੰਜੀਨੀਅਰ ਬਣਨਾ ਚਾਹੁੰਦੀ ਹੈ। ਲੜਕੀ ਦੇ ਪਿਤਾ ਦਵਿੰਦਰ ਸਿੰਘ ਤਹੀਮ ਨੇ ਦੱਸਿਆ ਕਿ ਇਹ ਉਹਨਾਂ ਦੀ ਇੱਕਲੌਤੀ ਬੇਟੀ ਹੈ। ਜ਼ਿਕਰਯੋਗ ਹੈ ਇਸੇ ਸਕੂਲ ਦੀਆਂ ਕੁੱਲ 4 ਵਿਦਿਆਰਥਣਾਂ ਨੇ ਮੈਰਿਟ ਲਿਸਟ ਵਿੱਚ ਸਥਾਨ ਹਾਸਿਲ ਕਰਕੇ ਆਪਣੇ ਮਾਤਾ -ਪਿਤਾ,ਅਧਿਆਪਕਾਂ ਅਤੇ ਨਗਰ ਦਾ ਨਾਂਅ ਰੌਸ਼ਨ ਕੀਤਾ ਹੈ।

## ਝੰਡੇਰ ਕਲਾਂ 'ਚ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ



ਬੰਗਾ (ਅਵਤਾਰ ਕਲੇਰ) ਬੰਗਾ ਹਲਕੇ ਦੇ ਪਿੰਡ ਝੰਡੇਰ ਕਲਾਂ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਨ ਪ੍ਰਿੰਸੀਪਲ ਜਨਕ ਰਾਜ ਰੱਤੂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਪ੍ਰਿੰਸੀਪਲ ਰੱਤੂ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਭਾਰਤ ਰਤਨ ਬਾਬਾ ਸਾਹਿਬ 32 ਡਿਗਰੀਆਂ ਦੇ ਧਾਰਨੀ, ਭਾਰਤ ਦੇ ਪਰਮੁੱਖ ਕਾਨੂੰਨ-ਸ਼ਾਜ, ਤੇਜ਼ ਤਰਾਰ ਰਾਜਨੀਤੀਵਾਨ, ਇੱਕ ਮਹਾਨ ਸਮਾਜ ਸੁਧਾਰਕ ਵਿਅਕਤੀ-ਤਵ, ਅਜੋਕੀ ਭਾਰਤੀ ਨਾਰੀ ਦੇ ਮੁਕਤੀਦਾਤਾ, ਇੱਕ ਮਹਾਨ ਅਰਥ ਸ਼ਾਸ਼ਤਰੀ ਸਨ। ਉਹਨਾਂ ਕਿਹਾ ਕਿ ਬਾਬਾ ਸਾਹਿਬ ਵਲੋਂ ਸਾਡੇ ਲਈ ਕੀਤੀਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਚਾਹੀਦਾ ਅਤੇ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈਏ ਤਾਂ ਹੀ ਬਾਬਾ ਸਾਹਿਬ ਜੀ ਦਾ ਮਿਸ਼ਨ ਪੂਰਾ ਹੋ ਸਕਦਾ ਹੈ। ਸੰਗਤਾਂ ਨੂੰ ਕੇਕ ਸਮੋਸੇ ਰਸਗੁੱਲੇ ਅਤੇ ਕੋਲਡ ਡਰਿੰਕ ਵਰਤਾਇਆ ਗਿਆ। ਇਸ ਮੌਕੇ ਲਾਲ ਚੰਦ, ਬਲਵੀਰ ਰੱਤੂ ਮਿਸ਼ਨਰੀ ਗਾਇਕ, ਪਰਮਜੀਤ ਸਿੰਘ, ਵਿਪਿਨ ਕੁਮਾਰ, ਕਿਸ਼ਨ ਦਾਸ, ਸਰਪੰਚ ਸੁਰਿੰਦਰ, ਕੁਲਦੀਪ ਸਿੰਘ, ਮੰਗਤ ਰਾਮ, ਜਸਪਾਲ ਸਿੰਘ, ਪ੍ਰੇਮ ਰੱਤੂ, ਦੇਸ਼ ਰਾਜ, ਹਰਮੇਸ਼, ਰੋਹਿਤ ਰੱਤੂ, ਸੁਨੀਤਾ ਰਾਣੀ, ਜਸਵੀਰ ਕੌਰ, ਪਰਮਜੀਤ ਕੌਰ, ਗੁਰਬਖ਼ਸ਼ ਕੌਰ, ਨਰਿੰਦਰ, ਬੰਸੋ, ਸੀਸੋ, ਭਜਨੋ, ਸੁਰਿੰਦਰ, ਕਮਲਜੀਤ, ਪੂਨਮ, ਆਸ਼ਾ, ਨਿੱਕੀ, ਬੇਬੀ, ਅਮਰਜੀਤ, ਨੀਲਮ, ਰਜਨੀ ਦੇਵੀ ਆਦਿ ਹਾਜ਼ਰ ਸਨ।

## ਸਿਹਤ ਵਿਭਾਗ ਨੇ ਕੈਂਪ ਲਗਾਇਆ



ਅਲਾਵਲਪੁਰ (ਮਦਨ ਬੰਗੜ)- ਪੰਜਾਬ ਸਰਕਾਰ ਵੱਲੋਂ ਚਲਾਈ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਿਹਤ ਵਿਭਾਗ ਆਦਮਪੁਰ ਵੱਲੋਂ ਨਗਰ ਕੌਂਸਲ ਅਲਾਵਲਪੁਰ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਸਬੰਧੀ ਬੀਈਈ ਚੰਦਨ ਮਿਸ਼ਰਾ ਨੇ ਕਿਹਾ ਕਿ ਨਸ਼ਾ ਖਤਮ ਕਰਨ ਲਈ ਲੋਕਾਂ ਦੇ ਸਹਿਯੋਗ ਦੀ ਲੋੜ ਹੈ। ਇਸ ਮੌਕੇ ਉਨ੍ਹਾਂ ਆਖਿਆ ਕਿ ਸਰਕਾਰ ਵੱਲੋਂ ਜਾਰੀ ਟੋਲ ਫਰੀ ਨੰਬਰ 'ਤੇ ਲੋਕ ਬਿਨਾਂ ਕਿਸੇ ਡਰ ਦੇ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ। ਇਸ ਮੌਕੇ ਨੀਲਮ ਰਾਣੀ, ਈਓ ਰਾਮਜੀਤ, ਕੌਂਸਲਰ ਮਦਨ ਲਾਲ, ਕੌਂਸਲਰ ਬ੍ਰਿਜ ਭੂਸ਼ਨ, ਕੌਂਸਲਰ ਰਾਜਰਾਣੀ, ਨਵੀਨ ਰਾਣਾ, ਆਦਿ ਤੋ ਇਲਾਵਾ ਸਮੂਹ ਸਫਾਈ ਸੇਵਕ ਹਾਜ਼ਰ ਸਨ।

## ਜੋਗਿੰਦਰ ਸਿੰਘ ਮਾਨ ਨੇ ਗਊਸ਼ਾਲਾ ਰੋਡ ਵਿਖੇ ਸੀਵਰੇਜ ਸਫਾਈ ਦੀ ਕਰਵਾਈ ਸ਼ੁਰੂਆਤ



ਫਗਵਾੜਾ (ਡਾ. ਰਮਨ) ਬਰਸਾਤਾਂ ਦੇ ਮੌਸਮ 'ਚ ਸ਼ਹਿਰ ਦੇ ਮੁੱਖ ਬਾਜਾਰ ਗਊਸ਼ਾਲਾ ਰੋਡ ਵਿਖੇ ਬਰਸਾਤੀ ਪਾਣੀ ਦੀ ਵੱਡੀ ਸਮੱਸਿਆ ਨੂੰ ਦੇਖਦੇ ਹੋਏ ਸੀਵਰੇਜ ਦੀ ਸਫਾਈ ਦੇ ਕੰਮ ਦੀ ਸ਼ੁਰੂਆਤ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਮੇਅਰ ਰਾਮਪਾਲ ਉੱਪਲ ਦੀ ਹਾਜਰੀ 'ਚ ਸੀਵਰੇਜ ਬੋਰਡ ਦੇ ਅਧਿਕਾਰੀਆਂ ਦੇ ਸਹਿਯੋਗ ਨਾਲ ਕਰਵਾਈ ਗਈ। ਇਸ ਮੌਕੇ ਉਹਨਾਂ ਦੱਸਿਆ ਕਿ ਫਗਵਾੜਾ ਸ਼ਹਿਰ ਦੇ ਮੁੱਖ ਬਾਜਾਰਾਂ ਜਿਵੇਂ ਗਊਸ਼ਾਲਾ ਬਾਜਾਰ, ਸੁਭਾਸ਼ ਨਗਰ, ਸਰਾਏ ਰੋਡ, ਮੰਡੀ ਰੋਡ, ਗੁਰੂ ਹਰਗੋਬਿੰਦ ਨਗਰ, ਸੈਂਟਰਲ ਟਾਊਨ ਆਦਿ 'ਚ ਬਰਸਾਤ ਸਮੇਂ ਕਈ ਫੁੱਟ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਬਹੁਤ ਪੁਰਾਣੀ ਹੈ। ਜਿਸ ਨੂੰ ਦੇਖਦੇ ਹੋਏ ਸੀਵਰੇਜ ਬੋਰਡ ਦੇ ਸਹਿਯੋਗ ਨਾਲ ਸੀਵਰੇਜ ਦੀ ਸਫਾਈ ਦਾ ਕੰਮ ਅਰੰਭਿਆ ਗਿਆ ਹੈ। ਉਹਨਾਂ ਭਰੋਸਾ ਦਿੱਤਾ ਕਿ ਬਰਸਾਤ ਦਾ ਮੌਸਮ ਸ਼ੁਰੂ ਹੋਣ ਤੋਂ ਪਹਿਲਾਂ ਲੋੜ ਅਨੁਸਾਰ ਸ਼ਹਿਰ ਦੇ ਹਰ ਗਲੀ, ਮੁਹੱਲੇ, ਬਾਜਾਰ ਅਤੇ ਮੁੱਖ ਮਾਰਗਾਂ ਦੇ ਸੀਵਰੇਜ ਦੀ ਸਫਾਈ ਦਾ ਕੰਮ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਬਰਸਾਤੀ ਪਾਣੀ ਨਾਲ ਦੁਕਾਨਦਾਰਾਂ, ਰਾਹਗੀਰਾਂ ਅਤੇ ਸਮੂਹ ਫਗਵਾੜਾ ਵਾਸੀਆਂ ਦਾ ਕਿਸੇ ਤਰ੍ਹਾਂ ਦਾ ਕੋਈ ਨੁਕਸਾਨ ਨਾ ਹੋਵੇ। ਗਊਸ਼ਾਲਾ ਬਾਜਾਰ ਦੇ ਸਮੂਹ ਦੁਕਾਨਦਾਰਾਂ ਨੇ ਜੋਗਿੰਦਰ ਸਿੰਘ ਤੋਂ ਇਲਾਵਾ ਮੇਅਰ ਰਾਮਪਾਲ ਉੱਪਲ ਅਤੇ ਸੀਵਰੇਜ ਬੋਰਡ ਦੇ ਇਸ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਬਰਸਾਤ ਦਾ ਪਾਣੀ ਅਕਸਰ ਦੁਕਾਨਾਂ ਦੇ ਅੰਦਰ ਵੜ ਜਾਂਦਾ ਹੈ ਅਤੇ ਉਹਨਾਂ ਦਾ ਕਾਫੀ ਨੁਕਸਾਨ ਹੁੰਦਾ ਹੈ। ਉਹਨਾਂ ਨੂੰ ਖੁਸ਼ੀ ਹੈ ਕਿ ਹਲਕਾ ਇੰਚਾਰਜ ਜੋਗਿੰਦਰ ਮਾਨ ਨੇ ਉਹਨਾਂ ਦੀ ਇੱਸ ਮੁਸ਼ਕਿਲ ਦਾ ਨੋਟਿਸ ਲਿਆ ਅਤੇ ਸੀਵਰੇਜ ਦੀ ਸਫਾਈ ਸ਼ੁਰੂ ਹੋਈ ਹੈ। ਇਸ ਮੇਅਰ ਰਾਮਪਾਲ ਉੱਪਲ ਨੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਪਲਾਸਟਿਕ ਦੇ ਲਿਫਾਫੇ ਜਾਂ ਕੋਈ ਹੋਰ ਅਜਿਹਾ ਵੇਸਟ ਸਮਾਨ ਨਾਲੀਆਂ ਵਿਚ ਨਾ ਸੁੱਟਿਆ ਜਾਵੇ ਜਿਸ ਨਾਲ ਸੀਵਰੇਜ ਜਾਮ ਦੀ ਸਮੱਸਿਆ ਹੋ ਸਕਦੀ ਹੈ। ਇਸ ਮੌਕੇ ਆਪ ਪਾਰਟੀ ਦੇ ਪੰਜਾਬ ਸਪੋਕਸਪਰਸਨ ਹਰਨੂਰ ਸਿੰਘ ਮਾਨ, ਗੁਰਦੀਪ ਸਿੰਘ ਦੀਪਾ ਕੋਆਰਡੀਨੇਟਰ ਸਿੱਖਿਆ ਕ੍ਰਾਂਤੀ ਜ਼ਿਲ੍ਹਾ ਕਪੂਰਥਲਾ, ਓਮ ਪ੍ਰਕਾਸ਼ ਬਿੱਟੂ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਮੋਹਨ ਸਿੰਘ ਗਾਂਧੀ, ਮਦਨ ਮੋਹਨ ਖੱਟਰ, ਪ੍ਰਦੀਪ ਚੋਟਾਨੀ ਐੱਸ.ਡੀ.ਓ ਸੀਵਰੇਜ ਅਤੇ ਵਾਟਰ ਸਪਲਾਈ ਵਿਭਾਗ ਤੋਂ ਇਲਾਵਾ ਹੋਰ ਵਿਭਾਗੀ ਅਧਿਕਾਰੀ ਅਤੇ ਪਤਵੰਤੇ ਹਾਜਰ ਸਨ।

## 'ਆਪ' ਸਰਕਾਰ ਅਕਾਲੀਆਂ ਵੱਲੋਂ ਕੀਤੇ ਕੰਮਾਂ ਦਾ ਖੱਟ ਰਹੀ ਫੋਕਾ ਸਿਹਰਾ : ਸੋਹਾਣਾ



ਮੋਹਾਲੀ (ਗੁਰਜੀਤ ਬਿੱਲਾ)— ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਹੈ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਮੈਰੀਟੋਰੀਅਸ ਸਕੂਲ ਗਰੀਬ ਪਰਵਾਰਾਂ ਦੇ ਬੱਚਿਆਂ ਲਈ ਉੱਚ ਸਿੱਖਿਆ ਹਾਸਲ ਕਰਨ ਦਾ ਸਾਧਨ ਬਣ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਸਕੂਲ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਦੂਰਅੰਦੇਸ਼ੀ ਭਰੀ ਨੀਤੀ ਦਾ ਨਤੀਜਾ ਹਨ, ਜਿਨ੍ਹਾਂ ਨੇ ਗਰੀਬ ਪਰਵਾਰਾਂ ਦੇ ਹੋਣਹਾਰ ਬੱਚਿਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਮੁਹੱਈਆ ਕਰਵਾਉਣ ਲਈ ਇਹ ਉਪਰਾਲਾ ਕੀਤਾ ਸੀ।ਉਨ੍ਹਾਂ ਦੱਸਿਆ ਕਿ ਸਿਹਤ ਅਤੇ ਸਿੱਖਿਆ ਕਿਸੇ ਵੀ ਰਾਜ ਦੀ ਤਰੱਕੀ ਦਾ ਆਧਾਰ ਹੁੰਦੇ ਹਨ, ਅਤੇ ਅਕਾਲੀ ਸਰਕਾਰ ਨੇ ਇਨ੍ਹਾਂ ਖੇਤਰਾਂ ਵਿੱਚ ਮਹੱਤਵਪੂਰਣ ਕੰਮ ਕੀਤੇ ਹਨ। ਮੋਹਾਲੀ ਸੈਕਟਰ 70 ਦੇ ਮੈਰੀਟੋਰੀਅਸ ਸਕੂਲ ਦੇ 11 ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਬਾਰਵੀਂ ਜਮਾਤ ਦੀ ਮੈਰਿਟ ਲਿਸਟ ਵਿੱਚ ਆਪਣੀ ਥਾਂ ਬਣਾਈ, ਜੋ ਕਿ ਇੱਕ ਵੱਡੀ ਉਪਲਬਧੀ ਹੈ। ਇਸ ਦੇ ਉਲਟ, ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ, ਭਾਵੇਂ ਭਾਰੀ ਫੀਸਾਂ ਦੇਣ ਦੇ ਬਾਵਜੂਦ, ਮੈਰਿਟ ਵਿੱਚ ਥਾਂ ਨਹੀਂ ਬਣਾਉਣ ਵਿੱਚ ਅਸਫਲ ਰਹੇ।ਉਨ੍ਹਾਂ ਕਿਹਾ ਕਿ ਮੈਰੀਟੋਰੀਅਸ ਸਕੂਲਾਂ ਦਾ ਨਤੀਜਾ ਹਮੇਸ਼ਾ ਉਤਸ਼ਾਹਜਨਕ ਰਿਹਾ ਹੈ ਕਿਉਂਕਿ ਇੱਥੇ ਉਹ ਬੱਚੇ ਪੜ੍ਹਦੇ ਹਨ ਜੋ ਹੁਸ਼ਿਆਰ ਤਾਂ ਹੁੰਦੇ ਹਨ ਪਰ ਆਰਥਿਕ ਰੁਕਾਵਟਾਂ ਕਰਕੇ ਵਧੀਆ ਸਿੱਖਿਆ ਨਹੀਂ ਲੈ ਸਕਦੇ। ਇਹੀ ਸੋਚ ਰੱਖਦਿਆਂ ਪ੍ਰਕਾਸ਼ ਸਿੰਘ ਬਾਦਲ ਨੇ ਇਨ੍ਹਾਂ ਸਕੂਲਾਂ ਦੀ ਸਥਾਪਨਾ ਕੀਤੀ ਅਤੇ ਉਨ੍ਹਾਂ ਦੇ ਵਿਕਾਸ ਲਈ ਵੱਡੀ ਰਕਮ ਜਾਰੀ ਕੀਤੀ।ਸੋਹਾਣਾ ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਉਹ ਅਕਾਲੀ ਦਲ ਵੱਲੋਂ ਕੀਤੇ ਕੰਮਾਂ ਦਾ ਸਿਰਫ ਸਿਹਰਾ ਲੈਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਮੋਹਾਲੀ ਦੇ ਵਿਕਾਸ ਲਈ ਅਕਾਲੀ ਸਰਕਾਰ ਨੇ 2500 ਕਰੋੜ ਰੁਪਏ ਖਰਚ ਕੀਤੇ। ਅੰਤਰਰਾਸ਼ਟਰੀ ਏਅਰਪੋਰਟ, ਖੇਡ ਸਟੇਡੀਅਮ, ਸੜਕਾਂ ਦਾ ਜਾਲ ਅਤੇ ਇਤਿਹਾਸਕ ਯਾਦਗਾਰਾਂ ਜਿਵੇਂ ਚੱਪੜਚਿੜੀ ਵਿਖੇ ਫਤਿਹ ਮੀਨਾਰ, ਇਹ ਸਭ ਅਕਾਲੀ ਸਰਕਾਰ ਦੀ ਹੀ ਦੇਣ ਹਨ।

## ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਦਾ 10ਵੀਂ ਤੇ 12ਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਭੋਗਪੁਰ (ਕੁਲਵੀਰ ਸਿੰਘ ਕਾਹਲੋਂ)- ਹਰ ਸਾਲ ਦੀ ਤਰ੍ਹਾਂ ਇਸ ਵਰ੍ਹੇ ਵੀ ਸਾਰੇ ਇਲਾਕੇ ਦੀ ਸ਼ਾਨ ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਦਾ 10ਵੀਂ ਅਤੇ 12 ਵੀ ਜਮਾਤ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਸਕੂਲ ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਕਿ 10ਵੀਂ ਜਮਾਤ ਵਿੱਚ 104 12 12 63 63 ਪ੍ਰੀਖਿਆ ਦਿੱਤੀ। ਜਿਸ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸਤ-ਪ੍ਰਤੀਸ਼ਤ ਰਿਹਾ। 12ਵੀਂ ਕਲਾਸ ਦੇ ਨਾਨ ਮੈਡੀਕਲ ਵਿਸੇ ਵਿੱਚ ਨਮਨ ਅਰੋੜਾ ਨੇ 91.2% ਅੰਕ ਕਾਮਰਸ ਵਿਸ਼ੇ ਵਿੱਚ ਤ੍ਰਿਸ਼ਿਆ ਕਪੂਰ ਨੇ 92,2% 90,4% 90,4%, ਨਾਨ ਮੈਡੀਕਲ ਵਿਸਸ਼ ਵਿੱਚ 11 ਵਿਦਿਆਰਥੀਆਂ ਨੇ ਪਹਿਲੇ ਸਥਾਨ ਵਿੱਚ ਤੇ ਕਾਮਰਸ ਵਿਸੇ ਵਿੱਚ 40 ਵਿਦਿਆਰਥੀਆਂ ਨੇ 15% 80% . ਅੰਕ ਪ੍ਰਾਪਤ ਕੀਤੇ। ਇਸ ਤਰ੍ਹਾਂ 10ਵੀਂ ਜਮਾਤ ਵਿੱਚ 10 ਵਦਿਆਰਥੀ 90% 22. 80. 90% 22.00. 10ਵੀਂ ਦੀ ਪ੍ਰੀਖਿਆ ਵਿੱਚੋਂ ਪਹਿਲੇ ਸਥਾਨ ਤੇ ਹਰਕੀਰਤ ਸਿੰਘ ਨੇ 94,6% ਅਤੇ ਦੂਜੇ ਸਥਾਨ 'ਤੇ ਰਮਜੀਤ ਸਿੰਘ ਸੱਲਨ ਤੇ ਹਰਮਨ ਪ੍ਰੀਤ ਸਿੰਘ ਨੇ 93,8% ਤੀਜੇ ਸਥਾਨ 'ਤੇ ਹਰਪ੍ਰੀਤ 92,2% 91% ਅੰਕ ਪ੍ਰਾਪਤ ਕੀਤੇ। ਇਸ ਮੌਕੇ ਸਕੂਲ ਟਰਸਟ ਦੇ ਚੇਅਰਮੈਨ ਸਰਦਾਰ ਜੀ.ਐਸ.ਭੱਲਾ, ਡਾਇਰੈਕਟਰ ਗੁਰਜੀਤ ਸਿੰਘ ਸੈਣੀ ਅਤੇ ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਨੇ ਇਨਾਂ ਪਹਿਲੇ, ਦੂਜੇ, ਤੀਜੇ, ਚੌਥੇ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਮਾਪਿਆਂ ਤੇ ਸਮੂਹ ਸਕੂਲ ਸਟਾਫ ਨੂੰ ਬਹੁਤ ਬਹੁਤ ਵਧਾਈਆਂ ਦਿੱਤੀਆਂ।

## ਦੇਸ਼ ਖਿਲਾਫ਼ ਬੋਲਣ ਵਾਲਿਆਂ ਵਿਰੁੱਧ ਭਾਜਪਾ ਚੁੱਪ ਕਿਉਂ : ਬਲਬੀਰ ਸਿੱਧੂ

ਮੋਹਾਲੀ (ਗੁਰਜੀਤ ਬਿੱਲਾ)— ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਕਰਨਲ ਸੋਫੀਆ ਕੁਰੈਸ਼ੀ ਵਿਰੁੱਧ ਭਾਜਪਾ ਦੇ ਮੰਤਰੀ ਵਿਜੈ ਸ਼ਾਹ ਵਲੋਂ ਕੀਤੀ ਗਈ ਅਪਮਾਨਜਨਕ ਟਿੱਪਣੀ ਦੀ ਸਖ਼ਤ ਨਿਖੇਧੀ ਕੀਤੀ ਅਤੇ ਉਸਨੂੰ ਅਪਮਾਨਜਨਕ ਆਖਦੇ ਹੋਏ ਕਿਹਾ, ' ਭਾਰਤ ਦੀ ਬੇਟੀ ਦੀ ਧਾਰਮਿਕ ਪਛਾਣ ਨੂੰ ਪਾਕਿਸਤਾਨੀ ਅਤੇ ਅੱਤਵਾਦੀਆਂ ਨਾਲ ਜੋੜਨਾ ਬਹੁਤ ਹੀ ਸ਼ਰਮਨਾਕ ਹੈ ਅਤੇ ਨਫ਼ਰਤ ਫੈਲਾਉਣ ਦੀ ਇਹ ਕੋਸ਼ਿਸ਼ ਭਾਜਪਾ ਦੀ ਫ਼ਿਤਰਤ ਨੂੰ ਚੰਗੀ ਤਰ੍ਹਾਂ ਬਿਆਨ ਕਰ ਰਹੀ ਹੈ। ਕਰਨਲ ਸੋਫੀਆ ਕੁਰੈਸ਼ੀ ਜੋ ਕਿ ਭਾਰਤ ਦੀ ਫੌਜ ਦੀ ਸ਼ਾਨ ਹਨ, ਉਨ੍ਹਾਂ ਦੀ ਧਾਰਮਿਕ ਪਛਾਣ ਦੇ ਆਧਾਰ 'ਤੇ ਉਨ੍ਹਾਂ ਨੂੰ ਅੱਤਵਾਦ ਨਾਲ ਜੋੜਨਾ ਕੇਵਲ ਸ਼ਰਮਨਾਕ ਨਹੀਂ, ਸਗੋਂ ਭਾਜਪਾ ਦੇ ਮੰਤਰੀ ਦੀ ਨੀਚ ਹਰਕਤ ਦੀ ਨਿਸ਼ਾਨੀ ਹੈ।' ਉਨ੍ਹਾਂ ਇਹ ਵੀ ਕਿਹਾ ਕਿ ਭਾਰਤੀ ਜਨਤਾ ਪਾਰਟੀ, ਜੋ ਆਮ ਤੌਰ 'ਤੇ ਰਾਸ਼ਟਰਵਾਦ ਦੀ ਚਾਦਰ ਓੜ ਕੇ ਘੁੰਮਦੀ ਹੈ, ਉਹ ਅਜਿਹੀ ਗੰਭੀਰ ਟਿੱਪਣੀ ਉੱਤੇ ਚੁੱਪ ਕਿਉਂ ਹੈ? ਇਹ ਚੁੱਪੀ ਨਾ ਸਿਰਫ਼ ਨਿੰਦਣਯੋਗ ਹੈ, ਸਗੋਂ ਦੇਸ਼ ਦੀ ਏਕਤਾ, ਭਾਈਚਾਰੇ ਅਤੇ ਫੌਜੀ ਨੈਤਿਕਤਾ ਵਾਸਤੇ ਖ਼ਤਰਨਾਕ ਸੰਕੇਤ ਵੀ ਹੈ, ਜੋ ਅਸੀਂ ਕਿਸੇ ਵੀ ਕੀਮਤ 'ਚ ਬਰਦਾਸ਼ਤ ਨਹੀਂ ਕਰਾਂਗੇ। ਉਨ੍ਹਾਂ ਇਹ ਵੀ ਕਿਹਾ ਕਿ ਭਾਜਪਾ ਦੇ ਨੇਤਾਵਾਂ ਵਲੋਂ ਕੀਤੀ ਜਾ ਰਹੀ ਇਹੋ ਜਿਹੀ ਅਪਮਾਨਜਨਕ ਟਿੱਪਣੀ ਭਾਜਪਾ ਸਰਕਾਰ ਦੀ ਫਿਰਕਾਵਦੀ ਘਟੀਆ ਮਾਨਸਿਕਤਾ ਨੂੰ ਚੰਗੀ ਤਰ੍ਹਾਂ ਬਿਆਨ ਕਰ ਰਹੀ ਹੈ।ਆਪ੍ਰੇਸ਼ਨ ਸਿੰਦੂਰ ਬਾਰੇ ਗੱਲ ਕਰਦਿਆਂ ਸਿੱਧੂ ਨੇ ਕਿਹਾ, 'ਇਹ ਲੜਾਈ ਕਿਸੇ ਧਰਮ ਦੀ ਨਹੀਂ ਸੀ, ਬਲਕਿ ਦੇਸ਼ ਦੀ ਸੀ, ਅੱਤਵਾਦ ਖਿਲਾਫ਼ ਸੀ ਅਤੇ ਇਸ 'ਤੇ ਭਾਜਪਾ ਦੇ ਮੰਤਰੀ ਦੇ ਇਹੋ ਜਿਹੇ ਬੋਲ ਭਾਰਤ ਵਿੱਚ ਭਾਈਚਾਰਕ ਸਾਂਝ ਨੂੰ ਵਿਗਾੜਨ ਦੀ ਕੋਸ਼ਿਸ਼ ਹੈ, ਲੇਕਿਨ ਉਹ ਜਿੰਨੀ ਮਰਜ਼ੀ ਕੋਸ਼ਿਸ਼ ਕਰ ਲਵੇ ਕਾਂਗਰਸ ਪਾਰਟੀ ਅਤੇ ਪੂਰਾ ਦੇਸ਼ ਉਨ੍ਹਾਂ ਦੀ ਇਸ ਘਿਣਾਉਣੀ ਸਾਜਿਸ਼ ਨੂੰ ਕਿਸੇ ਵੀ ਕੀਮਤ 'ਚ ਪੂਰਾ ਨਹੀਂ ਹੋਣ ਦੇਵੇਗਾ'। ਸਿੱਧੂ ਨੇ ਦੂਜੇ ਪਾਸੇ ਅੱਜ ਬਿਹਾਰ ਵਿੱਚ ਸ਼੍ਰੀ ਰਾਹੁਲ ਗਾਂਧੀ ਜੀ ਨੂੰ ਭਾਜਪਾ ਸਰਕਾਰ ਵਲੋਂ ਰੋਕਣ ਦੀ ਘਟਨਾ 'ਤੇ ਟਿੱਪਣੀ ਕਰਦਿਆਂ ਕਿਹਾ , 'ਅੱਜ ਬਿਹਾਰ ਵਿਖੇ ਦਲਿਤ ਵਿਦਿਆਰਥੀਆਂ ਦੀ ਅਵਾਜ਼ ਨੂੰ ਸੁਣਨ ਲਈ, ਰਾਹੁਲ ਗਾਂਧੀ ਨੂੰ ਅੰਬੇਡਕਰ ਹੋਸਟਲ ਵਿੱਚ ਪਹੁੰਚਣ ਤੋਂ ਰੋਕਿਆ ਗਿਆ। ਇੱਕ ਤਰਫ਼ ਜਿੱਥੇ ਭਾਜਪਾ ਸਰਕਾਰ ਵਲੋਂ ਵਿਰੋਧੀ ਧਿਰ ਦੇ ਨੇਤਾ ਨੂੰ ਦੇਸ਼ ਦੇ ਹੱਕ ਵਿੱਚ ਆਪਣੀ ਆਵਾਜ਼ ਚੁੱਕਣ ਤੋਂ ਰੋਕਿਆ ਜਾ ਰਿਹਾ ਹੈ, ਓਥੇ ਹੀ ਦੂਜੀ ਤਰਫ਼ ਆਪਣੀ ਹੀ ਪਾਰਟੀ ਦੇ ਮੰਤਰੀਆਂ ਵਲੋਂ ਦੇਸ਼ ਦੇ ਖਿਲਾਫ਼ ਵਰਤੀ ਜਾ ਰਹੀ ਟਿੱਪਣੀ ਦੇ ਖਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ ਹੈ, ਇਹ ਬਹੁਤ ਹੀ ਘਿਣਾਉਣੀ ਅਤੇ ਸ਼ਰਮਨਾਕ ਗੱਲ ਹੈ।' ਸਿੱਧੂ ਨੇ ਭਾਜਪਾ ਸਰਕਾਰ ਨੂੰ ਸਵਾਲ ਕਰਦਿਆਂ ਪੁੱਛਿਆ, 'ਦੇਸ਼ ਦੇ ਹੱਕ 'ਚ ਆਵਾਜ਼ ਚੁੱਕਣ ਵਾਲੇ ਵਿਰੋਧੀ ਨੇਤਾਵਾਂ ਉੱਤੇ ਤਾਂ ਕਾਰਵਾਈ ਹੁੰਦੀ ਹੈ, ਪਰ ਦੇਸ਼ ਖਿਲਾਫ਼ ਜਿਹੜੇ ਮੰਤਰੀ ਟਿੱਪਣੀਆਂ ਕਰ ਰਹੇ ਹਨ, ਉਨ੍ਹਾਂ ਉੱਤੇ ਭਾਜਪਾ ਦੀ ਚੁੱਪੀ ਕਿਉਂ? ਜਿਹੜੀ ਭਾਜਪਾ ਸਰਕਾਰ ਛੋਟੀਆਂ ਛੋਟੀਆਂ ਗੱਲਾਂ ਉੱਤੇ ਵਿਰੋਧੀ ਧਿਰ ਦੇ ਨੇਤਾਵਾਂ ਖ਼ਿਲਾਫ ਕਾਰਵਾਈ ਕਰਨ ਲੱਗ ਜਾਂਦੀ ਹੈ, ਉਹ ਅੱਜ ਦੇਸ਼ ਦੀ ਬੇਟੀ ਖਿਲਾਫ਼ ਆਪਣੇ ਹੀ ਨੇਤਾ ਵਲੋਂ ਕੀਤੀ ਗਈ ਟਿੱਪਣੀ 'ਤੇ ਚੁੱਪ ਕਿਉਂ ਹੈ? ਉਨ੍ਹਾਂ ਨੂੰ ਬਰਖ਼ਾਸਤ ਕਿਉਂ ਨਹੀਂ ਕੀਤਾ ਜਾ ਰਿਹਾ? ਸਿੱਧੂ ਨੇ ਅੰਤ ਵਿੱਚ ਕਿਹਾ ਪ੍ਰਧਾਨਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਮੱਧ ਪ੍ਰਦੇਸ਼ ਦੇ ਸੀਨੀਅਰ ਮੰਤਰੀ ਵਲੋਂ ਸੋਫੀਆ ਕੁਰੈਸ਼ੀ ਬਾਰੇ ਕੀਤੀ ਗਈ ਭੱਦੀ ਟਿੱਪਣੀ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ ਅਤੇ ਉਸ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ, ਤਾਂ ਜੋ ਦੇਸ਼ ਵਿੱਚ ਆਪਸੀ ਭਾਈਚਾਰਾ ਅਤੇ ਸਦਭਾਵਨਾ ਨਾ ਵਿਗੜੇ।

## ਧਾਰਮਿਕ ਪ੍ਰੀਖਿਆ 'ਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਸਿੱਖ ਮਿਸ਼ਨਰੀ ਕਾਲਜ ਰਜਿ. ਲੁਧਿਆਣਾ ਵੱਲੋਂ ਹਰ ਸਾਲ ਨਵੰਬਰ ਮਹੀਨੇ ਵਿਚ ਸਾਲਾਨਾ ਧਾਰਮਿਕ ਪ੍ਰੀਖਿਆ ਵੱਖ ਵੱਖ ਸਕੂਲਾਂ ਵਿੱਚ ਕਰਵਾਈ ਜਾਂਦੀ ਹੈ ਅਤੇ ਬੱਚਿਆਂ ਨੂੰ ਉਤਸ਼ਾਹਤ ਕਰਨ ਵਾਸਤੇ ਚੰਗੇ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਜਾਂਦੇ ਹਨ। ਸਿੱਖ ਮਿਸ਼ਨਰੀ ਕਾਲਜ ਸਰਕਲ ਪੁਰਹੀਰਾਂ ਵੱਲੋਂ ਮਾਊਟ ਵਿਊ ਕਾਨਸੈਂਟ ਸਕੂਲ ਜਹਾਂਨ ਖੇਲਾ ਵਿਖੇ ਅੱਵਲ ਆਏ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਮਾਊਟ ਵਿਊ ਕਨਸੈਂਟ ਸਕੂਲ ਦੇ ਵਿਦਿਆਰਥੀ ਗੁਰਮਾਨ ਸਿੰਘ, ਰੂਹਨੀ ਕੌਂਡਲ, ਅੰਸ਼ਦੀਪ ਸਿੰਘ, ਲਵਪ੍ਰੀਤ ਕੌਰ, ਜਸਕਰਨ, ਹਿਮਾਂਸ਼ੀ, ਡਿਪਾਸੀ ਆਦਿ ਨੇ ਚੰਗੇ ਨੰਬਰ ਲੈ ਕੇ ਇਨਾਮ ਪ੍ਰਾਪਤ ਕੀਤੇ।ਇਸ ਮੌਕੇ ਵਿਦਿਆਰਥੀਆਂ ਨੂੰ ਸਬੋਧਨ ਕਰਦਿਆਂ ਨਛੱਤਰ ਸਿੰਘ ਬ੍ਰਹਮਜੀਤ ਨੇ ਆਖਿਆ ਕਿ ਦੁਨਿਆਵੀ ਵਿਦਿਆ ਦੇ ਨਾਲ ਨਾਲ ਧਾਰਮਿਕ ਵਿਦਿਆ ਵੀ ਬਹੁਤ ਜਰੂਰੀ ਹੈ ਕਿਉਕਿ ਧਾਰਮਿਕ ਵਿਦਿਆ ਹੀ ਸਾਡੇ ਅੰਦਰ ਨੈਤਿਕ ਕਦਰਾਂ ਕੀਮਤਾਂ ਪੈਦਾ ਕਰਦੀ ਹੈ। ਜਿਸ ਨਾਲ ਮਨੁੱਖ ਦੇ ਅੰਦਰ ਸਦਾਚਾਰਕ ਗੁਣ ਪੈਦਾ ਹੁੰਦੇ ਹਨ। ਇਸ ਮੌਕੇ ਸਕੂਲ ਦੇ ਡਾਇਰੈਕਟਰ ਹਰਦੇਵ ਸਿੰਘ ਕੌਂਸਲ ਨੇ ਅਵੱਲ ਆਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਅਗਲੀ ਧਾਰਮਿਕ ਪ੍ਰੀਖਿਆ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਿਪਟੀ ਡਾਇਰੈਕਟਰ ਗੁਰਸੇਵਕ ਸਿੰਘ ਨੇ ਆਉਣ ਵਾਲੀ 2025 ਦੀ ਧਾਰਮਿਕ ਪ੍ਰੀਖਿਆ ਲਈ ਵੱਧ ਤੋ ਵੱਧ ਗਿਣਤੀ ਵਿਚ ਸਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰਨਾ ਤੋਂ ਇਲਾਵਾ ਸਕੂਲ ਦੇ ਕੋਆਡੀਨੇਟ ਆਰਜੂ, ਵਾਇਸ ਪ੍ਰਿੰਸਪਲ ਸ਼ਿਲਪਾ ਕੁਮਾਰੀ, ਅਧਿਆਪਕ ਰਿਆ, ਸ਼ਾਇਲੀ, ਅੰਜਲੀ ਰਾਣੀ, ਲਵਦੀਪ, ਹਰਪ੍ਰੀਤ ਕੌਰ, ਨੀਲਮ ਆਦਿ ਹਾਜ਼ਰ ਸਨ।

## ਸੰਤ ਹੀਰਾ ਦਾਸ ਗਰਲਜ਼ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ 100% ਰਿਹਾ



ਕਾਲਾ ਸੰਘਿਆਂ (ਮਨਜੀਤ ਮਾਨ)- ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਲਈ ਗਈ ਬਾਰਵੀਂ ਕਲਾਸ ਦੀ ਪ੍ਰੀਖਿਆ ਵਿੱਚੋਂ ਸੰਤ ਹੀਰਾ ਦਾਸ ਗਰਲਜ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ 100% ਰਿਹਾ ਹੈ। ਪ੍ਰਿੰਸੀਪਲ ਰਜਿੰਦਰ ਕੌਰ ਨੇ ਦੱਸਿਆ ਕਿ ਸਕੂਲ ਦੇ ਸਾਰੇ ਵਿਦਿਆਰਥੀ ਚੰਗੇ ਅੰਕ ਲੈ ਕੇ ਪਾਸ ਹੋਏ ਹਨ। ਆਰਟਸ ਵਿੱਚੋਂ ਹਰਮਨਜੀਤ ਕੌਰ ਨੇ ਪਹਿਲੀ ਪੁਜੀਸ਼ਨ, ਸਿਮਰਨਜੀਤ ਕੌਰ ਨੇ ਦੂਜੀ ਪੁਜੀਸ਼ਨ ਤੇ ਜਸਪ੍ਰੀਤ ਕੌਰ ਨੇ ਤੀਜੀ ਪੁਜੀਸ਼ਨ ਹਾਸਿਲ ਕੀਤੀ ਹੈ। ਨਾਨ ਮੈਡੀਕਲ ਤੇ ਮੈਡੀਕਲ ਵਿੱਚੋਂ ਭੂਮਿਕਾ ਨੇ ਪਹਿਲੀ ਪੁਜੀਸ਼ਨ, ਅਮਨਜੋਤ ਕੌਰ ਨੇ ਦੂਜੀ ਤੇ ਸ਼ਰਨਜੀਤ ਕੌਰ ਨੇ ਤੀਜੀ ਪੁਜੀਸ਼ਨ ਹਾਸਿਲ ਕੀਤੀ ਅਤੇ ਕਾਮਰਸ ਵਿੱਚੋਂ ਹਰਲੀਨ ਕੌਰ ਨੇ ਪਹਿਲੀ ਪੁਜੀਸ਼ਨ, ਖੁਸ਼ਦੀਪ ਕੌਰ ਨੇ ਦੂਜੀ ਤੇ ਅਰਸ਼ਪ੍ਰੀਤ ਕੌਰ ਨੇ ਤੀਜੀ ਪੁਜੀਸ਼ਨ ਹਾਸਿਲ ਕੀਤੀ ਹੈ। ਸੰਸਥਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿੱਥੇ ਤੁਸੀਂ ਕਾਲਜ ਦਾ ਨਾਂਅ ਰੋਸ਼ਨ ਕੀਤਾ ਹੈ ਉੱਥੇ ਆਪਣੇ ਅਧਿਆਪਕਾਂ ਤੇ ਮਾਤਾ ਪਿਤਾ ਦਾ ਮਾਣ ਵਧਾਇਆ ਹੈ। ਉਨਾਂ ਨੇ ਸਾਰੇ ਮਿਹਨਤੀ ਸਟਾਫ ਨੂੰ ਵੀ ਵਧਾਈ ਦਿੱਤੀ।